30-JULY-PAGE-1.qxd 7/29/2025 10:34 PM Page 1

ਬੁੱਧਵਾਰ, 30 ਜੁਲਾਈ, 2025
15 ਸਾਉਣ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 59

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • WEDNESDAY, 30 JULY, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14

# ਦਮ ਹੈ ਤਾਂ ਮੋਦੀ ਕਹਿਣ ਕਿ ਟਰੰਪ ਝੂਠਾ : ਰਾਹੁਲ

**ਨਵੀਂ ਦਿੱਲੀ** : 'ਅਪ੍ਰੇਸ਼ਨ ਸਿੰਧੂਰ' ਉੱਤੇ ਬਹਿਸ ਦੌਰਾਨ ਰਾਹੁਲ ਗਾਂਧੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਵੰਗਾਰਿਆ ਕਿ ਜੇ ਉਨ੍ਹਾ ਵਿੱਚ ਦਮ ਹੈ ਤਾਂ ਲੋਕ ਸਭਾ ਵਿੱਚ ਕਹਿਣ ਕਿ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਝੂਠ ਬੋਲ ਰਹੇ ਹਨ ਕਿ ਭਾਰਤ-ਪਾਕਿਸਤਾਨ ਜੰਗ ਉਨ੍ਹਾ ਨੇ ਰੁਕਵਾਈ। ਜੇ ਉਨ੍ਹਾ ਵਿੱਚ ਇੰਦਰਾ ਗਾਂਧੀ ਦੀ ਤਰ੍ਹਾਂ ਪੰਜਾਹ ਫੀਸਦੀ ਵੀ ਦਮ ਹੈ ਤਾਂ ਕਹਿਣ ਕਿ ਟਰੰਪ ਨੇ ਜੰਗਬੰਦੀ ਨਹੀਂ ਕਰਵਾਈ। ਜੰਗ ਦੌਰਾਨ ਭਾਰਤ ਦਾ ਇੱਕ ਵੀ ਫਾਈਟਰ ਜੈੱਟ ਨਹੀਂ ਡਿੱਗਿਆ।

ਪ੍ਰਿਅੰਕਾ ਗਾਂਧੀ ਨੇ ਪਹਿਲਗਾਮ ਅੱਤਵਾਦੀ ਹਮਲੇ ਨੂੰ ਲੈ ਕੇ ਸੱਤਾਧਾਰੀ ਧਿਰ 'ਤੇ ਤਿੱਖੇ ਹਮਲੇ ਕਰਦਿਆਂ ਸਰਕਾਰ ਦੀ ਕਾਰਗੁਜ਼ਾਰੀ, ਖੁਫੀਆ ਨਾਕਾਮੀ ਅਤੇ ਸੁਰੱਖਿਆ ਪ੍ਰਬੰਧਾਂ 'ਤੇ ਸਵਾਲ ਚੁੱਕੇ। ਉਨ੍ਹਾ ਕਿਹਾ, 'ਸੱਤਾਧਾਰੀ ਪਾਰਟੀ ਦੇ ਲੋਕਾਂ ਨੇ ਵੱਖ-ਵੱਖ ਪਹਿਲੂਆਂ 'ਤੇ ਗੱਲ ਕੀਤੀ, ਪਰ ਇਸ ਦਾ ਜਵਾਬ ਨਹੀਂ ਦਿੱਤਾ ਕਿ ਪਹਿਲਗਾਮ ਅੱਤਵਾਦੀ ਹਮਲਾ ਕਿਉਂ ਅਤੇ ਕਿਵੇਂ ਹੋਇਆ। ਕੀ ਸਰਕਾਰ ਨੂੰ ਪਤਾ ਨਹੀਂ ਸੀ ਕਿ ਹਜ਼ਾਰਾਂ ਸੈਲਾਨੀ ਬੈਸਾਰਨ ਘਾਟੀ ਜਾਂਦੇ ਹਨ? ਉੱਥੇ ਸੁਰੱਖਿਆ ਕਿਉਂ ਨਹੀਂ ਸੀ? ਉਨ੍ਹਾਂ ਨੂੰ ਰੱਬ ਦੇ ਭਰੋਸੇ ਕਿਉਂ ਛੱਡ ਦਿੱਤਾ ਗਿਆ?'

ਪ੍ਰਿਅੰਕਾ ਨੇ ਕਿਹਾ ਕਿ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਜਵਾਹਰ ਲਾਲ ਨਹਿਰੂ, ਇੰਦਰਾ ਗਾਂਧੀ, ਇੱਥੋਂ ਤੱਕ ਕਿ ਉਨ੍ਹਾ ਦੀ ਮਾਂ (ਸੋਨੀਆ ਗਾਂਧੀ) ਦੇ ਹੰਝੂਆਂ ਬਾਰੇ ਵੀ ਗੱਲ ਕੀਤੀ, ਪਰ ਇਸ ਦਾ ਜਵਾਬ ਨਹੀਂ ਦਿੱਤਾ ਕਿ ਜੰਗ ਉਸ ਸਮੇਂ ਕਿਉਂ ਰੋਕੀ ਗਈ, ਜਦੋਂ ਦੁਸ਼ਮਣ ਕੋਲ ਭੱਜਣ ਲਈ ਕੋਈ ਥਾਂ ਨਹੀਂ ਸੀ।

ਉਨ੍ਹਾ ਪ੍ਰਧਾਨ ਮੰਤਰੀ, ਗ੍ਰਹਿ ਮੰਤਰੀ, ਰੱਖਿਆ ਮੰਤਰੀ ਅਤੇ ਕੌਮੀ ਸੁਰੱਖਿਆ ਸਲਾਹਕਾਰ (ਐੱਨ ਐੱਸ ਏ) ਦੀ ਜ਼ਿੰਮੇਵਾਰੀ 'ਤੇ ਜ਼ੋਰ ਦਿੰਦਿਆਂ ਪੁੱਛਿਆ ਕਿ ਕੀ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣਾ ਪ੍ਰਧਾਨ ਮੰਤਰੀ, ਗ੍ਰਹਿ ਮੰਤਰੀ, ਰੱਖਿਆ ਮੰਤਰੀ ਤੇ ਐੱਨ ਐੱਸ ਏ ਦੀ ਜ਼ਿੰਮੇਵਾਰੀ ਨਹੀਂ? ਉਨ੍ਹਾ ਖੁਫੀਆ ਏਜੰਸੀਆਂ ਦੀ ਨਾਕਾਮੀ 'ਤੇ ਵੀ ਸਵਾਲ ਚੁੱਕੇ ਅਤੇ ਪੁੱਛਿਆ ਕਿ ਕੀ ਕਿਸੇ

## ਸਰਕਾਰ ਜ਼ਿੰਮੇਵਾਰੀ ਤੋਂ ਨਾ ਭੱਜੇ : ਪ੍ਰਿਅੰਕਾ



ਸਰਕਾਰੀ ਏਜੰਸੀ ਨੂੰ ਪਤਾ ਨਹੀਂ ਸੀ ਕਿ ਅਜਿਹਾ ਭਿਆਨਕ ਅੱਤਵਾਦੀ ਹਮਲਾ ਹੋਣ ਵਾਲਾ ਹੈ ਅਤੇ ਪਾਕਿਸਤਾਨ ਵਿੱਚ ਇੱਕ ਸਾਜ਼ਿਸ਼ ਘੜੀ ਜਾ ਰਹੀ ਹੈ? ਉਨ੍ਹਾ ਇਸ ਨੂੰ ਸਰਕਾਰ ਅਤੇ ਖੁਫੀਆ ਏਜੰਸੀਆਂ ਦੀ ਵੱਡੀ ਨਾਕਾਮੀ ਕਰਾਰ ਦਿੱਤਾ ਅਤੇ ਪੁੱਛਿਆ ਕਿ ਇਸ ਦੀ ਜ਼ਿੰਮੇਵਾਰੀ ਕੌਣ ਲਵੇਗਾ, ਕੀ ਕਿਸੇ ਨੇ ਅਸਤੀਫਾ ਦਿੱਤਾ ਹੈ?

ਪ੍ਰਿਅੰਕਾ ਨੇ ਭਾਜਪਾ ਨੂੰ ਇਤਿਹਾਸ ਦੀ ਬਜਾਏ ਵਰਤਮਾਨ ਦੀ ਜ਼ਿੰਮੇਵਾਰੀ ਲੈਣ ਲਈ ਕਿਹਾ। ਉਨ੍ਹਾ ਕਿਹਾ, 'ਤੁਸੀਂ ਇਤਿਹਾਸ ਦੀ ਗੱਲ ਕਰਦੇ ਹੋ, ਮੈਂ ਵਰਤਮਾਨ ਦੀ ਗੱਲ ਕਰਨਾ ਚਾਹੁੰਦੀ ਹਾਂ, ਤੁਹਾਨੂੰ ਪਿਛਲੇ 11 ਸਾਲਾਂ ਦੀ ਜ਼ਿੰਮੇਵਾਰੀ ਲੈਣੀ ਚਾਹੀਦੀ ਹੈ।' ਉਨ੍ਹਾ ਕਿਹਾ ਕਿ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਨੱਕ ਹੇਠ ਮਨੀਪੁਰ ਸੜਿਆ, ਦਿੱਲੀ ਵਿੱਚ ਦੰਗੇ ਹੋਏ, ਪਹਿਲਗਾਮ ਹਮਲਾ ਹੋਇਆ, ਪਰ ਉਹ ਅਜੇ ਵੀ ਉਸੇ ਅਹੁਦੇ 'ਤੇ ਹਨ।' ਪ੍ਰਿਅੰਕਾ ਗਾਂਧੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਹਮਲਾ ਕਰਦਿਆਂ ਕਿਹਾ ਕਿ ਅਗਵਾਈ ਸਿਰਫ ਸਿਹਰਾ ਲੈਣ ਬਾਰੇ ਨਹੀਂ ਹੁੰਦੀ, ਬਲਕਿ ਜ਼ਿੰਮੇਵਾਰੀ ਲੈਣੀ ਵੀ ਜ਼ਰੂਰੀ ਹੈ। ਇਸ ਦੌਰਾਨ ਉਨ੍ਹਾ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਭਾਰਤ-ਪਾਕਿਸਤਾਨ ਜੰਗਬੰਦੀ ਦਾ ਐਲਾਨ ਕਰਨ 'ਤੇ ਪ੍ਰਧਾਨ ਮੰਤਰੀ ਦੀ ਨਿੰਦਾ ਕੀਤੀ। ਉਨ੍ਹਾ ਕਿਹਾ, 'ਸਾਡੇ ਦੇਸ਼ ਦੇ ਇਤਿਹਾਸ ਵਿੱਚ ਪਹਿਲੀ ਵਾਰ ਜੰਗ ਰੋਕੀ ਗਈ ਹੈ ਅਤੇ ਇਸ ਦਾ ਐਲਾਨ ਸਾਡੀ ਸਰਕਾਰ ਜਾਂ ਫੌਜ ਵੱਲੋਂ ਨਹੀਂ, ਬਲਕਿ ਅਮਰੀਕੀ ਰਾਸ਼ਟਰਪਤੀ ਵੱਲੋਂ ਕੀਤਾ ਗਿਆ ਹੈ। ਇਹ ਸਾਡੇ ਪ੍ਰਧਾਨ ਮੰਤਰੀ ਦੀ ਗੈਰ-ਜ਼ਿੰਮੇਵਾਰੀ ਨੂੰ ਦਰਸਾਉਂਦਾ ਹੈ।'

ਇਸ ਤੋਂ ਪਹਿਲਾਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ 2005 ਅਤੇ 2011 ਦਰਮਿਆਨ 27 ਅੱਤਵਾਦੀ ਹਮਲੇ ਹੋਏ। ਉਨ੍ਹਾ ਕਿਹਾ, 'ਭਾਜਪਾ ਸਰਕਾਰ ਨੇ ਕੀ ਕੀਤਾ? ਉਨ੍ਹਾਂ ਸਿਰਫ ਪਾਕਿਸਤਾਨ ਨੂੰ ਡੋਜ਼ੀਅਰ ਭੇਜੇ।' ਪਾਕਿਸਤਾਨ ਨੂੰ ਸਾਰੇ ਅੱਤਵਾਦ ਦੀ ਜੜ੍ਹ ਦੱਸਦਿਆਂ ਸ਼ਾਹ ਨੇ ਕਿਹਾ ਕਿ ਪਾਕਿਸਤਾਨ ਕਾਂਗਰਸ ਵੱਲੋਂ ਕੀਤੀ ਗਈ ਇੱਕ ਗਲਤੀ ਸੀ। ਜੇ ਉਸ ਨੇ ਨੇ ਵੰਡ ਨੂੰ ਰੱਦ ਕਰ ਦਿੱਤਾ ਹੁੰਦਾ, ਤਾਂ ਅੱਜ ਪਾਕਿਸਤਾਨ ਨਾ ਹੁੰਦਾ।

## ਕਿਸੇ ਵੀ ਆਗੂ ਨੇ ਭਾਰਤ ਨੂੰ ਜੰਗਬੰਦੀ ਲਈ ਨਹੀਂ ਕਿਹਾ : ਮੋਦੀ

**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨੇ ਲੋਕ ਸਭਾ 'ਚ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਅਸਿੱਧੇ ਹਵਾਲੇ ਨਾਲ ਕਿਹਾ ਕਿ ਕਿਸੇ ਵੀ ਦੇਸ਼ ਦੇ ਆਗੂ ਨੇ ਭਾਰਤ ਨੂੰ ਪਾਕਿਸਤਾਨ ਖਿਲਾਫ ਜੰਗ ਰੋਕਣ ਲਈ ਨਹੀਂ ਕਿਹਾ। ਮੋਦੀ ਨੇ ਕਿਹਾ, '9 ਮਈ ਦੀ ਰਾਤ ਨੂੰ ਅਮਰੀਕੀ ਉਪ ਰਾਸ਼ਟਰਪਤੀ ਨੇ ਮੇਰੇ ਨਾਲ 3-4 ਵਾਰ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ, ਪਰ ਮੈਂ ਹਥਿਆਰਬੰਦ ਬਲਾਂ ਨਾਲ ਮੀਟਿੰਗਾਂ ਵਿੱਚ ਰੁੱਝਿਆ ਹੋਇਆ ਸੀ। ਜਦੋਂ ਮੈਂ ਉਨ੍ਹਾ ਨੂੰ ਮੋੜਵੀਂ ਕਾਲ ਕੀਤੀ ਤਾਂ ਅਮਰੀਕੀ ਉਪ ਰਾਸ਼ਟਰਪਤੀ ਨੇ ਮੈਨੂੰ ਪਾਕਿਸਤਾਨ ਤੋਂ ਵੱਡੇ ਹਮਲੇ ਦੀ ਚੇਤਾਵਨੀ ਦਿੱਤੀ। ਮੈਂ ਅਮਰੀਕੀ ਉਪ-ਰਾਸ਼ਟਰਪਤੀ ਨੂੰ ਦੱਸਿਆ ਕਿ ਜੇ ਪਾਕਿਸਤਾਨ ਭਾਰਤ 'ਤੇ ਹਮਲਾ ਕਰਦਾ ਹੈ, ਤਾਂ ਸਾਡਾ ਹਮਲਾ ਬਹੁਤ ਵੱਡਾ ਹੋਵੇਗਾ, ਕਿਉਂਕਿ ਅਸੀਂ ਗੋਲੀਆਂ ਦਾ ਜਵਾਬ ਤੋਪਾਂ ਨਾਲ ਦੇਵਾਂਗੇ।'

ਉਨ੍ਹਾ ਕਿਹਾ ਕਿ ਭਾਰਤ ਆਤਮ-ਨਿਰਭਰ ਹੋ ਰਿਹਾ ਹੈ, ਪਰ ਕਾਂਗਰਸ ਹ_ ਣ

• ਬਾਕੀ ਸਫਾ 2 'ਤੇ

## ਭਲਕੇ ਪੂਰੇ ਪੰਜਾਬ 'ਚ ਛੁੱਟੀ

**ਚੰਡੀਗੜ੍ਹ** : 31 ਜੁਲਾਈ ਨੂੰ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਵਾਲੇ ਦਿਨ ਹੁਣ ਪੂਰੇ ਸੂਬੇ 'ਚ ਛੁੱਟੀ ਰਹੇਗੀ। ਸਾਰੇ ਸਕੂਲ-ਕਾਲਜ ਤੇ ਸਰਕਾਰੀ ਦਫਤਰ ਬੰਦ ਰਹਿਣਗੇ। 2025 ਦੇ ਸਰਕਾਰੀ ਛੁੱਟੀਆਂ ਦੇ ਕੈਲੰਡਰ 'ਚ 31 ਜੁਲਾਈ ਦੀ ਛੁੱਟੀ ਨੂੰ ਰਾਖਵੀਆਂ ਛੁੱਟੀਆਂ 'ਚ ਥਾਂ ਦਿੱਤੀ ਗਈ ਸੀ। ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਨੇ ਦੱਸਿਆ ਕਿ ਕੰਬੋਜ ਸਮਾਜ ਦੀ ਲੰਮੇ ਸਮੇਂ ਤੋਂ ਮੰਗ ਸੀ ਕਿ ਸਿਰਫ ਸੁਨਾਮ 'ਚ ਨਹੀਂ, ਬਲਕਿ ਪੂਰੇ ਪੰਜਾਬ 'ਚ ਛੁੱਟੀ ਐਲਾਨੀ ਜਾਣੀ ਚਾਹੀਦੀ ਹੈ, ਜਿਸ ਨੂੰ ਪੰਜਾਬ ਸਰਕਾਰ ਨੇ ਮੰਨ ਲਿਆ।

## ਕੈਬਨਿਟ ਮੀਟਿੰਗ ਅੱਜ

**ਚੰਡੀਗੜ੍ਹ** : ਪੰਜਾਬ ਮੰਤਰੀ ਮੰਡਲ ਦੀ ਅਹਿਮ ਮੀਟਿੰਗ ਬੁੱਧਵਾਰ ਨੂੰ ਹੋਵੇਗੀ। 10 ਵਜੇ ਸ਼ੁਰੂ ਹੋਣ ਵਾਲੀ ਇਸ ਮੀਟਿੰਗ ਵਿੱਚ ਅਹਿਮ ਏਜੰਡੇ ਵਿਚਾਰੇ ਜਾਣੇ ਹਨ। ਗੈਰਰਸਮੀ ਤੌਰ 'ਤੇ ਇਸ ਮੀਟਿੰਗ 'ਚ ਲੈਂਡ ਪੂਲਿੰਗ ਨੀਤੀ 'ਤੇ ਵੀ ਚਰਚਾ ਹੋ ਸਕਦੀ ਹੈ।

## ਸਿੰਘ ਸਾਹਿਬਾਨ ਦੀ ਪਹਿਲੀ ਦੀ ਮੀਟਿੰਗ ਮੁਲਤਵੀ

**ਅੰਮ੍ਰਿਤਸਰ** : ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਜੀਜਾ ਗੁਰਵਿੰਦਰ ਸਿੰਘ (53) ਦੀ ਸੜਕ ਹਾਦਸੇ ਵਿੱਚ ਮੌਤ ਕਾਰਨ ਪਹਿਲੀ ਅਗਸਤ ਨੂੰ ਹੋਣ ਵਾਲੀ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਫਿਲਹਾਲ ਮੁਲਤਵੀ ਕਰ ਦਿੱਤੀ ਗਈ ਹੈ। ਸੋਮਵਾਰ ਰਾਤ ਅੰਮ੍ਰਿਤਸਰ-ਤਰਨ ਤਾਰਨ ਸੜਕ ਉੱਤੇ ਗੋਹਲਵੜ ਨੇੜੇ ਮੋਟਰਸਾਈਕਲ ਗਾਂ ਨਾਲ ਟਕਰਾਉਣ ਕਰਕੇ ਗੁਰਵਿੰਦਰ ਸਿੰਘ (53) ਦੇ ਸਿਰ ਵਿੱਚ ਗਹਿਰੀ ਸੱਟ ਲੱਗ ਗਈ ਸੀ ਅਤੇ ਉਹ ਮੰਗਲਵਾਰ ਅੰਮ੍ਰਿਤਸਰ ਦੇ ਹਸਪਤਾਲ ਵਿੱਚ ਚਲਾਣਾ ਕਰ ਗਏ। ਏ ਐੱਸ ਆਈ ਗੁਰਵਿੰਦਰ ਸਿੰਘ ਤਰਨ ਤਾਰਨ ਜ਼ਿਲ੍ਹੇ ਦੇ ਪਿੰਡ ਖਾਰਾ ਦੇ ਰਹਿਣ ਵਾਲੇ ਸਨ ਤੇ ਮੌਜੂਦਾ ਸਮੇਂ ਉਹ ਅੰਮ੍ਰਿਤਸਰ ਸ਼ਹਿਰ ਵਿੱਚ ਗ੍ਰੈਂਡ ਅਸਟੇਟ ਵਿਖੇ ਪਰਵਾਰ ਸਮੇਤ ਰਹਿ ਰਹੇ ਸਨ। ਉਹ ਇਸ ਵੇਲੇ ਜਥੇਦਾਰ ਗੜਗੱਜ ਨਾਲ ਹੀ ਸੁਰੱਖਿਆ ਵਿੱਚ ਤਾਇਨਾਤ ਸਨ।

## 'ਪ੍ਰਲਏ' ਮਿਜ਼ਾਈਲ ਦੀ ਸਫਲ ਪਰਖ

**ਨਵੀਂ ਦਿੱਲੀ** : ਰੱਖਿਆ ਖੋਜ ਤੇ ਵਿਕਾਸ ਸੰਸਥਾ (ਡੀ ਆਰ ਡੀ ਓ) ਨੇ 'ਪ੍ਰਲਏ' ਮਿਜ਼ਾਈਲ ਦੀਆਂ ਸੋਮਵਾਰ ਅਤੇ ਮੰਗਲਵਾਰ ਓਡੀਸ਼ਾ ਦੇ ਸਾਹਿਲ 'ਤੇ ਏ ਪੀ ਜੇ ਅਬਦੁਲ ਕਲਾਮ ਟਾਪੂ 'ਤੇ ਉਪਰੋਥੱਲੀ ਦੋ ਸਫਲ ਪਰਖਾਂ ਕੀਤੀਆਂ। ਪ੍ਰਲਏ ਜ਼ਮੀਨ ਤੋਂ ਜ਼ਮੀਨ 'ਤੇ 200 ਕਿੱਲੋਮੀਟਰ ਤੋਂ 500 ਕਿੱਲੋਮੀਟਰ ਤੱਕ ਮਾਰ ਕਰਦੀ ਹੈ। ਇਹ ਪਾਕਿਸਤਾਨ ਦੇ ਰਣਨੀਤਕ ਪ੍ਰਮਾਣੂ ਹਥਿਆਰਾਂ ਦਾ ਜਵਾਬ ਹੈ, ਕਿਉਂਕਿ ਇਹ ਮਿਜ਼ਾਈਲ ਪ੍ਰਮਾਣੂ ਹਥਿਆਰ ਲੈ ਜਾ ਸਕਦੀ ਹੈ।

## ਜਗਨਨਾਥ ਮੰਦਰ 'ਚ ਕੈਮਰੇ ਵਾਲਾ ਫੜਿਆ

**ਪੁਰੀ** : ਇੱਥੋਂ ਦੇ ਜਗਨਨਾਥ ਮੰਦਰ ਵਿੱਚ ਮੰਗਲਵਾਰ ਇੱਕ ਵਿਅਕਤੀ ਨੂੰ ਗੁਪਤ ਕੈਮਰਿਆਂ ਨਾਲ ਹਿਰਾਸਤ ਵਿੱਚ ਲਿਆ ਗਿਆ। ਉਸ ਨੇ ਗੁਪਤ ਕੈਮਰਿਆਂ ਵਾਲੀ ਐਨਕ ਲਾਈ ਹੋਈ ਸੀ। 12ਵੀਂ ਸਦੀ ਦੇ ਇਸ ਮੰਦਰ ਵਿੱਚ ਫੋਟੋਗ੍ਰਾਫੀ ਜਾਂ ਵੀਡੀਓਗ੍ਰਾਫੀ 'ਤੇ ਪੂਰੀ ਤਰ੍ਹਾਂ ਪਾਬੰਦੀ ਹੈ।

# ਮਹਾਂ-ਸੰਮੇਲਨ ਲਈ ਦਸ ਲੱਖ ਦਾ ਵੱਡਾ ਸਹਿਯੋਗ ਦੇਣ ਲਈ ਕਾਮਰੇਡ ਅਰਸ਼ੀ ਸਨਮਾਨਤ

**ਮਾਨਸਾ (ਆਤਮਾ ਸਿੰਘ ਪਮਾਰ)**

ਸੀ ਪੀ ਆਈ ਦਾ 25ਵਾਂ ਮਹਾਂ-ਸੰਮੇਲਨ,ਜੋ ਕਿ 21 ਤੋਂ 25 ਸਤੰਬਰ ਤੱਕ ਚੰਡੀਗੜ੍ਹ ਵਿਖੇ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਦੀ ਮੇਜ਼ਬਾਨੀ ਕਰਨ ਦਾ ਮੌਕਾ ਪੰਜਾਬ ਨੂੰ ਮਿਲਿਆ ਹੈ, ਜੋ ਸਾਡੇ ਲਈ ਮਾਣ ਵਾਲੀ ਗੱਲ ਹੈ, ਜਿਸ ਦੀਆਂ ਤਿਆਰੀਆਂ ਅਤੇ ਸਫਲਤਾ ਲਈ ਪੂਰੀ ਪਾਰਟੀ ਲੀਡਰਸ਼ਿਪ ਜੰਗੀ ਪੱਧਰ 'ਤੇ ਜੁਟੀ ਹੋਈ ਹੈ। ਇਸ ਸੰਬੰਧੀ ਜ਼ਿਲ੍ਹਾ ਸਕੱਤਰੇਤ ਮੀਟਿੰਗ ਸੁਖਰਾਜ ਸਿੰਘ ਜੋਗਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਮੌਕੇ ਪਾਰਟੀ ਕਾਂਗਰਸ ਦੀ ਸਫਲਤਾ, ਫੰਡ ਤੇ 21 ਸਤੰਬਰ ਦੀ ਮੁਹਾਲੀ ਰੈਲੀ ਦੀਆਂ ਤਿਆਰੀਆਂ ਸੰਬੰਧੀ ਵਿਚਾਰ-ਚਰਚਾ ਕੀਤੀ ਗਈ।ਫੰਡ ਮੁਹਿੰਮ ਜਾਰੀ ਰੱਖਣ ਅਤੇ ਦਸ ਲੱਖ ਰੁਪਏ ਦਾ ਵੱਡਾ ਸਹਿਯੋਗ ਦੇਣ ਲਈ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਅਤੇ ਜ਼ਿਲ੍ਹਾ

## ਮੁਹਾਲੀ ਰੈਲੀ 'ਚ ਮਾਨਸਾ ਜ਼ਿਲ੍ਹੇ ਤੋਂ ਇੱਕ ਹਜ਼ਾਰ ਸਾਥੀਆਂ ਦਾ ਕਾਫ਼ਲਾ ਜਾਏਗਾ : ਚੌਹਾਨ



ਲੀਡਰਸ਼ਿਪ ਨੂੰ ਉਤਸ਼ਾਹਤ ਕਰਨ ਸੰਬੰਧੀ ਉਹਨਾ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਵੀ ਕੀਤਾ ਗਿਆ।

ਇਸ ਮੌਕੇ ਨੈਸ਼ਨਲ ਕੌਂਸਲ ਮੈਂਬਰ ਅਤੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਨੇ ਕਿਹਾ ਕਿ ਪਾਰਟੀ ਦਾ 25ਵਾਂ ਚੰਡੀਗੜ੍ਹ ਮਹਾਂ-ਸੰਮੇਲਨ ਪਾਰਟੀ ਇਤਿਹਾਸ 'ਚ ਨਵਾਂ ਮੀਲ ਪੱਥਰ ਗੱਡੇਗਾ, ਕਿਉਂਕਿ ਸੰਮੇਲਨ ਪ੍ਰਤੀ ਹਰ ਪਾਸਿਓਂ ਮਿਲ ਰਿਹਾ ਸਹਿਯੋਗ ਤੇ ਉਤਸ਼ਾਹ ਇਸ ਦੀ ਗਵਾਹੀ ਭਰ ਰਿਹਾ ਹੈ। ਅਰਸ਼ੀ ਨੇ ਜ਼ੋਰਦਾਰ ਢੰਗ ਅਤੇ ਤਨਦੇਹੀ ਨਾਲ ਪ੍ਰੋਗਰਾਮ ਨੂੰ ਸਿਰੇ ਚੜ੍ਹਾਉਣ ਦੀ ਅਪੀਲ ਵੀ ਕੀਤੀ।ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ ਨੇ 21 ਸਤੰਬਰ ਦੀ ਮੁਹਾਲੀ ਰੈਲੀ ਤੇ ਮਹਾਂ-ਸੰਮੇਲਨ ਦੀਆਂ ਜ਼ੋਰਦਾਰ ਤਿਆਰੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਮਾਨਸਾ ਜ਼ਿਲ੍ਹੇ ਵਿੱਚੋਂ ਇੱਕ ਹਜ਼ਾਰ ਦੇ ਵੱਡੇ ਕਾਫ਼ਲੇ ਦੇ ਰੂਪ 'ਚ ਸਾਥੀ ਸ਼ਾਮਲ ਹੋਣਗੇ। ਉਹਨਾ ਪ੍ਰੋਗਰਾਮ ਨੂੰ ਤਨਦੇਹੀ ਨਾਲ ਹਰ ਪੱਖੋਂ ਨਿਭਾਉਣ ਦਾ ਵਾਅਦਾ ਕੀਤਾ।ਮੀਟਿੰਗ ਦੌਰਾਨ ਪਾਰਟੀ ਵੱਲੋਂ ਉੱਘੇ ਦੇਸ਼ ਭਗਤਾਂ ਦੇ ਅਸਥਾਨਾਂ ਤੋਂ ਚੱਲਣ ਵਾਲੇ ਜਥਿਆਂ ਨੂੰ ਸਫਲ ਬਣਾਉਣ ਤੇ ਸਵਾਗਤ ਲਈ ਲੀਡਰਸ਼ਿਪ ਦੀਆਂ ਡਿਊਟੀਆਂ ਵੀ ਲਗਾਈਆਂ ਗਈਆਂ।30 ਜੁਲਾਈ ਦੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਲੈਂਡ ਪੂਲਿੰਗ ਪਾਲਸੀ ਖ਼ਿਲਾਫ਼ ਕੀਤੇ ਜਾਣ ਵਾਲੇ ਟਰੈਕਟਰ ਮਾਰਚ ਦੀ ਹਮਾਇਤ ਕਰਦਿਆਂ ਸਾਥੀਆਂ ਨੂੰ ਵੱਡੀ ਗਿਣਤੀ 'ਚ ਸ਼ਾਮਲ ਹੋਣ ਦੀ ਅਪੀਲ ਵੀ ਕੀਤੀ ਗਈ।ਮੀਟਿੰਗ ਦੌਰਾਨ ਐਡਵੋਕੇਟ ਕੁਲਵਿੰਦਰ ਉਡਤ, ਸੀਤਾ ਰਾਮ ਗੋਬਿੰਦਪੁਰਾ, ਰੂਪ ਸਿੰਘ ਢਿੱਲੋਂ, ਸੁਖਰਾਜ ਸਿੰਘ ਜੋਗਾ, ਰਤਨ ਭੋਲਾ, ਮਲਕੀਤ ਸਿੰਘ ਮੰਦਰਾਂ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।

## ਲੈਂਡ ਪੂਲਿੰਗ ਨੀਤੀ ਵਿਰੁੱਧ ਹਾਈ ਕੋਰਟ 'ਚ ਪਟੀਸ਼ਨ

**ਚੰਡੀਗੜ੍ਹ** : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਮੰਗਲਵਾਰ ਲੋਕ ਹਿੱਤ ਪਟੀਸ਼ਨ ਦਾਇਰ ਕਰ ਕੇ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਨੀਤੀ ਨੂੰ ਰੱਦ ਕਰਨ ਦੀ ਮੰਗ ਕੀਤੀ ਗਈ ਹੈ। ਪਟੀਸ਼ਨ ਵਿੱਚ ਕਿਹਾ ਗਿਆ ਹੈ ਕਿ ਇਹ ਨੀਤੀ ਸਮਾਜਕ ਅਤੇ ਵਾਤਾਵਰਣ ਪ੍ਰਭਾਵ ਮੁਲਾਂਕਣ, ਨਿਰਪੱਖ ਮੁਆਵਜ਼ਾ ਅਤੇ ਪ੍ਰਭਾਵਤ ਪਰਵਾਰਾਂ ਦੇ ਪੁਨਰਵਾਸ ਸਮੇਤ ਕਾਨੂੰਨੀ ਸੁਰੱਖਿਆ ਉਪਾਵਾਂ ਦੀ ਪਾਲਣਾ ਕਰਨ ਵਿੱਚ ਨਾਕਾਮ ਹੈ। ਸਮਾਜੀ ਕਾਰਕੁੰਨ ਨਵਿੰਦਰ ਪੀ ਕੇ ਸਿੰਘ ਅਤੇ ਸਮਿਤਾ ਕੌਰ ਵੱਲੋਂ ਵਕੀਲਾਂ ਸਾਹਿਰ ਸਿੰਘ ਵਿਰਕ ਅਤੇ ਵੀ ਬੀ ਗੋਂਦਾਰਾ ਰਾਹੀਂ ਦਾਇਰ ਪਟੀਸ਼ਨ ਵਿੱਚ ਕਿਹਾ ਗਿਆ ਹੈ ਕਿ ਪੰਜਾਬ ਸਰਕਾਰ ਦੀ 4 ਜੁਲਾਈ ਦੀ ਨੀਤੀ ਮੁੱਖ ਤੌਰ 'ਤੇ ਲੁਧਿਆਣਾ ਅਤੇ ਮੁਹਾਲੀ ਵਿੱਚ ਉਪਜਾਊ ਬਹੁ-ਫਸਲੀ ਖੇਤੀਬਾੜੀ ਜ਼ਮੀਨ ਦੀ ਪ੍ਰਾਪਤੀ ਦਾ ਰਾਹ ਪੱਧਰਾ ਕਰਨ ਵਾਲੀ ਹੈ।

# ਕੰਬੋਜ ਮਹਾਂ ਸਭਾ ਨੇ ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ

**ਦੇਵੀਗੜ੍ਹ/ਪਟਿਆਲ਼ਾ (ਰਜਿੰਦਰ ਸਿੰਘ ਥਿੰਦ)**

ਜਲ੍ਹਿਆਂਵਾਲਾ ਬਾਗ ਅੰਮ੍ਰਿਤਸਰ ਵਿਖੇ ਨਿਹੱਥਿਆਂ 'ਤੇ ਗੋਲੀ ਚਲਾਉਣ ਵਾਲੇ ਜਨਰਲ ਓਡਵਾਇਰ ਤੋਂ ਬਦਲਾ ਲੈਣ ਵਾਲੇ ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਕੰਬੋਜ ਮਹਾਂ ਸਭਾ ਬਲਾਕ ਭੁਨਰਹੇੜੀ ਵੱਲੋਂ ਪ੍ਰਧਾਨ ਸਵਿੰਦਰ ਸਿੰਘ ਧੰਜੂ ਦੀ ਅਗਵਾਈ ਹੇਠ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਇੰਟਰਨੈਸ਼ਨਲ ਗੋਲਡ ਮੈਡਲਿਸਟ ਢਾਡੀ ਜੱਥਾ ਭਾਈ ਬਲਬੀਰ ਸਿੰਘ ਪਾਰਸ ਦੇ ਜਥੇ ਵੱਲੋਂ ਸ਼ਹੀਦਾਂ ਦੀਆਂ ਵਾਰਾਂ ਗਾਈਆਂ ਗਈਆਂ। ਬਾਅਦ ਵਿੱਚ ਵੱਖ-ਵੱਖ ਰਾਜਨੀਤਕ ਪਾਰਟੀਆਂ ਦੇ ਆਗੂਆਂ ਵੱਲੋਂ ਸ਼ਹੀਦ ਊਧਮ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।ਇਸ ਮੌਕੇ ਵਰਲਡ ਕੈਂਸਰ ਕੇਅਰ ਦੀ ਟੀਮ ਵੱਲੋਂ ਮਾਲਵਾ ਫਰੀ ਮੈਗਾ ਕੈਂਸਰ ਜਾਂਚ ਅਤੇ ਜਾਗਰੂਕਤਾ, ਦੰਦਾਂ ਅਤੇ ਜਨਰਲ ਮੈਡੀਕਲ ਕੈਂਪ ਲਗਾਏ ਗਏ। ਮਾਤਾ ਗੁਜਰੀ ਸਕੂਲ ਦੇ ਬੱਚਿਆਂ ਵੱਲੋਂ ਸ਼ਹੀਦ ਊਧਮ ਸਿੰਘ ਦੇ ਜੀਵਨ 'ਤੇ ਸਕਿੱਟ ਪੇਸ਼ ਕੀਤੀ ਅਤੇ ਵਾਰ ਵੀ ਗਾਈ ਗਈ। ਸ਼ਹੀਦ ਊਧਮ ਸਿੰਘ ਨੂੰ ਹਲਕਾ ਸਨੌਰ ਦੇ ਵਿਧਾਇਕ ਹਰਮੀਤ ਸਿੰਘ ਪਠਾਣ ਮਾਜਰਾ ਦੀ ਧਰਮ ਪਤਨੀ ਬੀਬੀ ਸਿਮਰਨਜੀਤ ਕੌਰ ਪਠਾਣ ਮਾਜਰਾ, ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ, ਰਣਜੋਧ ਸਿੰਘ ਹਡਾਣਾ ਚੇਅਰਮੈਨ ਪੀ ਆਰ ਟੀ ਸੀ, ਇੰਦਰਜੀਤ ਸਿੰਘ ਸੰਧੂ ਚੇਅਰਮੈਨ, ਮਦਨ ਲਾਲ ਸਾਬਕਾ ਵਿਧਾਇਕ ਘਨੌਰ, ਹਰਿੰਦਰਪਾਲ ਸਿੰਘ ਹੈਰੀਮਾਨ, ਨਿਰਮਲ ਸਿੰਘ ਭੱਟੀਆਂ, ਹਰਦਿਆਲ ਸਿੰਘ ਕੰਬੋਜ, ਸਵਿੰਦਰ ਕੌਰ ਧੰਜੂ ਪ੍ਰਧਾਨ ਨਗਰ ਪੰਚਾਇਤ ਦੇਵੀਗੜ੍ਹ, ਡਾ. ਗੁਰਮੀਤ ਸਿੰਘ ਬਿੱਟੂ ਉੱਪ ਚੇਅਰਮੈਨ, ਪ੍ਰਦੀਪ ਜੋਸਨ ਪ੍ਰਧਾਨ ਨਗਰ ਕੌਂਸਲ ਸਨੌਰ, ਹਰਦੀਪ ਸਿੰਘ ਜੋਸਨ ਪ੍ਰਧਾਨ ਓ ਬੀ ਸੀ ਵਿੰਗ, ਜਰਨੈਲ ਸਿੰਘ ਕਰਤਾਰਪੁਰ ਮੈਂਬਰ ਸ਼੍ਰੋਮਣੀ ਕਮੇਟੀ, ਹਰਦੀਪ ਸਿੰਘ ਹਾਂਡਾ ਤੋਂ ਇਲਾਵਾ ਕੰਬੋਜ ਮਹਾਂ ਸਭਾ ਬਲਾਕ ਭੁਨਰਹੇੜੀ ਦੇ ਪ੍ਰਧਾਨ ਸਵਿੰਦਰ ਸਿੰਘ ਧੰਜੂ, ਜੀਤ ਸਿੰਘ ਮੀਰਾਂਪੁਰ ਖਜ਼ਾਨਚੀ, ਦਵਿੰਦਰ ਸਿੰਘ ਜ ਨ ਰ ਲ



• ਬਾਕੀ ਸਫਾ 2 'ਤੇ

# ਧਰਮਸ਼ਾਲਾ ਵਾਲੀ ਸੜਕ ਬੰਦ, ਮੰਡੀ 'ਚ 3 ਮੌਤਾਂ




**ਸ਼ਿਮਲਾ** : ਕਾਂਗੜਾ ਨੇੜੇ ਮੰਗਲਵਾਰ ਸਵੇਰੇ ਭਾਰੀ ਮੀਂਹ ਕਾਰਨ ਜ਼ਮੀਨ ਖਿਸਕ ਗਈ, ਜਿਸ ਕਾਰਨ ਧਰਮਸ਼ਾਲਾ ਜਾਣ ਵਾਲਾ ਕੌਮੀ ਸ਼ਾਹਰਾਹ ਬੰਦ ਹੋ ਗਿਆ ਅਤੇ ਸੈਂਕੜੇ ਵਾਹਨ ਫਸ ਗਏ। ਮੰਡੀ ਵਿੱਚ ਰਾਤ ਭਰ ਪਏ ਮੀਂਹ ਕਾਰਨ ਅਚਾਨਕ ਆਏ ਹੜ੍ਹਾਂ ਨੇ 3 ਲੋਕਾਂ ਦੀ ਜਾਨ ਲੈ ਲਈ ਅਤੇ ਇੱਕ ਵਿਅਕਤੀ ਲਾਪਤਾ ਹੋ ਗਿਆ। ਹੜ੍ਹ ਨੇ ਜੇਲ੍ਹ ਰੋਡ 'ਤੇ ਤੁੰਗਲ ਕਲੋਨੀ ਵਿੱਚ ਦਰਜਨਾਂ ਵਾਹਨਾਂ ਅਤੇ ਘਰਾਂ ਨੂੰ ਨੁਕਸਾਨ ਪਹੁੰਚਾਇਆ। ਚੰਡੀਗੜ੍ਹ-ਮਨਾਲੀ ਅਤੇ ਮੰਡੀ-ਪਠਾਨਕੋਟ ਹਾਈਵੇ ਸਮੇਤ ਕਈ ਮੁੱਖ ਸੜਕਾਂ ਅਜੇ ਵੀ ਬੰਦ ਹਨ।

## ਉੱਘੀ ਕਵਿੱਤਰੀ ਭੁਪਿੰਦਰ ਕੌਰ ਵਾਲੀਆ ਦਾ ਦੇਹਾਂਤ



**ਪਟਿਆਲਾ** : ਪੰਜਾਬੀ ਸਾਹਿਤ ਸਭਾ ਪਟਿਆਲਾ ਦੇ ਸੀਨੀਅਰ ਮੈਂਬਰ ਅਤੇ ਉੱਘੀ ਪੰਜਾਬੀ ਕਵਿੱਤਰੀ ਭੁਪਿੰਦਰ ਕੌਰ ਵਾਲੀਆ (73) ਦਾ ਸੋਮਵਾਰ ਰਾਤ ਪਟਿਆਲਾ ਵਿਖੇ ਦੇਹਾਂਤ ਹੋ ਗਿਆ। ਸਭਾ ਦੇ ਪ੍ਰਧਾਨ ਡਾ. ਦਰਸ਼ਨ ਸਿੰਘ ਆਸ਼ਟ ਨੇ ਕਿਹਾ ਕਿ ਲਗਨਸ਼ੀਲ, ਪ੍ਰਤਿਭਾਸ਼ਾਲੀ ਅਤੇ ਪ੍ਰਤੀਬੱਧ ਕਵਿੱਤਰੀ ਭੁਪਿੰਦਰ ਕੌਰ ਵਾਲੀਆ ਦੀ ਤਬੀਅਤ ਪਿਛਲੇ ਕੁਝ ਅਰਸੇ ਤੋਂ ਨਾਸਾਜ਼ ਸੀ। ਉਹਨਾ ਦੀ ਪੁਸਤਕ 'ਜ਼ਿੰਦਗੀ ਬਨਾਮ ਸੰਘਰਸ਼' ਨੂੰ ਭਾਸ਼ਾ ਵਿਭਾਗ ਪੰਜਾਬ ਵੱਲੋਂ ਸਰਵੋਤਮ ਪੁਸਤਕ ਪੁਰਸਕਾਰ ਵੀ ਪ੍ਰਾਪਤ ਹੋਇਆ ਸੀ।




## ਵਿਸ਼ੇਸ਼ ਸਪਲੀਮੈਂਟ



ਭੈਣ-ਭਰਾ ਦੇ ਪਿਆਰ ਦਾ ਪ੍ਰਤੀਕ ਤਿਉਹਾਰ ਰੱਖੜੀ ਤੇ 15 ਅਗਸਤ ਮੌਕੇ ਭੋਗਪੁਰ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਸਾਡੇ ਪੱਤਰਕਾਰ **ਗੁਰਪ੍ਰੀਤ ਸਿੰਘ ਭੋਗਲ** ਨਾਲ 94636-82748 'ਤੇ ਸੰਪਰਕ ਕੀਤਾ ਜਾ ਸਕਦਾ ਹੈ।

-ਜਨਰਲ ਮੈਨੇਜਰ

## ਅੱਜ-ਨਾਮਾ

ਪਹਿਲਗਾਮ 'ਤੇ ਚਰਚਾ ਫਿਰ ਕਰਨ ਲੱਗੇ,
ਸਭਨਾਂ ਧਿਰਾਂ ਸੀ ਲਾ ਲਿਆ ਜ਼ੋਰ ਮੀਆਂ।
ਵਿਰੋਧੀ ਧਿਰਾਂ ਸਰਕਾਰੀ ਕੁਝ ਖੋਟ ਦੱਸੇ,
ਆਖਿਆ ਰੱਬ ਦੇ ਹੱਥੀਂ ਆ ਡੋਰ ਮੀਆਂ।
ਮੋੜਵੇਂ ਦੋਸ਼ ਸੀ ਰਹੀ ਸਰਕਾਰ ਲਾਉਂਦੀ,
ਪੈਂਦੜਾ ਰਿਹਾ ਦੁਵੱਲਾ ਜਿਹਾ ਸ਼ੋਰ ਮੀਆਂ।
ਕਰਦੇ ਮੈਂਬਰ ਕੁਝ ਗੱਲ ਸੀ ਸਾਫ-ਸਿੱਧੀ,
ਕਰੀ ਜਾਣ ਕਈ ਤਾਂ ਹੋਰ ਦੀ ਹੋਰ ਮੀਆਂ।
ਮਰ ਗਏ ਜਿਨ੍ਹਾਂ ਦੇ ਘਰਾਂ ਦੇ ਜੀਅ ਓਧਰ,
ਉਨ੍ਹਾਂ ਦਾ ਜਾਣਦੇ ਉਹੀ ਆ ਦਰਦ ਮੀਆਂ।
ਕਰਦੇ ਬਾਕੀ ਹਨ ਬਹਿਸ ਤਾਂ ਕਰਨ ਦੇਵੋ,
ਉੱਡਦੀ ਵੇਖੋ ਸਿਆਸਤ ਦੀ ਗਰਦ ਮੀਆਂ।

-ਤੀਸ ਮਾਰ ਖਾਂ

## ਦਿੱਲੀ 'ਚ ਬੰਗਾਲੀ ਬੋਲਣ ਵਾਲੀ ਔਰਤ ਤੇ ਬੱਚੇ ਨੂੰ ਧਮਕਾਇਆ : ਮਮਤਾ

**ਕੋਲਕਾਤਾ** : ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਮੰਗਲਵਾਰ ਦਾਅਵਾ ਕੀਤਾ ਕਿ ਦਿੱਲੀ ਵਿੱਚ ਹਮਲੇ ਦਾ ਸ਼ਿਕਾਰ ਹੋਈ ਇੱਕ ਬੰਗਾਲੀ ਬੋਲਣ ਵਾਲੀ ਔਰਤ ਅਤੇ ਉਸ ਦੇ ਬੱਚੇ ਨੂੰ ਧਮਕਾਇਆ ਗਿਆ ਸੀ। ਬੈਨਰਜੀ ਨੇ ਸੋਸ਼ਲ ਮੀਡੀਆ 'ਤੇ ਇੱਕ ਵੀਡੀਓ ਸਾਂਝਾ ਕੀਤਾ, ਜਿਸ ਵਿੱਚ ਦੋਸ਼ ਲਾਇਆ ਗਿਆ ਕਿ ਕੌਮੀ ਰਾਜਧਾਨੀ ਵਿੱਚ ਇੱਕ ਬੰਗਾਲੀ ਬੋਲਣ ਵਾਲੀ ਔਰਤ ਅਤੇ ਉਸ ਦੇ ਬੱਚੇ 'ਤੇ ਉਨ੍ਹਾਂ ਦੀ ਭਾਸ਼ਾ ਬੋਲਣ ਕਾਰਨ ਹਮਲਾ ਕੀਤਾ ਗਿਆ। ਹਾਲਾਂਕਿ ਦਿੱਲੀ ਪੁਲਸ ਨੇ ਬੈਨਰਜੀ ਦੁਆਰਾ ਸੋਸ਼ਲ ਮੀਡੀਆ 'ਤੇ ਸਾਂਝੀ ਕੀਤੀ ਗਈ ਵੀਡੀਓ ਨੂੰ ਮਨਘੜਤ ਅਤੇ ਰਾਜਨੀਤਕ ਤੌਰ 'ਤੇ ਪ੍ਰੇਰਤ ਕਰਾਰ ਦਿੱਤਾ ਹੈ।

ਬੈਨਰਜੀ ਨੇ ਬੀਰਭੂਮ ਜ਼ਿਲ੍ਹੇ ਵਿੱਚ ਕਿਹਾ, 'ਉਨ੍ਹਾਂ ਨੂੰ ਵੱਖ-ਵੱਖ ਪੁਲਸ ਥਾਣਿਆਂ ਵਿੱਚ ਲਿਜਾਇਆ ਗਿਆ। ਉਨ੍ਹਾਂ ਨੂੰ ਧਮਕਾਇਆ ਗਿਆ। ਅਸੀਂ ਚਾਹੁੰਦੇ ਹਾਂ ਕਿ ਉਹ ਵਾਪਸ ਆਉਣ, ਕੌਣ ਸੱਚ ਬੋਲ ਰਿਹਾ ਹੈ ਤੇ ਕੌਣ ਝੂਠ ਬੋਲ ਰਿਹਾ ਹੈ, ਇਹ ਆਖਰਕਾਰ ਸਾਬਤ ਹੋ ਜਾਵੇਗਾ।' ਉਨ੍ਹਾ ਕਿਹਾ ਕਿ ਭਾਜਪਾ ਸ਼ਾਸਤ ਰਾਜਾਂ ਵਿੱਚ ਬੰਗਾਲੀ ਬੋਲਣ ਵਾਲੇ ਪਰਵਾਸੀ ਮਜ਼ਦੂਰਾਂ ਨੂੰ ਜੇ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ ਤਾਂ ਉਨ੍ਹਾਂ ਨੂੰ ਬੰਗਾਲ ਵਾਪਸ ਆ ਜਾਣਾ ਚਾਹੀਦਾ ਹੈ।

ਦਿੱਲੀ ਦੇ ਡਿਪਟੀ ਕਮਿਸ਼ਨਰ ਆਫ ਪੁਲਸ (ਈਸਟ) ਅਭਿਸ਼ੇਕ ਧਨਿਆ ਨੇ ਕਿਹਾ, 'ਲਗਾਤਾਰ ਪੁੱਛਗਿੱਛ ਦੌਰਾਨ ਔਰਤ ਨੇ ਮੰਨਿਆ ਕਿ ਉਸ ਦੇ ਰਿਸ਼ਤੇਦਾਰ, ਜੋ ਪੱਛਮੀ ਬੰਗਾਲ ਦੇ ਮਾਲਦਾ ਜ਼ਿਲ੍ਹੇ ਤੋਂ ਇੱਕ ਰਾਜਨੀਤਕ ਕਾਰਕੁਨ ਹੈ, ਨੇ ਉਸ ਨੂੰ ਵੀਡੀਓ ਬਣਾਉਣ ਲਈ ਕਿਹਾ ਸੀ।

ਵੀਡੀਓ ਨੂੰ ਫਿਰ ਬੰਗਾਲ ਵਿੱਚ ਸਥਾਨਕ ਤੌਰ 'ਤੇ ਪ੍ਰਸਾਰਤ ਕੀਤਾ ਗਿਆ ਅਤੇ ਬਾਅਦ ਵਿੱਚ ਸੋਸ਼ਲ ਮੀਡੀਆ 'ਤੇ ਸਾਹਮਣੇ ਆਇਆ।'

## ਵੋਟਰ ਸੂਚੀ 'ਚ ਵੱਡੀ ਕੱਟ-ਵੱਢ ਹੋਈ ਤਾਂ ਦਖਲ ਦੇਵਾਂਗੇ : ਸੁਪਰੀਮ ਕੋਰਟ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਮੰਗਲਵਾਰ ਕਿਹਾ ਕਿ ਚੋਣ ਕਮਿਸ਼ਨ ਇੱਕ ਸੰਵਿਧਾਨਕ ਅਥਾਰਟੀ ਹੈ ਅਤੇ ਇਸ ਨੂੰ ਕਾਨੂੰਨ ਅਨੁਸਾਰ ਕੰਮ ਕਰਨਾ ਚਾਹੀਦਾ ਹੈ, ਪਰ ਜੇ ਬਿਹਾਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸੋਧ ਵਿੱਚ ਵੱਡੇ ਪੱਧਰ 'ਤੇ ਕੱਟ-ਵੱਢ ਹੁੰਦੀ ਹੈ ਤਾਂ ਅਦਾਲਤ ਦਖਲ ਦੇਵੇਗੀ। ਜਸਟਿਸ ਸੂਰੀਆ ਕਾਂਤ ਅਤੇ ਜਸਟਿਸ ਜੋਇਮਾਲਿਆ ਬਾਗਚੀ ਦੀ ਬੈਂਚ ਨੇ ਬਿਹਾਰ ਵਿੱਚ ਚੋਣ ਕਮਿਸ਼ਨ ਦੀ ਕਾਰਵਾਈ ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ ਦੇ ਬੈਚ 'ਤੇ ਵਿਚਾਰ ਕਰਨ ਲਈ ਇੱਕ ਸਮਾਂ-ਸੀਮਾ ਤੈਅ ਕੀਤੀ ਅਤੇ ਕਿਹਾ ਕਿ ਇਸ ਮੁੱਦੇ 'ਤੇ ਸੁਣਵਾਈ 12 ਅਤੇ 13 ਅਗਸਤ ਨੂੰ ਹੋਵੇਗੀ। ਸੀਨੀਅਰ ਵਕੀਲ ਕਪਿਲ ਸਿੱਬਲ ਅਤੇ ਪ੍ਰਸ਼ਾਂਤ ਭੂਸ਼ਣ ਨੇ ਇੱਕ ਵਾਰ ਫਿਰ ਦੋਸ਼ ਲਾਇਆ ਕਿ 1 ਅਗਸਤ ਨੂੰ ਚੋਣ ਪੈਨਲ ਵੱਲੋਂ ਪ੍ਰਕਾਸ਼ਤ ਕੀਤੀ ਜਾਣ ਵਾਲੀ ਡਰਾਫਟ ਸੂਚੀ ਵਿੱਚੋਂ ਲੋਕਾਂ ਨੂੰ ਬਾਹਰ ਰੱਖਿਆ ਜਾ ਰਿਹਾ ਹੈ ਅਤੇ ਉਹ ਆਪਣਾ ਮਹੱਤਵਪੂਰਨ ਵੋਟ ਪਾਉਣ ਦਾ ਅਧਿਕਾਰ ਗਵਾ ਦੇਣਗੇ।



# ਬਲਦਾਂ ਦੀਆਂ ਦੌੜਾਂ ਸ਼ੁਰੂ ਕਰਨ ਲਈ ਕਾਨੂੰਨ ਪਾਸ ਕਰਨ 'ਤੇ ਮੁੱਖ ਮੰਤਰੀ ਮਾਨ ਦਾ ਸਨਮਾਨ



**ਮਹਿਮਾ ਸਿੰਘ ਵਾਲਾ (ਲੁਧਿਆਣਾ) :** ਪੰਜਾਬ ਵਿੱਚ ਕਾਨੂੰਨੀ ਬੰਦਿਸ਼ਾਂ ਨਾਲ ਲੁਪਤ ਹੋ ਰਹੀਆਂ ਵਿਰਾਸਤੀ ਪੇਂਡੂ ਖੇਡਾਂ ਨੂੰ ਸੁਰਜੀਤ ਕਰਨ ਦਾ ਐਲਾਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਨੂੰ ਕਿਹਾ ਕਿ ਸੂਬਾ ਸਰਕਾਰ ਵਿਰਾਸਤੀ ਖੇਡਾਂ ਨੂੰ ਪ੍ਰਫੁੱਲਤ ਕਰਨ ਲਈ ਸਾਰੀਆਂ ਕਾਨੂੰਨੀ ਰੁਕਾਵਟਾਂ ਦੂਰ ਕਰੇਗੀ ਤਾਂ ਕਿ ਸਾਡੇ ਮਹਾਨ ਖੇਡ ਵਿਰਸੇ ਦੀ ਪੁਰਾਤਨ ਸ਼ਾਨ ਬਹਾਲ ਕੀਤੀ ਜਾ ਸਕੇ।ਸੂਬੇ ਵਿੱਚ ਬਲਦਾਂ ਦੀਆਂ ਦੌੜਾਂ ਮੁੜ ਸ਼ੁਰੂ ਕਰਨ ਲਈ ਪੰਜਾਬ ਵਿਧਾਨ ਸਭਾ ਵਿੱਚ ਕਾਨੂੰਨ ਪਾਸ ਕਰਨ ਲਈ ਇੱਥੇ ਵੱਡੀ ਗਿਣਤੀ ਵਿੱਚ ਵਿਰਾਸਤੀ ਖੇਡ ਪ੍ਰੇਮੀਆਂ ਵੱਲੋਂ ਮੁੱਖ ਮੰਤਰੀ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਬੈਲ ਗੱਡੀਆਂ ਦੀਆਂ ਦੌੜਾਂ ਸਿਰਫ ਮਨੋਰੰਜਨ ਦਾ ਸਾਧਨ ਨਹੀਂ ਸਗੋਂ ਇਹ ਦੌੜਾਂ ਸਾਡੇ ਪੇਂਡੂ ਵਿਰਸੇ ਦੀ ਤਰਜਮਾਨੀ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਪੁਰਾਤਨ ਸਮੇਂ ਤੋਂ ਹੀ ਪੰਜਾਬ ਵਿੱਚ ਬੈਲ-ਗੱਡੀਆਂ ਦੀਆਂ ਦੌੜਾਂ ਕਰਵਾਈਆਂ ਜਾਂਦੀਆਂ ਸਨ ਅਤੇ ਇਹ ਸਾਨੂੰ ਸਾਡੇ ਸੱਭਿਆਚਾਰ ਅਤੇ ਵਿਰਸੇ ਨਾਲ ਜੋੜ ਕੇ ਰੱਖਦੀਆਂ ਸਨ। ਉਨ੍ਹਾਂ ਕਿਹਾ ਕਿ ਬਲਦਾਂ ਦੀਆਂ ਦੌੜਾਂ ਬੰਦ ਕਰਨ ਬਾਰੇ ਕਾਨੂੰਨ ਲਾਗੂ ਹੋਣ ਨਾਲ ਜਿੱਥੇ ਵਿਰਾਸਤੀ ਖੇਡ ਪ੍ਰੇਮੀਆਂ ਨੂੰ ਵੱਡਾ ਧੱਕਾ ਲੱਗਾ ਸੀ, ਉੱਥੇ ਹੀ ਸਾਡੇ ਰਵਾਇਤੀ ਖੇਡ ਵਿਰਸੇ ਨੂੰ ਵੀ ਖੋਰਾ ਲੱਗਾ ਸੀ। ਉਨ੍ਹਾਂ ਕਿਹਾ ਕਿ ਪੰਜਾਬੀਆਂ ਵੱਲੋਂ ਦੌੜਾਂ ਸ਼ੁਰੂ ਕਰਨ ਲਈ ਕਾਨੂੰਨ ਲਿਆਉਣ ਦੀ ਲਗਾਤਾਰ ਮੰਗ ਕੀਤੀ ਜਾ ਰਹੀ ਸੀ। ਉਨ੍ਹਾਂ ਦੱਸਿਆ ਕਿ 11 ਜੁਲਾਈ, 2025 ਨੂੰ 'ਪੰਜਾਬ ਵਿਧਾਨ ਸਭਾ ਵਿੱਚ ਜਾਨਵਰਾਂ 'ਤੇ ਅੱਤਿਆਚਾਰ ਦੀ ਰੋਕਥਾਮ (ਪੰਜਾਬ ਸੋਧ), 2025' ਨੂੰ ਸਰਬਸੰਮਤੀ ਨਾਲ ਪਾਸ ਕੀਤਾ ਗਿਆ।ਇਹ ਕਾਨੂੰਨ ਜਿੱਥੇ ਪੰਜਾਬ ਦੀਆਂ ਦੇਸੀ ਪਸ਼ੂ ਨਸਲਾਂ ਨੂੰ ਬਚਾਉਣ ਵਿੱਚ ਮਦਦ ਕਰੇਗਾ, ਉੱਥੇ ਬੈਲ ਗੱਡੀਆਂ ਦੀ ਦੌੜ ਮੁੜ ਸ਼ੁਰੂ ਕਰਵਾਉਣ ਲਈ ਰਾਹ ਪੱਧਰਾ ਹੋਇਆ ਹੈ। ਉਨ੍ਹਾਂ ਦੱਸਿਆ ਕਿ ਭਾਰਤ ਦੇ ਰਾਸ਼ਟਰਪਤੀ ਵੱਲੋਂ ਇਸ ਕਾਨੂੰਨ ਨੂੰ ਪਾਸ ਕੀਤਾ ਜਾਣਾ ਹੈ ਜਿਸ ਉਪਰੰਤ ਬਲਦਾਂ ਦੀਆਂ ਦੌੜਾਂ ਕਰਵਾਈਆਂ ਜਾ ਸਕਣਗੀਆਂ।

ਨਵੇਂ ਕਾਨੂੰਨ ਦਾ ਜ਼ਿਕਰ ਕਰਦਿਆਂ ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਇਸ ਦਾ ਮੁੱਖ ਉਦੇਸ਼ ਖੇਡਾਂ ਵਿੱਚ ਹਿੱਸਾ ਲੈਣ ਵਾਲੇ ਜਾਨਵਰਾਂ ਲਈ ਸੁਰੱਖਿਆ ਉਪਾਅ, ਜਾਨਵਰਾਂ ਦੀ ਵੈਟਰਨਰੀ ਨਿਗਰਾਨੀ, ਸੁਰੱਖਿਆ ਮਾਪਦੰਡ, ਰਜਿਸਟ੍ਰੇਸ਼ਨ ਅਤੇ ਦਸਤਾਵੇਜ਼ੀਕਰਨ ਤੋਂ ਇਲਾਵਾ ਉਲੰਘਣਾਵਾਂ ਲਈ ਜੁਰਮਾਨੇ ਦੀ ਵਿਵਸਥਾ ਕੀਤੀ ਗਈ ਹੈ ਤਾਂ ਕਿ ਬੇਜ਼ੁਬਾਨ ਨੂੰ ਕਿਸੇ ਕਿਸਮ ਦੇ ਜ਼ੁਲਮ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਇਹ ਵੀ ਕਿਹਾ ਕਿ ਸੂਬਾ ਸਰਕਾਰ ਵੱਲੋਂ ਕਬੂਤਰਾਂ ਦੀ ਬਾਜ਼ੀ ਮੁੜ ਸ਼ੁਰੂ ਕਰਨ ਲਈ ਵੀ ਸੰਭਾਵਨਾਵਾਂ ਤਲਾਸ਼ੀਆਂ ਜਾਣਗੀਆਂ।ਇਸ ਮੌਕੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਤੇ ਹਰਦੀਪ ਸਿੰਘ ਮੁੰਡੀਆਂ ਤੋਂ ਇਲਾਵਾ ਹੋਰ ਸ਼ਖ਼ਸੀਅਤਾਂ ਹਾਜ਼ਰ ਸਨ।

## ਬਲੌਂਜਮਜ਼ ਕਾਨਵੈਂਟ ਸਕੂਲ ਨੇ ਯੁੱਧ ਨਸ਼ਿਆਂ ਵਿਰੁੱਧ ਵਰਕਸ਼ਾਪ ਲਾਈ



**ਜਗਰਾਉਂ (ਅਮਿਤ ਖੰਨਾ, ਸੰਜੀਵ ਅਰੋੜਾ)**-ਬਲੌਂਜਮਜ਼ ਕਾਨਵੈਂਟ ਸਕੂਲ ਵੱਲੋਂ ਸਰਕਾਰ ਦੇ ਮੋਢੇ ਨਾਲ ਮੋਢਾ ਜੋੜ ਕੇ ਵਿਦਿਆਰਥੀ-ਵਰਗ ਨੂੰ ਸਮਾਜ ਪ੍ਰਤੀ ਜ਼ਿੰਮੇਵਾਰੀਆਂ ਨਾਲ ਜੋੜਦੇ ਹੋਏ ਸੰਸਾਰ 'ਚ ਵਗ ਰਹੇ ਨਸ਼ਿਆਂ ਦੇ ਛੇਵੇਂ ਦਰਿਆ ਨੂੰ ਖਤਮ ਕਰਨ ਲਈ ਵਿਦਿਆਰਥੀਆਂ ਲਈ ਵਿਸ਼ੇਸ਼ ਵਰਕਸ਼ਾਪ ਅਯੋਜਤ ਕੀਤੀ ਗਈ, ਜਿਸ ਵਿੱਚ ਉਨ੍ਹਾਂ ਦੇ ਅਧਿਆਪਕ ਸਾਹਿਬਾਨ ਵੱਲੋਂ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਤੇ ਹੋਰਨਾਂ ਨੂੰ ਇਸ ਤੋਂ ਦੂਰ ਕਰਨ ਦੇ ਤਰੀਕੇ ਦੱਸੇ।ਸਕੂਲ ਦੇ ਪ੍ਰਿੰਸੀਪਲ ਡਾ. ਨਵਨੀਤ ਕੌਰ ਨੇ ਕਿਹਾ ਕਿ ਅਸੀਂ ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਦਾ ਭਰਪੂਰ ਸਹਿਯੋਗ ਕਰ ਰਹੇ ਤਾਂ ਜੁ ਸਕੂਲਾਂ ਵਿੱਚ ਪੜ੍ਹਨ ਵਾਲੇ ਵਿਦਿਆਰਥੀ ਇਸ ਕੁਰੀਤੀ ਤੋਂ ਬਚ ਸਕਣ ਤੇ ਆਪਣੇ ਭਵਿੱਖ ਨੂੰ ਸੰਵਾਰ ਕੇ ਮਾਪਿਆਂ ਦਾ ਸਹਾਰਾ ਬਣਨ ਵਿੱਦਿਅਕ ਅਦਾਰੇ ਇੱਕ ਅਜਿਹਾ ਮਨ 'ਚ ਹੁੰਦੇ ਹਨ, ਜੋ ਵਿਦਿਆਰਥੀ-ਵਰਗ ਨੂੰ ਕਿਸੇ ਪਾਸੇ ਵੀ ਤੋਰ ਸਕਦੇ ਹਨ।ਸਕੂਲ ਦੇ ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ ਨੇ ਵੀ ਕਿਹਾ ਕਿ ਨਸ਼ਾ ਪੰਜਾਬ ਨੂੰ ਘੁਣ ਵਾਂਗ ਖਾ ਰਿਹਾ ਹੈ, ਇਸ ਦੀ ਰੋਕਥਾਮ ਲਈ ਵਧ-ਚੜ੍ਹ ਕੇ ਹਿੱਸਾ ਪਾਉਣ ਦੀ ਲੋੜ ਹੈ।

## ਬੈਡਮਿੰਟਨ ਦੇ ਜ਼ੋਨ ਪੱਧਰੀ ਮੁਕਾਬਲੇ ਕਰਵਾਏ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਪਿਛਲੇ ਦਿਨੀਂ ਸ਼ਹੀਦ ਭਾਈ ਦਿਆਲਾ ਜੀ ਪਬਲਿਕ ਸਕੂਲ ਲੌਂਗੋਵਾਲ ਵਿਖੇ ਪ੍ਰਿੰਸੀਪਲ ਨਰਪਿੰਦਰ ਸਿੰਘ ਢਿੱਲੋਂ ਦੀ ਅਗਵਾਈ ਹੇਠ ਲੌਂਗੋਵਾਲ ਜ਼ੋਨ ਪੱਧਰੀ ਬੈਡਮਿੰਟਨ ਮੁਕਾਬਲੇ ਕਰਵਾਏ ਗਏ। ਇਨ੍ਹਾਂ ਖੇਡਾਂ ਵਿੱਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਮੌਕੇ ਪ੍ਰਿੰਸੀਪਲ ਨਰਪਿੰਦਰ ਸਿੰਘ ਢਿੱਲੋਂ ਨੇ ਖਿਡਾਰੀਆਂ ਨਾਲ ਜਾਣ-ਪਛਾਣ ਕੀਤੀ ਤੇ ਵਿਦਿਆਰਥੀਆਂ ਨੂੰ ਵਧੀਆ ਖੇਡਣ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ ਅਤੇ ਬਾਹਰੋਂ ਆਏ ਅਧਿਆਪਕਾਂ ਨੂੰ ਜੀ ਆਇਆਂ ਆਖਿਆ। ਇਸ ਮੌਕੇ ਵਾਇਸ ਪ੍ਰਿੰਸੀਪਲ ਸੀਮਾ ਠਾਕੁਰ, ਹਰਪ੍ਰੀਤ ਸਿੰਘ ਡੀ.ਪੀ.ਈ., ਅਵਤਾਰ ਸਿੰਘ, ਪਰਮਜੀਤ ਸਿੰਘ, ਗੁਰਪ੍ਰੀਤ ਸਿੰਘ, ਭੁਪਿੰਦਰ ਸਿੰਘ ਤੇ ਮੈਡਮ ਭੁਪਿੰਦਰ ਸਿੰਘ ਅਤੇ ਸੀਮਾ ਸ਼ਰਮਾ ਆਦਿ ਮੌਜੂਦ ਸਨ।

## ਸੀਨੀਅਰ ਸਿਟੀਜ਼ਨ ਭਲਾਈ ਸੰਸਥਾ ਵੱਲੋਂ ਕੋਹਲੀ ਪਰਵਾਰ ਸਨਮਾਨਤ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਸੀਨੀਅਰ ਸਿਟੀਜਨ ਭਲਾਈ ਸੰਸਥਾ ਦੇ ਮੁੱਖ ਦਫ਼ਤਰ ਬਨਾਸਰ ਬਾਗ ਵਿਖੇ ਸੰਸਥਾ ਦੇ ਪ੍ਰਧਾਨ ਰਹੇ ਸਵ. ਜਗਦੀਸ਼ ਕੋਹਲੀ ਐਡਵੋਕੇਟ ਦੇ ਪਰਿਵਾਰ ਵੱਲੋਂ ਦਫਤਰ ਵਿਖੇ ਆ ਕੇ ਸੀਨੀਅਰ ਸਿਟੀਜਨ ਨਾਲ ਮੁਲਾਕਾਤ ਕੀਤੀ ਗਈ। ਇਸ ਮੌਕੇ ਸੰਸਥਾ ਦੇ ਪ੍ਰਧਾਨ ਡਾ. ਨਰਵਿੰਦਰ ਕੌਸ਼ਲ ਸਾਬਕਾ ਡੀਨ ਕੁਰੂਕਸ਼ੇਤਰਾ ਯੂਨੀਵਰਸਿਟੀ ਨੇ ਕਿਹਾ ਕਿ ਸਵ. ਜਗਦੀਸ਼ ਕੋਹਲੀ ਇੱਕ ਸਮਾਜ ਸੇਵੀ ਤੇ ਬਜ਼ੁਰਗਾਂ ਦੇ ਮਾਨ ਤੇ ਸਤਿਕਾਰ ਨੂੰ ਸਮਰਪਤ ਰਹੇ। ਉਨ੍ਹਾਂ ਵੱਲੋਂ ਬਜ਼ੁਰਗਾਂ ਦੀ ਭਲਾਈ ਲਈ ਕਈ ਸ਼ਲਾਘਾਯੋਗ ਕੰਮ ਕੀਤੇ ਗਏ ਤੇ ਸੰਸਥਾ ਤੇ ਸੰਸਥਾ ਦੀ ਬਿਹਤਰੀ ਲਈ ਵੀ ਉਨ੍ਹਾਂ ਦਾ ਯੋਗਦਾਨ ਨਾ ਭੁੱਲਣਯੋਗ ਹੈ। ਸੰਸਥਾ ਦੇ ਸੀਨੀਅਰ ਮੀਤ ਪ੍ਰਧਾਨ ਤੇ ਸੂਬਾਈ ਪੈਨਸ਼ਨਰ ਆਗੂ ਸ੍ਰੀ ਰਾਜ ਕੁਮਾਰ ਅਰੋੜਾ ਨੇ ਕਿਹਾ ਕਿ ਸਵ. ਜਗਦੀਸ਼ ਕੋਹਲੀ ਦੀ ਸਮਾਜ ਸੇਵਾ ਤੇ ਲੋਕ ਭਲਾਈ ਲਈ ਕੀਤੇ ਕੰਮਾਂ ਨੂੰ ਹਮੇਸ਼ਾ ਹੀ ਸਮਾਜ ਯਾਦ ਕਰਦਾ ਰਹੇਗਾ। ਚੇਅਰਮੈਨ ਇੰਜ: ਪ੍ਰਵੀਨ ਬਾਂਸਲ, ਸੀਨੀਅਰ ਮੀਤ ਪ੍ਰਧਾਨ ਭੁਪਿੰਦਰ ਸਿੰਘ ਜੱਸੀ, ਸਰਪ੍ਰਸਤ ਦਲਜੀਤ ਜ਼ਖ਼ਮੀ ਤੇ ਨੈਸ਼ਨਲ ਐਵਾਰਡੀ ਸਤਦੇਵ ਸ਼ਰਮਾ ਨੇ ਵੀ ਸਵ. ਜਗਦੀਸ਼ ਕੋਹਲੀ ਵੱਲੋਂ ਕੀਤੇ ਗਏ ਧਾਰਮਿਕ ਤੇ ਸਮਾਜਿਕ ਕੰਮਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਡਾ. ਨਰਵਿੰਦਰ ਕੌਸ਼ਲ ਤੇ ਹੋਰਨਾਂ ਵੱਲੋਂ ਪਰਵਾਰ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਵਿੱਤ ਸਕੱਤਰ ਸ਼ਕਤੀ ਮਿੱਤਲ, ਵਿਨੈ ਮੋਹਨ ਗੁਲਾਟੀ, ਅਵਿਨਾਸ਼ ਸ਼ਰਮਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੀਨੀਅਰ ਸਿਟੀਜਨ ਮੌਜੂਦ ਸਨ।

## ਕਾਂਗਰਸ ਲੈਂਡ ਪੂਲਿੰਗ ਨੀਤੀ ਲਾਗੂ ਨਹੀਂ ਹੋਣ ਦੇਵੇਗੀ : ਕਾਂਗੜ



**ਬਠਿੰਡਾ (ਰਾਜੀਵ ਗੋਇਲ)**-ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਤੇ ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ ਨੇ ਪੰਜਾਬ ਸਰਕਾਰ ਵੱਲੋਂ ਲਾਗੂ ਕੀਤੀ ਜਾ ਰਹੀ ਲੈਂਡ ਪੂਲਿੰਗ ਨੀਤੀ ਨੂੰ ਕਿਸਾਨਾਂ ਦੇ ਹੱਕਾਂ 'ਤੇ ਸਿੱਧਾ ਹਮਲਾ ਕਰਾਰ ਦਿੰਦੇ ਹੋਏ ਇਸ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ ਹੈ। ਕਾਂਗੜ ਨੇ ਕਿਹਾ ਕਿ ਇਹ ਨੀਤੀ ਦਰਅਸਲ ਕਿਸਾਨਾਂ ਦੀ ਜ਼ਮੀਨ ਨੂੰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਦੀ ਯੋਜਨਾ ਹੈ, ਜਿਸ ਨਾਲ ਪੰਜਾਬ ਦੀ ਖੇਤੀਬਾੜੀ ਤੇ ਕਿਸਾਨਾਂ ਦੀ ਅਰਥਵਿਵਸਥਾ ਤਬਾਹ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦਾ ਕਿਸਾਨ ਪਹਿਲਾਂ ਹੀ ਕਰਜ਼ੇ, ਬੇਰੁਜ਼ਗਾਰੀ ਤੇ ਮਹਿੰਗਾਈ ਦੇ ਬੋਝ ਹੇਠ ਦੱਬਿਆ ਹੋਇਆ ਹੈ। ਸਰਕਾਰ ਦੀ ਇਹ ਜ਼ਬਰਦਸਤੀ ਨੀਤੀ ਕਿਸਾਨਾਂ ਦੇ ਘਰ ਉਜਾੜਨ ਵਾਲੀ ਹੈ। ਕਾਂਗੜ ਨੇ ਕਿਹਾ ਕਿ ਜਿਹੜਾ ਪੰਜਾਬੀਆਂ ਲਈ ਜੀਵਨ ਰੇਖਾ ਹੈ, ਉਸ ਜ਼ਮੀਨ ਨੂੰ ਕਾਰਪੋਰੇਟ ਘਰਾਣਿਆਂ ਨੂੰ ਸੌਂਪਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਕਾਂਗੜ ਨੇ ਦਾਅਵਾ ਕੀਤਾ ਕਿ ਇਹ ਸਿਰਫ਼ ਕਾਂਗਰਸ ਨਹੀਂ, ਸਗੋਂ ਪੂਰਾ ਪੰਜਾਬ ਇਸ ਨੀਤੀ ਦੇ ਵਿਰੁੱਧ ਇਕਜੁੱਟ ਹੋ ਚੁੱਕਾ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਕਾਂਗਰਸ ਕਿਸੇ ਵੀ ਕੀਮਤ 'ਤੇ ਇਸ ਨੀਤੀ ਨੂੰ ਲਾਗੂ ਨਹੀਂ ਹੋਣ ਦੇਵੇਗੀ। ਜੇਕਰ ਸਰਕਾਰ ਨੇ ਆਪਣਾ ਫ਼ੈਸਲਾ ਵਾਪਸ ਨਾ ਲਿਆ, ਤਾਂ ਪੰਜਾਬ ਭਰ ਵਿੱਚ ਵੱਡਾ ਸੰਘਰਸ਼ ਖੜ੍ਹਾ ਕੀਤਾ ਜਾਵੇਗਾ।

## ਮਾਲੇਰਕੋਟਲਾ ਰੇਲਵੇ ਸਟੇਸ਼ਨ ਨੂੰ ਜੰਕਸ਼ਨ ਬਣਾਉਣ ਲਈ ਵਿਧਾਇਕ ਨੂੰ ਸੌਂਪਿਆ ਮੰਗ ਪੱਤਰ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਜਨਤਾ ਸੁਰੱਖਿਆ ਫਾਊਂਡੇਸ਼ਨ ਵੱਲੋਂ ਮਾਲੇਰਕੋਟਲਾ ਰੇਲਵੇ ਸਟੇਸ਼ਨ ਨੂੰ ਜੰਕਸ਼ਨ ਬਣਾਉਣ ਦੀ ਮੰਗ ਨੂੰ ਲੈ ਕੇ ਮੈਂਬਰ ਪਾਰਲੀਮੈਂਟ ਗੁਰਮੀਤ ਸਿੰਘ ਮੀਤ ਹੇਅਰ ਦੇ ਨਾਂ ਇੱਕ ਮੰਗ ਪੱਤਰ ਸਥਾਨਕ ਵਿਧਾਇਕ ਡਾਕਟਰ ਮੁਹੰਮਦ ਜਮੀਲ ਉਰ ਰਹਿਮਾਨ ਨੂੰ ਸੌਂਪਿਆ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਵਿਜੈ ਕੁਮਾਰ ਨੇ ਦੱਸਿਆ ਕਿ ਮਾਲੇਰਕੋਟਲਾ ਦਾ ਰੇਲਵੇ ਸਟੇਸ਼ਨ ਜੰਕਸ਼ਨ ਨਾ ਹੋਣ ਕਾਰਨ ਬਹੁਤ ਸਾਰੀਆਂ ਰੇਲ ਗੱਡੀਆਂ ਦਾ ਠਹਿਰਾਓ ਮਾਲੇਰਕੋਟਲਾ ਵਿਖੇ ਨਹੀਂ ਹੈ, ਜਿਸ ਕਾਰਨ ਮਾਲੇਰਕੋਟਲਾ ਨਿਵਾਸੀਆਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਲਈ ਉਨ੍ਹਾਂ ਮੰਗ ਪੱਤਰ ਰਾਹੀਂ ਮੰਗ ਕੀਤੀ ਕਿ ਮਾਲੇਰਕੋਟਲਾ ਨੂੰ ਜਲਦ ਤੋਂ ਜਲਦ ਜੰਕਸ਼ਨ ਬਣਾਇਆ ਜਾਵੇ। ਇਸ ਮੌਕੇ ਮੰਗ ਪੱਤਰ ਪ੍ਰਾਪਤ ਕਰਨ ਉਪਰੰਤ ਵਿਧਾਇਕ ਡਾ. ਮੁਹੰਮਦ ਜਮੀਲ ਉਰ ਰਹਿਮਾਨ ਨੇ ਕਿਹਾ ਕਿ ਇਸ ਸਬੰਧੀ ਮੈਂਬਰ ਪਾਰਲੀਮੈਂਟ ਗੁਰਮੀਤ ਸਿੰਘ ਮੀਤ ਹੇਅਰ ਨੂੰ ਮੰਗ ਪੱਤਰ ਸੌਂਪ ਕੇ ਉਕਤ ਮੰਗ ਨੂੰ ਪ੍ਰਵਾਨ ਕਰਨ ਲਈ ਬੇਨਤੀ ਕੀਤੀ ਜਾਵੇਗੀ। ਇਸ ਮੌਕੇ ਜ਼ਿਲ੍ਹਾ ਸਕੱਤਰ ਸ਼ਮੀਮ ਬੁਖਾਰੀ ਨੇ ਕਿਹਾ ਕਿ ਫਾਊਂਡੇਸ਼ਨ ਵੱਲੋਂ ਸਮੇਂ ਸਮੇਂ 'ਤੇ ਮਾਲੇਰਕੋਟਲਾ ਵਾਸੀਆਂ ਨੂੰ ਦਰਪੇਸ਼ ਸਮੱਸਿਆਵਾਂ ਦੇ ਸਥਾਈ ਹੱਲ ਲਈ ਯਤਨ ਕੀਤੇ ਜਾਂਦੇ ਹਨ।

## ਹੋਲੀ ਹਾਰਟ ਸਕੂਲ 'ਚ ਵਿਦਿਆਰਥੀਆਂ ਨੂੰ ਨੈਤਿਕ ਸਿੱਖਿਆ ਤੋਂ ਜਾਣੂ ਕਰਾਇਆ



**ਅਜੀਤਵਾਲ (ਨਛੱਤਰ ਸੰਧੂ)**-ਹੋਲੀ ਹਾਰਟ ਸਕੂਲ ਵਿਖੇ ਵਿਦਿਆਰਥੀਆਂ ਨੂੰ ਨੈਤਿਕ ਸਿੱਖਿਆ ਤੋਂ ਜਾਣੂ ਕਰਾਇਆ ਗਿਆ।ਅਧਿਆਪਕਾਂ ਨੇ ਕਿਹਾ ਕਿ ਅਧਿਆਪਕ ਵਿਦਿਆਰਥੀਆਂ ਨੂੰ ਦੁਨਿਆਵੀ ਸਿੱਖਿਆ ਦੇ ਨਾਲ-ਨਾਲ ਨੈਤਿਕ ਸਿੱਖਿਆ ਤੋਂ ਜਾਣੂ ਕਰਾਉਣ, ਤਾਂ ਜੁ ਉਹ ਆਪਣਾ ਭਵਿੱਖ ਸੁਨਹਿਰਾ ਬਣਾ ਸਕਣ।ਸਕੂਲ ਵਿੱਚ ਛੋਟੇ ਬੱਚਿਆਂ ਲਈ ਨੈਤਿਕ ਸਿੱਖਿਆ ਉੱਤੇ ਵਿਸ਼ੇਸ਼ ਸੈਸ਼ਨ ਆਯੋਜਤ ਕੀਤਾ ਗਿਆ।ਇਸ ਸੈਸ਼ਨ ਵਿੱਚ ਬੱਚਿਆਂ ਨੂੰ ਆਦਰ, ਇਮਾਨਦਾਰੀ, ਸੱਚਾਈ ਸਹਿਯੋਗ, ਕਰੁਣਾ, ਮਾਫ਼ੀ ਤੇ ਸੰਜਮ ਦੀ ਪਾਬੰਦੀ ਵਰਗੇ ਨੈਤਿਕ ਗੁਣਾਂ ਬਾਰੇ ਵਿਸਥਾਰ ਨਾਲ ਸਮਝਾਇਆ ਗਿਆ।ਅਧਿਆਪਕਾਂ ਨੇ ਬੱਚਿਆਂ ਨਾਲ ਚਰਚਾ ਰਾਹੀਂ ਨੈਤਿਕ ਗੁਣਾਂ ਦੀ ਮਹੱਤਤਾ ਉਜਾਗਰ ਕੀਤੀ ਤੇ ਰੋਜ਼ਾਨਾ ਦੀ ਜ਼ਿੰਦਗੀ ਵਿੱਚ ਇਨ੍ਹਾਂ ਦੀ ਲਾਗੂ ਕਰਨ ਦੀ ਪ੍ਰੇਰਨਾ ਦਿੱਤੀ।ਕਹਾਣੀਆਂ, ਚਿੱਤਰਾਂ ਤੇ ਰੋਲ ਪਲੇਅਜ ਰਾਹੀਂ ਵਿਦਿਆਰਥੀਆਂ ਨੂੰ ਇਹ ਦੱਸਿਆ ਗਿਆ ਕਿ ਕਿਵੇਂ ਇੱਕ ਚੰਗਾ ਇਨਸਾਨ ਬਣਨ ਲਈ ਇਹ ਗੁਣ ਲਾਜ਼ਮੀ ਹਨ।ਬੱਚਿਆਂ ਨੇ ਵੀ ਬਹੁਤ ਹੀ ਉਤਸ਼ਾਹ ਨਾਲ ਭਾਗ ਲਿਆ ਤੇ ਅਨੇਕ ਨੈਤਿਕ ਮੁੱਲਾਂ ਸੰਬੰਧੀ ਪ੍ਰਸ਼ਨਾਂ ਦੇ ਜਵਾਬ ਦਿੱਤੇ।ਉਨ੍ਹਾਂ ਕਿਹਾ ਕਿ ਅਧਿਆਪਕ ਦਾ ਮੁੱਢਲਾ ਫਰਜ਼ ਹੈ ਕਿ ਉਹ ਜਿਸ ਜਮਾਤ ਨੂੰ ਸਿੱਖਿਆ ਦੇ ਰਹੇ ਹਨ, ਉਸ ਦੇ ਨਾਲ-ਨਾਲ ਆਪਣੀ ਪ੍ਰਤਿਭਾ ਰਾਹੀਂ ਉਸ ਸਕੂਲ ਦੇ ਸਮੁੱਚੇ ਵਿਦਿਆਰਥੀਆਂ ਨੂੰ ਜਾਣੂ ਕਰਾਉਣ ਤਾਂ ਜੁ ਇਹ ਵਿਦਿਆਰਥੀ ਆਪਣੀ ਜ਼ਿੰਦਗੀ 'ਚ ਅਧਿਆਪਕ ਦੇ ਗੁਣਾਂ ਨੂੰ ਧਾਰਨ ਕਰਕੇ ਮੰਜ਼ਲਾਂ ਸਰ ਕਰ ਸਕਣ। ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੈਆ ਪਲਤਾ ਅਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਕਿਹਾ ਕਿ ਭਾਵੇਂ ਅਸੀਂ ਬੱਚਿਆਂ ਨੂੰ ਕਿਤਾਬੀ ਸਿੱਖਿਆ ਤੋਂ ਜਾਣੂ ਕਰਾਉਣਾ ਹੈ, ਪਰ ਇਸ ਦੇ ਨਾਲ-ਨਾਲ ਉਨ੍ਹਾਂ ਨੂੰ ਨੈਤਿਕ ਸਿੱਖਿਆ ਦੇਣੀ ਵੀ ਲਾਜ਼ਮੀ ਹੈ।

## ਬਲਾਕ ਪ੍ਰਾਇਮਰੀ ਸਿੱਖਿਆ ਅਫਸਰਾਂ ਦੀਆਂ ਖਾਲੀ ਅਸਾਮੀਆਂ ਤੁਰੰਤ ਭਰੀਆਂ ਜਾਣ : ਅਮਨਦੀਪ ਸ਼ਰਮਾ

■ ਜ਼ਿਲ੍ਹਾ ਪੱਧਰੀ ਸੀਨੀਆਰਤਾ ਬਣਾ ਕੇ ਹੋਣ ਤਰੱਕੀਆਂ : ਰਾਕੇਸ਼ ਗੋਇਲ

**ਬਰੇਟਾ/ਮਾਨਸਾ (ਰੀਤਵਾਲ/ਆਤਮਾ ਸਿੰਘ ਪਮਾਰ)**-ਪੰਜਾਬ ਭਰ ਵਿੱਚ ਬਲਾਕ ਸਿੱਖਿਆ ਅਫਸਰਾਂ ਦੀਆਂ ਵੱਡੇ ਪੱਧਰ 'ਤੇ ਅਸਾਮੀਆਂ ਖਾਲੀ ਪਈਆਂ ਹਨ, ਜਿਸ ਨਾਲ ਜਿੱਥੇ ਅਧਿਆਪਕਾਂ ਦੇ ਕੰਮ ਕਾਜ ਵਿੱਚ ਦੇਰੀ ਹੋ ਰਹੀ ਹੈ, ਉੱਥੇ ਤਰੱਕੀਆਂ ਨੂੰ ਉਡੀਕਦੇ ਅਧਿਆਪਕ ਰਿਟਾਇਰ ਹੋ ਰਹੇ ਹਨ।ਮੁੱਖ ਅਧਿਆਪਕ ਤੇ ਕੇਂਦਰ ਮੁੱਖ ਅਧਿਆਪਕ ਜਥੇਬੰਦੀ ਪੰਜਾਬ ਦੇ ਸੂਬਾ ਪ੍ਰਧਾਨ ਅਮਨਦੀਪ ਸ਼ਰਮਾ ਨੇ ਦੱਸਿਆ ਕਿ ਪੰਜਾਬ ਭਰ ਵਿੱਚ ਵੱਡੇ ਪੱਧਰ 'ਤੇ ਬਲਾਕ ਸਿੱਖਿਆ ਅਫਸਰ ਦੀਆਂ ਅਸਾਮੀਆਂ ਖਾਲੀ ਪਈਆਂ ਹਨ।ਉਨ੍ਹਾਂ ਕਿਹਾ ਕਿ ਮਾਨਸਾ ਜ਼ਿਲ੍ਹੇ ਵਿੱਚ ਬਲਾਕ ਸਿੱਖਿਆ ਅਫਸਰ ਦੀਆਂ 6 ਅਸਾਮੀਆਂ ਮਨਜ਼ੂਰ ਹਨ, ਜਦੋਂਕਿ ਸਿਰਫ 1 ਪੋਸਟ ਹੀ ਭਰੀ ਹੈ, ਬਾਕੀ ਪੰਜ ਪੋਸਟਾਂ ਖਾਲੀ ਪਈਆਂ ਹਨ।ਉਨ੍ਹਾ ਕਿਹਾ ਕਿ ਸਿੱਖਿਆ ਮੰਤਰੀ ਦੇ ਆਪਣੇ ਜ਼ਿਲ੍ਹੇ ਰੂਪਨਗਰ ਵਿੱਚ 9, ਅੰਮ੍ਰਿਤਸਰ ਜ਼ਿਲ੍ਹੇ ਵਿੱਚ 8, ਹੁਸ਼ਿਆਰਪੁਰ ਵਿੱਚ 18 ਤੇ ਬਹੁਤੇ ਜ਼ਿਲ੍ਹਿਆਂ ਵਿੱਚ 50% ਤੋਂ ਵੱਧ ਬਲਾਕ ਸਿੱਖਿਆ ਅਫਸਰਾਂ ਦੀਆਂ ਪੋਸਟਾਂ ਖਾਲੀ ਪਈਆਂ ਹਨ, ਜਿਸ ਨਾਲ ਪ੍ਰਾਇਮਰੀ ਸਿੱਖਿਆ ਦਾ ਪ੍ਰਬੰਧ ਚਲਾਉਣ ਵਿੱਚ ਵੱਡੇ ਪੱਧਰ 'ਤੇ ਸਮੱਸਿਆਵਾਂ ਆ ਰਹੀਆਂ ਹਨ।ਜਥੇਬੰਦੀ ਸਿੱਖਿਆ ਵਿਭਾਗ ਤੋਂ ਮੰਗ ਕਰਦੀ ਹੈ ਕਿ ਬਲਾਕ ਸਿੱਖਿਆ ਅਫਸਰਾਂ ਦੀਆਂ ਤਰੱਕੀਆਂ ਜ਼ਿਲ੍ਹਾ ਪੱਧਰੀ ਸੀਨੀਆਰਤਾ ਬਣਾ ਕੇ ਤੁਰੰਤ ਕੀਤੀਆਂ ਜਾਣ।ਜਥੇਬੰਦੀ ਪੰਜਾਬ ਦੇ ਜੁਆਇੰਟ ਸਕੱਤਰ ਰਾਕੇਸ਼ ਗੋਇਲ ਬਰੇਟਾ ਨੇ ਕਿਹਾ ਕਿ ਜਿੰਨਾ ਸਮਾਂ ਜ਼ਿਲ੍ਹਾ ਪੱਧਰੀ ਸੀਨੀਆਰਤਾ ਸੂਚੀਆਂ ਨਾਲ ਤਰੱਕੀਆਂ ਨਹੀਂ ਹੁੰਦੀਆਂ, ਤਦ ਤੱਕ ਅੱਧੇ ਤੋਂ ਵੱਧ ਜ਼ਿਲ੍ਹਿਆਂ ਵਿੱਚ ਬੀਪੀਈਓ ਪੋਸਟਾਂ ਖਾਲੀ ਰਹਿਣ ਦੀਆਂ ਸੰਭਾਵਨਾਵਾਂ ਉਨਾ ਵੱਧ ਰਹਿਣਗੀਆਂ, ਕਿਉਂਕਿ ਕਈ ਜ਼ਿਲ੍ਹਿਆਂ ਵਿੱਚ ਸੈਂਟਰ ਹੈੱਡ ਟੀਚਰ ਦੀਆਂ ਤਰੱਕੀਆਂ ਪਹਿਲਾਂ ਹੋ ਗਈਆਂ ਸਨ ਤੇ ਕਈ ਜ਼ਿਲ੍ਹੇ ਵਿੱਚ ਸੈਂਟਰ ਹੈੱਡ ਟੀਚਰ ਦੀਆਂ ਤਰੱਕੀਆਂ ਲੇਟ ਹੋਣ ਕਾਰਨ ਇਸ ਤਰ੍ਹਾਂ ਦੀਆਂ ਸਮੱਸਿਆਵਾਂ ਆ ਰਹੀਆਂ ਹਨ।ਉਨ੍ਹਾਂ ਮੰਗ ਕੀਤੀ ਕਿ ਸੈਂਟਰ ਹੈੱਡ ਟੀਚਰ ਦੀ ਜ਼ਿਲ੍ਹਾ ਪੱਧਰੀ ਸੀਨੀਆਰਤਾ ਬਣਾ ਕੇ ਬਲਾਕ ਸਿੱਖਿਆ ਅਫਸਰ ਦੀਆਂ ਤਰੱਕੀਆਂ ਕੀਤੀਆਂ ਜਾਣ।ਜਥੇਬੰਦੀ ਦੇ ਸੂਬਾ ਪ੍ਰਚਾਰ ਸਕੱਤਰ ਗੁਰਜੰਟ ਬੱਛੋਆਣਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮਹੀਨੇ ਦੇ ਸ਼ੁਰੂ ਤੋਂ ਹੀ ਬੀਪੀਈਓ ਦੀਆਂ ਤਰੱਕੀਆਂ ਜ਼ਿਲ੍ਹਾ ਪੱਧਰੀ ਸੀਨੀਆਰਤਾ ਬਣਾ ਕੇ ਕਰਨ ਸਬੰਧੀ ਮੰਗ ਪੱਤਰ ਸਾਰੇ ਜ਼ਿਲ੍ਹਿਆਂ ਵਿੱਚ ਹਲਕਾ ਵਿਧਾਇਕਾਂ ਰਾਹੀਂ ਸਿੱਖਿਆ ਮੰਤਰੀ ਸ੍. ਹਰਜੋਤ ਸਿੰਘ ਬੈਂਸ ਨੂੰ ਭੇਜੇ ਜਾ ਰਹੇ ਹਨ ਤੇ ਅੱਗੇ ਵੀ ਭੇਜੇ ਜਾਂਦੇ ਰਹਿਣਗੇ।

## ਪੰਜਾਬ ਪੈਨਸ਼ਨਰਜ਼ ਯੂਨੀਅਨ ਏਟਕ ਵੱਲੋਂ ਜਨਰਲ ਮੈਨੇਜਰ ਨੂੰ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਬ੍ਰਾਂਚ ਮੋਗਾ ਵੱਲੋਂ ਜਥੇਬੰਦੀ ਦੇ ਆਗੂ ਪ੍ਰਧਾਨ ਬਚਿੱਤਰ ਸਿੰਘ ਧੋਥੜ, ਜਨਰਲ ਸਕੱਤਰ ਸਤਪਾਲ ਸਹਿਗਲ, ਸਹਾਇਕ ਕੈਸ਼ੀਅਰ ਪੋਹਲਾ ਸਿੰਘ ਬਰਾੜ, ਅਜਮੇਰ ਸਿੰਘ ਅਖਾੜਾ, ਚਮਕੌਰ ਸਿੰਘ ਲੰਗੇਆਣਾ, ਨਰੰਜਣ ਸਿੰਘ ਮਾਛੀਕੇ ਦੀ ਅਗਵਾਈ ਹੇਠ ਪੰਜਾਬ ਰੋਡਵੇਜ਼ ਦੇ ਇੰਸਪੈਕਟਰਾਂ ਦੇ ਤਨਖਾਹ ਸਕੇਲਾਂ ਦੀ ਮਿਤੀ 1-1-1986 ਤੋਂ ਖੁਰਾਕ ਤੇ ਸਪਲਾਈ ਵਿਭਾਗ ਦੇ ਇੰਸਪੈਕਟਰਾਂ ਦੇ ਬਰਾਬਰ ਪੰਜਾਬ ਰੋਡਵੇਜ਼ ਦੇ ਇੰਸਪੈਕਟਰਾਂ ਦੀ ਤਨਖਾਹ ਸਕੇਲਾਂ 'ਚ ਸਮਾਨਤਾ ਕਰਨ ਅਤੇ ਇਸ ਤੋਂ ਬਾਅਦ ਬਣਦੇ ਸਾਰੇ ਲਾਭ ਦੇਣ ਸਬੰਧੀ ਮਾਨਯੋਗ ਸੁਪਰੀਮ ਕੋਰਟ ਦਾ ਫੈਸਲਾ ਜਨਰਲਾਇਜ਼ ਕਰਵਾਉਣ ਵਾਸਤੇ ਪੰਜਾਬ ਰੋਡਵੇਜ਼ ਮੋਗਾ ਡਿੱਪੂ ਦੇ ਜਨਰਲ ਮੈਨੇਜਰ ਨੂੰ ਮਿਲ ਕੇ ਮੁੱਖ ਮੰਤਰੀ ਪੰਜਾਬ ਦੇ ਨਾਂ ਇੱਕ ਮੰਗ ਪੱਤਰ ਦਿੱਤਾ ਗਿਆ। ਅਧਿਕਾਰੀ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਇਹ ਮੰਗ ਪੱਤਰ ਜਲਦੀ ਹੀ ਪੰਜਾਬ ਸਰਕਾਰ ਨੂੰ ਭੇਜ ਦਿੱਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਭੁਪਿੰਦਰ ਸਿੰਘ ਭਿੰਦਾ, ਗੁਰਚਰਨ ਸਿੰਘ ਬਾਘਾ ਪੁਰਾਣਾ ਤੇ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਏਟਕ ਬ੍ਰਾਂਚ ਮੋਗਾ ਦੇ ਪ੍ਰਧਾਨ ਜਗਪਾਲ ਸਿੰਘ ਆਦਿ ਹਾਜ਼ਰ ਸਨ।

## ਕੈਂਬਰਿਜ ਕਾਨਵੈਂਟ ਸਕੂਲ 'ਚ ਵਿਗਿਆਨ ਪ੍ਰਦਰਸ਼ਨੀ ਲਾਈ

**ਕੋਟ ਈਸੇ ਖਾਂ (ਅਰੋੜਾ)**-ਕੈਂਬਰਿਜ ਕਾਨਵੈਂਟ ਸਕੂਲ ਵਿਖੇ ਇੱਕ ਵਿਸ਼ਾਲ ਵਿਗਿਆਨ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਦੀ ਵਿਗਿਆਨਕ ਉਤਸੁਕਤਾ ਅਤੇ ਸਿਰਜਣਾਤਮਕਤਾ ਨੂੰ ਪ੍ਰਦਰਸ਼ਤ ਕੀਤਾ ਗਿਆ।ਪ੍ਰਦਰਸ਼ਨੀ ਦਾ ਉਦੇਸ਼ ਨਵੀਨਤਾ ਨੂੰ ਉਤਸ਼ਾਹਤ ਕਰਨਾ ਅਤੇ ਨੌਜਵਾਨ ਸਿਖਿਆਰਥੀਆਂ ਵਿੱਚ ਵਿਗਿਆਨਕ ਸੁਭਾਅ ਨੂੰ ਉਤਸ਼ਾਹਤ ਕਰਨਾ ਸੀ।ਸਕੂਲ ਦੇ ਪ੍ਰਿੰਸੀਪਲ ਨੇ ਪਤਵੰਤਿਆਂ ਦਾ ਉਨ੍ਹਾਂ ਦੀ ਕੀਮਤੀ ਮੌਜੂਦਗੀ ਲਈ ਧੰਨਵਾਦ ਕੀਤਾ ਅਤੇ ਵਿਦਿਆਰਥੀਆਂ ਨੂੰ ਵਿਗਿਆਨ ਦੀ ਦੁਨੀਆ ਦੀ ਪੜਚੋਲ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ।

## ਯੁੱਧ ਨਸ਼ਿਆਂ ਵਿਰੁੱਧ ਡਰਾਮੇਬਾਜ਼ੀ ਤੋਂ ਸਿਵਾ ਕੱਖ ਨਹੀਂ : ਐਡਵੋਕੇਟ ਖੇੜੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਐਸ ਸੀ ਡਿਪਾਰਟਮੈਂਟ ਦੇ ਕੋਆਰਡੀਨੇਟਰ ਸੀਨੀਅਰ ਕਾਂਗਰਸੀ ਆਗੂ ਐਡਵੋਕੇਟ ਜਸਵੀਰ ਸਿੰਘ ਖੇੜੀ ਨੇ ਆਪ ਸਰਕਾਰ ਨੂੰ ਹਰ ਫਰੰਟ 'ਤੇ ਫੇਲ੍ਹ ਕਰਾਰ ਦਿੰਦਿਆ ਕਿਹਾ ਕਿ ਸਰਕਾਰੀ ਫਾਈਲਾਂ ਵਿੱਚ ਸ਼ਾਨਦਾਰ ਵਿਕਾਸ ਦਿਖਾਇਆ ਜਾਂਦਾ ਹੈ, ਪਰ ਜ਼ਮੀਨੀ ਹਕੀਕਤ ਇਹ ਹੈ ਕਿ ਹਲਕੇ ਦੇ ਲੋਕ ਅਜੇ ਵੀ ਮੁੱਢਲੀਆਂ ਸਹੂਲਤਾਂ ਲਈ ਦਰ-ਦਰ ਦੀ ਠੋਕਰਾਂ ਖਾ ਰਹੇ ਹਨ।ਸਰਕਾਰੀ ਹਸਪਤਾਲਾਂ, ਸਕੂਲਾਂ, ਤਹਿਸੀਲ ਦਫਤਰ, ਪੁਲਸ ਥਾਣਾ ਅਤੇ ਹੋਰ ਅਹਿਮ ਵਿਭਾਗਾਂ ਚ ਅਨੇਕਾਂ ਅਸਾਮੀਆਂ ਲੰਬੇ ਸਮੇਂ ਤੋਂ ਖਾਲੀ ਪਈਆਂ ਹਨ। ੦ਐਡਵੋਕੇਟ ਖੇੜੀ ਨੇ ਯੁੱਧ ਨਸ਼ਿਆਂ ਵਿਰੁੱਧ ਨਾਂਅ ਹੇਠ ਚੱਲ ਰਹੀ ਸਰਕਾਰੀ ਮੁਹਿੰਮ ਨੂੰ ਡਰਾਮੇਬਾਜ਼ੀ ਕਰਾਰ ਦਿੰਦੇ ਹੋਏ ਕਿਹਾ ਕਿ ਇਸ ਦੀ ਅਸਲੀਅਤ ਇਹ ਹੈ ਕਿ ਪਿੰਡ ਪਿੰਡ ਨੌਜਵਾਨ ਚਿੱਟੇ ਦੇ ਮਾਰੂ ਪ੍ਰਭਾਵ ਹੇਠ ਆ ਚੁੱਕੇ ਹਨ।ਆਏ ਦਿਨ ਨਸ਼ਾ ਘਟਣ ਦੀ ਥਾਂ ਵਧ ਰਿਹਾ ਹੈ।ਓਵਰਡੋਜ਼ ਨਾਲ ਮੌਤਾਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰ ਦੌਰਾਨ ਉਸ ਵੇਲੇ ਦੇ ਮੁੱਖ ਮੰਤਰੀ ਚਰਨਜੀਤ ਚੰਨੀ ਦੀ ਅਗਵਾਈ ਹੇਠ ਸਬ ਡਵੀਜ਼ਨ ਦਾ ਦਰਜਾ ਦਿੱਤਾ ਗਿਆ ਸੀ, ਪਰ ਸੂਬਾ ਸਰਕਾਰ ਵੱਲੋਂ ਤਹਿਸੀਲ ਕੰਪਲੈਕਸ ਦੀ ਉਸਾਰੀ ਅਜ ਤਕ ਵੀ ਨਹੀ ਕਰਾਈ ਗਈ।ਇਹ ਦਫਤਰ ਨਰੇਗਾ ਭਵਨ 'ਚ ਟਾਇਮ ਪਾਸ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕਾਂ ਦੀਆਂ ਭਖਦੀਆਂ ਮੰਗਾਂ ਨੂੰ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋ ਵੱਲੋਂ ਵਿਧਾਨ ਸਭਾ 'ਚ ਉਠਾਇਆ ਜਾਵੇਗਾ। ਐਡਵੋਕੇਟ ਖੇੜੀ ਨੇ ਕਿਹਾ ਕਿ ਕਿਸਾਨਾਂ ਦੀ ਜ਼ਮੀਨ ਐਕਵਾਇਰ ਕਰਨ ਲਈ ਲਿਆਂਦੀ ਨਵੀਂ ਨੀਤੀ ਲੈਂਡ ਪੂਲਿੰਗ ਸਿੱਧਾ ਕਿਸਾਨਾਂ, ਮਜ਼ਦੂਰਾਂ ਨੂੰ ਉਜਾੜੇ ਵੱਲ ਲੈ ਕੇ ਜਾਵੇਗੀ।ਉਨ੍ਹਾਂ ਸ਼ਪੱਸ਼ਟ ਕਿਹਾ ਕਿ ਸੂਬਾ ਸਰਕਾਰ ਦੀ ਇਹ ਤਾਨਾਸ਼ਾਹੀ ਨੀਤੀ ਨਹੀਂ ਚੱਲਣ ਦਿਆਂਗੇ।ਇਸ ਖਿਲਾਫ ਕਾਂਗਰਸ ਦੇ ਸੂਬਾਈ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਪ੍ਰਤਾਪ ਸਿੰਘ ਬਾਜਵਾ ਤੇ ਚਰਨਜੀਤ ਚੰਨੀ ਵੱਲੋਂ ਲੜਾਈ ਲੜੀ ਜਾ ਰਹੀ ਹੈ।ਕਾਂਗਰਸ ਪਾਰਟੀ ਕਿਸੇ ਵੀ ਕੀਮਤ 'ਤੇ ਕਿਸਾਨਾਂ ਦੀ ਜ਼ਮੀਨ ਐਕਵਾਇਰ ਨਹੀਂ ਹੋਣ ਦੇਵੇਗੀ।

## ਚੇਅਰਮੈਨ ਰਣਜੋਧ ਹਡਾਣਾ ਨੂੰ ਮਿਲੀ ਡਾਕਟਰੇਟ ਦੀ ਡਿਗਰੀ

■ ਸਿਆਸੀ ਤੇ ਪ੍ਰਸ਼ਾਸਕੀ ਵਰਗਾਂ ਨੇ ਦਿੱਤੀਆਂ ਵਧਾਈਆਂ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਬਰਲਿੰਗਟਨ ਸਟੇਟ ਯੂਨੀਵਰਸਿਟੀ ਆਫ ਅਮਰੀਕਾ ਵੱਲੋਂ ਇੰਡੀਆ ਇੰਟਲੈਕਚੁਅਲ ਕੌਨਕਲੇਵ 2025 ਪ੍ਰੋਗਰਾਮ ਰਾਹੀਂ ਬਿਜ਼ਨੈੱਸ ਮੈਨੇਜਮੈਂਟ ਤੇ ਸੋਸ਼ਲ ਵਰਕ ਦੇ ਖੇਤਰ ਵਿਚ ਪੀ.ਐੱਚ.ਡੀ. (ਡਾਕਟਰੇਟ) ਦੀ ਡਿਗਰੀ ਮਿਲਣ ਮਗਰੋਂ ਚੇਅਰਮੈਨ ਪੀ ਆਰ ਟੀ ਸੀ ਤੇ ਸਟੇਟ ਸਕੱਤਰ ਪੰਜਾਬ ਰਣਜੋਧ ਸਿੰਘ ਹਡਾਣਾ ਨੂੰ ਲਗਾਤਾਰ ਵਧਾਈਆਂ ਮਿਲ ਰਹੀਆਂ ਹਨ। ਦੱਸ ਦੇਈਏ ਕਿ ਹਡਾਣਾ ਲੰਮੇ ਸਮੇਂ ਤੋਂ ਸਮਾਜਿਕ ਨਿਆਂ, ਸਿੱਖਿਆ, ਸਿਹਤ ਤੇ ਸਮਾਜ ਸੇਵਾ ਵਿੱਚ ਲੰਬੇ ਸਮੇਂ ਤੋਂ ਕੰਮ ਕਰ ਰਹੇ ਹਨ।

ਬਿਜ਼ਨੈੱਸ ਮੈਨੇਜਮੈਂਟ ਤੇ ਸੋਸ਼ਲ ਵਰਕ ਦੇ ਖੇਤਰ ਵਿੱਚ ਚੰਗੀ ਪਕੜ ਹੋਣ ਕਰਕੇ ਉਨ੍ਹਾਂ ਦੇ ਵਿਅਕਤੀਗਤ ਉਤਸ਼ਾਹ ਦੀ ਸਰਾਹਨਾ ਕਰਦੇ ਹੋਏ ਯੂਨੀਵਰਸਿਟੀ ਮੈਂਬਰਾਂ ਨੇ ਇਹ ਸਨਮਾਨ ਉਨ੍ਹਾਂ ਨੂੰ ਅਮਰੀਕਾ ਅਧਾਰਤ ਗਲੋਬਲ ਹਿਊਮਿਨਿਟੀ ਯੂਨੀਵਰਸਿਟੀ ਵੱਲੋਂ ਦਿੱਤਾ ਗਿਆ।ਇਸ ਮੌਕੇ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਦੇਸ਼-ਵਿਦੇਸ਼ ਤੋਂ ਆਏ ਹੋਏ ਵਿਦਵਾਨਾਂ, ਅਧਿਕਾਰੀਆਂ, ਸਮਾਜ ਸੇਵਕਾਂ ਤੇ ਸਿਆਸੀ ਹਸਤੀਆਂ ਨੇ ਭਾਗ ਲਿਆ, ਜਿੱਥੇ ਚੇਅਰਮੈਨ ਹਡਾਣਾ ਨੂੰ ਵਿਸ਼ੇਸ਼ ਸਨਮਾਨ ਪੱਤਰ ਤੇ ਡਿਗਰੀ ਦੇ ਕੇ ਨਵਾਜਿਆ ਗਿਆ।

ਸਨਮਾਨ ਮਿਲਣ 'ਤੇ ਹਡਾਣਾ ਨੇ ਕਿਹਾ ਕਿ ਇਹ ਸਿਰਫ਼ ਮੇਰਾ ਨਹੀਂ, ਉਨ੍ਹਾਂ ਸਾਰੇ ਲੋਕਾਂ ਦਾ ਸਨਮਾਨ ਹੈ, ਜੋ ਮੇਰੇ ਨਾਲ ਮਿਲ ਕੇ ਸਮਾਜਿਕ ਬਦਲਾਅ ਦੀ ਲਹਿਰ ਚਲਾ ਰਹੇ ਹਨ।ਮੈਂ ਇਹ ਡਿਗਰੀ ਆਪਣੀ ਮਾਂ, ਪਿੰਡ ਤੇ ਪੰਜਾਬ ਨੂੰ ਸਮਰਪਤ ਕਰਦਾ ਹਾਂ।ਉਨ੍ਹਾਂ ਕਿਹਾ ਕਿ ਇਸ ਡਿਗਰੀ ਨਾਲ ਉਨ੍ਹਾਂ ਦੀ ਜ਼ਿੰਮੇਵਾਰੀ ਹੋਰ ਵੱਧ ਗਈ ਹੈ ਤੇ ਹੁਣ ਉਹ ਨੌਜਵਾਨਾਂ ਨੂੰ ਪ੍ਰੇਰਿਤ ਕਰਨ ਤੇ ਸਮਾਜਿਕ ਨਿਆਂ ਦੀ ਲਹਿਰ ਨੂੰ ਹੋਰ ਅੱਗੇ ਵਧਾਉਣ ਲਈ ਦੋ-ਗੁਣਾ ਜੋਸ਼ ਨਾਲ ਕੰਮ ਕਰਨਗੇ।ਇਸ ਮੌਕੇ ਕਈ ਰਾਜਨੀਤਕ ਤੇ ਪ੍ਰਸ਼ਾਸਕੀ ਹਸਤੀਆਂ ਨੇ ਫੋਨ ਕਰਕੇ ਵਧਾਈ ਦਿੱਤੀ।

## ...ਸਫ਼ਾ 1 ਦੇ ਬਾਕੀ

### ਕਿਸੇ ਵੀ ਆਗੂ ਨੇ ...

ਮੁੱਦਿਆਂ ਲਈ ਪਾਕਿਸਤਾਨ 'ਤੇ ਨਿਰਭਰ ਹੈ। ਕਾਂਗਰਸ ਨੂੰ ਆਪਣੇ ਮੁੱਦੇ ਪਾਕਿਸਤਾਨ ਤੋਂ ਦਰਾਮਦ ਕਰਨੇ ਪੈਣਗੇ। ਕਾਂਗਰਸ ਅਤੇ ਇਸ ਦੇ ਸਹਿਯੋਗੀ ਬਦਕਿਸਮਤੀ ਨਾਲ ਪਾਕਿਸਤਾਨੀ ਪ੍ਰਚਾਰ ਦੇ ਬੁਲਾਰੇ ਬਣ ਗਏ ਹਨ।

ਮੋਦੀ ਨੇ ਕਿਹਾ ਕਿ ਭਾਰਤ ਦੀਆਂ ਮਿਜ਼ਾਈਲਾਂ ਤੇ ਡਰੋਨਾਂ ਨੇ ਬੇਹਿਸਾਬਾ ਨੁਕਸਾਨ ਪਹੁੰਚਾਇਆ ਤਾਂ ਪਾਕਿਸਤਾਨ ਗੋਡੇ ਟੇਕਣ ਲਈ ਮਜਬੂਰ ਹੋ ਗਿਆ। ਭਾਰੀ ਨੁਕਸਾਨ ਝੱਲਣ ਤੋਂ ਬਾਅਦ ਪਾਕਿ ਡੀ ਜੀ ਐੱਮ ਓ ਬੇਨਤੀ ਕਰਦੇ ਹੋਏ ਆਏ 'ਸਾਨੂੰ ਹੋਰ ਨਾ ਮਾਰੋ, ਅਸੀਂ ਹੋਰ ਜ਼ਿਆਦਾ ਦੁੱਖ ਨਹੀਂ ਝੱਲ ਸਕਦੇ।'

ਮੋਦੀ ਨੇ ਕਿਹਾ ਕਿ 'ਅਪ੍ਰੇਸ਼ਨ ਸਿੰਧੂਰ' ਨੂੰ ਪੂਰੀ ਦੁਨੀਆ ਦਾ ਸਮਰਥਨ ਮਿਲਿਆ, ਪਰ ਇਹ ਬਦਕਿਸਮਤੀ ਹੈ ਕਿ ਕਾਂਗਰਸ ਨੇ ਸਾਡੇ ਸੈਨਿਕਾਂ ਦੀ ਬਹਾਦਰੀ ਦਾ ਸਮਰਥਨ ਨਹੀਂ ਕੀਤਾ। ਕਾਂਗਰਸੀ ਆਗੂਆਂ ਨੇ ਸਿਆਸੀ ਲਾਭ ਲਈ ਮੈਨੂੰ ਨਿਸ਼ਾਨਾ ਬਣਾਇਆ, ਪਰ ਉਨ੍ਹਾਂ ਦੇ ਬੇਤੁਕੇ ਬਿਆਨਾਂ ਨੇ ਸਾਡੇ ਬਹਾਦਰ ਸੈਨਿਕਾਂ ਨੂੰ ਨਿਰਾਸ਼ ਕਰ ਦਿੱਤਾ।

### ਕੰਬੋਜ ਮਹਾਂ ਸਭਾ ਨੇ ...

ਸਕੱਤਰ, ਜਸਵਿੰਦਰ ਸਿੰਘ ਬ੍ਰਹਮਪੁਰ ਪ੍ਰੈੱਸ ਸਕੱਤਰ, ਗੁਰਭੇਜ ਸਿੰਘ, ਗੁਰਮੇਲ ਸਿੰਘ ਫਰੀਦਪੁਰ, ਰਾਜਵਿੰਦਰ ਸਿੰਘ ਹਡਾਣਾ, ਜਸਵਿੰਦਰ ਸਿੰਘ ਰਾਣਾ ਪ੍ਰਧਾਨ, ਕੁਲਵੰਤ ਸਿੰਘ ਟੁਰਨਾ, ਮਲਕੀਤ ਸਿੰਘ ਜੁਲਾਹ ਖੇੜੀ, ਸੁਰਿੰਦਰ ਸਿੰਘ ਸਵਾਈ ਸਿੰਘ ਵਾਲਾ, ਗੁਰਮੇਜ ਸਿੰਘ ਭੁਨਰਹੇੜੀ, ਬਲਵੰਤ ਸਿੰਘ ਜੋਸਨ, ਨਰਿੰਦਰ ਸਿੰਘ ਲਾਡੀ, ਹਰਜੀਤ ਸਿੰਘ ਖਾਕਟਾਂ, ਯਾਦਵਿੰਦਰ ਸਿੰਘ ਧੰਜੂ, ਪ੍ਰਿਥੀਪਾਲ ਸਿੰਘ ਧਾਂਦੀਆਂ, ਕੁਲਦੀਪ ਸਿੰਘ ਮੁੱਤੀ, ਵਰਿੰਦਰ ਸਿੰਘ ਟਿਵਾਣਾ, ਦਲਬੀਰ ਸਿੰਘ ਥਿੰਦ, ਚਰਨਜੀਤ ਸਿੰਘ ਜੱਜ, ਹਰਲਾਲ ਸਿੰਘ ਕਾਠਗੜ੍ਹ, ਵਾਸਦੇਵ ਸਿੰਘ ਮੁਰਾਦਮਾਜਰਾ, ਡਾਇਰੈਕਟਰ ਜਗਜੀਤ ਸਿੰਘ ਧੂਰੀਪੰਜਾਬ ਵਰਲਡ ਕੈਂਸਰ ਕੇਅਰ, ਭੁਪਿੰਦਰ ਸਿੰਘ ਡਾਇਰੈਕਟਰ ਮਾਤਾ ਗੁਜਰੀ ਸਕੂਲ, ਕਾਮਰੇਡ ਰਾਮੇਸ਼ ਸਿੰਘ ਆਜ਼ਾਦ, ਪ੍ਰੈੱਸ ਸਕੱਤਰ ਮੁਖਤਿਆਰ ਸਿੰਘ ਨੌਗਾਵਾਂ, ਪ੍ਰੈੱਸ ਸਕੱਤਰ ਰਾਜਿੰਦਰ ਸਿੰਘ ਥਿੰਦ, ਭਜਨ ਸਿੰਘ ਕੰਬੋਜ, ਮੋਹਣ ਸਿੰਘ ਕਰਤਾਰਪੁਰ, ਨਰਿੰਦਰ ਸਿੰਘ ਲੇਹਲਾਂ, ਭੂਪਿੰਦਰ ਸਿੰਘ ਦੂਧਨਸਾਧਾਂ, ਗੁਰਿੰਦਰ ਸਿੰਘ ਥਿੰਦ, ਸੁਖਦੇਵ ਸਿੰਘ ਮੀਰਾਂਪੁਰ, ਅਮਰਜੀਤ ਸਿੰਘ, ਬਿਕਰਮ ਸਿੰਘ ਫਰੀਦਪੁਰ, ਸੁਰਜੀਤ ਸਿੰਘ ਥਿੰਦ, ਜਸਵੀਰ ਜੱਸੀ ਸਰਪੰਚ ਹਸਨਪੁਰ, ਜੋਗਿੰਦਰ ਸਿੰਘ ਕਾਕੜਾ, ਜਗਜੀਤ ਸਿੰਘ ਕੋਹਲੀ, ਮਹਿਕ, ਨੈਣਾ ਗਰੇਵਾਲ, ਹਰਵੀਰ ਥਿੰਦ, ਮਨਿੰਦਰ ਫਰਾਂਸਵਾਲਾ, ਰਮੇਸ਼ ਲਾਂਬਾ, ਜਸਪਾਲ ਸਿੰਘ ਗੰਗਰੌਲੀ, ਜਸਵਿੰਦਰ ਸਿੰਘ ਜੱਸੀ ਸਾਬਕਾ ਚੇਅਰਮੈਨ, ਸੁਖਦੇਵ ਸਿੰਘ ਚੰਗੇਰਾ, ਪ੍ਰੇਮ ਸਿੰਘ ਸਵਾਈ ਸਿੰਘ ਵਾਲਾ, ਪ੍ਰੀਤਮ ਸਿੰਘ ਸਨੌਰ, ਜਥੇਦਾਰ ਕ੍ਰਿਸ਼ਨ ਸਿੰਘ ਸਨੌਰ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਇਲਾਕਾ ਨਿਵਾਸੀਆਂ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ।

## ਡਾਇਰੈਕਟਰ ਆਯੁਰਵੈਦਿਕ ਤੇ ਹੋਮਿਓਪੈਥਿਕ ਵਿਭਾਗ ਵੱਲੋਂ ਆਯੂਸ਼ ਕੈਂਪਾਂ ਦਾ ਆਯੋਜਨ

**ਮਾਨਸਾ (ਆਤਮਾ ਸਿੰਘ ਪਮਾਰ)**-ਰਾਜ ਦੇ ਲੋਕਾਂ ਨੂੰ ਵਧੀਆ ਸਿਹਤ ਪ੍ਰਦਾਨ ਕਰਨ ਲਈ ਸਿਹਤ ਵਿਭਾਗ ਪੰਜਾਬ ਵੱਲੋਂ ਡਾਇਰੈਕਟਰ ਆਯੁਰਵੈਦਿਕ ਤੇ ਹੋਮਿਓਪੈਥਿਕ ਵਿਭਾਗ ਅਧੀਨ ਸਾਂਝੇ ਤੌਰ 'ਤੇ ਰਾਜ ਪੱਧਰੀ ਆਯੂਸ਼ ਕੈਂਪ ਲਾਏ ਜਾ ਰਹੇ ਹਨ।

ਇਸੇ ਲੜੀ ਤਹਿਤ ਜ਼ਿਲ੍ਹਾ ਆਯੁਰਵੈਦਿਕ ਤੇ ਯੂਨਾਨੀ ਅਫ਼ਸਰ ਡਾਕਟਰ ਨਮਿਤਾ ਗਰਗ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਹੋਮਿਓਪੈਥਿਕ ਅਫ਼ਸਰ ਡਾ. ਰਾਜੀਵ ਦੇ ਸਹਿਯੋਗ ਨਾਲ ਆਯੁਰਵੈਦਿਕ ਡਿਸਪੈਂਸਰੀ ਬੱਪੀਆਣਾ (ਮਾਨਸਾ) ਵਿਖੇ ਇੱਕ ਵਿਸ਼ਾਲ ਆਯੂਸ਼ ਕੈਂਪ ਦਾ ਆਯੋਜਨ ਕੀਤਾ ਗਿਆ।ਆਯੁਰਵੈਦਿਕ ਮੈਡੀਕਲ ਅਫਸਰ ਸੀਮਾ ਗੋਇਲ ਤੇ ਡਾਕਟਰ ਗੁਰਪ੍ਰੀਤ ਕੌਰ ਨੇ ਲੋਕਾਂ ਨੂੰ ਆਯੁਰਵੈਦਿਕ ਪ੍ਰਣਾਲੀ ਬਾਰੇ ਦੱਸਿਆ ਕਿ ਸਿਹਤ ਦੀ ਤੰਦਰੁਸਤੀ ਲਈ ਸੰਤੁਲਿਤ ਖੁਰਾਕ ਦੇ ਨਾਲ-ਨਾਲ ਯੋਗ ਆਸਣਾਂ ਨੂੰ ਤਰਜ਼ੀਹ ਦਿੰਦੇ ਹੋਏ ਜੀਵਨ 'ਚ ਸ਼ਾਮਲ ਕਰਨਾ ਚਾਹੀਦਾ ਹੈ।ਉਨ੍ਹਾਂ ਦੱਸਿਆ ਕਿ ਇਸ ਸਾਂਝੇ ਆਯੁਸ਼ ਕੈਂਪ ਦੌਰਾਨ 215 ਮਰੀਜ਼ਾਂ ਦੀ ਜਾਂਚ ਕਰਕੇ ਆਯੁਰਵੈਦਿਕ ਦਵਾਈਆਂ ਤੇ 137 ਮਰੀਜ਼ਾਂ ਨੂੰ ਹੋਮਿਓਪੈਥਿਕ ਦਵਾਈਆਂ ਵੰਡੀਆਂ ਗਈਆਂ।

## ਵਾਹੀਯੋਗ ਜ਼ਮੀਨ ਸ਼ਹਿਰੀਕਰਨ ਹੇਠ ਲਿਆ ਕੇ ਕਿਸਾਨ-ਮਜ਼ਦੂਰ ਉਜਾੜਾ ਸਵੀਕਾਰ ਨਹੀਂ : ਦੱਦਾਹੂਰ



**ਅਜੀਤਵਾਲ (ਨਛੱਤਰ ਸੰਧੂ)**-ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੀ ਜ਼ਿਲ੍ਹਾ ਕਮੇਟੀ ਮੀਟਿੰਗ ਜ਼ਿਲ੍ਹਾ ਆਗੂ ਜਗਰਾਜ ਸਿੰਘ ਦੱਦਾਹੂਰ ਦੀ ਅਗਵਾਈ ਵਿੱਚ ਨਹਿਰ ਵਾਲੀ ਠਾਠ ਬੱਧਨੀ ਕਲਾਂ ਵਿਖੇ ਹੋਈ।ਸੂਬਾ ਆਗੂ ਲਖਵੀਰ ਸਿੰਘ ਦੌਧਰ ਵੀ ਹਾਜ਼ਰ ਹੋਏ।ਪੰਜਾਬ ਸਰਕਾਰ ਵੱਲੋਂ 65555 ਏਕੜ ਵਾਹੀਯੋਗ ਜ਼ਮੀਨ ਅਰਬਨ ਅਸਟੇਟ ਦੇ ਨਾਂਅ ਹੇਠ ਦੇਸੀ ਵਿਦੇਸ਼ੀ ਕਾਰੋਬਾਰੀਆਂ ਨੂੰ ਸੌਂਪਣ ਦਾ ਫੈਸਲਾ ਕਰ ਲਿਆ ਹੈ।ਇਸ ਫ਼ੈਸਲੇ ਨਾਲ ਖੇਤੀ ਤੇ ਨਿਰਭਰ ਹਜ਼ਾਰਾਂ ਪੇਂਡੂ ਕਿਸਾਨ ਪਰਵਾਰਾਂ ਸਮੇਤ ਖੇਤ ਮਜ਼ਦੂਰ ਪਰਵਾਰਾਂ ਦਾ ਵੀ ਰੁਜ਼ਗਾਰ ਖਤਮ ਹੋ ਜਾਵੇਗਾ।ਇਹ ਅਮਲ ਵਿਸ਼ਵ ਵਪਾਰ ਸੰਸਥਾ ਦੀਆਂ ਸੰਸਾਰੀਕਰਨ, ਵਪਾਰੀਕਰਨ, ਉਦਾਰੀਕਰਨ ਤੇ ਨਿੱਜੀਕਰਨ ਦੀਆਂ ਨੀਤੀਆਂ ਦਾ ਸਿੱਟਾ ਹੈ।ਪਿੰਡਾਂ ਨੂੰ ਸ਼ਹਿਰਾਂ ਵਿੱਚ ਮਿਲਾਇਆ ਜਾਏਗਾ।ਲੋਕਾਂ ਦੀ ਜੱਦੀ ਜਾਇਦਾਦ ਦਾ ਪਹਿਲਾਂ ਸ਼ਹਿਰੀਕਰਨ, ਫਿਰ ਵਪਾਰੀਕਰਨ, ਅਖੀਰ ਨਿੱਜੀਕਰਨ ਕਰਕੇ, ਪੈਦਾਵਾਰੀ ਸਾਧਨ ਲੋਕਾਂ ਤੋਂ ਖੋਹ ਕੇ, ਲੁਟੇਰੇ ਪੂੰਜੀਪਤੀਆਂ ਨੂੰ ਸੰਭਾਲਣ ਲਈ, ਕੇਂਦਰ ਤੇ ਸੂਬਾ ਸਰਕਾਰਾਂ ਨੇ ਕਮਰ ਕਸੀ ਹੋਈ ਹੈ।ਇਸ ਦੇ ਰੋਸ ਵਜੋਂ ਟਰੈਕਟਰ ਮਾਰਚ 30 ਜੁਲਾਈ ਕੱਢਿਆ ਜਾਵੇਗਾ। ਲੜਾਈ ਨੂੰ ਸਮਝ ਕੇ ਜਾਨ ਹੂਲਵਾਂ ਸੰਘਰਸ਼ ਆਰੰਭੇ ਬਿਨਾਂ ਖੇਤੀ ਅਤੇ ਜ਼ਮੀਨ ਬਚਾਉਣੀ ਆਸਾਨ ਨਹੀਂ ਹੈ। ਲੋਕ ਤਾਕਤ ਅੱਗੇ ਕੋਈ ਮਸਲਾ ਵੱਡਾ ਨਹੀਂ ਹੈ।

## ਗੁਰਦੁਆਰਾ ਸਾਹਿਬ 'ਚ ਮੈਡੀਕਲ ਕੈਂਪ ਲਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਕਮਿਸ਼ਨਰ ਆਯੂਸ਼ ਸ਼੍ਰੀ ਦਿਲਰਾਜ ਸਿੰਘ (ਆਈ ਏ ਐੱਸ), ਡਾਇਰੈਕਟਰ ਆਯੁਰਵੇਦਾ ਪੰਜਾਬ ਡਾ. ਰਵੀ ਡੂਮਰਾ, ਡਾਇਰੈਕਟਰ ਹੋਮਿਓਪੈਥੀ ਡਾ. ਹਰਿੰਦਰਪਾਲ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤੇ ਜ਼ਿਲ੍ਹਾ ਆਯੁਰਵੈਦਿਕ ਅਤੇ ਯੂਨਾਨੀ ਅਫ਼ਸਰ ਡਾ. ਅਮਨ ਕੌਸ਼ਲ ਤੇ ਜ਼ਿਲ੍ਹਾ ਹੋਮਿਓਪੈਥੀ ਅਫ਼ਸਰ ਡਾ. ਰਾਜੀਵ ਜਿੰਦੀਆ ਦੀ ਯੋਗ ਅਗਵਾਈ ਹੇਠ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਮਹਿਲ ਕਲਾਂ ਵਿਖੇ ਆਯੂਸ਼ ਮੈਡੀਕਲ ਕੈਂਪ ਲਾਇਆ ਗਿਆ। ਕੈਂਪ ਦਾ ਉਦਘਾਟਨ ਸੀ.ਐਚ.ਸੀ. ਦੇ ਐਸ.ਐਮ.ਓ. ਡਾ. ਗੁਰਤੇਜਿੰਦਰ ਕੌਰ, ਪ੍ਰਧਾਨ ਬਾਬਾ ਸ਼ੇਰ ਸਿੰਘ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ।ਕੈਂਪ ਦੌਰਾਨ ਆਯੁਰਵੈਦਿਕ ਵਿਭਾਗ ਵੱਲੋਂ 453 ਮਰੀਜ਼ਾਂ ਤੇ ਹੋਮਿਓਪੈਥੀ ਵਿਭਾਗ ਵੱਲੋਂ 220 ਮਰੀਜ਼ਾਂ ਦੀ ਜਾਂਚ ਕੀਤੀ ਗਈ ਆਯੁਰਵੈਦਿਕ ਵਿਭਾਗ ਵੱਲੋਂ ਡਾ. ਨਵਨੀਤ ਬਾਂਸਲ, ਡਾ. ਸੀਮਾ ਬਾਂਸਲ, ਡਾ. ਅਮਨਦੀਪ ਸਿੰਘ ਤੇ ਡਾ. ਸੁਵਿੰਦਰਜੀਤ ਸਿੰਘ ਨੇ ਮਰੀਜ਼ਾਂ ਦੀ ਜਾਂਚ ਕੀਤੀ, ਜਦ ਕਿ ਉਪਵੈਦ ਅਜੇ ਕੁਮਾਰ, ਗੁਰਪ੍ਰੀਤ ਸਿੰਘ, ਜਗਸੀਰ ਸਿੰਘ, ਸੁਖਵਿੰਦਰ ਸਿੰਘ, ਸੁਖਚੈਨ ਸਿੰਘ ਤੇ ਬਿੰਦਰ ਸਿੰਘ ਨੇ ਦਵਾਈਆਂ ਵੰਡੀਆਂ।ਹੋਮਿਓਪੈਥੀ ਵਿਭਾਗ ਵੱਲੋਂ ਡਾ. ਕਮਲਜੀਤ ਕੌਰ (ਐਚ.ਐਮ.ਓ.) ਤੇ ਹੋਮਿਓਪੈਥਿਕ ਫਾਰਮਾਸਿਸਟ ਗੁਰਚਰਨ ਸਿੰਘ ਔਲਖ ਨੇ ਆਪਣੀਆਂ ਵਿਸ਼ੇਸ਼ ਸੇਵਾਵਾਂ ਦਿੱਤੀਆਂ।

## ਦੇਸ਼ ਭਗਤ 'ਵਰਸਿਟੀ ਵੱਲੋਂ ਪਾਰਟਨਰਜ਼ ਮੀਟ ਦਾ ਆਯੋਜਨ



**ਜਗਰਾਉਂ (ਨਛੱਤਰ ਸੰਧੂ)**-ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਵੱਲੋਂ ਸਿੱਖਿਆ ਆਗੂਆਂ ਨੂੰ ਸਸ਼ਕਤ ਬਣਾਉਣ ਦੇ ਮਕਸਦ ਨਾਲ ਲੁਧਿਆਣਾ ਵਿਖੇ ਇਨਫਰਮੇਸ਼ਨ ਤੇ ਕਾਉਂਸਲਿੰਗ ਸੈਂਟਰ ਪਾਰਟਨਰਜ਼ ਮੀਟ ਦਾ ਸਫ਼ਲਤਾਪੂਰਵਕ ਆਯੋਜਨ ਕੀਤਾ ਗਿਆ।ਇਸ ਮੀਟ ਨੇ ਪੰਜਾਬ ਤੇ ਨੇੜਲੇ ਰਾਜਾਂ ਤੋਂ ਆਈਸੀਸੀ ਭਾਈਵਾਲਾਂ, ਸਿੱਖਿਆ ਸਲਾਹਕਾਰਾਂ ਤੇ ਖੇਤਰੀ ਪ੍ਰਤੀਨਿਧੀਆਂ ਨੂੰ ਇਕੱਠਾ ਕੀਤਾ, ਜਿਸਦਾ ਉਦੇਸ਼ ਉਨ੍ਹਾਂ ਨੂੰ ਡੀਬੀਯੂ ਦੀਆਂ ਅਕਾਦਮਿਕ ਪੇਸ਼ਕਸ਼ਾਂ ਬਾਰੇ ਸੰਪੂਰਨ ਗਿਆਨ ਨਾਲ ਲੈੱਸ ਕਰਨਾ ਤੇ ਸੰਭਾਵੀ ਵਿਦਿਆਰਥੀਆਂ ਨੂੰ ਮਾਰਗਦਰਸ਼ਨ ਕਰਨ ਦੀ ਉਨ੍ਹਾਂ ਦੀ ਸਮਰੱਥਾ ਨੂੰ ਮਜ਼ਬੂਤ ਕਰਨਾ ਹੈ।ਸਮਾਗਮ 'ਚ ਦੇਸ਼ ਭਗਤ ਯੂਨੀਵਰਸਿਟੀ ਦੇ ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਮੁੱਖ ਮਹਿਮਾਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਆਪਣੇ ਮੁੱਖ ਭਾਸ਼ਣ 'ਚ ਮੁੱਖ ਮਹਿਮਾਨ ਡਾ. ਸੰਦੀਪ ਸਿੰਘ ਨੇ ਡੀਬੀਯੂ ਦੇ ਪਹੁੰਚਯੋਗ, ਸਮਾਵੇਸ਼ੀ ਤੇ ਗੁਣਵੱਤਾ ਵਾਲੀ ਸਿੱਖਿਆ ਦੇ ਮਿਸ਼ਨ ਨੂੰ ਵਧਾਉਣ ਵਿੱਚ ਆਈਸੀਸੀ ਭਾਈਵਾਲਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਪਾਇਆ।ਦੇਸ਼ ਭਗਤ ਯੂਨੀਵਰਸਿਟੀ ਦੇ ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਨੇ ਕਿਹਾ ਕਿ ਇਸ ਰਣਨੀਤਕ ਪ੍ਰੋਗਰਾਮ ਵਿੱਚ ਭਾਈਵਾਲਾਂ ਨੂੰ ਡੀਬੀਯੂ ਰੈਗੂਲਰ ਡਿਗਰੀ ਪ੍ਰੋਗਰਾਮ, ਆਨਲਾਈਨ ਲਰਨਿੰਗ ਕੋਰਸ, ਓਪਨ ਐਂਡ ਡਿਸਟੈਂਸ ਲਰਨਿੰਗ (ਓਡੀਐਲ) ਤੇ ਡੀਬੀਯੂ ਅਮਰੀਕਾਸ ਇੰਟਰਨੈਸ਼ਨਲ ਐਜੂਕੇਸ਼ਨ ਟਰੈਕ ਸਮੇਤ ਕਈ ਤਰ੍ਹਾਂ ਦੇ ਪ੍ਰੋਗਰਾਮਾਂ ਬਾਰੇ ਅਪਡੇਟ ਕੀਤੀ ਜਾਣਕਾਰੀ ਤੇ ਸਰੋਤ ਪ੍ਰਦਾਨ ਕਰਨ ਦੇ ਨਾਲ-ਨਾਲ ਮਾਹਿਰ ਮਾਰਗਦਰਸ਼ਨ ਤੇ ਸਹਾਇਤਾ ਪ੍ਰਦਾਨ ਕੀਤੀ ਗਈ।ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਕਿਹਾ ਕਿ ਇਹ ਸੈਸ਼ਨ ਇਹ ਯਕੀਨੀ ਬਣਾਉਣ ਲਈ ਤਿਆਰ ਕੀਤੇ ਗਏ ਸਨ ਕਿ ਕੇਂਦਰਾਂ ਵਿੱਚ ਕਾਉਂਸਲਿੰਗ ਟੀਮਾਂ ਚੱਲ ਰਹੇ ਤੇ ਆਉਣ ਵਾਲੇ ਦਾਖਲੇ ਦੌਰਾਨ ਵਿਦਿਆਰਥੀਆਂ ਨੂੰ ਸਪੱਸ਼ਟਤਾ, ਸ਼ੁੱਧਤਾ ਤੇ ਵਿਸ਼ਵਾਸ ਨਾਲ ਸਹਾਇਤਾ ਕਰਨ ਲਈ ਚੰਗੀ ਤਰ੍ਹਾਂ ਤਿਆਰ ਹਨ।

## ਜ਼ੋਨ ਪੱਧਰੀ ਸਕੂਲੀ ਖੇਡਾਂ 'ਚ ਖਿਡਾਰੀਆਂ ਨੇ ਦਿਖਾਇਆ ਉਤਸ਼ਾਹ



**ਬਠਿੰਡਾ (ਰਾਜੀਵ ਗੋਇਲ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਗਤਾ (ਲੜਕੇ) ਵਿੱਚ ਹੋ ਰਹੀਆਂ 69ਵੀਆਂ ਜ਼ੋਨ ਪੱਧਰੀ ਸਕੂਲ ਖੇਡਾਂ ਵਿੱਚ ਵੱਖ-ਵੱਖ ਸਕੂਲਾਂ ਦੇ ਖਿਡਾਰੀਆਂ ਨੇ ਉਤਸ਼ਾਹ ਦਿਖਾਇਆ। ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ ਸਿੱਖਿਆ) ਸ਼੍ਰੀਮਤੀ ਮਮਤਾ ਖੁਰਾਣਾ ਸੇਠੀ, ਜ਼ਿਲ੍ਹਾ ਖੇਡ ਕੋਆਰਡੀਨੇਟਰ ਜਸਵੀਰ ਸਿੰਘ ਗਿੱਲ ਤੇ ਜ਼ੋਨਲ ਪ੍ਰਧਾਨ ਮਨਦੀਪ ਸਿੰਘ ਨੇ ਦੱਸਿਆ ਕਿ ਚੈੱਸ ਅੰਡਰ-19 ਲੜਕੀਆਂ ਵਿੱਚ ਪਹਿਲਾ ਸਥਾਨ ਦੂਨ ਪਬਲਿਕ ਸਕੂਲ ਕਲਿਆਣ ਸੁੱਖਾ ਅਤੇ ਦੂਜਾ ਸਥਾਨ ਦਾ ਆਕਸਫੋਰਡ ਸਕੂਲ ਆਫ ਐਜੂਕੇਸ਼ਨ ਭਗਤਾ ਭਾਈ ਨੇ ਹਾਸਲ ਕੀਤਾ। ਬੈਡਮਿੰਟਨ ਅੰਡਰ-17 ਲੜਕੀਆਂ ਪਹਿਲਾ ਸਥਾਨ ਆਕਸਫੋਰਡ ਸਕੂਲ ਆਫ ਐਜੂਕੇਸ਼ਨ ਅਤੇ ਦੂਜਾ ਸਥਾਨ ਸਰਕਾਰੀ ਹਾਈ ਸਕੂਲ ਰਾਮੂਵਾਲਾ ਅਤੇ ਤੀਜਾ ਸਥਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਆਕਲੀਆਂ ਜਲਾਲ ਨੇ ਹਾਸਲ ਕੀਤਾ। ਵਿਸ਼ੇਸ਼ ਮਹਿਮਾਨ ਪ੍ਰਿੰਸੀਪਲ ਵਿਜੇ ਕੁਮਾਰ, ਹੈਡਮਿਸਟ੍ਰੈਸ ਬਲਜਿੰਦਰ ਕੌਰ ਤੇ ਸਕੂਲ ਮੁਖੀ ਸਨੀਤਾ ਰਾਣੀ ਵੱਲੋਂ ਜੇਤੂ ਟੀਮਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਸਕੂਲਾਂ ਦੇ ਮੁਖੀ ਤੇ ਸਰੀਰਕ ਸਿੱਖਿਆ ਅਧਿਆਪਕ ਹਾਜ਼ਰ ਸਨ। ਜ਼ੋਨਲ ਸਕੱਤਰ ਸਵਰਨਜੀਤ ਕੌਰ, ਸੁਰਿੰਦਰਪਾਲ ਸਿੰਘ, ਹਰਜੀਤ ਸਿੰਘ ਦਿਆਲਪੁਰਾ, ਮਨਪ੍ਰੀਤ ਸਿੰਘ ਰਾਜਗੜ੍ਹ, ਹਰਬੰਸ ਸਿੰਘ ਕਾਂਗੜ, ਇੰਦਰਜੀਤ ਕੌਰ ਕੋਠਾਗੁਰੂ, ਹਰਪਿੰਦਰ ਕੌਰ ਹਮੀਰਗੜ੍ਹ ਨੇ ਸਾਰਿਆਂ ਦਾ ਧੰਨਵਾਦ ਕੀਤਾ।

**LOVELY PROFESSIONAL UNIVERSITY**

Jalandhar-Delhi G.T. Road. Phagwara, Distt. Kapurthala, Punjab (India) - 144411

**CORRIGENDUM**

Certain updations clarifications and rectifications with respect to provisions contained in the Prospectus 2025 and other publications related to the admission and allied matters of the regular mode programmes of the University have been made, which may or may not be covered in any information material or publication issued by the University; and therefore are listed below for the information of all the concerned:

1. There are certain updations in important dates, fees and scholarship amounts for Type-A, Type-B and Type-C programmes. For updated details, refer to the University website (under the head Admissions i.e. https://www.lpu.in/admission/ ).
2. Eligibility of Integrated B. Plan - M. Plan, M.A. (Clinical Psychology), Bachelor of Occupational Therapy has been updated and for details, refer to the university website (under the head Admissions i.e. https://www.lpu.in/admission/).
3. Programmes named Bachelor of Tourism and Travel Management (BTTM), B.Sc. (Medical), B.Sc. (Physics, Mathematics and Computer Science), B.Sc. (Fashion Management and Communication Design), B.A. (Music Tabla), Diploma in Child and Elderly Care, Bachelor of Occupational Therapy, Master of Tourism and Travel Management (MTTM), M.A. (Acting), M.A. (Education), MBA (Management Technology), MBA (Pharmaceutical Management), M.Tech. (Electronics and Communication Engineering), M.Tech. (Environmental Engineering), M.Design (Fashion), M.Design (Animation and VFX), M.A. (Public Administration), B.Tech. (CSE - Cybersecurity, Compliance and Risk), B.Sc. (Child and Elderly Care) and M.Ed. are not offered for the session 2025-2026.

For more details, contact at the University Campus or visit the University website (under the head Admissions i.e. https://www.lpu.in/admission/).

Registrar

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਉਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਭਿਖਾਰੀਆਂ ਵਿਰੁੱਧ ਚੁੱਕੇ ਕਦਮਾਂ ਦੀ ਸਰਾਹਨਾ

**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)**- ਬੱਚਿਆਂ ਦੇ ਅਧਿਕਾਰਾਂ ਦੀ ਸੁਰੱਖਿਆ ਲਈ ਕੇਂਦਰ ਵੱਲੋਂ ਬਣਾਏ ਗਏ ਕਮਿਸ਼ਨ ਨੈਸ਼ਨਲ ਕਮਿਸ਼ਨ ਫਾਰ ਪ੍ਰੋਟੈਕਸ਼ਨ ਆਫ ਚਾਇਲਡ ਰਾਈਟਸ ਦੇ ਮੈਂਬਰ ਸੈਕਟਰੀ ਸੰਜੀਵ ਸ਼ਰਮਾ ਜੋ ਕਿ ਉਕਤ ਵਿਸ਼ੇ ਉੱਤੇ ਅੰਮ੍ਰਿਤਸਰ ਆਏ ਸਨ, ਨੇ ਜ਼ਿਲ੍ਹਾ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਹੋਏ ਅੰਮ੍ਰਿਤਸਰ ਵਿੱਚ ਬੱਚਿਆਂ ਤੋਂ ਭੀਖ ਮੰਗਵਾਉਣ ਦੀ ਪ੍ਰੈਕਟਿਸ ਨੂੰ ਬੰਦ ਕਰਨ ਲਈ ਕੀਤੇ ਗਏ ਯਤਨਾਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਉਹ ਇਸ ਮੁਹਿੰਮ ਨੂੰ ਨੇੜਿਓਂ ਵਾਚ ਰਹੇ ਹਨ ਅਤੇ ਇਸ ਦੀ ਕਾਮਯਾਬੀ ਦੇਸ਼ ਦੇ ਦੂਸਰੇ ਰਾਜਾਂ ਨਾਲ ਵੀ ਸ਼ੇਅਰ ਕਰਨਗੇ। ਉਨ੍ਹਾਂ ਕਿਹਾ ਕਿ ਇਹ ਸਮੱਸਿਆ ਦੇਸ਼ ਦੇ ਉਨ੍ਹਾਂ ਸ਼ਹਿਰਾਂ ਵਿੱਚ ਜ਼ਿਆਦਾ ਹੈ, ਜਿੱਥੇ ਸੈਲਾਨੀ ਵੱਧ ਗਿਣਤੀ ਵਿੱਚ ਆਉਂਦੇ ਹਨ। ਉਨ੍ਹਾਂ ਇਸ ਵਿਸ਼ੇ ਉੱਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਆ ਰਹੀਆਂ ਸਮੱਸਿਆਵਾਂ ਦੇ ਹੱਲ ਦਾ ਵੀ ਭਰੋਸਾ ਦਿੱਤਾ। ਕਮਿਸ਼ਨ ਦੇ ਮੈਂਬਰ ਅਰੋੜਾ ਨੇ ਕਿਹਾ ਕਿ ਅਸੀਂ ਪੋਕਸੋ ਐਕਟ ਨਾਲ ਸੰਬੰਧਿਤ ਕਰਮਚਾਰੀਆਂ ਅਤੇ ਪੁਲਸ ਮੁਲਾਜ਼ਮਾਂ ਨੂੰ ਇਸ ਵਿਸ਼ੇ ਬਾਰੇ ਜਾਗਰੂਕ ਅਤੇ ਬੱਚਿਆਂ ਦੀ ਮਾਨਸਿਕਤਾ ਸਮਝਣ ਲਈ ਕਪੈਸਟੀ ਬਿਲਡਿੰਗ ਪ੍ਰੋਗਰਾਮ ਵੀ ਕਰਨ ਜਾ ਰਹੇ ਹਾਂ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਕਰਮਚਾਰੀਆਂ ਨੂੰ ਸਿਖਲਾਈ ਦਿੱਤੀ ਜਾਵੇਗੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਜਨਰਲ ਰੋਹਿਤ ਗੁਪਤਾ, ਜ਼ਿਲ੍ਹਾ ਪ੍ਰੋਗਰਾਮ ਅਧਿਕਾਰੀ ਸੁਮਨਦੀਪ ਕੌਰ, ਡਿਸਟ੍ਰਿਕਟ ਚਾਇਲਡ ਪ੍ਰੋਟੈਕਸ਼ਨ ਅਧਿਕਾਰੀ ਤਰਨਜੀਤ ਸਿੰਘ, ਚਾਇਲਡ ਵੈੱਲਫੇਅਰ ਕਮੇਟੀ ਦੇ ਮੈਂਬਰ ਰੁਪਿੰਦਰ ਪਾਲ ਕੌਰ, ਪਵਨਦੀਪ ਕੌਰ, ਡੀਐੱਸਪੀ ਹੈਡਕੁਆਰਟਰ ਬਲਜਿੰਦਰ ਸਿੰਘ ਅਤੇ ਹੋਰ ਅਧਿਕਾਰੀ ਹਾਜ਼ਰ ਸਨ।



# ਪਠਾਨਕੋਟ ਮਹਿਲਾ ਸੀਨੀਅਰ ਕ੍ਰਿਕਟ ਟੀਮ ਵੱਲੋਂ ਸ਼ਾਨਦਾਰ ਜਿੱਤ ਦਰਜ



**ਪਠਾਨਕੋਟ (ਦਵਿੰਦਰ ਸਿੰਘ)**- ਪੰਜਾਬ ਕ੍ਰਿਕਟ ਐਸੋਸ਼ੀਏਸ਼ਨ ਦੁਆਰਾ ਆਯੋਜਿਤ ਪੰਜਾਬ ਸਟੇਟ ਇੰਟਰ ਡਿਸਟ੍ਰਿਕਟ ਮਹਿਲਾ ਸੀਨੀਅਰ ਵਨ ਡੇ ਲਿਮਿਟਡ ਓਵਰਜ਼ ਟੂਰਨਾਮੈਂਟ ਵਿੱਚ ਪਠਾਨਕੋਟ ਮਹਿਲਾ ਸੀਨੀਅਰ ਕ੍ਰਿਕਟ ਟੀਮ ਨੇ ਸ਼ੁਰੂਆਤ ਇੱਕ ਸ਼ਾਨਦਾਰ ਜਿੱਤ ਨਾਲ ਕੀਤੀ।ਇਸ ਰੋਮਾਂਚਕ ਮੁਕਾਬਲੇ ਵਿੱਚ ਪਠਾਨਕੋਟ ਨੇ ਫਿਰੋਜ਼ਪੁਰ ਜ਼ਿਲ੍ਹਾ ਟੀਮ ਨੂੰ 7 ਵਿਕਟਾਂ ਨਾਲ ਹਰਾ ਕੇ ਟੂਰਨਾਮੈਂਟ ਵਿੱਚ ਆਪਣੀ ਜਿੱਤ ਦੀ ਮਜ਼ਬੂਤ ਨੀਂਹ ਰੱਖੀ।ਡਿਸਟ੍ਰਿਕਟ ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਦੇ ਸਕੱਤਰ ਸੰਨੀ ਮਹਾਜਨ ਨੇ ਟੀਮ ਨੂੰ ਇਸ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ।ਉਨ੍ਹਾਂ ਨੇ ਕਿਹਾ ਕਿ ਇਹ ਜਿੱਤ ਪਠਾਨਕੋਟ ਕ੍ਰਿਕਟ ਲਈ ਮਾਣ ਵਾਲੀ ਗੱਲ ਹੈ।ਸਾਡੀਆਂ ਮਹਿਲਾਂ ਖਿਡਾਰਨਾਂ ਨੇ ਜੋ ਸਮਰਪਣ ਅਤੇ ਟੀਮ ਭਾਵਨਾ ਦਿਖਾਈ ਹੈ, ਉਹ ਪ੍ਰਸ਼ੰਸਾਯੋਗ ਹੈ।ਅਸੀਂ ਮਹਿਲਾ ਕ੍ਰਿਕਟ ਨੂੰ ਉਤਸ਼ਾਹਿਤ ਕਰਨ ਅਤੇ ਸਹਾਇਤਾ ਦੇਣ ਲਈ ਪ੍ਰਤੀਬੱਧ ਹਾਂ ਅਤੇ ਆਉਣ ਵਾਲੇ ਮੈਚਾਂ ਵਿੱਚ ਟੀਮ ਨੂੰ ਨਿਰੰਤਰ ਸਫਲਤਾ ਦੀਆਂ ਸ਼ੁਭਕਾਮਨਾਵਾਂ ਦਿੰਦੇ ਹਾਂ।

# ਸਰਹੱਦੀ ਲੋਕ ਸੇਵਾ ਸਮਿਤੀ ਨੇ ਮਾਧਵ ਨਿਕੇਤਨ ਸਕੂਲ 'ਚ ਕਰਵਾਏ ਖੇਡ ਮੁਕਾਬਲੇ

**ਛੇਹਰਟਾ (ਮਨੋਜ ਕੁਮਾਰ)**- ਸਰਹੱਦੀ ਲੋਕ ਸੇਵਾ ਸਮਿਤੀ ਦੀ ਅੰਮ੍ਰਿਤਸਰ ਇਕਾਈ ਵੱਲੋਂ ਐਤਵਾਰ ਨੂੰ ਮਾਧਵ ਨਿਕੇਤਨ ਸਕੂਲ 'ਚ ਰੌਚਕ ਖੇਡ ਮੁਕਾਬਲੇ ਕਰਵਾਏ ਗਏ। ਇਸ ਮੌਕੇ ਬੀਐੱਸਐੱਫ ਦੇ ਡਿਪਟੀ ਕਮਾਂਡੈਂਟ ਸੰਤੋਸ਼ ਸਿੰਘ ਬਤੌਰ ਮੁੱਖ ਮਹਿਮਾਨ ਪੁੱਜੇ। ਖੇਡ ਮੁਕਾਬਲਿਆਂ ਦਾ ਉਦਘਾਟਨ ਮੁੱਖ ਮਹਿਮਾਨ ਡਿਪਟੀ ਕਮਾਂਡੈਂਟ ਸੰਤੋਸ਼ ਸਿੰਘ, ਸਮਿਤੀ ਦੇ ਸੂਬਾ ਜਨਰਲ ਸਕੱਤਰ ਸੁਮਿਤ ਤੇ ਬਾਰ ਐਸੋਸੀਏਸ਼ਨ ਅੰਮ੍ਰਿਤਸਰ ਦੀ ਕਾਰਜਕਾਰਨੀ ਦੇ ਮੈਂਬਰ ਗਗਨ ਭਾਟੀਆ ਨੇ ਸਾਂਝੇ ਤੌਰ 'ਤੇ ਜੋਤੀ ਪ੍ਰਚੰਡ ਕਰਕੇ ਕੀਤਾ। ਇਸ ਮੌਕੇ ਖਿਡਾਰੀਆਂ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਾਂਡੈਂਟ ਸੰਤੋਸ਼ ਸਿੰਘ ਨੇ ਕਿਹਾ ਕਿ ਖੇਡਾਂ ਸਾਡੇ ਜੀਵਨ ਦਾ ਅਨਿੱਖੜਵਾਂ ਅੰਗ ਹਨ। ਉਨ੍ਹਾਂ ਕਿਹਾ ਕਿ ਸੁਰੱਖਿਆ ਬਲਾਂ ਵਿਚ ਭਰਤੀ ਹੋਣ ਲਈ ਨੌਜਵਾਨਾਂ ਦਾ ਮਾਨਸਿਕ ਤੌਰ 'ਤੇ ਸਿਹਤਮੰਦ ਹੋਣ ਦੇ ਨਾਲ-ਨਾਲ ਸਰੀਰਕ ਤੌਰ 'ਤੇ ਮਜ਼ਬੂਤ ਹੋਣਾ ਵੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਬੀਐੱਸਐੱਫ 'ਚ ਕੌਮਾਂਤਰੀ ਤੇ ਕੌਮੀ ਪੱਧਰ ਦੇ ਖਿਡਾਰੀਆਂ ਤੇ ਖਿਡਾਰਨਾਂ ਦੀ ਸਿੱਧੀ ਭਰਤੀ ਕੀਤੀ ਜਾਂਦੀ ਹੈ। ਬੀਐੱਸਐੱਫ 'ਚ ਮਹਿਲਾਵਾਂ ਵੀ ਹੁਣ ਬਤੌਰ ਅਧਿਕਾਰੀ ਭਰਤੀ ਹੋ ਰਹੀਆਂ ਹਨ। ਉਨ੍ਹਾਂ ਨੌਜਵਾਨਾਂ ਨੂੰ ਪੜ੍ਹ-ਲਿਖ ਤੇ ਚੰਗੇ ਖਿਡਾਰੀ ਬਣ ਕੇ ਬੀਐੱਸਐੱਫ ਵਿਚ ਭਰਤੀ ਹੋਣ ਲਈ ਪ੍ਰੇਰਿਆ। ਇਸ ਮੌਕੇ ਵੱਖ-ਵੱਖ ਤਰ੍ਹਾਂ ਦੀਆਂ ਰੌਚਕ ਖੇਡਾਂ ਕਰਵਾਈਆਂ ਗਈਆਂ। ਡਿਪਟੀ ਕਮਾਂਡੈਂਟ ਸੰਤੋਸ਼ ਸਿੰਘ ਨੇ ਜੇਤੂ ਖਿਡਾਰੀਆਂ ਨੂੰ ਇਨਾਮ ਵੀ ਵੰਡੇ। ਮੰਚ ਸੰਚਾਲਨ ਦੀ ਜ਼ਿੰਮੇਵਾਰੀ ਜ਼ਿਲ੍ਹਾ ਜਨਰਲ ਸਕੱਤਰ ਅਰਵਿੰਦ ਸ਼ਰਮਾ ਨੇ ਨਿਭਾਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੁਮਿਤ ਸ਼ਰਮਾ, ਭਾਨੂੰ ਪ੍ਰਕਾਸ਼ ਤੇ ਰਮਨ (ਦੋਵੇਂ ਜ਼ਿਲ੍ਹਾ ਸਕੱਤਰ) ਅਤੇ ਜ਼ਿਲ੍ਹਾ ਯੁਵਾ ਪ੍ਰਮੁੱਖ ਸ਼ੰਮੀ ਵੀ ਹਾਜ਼ਰ ਸਨ।





# ਖੁਜਾਲਾ ਵਿਖੇ ਗੁ. ਸਾਹਿਬ ਦੀ ਨਵੀਂ ਇਮਾਰਤ ਦਾ ਨੀਂਹ ਪੱਥਰ ਰੱਖਿਆ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਪਿੰਡ ਖੁਜਾਲਾ ਵਿਖੇ ਗੁਰਦੁਆਰਾ ਬਾਬਾ ਬੁੱਧ ਦਾਸ ਜੀ ਵੱਡਾ ਗੁਰਦੁਆਰਾ ਸਾਹਿਬ ਦੀ ਨਵੀਂ ਇਮਾਰਤ ਦਾ ਨੀਂਹ ਪੱਥਰ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਪ੍ਰਧਾਨ ਸੰਤ ਸਮਾਜ ਅਤੇ ਮੁਖੀ ਦਮਦਮੀ ਟਕਸਾਲ ਭਿੰਡਰਾ ਮਹਿਤਾ, ਸੰਤ ਬਾਬਾ ਸੱਜਣ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਾਲੇ, ਬਾਬਾ ਗੁਰਭੇਜ ਸਿੰਘ ਮੁੱਖ ਬੁਲਾਰਾ ਸੰਤ ਸਮਾਜ, ਬਾਬਾ ਸਰਦਾਰਾ ਸਿੰਘ ਮੱਖਣਵਿੰਡੀ ਵਾਲੇ, ਸੰਤ ਬਾਬਾ ਗੁਰਦੀਪ ਸਿੰਘ ਖਜਾਲੇ ਵਾਲੇ, ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਮੁਖੀ ਦਸਮੇਸ਼ ਤਰਨਾ ਦਲ, ਸੰਤ ਬਾਬਾ ਗੁਰਦੇਵ ਸਿੰਘ ਡੇਰਾ ਭਗਤਾ ਤਰਸਿੱਕਾ, ਬਾਬਾ ਮਲਕੀਤ ਸਿੰਘ ਜੱਬੋਵਾਲ ਵਾਲੇ, ਬਾਬਾ ਸ਼ਮਸ਼ੇਰ ਸਿੰਘ ਸੈਦੋਲੇਹਲ ਆਦਿ ਮਹਾਪੁਰਸ਼ਾਂ ਵਲੋਂ ਨੀਂਹ ਪੱਥਰ ਰੱਖਿਆ ਗਿਆ ਜਿਸ ਵਿੱਚ ਸਭ ਤੋਂ ਪਹਿਲਾ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ। ਵੱਡੀ ਤਾਦਾਦ ਵਿੱਚ ਸੰਗਤਾਂ ਨੇ ਹਾਜ਼ਰੀਆਂ ਭਰੀਆਂ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

## ਗੁਰੂ ਨਾਨਕ ਹਸਪਤਾਲ ਵਿਖੇ ਭਗਤ ਪੂਰਨ ਸਿੰਘ ਵਾਰਡ ਵਿੱਚ ਬਰਸੀ ਸਮਾਗਮ ਆਯੋਜਿਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪਿੰਗਲਵਾੜਾ ਸੰਸਥਾ ਦੇ ਬਾਨੀ ਭਗਤ ਪੂਰਨ ਸਿੰਘ ਜੀ ਦੀ 33ਵੀਂ ਬਰਸੀ ਨੂੰ ਸਮਰਪਿਤ ਭਗਤ ਪੂਰਨ ਸਿੰਘ ਵਾਰਡ, ਸ਼੍ਰੀ ਗੁਰੂ ਨਾਨਕ ਦੇਵ ਹਸਪਤਾਲ, ਮਜੀਠਾ ਰੋਡ ਵਿਖੇ ਨਿਤਨੇਮ ਦੀਆਂ ਬਾਣੀਆਂ ਦਾ ਪਾਠ ਕਰਨ ਉਪਰੰਤ ਭੋਗ ਪਾਏ ਗਏ।ਇਹ ਸਾਰਾ ਪ੍ਰੋਗਰਾਮ ਬੀਬੀ ਡਾ. ਇੰਦਰਜੀਤ ਕੌਰ ਅਤੇ ਪਿੰਗਲਵਾੜਾ ਸੰਸਥਾ ਦੇ ਮੈਂਬਰਾਂ ਦੀ ਰਹਿਨੁਮਾਈ ਹੇਠ ਕੀਤਾ ਗਿਆ।ਡਾ. ਇੰਦਰਜੀਤ ਕੌਰ ਨੇ ਸੰਗਤ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਉਪਰੋਕਤ ਵਾਰਡ ਲਾਵਾਰਸ ਮਰੀਜ਼ਾਂ ਦੀ ਸੇਵਾ-ਸੰਭਾਲ ਲਈ ਸਥਾਪਿਤ ਕੀਤੀ ਗਈ ਹੈ।ਹੁਣ ਤੱਕ ਇਸ ਵਾਰਡ ਵਿੱਚ ਤਕਰੀਬਨ 57 ਲਾਵਾਰਸ ਮਰੀਜ਼ ਠੀਕ ਹੋ ਕੇ ਆਪਣੇ ਘਰਾਂ ਨੂੰ ਜਾ ਚੁੱਕੇ ਹਨ।ਪਿੰਗਲਵਾੜਾ ਸੇਵਾਦਾਰ ਬਹੁਤ ਹੀ ਵਧੀਆ ਢੰਗ ਨਾਲ ਮਰੀਜ਼ਾਂ ਦੀ ਦੇਖਭਾਲ ਕਰ ਰਹੇ ਹਨ। ਪਿੰਗਲਵਾੜਾ ਸੇਵਾਦਾਰਾਂ ਤੋਂ ਹਸਪਤਾਲ ਦੇ ਸਟਾਫ ਨੂੰ ਵੀ ਕਾਫ਼ੀ ਕੁਝ ਸਿੱਖਣ ਨੂੰ ਮਿਲ ਰਿਹਾ ਹੈ।ਬੀਬੀ ਡਾ. ਇੰਦਰਜੀਤ ਕੌਰ ਅਤੇ ਮੈਂਬਰਾਂ ਵੱਲੋਂ ਗੁਰੂ ਨਾਨਕ ਦੇਵ ਹਸਪਤਾਲ ਵਿੱਚ ਬੂਟੇ ਵੀ ਲਾਏ ਗਏ।ਇਸ ਮੌਕੇ ਡਾ. ਜਗਦੀਪਕ ਸਿੰਘ ਮੀਤ ਪ੍ਰਧਾਨ ਪਿੰਗਲਵਾੜਾ ਸੋਸਾਇਟੀ, ਮੁਖਤਾਰ ਸਿੰਘ ਗੋਰਾਇਆ ਆਨਰੇਰੀ ਸਕੱਤਰ, ਰਾਜਬੀਰ ਸਿੰਘ ਮੈਂਬਰ ਪਿੰਗਲਵਾੜਾ, ਡਾ. ਇੰਦਰਜੀਤ ਕੌਰ (ਰੇਨੂੰ), ਡਾਕਟਰ ਜਸਬੀਰ ਸਿੰਘ ਮੈਂਬਰ ਸੋਸਾਇਟੀ, ਬੀਬੀ ਸੁਰਿੰਦਰ ਕੌਰ ਭੱਟੀ, ਬੀਬੀ ਰਾਜਵਿੰਦਰ ਕੌਰ ਬਾਜਵਾ ਸਾਬਕਾ ਇੰਸਪੈਕਟਰ, ਯੋਗੇਸ਼ ਸੂਰੀ ਮੁੱਖ ਪ੍ਰਸ਼ਾਸਕ, ਤਿਲਕ ਰਾਜ ਜਨਰਲ ਮੈਨੇਜਰ, ਹਰਪਾਲ ਸਿੰਘ ਸੰਧੂ ਕੇਅਰ ਟੇਕਰ, ਹਰਿੰਦਰਮੋਹਨ ਸਿੰਘ, ਗੁਲਸ਼ਨ ਰੰਜਨ ਮੈਡੀਕਲ ਸੋਸ਼ਲ ਵਰਕਰ, ਦਲਵਿੰਦਰ ਸਿੰਘ, ਜਗਪ੍ਰੀਤ ਸਿੰਘ ਅਤੇ ਇਕਬਾਲ ਸਿੰਘ ਆਦਿ ਹਾਜ਼ਰ ਸਨ।



## ਵਿਦਿਆਰਥੀਆਂ ਨੂੰ ਟਰੈਫਿਕ ਨਿਯਮਾਂ ਸੰਬੰਧੀ ਦਿੱਤੀ ਜਾਣਕਾਰੀ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਚੀਫ਼ ਖਾਲਸਾ ਦੀਵਾਨ ਦੇ ਪ੍ਰਧਾਨ ਸ. ਇੰਦਰਬੀਰ ਸਿੰਘ ਜੀ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਵਿਖੇ ਪ੍ਰਿੰ. ਅਨੁਰੀਤ ਬਾਵਾ ਦੀ ਅਗਵਾਈ ਹੇਠ ਪਰਮਜੀਤ ਸਿੰਘ ਵਿਰਦੀ (ਐੱਸਐੱਚਓ ਥਾਣਾ ਝਬਾਲ) ਵੱਲੋਂ ਨੌਂਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਟਰੈਫਿਕ ਨਿਯਮਾਂ ਸੰਬੰਧੀ ਜਾਣਕਾਰੀ ਦਿੱਤੀ ਗਈ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਟਰੈਫਿਕ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਜਿਸ ਨਾਲ ਅਸੀਂ ਕਈ ਦੁਰਘਟਨਾਵਾਂ ਤੋਂ ਬਚ ਸਕਦੇ ਹਾਂ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਵੀ ਪ੍ਰੇਰਿਤ ਕੀਤਾ।ਇਸ ਮੌਕ ਸਕੂਲ ਦਾ ਸਮੂਹ ਸਟਾਫ ਵੀ ਹਾਜ਼ਰ ਸੀ।

# ਅੱਜ ਦੇ ਟਰੈਕਟਰ ਮਾਰਚ 'ਚ ਪੱਧਰੀ ਕਲਾਂ ਤੋਂ ਕਿਸਾਨ ਵੱਡੀ ਗਿਣਤੀ 'ਚ ਹੋਣਗੇ ਸ਼ਾਮਲ : ਸਤਨਾਮ ਸਿੰਘ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਪਿੰਡ ਪੱਧਰੀ ਕਲਾਂ ਤੋਂ ਵੱਡੀ ਗਿਣਤੀ ਵਿੱਚ ਕਿਸਾਨ 30 ਜੁਲਾਈ ਨੂੰ ਕਿਸਾਨ ਮਾਰਚ ਵਿੱਚ ਸ਼ਾਮਿਲ ਹੋਣਗੇ।ਇਹ ਜਾਣਕਾਰੀ ਜਮਹੂਰੀ ਕਿਸਾਨ ਸਭਾ ਦੀ ਪਿੰਡ ਇਕਾਈ ਦੇ ਪ੍ਰਧਾਨ ਸਤਨਾਮ ਸਿੰਘ ਬਾਬੇਕੇ ਨੇ ਪ੍ਰੈੱਸ ਨੂੰ ਦਿੱਤੀ।ਉਨ੍ਹਾਂ ਕਿਹਾ ਕਿ ਪਲਵਿੰਦਰ ਸਿੰਘ ਦੀ ਪ੍ਰਧਾਨਗੀ 'ਚ ਪਿੰਡ ਇਕਾਈ ਦੀ ਮੀਟਿੰਗ ਹੋਈ ਜਿਸ ਵਿੱਚ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਕਿਸਾਨ ਮਾਰੂ ਨੀਤੀਆਂ ਉਤੇ ਚਰਚਾ ਹੋਈ ਜਿਸ ਵਿੱਚ ਆਗੂਆਂ ਨੇ ਦੱਸਿਆ ਕਿ ਜਿੱਥੇ ਕੇਂਦਰ ਦੀ ਭਾਜਪਾ ਸਰਕਾਰ ਵੱਖ-ਵੱਖ ਨੀਤੀਆਂ ਲਿਆ ਕੇ ਕਿਸਾਨਾਂ ਨੂੰ ਉਜਾੜਨ ਦੇ ਰਾਹ ਤੁਰੀ ਹੋਈ ਹੈ, ਉਥੇ ਪੰਜਾਬ ਸਰਕਾਰ ਨੇ ਨਵੀਂ ਲੈਂਡ ਪੂਲਿੰਗ ਨੀਤੀ ਹੇਠ ਪੰਜਾਬ ਦੇ ਕਿਸਾਨਾਂ ਦੀ 65500 ਏਕੜ ਉਪਜਾਊ ਜ਼ਮੀਨ ਨੂੰ ਜ਼ਬਰੀ ਹਾਸਲ ਕਰਨ ਦੇ ਤੁਗ਼ਲਕੀ ਫਰਮਾਨ ਜਾਰੀ ਕਰ ਦਿੱਤੇ ਹਨ।ਪਹਿਲਾਂ ਹੀ ਪੰਜਾਬ ਦੀ ਜ਼ਮੀਨ ਭਾਰਤ ਮਾਲਾ ਪ੍ਰੋਜੈਕਟ ਤਹਿਤ ਬੇਲੋੜੀਆਂ ਸੜਕਾਂ ਉਸਾਰਨ ਦੇ ਨਾਮ ਹੇਠ ਹਥਿਆਈ ਗਈ ਹੈ।ਉਨ੍ਹਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉਤੇ 30 ਜੁਲਾਈ ਨੂੰ ਕੀਤੇ ਜਾ ਰਹੇ ਟਰੈਕਟਰ ਮਾਰਚ ਵਿੱਚ ਪੱਧਰੀ ਕਲਾਂ ਤੋਂ ਵੱਡੀ ਗਿਣਤੀ ਵਿੱਚ ਕਿਸਾਨ ਸ਼ਾਮਿਲ ਹੋਣਗੇ।



# ਇੰਟਰਨੈਸ਼ਨਲ ਬਾਕਸਿੰਗ ਖਿਡਾਰੀ ਹਰਪ੍ਰੀਤ ਸਿੰਘ ਦਾ ਵਿਸ਼ੇਸ਼ ਸਨਮਾਨ

**ਪੱਟੀ (ਬਲਦੇਵ ਸਿੰਘ ਸੰਧੂ)**- ਸ਼ਹੀਦ ਬਾਬਾ ਦੀਪ ਸਿੰਘ ਸਕੂਲ ਪੱਟੀ ਵਿਖੇ ਲਾਇਨਜ਼ ਐੱਮ. ਐੱਮ. ਏ. ਪੰਜਾਬ ਅਤੇ ਬਾਕਸਿੰਗ ਐਸੋਸੀਏਸ਼ਨ ਪੰਜਾਬ ਵੱਲੋਂ ਕਰਵਾਈ ਜਾ ਰਹੀ ਸਬ ਜੂਨੀਅਰ ਬੁਆਇਜ਼ ਪੰਜਾਬ ਸਟੇਟ ਬਾਕਸਿੰਗ ਚੈਂਪੀਅਨਸ਼ਿਪ 2025 ਦੌਰਾਨ ਇਲਾਕੇ ਦੇ ਮਾਣ ਅਤੇ ਇੰਟਰਨੈਸ਼ਨਲ ਪੱਧਰ 'ਤੇ ਦੇਸ਼ ਦਾ ਨਾਮ ਰੌਸ਼ਨ ਕਰਨ ਵਾਲੇ ਮਸ਼ਹੂਰ ਬਾਕਸਿੰਗ ਖਿਡਾਰੀ ਹਰਪ੍ਰੀਤ ਸਿੰਘ ਕੁੱਲਾ ਨੂੰ ਮਨੁੱਖਤਾ ਦੀ ਸੇਵਾ ਖੁਸ਼ਹਾਲ ਸੁਸਾਇਟੀ ਪੱਟੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਹ ਸਨਮਾਨ ਉਨ੍ਹਾਂ ਨੂੰ ਵਿਦੇਸ਼ੀ ਮੈਦਾਨਾਂ ਵਿਚ ਮੈਡਲ ਜਿੱਤ ਕੇ ਭਾਰਤ ਦਾ ਤਿਰੰਗਾ ਲਹਿਰਾਉਣ ਅਤੇ ਇਲਾਕੇ ਦੇ ਨੌਜਵਾਨਾਂ ਨੂੰ ਬਾਕਸਿੰਗ ਜੋੜਨ ਲਈ ਦਿੱਤਾ ਗਿਆ।ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਮਲਕੀਅਤ ਸਿੰਘ ਬੱਬਲ ਨੇ ਕਿਹਾ ਕਿ ਹਰਪ੍ਰੀਤ ਸਿੰਘ ਨਾ ਸਿਰਫ਼ ਇੰਟਰਨੈਸ਼ਨਲ ਮੈਚਾਂ ਵਿੱਚ ਮੈਡਲ ਜਿੱਤ ਕੇ ਦੇਸ਼ ਦਾ ਨਾਮ ਚਮਕਾ ਰਹੇ ਹਨ, ਸਗੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਜੀਵਨ ਅਤੇ ਖੇਡਾਂ ਵੱਲ ਆਕਰਸ਼ਿਤ ਕਰਨ ਲਈ ਵੀ ਲਗਾਤਾਰ ਯਤਨਸ਼ੀਲ ਹਨ।ਇਸ ਮੌਕੇ ਵਿਕਰਮਜੀਤ ਸਿੰਘ ਜੱਸਾ, ਮਾਸਟਰ ਗੁਰਵਿੰਦਰ ਸਿੰਘ, ਕੇ. ਪੀ. ਗਿੱਲ, ਮਲਕੀਤ ਸਿੰਘ, ਕੋਚ ਅੰਗਰੇਜ਼ ਸਿੰਘ ਦਦੇਹਰ ਸਾਹਿਬ, ਹਰਚਰਨ ਸਿੰਘ ਉਬੋਕੇ ਆਦਿ ਹਾਜ਼ਰ ਸਨ।

# ਨਸ਼ਿਆਂ ਖਿਲਾਫ ਵਿੱਢੀ ਮੁਹਿੰਮ ਤਹਿਤ ਸਰਕਾਰੀ ਹਾਈ ਸਕੂਲ ਨਹਿਰੂ ਗੇਟ ਵਿਖੇ ਲੱਗਾ ਜਾਗਰੂਕਤਾ ਕੈਂਪ

**ਬਟਾਲਾ (ਡਾ. ਮਲਵਿੰਦਰ ਸਿੰਘ)**- ਦਲਵਿੰਦਰਜੀਤ ਸਿੰਘ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀ ਅਗਵਾਈ ਹੇਠ ਜ਼ਿਲ੍ਹੇ ਵਿੱਚ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਗਈ ਹੈ।ਕਮਿਸ਼ਨਰ ਨਗਰ ਨਿਗਮ ਬਟਾਲਾ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਿਕ ਸਰਕਾਰੀ ਹਾਈ ਸਕੂਲ ਨਹਿਰੂ ਗੇਟ ਬਟਾਲਾ ਵਿਖੇ ਜਾਗਰੂਕਤਾ ਕੈਂਪ ਲਗਾਇਆ ਗਿਆ ਜਿਸ ਵਿੱਚ ਨਗਰ ਨਿਗਮ ਬਟਾਲਾ ਦੀ ਯੁੱਧ ਨਸ਼ਿਆਂ ਵਿਰੁੱਧ ਟੀਮ ਵੱਲੋਂ ਸਕੂਲ ਵਿੱਚ ਪਹੁੰਚ ਕੇ ਵਿਦਿਆਰਥੀਆਂ ਅਤੇ ਆਮ ਜਨਤਾ ਨੂੰ ਨਸ਼ਿਆਂ ਨਾਲ ਹੋਣ ਵਾਲੇ ਨੁਕਸਾਨ, ਬਿਮਾਰੀਆਂ ਆਦਿ ਸਬੰਧੀ ਵਿਸਥਾਰਪੂਰਵਕ ਸਮਝਾਇਆ ਗਿਆ।ਪ੍ਰਿੰ. ਹਰਪ੍ਰੀਤ ਕੌਰ ਸੋਹਲ ਅਤੇ ਸਮੂਹ ਸਟਾਫ ਵੱਲੋਂ ਜਾਗਰੂਕਤਾ ਮੁਹਿੰਮ ਨੂੰ ਭਰਵਾਂ ਹੁੰਗਾਰਾ ਦਿੱਤਾ ਗਿਆ ਅਤੇ ਉਨਾਂ ਵੱਲੋਂ ਵਿਦਿਆਰਥੀਆਂ ਅਤੇ ਆਮ ਪਬਲਿਕ ਨੂੰ ਵੱਧ ਚੜ੍ਹ ਕੇ ਪ੍ਰਸ਼ਾਸਨ ਦਾ ਸਾਥ ਦੇਣ ਲਈ ਪ੍ਰੇਰਿਤ ਕੀਤਾ ਗਿਆ।ਅਗਲਾ ਕੈਂਪ 31 ਜੁਲਾਈ ਨੂੰ ਕੋਰਿਗ ਪਬਲਿਕ ਸਕੂਲ ਬਟਾਲਾ ਵਿਖੇ ਲਗਾਇਆ ਜਾਵੇਗਾ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਨੂੰ ਖਤਮ ਕਰਨ ਲਈ ਅੱਗੇ ਆਉਣ ਤੇ ਆਪਣਾ ਸਾਥ ਦੇਣ।ਇਸ ਮੌਕੇ ਸਕੂਲ ਸਟਾਫ ਦੇ ਅਧਿਕਾਰੀ, ਕਰਮਚਾਰੀ ਅਤੇ ਨਗਰ ਨਿਗਮ ਦੇ ਸੁਪਰਡੈਂਟ ਪਲਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਰਾਜਬੀਰ ਡੋਗਰਾ, ਰਾਜਬੀਰ ਕੌਰ, ਧਰਮਜੀਤ ਸਿੰਘ ਅਤੇ ਰਜੇਸ਼ ਮਸੀਹ ਮੌਜੂਦ ਸਨ।



# ਲੈਂਡ ਪੂਲਿੰਗ ਪਾਲਿਸੀ ਰਾਹੀਂ ਕੀਤੀ ਜਾ ਰਹੀ ਕਿਸਾਨਾਂ ਦੀ ਸਰਕਾਰੀ ਲੁੱਟ : ਕਾਮਰੇਡ ਗਿੱਲ

**ਪੱਟੀ (ਬਲਦੇਵ ਸਿੰਘ ਸੰਧੂ)**- ਪੰਜਾਬ ਦੀ ਕੇਜਰੀਵਾਲ-ਭਗਵੰਤ ਮਾਨ ਸਰਕਾਰ ਨੇ ਲੈਂਡ ਪੂਲਿੰਗ ਪਾਲਿਸੀ ਲਿਆ ਕੇ ਆਪਣੇ ਖੁਦ ਲਈ ਆਤਮਘਾਤੀ ਕਦਮ ਚੁੱਕ ਲਿਆ ਹੈ।ਇੰਨਾ ਵੱਡਾ ਕਦਮ ਚੁੱਕਣ ਤੋਂ ਪਹਿਲਾਂ ਸਰਕਾਰ ਨੇ ਕੋਈ ਸਰਵੇ ਨਹੀਂ ਕਰਾਇਆ ਕਿ ਇਸ ਦੇ ਸਮਾਜਿਕ, ਆਰਥਿਕ ਅਤੇ ਸਿਆਸੀ ਪ੍ਰਭਾਵ ਕੀ ਪੈਣਗੇ।ਇਥੋਂ ਤੱਕ ਕਿ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਤੇ ਪਾਰਟੀ ਅਹੁਦੇਦਾਰਾਂ ਨਾਲ ਵੀ ਕੋਈ ਸਲਾਹ ਮਸ਼ਵਰਾ ਨਹੀਂ ਕੀਤਾ ਗਿਆ। ਇਹ ਪਾਲਿਸੀ ਸਿੱਧੀ ਦਿੱਲੀ ਤੋਂ ਤਿਆਰ ਹੋ ਕੇ ਆਈ ਹੈ।ਜਿਹੜੇ ਕਿਸਾਨਾਂ ਨੂੰ ਇਹ ਢੇਰ ਸਾਰੇ ਫਾਇਦੇ ਸਮਝਾ ਰਹੇ ਹਨ ਉਨ੍ਹਾਂ ਦੇ ਸਿਰ ਵਿੱਚ ਵੀ ਚੁੱਪ ਚੁਪੀਤੇ ਨੋਟੀਫਿਕੇਸ਼ਨ ਦਾ ਡੰਡਾ ਕੱਢ ਮਾਰਿਆ ਹੈ।ਇਹ ਪਾਲਿਸੀ ਇੰਨੀ ਬੇਤੁਕੀ ਹੈ ਕਿ ਮਾਲ ਵਿਭਾਗ ਦੇ ਅਧਿਕਾਰੀ, ਆਪ ਦੇ ਵਰਕਰ ਅਤੇ ਲੀਡਰ ਵੀ ਇਸ ਬਾਰੇ ਦੱਸਣ ਲਈ ਪਿੰਡਾਂ ਵਿੱਚ ਜਾਣ ਤੋਂ ਡਰਦੇ ਹਨ।ਲੈਂਡ ਪਾਲਿਸੀ ਰਾਹੀਂ ਸਰਕਾਰ ਸ਼ਹਿਰੀਕਰਨ ਨੂੰ ਉਤਸ਼ਾਹਿਤ ਕਰਨਾ ਚਾਹੁੰਦੀ ਹੈ ਪਰ ਪੰਜਾਬ ਵਿੱਚ ਤੇ ਪਹਿਲਾਂ ਹੀ ਦੇਸ਼ ਦੀ ਔਸਤ 31 ਫੀਸਦੀ ਦੇ ਮੁਕਾਬਲੇ 42 ਫੀਸਦੀ ਸ਼ਹਿਰੀਕਰਨ ਹੋ ਚੁੱਕਾ ਹੈ ਜੋ ਸਾਡੇ ਸੂਬੇ ਲਈ ਮਾੜਾ ਹੈ।ਇਹ ਫੈਸਲਾ ਬੇਲੋੜਾ ਇਸ ਕਰਕੇ ਵੀ ਹੈ ਕਿਉਂਕਿ ਪੰਜਾਬ ਵਿੱਚ ਹਰ ਪਰਿਵਾਰ ਕੋਲ ਆਪਣਾ ਵੱਡਾ ਛੋਟਾ ਘਰ ਜ਼ਰੂਰ ਹੈ। ਜੇ ਕਿਸੇ ਨੇ ਹੋਰ ਖ੍ਰੀਦਣਾ ਵੀ ਹੋਵੇ ਤਾਂ ਸ਼ਹਿਰਾਂ ਵਿੱਚ ਅਨੇਕਾਂ ਸਰਕਾਰੀ ਤੇ ਪ੍ਰਾਈਵੇਟ ਕਲੋਨੀਆਂ ਵਿਹਲੀਆਂ ਪਈਆਂ ਹਨ।ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਕਾਮਰੇਡ ਮਹਾਂਬੀਰ ਸਿੰਘ ਗਿੱਲ ਸੂਬਾ ਵਰਕਿੰਗ ਪ੍ਰਧਾਨ ਕੁੱਲ ਹਿੰਦ ਕਿਸਾਨ ਸਭਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਕਾਮਰੇਡ ਗਿੱਲ ਨੇ ਕਿਹਾ ਕਿ ਜਿਹੜੇ ਪਿੰਡਾਂ ਦੀਆਂ ਜ਼ਮੀਨਾਂ ਦਾ ਨੋਟੀਫਿਕੇਸ਼ਨ ਹੋਇਆ ਹੈ ਉਨ੍ਹਾਂ ਦੀ ਕੀਮਤ ਅੱਜ ਦੋ ਕਰੋੜ ਤੋਂ 10 ਕਰੋੜ ਰੁਪਏ ਇੱਕ ਕਿੱਲੇ ਦੀ ਹੈ ਪਰ ਸਰਕਾਰ ਕਿਸਾਨਾਂ ਨੂੰ ਇਕ ਕਿੱਲੇ ਪਿੱਛੇ ਸਿਰਫ 1200 ਗਜ਼ ਦਾ ਪਲਾਟ ਦੇ ਕੇ ਵਰਚਾ ਰਹੀ ਹੈ ਅਤੇ ਉਸ ਲਈ ਵੀ ਸ਼ਰਤ ਹੈ ਕਿ ਕਲੋਨੀ ਦਾ ਵਿਕਾਸ ਕਰਨ ਲਈ ਕਿਸਾਨਾਂ ਨੂੰ ਇੱਕ ਕਿੱਲੇ ਪਿੱਛੇ ਇੱਕ ਕਰੋੜ ਰੁਪਏ ਦੇਣੇ ਪੈਣਗੇ।ਹੁਣ ਨਾ ਕਿਸਾਨ ਕੋਲ ਉਸਦਾ ਹਿੱਸੇਦਾਰ ਬਣਨ ਲਈ ਕਰੋੜ ਰੁਪਏ ਹੋਣ ਤੇ ਨਾ ਹੀ ਉਸ ਨੂੰ 1200 ਗਜ਼ ਦਾ ਪਲਾਟ ਮਿਲੇ। ਇਸ ਤਰ੍ਹਾਂ ਇਹ ਕਿਸਾਨ ਦੀ ਜ਼ਮੀਨ ਐਕਵਾਇਰ ਨਹੀਂ ਕੀਤੀ ਜਾ ਰਹੀ ਬਲ ਕਿ ਕਿਸਾਨਾਂ ਦੀ ਲੁੱਟੀ ਜਾ ਰਹੀ ਹੈ।ਕਾਮਰੇਡ ਗਿੱਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨੋਟੀਫਿਕੇਸ਼ਨ ਅਨੁਸਾਰ ਕਿਸਾਨ ਨੂੰ ਤਿੰਨ ਸਾਲ ਲਈ ਤੀਹ ਹਜ਼ਾਰ ਰੁਪਏ ਠੇਕਾ ਦਿੱਤਾ ਜਾਵੇਗਾ, ਜ਼ੁਬਾਨੀ ਭਾਵੇਂ ਇੱਕ ਲੱਖ ਰੁਪਏ ਠੇਕਾ ਦੱਸ ਰਹੇ ਹਨ।ਉਨ੍ਹਾਂ ਦੱਸਿਆ ਕਿ 164 ਪਿੰਡਾਂ ਦੇ ਕਿਸਾਨ ਆਪਣੇ ਆਪ ਨੂੰ ਠੱਗੇ ਹੋਏ ਮਹਿਸੂਸ ਕਰ ਰਹੇ ਹਨ ਅਤੇ ਉਹ ਸਰਕਾਰ ਦੇ ਇਸ ਫੈਸਲੇ ਵਿਰੁੱਧ ਵਿੱਚ ਪੂਰੀ ਤਰ੍ਹਾਂ ਡੱਟ ਗਏ ਹਨ।ਉਨ੍ਹਾਂ ਦੱਸਿਆ ਕਿ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਹੇਠ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਵਰਕਰ ਪਿੰਡ ਪਿੰਡ ਜਾ ਕੇ ਕਿਸਾਨਾਂ ਨੂੰ ਇਸ ਪਾਲਿਸੀ ਬਾਰੇ ਸਮਝਾ ਕੇ ਸਰਕਾਰ ਦੇ ਕੂੜ ਪ੍ਰਚਾਰ ਨੂੰ ਖਤਮ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਸਰਕਾਰ ਦੇ ਇਸ ਨਾਦਰਸ਼ਾਹੀ ਹੁਕਮ ਨੂੰ ਰੱਦ ਕਰਵਾਉਣ ਲਈ ਸਾਰਾ ਪੰਜਾਬ ਡੱਟ ਚੁੱਕਾ ਹੈ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਹੇਠ 30 ਜੁਲਾਈ ਨੂੰ ਪ੍ਰਭਾਵਿਤ ਪਿੰਡਾਂ ਦੇ ਵਿੱਚ ਟਰੈਕਟਰ ਮਾਰਚ ਕਰੇਗਾ।

**ਸੰਯੁਕਤ ਕਿਸਾਨ ਮੋਰਚਾ ਡਟਿਆ ਕਿਸਾਨਾਂ ਦੇ ਹੱਕ ਵਿੱਚ**

# ਚੋਰ ਆਟਾ ਚੱਕੀ ਤੋਂ ਕਣਕ ਚੁੱਕ ਕੇ ਫਰਾਰ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਮੁਹੱਲਾ ਧਰਮਪੁਰਾ ਕਾਦੀਆਂ ਵਿੱਚ ਆਟਾ ਚੱਕੀ ਤੋਂ ਦਿਨ-ਦਿਹਾੜੇ ਇੱਕ ਛੋਟੀ ਉਮਰ ਦਾ ਨੌਜਵਾਨ ਕਣਕ ਚੁੱਕ ਕੇ ਫਰਾਰ ਹੋ ਗਿਆ ਅਤੇ ਨਜ਼ਦੀਕ ਲੱਗੇ ਸੀਸੀਟੀਵੀ ਕੈਮਰੇ ਵਿੱਚ ਇਹ ਸਾਰੀ ਘਟਨਾ ਕੈਦ ਹੋ ਗਈ।ਅਗਲੇ ਦਿਨ ਫਿਰ ਚੋਰ ਸਬਜ਼ੀ ਚੋਰੀ ਕਰਕੇ ਲਿਜਾ ਰਿਹਾ ਸੀ। ਇੱਕ ਸਬਜ਼ੀ ਵਿਕਰੇਤਾ ਨੇ ਉਸਨੂੰ ਦੇਖਿਆ ਅਤੇ ਰੋਕਿਆ। ਸਖਤੀ ਨਾਲ ਪੁੱਛਿਆ ਤਾਂ ਉਸ ਨੇ ਦੱਸਿਆ ਕਿ ਮੈਂ ਸਬਜ਼ੀ ਚੋਰੀ ਕੀਤੀ ਹੈ। ਨਸ਼ੇ ਦਾ ਆਦੀ ਹਾਂ।ਚੱਕੀ ਮਾਲਕਾਂ ਨੂੰ ਵੀ ਇਸ ਬਾਰੇ ਪਤਾ ਲੱਗਾ ਤਾਂ ਉਹ ਵੀ ਉਥੇ ਪਹੁੰਚ ਗਏ। ਚੋਰ ਨੂੰ ਫੜ ਕੇ ਚੱਕੀ 'ਤੇ ਲਿਆਂਦਾ ਅਤੇ ਚੋਰ ਦੀ ਜੰਮ ਕੇ ਛਿੱਤਰ ਪਰੇਡ ਕੀਤੀ। ਬਾਅਦ 'ਚ ਚੋਰ ਦੇ ਪਰਿਵਾਰਕ ਮੈਂਬਰ ਆ ਪਹੁੰਚੇ ਅਤੇ ਚੋਰ ਨੇ ਮਾਫੀ ਮੰਗ ਕੇ ਆਪਣੀ ਜਾਨ ਛੁਡਾਈ।ਪਰਿਵਾਰਕ ਮੈਂਬਰਾਂ ਦਾ ਕਹਿਣਾ ਸੀ ਕਿ ਸਾਡਾ ਲੜਕਾ ਨਸ਼ੇ ਦਾ ਆਦੀ ਹੈ ਜਿਸ ਕਾਰਨ ਉਹ ਅਜਿਹੀਆਂ ਘਟਨਾਵਾਂ ਨੂੰ ਅੰਜਾਮ ਦਿੰਦਾ ਹੈ।ਲੋਕਾਂ ਨੇ ਚੋਰ ਨੂੰ ਮੁੜ ਚੋਰੀ ਨਾ ਕਰਨ ਦੀ ਸਖਤ ਤਾੜਨਾ ਕੀਤੀ।

# ਕੱਲੂ ਸੋਹਲ 'ਚ ਕਾਂਗਰਸੀ ਉਮੀਦਵਾਰ ਨੇ ਸਰਪੰਚੀ ਦੀ ਚੋਣ ਜਿੱਤੀ



**ਧਾਰੀਵਾਲ/ਕਾਹਨੂੰਵਾਨ (ਮਨਦੀਪ ਸਿੰਘ ਵਿੱਕੀ)**- ਪੰਜਾਬ ਸਰਕਾਰ ਵੱਲੋਂ ਪੰਜਾਬ ਅੰਦਰ ਕਰਵਾਈਆਂ ਪੰਚਾਂ ਸਰਪੰਚਾਂ ਦੀਆਂ ਕਰਵਾਈਆਂ ਜ਼ਿਮਨੀ ਚੋਣਾਂ ਵਿੱਚ ਵਿਧਾਨ ਸਭਾ ਹਲਕਾ ਕਾਦੀਆਂ ਦੇ ਬਲਾਕ ਕਾਹਨੂੰਵਾਨ ਅਧੀਨ ਪੈਂਦੇ ਪਿੰਡ ਕੱਲੂ ਸੋਹਲ ਵਿੱਚ ਸਰਪੰਚੀ (ਐੱਸ ਸੀ ਰਿਜ਼ਰਵ) ਦੀ ਜ਼ਿਮਨੀ ਚੋਣ ਵਿੱਚ ਹੋਏ ਸਖਤ ਮੁਕਾਬਲੇ ਵਿੱਚ ਵਿਰੋਧੀ ਧਿਰ ਦੇ ਆਗੂ ਤੇ ਹਲਕਾ ਵਿਧਾਇਕ ਪ੍ਰਤਾਪ ਸਿੰਘ ਬਾਜਵਾ ਦੇ ਨਜ਼ਦੀਕੀ ਕਾਂਗਰਸ ਪਾਰਟੀ ਸਬੰਧਿਤ ਉਮੀਦਵਾਰ ਜਨਕ ਪਾਲ ਨੇ ਆਪਣੇ ਵਿਰੋਧੀ ਉਮੀਦਵਾਰ ਜਸਬੀਰ ਸਿੰਘ (ਸੱਤਾਧਾਰੀ ਪਾਰਟੀ ਸਬੰਧਿਤ) ਨੂੰ 46 ਵੋਟਾਂ ਦੇ ਫਰਕ ਨਾਲ ਹਰਾ ਕੇ ਸਰਪੰਚੀ ਦੀ ਚੋਣ ਜਿੱਤੀ ਹੈ। ਪਿੰਡ ਦੀਆਂ ਕੁੱਲ 722 ਵੋਟਾਂ ਵਿੱਚੋਂ 466 ਵੋਟਾਂ ਪੋਲ ਹੋਈਆਂ ਜਿਨ੍ਹਾਂ ਵਿੱਚੋਂ ਕਾਂਗਰਸੀ ਉਮੀਦਵਾਰ ਜਨਕ ਪਾਲ ਨੂੰ 247 ਵੋਟਾਂ ਪਈਆਂ ਅਤੇ ਆਪ ਪਾਰਟੀ ਦੇ ਉਮੀਦਵਾਰ ਨੂੰ 201 ਵੋਟਾਂ ਪਈਆਂ, ਜਦਕਿ 18 ਵੋਟਾਂ ਰੱਦ ਹੋਈਆਂ। ਜੇਤੂ ਸਰਪੰਚ ਜਨਕ ਪਾਲ ਦਾ ਹਾਰ ਪਾ ਕੇ ਸਮਰਥਕਾਂ ਵੱਲੋਂ ਸਨਮਾਨ ਕੀਤਾ ਗਿਆ ਅਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਜੇਤੂ ਸਰਪੰਚ ਨੇ ਸਮੂਹ ਵੋਟਰਾਂ ਅਤੇ ਸਮਰਥਕਾਂ ਦਾ ਧੰਨਵਾਦ ਕੀਤਾ।

## ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਸਫਲਤਾ ਦੇਸ਼ ਦੇ ਹੋਰਨਾਂ ਸੂਬਿਆਂ ਲਈ ਨਸ਼ਾ ਖਾਤਮੇ ਲਈ ਪ੍ਰੇਰਣਾ ਸਰੋਤ ਬਣੇਗੀ : ਧਾਲੀਵਾਲ

**ਅਜਨਾਲਾ, ਚੇਤਨਪੁਰਾ (ਸੁਖਤਿੰਦਰ ਸਿੰਘ ਰਾਜੂ, ਸੁਖਵੰਤ ਚੇਤਨਪੁਰੀ)**- ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਯੁੱਧ ਨਸ਼ਿਆਂ ਵਿਰੁੱਧ ਤਹਿਤ ਪਿੰਡ ਖਤਰਾਏ ਖੁਰਦ, ਖਤਰਾਏ ਕਲਾਂ, ਸਹਿੰਸਰਾ ਕਲਾਂ, ਸਹਿੰਸਰਾ ਪੱਤੀ ਰਾਮਪੁਰਾ ਅਤੇ ਸਹਿੰਸਰਾ ਪੱਤੀ ਸਮੇਤ ਪੰਜ ਪਿੰਡਾਂ 'ਚ ਹੋਈਆਂ ਨਸ਼ਿਆਂ ਮੁਕਤੀ ਯਾਤਰਾਵਾਂ 'ਚ ਸ਼ਮੂਲੀਅਤ ਕਰਕੇ ਭਰਵੀਆਂ ਜਨਤਕ ਜਾਗਰੂਕਤਾ ਰੈਲੀਆਂ ਨੂੰ ਸੰਬੋਧਨ ਕੀਤਾ। ਰੈਲੀਆਂ 'ਚ ਸ਼ਾਮਲ ਅਧਿਕਾਰੀਆਂ ਤੇ ਆਮ ਲੋਕਾਂ ਨੂੰ ਨਸ਼ਾ ਮੁਕਤ ਹੋਣ ਲਈ ਸਮੂਹਿਕ ਹਲਫ ਦਿਵਾਇਆ।ਸ: ਧਾਲੀਵਾਲ ਨੇ ਰੈਲੀਆਂ 'ਚ ਲੋਕਾਂ ਨੂੰ ਮੁਖਾਤਿਬ ਹੁੰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਵੱਲੋਂ ਦ੍ਰਿੜ ਰਾਜਸੀ ਇੱਛਾ ਸ਼ਕਤੀ ਨਾਲ ਸੂਬੇ ਭਰ 'ਚ ਕਰੀਬ 5 ਮਹੀਨਿਆਂ ਤੋਂ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਵਿੱਢੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਪੰਜਾਬ ਵਾਸੀਆਂ ਵੱਲੋਂ ਸਵੀਕਾਰਦੇ ਹੋਏ ਰੰਗਲੇ ਪੰਜਾਬ ਦੀ ਸਿਰਜਣਾ ਨੂੰ ਰਿਕਾਰਡਤੋੜ ਸਫਲਤਾ ਮਿਲੀ ਹੈ।ਸ: ਧਾਲੀਵਾਲ ਨੇ ਦਾਅਵਾ ਕਿ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਵੱਲੋਂ ਨਸ਼ਾ ਤਸਕਰਾਂ ਨੂੰ ਰੰਗੇ ਹੱਥੀਂ ਗ੍ਰਿਫਤਾਰ ਕੀਤੇ ਜਾਣ ਸਮੇਤ ਤਸਕਰਾਂ ਵੱਲੋਂ ਡਰੱਗ ਮਨੀ ਨਾਲ ਬਣਾਈਆਂ ਨਜਾਇਜ਼ ਉਸਾਰੀਆਂ ਨੂੰ ਬੁਲਡੋਜ਼ਰ ਨਾਲ ਤਹਿਸ ਨਹਿਸ ਕਰਦਿਆਂ ਨਿਵੇਕਲੇ ਪੱਧਰ ਤੇ ਚਲਾਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਅਪਾਰ ਸਫਲਤਾ ਵਜੋਂ ਦੇਸ਼ ਦੇ ਹੋਰਨਾਂ ਸੂਬਿਆਂ ਲਈ ਵੀ ਪ੍ਰੇਰਣਾ ਸਰੋਤ ਬਣੇਗੀ।ਇਸ ਮੌਕੇ ਖੁਸ਼ਪਾਲ ਸਿੰਘ ਧਾਲੀਵਾਲ, ਡੀਐੱਸਪੀ ਗੁਰਵਿੰਦਰ ਸਿੰਘ ਔਲਖ, ਬੀਡੀਪੀਓ ਪ੍ਰਗਟ ਸਿੰਘ, ਹਰਜੀਤ ਸਿੰਘ ਸਰਕਾਰੀਆ ਆਦਿ ਮੌਜੂਦ ਸਨ।



## ਬੱਚਿਆਂ ਨੂੰ ਘਰੋਂ ਪਾਣੀ ਲਿਆਉਣ ਵਾਲੀਆਂ ਪਾਣੀ ਦੀਆਂ ਬੋਤਲਾਂ ਵੰਡੀਆਂ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਸਰਕਾਰੀ ਐਲੀਮੈਂਟਰੀ ਸਕੂਲ ਖੈਰਦੀ ਵਿਖੇ ਇਕ ਕਰਵਾਏ ਗਏ ਸਮਾਗਮ ਦੌਰਾਨ ਉਚੇਚੇ ਤੌਰ ਤੇ ਪਹੁੰਚੇ ਕਾਂਗਰਸ ਦੇ ਜ਼ਿਲਾ ਮੀਤ ਪ੍ਰਧਾਨ ਕਰਨਬੀਰ ਸਿੰਘ ਬੁਰਜ ਨੇ ਗਰਮੀ ਦੇ ਸੀਜ਼ਨ ਵਿੱਚ ਛੋਟੇ ਬੱਚਿਆਂ ਨੂੰ ਪਾਣੀ ਪੀਣ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸਕੂਲ ਦੇ ਬੱਚਿਆਂ ਨੂੰ ਪਾਣੀ ਘਰਾਂ ਤੋਂ ਲੈ ਕੇ ਜਾਣ ਵਾਲੀਆਂ ਬੋਤਲਾਂ ਵੰਡੀਆਂ। ਇਸ ਸਮੇਂ ਕਰਨਬੀਰ ਸਿੰਘ ਬੁਰਜ ਨੇ ਕਿਹਾ ਕਿ ਸਰਕਾਰੀ ਸਕੂਲ ਦੇ ਗਰੀਬ ਘਰਾਂ ਦੇ ਬੱਚਿਆਂ ਦੀ ਪਾਣੀ ਪੀਣ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਗਰਮੀ ਦਾ ਮੌਸਮ ਹੋਣ ਕਰਕੇ ਇਹ ਉਪਰਾਲਾ ਕੀਤਾ ਗਿਆ ਹੈ ਜੋ ਬਹੁਤ ਜ਼ਰੂਰੀ ਸੀ। ਇਸ ਸਮੇਂ ਸਕੂਲ ਹੈੱਡ ਟੀਚਰ ਸੀਮਾ ਰਾਣੀ ਅਤੇ ਸਟਾਫ ਨੇ ਜਿਥੇ ਬੱਚਿਆਂ ਦੀਆਂ ਹੋਰ ਮੁਸ਼ਕਲਾਂ ਤੋਂ ਜਾਣੂ ਕਰਵਾਇਆ ਉਥੇ ਕਰਨਬੀਰ ਸਿੰਘ ਬੁਰਜ ਨੂੰ ਸਨਮਾਨਤ ਵੀ ਕੀਤਾ। ਇਸ ਸਮੇਂ ਸਰਪੰਚ ਗੁਰਪਾਲ ਸਿੰਘ ਜਗਤਪੁਰ, ਸਰਪੰਚ ਗੁਰਚਰਨ ਸਿੰਘ ਖੈਰਦੀਨ ਕੇ, ਸਾਬਕਾ ਸਰਪੰਚ ਸੁੱਚਾ ਸਿੰਘ ਖੈਰਦੀਨ ਕੇ, ਜੱਜਬੀਰ ਸਿੰਘ ਜੱਜ, ਬਾਊ ਪਹਿਲਵਾਨ, ਗੁਰਪ੍ਰੀਤ ਸਿੰਘ ਸੋਨੂੰ ਖੈਰਦੀਨ ਕੇ, ਚੇਅਰਮੈਨ ਸਿਮਰਨਜੀਤ ਕੌਰ, ਨਵਨੀਤ ਕੌਰ, ਗੁਰਬਿੰਦਰ ਸਿੰਘ, ਰਾਜਦੀਪ ਸਿੰਘ ਅਤੇ ਕੰਵਲਜੀਤ ਕੌਰ ਹਾਜ਼ਰ ਸਨ।



# ਆਰਐੱਮਪੀ ਡਾਕਟਰਾਂ ਨੇ ਲੋਕਾਂ ਨੂੰ ਵੱਖ-ਵੱਖ ਰੋਗਾਂ ਦੇ ਲੱਛਣ ਤੇ ਉਪਾਅ ਬਾਰੇ ਦਿੱਤੀ ਜਾਣਕਾਰੀ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੇ ਆਰਐੱਮਪੀ ਡਾਕਟਰਾਂ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਡਾ. ਚਮਨ ਲਾਲ ਬਟਾਲਾ ਅਤੇ ਜ਼ਿਲ੍ਹਾ ਜਨਰਲ ਸਕੱਤਰ ਡਾ. ਅਸ਼ੋਕ ਕੁਮਾਰ ਬਟਾਲਾ ਦੀ ਪ੍ਰਧਾਨਗੀ ਹੇਠ ਸਥਾਨਕ ਵੰਡਰ ਹੋਟਲ ਜਲੰਧਰ ਰੋਡ ਬਟਾਲਾ ਵਿਖੇ ਹੋਈ। ਮੀਟਿੰਗ ਵਿੱਚ ਫੋਰਟਿਸ ਐਮਕੋਰਟਸ ਹਸਪਤਾਲ ਅੰਮ੍ਰਿਤਸਰ ਦੇ ਮਾਹਿਰ ਡਾ. ਸੌਰਵ ਸਿੰਗਲਾ ਨੇ ਆਪਣੇ ਮਾਹਿਰ ਡਾਕਟਰਾਂ ਦੀ ਟੀਮ ਸਮੇਤ ਵੱਖ-ਵੱਖ ਰੋਗਾਂ ਬਾਰੇ ਜਾਣਕਾਰੀ ਦਿੱਤੀ। ਡਾਕਟਰ ਸਾਥੀ ਵੱਡੀ ਗਿਣਤੀ ਵਿੱਚ ਪਹੁੰਚੇ। ਅੰਮ੍ਰਿਤਸਰ ਤੋਂ ਆਏ ਵਿਸ਼ੇਸ਼ ਤੌਰ 'ਤੇ ਮਾਹਿਰ ਡਾਕਟਰਾਂ ਦੇ ਵੱਲੋਂ ਵੱਖ-ਵੱਖ ਬਿਮਾਰੀਆਂ ਸਬੰਧੀ ਉਨਾਂ ਦੇ ਲੱਛਣ ਬਾਰੇ ਅਤੇ ਉਨ੍ਹਾਂ ਤੋਂ ਬਚਨ ਦੇ ਉਪਾਅ ਦੱਸੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਵਿੰਦਰ ਸਿੰਘ, ਜਸਬੀਰ ਸਿੰਘ, ਲਖਵਿੰਦਰ ਸਿੰਘ ਸੰਧੂ ਔਲਖ, ਹੀਰਾ ਸਿੰਘ ਅਤਰੀ, ਚਰਨਦਾਸ, ਜੋਗਿੰਦਰ ਸਿੰਘ, ਸਤਨਾਮ ਸਿੰਘ, ਕਸਮੀਰ ਸਿੰਘ, ਰਜੇਸ਼ ਹਾਂਡਾ, ਡਾ. ਗੁਰਦੇਵ ਸਿੰਘ, ਗੁਰਮੁਖ ਸਿੰਘ, ਸਵਿੰਦਰ ਸਿੰਘ, ਸੁਰਿੰਦਰ ਸਿੰਘ, ਹਰਪ੍ਰੀਤ ਸਿੰਘ, ਹਰਜੀਤ ਸਿੰਘ, ਅਮਨਦੀਪ ਵਿਰਕ, ਸ਼ਮਸ਼ੇਰ ਸਿੰਘ, ਗੁਰਪ੍ਰੀਤ ਸਿੰਘ, ਜਸਬੀਰ ਸਿੰਘ, ਬਲਵਿੰਦਰ ਸਿੰਘ, ਜਸਪਾਲ ਸਿੰਘ, ਦਵਿੰਦਰ ਸਿੰਘ, ਰਾਜਕੁਮਾਰ, ਕੁਲਵੰਤ ਸਿੰਘ, ਸੁਖਵਿੰਦਰ ਸਿੰਘ, ਸੁਰਜੀਤ ਸਿੰਘ, ਨਿਰਮਲ ਸਿੰਘ, ਦਿਲਬਾਗ ਸਿੰਘ, ਚਰਨ ਦਾਸ, ਮਨਿੰਦਰ ਸਿੰਘ, ਰਵੀ ਗਿੱਲ, ਮਨਪ੍ਰੀਤ ਸਿੰਘ, ਸਮੇਤ ਜ਼ਿਲ੍ਹੇ ਭਰ ਤੋਂ ਆਏ ਆਰਐੱਮਪੀ ਡਾਕਟਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



# ਆਰ. ਡੀ. ਖੋਸਲਾ ਸਕੂਲ ਦੀ ਅੰਡਰ-19 ਬੈਡਮਿੰਟਨ ਟੀਮ ਨੇ ਸੋਨ ਤਮਗਾ ਜਿੱਤਿਆ

● ਪੰਜ ਵਿਦਿਆਰਥੀਆਂ ਦੀ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਚੋਣ ਹੋਈ

**ਬਟਾਲਾ (ਤਰਲੋਕ ਬੱਗਾ)**- ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਲਈ ਮਾਣ ਵਾਲੀ ਗੱਲ ਹੈ ਕਿ ਅੰਡਰ-19 ਲੜਕਿਆਂ ਦੀ ਬੈਡਮਿੰਟਨ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਅਤੇ ਪੰਜਾਬ ਸਕੂਲ ਜ਼ੋਨਲ ਪੱਧਰ ਦੀਆਂ ਖੇਡਾਂ ਵਿੱਚ ਸੋਨ ਤਗਮਾ ਜਿੱਤਿਆ। ਵੱਖ-ਵੱਖ ਉਮਰ ਸਮੂਹਾਂ ਦੇ ਬੈਡਮਿੰਟਨ ਮੁਕਾਬਲੇ ਵਿੱਚੋਂ ਪੰਜ ਵਿਦਿਆਰਥੀ ਆਰਵ ਗੁਪਤਾ, ਕਾਰਤਿਕ ਛਾਬੜਾ, ਸ਼ਿਵਮ ਭਗਤ, ਅਨੰਨਿਆ ਸ਼ਰਮਾ ਅਤੇ ਹਿਮਾਨੀ ਨੂੰ ਜ਼ਿਲ੍ਹਾ ਪੱਧਰੀ ਮੁਕਾਬਲੇ ਲਈ ਚੁਣਿਆ ਗਿਆ। ਇਨ੍ਹਾਂ ਖਿਡਾਰੀਆਂ ਦੀ ਸਖਤ ਮਿਹਨਤ, ਲਗਨ ਅਤੇ ਵਚਨਬੱਧਤਾ ਨੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਇਸ ਮੁਕਾਬਲੇ ਵਿੱਚ ਸਕੂਲ ਦੇ ਹੋਰ ਵਿਦਿਆਰਥੀਆਂ ਨੇ ਵੀ ਵੱਖ-ਵੱਖ ਉਮਰ ਸਮੂਹਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਅੰਡਰ-19 ਲੜਕੀਆਂ ਦੀ ਬੈਡਮਿੰਟਨ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ ਅਤੇ ਚਾਂਦੀ ਦਾ ਤਗਮਾ ਜਿੱਤਿਆ, 14 ਅਤੇ 17 ਸਾਲ ਦੀ ਉਮਰ ਸਮੂਹ ਦੇ ਲੜਕਿਆਂ ਅਤੇ ਲੜਕੀਆਂ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ ਅਤੇ ਕਾਂਸੀ ਦਾ ਤਗਮਾ ਜਿੱਤਿਆ ਅਤੇ ਆਪਣੀ ਪ੍ਰਤਿਭਾ ਦਾ ਸਬੂਤ ਦਿੱਤਾ। ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਸਾਰੇ ਜੇਤੂਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚ ਰਾਜਬੀਰ ਸਿੰਘ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਪ੍ਰਾਪਤੀ ਨਾ ਸਿਰਫ ਖਿਡਾਰੀਆਂ ਦੀ ਸਖਤ ਮਿਹਨਤ ਦਾ ਨਤੀਜਾ ਹੈ, ਸਗੋਂ ਕੋਚਾਂ ਦੇ ਮਾਰਗਦਰਸ਼ਨ ਅਤੇ ਮਾਪਿਆਂ ਦੇ ਸਹਿਯੋਗ ਦਾ ਵੀ ਨਤੀਜਾ ਹੈ।





# ਘਰ-ਘਰ ਜਾ ਕੇ ਕੱਪੜੇ ਦੇ ਮੁਫਤ ਥੈਲੇ ਵੰਡੇ



**ਬੁਤਾਲਾ (ਨਿਰਮਲ ਸਿੰਘ ਸੰਘਾ)**- ਪਿੰਡ ਬੁਤਾਲਾ ਦੇ ਸੁਹਿਰਦ ਸੱਜਣਾਂ ਵੱਲੋਂ ਘਰ-ਘਰ ਜਾ ਕੇ ਪਲਾਸਟਿਕ ਲਿਫਾਫਿਆਂ ਦੀ ਵਰਤੋਂ ਨੂੰ ਘੱਟ ਕਰਨ ਲਈ ਜਾਗਰੂਕ ਮੁਹਿੰਮ ਦਾ ਆਗਾਜ਼ ਕੀਤਾ ਗਿਆ ਅਤੇ ਫਰੀ ਥੈਲੇ ਵੰਡੇ ਗਏ ਤਾਂ ਜੋ ਬੇਲੋੜੀ ਲਿਫਾਫਿਆਂ ਦੀ ਵਰਤੋਂ ਉਪਰ ਕੰਟਰੋਲ ਕੀਤਾ ਜਾ ਸਕੇ। ਸਰਪੰਚ ਸੁਖਵਿੰਦਰ ਸਿੰਘ ਬੁਤਾਲਾ ਤੇ ਸਮੁੱਚੀ ਟੀਮ ਨੇ ਗੱਲਬਾਤ ਕਰਦਿਆਂ ਕਿਹਾ ਕਿ ਪਿੰਡ ਬੁਤਾਲਾ ਜਲਦ ਹੀ ਕੂੜਾ ਮੁਕਤ, ਗੰਦਗੀ ਮੁਕਤ ਹੋਵੇਗਾ।ਇਸ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ ਅਤੇ ਕੀਤੇ ਜਾਂਦੇ ਰਹਿਣਗੇ।ਇਸ ਮੌਕੇ ਸਰਪੰਚ ਸੁਖਵਿੰਦਰ ਸਿੰਘ ਅਤੇ ਗ੍ਰਾਮ ਪੰਚਾਇਤ ਬੁਤਾਲਾ, ਬਲਵਿੰਦਰ ਸਿੰਘ ਬੱਲ, ਗੁਰਪ੍ਰੀਤ ਸਿੰਘ, ਗੁਰਦਿਤਾਰ ਸਿੰਘ ਬੱਲ, ਸੂਬੇਦਾਰ ਅਮਨਦੀਪ ਸਿੰਘ, ਸੂਬੇਦਾਰ ਨਿਰਵੈਰ ਸਿੰਘ, ਮੈਂਬਰ ਪੰਚਾਇਤ ਬਲਤੇਜ ਸਿੰਘ ਆਦਿ ਹਾਜ਼ਰ ਸਨ।

## ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਸਕੂਲ 'ਚ ਵਾਤਾਵਰਣ ਸੰਭਾਲ ਸੰਬੰਧੀ ਮੁਕਾਬਲੇ ਕਰਵਾਏ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਧਾਰੀਵਾਲ ਵਿਖੇ ਪ੍ਰਿੰ. ਡਾ. ਗਗਨਜੀਤ ਕੌਰ ਦੀ ਅਗਵਾਈ ਹੇਠ ਸਮੁੱਚੇ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਵਣ ਮਹਾਂਉਤਸਵ ਮਨਾਇਆ ਗਿਆ। ਇਸ ਦੌਰਾਨ ਸਕੂਲ ਕੈਂਪਸ ਵਿੱਚ ਸਟਾਫ ਅਤੇ ਵਿਦਿਆਰਥੀਆਂ ਨੇ ਵੱਖ-ਵੱਖ ਕਿਸਮਾਂ ਦੇ ਛਾਂਦਾਰ ਅਤੇ ਫ਼ਲਦਾਰ ਪੌਦੇ ਲਗਾਏ। ਇਸ ਤੋਂ ਇਲਾਵਾ 11ਵੀਂ ਅਤੇ 12ਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਵਿੱਚ ਵਾਤਾਵਰਨ ਸੰਭਾਲ ਸਬੰਧੀ ਵਾਦ ਵਿਵਾਦ ਪ੍ਰਤੀਯੋਗਿਤਾ ਕਰਵਾਈ ਅਤੇ ਛੇਵੀਂ ਤੋਂ ਦਸਵੀਂ ਤੱਕ ਦੇ ਵਿਦਿਆਰਥੀਆਂ ਦੇ ਵਾਤਾਵਰਨ ਸੰਭਾਲ ਸਬੰਧੀ ਇੰਟਰ ਹਾਊਸ ਚਾਰਟ ਮੇਕਿੰਗ ਅਤੇ ਭਾਸ਼ਣ ਪ੍ਰਤੀਯੋਗਤਾ ਦੇ ਮੁਕਾਬਲੇ ਕਰਵਾਏ ਗਏ। ਇਸ ਸਬੰਧੀ ਸਕੂਲ ਪ੍ਰਿੰ. ਡਾ. ਗਗਨਜੀਤ ਕੌਰ ਨੇ ਦੱਸਿਆ ਕਿ ਵਾਤਾਵਰਨ ਸੰਭਾਲ ਸਬੰਧੀ ਵਾਦ ਵਿਵਾਦ ਪ੍ਰਤੀਯੋਗਿਤਾ ਵਿੱਚ ਮਿਹਰ ਮਸੀਹ ਅਤੇ ਗਗਨਪ੍ਰੀਤ ਕੌਰ ਨੇ ਪਹਿਲਾ ਸਥਾਨ, ਵੀਰ ਪ੍ਰਤਾਪ ਸ਼ਰਮਾ ਅਤੇ ਸੁਖਮਨਪ੍ਰੀਤ ਕੌਰ ਨੇ ਦੂਸਰਾ ਸਥਾਨ, ਸੋਨਮਪ੍ਰੀਤ ਕੌਰ ਅਤੇ ਪਾਇਲ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ ਅਤੇ ਕੰਸੋਲੇਸ਼ਨ ਇਨਾਮ ਸੁਖਜੀਤ ਸਿੰਘ ਨੇ ਪ੍ਰਾਪਤ ਕੀਤਾ। ਇਸ ਮੌਕੇ ਛੇਵੀਂ ਤੋਂ ਦਸਵੀਂ ਤੱਕ ਦੇ ਵਿਦਿਆਰਥੀਆਂ ਦੇ ਇੰਟਰ ਹਾਊਸ ਚਾਰਟ ਮੇਕਿੰਗ ਅਤੇ ਭਾਸਣ ਪ੍ਰਤੀ ਯੋਗਤਾ ਦੇ ਮੁਕਾਬਲਿਆਂ ਵਿੱਚ ਬੱਚਿਆਂ ਨੇ ਬੜੇ ਉਤਸ਼ਾਹ ਨਾਲ ਭਾਗ ਲੈ ਕੇ ਆਪਣੇ ਭਾਵਾਂ ਨੂੰ ਬਹੁਤ ਖੂਬਸੂਰਤੀ ਨਾਲ ਬਿਆਨ ਕੀਤਾ। ਇਨ੍ਹਾਂ ਮੁਕਾਬਲਿਆਂ ਵਿੱਚੋਂ ਜੇਤੂ ਵਿਦਿਆਰਥੀਆਂ ਨੂੰ ਪ੍ਰਿੰ. ਡਾ. ਗਗਨਜੀਤ ਕੌਰ ਵੱਲੋਂ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।

# ਸੀਐੱਚਸੀ ਝਬਾਲ ਵਿਖੇ ਵਿਸ਼ਵ ਹੈਪਾਟਾਈਟਸ ਦਿਵਸ ਮਨਾਇਆ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਸਿਵਲ ਸਰਜਨ ਜ਼ਿਲ੍ਹਾ ਤਰਨ ਤਾਰਨ ਡਾ. ਗੁਰਪ੍ਰੀਤ ਸਿੰਘ ਰਾਏ, ਜ਼ਿਲ੍ਹਾ ਟੀਕਾਕਰਣ ਅਫ਼ਸਰ ਡਾ. ਵਰਿੰਦਰਪਾਲ ਕੌਰ ਅਤੇ ਪ੍ਰੋਗਰਾਮ ਅਫ਼ਸਰ ਡਾ. ਰਣਦੀਪ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਾਰਜਕਾਰੀ ਸੀਨੀਅਰ ਮੈਡੀਕਲ ਅਫ਼ਸਰ ਡਾ. ਹਰਪ੍ਰੀਤ ਸਿੰਘ ਦੀ ਯੋਗ ਅਗਵਾਈ ਹੇਠ ਸੀ. ਐੱਚ. ਸੀ. ਝਬਾਲ ਵਿਖੇ ਵਿਸ਼ਵ ਹੈਪਾਟਾਈਟਸ ਦਿਵਸ ਮਨਾਇਆ ਗਿਆ।ਡਾ. ਹਰਪ੍ਰੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਵਿਸ਼ਵ ਹੈਪਾਟਾਈਟਸ ਦਿਵਸ ਹਰ ਸਾਲ 28 ਜੁਲਾਈ ਨੂੰ ਮਨਾਇਆ ਜਾਂਦਾ ਹੈ ਤਾਂ ਜੋ ਲੋਕਾਂ ਨੂੰ ਲਿਵਰ ਦੀ ਇਸ ਗੰਭੀਰ ਬੀਮਾਰੀ ਬਾਰੇ ਜਾਣੂ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ ਹੈਪਾਟਾਈਟਸ ਇੱਕ ਵਾਇਰਲ ਇੰਫੈਕਸ਼ਨ ਹੈ ਜੋ ਲਿਵਰ ਨੂੰ ਪ੍ਰਭਾਵਿਤ ਕਰਦਾ ਹੈ।ਇਸ ਦੀਆਂ ਮੁੱਖ ਤੌਰ 'ਤੇ ਪੰਜ ਕਿਸਮਾਂ ਹੁੰਦੀਆਂ ਹਨ-ਹੈਪਾਟਾਈਟਸ ਏ, ਬੀ, ਸੀ, ਡੀ ਅਤੇ ਈ ਜਿਨ੍ਹਾਂ ਵਿੱਚੋਂ ਬੀ ਅਤੇ ਸੀ ਲੰਬੇ ਸਮੇਂ ਤੱਕ ਚਲਣ ਵਾਲੀਆਂ ਅਤੇ ਜ਼ਿਆਦਾ ਖ਼ਤਰਨਾਕ ਸਮਝੀਆਂ ਜਾਂਦੀਆਂ ਹਨ ਜਿਨ੍ਹਾਂ ਤੋਂ ਬਚਾਅ ਲਈ ਟੀਕਾਕਰਨ ਅਤੇ ਸੁਰੱਖਿਅਤ ਤਰੀਕਿਆਂ ਦੀ ਵਰਤੋਂ ਬਹੁਤ ਜ਼ਰੂਰੀ ਹੈ।ਉਨ੍ਹਾਂ ਦੱਸਿਆ ਕਿ ਇਸਦੇ ਲੱਛਣਾਂ ਵਿੱਚ ਥਕਾਵਟ, ਭੁੱਖ ਨਾ ਲੱਗਣਾ, ਜਿਗਰ ਦਾ ਸੁੱਜਣਾ, ਪੀਲੀਆ, ਬੁਖਾਰ ਅਤੇ ਪੇਟ ਦੀ ਪੀੜ ਸ਼ਾਮਿਲ ਹਨ।ਇਹ ਰੋਗ ਮੁੱਖ ਤੌਰ 'ਤੇ ਸੰਕਰਮਿਤ ਲਹੂ, ਅਸੁਰੱਖਿਅਤ ਇੰਜੈਕਸ਼ਨ, ਗੰਦਗੀ ਵਾਲੇ ਪਾਣੀ ਜਾਂ ਖਾਣੇ, ਸੰਕਰਮਿਤ ਮਾਂ ਤੋਂ ਬੱਚੇ ਨੂੰ ਹੋ ਸਕਦਾ ਹੈ।ਇਸ ਲਈ ਸਾਫ਼-ਸੁਥਰੇ ਪਾਣੀ ਅਤੇ ਪੌਸ਼ਟਿਕ ਭੋਜਨ ਦੀ ਵਰਤੋਂ ਕਰਨੀ ਚਾਹੀਦੀ ਹੈ।ਬਲਾਕ ਐਕਸਟੈਂਸ਼ਨ ਐਜੂਕੇਟਰ ਗੁਰਲਾਲ ਸਿੰਘ ਅਤੇ ਹੈਲਥ ਸੁਪਰਵਾਈਜ਼ਰ ਰਾਮ ਰਸ਼ਪਾਲ ਨੇ ਦੱਸਿਆ ਕਿ ਸੀ. ਐੱਚ. ਸੀ. ਝਬਾਲ ਤੋਂ ਹੈਪਾਟਾਈਟਸ ਦੇ ਸ਼ੱਕੀ ਮਰੀਜ਼ਾਂ ਨੂੰ ਜਿਲ੍ਹਾ ਪੱਧਰੀ ਉਚ ਸਿਹਤ ਸੰਸਥਾਵਾਂ ਵਿੱਚ ਰੈਫਰ ਕੀਤਾ ਜਾਂਦਾ ਹੈ ਜਿੱਥੇ ਕਿ ਉਨ੍ਹਾਂ ਨੂੰ ਮੁਫ਼ਤ ਲਿਵਰ ਫੰਕਸ਼ਨ ਟੈਸਟ ਅਤੇ ਹੈਪਾਟਾਈਟਸ ਬੀ ਤੇ ਸੀ ਦੀ ਸਕ੍ਰੀਨਿੰਗ ਕਰਨ ਉਪਰੰਤ ਪਾਜ਼ੀਟਿਵ ਪਾਏ ਗਏ ਮਰੀਜ਼ਾਂ ਦਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਸਾਨੂੰ ਸਿਹਤ ਸੰਭਾਲ ਦੇ ਵਿਸ਼ੇ ਤੇ ਹਮੇਸ਼ਾ ਸਾਵਧਾਨ ਰਹਿਣ ਅਤੇ ਸੁਚੇਤ ਹੋਣ ਦੀ ਲੋੜ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨੈਤਿਕ ਜ਼ਿੰਮੇਵਾਰੀ ਸਮਝਦਿਆਂ ਆਪਣੇ ਪਰਿਵਾਰ ਅਤੇ ਸਮਾਜ ਵਿੱਚ ਵੀ ਇਸ ਬੀਮਾਰੀ ਬਾਰੇ ਜਾਗਰੂਕਤਾ ਫੈਲਾਉਣ।ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਹਰਪ੍ਰੀਤ ਸਿੰਘ ਦੇ ਨਾਲ ਸੀਐੱਚਸੀ ਝਬਾਲ ਦੇ ਸਮੂਹ ਮੈਡੀਕਲ ਅਤੇ ਪੈਰਾ-ਮੈਡੀਕਲ ਸਟਾਫ ਤੋਂ ਇਲਾਵਾ ਅੰਮ੍ਰਿਤਸਰ ਕਾਲਜ ਆਫ ਨਰਸਿੰਗ ਦੇ ਟ੍ਰੇਨੀ ਵਿਦਿਆਰਥੀ ਅਤੇ ਲੋਕ ਹਾਜ਼ਰ ਸਨ।



# 76ਵੀਆਂ ਜ਼ੋਨਲ ਖੇਡਾਂ ਦੇ ਤੀਸਰੇ ਦਿਨ ਕਰਵਾਏ ਨੈਸ਼ਨਲ ਕਬੱਡੀ ਮੁਕਾਬਲੇ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- 76ਵੀਆਂ ਜ਼ੋਨਲ ਖੇਡਾਂ ਦੇ ਤੀਸਰੇ ਦਿਨ ਪਿੰਡ ਕਾਹਲਵਾਂ ਦੇ ਸਰਕਾਰੀ ਹਾਈ ਸਕੂਲ ਵਿਖੇ ਮੁੱਖ ਅਧਿਆਪਕ ਜਸਪਾਲ ਸਿੰਘ ਦੀ ਰਹਿਨੁਮਾਈ ਹੇਠ ਨੈਸ਼ਨਲ ਕਬੱਡੀ ਮੁਕਾਬਲੇ ਕਰਵਾਏ ਗਏ, ਜਿਸ ਦਾ ਉਦਘਾਟਨ ਬੀਐੱਨਓ ਵਿਜੈ ਕੁਮਾਰ ਨੇ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਜ਼ੋਨਲ ਖੇਡਾਂ ਦੇ ਸਕੱਤਰ ਅਮਰਜੀਤ ਸਿੰਘ, ਵਿੱਤ ਸਕੱਤਰ ਅੰਮ੍ਰਿਤਪਾਲ ਸਿੰਘ, ਨਾਲ ਸਕੂਲ ਮੈਨੇਜਮੈਂਟ ਕਮੇਟੀ ਸਿੱਖਿਆ ਮਾਹਰ ਡਾ. ਰਾਕੇਸ਼ ਕਾਲੀਆ, ਲੈਕਚਰਰ ਰਾਜਵਿੰਦਰ ਕੌਰ, ਮੁੱਖ ਅਧਿਆਪਕ ਜਸਪਾਲ ਸਿੰਘ, ਕਾਹਲਵਾਂ ਦੇ ਸਰਪੰਚ ਦੇ ਪਤੀ ਸੁਖਦੇਵ ਸਿੰਘ, ਐੱਸਐੱਮਸੀ ਕਮੇਟੀ ਚੇਅਰਮੈਨ ਸਰਵਣ ਸਿੰਘ ਆਦਿ ਹਾਜ਼ਰ ਸਨ।ਬੀਐੱਨਓ ਵਿਜੈ ਕੁਮਾਰ ਅਤੇ ਸਕੱਤਰ ਅਮਰਜੀਤ ਸਿੰਘ ਵੱਲੋਂ ਕਬੱਡੀ ਦੇ ਖਿਡਾਰੀਆਂ ਨਾਲ ਮਿਲ ਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ।ਅੰਡਰ -14 ਵਿੱਚ ਸਰਕਾਰੀ ਹਾਈ ਸਕੂਲ ਤਤਲੇ ਪਹਿਲੇ ਸਥਾਨ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੇਖਵਾਂ ਦੂਸਰੇ ਸਥਾਨ, ਸਰਕਾਰੀ ਹਾਈ ਸਕੂਲ ਕਾਹਲਵਾਂ ਤੀਸਰੇ ਸਥਾਨ 'ਤੇ ਰਹੇ।ਅੰਡਰ -17 ਸੀਨੀਅਰ ਸੈਕੰਡਰੀ ਸਕੂਲ ਸੇਖਵਾਂ ਪਹਿਲੇ, ਹਾਈ ਸਕੂਲ ਤਤਲੇ ਦੂਸਰੇ ਸਥਾਨ ਅਤੇ ਸਰਕਾਰੀ ਹਾਈ ਸਕੂਲ ਭਾਮ ਤੀਸਰੇ ਸਥਾਨ ਤੇ ਰਹੇ।ਅੰਡਰ-19 ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੁੱਟਰਕਲਾਂ ਪਹਿਲੇ ਸਥਾਨ 'ਤੇ ਰਹੀ। ਖੇਡਾਂ ਦੇ ਅੰਤ ਵਿੱਚ ਬੀਐੱਨਓ ਵਿਜੈ ਕੁਮਾਰ ਵੱਲੋਂ ਜੇਤੂ ਖਿਡਾਰੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਮੁੱਖ ਅਧਿਆਪਕ ਜਸਪਾਲ ਸਿੰਘ, ਸਕੱਤਰ ਅਮਰਜੀਤ ਸਿੰਘ, ਡਾ. ਰਾਕੇਸ਼ ਕਾਲੀਆ ਅਤੇ ਰਾਜਵਿੰਦਰ ਕੌਰ ਆਦਿ ਹਾਜ਼ਰ ਸਨ।





ਨਵਾਂ ਜ਼ਮਾਨਾ
ਬੁੱਧਵਾਰ, 30 ਜੁਲਾਈ 2025

# ਦੋ ਫੈਸਲੇ

*ਪਿਛਲੇ ਦਿਨੀਂ ਦਿੱਲੀ ਹਾਈ ਕੋਰਟ ਨੇ ਨਰਿੰਦਰ ਮੋਦੀ ਦੀ ਕੇਂਦਰ ਸਰਕਾਰ ਤੇ ਅਲਾਹਾਬਾਦ ਹਾਈ ਕੋਰਟ ਨੇ ਯੋਗੀ ਆਦਿੱਤਿਆ ਨਾਥ ਦੀ ਸਰਕਾਰ ਦੇ ਮੁਸਲਮ ਵਿਰੋਧੀ ਫਿਰਕੂ ਏਜੰਡੇ ਅਤੇ ਨਾਲ ਹੀ ਗੋਦੀਆ ਮੀਡੀਆ ਨੂੰ ਸ਼ੀਸ਼ਾ ਦਿਖਾਉਣ ਵਾਲੇ ਦੋ ਅਹਿਮ ਫੈਸਲੇ ਦਿੱਤੇ। ਯੂ ਪੀ ਦੀ ਯੋਗੀ ਸਰਕਾਰ ਨੇ ਬਹਿਰਾਈਚ ਵਿੱਚ ਗਾਜ਼ੀ ਮੀਆਂ ਨਾਲ ਪ੍ਰਸਿੱਧ ਸਈਅਦ ਸਾਲਾਰ ਮਸੂਦ ਗਾਜ਼ੀ ਦੀ ਦਰਗਾਹ 'ਤੇ ਸਦੀਆਂ ਤੋਂ ਲੱਗਦੇ ਆ ਰਹੇ ਜੇਠ ਮੇਲੇ (ਜਿਹੜਾ 15 ਮਈ ਤੋਂ 15 ਜੂਨ ਤੱਕ ਲੱਗਣਾ ਸੀ) ਨੂੰ ਅਮਨ-ਕਾਨੂੰਨ ਦੀ ਸਥਿਤੀ ਵਿਗੜਨ ਦਾ ਹਵਾਲਾ ਦੇ ਕੇ ਰੋਕ ਦਿੱਤਾ। ਯੋਗੀ ਆਪਣੇ ਜਨਤਕ ਬਿਆਨਾਂ ਵਿੱਚ ਗਾਜ਼ੀ ਮੀਆਂ ਨੂੰ ਹਮਲਾਵਰ ਦੱਸ ਕੇ ਐਲਾਨ ਕਰਦੇ ਰਹੇ ਹਨ ਕਿ ਉਨ੍ਹਾ ਦੀ ਸਰਕਾਰ ਕਿਸੇ ਵੀ ਹਾਲਤ ਵਿੱਚ ਹਮਲਾਵਰ ਦਾ ਗੁਣਗਾਣ ਨਹੀਂ ਹੋਣ ਦੇਵੇਗੀ।*

*ਗਾਜ਼ੀ ਮੀਆਂ ਦੇ ਮੇਲੇ ਖਿਲਾਫ ਰੋਕ ਨੂੰ ਦਰਗਾਹ ਦੀ ਮੈਨੇਜਮੈਂਟ ਕਮੇਟੀ ਤੇ ਹੋਰਨਾਂ ਨੇ ਅਲਾਹਾਬਾਦ ਹਾਈ ਕੋਰਟ ਵਿੱਚ ਚੈਲੰਜ ਕੀਤਾ। ਹਾਈ ਕੋਰਟ ਨੇ 17 ਮਈ ਦੀ ਸੁਣਵਾਈ ਵਿੱਚ ਸਰਕਾਰੀ ਫੈਸਲੇ ਵਿੱਚ ਦਖਲ ਤੋਂ ਇਨਕਾਰ ਕਰ ਦਿੱਤਾ, ਪਰ ਕਿਹਾ ਕਿ ਸੀਮਤ ਗਿਣਤੀ ਵਿੱਚ ਲੋਕ ਮੇਲੇ 'ਚ ਸ਼ਾਮਲ ਹੋ ਸਕਦੇ ਹਨ, ਤਾਂ ਕਿ ਕਿਸੇ ਤਰ੍ਹਾਂ ਦੀ ਭਗਦੜ ਤੋਂ ਬਚਾਅ ਰਹੇ। ਪਿਛਲੇ ਦਿਨੀਂ ਹਾਈ ਕੋਰਟ ਦੀ ਦੋ ਮੈਂਬਰੀ ਡਵੀਜ਼ਨ ਬੈਂਚ ਨੇ ਤਿੰਨ ਪਟੀਸ਼ਨਾਂ ਦਾ ਨਿਬੇੜਾ ਕਰਦਿਆਂ ਸਾਫ ਕੀਤਾ ਕਿ ਅਜਿਹੀਆਂ ਪ੍ਰਥਾਵਾਂ (ਮੇਲੇ), ਜਿਹੜੇ ਅਨਾਦਿ ਕਾਲ ਤੋਂ ਮਾਨਤਾ ਪ੍ਰਾਪਤ ਹਨ, ਰਾਜ ਵੱਲੋਂ ਤੁੱਛ ਆਧਾਰ 'ਤੇ ਰੋਕੀਆਂ ਨਹੀਂ ਜਾ ਸਕਦੀਆਂ, ਖਾਸਕਰ ਜਦ ਉਹ ਸਮਾਜ ਵਿੱਚ ਸੱਭਿਆਚਾਰਕ ਸਦਭਾਵਨਾ ਨੂੰ ਬੜ੍ਹਾਵਾ ਦਿੰਦੀਆਂ ਹੋਣ। ਅਜਿਹੀਆਂ ਪ੍ਰਥਾਵਾਂ ਨੂੰ ਸੰਵਿਧਾਨ ਦੇ ਆਰਟੀਕਲ 25 ਤਹਿਤ ਸੁਰੱਖਿਆ ਹਾਸਲ ਹੈ। ਇਹ ਜਾਣਨਾ ਦਿਲਚਸਪ ਹੋਵੇਗਾ ਕਿ ਇਸ ਮੇਲੇ ਵਿੱਚ ਯੂ ਪੀ ਦੇ ਉਤਰਾਂਚਲ ਤੇ ਹੋਰਨਾਂ ਖੇਤਰਾਂ ਤੋਂ ਲੱਖਾਂ ਲੋਕ ਬਰਾਤਾਂ ਦੀ ਸ਼ਕਲ ਵਿੱਚ ਆਉਂਦੇ ਹਨ ਤੇ ਅੱਜ ਤੱਕ ਇੱਥੇ ਕਿਸੇ ਕਿਸਮ ਦੀ ਗੜਬੜ ਦੀ ਰਿਪੋਰਟ ਨਹੀਂ।*

*ਦੂਜੇ ਮਾਮਲੇ ਵਿੱਚ ਮਾਰਚ 2020 'ਚ ਕੋਰੋਨਾ ਮਹਾਂਮਾਰੀ ਦੀ ਪਹਿਲੀ ਲਹਿਰ ਵਿੱਚ ਲੱਗੇ ਲਾਕਡਾਊਨ ਸਮੇਂ ਤਬਲੀਗੀ ਜਮਾਤ ਦੇ ਇੱਕ ਧਾਰਮਕ ਪ੍ਰੋਗਰਾਮ ਨੂੰ ਕੋਰੋਨਾ ਫੈਲਾਉਣ ਵਾਲਾ ਕਰਾਰ ਦੇ ਕੇ ਖਲਨਾਇਕ ਬਣਾ ਦਿੱਤਾ ਗਿਆ ਸੀ ਅਤੇ ਗੋਦੀ ਮੀਡੀਆ ਨੇ ਇਸ ਦਾ ਖੂਬ ਪ੍ਰਚਾਰ ਕੀਤਾ ਸੀ, ਪਰ ਅਦਾਲਤ ਵਿੱਚ ਕੇਂਦਰ ਸਰਕਾਰ ਦੇ ਹੇਠ ਚੱਲਦੀ ਦਿੱਲੀ ਪੁਲਸ ਦੀਆਂ ਦਲੀਲਾਂ ਭੇੜੀਏ ਦੀਆਂ ਦਲੀਲਾਂ ਵਰਗੀਆਂ ਸਾਬਤ ਹੋਈਆਂ, ਜਿਹੜੀਆਂ ਉਸ ਨੇ ਮੇਮਣੇ ਨੂੰ ਮਾਰ ਕੇ ਖਾ ਜਾਣ ਲਈ ਦਿੱਤੀਆਂ ਸਨ। ਪੁਲਸ ਆਪਣੇ ਫੈਸਲੇ ਦਾ ਬਚਾਅ ਨਹੀਂ ਕਰ ਸਕੀ ਤੇ ਨਾ ਹੀ ਕੋਈ ਅਪਰਾਧ ਸਾਬਤ ਕਰ ਸਕੀ। ਨਤੀਜੇ ਵਜੋਂ ਦਿੱਲੀ ਹਾਈ ਕੋਰਟ ਨੇ ਪ੍ਰੋਗਰਾਮ ਵਿੱਚ ਵਿਦੇਸ਼ਾਂ ਤੋਂ ਆਏ ਨਾਗਰਿਕਾਂ ਨੂੰ ਆਪਣੇ ਘਰਾਂ ਵਿੱਚ ਠਹਿਰਾਉਣ ਦੇ ਦੋਸ਼ ਵਿੱਚ 70 ਭਾਰਤੀਆਂ ਖਿਲਾਫ ਦਰਜ 16 ਐੱਫ ਆਈ ਆਰ ਤੇ ਚਾਰਜਸ਼ੀਟ ਨੂੰ ਰੱਦ ਕਰ ਦਿੱਤਾ। ਦਰਅਸਲ ਮਾਮਲਾ ਮਾਰਚ 2020 ਵਿੱਚ ਕੋਰੋਨਾ ਦੌਰਾਨ ਦਿੱਲੀ ਦੇ ਨਿਜ਼ਾਮੂਦੀਨ ਸਥਿਤ ਮਰਕਜ਼ ਵਿੱਚ ਤਬਲੀਗੀ ਜਮਾਤ ਦੇ ਪ੍ਰੋਗਰਾਮ ਦਾ ਸੀ, ਜਿਸ ਵਿੱਚ ਦੇਸ਼-ਵਿਦੇਸ਼ ਤੋਂ ਇਸ ਦੇ ਮੈਂਬਰ ਸ਼ਾਮਲ ਹੋਏ ਸਨ। ਇਹ ਜਮਾਤ 1927 ਵਿੱਚ ਭਾਰਤ 'ਚ ਹੀ ਸਥਾਪਤ ਇੱਕ ਇਸਲਾਮੀ ਧਾਰਮਕ ਸੰਗਠਨ ਹੈ ਅਤੇ ਇਸ ਦਾ ਉਦੇਸ਼ ਇਸਲਾਮ ਦੀਆਂ ਮੂਲ ਸਿੱਖਿਆਵਾਂ ਦਾ ਪ੍ਰਚਾਰ ਕਰਨਾ ਤੇ ਮੁਸਲਮਾਨਾਂ ਨੂੰ ਧਾਰਮਕ ਆਚਰਨ ਵੱਲ ਵਾਪਸ ਲਿਆਉਣਾ ਹੈ। ਲਾਕਡਾਊਨ ਕਾਰਨ 190 ਵਿਦੇਸ਼ੀ ਤੁਰੰਤ ਵਾਪਸ ਨਹੀਂ ਜਾ ਸਕੇ ਤਾਂ ਦਿੱਲੀ ਦੇ ਕੁਝ ਕਾਰਕੁਨਾਂ ਨੇ ਉਨ੍ਹਾਂ ਨੂੰ ਆਪਣੇ ਘਰਾਂ ਵਿੱਚ ਪਨਾਹ ਦੇ ਦਿੱਤੀ। ਪੁਲਸ ਨੇ ਇਸ ਨੂੰ ਸਰਕਾਰੀ ਦਿਸ਼ਾ-ਨਿਰਦੇਸ਼ਾਂ ਦੀ ਉਲੰਘਣਾ ਕਰਕੇ ਕਈ ਧਾਰਾਵਾਂ ਤਹਿਤ ਕੇਸ ਦਰਜ ਕਰ ਲਏ। ਸਰਕਾਰ ਸਮਰਥਕ ਗੋਦੀ ਮੀਡੀਆ ਨੇ ਫਿਰਕੂ ਏਜੰਡੇ ਨੂੰ ਅੱਗੇ ਕਰਕੇ ਉਨ੍ਹਾਂ ਨੂੰ ਕੋਰੋਨਾ ਫੈਲਾਉਣ ਦਾ ਗੁਨਾਹਗਾਰ ਤੇ ਖਲਨਾਇਕ ਵਜੋਂ ਪੇਸ਼ ਕੀਤਾ।*

*ਅਲਾਹਾਬਾਦ ਤੇ ਦਿੱਲੀ ਹਾਈ ਕੋਰਟਾਂ ਦੇ ਇਨ੍ਹਾਂ ਫੈਸਲਿਆਂ ਤੋਂ ਬਾਅਦ ਇਹ ਦੇਖਣਾ ਹੋਵੇਗਾ ਕਿ ਕੇਂਦਰ ਤੇ ਯੂ ਪੀ ਦੀਆਂ ਸਰਕਾਰਾਂ ਕੁਝ ਸਬਕ ਲੈ ਕੇ ਮੁਸਲਮ ਵਿਰੋਧੀ ਫਿਰਕੂ ਏਜੰਡੇ ਨੂੰ ਲਾਗੂ ਕਰਨ ਤੋਂ ਬਾਜ਼ ਆਉਣਗੀਆਂ?*

# ਕੀ ਕਾਂਗਰਸ ਦੂਜਾ ਆਜ਼ਾਦੀ ਅੰਦੋਲਨ ਲੜੇਗੀ?



ਗੁਰਮੀਤ ਸਿੰਘ ਪਲਾਹੀ

ਰਾਸ਼ਟਰੀ ਪੱਧਰ 'ਤੇ ਸਿਰਫ਼ ਕਾਂਗਰਸ ਪਾਰਟੀ ਹੀ ਹੈ, ਜਿਹੜੀ ਮੌਜੂਦਾ ਭਾਰਤੀ ਜਨਤਾ ਪਾਰਟੀ ਨੂੰ ਚੁਣੌਤੀ ਦੇ ਸਕਦੀ ਹੈ, ਪਰ ਕਾਂਗਰਸ ਨੂੰ ਸਮਝ ਹੀ ਨਹੀਂ ਆ ਰਿਹਾ, ਕਾਫ਼ੀ ਲੰਮੇ ਸਮੇਂ ਤੋਂ ਕਿ ਉਸ ਦੀ ਦੇਸ਼ ਭਰ 'ਚ ਭਾਜਪਾ ਦੀ ਪਿੱਠ ਲਾਉਣ ਲਈ ਰਣਨੀਤੀ ਕੀ ਹੋਵੇ?

ਉਧਰ ਭਾਜਪਾ, ਲਗਾਤਾਰ ਕਾਂਗਰਸ ਅਤੇ ਉਸ ਦੇ ਨੇਤਾਵਾਂ ਨੂੰ ਠਿੱਠ ਕਰਨ ਲਈ ਯਤਨਸ਼ੀਲ ਹੈ। ਉਸ ਦੇ ਨਵੇਂ, ਪੁਰਾਣੇ ਨੇਤਾਵਾਂ ਦਾ ਅਕਸ ਵਿਗਾੜਨ ਲਈ ਉਹ ਹਰ ਹੀਲਾ ਵਰਤ ਰਹੀ ਹੈ। ਨਰੇਂਦਰ ਮੋਦੀ ਨੇ ਨਹਿਰੂ-ਗਾਂਧੀ ਪਰਵਾਰਾਂ ਤੋਂ ਉਹਨਾਂ ਦੀ ਜਾਇਦਾਦ ਖੋਹ ਕੇ ਉਨ੍ਹਾਂ ਨੂੰ ਏਨੀ ਤਕਲੀਫ਼ ਦਿੱਤੀ ਹੈ ਕਿ ਹੁਣ ਉਸ ਪਰਵਾਰ ਤੋਂ ਇਹ ਸਹਿ ਹੀ ਨਹੀਂ ਹੋ ਰਿਹਾ।

ਅਜ਼ਾਦੀ ਦੇ 75 ਵਰ੍ਹਿਆਂ 'ਚ ਨਹਿਰੂ-ਗਾਂਧੀ ਪਰਵਾਰ ਦਾ ਕੋਈ ਨਾ ਕੋਈ ਪਰਵਾਰਕ ਮੈਂਬਰ ਪ੍ਰਧਾਨ ਮੰਤਰੀ ਰਿਹਾ ਹੈ ਜਾਂ ਇਹ ਪਰਵਾਰ ਦੇਸ਼ ਦਾ ਪ੍ਰਧਾਨ ਮੰਤਰੀ ਨਿਯੁਕਤ ਕਰਨ ਲਈ ਜ਼ੁੰਮੇਵਾਰ ਰਿਹਾ ਹੈ। ਸਾਲ 1947 ਤੋਂ 1964 ਤੱਕ ਜਵਾਹਰ ਲਾਲ ਨਹਿਰੂ ਪ੍ਰਧਾਨ ਮੰਤਰੀ ਸਨ। ਫਿਰ ਲਾਲ ਬਹਾਦਰ ਸ਼ਾਸਤਰੀ ਆਏ। ਇੰਦਰਾ ਗਾਂਧੀ 1967 ਤੋਂ 1977 ਤੱਕ ਪ੍ਰਧਾਨ ਮੰਤਰੀ ਬਣੇ।

1980 'ਚ ਇੰਦਰਾ ਗਾਂਧੀ ਫਿਰ ਪ੍ਰਧਾਨ ਮੰਤਰੀ ਵਜੋਂ ਪਰਤੇ। ਸਾਲ 1984 'ਚ ਉਹਨਾ ਦੀ ਹੱਤਿਆ ਕਰ ਦਿੱਤੀ ਗਈ। ਵਾਗਡੋਰ ਫਿਰ ਰਾਜੀਵ ਗਾਂਧੀ ਹੱਥ ਆਈ। ਉਹਨਾ ਦੀ ਹੱਤਿਆ 1992 'ਚ ਹੋਈ। ਸੋਨੀਆ ਗਾਂਧੀ ਤਾਕਤਵਰ ਨੇਤਾ ਵਜੋਂ ਉਭਰੀ। ਉਹਨਾ ਆਪ ਪ੍ਰਧਾਨ ਮੰਤਰੀ ਨਾ ਬਣ ਕੇ ਮੌਕਾ ਨਰਸਿਮਹਾਰਾਓ ਅਤੇ ਮਨਮੋਹਨ ਸਿੰਘ ਨੂੰ ਦਿੱਤਾ। ਫਿਰ ਕਾਂਗਰਸ ਹਾਰੀ ਤੇ ਤਾਕਤ ਨਰੇਂਦਰ ਮੋਦੀ ਹੱਥ ਆਈ, ਜਿਸ ਨੇ 'ਕਾਂਗਰਸ ਮੁਕਤ ਭਾਰਤ' ਬਨਾਉਣ ਦਾ ਟੀਚਾ ਮਿਥਿਆ। ਪਿਛਲੇ ਗਿਆਰਾਂ ਵਰ੍ਹੇ ਦੇਸ਼ ਲਈ 'ਕਾਂਗਰਸੀ ਨੇਤਾਵਾਂ' ਅਨੁਸਾਰ 'ਲੋਕਤੰਤਰ ਦੀ ਹੱਤਿਆ' ਦੇ ਵਰ੍ਹੇ ਹਨ।

ਕਾਂਗਰਸੀ ਨੇਤਾ ਰਾਹੁਲ ਗਾਂਧੀ ਜੋ ਲੋਕ ਸਭਾ 'ਚ ਆਪੋਜ਼ੀਸ਼ਨ ਨੇਤਾ ਹਨ, ਕਹਿ ਰਹੇ ਹਨ ਕਿ ਉਹਨਾ ਨੂੰ ਪਾਰਲੀਮੈਂਟ 'ਚ ਬੋਲਣ ਨਹੀਂ ਦਿੱਤਾ ਜਾ ਰਿਹਾ। ਉਹ ਇਹ ਵੀ ਕਹਿੰਦੇ ਹਨ ਕਿ ਪ੍ਰਧਾਨ ਮੰਤਰੀ ਕਮਜ਼ੋਰ ਪ੍ਰਧਾਨ ਮੰਤਰੀ ਹਨ। ਉਹ ਦੇਸ਼ ਦੇ ਹਿੱਤਾਂ ਦੀ ਰਾਖੀ ਲਈ ਕੁਝ ਨਹੀਂ ਕਰ ਸਕੇ।

ਜਦੋਂ ਵੀ ਦੇਸ਼ ਦੇ ਪਾਰਲੀਮੈਂਟ ਸੈਸ਼ਨ ਸ਼ੁਰੂ ਹੁੰਦੇ ਹਨ। ਆਪੋਜ਼ੀਸ਼ਨ ਵੱਲੋਂ ਖ਼ਾਸ ਕਰਕੇ ਕਾਂਗਰਸ ਵੱਲੋਂ ਸਦਨ ਦਾ ਬਾਈਕਾਟ ਕਰ ਦਿੱਤਾ ਜਾਂਦਾ ਹੈ। ਭਾਜਪਾ ਦੀ ਸਰਕਾਰ, ਜਿਹੜੀ ਪਹਿਲਾਂ ਹੀ ਨਿਤੀਸ਼ ਤੇ ਨਾਇਡੂ ਦੀਆਂ ਫਾਹੁੜੀਆਂ 'ਤੇ ਖੜੀ ਹੈ, ਉਹ ਮਨਮਾਨੀਆਂ ਵਾਲੇ ਬਿੱਲ ਪਾਸ ਕਰਵਾਉਂਦੀ ਹੈ, ਦੇਸ਼ ਉਤੇ ਸ਼ਾਨੋ-ਸ਼ੌਕਤ ਨਾਲ ਰਾਜ ਕਰੀ ਜਾਂਦੀ ਹੈ ਅਤੇ ਆਪੋਜ਼ੀਸ਼ਨ ਨਾ ਸੰਸਦ ਦੇ ਅੰਦਰ ਅਤੇ ਨਾ ਹੀ ਬਾਹਰ ਆਪਣੀ ਗੱਲ ਦੇਸ਼ ਵਾਸੀਆਂ ਤੱਕ ਪਹੁੰਚਾਉਂਦੀ ਹੈ।

ਅੱਜ ਦੇਸ਼ ਦੇ ਲੋਕ ਐਮਰਜੈਂਸੀ ਦੇ ਦਿਨਾਂ ਵਰਗੇ ਹਾਲਾਤ ਦੇਸ਼ 'ਚ ਵੇਖ ਰਹੇ ਹਨ, ਜਿਥੇ ਲੋਕਾਂ ਨੂੰ ਬੋਲਣ ਦੀ ਅਜ਼ਾਦੀ ਨਹੀਂ, ਉਹ ਅਣ-ਐਲਾਨੀ ਐਮਰਜੈਂਸੀ 'ਚੋਂ ਲੰਘ ਰਹੇ ਹਨ। ਭੁੱਖਣ-ਭਾਣੇ, ਬੇਰੁਜ਼ਗਾਰ, ਛੱਤਾਂ ਤੋਂ ਵਿਹੂਣੇ, ਭੈੜੇ ਹਾਲਾਤ ਉਹਨਾਂ ਨੂੰ ਉਪਰਾਮ ਕਰ ਰਹੇ ਹਨ ਅਤੇ ਕਾਂਗਰਸ ਜਿਹੜੀ ਭਲੀ-ਭਾਂਤ ਇਸ ਸਥਿਤੀ ਤੋਂ ਵਾਕਿਫ਼ ਹੈ, ਲੋਕਾਂ ਨੂੰ ਲਾਮਬੰਦ ਕਿਉਂ ਨਹੀਂ ਕਰਦੀ? ਕਿਉਂ ਉਹਨਾ ਹਾਲਤਾਂ 'ਚ ਚੁੱਪ ਕਰਕੇ ਜਾਂ ਸਿਰਫ਼ ਬਿਆਨ ਦੇ ਕੇ ਬੈਠ ਜਾਂਦੀ ਹੈ, ਜਦੋਂ ਕਿ ਉਸ ਨੂੰ ਲੋਕਾਂ ਦੇ ਭੈੜੇ ਹਾਲਾਤ ਨਿਵਰਤ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ।

ਕੀ ਅੱਜ ਹਾਲਾਤ ਉਸ ਤੋਂ ਵੱਖਰੇ ਹਨ, ਜਦੋਂ ਦੇਸ਼ ਭਰ ਦੇ ਨੇਤਾ ਜੈ ਪ੍ਰਕਾਸ਼ ਨਰਾਇਣ, ਬਾਬੂ ਜਗਜੀਵਨ ਰਾਮ, ਸਮਾਜਵਾਦੀ ਨੇਤਾ ਜਾਰਜ ਫਰਨਾਂਡੇਜ਼ ਲੋਕਾਂ ਨੂੰ ਲਾਮਬੰਦ ਕਰਨ ਲਈ ਦੇਸ਼ ਦੇ ਕੋਨੇ-ਕੋਨੇ ਪਹੁੰਚੇ ਸਨ ਅਤੇ ਉਹਨਾਂ ਇੰਦਰਾ ਗਾਂਧੀ ਦਾ 'ਸਥਿਰ ਪ੍ਰਸ਼ਾਸ਼ਨ' ਹਿਲਾ ਮਾਰਿਆ ਸੀ ਤੇ ਲੋਕਾਂ ਨੂੰ ਕੁਝ ਰਾਹਤ ਦਿੱਤੀ ਸੀ। ਗੱਲ ਵੱਖਰੀ ਹੈ ਕਿ ਉਹ ਆਪਣੀਆਂ ਅਸਪੱਸ਼ਟ-ਸਪੱਸ਼ਟ ਨੀਤੀਆਂ ਕਾਰਨ ਅੱਗੇ ਨਹੀਂ ਵਧ ਸਕੇ।

ਕੁਝ ਸਮਾਂ ਪਹਿਲਾਂ ਕਾਂਗਰਸ ਦਾ ਨੌਜਵਾਨ ਨੇਤਾ ਰਾਹੁਲ ਉੱਤਰ ਤੋਂ ਦੱਖਣ, ਪੂਰਬ ਤੋਂ ਪੱਛਮ ਜਨ-ਯਾਤਰਾ 'ਤੇ ਨਿਕਲਿਆ। ਉਸ ਨੇ ਜਾਗਰੂਕਤਾ ਲਹਿਰ ਚਲਾਉਣ ਲਈ ਹੰਭਲਾ ਮਾਰਿਆ। ਇਹ ਹੰਭਲਾ ਲੋਕ ਸਭਾ ਚੋਣਾਂ ਤੋਂ ਪਹਿਲਾਂ ਦਾ ਸੀ। 'ਇੰਡੀਆ'ਗੱਠਜੋੜ ਦੀ ਸਥਾਪਨਾ ਹੋਈ। ਵਿਰੋਧੀ ਧਿਰਾਂ ਨੇ ਇਕਜੁੱਟਤਾ ਵਿਖਾਉਣ ਦਾ ਯਤਨ ਕੀਤਾ। ਕੁਝ ਕਾਮਯਾਬੀ ਵੀ ਮਿਲੀ, ਪਰ ਲੋਕ ਹਿੱਤਾਂ ਨਾਲੋਂ ਸਿਆਸੀ ਧਿਰਾਂ ਦੇ ਸਵਾਰਥੀ ਹਿੱਤ ਭਾਰੂ ਹੋ ਗਏ। 'ਇੰਡੀਆ' ਗੱਠਜੋੜ ਕੁਝ ਪ੍ਰਾਪਤ ਨਾ ਕਰ ਸਕਿਆ 'ਤੇ ਕਾਂਗਰਸ ਵੀ ਮਸਾਂ ਥੋੜ੍ਹਾ ਬਹੁਤਾ ਆਪਣਾ ਅਕਸ ਸੁਧਾਰ ਸਕੀ। ਇੰਜ ਜਿਸ ਗੱਲ ਦੀ ਆਸ ਸੀ ਕਿ ਭਾਜਪਾ ਲਈ ਕਾਂਗਰਸ ਵੱਡੀ ਚੁਣੌਤੀ ਬਣੇਗੀ, ਉਹ ਸਿਆਸੀ ਦੂਰਦਰਸ਼ਤਾ ਅਤੇ ਆਪਸੀ ਅੰਦਰਲੀ ਕਾਟੋ-ਕਲੇਸ਼ ਕਾਰਨ ਵੱਡੀਆਂ ਪ੍ਰਾਪਤੀਆਂ ਨਾ ਕਰ ਸਕੀ। ਕਾਰਨ ਕੀ ਇਹੋ ਹੀ ਹੈ ਗਾਂਧੀ-ਨਹਿਰੂ ਪਰਵਾਰ ਕਾਂਗਰਸ ਨੂੰ ਆਪਣੇ ਹਿੱਤਾਂ ਤੋਂ ਅੱਗੇ ਨਹੀਂ ਵਧਣ ਦੇ ਰਿਹਾ ਜਾਂ ਕਾਰਨ ਕੁਝ ਹੋਰ ਵੀ ਨੇ?

ਮਹਾਰਾਸ਼ਟਰ 'ਚ ਕਾਂਗਰਸ ਦੀ ਹਾਰ ਕੀ ਕਹਿੰਦੀ ਹੈ? ਹਰਿਆਣਾ 'ਚ ਜਿੱਤ ਕਿਨਾਰੇ ਪਹੁੰਚੀ ਕਾਂਗਰਸ ਹਾਰ ਕਿਉਂ ਗਈ? ਪੰਜਾਬ 'ਚ ਕਾਂਗਰਸ ਸਾਰਥਿਕ ਵਿਰੋਧੀ ਧਿਰ ਦਾ ਰੋਲ ਅਦਾ ਕਰਨ 'ਚ ਕਾਮਯਾਬ ਕਿਉਂ ਨਹੀਂ ਹੋ ਰਹੀ। ਸਾਫ਼ ਸਪੱਸ਼ਟ ਜਵਾਬ ਕਾਂਗਰਸ 'ਚ ਫੈਲੀ ਅਨੁਸਾਸ਼ਨਹੀਣਤਾ, ਧੜੇਬਾਜ਼ੀ ਤੇ ਸਮੇਂ-ਸਿਰ ਹਾਈਕਮਾਂਡ ਵੱਲੋਂ ਫ਼ੈਸਲੇ ਨਾ ਲੈਣ 'ਚ ਨਾਕਾਮੀ ਹੈ।

ਦੇਸ਼ 'ਚ ਕਿੱਡੀਆਂ ਵੱਡੀਆਂ ਘਟਨਾਵਾਂ ਵਾਪਰ ਰਹੀਆਂ ਹਨ। ਧਰਮ, ਜਾਤ ਦੇ ਨਾਂਅ 'ਤੇ ਧਰੁਵੀਕਰਨ ਹੋ ਰਿਹਾ ਹੈ। ਕਾਂਗਰਸ ਚੁੱਪ ਹੈ। ਦੇਸ਼ 'ਚ ਨਿੱਜੀਕਰਨ ਹੋ ਰਿਹਾ ਹੈ, ਕਾਂਗਰਸ ਚੁੱਪ ਹੈ। ਦੇਸ਼ ਦੇ ਕੁਦਰਤੀ ਸਾਧਨ ਵੱਡਿਆਂ ਨੂੰ ਸੌਂਪੇ ਜਾ ਰਹੇ ਹਨ, ਕਾਂਗਰਸ ਸੁਸਤ ਤੇ ਚੁੱਪ ਹੈ। ਦੇਸ਼ ਵਿਸ਼ਵ ਪੱਧਰ 'ਤੇ ਆਪਣੀ ਸਾਖ਼ ਗੁਆ ਰਿਹਾ ਹੈ, ਕਾਂਗਰਸ ਦੀ ਚੁੱਪੀ ਰੜਕਦੀ ਹੈ। ਦੇਸ਼ 'ਚ ਸੂਬਿਆਂ ਦੇ ਅਧਿਕਾਰ ਖੋਹੇ ਜਾ ਰਹੇ, ਸੰਵਿਧਾਨ ਨੂੰ ਬਦਲਣ ਜਾਂ ਨਵਾਂ ਸੰਵਿਧਾਨ ਬਣਾਉਣ ਦੀਆਂ ਵਿਉਂਤਾਂ ਘੜੀਆਂ ਜਾ ਰਹੀਆਂ ਹਨ ਤਾਂ ਕਾਂਗਰਸ ਵੱਡੀ ਹਰਕਤ 'ਚ ਕਿਉਂ ਨਹੀਂ ਹੈ? ਕੀ ਸਿਰਫ਼ ਸਦਨ ਦੇ ਬਾਹਰ 'ਲੋਕਤੰਤਰ ਦੀ ਹੱਤਿਆ' ਦੇ ਝੰਡੇ ਲਾ ਕੇ ਪ੍ਰਦਰਸ਼ਨ ਕਰਨ ਨਾਲ 'ਮੋਦੀ ਸ਼ਾਸਨ' ਦਾ ਖ਼ੂਨੀ ਪੰਜਾ ਬੰਦ ਹੋ ਜਾਏਗਾ?

ਬਿਹਾਰ ਵਿੱਚ ਵੋਟਰਾਂ ਦੇ ਸ਼ੁੱਧੀਕਰਨ ਨਾਲ ਜੋ ਖਿਲਵਾੜ ਹੋ ਰਿਹਾ ਹੈ, ਕੀ ਕਾਂਗਰਸ ਉਸ ਨੂੰ ਚੋਣ ਕਮਿਸ਼ਨ ਅੱਗੇ ਰੋਕਣ 'ਚ ਕਾਮਯਾਬ ਹੋਈ ਹੈ ਜਾਂ ਹੋ ਸਕੇਗੀ? ਭਾਜਪਾ ਚੋਣ ਕਮਿਸ਼ਨ ਰਾਹੀਂ ਆਪਣੇ ਵਿਰੋਧੀਆਂ ਦੀਆਂ ਵੋਟਾਂ ਚੁਣ-ਚੁਣ ਕੇ ਬਿਹਾਰ 'ਚੋਂ ਕਟਵਾ ਰਹੀ ਹੈ ਤੇ ਕਾਂਗਰਸੀ ਇਸ ਨੂੰ ਲੋਕਤੰਤਰ ਦੀ ਹੱਤਿਆ ਦਾ ਨਾਂਅ ਦੇ ਕੇ ਵਿਸ਼ਰਾਮ 'ਚ ਹਨ।

ਜਿਸ ਢੰਗ ਨਾਲ ਦੇਸ਼ ਉਤੇ ਰਾਜ ਕਰ ਰਹੀ ਦੁਕੜੀ ਆਪਣੇ ਵਿਰੋਧੀਆਂ ਨੂੰ ਇਕੋ ਝਟਕੇ 'ਚ ਹਲਾਲ ਕਰਨਾ ਜਾਣਦੀ ਹੈ, ਉਸ ਦੀ ਉਦਾਹਰਨ ਦੇਸ਼ ਦੇ ਉਪ ਰਾਸ਼ਟਰਪਤੀ ਜਗਦੀਪ ਧਨਖੜ ਦਾ ਕੁਝ ਘੰਟਿਆਂ 'ਚ ਲਿਆ ਜਾਣ ਵਾਲਾ ਅਸਤੀਫ਼ਾ ਹੈ। ਬਿਨਾਂ ਝਿਜਕ, ਬਿਨਾਂ ਕਿਰਕ ਧਨਖੜ ਅਹੁਦੇ ਤੋਂ ਲਾਹ ਦਿੱਤੇ ਗਏ। ਕੀ ਕਾਂਗਰਸ ਭਾਜਪਾ ਤੋਂ ਕਿਸੇ ਰਿਐਤ ਦੀ ਉਮੀਦ 'ਤੇ ਬੈਠੀ ਹੈ? ਕੀ ਗਾਂਧੀ ਪਰਵਾਰ ਇਸੇ ਗੱਲ 'ਤੇ ਖੁਸ਼ ਹੈ ਕਿ ਕਾਂਗਰਸੀ ਸਰਵੇ-ਸਰਵਾ ਸੋਨੀਆ ਗਾਂਧੀ ਆਪ ਤੇ ਉਸ ਦੇ ਪੁੱਤ, ਧੀ, ਪਾਰਲੀਮੈਂਟ ਦੇ ਮੈਂਬਰ ਹਨ। ਕੀ ਅੱਗੇ ਉਹਨਾਂ ਨੂੰ ਕੋਈ ਝਾਕ ਨਹੀਂ ਹੈ?

ਸਵਾਲ ਤਾਂ ਹੁਣ ਇਹ ਉੱਠਦਾ ਹੈ ਕਿ ਉਹਨਾ ਹਾਲਤਾਂ ਵਿੱਚ ਜਦੋਂ ਹਾਕਮ ਦੇਸ਼ ਦੇ ਸੰਵਿਧਾਨ 'ਚੋਂ ਧਰਮ ਨਿਰਪੱਖ ਅਤੇ ਸਮਾਜਵਾਦੀ ਸ਼ਬਦ ਨੂੰ ਆਰ ਐੱਸ ਐੱਸ ਦੇ ਦਿਸ਼ਾ-ਨਿਰਦੇਸ਼ਾਂ 'ਤੇ ਖ਼ਤਮ ਕਰਨ 'ਤੇ ਤੁਲਿਆ ਹੈ, ਤਾਂ ਕੀ ਕਾਂਗਰਸ ਦੇਸ਼ ਦੇ ਲੋਕਾਂ ਲਈ ਦੂਜਾ ਅਜ਼ਾਦੀ ਅੰਦੋਲਨ ਲੜਨ ਲਈ ਅੱਗੇ ਆਏਗੀ? ਕੀ ਉਹ ਇਸ ਦੇ ਸਮਰੱਥ ਰਹਿ ਗਈ ਹੈ?

ਸਵਾਲ ਤਾਂ ਹੁਣ ਇਹ ਉੱਠਦਾ ਹੈ ਕਿ ਹਾਕਮ ਜਮਾਤਾਂ ਵੱਲੋਂ ਜਦੋਂ ਦੇਸ਼ ਨੂੰ ਨਿੱਜੀਕਰਨ ਵੱਲ ਤੋਰਿਆ ਜਾ ਰਿਹਾ ਹੈ, ਸਾਰੇ ਕੁਦਰਤੀ ਸਾਧਨ ਧਨ ਕੁਬੇਰਾਂ ਹੱਥ ਫੜਾਏ ਜਾ ਰਹੇ ਹਨ, ਦੇਸ਼ ਦੀ ਵਿਦੇਸ਼ ਨੀਤੀ ਜੰਗਬਾਜ਼ਾਂ ਦੇ ਹੱਥ ਹੈ, ਸੁਰੱਖਿਆ ਦੇ ਨਾਅ 'ਤੇ ਜੰਗੀ ਬਜਟ ਵਧਾਇਆ ਜਾ ਰਿਹਾ ਹੈ ਅਤੇ ਗਰੀਬ ਪੱਖੀ ਸਕੀਮਾਂ ਤੋੜੀਆਂ-ਮਰੋੜੀਆਂ ਜਾ ਰਹੀਆਂ ਹਨ, ਤਾਂ ਕੀ ਕਾਂਗਰਸ ਇਹਨਾਂ ਨੀਤੀਆਂ ਵਿਰੁੱਧ ਲਾਮਬੰਦੀ ਕਰੇਗੀ? ਕੀ ਉਹ ਇਸ ਦੇ ਸਮਰੱਥ ਹੈ?

ਲੋਕਾਂ ਦੀ ਛੋਟੀ ਜਿਹੀ ਉਮੀਦ-ਆਸ ਕਾਂਗਰਸ ਪਾਰਟੀ ਤੋਂ ਹੈ। ਉਸ ਕੋਲ ਦੇਸ਼ ਦੀਆਂ ਦੂਜੀਆਂ ਜਮਹੂਰੀ ਧਿਰਾਂ ਨਾਲ ਰਲ ਕੇ ਨਿਰਸਵਾਰਥ ਹੋ ਕੇ ਲੜਨ ਬਿਨਾਂ ਇਹ ਤਹਿ ਕੀਤਿਆਂ ਕਿ ਉਸ ਨੇ ਪ੍ਰਧਾਨ ਮੰਤਰੀ ਦੀ ਕੁਰਸੀ ਹੀ ਹਥਿਆਉਣੀ ਹੈ, ਇਹ ਮੌਕਾ ਹੈ, ਦੇਸ਼ ਨੂੰ ਡਿਕਟੇਟਰਾਨਾ ਹਾਕਮਾਂ ਤੋਂ ਬਚਾਉਣ ਦਾ।

ਸਿਆਸੀ ਧਿਰ ਕਾਂਗਰਸ, ਜਿਸ ਨੇ ਇੱਕ ਸਦੀ ਤੋਂ ਵੀ ਵੱਧ ਸਮਾਂ ਪਹਿਲਾਂ ਦੇਸ਼ ਦੇ ਲੋਕਾਂ 'ਚ ਅਜ਼ਾਦੀ ਦੀ ਅਲਖ ਜਗਾਉਣ ਦਾ ਵੱਡਾ ਕੰਮ ਕੀਤਾ ਸੀ, ਕੀ ਉਹ ਮੁੜ ਆਪਣੀ ਜ਼ੁੰਮੇਵਾਰੀ ਨਿਭਾਏਗੀ? ਕਿਉਂਕਿ ਮੌਜੂਦਾ ਹਾਕਮ ਦੇਸ਼ ਨੂੰ ਕਾਂਗਰਸ ਮੁਕਤ ਤਾਂ ਵੇਖਣਾ ਹੀ ਚਾਹੁੰਦੇ ਹਨ, ਪਰ ਨਾਲ-ਨਾਲ ਉਹ ਉਹਨਾਂ ਆਜ਼ਾਦੀ ਸੰਗਰਾਮੀਆਂ ਦੇ ਸੰਘਰਸ਼ ਅਤੇ ਉਹਨਾਂ ਦੀਆਂ ਕੀਤੀਆਂ ਕੁਰਬਾਨੀਆਂ ਨੂੰ ਦਫ਼ਨ ਕਰਕੇ ਨਵੀਂ ਪੀੜ੍ਹੀ 'ਚ ਪੁਸਤਕਾਂ ਰਾਹੀਂ, ਮੀਡੀਏ ਰਾਹੀਂ ਉਹਨਾ ਅਕ੍ਰਿਤਘਣ ਲੋਕਾਂ ਨੂੰ ਅੱਗੇ ਕਰਕੇ 'ਦੇਸ਼ ਭਗਤ' ਗਰਦਾਨਣ ਦੇ ਰਾਹ ਹੈ, ਜਿਹੜੇ ਸਮੇਂ-ਸਮੇਂ ਦੇਸ਼ ਦੇ ਗੱਦਾਰਾਂ ਦੀ ਲਿਸਟ 'ਚ ਸ਼ਾਮਲ ਰਹੇ ਹਨ। ਕਾਂਗਰਸ ਦੀ ਲੀਡਰਸ਼ਿਪ ਲਈ ਇਹ ਸਮਝਣ ਦਾ ਸਮਾਂ ਹੈ ਕਿ ਕੀ ਪਰਵਾਰਪ੍ਰਸਤੀ ਨਾਲੋਂ ਦੇਸ਼ ਪ੍ਰਸਤੀ ਜ਼ਰੂਰੀ ਹੈ।

**# ਸੰਪਰਕ : 98158-02070**

# ਬੰਬੇ ਹਾਈ ਕੋਰਟ ਵੱਲੋਂ ਗਾਜ਼ਾ ਬਾਰੇ ਪ੍ਰਦਰਸ਼ਨ 'ਤੇ ਰੋਕ ਲਗਾਉਣਾ ਖਤਰਨਾਕ ਸੰਦੇਸ਼



ਡਾ. ਅਰੁਣ ਮਿੱਤਰਾ

ਬੰਬੇ ਹਾਈ ਕੋਰਟ ਦੇ ਬੈਂਚ ਦੁਆਰਾ ਗਾਜ਼ਾ ਦੇ ਵਿੱਚ ਹੋ ਰਹੇ ਕਤਲੇਆਮ ਦੇ ਖ਼ਿਲਾਫ਼ ਪ੍ਰਦਰਸ਼ਨ ਕਰਨ ਦੀ ਇਜਾਜ਼ਤ ਮੰਗਣ ਦੀ ਪਟੀਸ਼ਨ ਨੂੰ ਇਹ ਕਹਿ ਕੇ ਰੱਦ ਕਰਨਾ ਕਿ ਦੇਸ਼ ਭਗਤ ਬਣੋ, ਆਪਣੀ ਗੱਲ ਕਰੋ, ਦੂਜਿਆਂ ਦੀ ਗੱਲ ਕਰਨ ਦੀ ਕੋਈ ਲੋੜ ਨਹੀਂ, ਦੁਖਦਾਈ ਹੀ ਨਹੀਂ, ਬਲਕਿ ਸਾਡੇ ਦੇਸ਼ ਦੀਆਂ ਮੰਨੀਆਂ-ਪ੍ਰਮੰਨੀਆਂ ਨੈਤਿਕਤਾਵਾਂ ਦੇ ਉਲਟ ਹੈ। ਭਾਰਤ ਨੇ ਸਦਾ ਹੀ 'ਵਾਸੁਦੇਵ ਕੁਟੁੰਬਕਮ' ਦੀ ਗੱਲ ਕੀਤੀ ਹੈ, ਜਿਸ ਦਾ ਭਾਵ ਕਿ ਸਾਰਾ ਵਿਸ਼ਵ ਇੱਕ ਪਰਿਵਾਰ ਹੈ ਤੇ ਅਸੀਂ ਸਾਰੀ ਦੁਨੀਆ ਵਿੱਚ ਭਲਾ ਚਾਹੁੰਦੇ ਹਾਂ। ਸਾਡੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਾਸੂਦੇਵ ਕੁਟੁੰਬਕਮ ਦਾ ਹੋਕਾ ਦੇ ਰਹੇ ਹਨ।

ਇਸ ਲਈ ਹਾਈ ਕੋਰਟ ਬੈਂਚ ਦਾ ਫੈਸਲਾ ਬੜੀ ਸੌੜੀ ਮਾਨਸਿਕਤਾ ਦਾ ਪ੍ਰਗਟਾਵਾ ਹੈ, ਇਹ ਨਾ ਕੇਵਲ ਸਾਡੇ ਦੇਸ਼ ਦੀਆਂ ਨੈਤਿਕਤਾਵਾਂ ਦੇ ਉਲਟ ਹੈ, ਬਲਕਿ ਮੁਢਲੀਆਂ ਮਨੁੱਖੀ ਸੋਚਾਂ ਤੇ ਮਨੁੱਖ ਦੇ ਭਲੇ ਦੇ ਵਿਚਾਰ ਦੇ ਵੀ ਉਲਟ ਹੈ।

ਇਹ ਫੈਸਲਾ ਤਾਂ ਸਾਡੇ ਮਹਾਨ ਗ੍ਰੰਥਾਂ, ਮਹਾਂਭਾਰਤ ਜਾਂ ਰਮਾਇਣ ਵਿੱਚ ਦਿੱਤੀ ਗਈ ਸਿੱਖਿਆ ਤੇ ਉਸ ਤੋਂ ਉਪਰੰਤ ਉਤਪੰਨ ਹੋਏ ਵਿਚਾਰਾਂ ਦੇ ਵੀ ਉਲਟ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਨੇ ਸਰਬੱਤ ਦੇ ਭਲੇ ਦੀ ਗੱਲ ਕੀਤੀ। ਸੁਆਮੀ ਵਿਵੇਕਾਨੰਦ ਨੇ ਵੀ ਹਰ ਮਨੁੱਖ ਦੇ ਵਿਕਾਸ ਦੀਆਂ ਗੱਲਾਂ ਕਹੀਆਂ। ਆਧੁਨਿਕ ਭਾਰਤ ਦੀ ਸੋਚ ਵਿੱਚ ਕਿਧਰੇ ਵੀ ਇੰਜ ਨਹੀਂ ਕਿਹਾ ਗਿਆ ਕਿ ਦੂਜਿਆਂ ਬਾਰੇ ਗੱਲ ਨਾ ਕਰੋ, ਬਲਕਿ ਜਦੋਂ ਪਰਮਾਣੂ ਹਥਿਆਰ ਹੀਰੋਸ਼ੀਮਾ ਅਤੇ ਨਾਗਾਸਾਕੀ 'ਤੇ ਸੁੱਟੇ ਗਏ ਤਾਂ ਮਹਾਤਮਾ ਗਾਂਧੀ ਨੇ ਉਸ ਦੀ ਪੁਰਜ਼ੋਰ ਨਿਖੇਧੀ ਕੀਤੀ ਤੇ ਕਿਹਾ ਕਿ ਇਸ ਕਿਸਮ ਦੇ ਹਥਿਆਰਾਂ ਦੀ ਕੋਈ ਜਗ੍ਹਾ ਨਹੀਂ ਹੈ ਤੇ ਇਹਨਾਂ 'ਤੇ ਬਿਲਕੁਲ ਪਾਬੰਦੀ ਹੋਣੀ ਚਾਹੀਦੀ ਹੈ, ਕਿਉਂਕਿ ਇਹ ਮਨੁੱਖ ਜਾਤੀ ਦੇ ਹੀ ਨਹੀਂ, ਬਲਕਿ ਸਮੁੱਚੀ ਜੀਵ ਪ੍ਰਣਾਲੀ ਦੇ ਲਈ ਵਿਨਾਸ਼ਕਾਰੀ ਹਨ। ਉਹਨਾਂ ਤਾਂ ਅਹਿੰਸਾ ਦੀ ਗੱਲ ਕੀਤੀ ਤੇ ਹਿੰਸਾ ਨੂੰ ਕਿਸੇ ਵੀ ਰੂਪ ਵਿੱਚ ਨਕਾਰਿਆ। ਅਮਰ ਸ਼ਹੀਦ ਭਗਤ ਸਿੰਘ ਨੇ ਵੀ ਵਿਸ਼ਵ-ਵਿਆਪੀ ਮਿਲਵਰਤਣ ਦੀ ਗੱਲ ਕੀਤੀ।

ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਨੇ ਦੁਨੀਆ ਦੇ ਵਿੱਚ ਹੋਰ ਪ੍ਰਗਤੀਸ਼ੀਲ ਆਗੂਆਂ ਨਾਲ ਮਿਲ ਕੇ ਜਿਨ੍ਹਾਂ ਵਿੱਚ ਮਿਸਰ ਦੇ ਜਮਾਲ ਅਬਦੁਲ ਨਾਸਰ ਤੇ ਯੂਗੋਸਲਾਵੀਆ ਦੇ ਮਾਰਸ਼ਲ ਟੀਟੋ ਸ਼ਾਮਿਲ ਸਨ, ਗੁੱਟ ਨਿਰਲੇਪ ਲਹਿਰ ਦੀ ਸਥਾਪਨਾ ਕੀਤੀ, ਜਿਸ ਦਾ ਮਕਸਦ ਹੀ ਵਿਸ਼ਵ ਸ਼ਾਂਤੀ ਲਿਆਉਣਾ ਸੀ ਤੇ ਕਿਸੇ ਕਿਸਮ ਦੇ ਸੈਨਿਕ ਗਠਜੋੜਾਂ ਦੇ ਵਿਰੁੱਧ ਸੀ। ਭਾਵ ਇਹ ਕਿ ਜਵਾਹਰ ਲਾਲ ਨਹਿਰੂ ਨੇ ਵਿਕਾਸਸ਼ੀਲ ਦੇਸ਼ਾਂ ਦੇ ਨਾਲ ਖੜੇ ਹੋਣ ਦੀ ਗੱਲ ਕੀਤੀ ਤੇ ਆਪਸੀ ਸਹਿਯੋਗ 'ਤੇ ਬਲ ਦਿੱਤਾ। ਫਲਸਤੀਨ ਬਾਰੇ ਸਾਡੇ ਦੇਸ਼ ਵੱਲੋਂ ਉਹਨਾਂ ਦੇ ਹੱਕਾਂ ਦੀ ਰਾਖੀ ਲਈ ਗੱਲ ਉਸ ਵੇਲੇ ਤੋਂ ਕੀਤੀ ਜਾ ਰਹੀ ਹੈ।

ਇਹ ਬੜੀ ਦੁਖਦਾਈ ਗੱਲ ਹੈ ਕਿ ਸੰਵਿਧਾਨ ਵਿੱਚ ਦਰਜ ਵਿਚਾਰਾਂ ਨੂੰ ਪ੍ਰਗਟ ਕਰਨ ਦੀ ਆਜ਼ਾਦੀ ਨੂੰ ਨਕਾਰ ਕੇ ਬੰਬੇ ਹਾਈ ਕੋਰਟ ਨੇ ਇੰਜ ਦੀ ਟਿੱਪਣੀ ਕੀਤੀ ਹੈ।ਇਸ ਦੇ ਨਾਲ ਨਿਆਂ ਪਾਲਿਕਾ ਦੇ ਉੱਪਰ ਪਹਿਲਾਂ ਤੋਂ ਹੀ ਕਮਜ਼ੋਰ ਹੋਇਆ ਲੋਕਾਂ ਦਾ ਵਿਸ਼ਵਾਸ ਹੋਰ ਵੀ ਨੀਵਾਂ ਹੋਏਗਾ। ਇਹ ਦੇਸ਼ ਜਾਂ ਸਮਾਜ ਦੇ ਲਈ ਆਉਣ ਵਾਲੇ ਸਮੇਂ ਵਿੱਚ ਬਹੁਤ ਨਾਂਹ-ਪੱਖੀ ਹੋਏਗਾ।

ਇੰਜ ਜਾਪਦਾ ਹੈ ਕਿ ਇਹ ਫੈਸਲਾ ਦੇਣ ਵਾਲੇ ਜੱਜ ਜਾਂ ਤਾਂ ਕਿਸੇ ਵਿਸ਼ੇਸ਼ ਕਿਸਮ ਦੀ ਵਿਚਾਰਧਾਰਾ ਨਾਲ ਪ੍ਰੇਰਿਤ ਹਨ ਜਾਂ ਫਿਰ ਕਿਸੇ ਦਬਾਅ ਦੇ ਹੇਠ ਕੰਮ ਕਰ ਰਹੇ ਹਨ। ਦੋਨੋਂ ਹੀ ਸਥਿਤੀਆਂ ਸਾਡੇ ਦੇਸ਼ ਦੇ ਸਮਾਜ ਲਈ ਬਹੁਤ ਮੰਦਭਾਗੀਆਂ ਹਨ। ਸਾਡੇ ਦੇਸ਼ ਵਿੱਚ ਨਿਆਂ ਪਾਲਿਕਾ ਇੱਕ ਆਜ਼ਾਦ ਖੁਦਮੁਖਤਾਰ ਸੰਸਥਾ ਵੱਲੋਂ ਕੰਮ ਕਰਦੀ ਰਹੀ ਹੈ। ਇਸ ਵੱਲੋਂ ਇੰਦਰਾ ਗਾਂਧੀ ਵਰਗੀ ਸ਼ਕਤੀਸ਼ਾਲੀ ਪ੍ਰਧਾਨ ਮੰਤਰੀ ਦੇ ਖ਼ਿਲਾਫ਼ ਵੀ ਫੈਸਲੇ ਦਿੱਤੇ ਗਏ ਹਨ, ਪਰ ਹਾਈ ਕੋਰਟ ਦਾ ਫੈਸਲਾ ਮਜ਼ਲੂਮ ਬੇਸਹਾਰਾ ਬੱਚਿਆਂ ਦੇ ਕਤਲੇਆਮ ਤੇ ਉਹਨਾਂ ਨੂੰ ਭੁੱਖਮਰੀ ਵੱਲ ਧੱਕਣ ਅਤੇ ਭੁੱਖਮਰੀ ਨੂੰ ਇੱਕ ਹਥਿਆਰ ਦੇ ਵਜੋਂ ਵਰਤਣ ਨੂੰ ਸਮਰਥਨ ਦੇਣ ਦੇ ਬਰਾਬਰ ਹੈ। ਇਸ ਲਈ ਸੁਪਰੀਮ ਕੋਰਟ ਨੂੰ ਚਾਹੀਦਾ ਹੈ ਕਿ ਉਹ ਆਪਣੇ-ਆਪ ਹੀ ਇਸ ਫੈਸਲੇ ਦਾ ਸੰਗਿਆਨ ਲਵੇ ਅਤੇ ਕਾਨੂੰਨ, ਭਾਰਤੀ ਸੰਵਿਧਾਨ ਤੇ ਮਨੁੱਖਤਾ ਦੇ ਹਿਸਾਬ ਨਾਲ ਇਸ ਫੈਸਲੇ ਨੂੰ ਰੱਦ ਕਰਕੇ ਆਪਣੇ ਵਿਚਾਰ ਦੇਵੇ, ਨਹੀਂ ਤਾਂ ਇਸ ਕਿਸਮ ਦੇ ਫੈਸਲੇ ਸਮਾਜ ਵਿੱਚ ਹਿੰਸਾ ਦੀ ਸੋਚ ਨੂੰ ਵਧਾਉਣਗੇ, ਉਸ ਨੂੰ ਸਹੀ ਠਹਿਰਾਉਣਗੇ ਅਤੇ ਦੂਸਰਿਆਂ ਉਪਰ ਹੁੰਦੀ ਹਿੰਸਾ ਨੂੰ ਦੇਖ ਕੇ ਇਸ ਦਾ ਵਿਰੋਧ ਕਰਨ ਦੀ ਬਜਾਏ ਮੂੰਹ ਵੱਟ ਲੈਣ ਦੀ ਸੋਚ ਪੈਦਾ ਕਰਨਗੇ। ਇਸ ਦਾ ਅਸਰ ਦੇਸ਼ ਤੇ ਸਮਾਜ ਵਿੱਚ ਸਦਭਾਵਨਾ ਲਿਆਉਣ ਦੀਆਂ ਕੋਸ਼ਿਸ਼ਾਂ ਨੂੰ ਪ੍ਰਭਾਵਤ ਕਰੇਗਾ।

ਇਹ ਬੜਾ ਚਿੰਤਾ ਦਾ ਵਿਸ਼ਾ ਹੈ ਕਿ ਦੇਸ਼ ਵਿੱਚ ਘੱਟ ਗਿਣਤੀਆਂ, ਦਲਿਤਾਂ, ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਤੇ ਇਸਤਰੀਆਂ ਵਿਰੁੱਧ ਹਿੰਸਾ ਵਿੱਚ ਵਾਧਾ ਹੋ ਰਿਹਾ ਹੈ। ਇਸ ਹਿੰਸਾ ਨੂੰ ਸਮਾਜਿਕ ਤੇ ਰਾਜਨੀਤਕ ਤੌਰ 'ਤੇ ਆਵਾਜ਼ ਚੁੱਕ ਕੇ ਤੇ ਅੰਦੋਲਨ ਕਰਕੇ ਹੀ ਘਟਾਇਆ ਜਾ ਸਕਦਾ ਹੈ। ਦੁਨੀਆ ਵਿੱਚ ਅਨੇਕਾਂ ਥਾਵਾਂ 'ਤੇ ਯੁੱਧ ਚੱਲ ਰਹੇ ਹਨ, ਜਿਨ੍ਹਾਂ ਵਿੱਚ ਲੱਖਾਂ ਲੋਕ ਮਾਰੇ ਜਾ ਰਹੇ ਹਨ, ਦੇ ਬਾਰੇ ਆਵਾਜ਼ ਬੁਲੰਦ ਕਰਨਾ ਸਾਡਾ ਇਨਸਾਨੀ ਤੇ ਇਖ਼ਲਾਕੀ ਫ਼ਰਜ਼ ਹੈ। ਦੁਨੀਆ ਦੇ ਅਨੇਕਾਂ ਹਿੱਸਿਆਂ ਵਿੱਚ ਜੰਗਾਂ ਦੇ ਖ਼ਿਲਾਫ਼ ਖਾਸ ਤੌਰ 'ਤੇ ਗਾਜ਼ਾ ਵਿੱਚ ਹੋ ਰਹੀ ਨਸਲਕੁਸ਼ੀ ਦੇ ਖਿਲਾਫ ਵੱਡੇ-ਵੱਡੇ ਪ੍ਰਦਰਸ਼ਨ ਹੋ ਰਹੇ ਹਨ। ਇਹ ਸਾਰੇ ਪ੍ਰਦਰਸ਼ਨਕਾਰੀ ਦੇਸ਼-ਧਰੋਹੀ ਨਹੀਂ ਹਨ। ਦੇਸ਼ ਭਗਤੀ ਦਾ ਮਤਲਬ ਦੂਜਿਆਂ 'ਤੇ ਹੋ ਰਹੀਆਂ ਜ਼ਿਆਦਤੀਆਂ ਦੇ ਬਾਰੇ ਚੁੱਪ ਰਹਿਣਾ ਨਹੀਂ। ਦੇਸ਼ ਭਗਤੀ ਅੰਧ-ਰਾਸ਼ਟਰਵਾਦ ਨਹੀਂ ਹੁੰਦੀ, ਇਹ ਦੇਸ਼ ਅਤੇ ਇਸ ਦੇ ਲੋਕਾਂ ਦੀ ਭਲਾਈ ਅਤੇ ਤਰੱਕੀ ਲਈ ਸੋਚ-ਸਮਝ ਕੇ ਕੀਤਾ ਗਿਆ ਨੈਤਿਕ ਵਚਨਬੱਧਤਾ ਵਾਲਾ ਸੰਕਲਪ ਹੁੰਦਾ ਹੈ। ਇਸ ਵਿੱਚ ਦੂਜਿਆਂ ਪ੍ਰਤੀ ਸੰਵੇਦਨਸ਼ੀਲਤਾ ਵੀ ਸ਼ਾਮਿਲ ਹੈ।

**# ਸੰਪਰਕ : 94170-00360**

# ਦੁਨੀਆ ਲਈ ਖਲਨਾਇਕ ਬਣਿਆ ਪਲਾਸਟਿਕ



ਗੁਰਪ੍ਰੀਤ

ਦੁਨੀਆ ਭਰ ਦੇ ਵਿੱਚ ਅਜਿਹੀਆਂ ਸਮੱਸਿਆਵਾਂ ਪੈਦਾ ਹੋ ਚੁੱਕੀਆਂ ਨੇ, ਜਿਹਨਾਂ ਦਾ ਇਲਾਜ ਲੱਗਦਾ ਹੈ ਕਿ ਏਨੀ ਛੇਤੀ ਲੱਭਿਆ ਜਾਣਾ ਸੰਭਵ ਨਹੀਂ, ਇਨ੍ਹਾਂ ਦੀ ਆਦਤ ਸਾਡੀ ਅਵਾਮ ਨੂੰ ਪੈ ਚੁੱਕੀ ਹੈ। ਦਰਅਸਲ ਬਿਮਾਰੀਆਂ ਤਾਂ ਕੋਈ ਨਵੀਆਂ ਨਹੀਂ, ਪਰ ਇਹਨਾਂ ਦਾ ਇਲਾਜ ਨਵੇਂ ਯੁੱਗ ਦੇ ਵਿੱਚ ਹੋਣਾ ਮੁਸ਼ਕਲ ਹੈ। ਕਿਉਂਕਿ ਹਰ ਮਨੁੱਖ ਦੀਆਂ ਲੋੜਾਂ ਹੀ ਏਨੀਆਂ ਜ਼ਿਆਦਾ ਵਧ ਚੁੱਕੀਆਂ ਹਨ ਕਿ ਉਸ ਨੂੰ ਆਸਾ-ਪਾਸਾ ਪਤਾ ਹੀ ਨਹੀਂ ਲੱਗ ਰਿਹਾ ਕਿ ਉਹ ਕਰ ਕੀ ਰਿਹਾ ਹੈ? ਲਗਾਤਾਰ ਪ੍ਰਦੂਸ਼ਤ ਹੋ ਰਹੇ ਵਾਤਾਵਰਨ ਦੇ ਵੱਲ ਕੋਈ ਵੀ ਧਿਆਨ ਨਹੀਂ ਦੇ ਰਿਹਾ। ਜਿਹੜੀਆਂ ਧਿਰਾਂ ਦੇ ਵੱਲੋਂ ਵਾਤਾਵਰਨ ਨੂੰ ਬਚਾਉਣ ਲਈ ਉਪਰਾਲਾ ਕੀਤਾ ਜਾ ਰਿਹਾ ਹੈ, ਉਨ੍ਹਾਂ ਨੂੰ ਹਾਕਮ ਧਿਰ ਦੇ ਵੱਲੋਂ ਨਵੇਂ-ਨਵੇਂ ਕੇਸਾਂ ਦੇ ਤਹਿਤ ਫਸਾ ਕੇ ਜੇਲ੍ਹਾਂ ਅੰਦਰ ਡੱਕਿਆ ਜਾ ਰਿਹਾ ਹੈ।

ਭਾਰਤ ਦੇ ਕਈ ਸੂਬਿਆਂ ਦਾ ਅਜਿਹਾ ਹਾਲ ਹੈ, ਜਿੱਥੇ ਵਾਤਾਵਰਨ ਨੂੰ ਬਚਾਉਣ ਵਾਲਿਆਂ ਨੂੰ ਜੇਲ੍ਹਾਂ ਦੀ ਸਜ਼ਾ ਕੱਟਣੀ ਪਈ ਹੈ ਅਤੇ ਪੈ ਰਹੀ ਹੈ। ਇਕੱਲੇ ਭਾਰਤੀ ਨਹੀਂ, ਦੁਨੀਆ ਭਰ ਵਿੱਚ ਜਿੱਥੇ ਕਿਤੇ ਵੀ ਵਾਤਾਵਰਨ ਨੂੰ ਬਚਾਉਣ ਦੀ ਕੋਸ਼ਿਸ਼ ਹੋਵੇਗੀ ਜਾਂ ਫਿਰ ਹੋ ਰਹੀ ਹੈ, ਉੱਥੇ ਲਗਾਤਾਰ ਦੰਗੇ ਭੜਕ ਰਹੇ ਹਨ, ਸਰਕਾਰਾਂ ਦੇ ਵੱਲੋਂ ਜੰਗਲਾਂ ਦਾ ਵਿਨਾਸ਼, ਜਿਸ ਤਰੀਕੇ ਦੇ ਨਾਲ ਕੀਤਾ ਜਾ ਰਿਹਾ ਹੈ, ਉਸ ਤੋਂ ਲੱਗਦਾ ਹੈ ਕਿ ਸਰਕਾਰਾਂ ਨਹੀਂ ਚਾਹੁੰਦੀਆਂ ਕਿ ਵਾਤਾਵਰਨ ਸ਼ੁੱਧ ਰਹੇ ਅਤੇ ਅਵਾਮ ਬਚੀ ਰਹੇ। ਕਾਰਪੋਰੇਟ ਘਰਾਣਿਆਂ ਦੇ ਮਗਰ ਲੱਗ ਕੇ ਇਹ ਸਰਕਾਰਾਂ ਵੱਲੋਂ ਜਿਹੜੀਆਂ ਨੀਤੀਆਂ ਅਪਣਾਈਆਂ ਜਾ ਰਹੀਆਂ ਨੇ, ਇਹਨਾਂ ਦਾ ਅਗਲੀ ਪੀੜ੍ਹੀ 'ਤੇ ਤਾਂ ਬੁਰਾ ਅਸਰ ਪਵੇਗਾ ਹੀ, ਸਗੋਂ ਹੁਣ ਦੀ ਸਾਡੀ ਪੀੜ੍ਹੀ 'ਤੇ ਵੀ ਇਸ ਦਾ ਬੇਹੱਦ ਮਾੜਾ ਅਸਰ ਪਵੇਗਾ, ਕਿਉਂਕਿ ਪ੍ਰਦੂਸ਼ਤ ਵਾਤਾਵਰਨ ਦੇ ਨਾਲ ਬਿਮਾਰੀਆਂ ਵਧਣਗੀਆਂ ਅਤੇ ਬਿਮਾਰੀਆਂ ਵਧਣ ਦੇ ਨਾਲ ਮੌਤ ਦਰ ਵਿੱਚ ਵੀ ਵਾਧਾ ਹੋਵੇਗਾ।

ਵਾਤਾਵਰਨ ਨੂੰ ਪ੍ਰਦੂਸ਼ਤ ਕਰਨ ਦੇ ਵਿੱਚ ਇਕੱਲਾ ਗੰਦਲਾ ਪਾਣੀ ਅਤੇ ਹਵਾ ਹੀ ਜ਼ਿੰਮੇਵਾਰ ਨਹੀਂ, ਬਲਕਿ ਇਸ ਦੇ ਵਿੱਚ ਇੱਕ ਹੋਰ ਚੀਜ਼ ਵੀ ਜ਼ਿੰਮੇਵਾਰ ਹੈ, ਜਿਸ ਨੂੰ ਅਸੀਂ ਅਕਸਰ ਹੀ ਭੁੱਲ ਜਾਂਦੇ ਹਾਂ ਅਤੇ ਉਸ ਦੀ ਵਰਤੋਂ ਅਸੀਂ ਰੋਜ਼ਾਨਾ ਆਪਣੀ ਜ਼ਿੰਦਗੀ ਦੇ ਵਿੱਚ ਕਰਦੇ ਹਾਂ, ਉਹ ਹੈ ਪਲਾਸਟਿਕ ਬੈਗ ਜਾਂ ਫਿਰ ਕਹਿ ਲਓ ਲਿਫ਼ਾਫ਼ੇ। ਦੱਸਦੇ ਚੱਲੀਏ ਕਿ ਪਲਾਸਟਿਕ ਬੈਗਾਂ ਦੀ ਕਹਾਣੀ 1960 ਦੇ ਦਹਾਕੇ ਵਿੱਚ ਸ਼ੁਰੂ ਹੁੰਦੀ ਹੈ, ਜਦੋਂ ਇੱਕ ਸਵੀਡਿਸ਼ ਕੰਪਨੀ, ਨੈਲੋਪਲਾਸਟ ਨੇ ਪੋਲੀਥੀਲੀਨ ਦੇ ਬਣੇ ਹਲਕੇ, ਸਸਤੇ ਅਤੇ ਟਿਕਾਊ ਬੈਗ ਬਣਾਏ। ਉਸ ਸਮੇਂ ਇਹ ਬੈਗ ਸਹੂਲਤ ਦਾ ਪ੍ਰਤੀਕ ਸਨ। ਇਹ ਕਾਗ਼ਜ਼ ਦੇ ਬੈਗਾਂ ਨਾਲੋਂ ਸਸਤੇ ਸਨ, ਪਾਣੀ ਵਿੱਚ ਖ਼ਰਾਬ ਨਹੀਂ ਹੁੰਦੇ ਸਨ ਅਤੇ ਬਣਾਉਣ ਵਿੱਚ ਵੀ ਬਹੁਤ ਆਸਾਨ ਸਨ। ਇਹ ਬੈਗ ਕੁਝ ਹੀ ਸਮੇਂ ਵਿੱਚ ਪੂਰੀ ਦੁਨੀਆ ਵਿੱਚ ਪ੍ਰਸਿੱਧ ਹੋ ਗਏ, ਪਰ ਇਹ ਸਹੂਲਤ ਹੌਲੀ-ਹੌਲੀ ਇੱਕ ਵਿਸ਼ਵ-ਵਿਆਪੀ ਸੰਕਟ ਵਿੱਚ ਬਦਲ ਗਈ। ਅੱਜ ਦੁਨੀਆ ਵਿੱਚ ਹਰ ਸਾਲ 5 ਟ੍ਰਿਲੀਅਨ ਤੋਂ ਵੱਧ ਪਲਾਸਟਿਕ ਬੈਗਾਂ ਦੀ ਵਰਤੋਂ ਕੀਤੀ ਜਾਂਦੀ ਹੈ। ਇਸ ਦਾ ਮਤਲਬ ਹੈ ਕਿ ਹਰ ਮਿੰਟ ਵਿੱਚ 10 ਲੱਖ ਬੈਗਾਂ ਦੀ ਵਰਤੋਂ ਕੀਤੀ ਜਾਂਦੀ ਹੈ। ਹੈਰਾਨੀ ਵਾਲੀ ਗੱਲ ਇਹ ਹੈ ਕਿ ਇੱਕ ਪਲਾਸਟਿਕ ਬੈਗ ਦੀ ਔਸਤ ਵਰਤੋਂ ਸਿਰਫ਼ 12 ਮਿੰਟ ਹੈ, ਪਰ ਇਸ ਨੂੰ ਪੂਰੀ ਤਰ੍ਹਾਂ ਸੜਨ ਵਿੱਚ 100 ਤੋਂ 500 ਸਾਲ ਲੱਗ ਸਕਦੇ ਹਨ।

ਵੈਸੇ, ਦੁਨੀਆ ਭਰ ਦੇ ਕਈ ਮੁਲਕਾਂ ਦੇ ਵਿੱਚ ਭਾਵੇਂ ਕਿ ਸਿੰਗਲ ਯੂਜ਼ ਪਲਾਸਟਿਕ 'ਤੇ ਬੈਨ ਲਗਾਇਆ ਹੋਇਆ ਹੈ, ਪਰ ਬਾਵਜੂਦ ਇਸ ਦੇ ਚੋਰੀ-ਛਿਪੇ ਵਿਕ ਰਿਹਾ ਹੈ। ਭਾਰਤ ਵਿੱਚ ਵੀ 2022 ਤੋਂ ਸਿੰਗਲ ਯੂਜ਼ ਪਲਾਸਟਿਕ 'ਤੇ ਪਾਬੰਦੀ ਲਗਾਈ ਗਈ ਸੀ, ਪਰ ਇਸ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਹਾਲੇ ਤੱਕ ਵੀ ਨਹੀਂ ਕੀਤਾ ਗਿਆ। ਜਿਹੜੀਆਂ ਛੋਟੀਆਂ ਦੁਕਾਨਾਂ ਹਨ, ਉੱਥੇ ਤਾਂ ਛਾਪੇਮਾਰੀ ਕਰਕੇ ਅਫ਼ਸਰਾਂ ਵੱਲੋਂ ਲਿਫ਼ਾਫ਼ੇ ਜ਼ਬਤ ਕਰ ਲਏ ਜਾਂਦੇ ਨੇ ਅਤੇ ਜਿਹੜੀਆਂ ਵੱਡੀਆਂ ਕਾਰਪੋਰੇਟ ਕੰਪਨੀਆਂ ਵੱਲੋਂ ਇਹਨਾਂ ਲਿਫਾਫੀਆਂ ਨੂੰ ਬਣਾਇਆ ਜਾਂਦਾ ਹੈ, ਉਨ੍ਹਾਂ 'ਤੇ ਸਰਕਾਰਾਂ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਜਾਂਦੀ। ਭਾਵੇਂ ਕਿ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਵੱਲੋਂ ਵੱਖੋ ਵੱਖ ਰਿਪੋਰਟਾਂ ਸਾਹਮਣੇ ਆ ਚੁੱਕੀਆਂ ਹਨ ਕਿ ਇਹਨਾਂ ਪਲਾਸਟਿਕ ਦੇ ਲਿਫ਼ਾਫ਼ਿਆਂ ਦੇ ਕਾਰਨ ਸਾਡੇ ਮੁਲਕ ਦੇ ਅੰਦਰ ਨਵੀਆਂ-ਨਵੀਆਂ ਬਿਮਾਰੀਆਂ ਫੈਲ ਰਹੀਆਂ ਨੇ, ਪਰ ਇਸ ਦੇ ਵੱਲ ਕੋਈ ਧਿਆਨ ਨਹੀਂ ਦੇ ਰਿਹਾ।

ਇਹ ਖ਼ਤਰਾ ਜਿੰਨਾ ਸੁਣਨ ਵਿੱਚ ਆਮ ਲੱਗਦਾ ਹੈ ਉਸ ਤੋਂ ਕਿਤੇ ਖ਼ਤਰਨਾਕ ਹੈ। ਇਸ ਦਾ ਰੋਜ਼ਾਨਾ ਵਰਤੋਂ ਵਿੱਚ ਆਉਣਾ। ਅਸੀਂ ਰੋਜ਼ਾਨਾ ਹੀ ਪਲਾਸਟਿਕ ਦੀ ਵਰਤੋਂ ਕਰਦੇ ਹਾਂ। ਉਸ ਨੂੰ ਸੁੱਟਦੇ ਕਿੱਥੇ ਹਾਂ, ਇਹ ਤਾਂ ਅਸੀਂ ਸਭ ਜਾਣਦੇ ਹੀ ਹਾਂ, ਪਰ ਕੀ ਇਸ ਲਈ ਇਕੱਲੀ ਅਵਾਮ ਹੀ ਜ਼ਿੰਮੇਵਾਰ ਹੈ? ਕੀ ਅਵਾਮ ਉੱਤੇ ਹੀ ਕਾਰਵਾਈ ਕਰ ਕੇ ਸਰਕਾਰ ਇਸ ਪਲਾਸਟਿਕ ਨੂੰ ਕਹਿ ਲਓ ਜਾਂ ਫਿਰ ਲਿਫ਼ਾਫ਼ਿਆਂ ਨੂੰ ਖ਼ਤਮ ਕਰ ਸਕੇਗੀ? ਸਰਕਾਰਾਂ ਵੱਲੋਂ ਹੀ ਪਲਾਸਟਿਕ (ਲਿਫ਼ਾਫ਼ੇ) ਬਣਾਉਣ ਵਾਲੀਆਂ ਕੰਪਨੀਆਂ ਨੂੰ ਮਾਨਤਾ ਦਿੱਤੀ ਜਾਂਦੀ ਹੈ ਅਤੇ ਉਹੀ ਪਲਾਸਟਿਕ ਦੇ ਲਿਫ਼ਾਫ਼ੇ ਬਾਜ਼ਾਰ ਵਿੱਚ ਜਦੋਂ ਆਉਂਦੇ ਨੇ ਤਾਂ, ਉਦੋਂ ਛੋਟੇ ਦੁਕਾਨਦਾਰਾਂ ਨੂੰ ਜਾਂ ਫਿਰ ਆਮ ਖ਼ਰੀਦਦਾਰਾਂ ਕੋਲੋਂ ਲਿਫ਼ਾਫ਼ੇ ਫੜ ਕੇ ਵੱਡੇ ਵੱਡੇ ਸਰਕਾਰੀ ਅਫ਼ਸਰ ਲੈ ਜਾਂਦੇ ਨੇ, ਪਰ ਕੀ ਇਹਨਾਂ ਅਫ਼ਸਰਾਂ ਕਦੇ ਪਲਾਸਟਿਕ ਦੀਆਂ ਕੰਪਨੀਆਂ ਦੇ ਮਾਲਕਾਂ ਦੇ ਕਾਲਰ ਨੂੰ ਹੱਥ ਪਾਇਆ ਹੈ, ਨਹੀਂ?

ਦੁਨੀਆ ਭਰ ਦੀ ਇਹ ਸਮੱਸਿਆ ਇਸ ਵੇਲੇ ਪੂਰੇ ਸਿਖਰ 'ਤੇ ਪਹੁੰਚ ਚੁੱਕੀ ਹੈ। ਭਾਰਤ ਦਾ ਕੋਈ ਵੀ ਅਜਿਹਾ ਦਰਿਆ, ਨਦੀ ਜਾਂ ਖਾਲੀ ਸਾਫ਼ ਨਹੀਂ ਹੋਣੀ, ਜਿੱਥੇ ਪਲਾਸਟਿਕ ਨਾ ਸੁੱਟਿਆ ਜਾਂਦਾ ਹੋਵੇ। ਹਰ ਨਦੀ ਦੇ ਵਿੱਚ, ਦਰਿਆ ਦੇ ਵਿੱਚ ਅਜਿਹਾ ਸਭ ਕੁਝ ਸੁੱਟਿਆ ਜਾ ਰਿਹਾ ਹੈ, ਜਿਸ ਦੇ ਨਾਲ ਪਾਣੀ ਪ੍ਰਦੂਸ਼ਤ ਤਾਂ ਹੋ ਰਿਹਾ ਹੈ, ਨਾਲ ਹੀ ਧਰਤੀ ਵੀ ਗੰਧਲੀ ਹੋ ਰਹੀ ਹੈ, ਪਰ ਇਸ ਵੱਲ ਧਿਆਨ ਕਦੋਂ ਦਿੱਤਾ ਜਾਵੇਗਾ? ਸਰਕਾਰਾਂ ਵੱਲੋਂ ਸਮੇਂ-ਸਮੇਂ ਤੇ ਦਾਅਵੇ ਅਤੇ ਵਾਅਦੇ ਤਾਂ ਬਥੇਰੇ ਕੀਤੇ ਜਾਂਦੇ ਨੇ, ਪਰ ਅਸਲ ਦੇ ਵਿੱਚ ਕੀਤਾ ਕੁਝ ਵੀ ਨਹੀਂ ਜਾਂਦਾ।

ਕੈਨੇਡਾ, ਆਸਟ੍ਰੇਲੀਆ ਅਤੇ ਕਈ ਅਫ਼ਰੀਕੀ ਦੇਸ਼ਾਂ ਨੇ ਵੀ ਪਲਾਸਟਿਕ ਬੈਗਾਂ 'ਤੇ ਪਾਬੰਦੀ ਲਗਾਈ ਹੈ ਜਾਂ ਟੈਕਸ ਲਗਾਇਆ ਹੈ। ਪਲਾਸਟਿਕ ਬੈਗਾਂ ਦਾ ਪ੍ਰਭਾਵ ਵੈਸੇ ਸਿਰਫ਼ ਵਾਤਾਵਰਨ ਤੱਕ ਸੀਮਤ ਨਹੀਂ, ਇਹ ਸਾਡੇ ਸਮਾਜ ਅਤੇ ਅਰਥ ਵਿਵਸਥਾ ਨੂੰ ਵੀ ਪ੍ਰਭਾਵਤ ਕਰਦਾ ਹੈ। ਕੁਝ ਸਰਕਾਰੀ ਰਿਪੋਰਟਾਂ ਕਹਿੰਦੀਆਂ ਨੇ ਕਿ ਸਰਕਾਰਾਂ ਨੂੰ ਹਰ ਸਾਲ ਸਫ਼ਾਈ ਲਈ ਅਰਬਾਂ ਰੁਪਏ ਖ਼ਰਚਣੇ ਪੈਂਦੇ ਨੇ, ਪਰ ਸਵਾਲ ਇਹ ਹੈ ਕਿ ਇਹ ਸਰਕਾਰਾਂ ਕੀ ਵਾਕਿਆ ਹੀ ਸਾਫ਼-ਸਫ਼ਾਈ ਲਈ ਅਰਬਾਂ ਰੁਪਏ ਖ਼ਰਚਦੀਆਂ ਹਨ? ਲੱਗਦਾ ਨਹੀਂ। ਕਿਉਂਕਿ ਜੇਕਰ ਅਰਬਾਂ ਰੁਪਏ ਨਦੀਆਂ-ਨਾਲਿਆਂ ਨੂੰ ਸਾਫ਼ ਕਰਨ ਵਾਸਤੇ, ਉਨ੍ਹਾਂ ਦੇ ਵਿੱਚੋਂ ਪਲਾਸਟਿਕ ਬੈਗ, ਪਤਲਾ ਪਲਾਸਟਿਕ ਲਿਫ਼ਾਫ਼ੇ ਕੱਢਣ ਵਾਸਤੇ ਖ਼ਰਚ ਕੀਤੇ ਜਾਂਦੇ ਹੋਣ ਤਾਂ, ਹੁਣ ਤੱਕ ਸਾਡੇ ਮੁਲਕ ਦੀਆਂ ਨਦੀਆਂ 'ਚੋਂ ਪੀਣ ਵਾਲਾ ਪਾਣੀ ਬਚ ਗਿਆ ਹੁੰਦਾ, ਪਰ ਅਜਿਹਾ ਨਹੀਂ ਹੋ ਰਿਹਾ, ਕਿਉਂਕਿ ਪੀਣ ਵਾਲਾ ਪਾਣੀ ਤਾਂ ਇਸ ਵੇਲੇ ਕੈਂਸਰ ਦਾ ਰੂਪ ਧਾਰਨ ਕਰ ਚੁੱਕਿਆ ਹੈ। ਕੂੜੇ ਦੇ ਪਹਾੜ ਵੱਡੇ-ਵੱਡੇ ਸ਼ਹਿਰਾਂ ਵਿੱਚ ਵੇਖੇ ਜਾ ਸਕਦੇ ਨੇ, ਕਈ ਸ਼ਹਿਰਾਂ ਦੇ ਵਿੱਚ ਤਾਂ ਵਿਧਾਇਕ ਅਤੇ ਲੋਕ ਸਭਾ ਮੈਂਬਰ ਇਸੇ ਗੱਲ ਤੋਂ ਚੁਣੇ ਗਏ ਕਿ ਉਹ ਸ਼ਹਿਰ ਦੇ ਵਿੱਚੋਂ ਕੂੜੇ ਦੇ ਪਹਾੜ ਨੂੰ ਹਟਾਉਣਗੇ ਅਤੇ ਸੁੰਦਰ ਸ਼ਹਿਰ ਬਣਾਉਣਗੇ, ਪਰ ਅਜਿਹਾ ਕਦੇ ਵੀ ਨਹੀਂ ਹੁੰਦਾ।

ਵਿਸ਼ਵ ਪੱਧਰ 'ਤੇ ਸਿਰਫ਼ 1-3% ਪਲਾਸਟਿਕ ਬੈਗ ਰੀਸਾਈਕਲ ਕੀਤੇ ਜਾਂਦੇ ਹਨ। ਬਾਕੀ ਜਾਂ ਤਾਂ ਲੈਂਡਫਿਲ ਵਿੱਚ ਜਮ੍ਹਾਂ ਹੋ ਜਾਂਦੇ ਹਨ ਜਾਂ ਨਦੀਆਂ ਅਤੇ ਸਮੁੰਦਰਾਂ ਵਿੱਚ ਪਹੁੰਚ ਜਾਂਦੇ ਹਨ ਅਤੇ ਤਬਾਹੀ ਮਚਾਉਂਦੇ ਹਨ। ਹਰ ਸਾਲ 8 ਮਿਲੀਅਨ ਮੀਟਰਕ ਟਨ ਪਲਾਸਟਿਕ ਸਮੁੰਦਰ ਵਿੱਚ ਪਹੁੰਚਦਾ ਹੈ, ਜਿਸ ਵਿੱਚੋਂ ਪਲਾਸਟਿਕ ਬੈਗ ਇੱਕ ਵੱਡਾ ਹਿੱਸਾ ਬਣਦੇ ਹਨ। ਇਹ ਬੈਗ ਕੱਛੂਆਂ, ਮੱਛੀਆਂ ਅਤੇ ਵ੍ਹੇਲਾਂ ਵਰਗੇ ਸਮੁੰਦਰੀ ਜੀਵਾਂ ਲਈ ਘਾਤਕ ਸਾਬਤ ਹੁੰਦੇ ਹਨ। ਹਰ ਸਾਲ 10 ਲੱਖ ਤੋਂ ਵੱਧ ਸਮੁੰਦਰੀ ਜੀਵ ਪਲਾਸਟਿਕ ਨਿਗਲਣ ਜਾਂ ਇਸ ਵਿੱਚ ਫਸਣ ਕਾਰਨ ਮਰ ਜਾਂਦੇ ਹਨ।

ਭਾਰਤ ਵਿੱਚ ਵੀ ਪਲਾਸਟਿਕ ਦੇ ਥੈਲਿਆਂ (ਲਿਫ਼ਾਫ਼ਿਆਂ) ਨੇ ਕਾਰਨ ਸਥਿਤੀ ਚਿੰਤਾਜਨਕ ਹੈ। ਸਾਡੇ ਸ਼ਹਿਰਾਂ ਵਿੱਚ ਨਾਲੀਆਂ ਅਤੇ ਸੀਵਰ ਸਿਸਟਮ ਅਕਸਰ ਪਲਾਸਟਿਕ ਦੇ ਥੈਲਿਆਂ ਕਾਰਨ ਬੰਦ ਹੋ ਜਾਂਦੇ ਹਨ। ਇਹ ਪਲਾਸਟਿਕ ਦਾ ਕੂੜਾ ਮਹਾਂਨਗਰਾਂ ਵਿੱਚ ਮਾਨਸੂਨ ਦੌਰਾਨ ਹੜ੍ਹਾਂ ਦਾ ਇੱਕ ਵੱਡਾ ਕਾਰਨ ਹੈ। ਇਹ ਥੈਲੇ ਮੀਂਹ ਦੇ ਪਾਣੀ ਨੂੰ ਬਾਹਰ ਜਾਣ ਤੋਂ ਰੋਕਦੇ ਹਨ, ਜਿਸ ਨਾਲ ਸੜਕਾਂ 'ਤੇ ਪਾਣੀ ਭਰ ਜਾਂਦਾ ਹੈ। ਇਸ ਤੋਂ ਇਲਾਵਾ ਜਦੋਂ ਪਲਾਸਟਿਕ ਦੇ ਥੈਲੇ ਧੁੱਪ ਵਿੱਚ ਸੜ-ਬਲ ਜਾਂਦੇ ਹਨ, ਤਾਂ ਇਹ ਮਾਈਕ੍ਰੋਪਲਾਸਟਿਕ ਵਿੱਚ ਬਦਲ ਜਾਂਦੇ ਹਨ। ਪਲਾਸਟਿਕ ਦੇ ਥੈਲੇ ਨਾ ਸਿਰਫ਼ ਸਮੁੰਦਰਾਂ ਨੂੰ, ਸਗੋਂ ਸਾਡੀ ਮਿੱਟੀ ਨੂੰ ਵੀ ਨੁਕਸਾਨ ਪਹੁੰਚਾਉਂਦੇ ਹਨ। ਜਦੋਂ ਇਹ ਥੈਲੇ ਖੇਤਾਂ ਜਾਂ ਜ਼ਮੀਨ 'ਤੇ ਸੁੱਟੇ ਜਾਂਦੇ ਹਨ, ਤਾਂ ਇਹ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਘਟਾਉਂਦੇ ਹਨ। ਮਾਈਕ੍ਰੋਪਲਾਸਟਿਕਸ ਮਿੱਟੀ ਵਿੱਚ ਮੌਜੂਦ ਸੂਖਮ ਜੀਵਾਂ ਨੂੰ ਨਸ਼ਟ ਕਰ ਦਿੰਦੇ ਹਨ, ਜੋ ਫ਼ਸਲਾਂ ਲਈ ਜ਼ਰੂਰੀ ਹਨ।

ਭਾਰਤ ਵਰਗੇ ਖੇਤੀਬਾੜੀ ਵਾਲੇ ਦੇਸ਼ ਵਿੱਚ ਇਹ ਇੱਕ ਗੰਭੀਰ ਸਮੱਸਿਆ ਹੈ, ਕਿਉਂਕਿ ਲੱਖਾਂ ਲੋਕਾਂ ਦੀ ਰੋਜ਼ੀ-ਰੋਟੀ ਖੇਤੀ 'ਤੇ ਨਿਰਭਰ ਕਰਦੀ ਹੈ। ਇਸ ਤੋਂ ਇਲਾਵਾ ਪਲਾਸਟਿਕ ਦੇ ਥੈਲਿਆਂ ਨੂੰ ਸਾੜਨ ਨਾਲ ਜ਼ਹਿਰੀਲੀਆਂ ਗੈਸਾਂ ਨਿਕਲਦੀਆਂ ਹਨ, ਜੋ ਹਵਾ ਨੂੰ ਪ੍ਰਦੂਸ਼ਤ ਕਰਦੀਆਂ ਹਨ ਅਤੇ ਸਾਹ ਦੀਆਂ ਬਿਮਾਰੀਆਂ ਨੂੰ ਉਤਸ਼ਾਹਤ ਕਰਦੀਆਂ ਹਨ। ਇਸ ਵੇਲੇ ਸਰਕਾਰਾਂ ਨੂੰ ਸਖ਼ਤ ਕਦਮ ਚੁੱਕਣਾ ਚਾਹੀਦਾ ਹੈ ਅਤੇ ਪਲਾਸਟਿਕ ਨੂੰ ਸਮਾਜ ਦੇ ਵਿੱਚੋਂ ਕਿਵੇਂ ਖ਼ਤਮ ਕੀਤਾ ਜਾਵੇ ਤੇ ਇਸ ਦੇ ਬਦਲ ਵਜੋਂ ਕੀ ਵਰਤਿਆ ਜਾਵੇ, ਉਹ ਵੀ ਦੱਸਣਾ ਚਾਹੀਦਾ ਹੈ। ਇੱਕੋ ਦਮ ਕੋਈ ਵੀ ਚੀਜ਼ ਨੂੰ ਅਸੀਂ ਬੰਦ ਨਹੀਂ ਕਰ ਸਕਦੇ। ਮੰਡੀਆਂ ਦੇ ਵਿੱਚੋਂ ਜੇਕਰ ਲਿਫ਼ਾਫ਼ੇ, ਪਤਲਾ ਪਲਾਸਟਿਕ ਖ਼ਤਮ ਕਰਨਾ ਹੈ ਤਾਂ ਸਾਨੂੰ ਸਭ ਤੋਂ ਪਹਿਲਾਂ ਉਸ ਦੇ ਬਦਲ ਵਜੋਂ ਦੁਕਾਨਦਾਰਾਂ ਨੂੰ ਕੁਝ ਨਾ ਕੁਝ ਦੇਣਾ ਪਵੇਗਾ ਤਾਂ ਜਾ ਕੇ ਹੀ ਇਸ 'ਤੇ ਰੋਕ ਲਾਈ ਜਾ ਸਕਦੀ ਹੈ। ਇਕੱਲੇ ਜੁਰਮਾਨੇ ਕਰਨ ਦੇ ਨਾਲ ਇਹ ਕਹਿਰ ਰੁਕ ਨਹੀਂ ਸਕਦਾ। ਵੈਸੇ ਮਰਦੀ ਅਵਾਮ ਨੂੰ ਵੇਖ ਕੇ ਸਰਕਾਰ ਨਹੀਂ ਚਾਹੁੰਦੀ ਕਿ ਵੱਡਿਆਂ ਨੂੰ ਯਾਨੀ ਕਿ ਕਾਰਪੋਰੇਟ ਘਰਾਣਿਆਂ ਨੂੰ ਕੋਈ ਨੁਕਸਾਨ ਪਹੁੰਚੇ, ਕਿਉਂਕਿ ਉਨ੍ਹਾਂ ਦੁਆਰਾ ਉਸਾਰੀਆਂ ਗਈਆਂ ਫ਼ੈਕਟਰੀਆਂ ਦੇ ਕਾਰਨ ਹੀ ਸਿਆਸੀ ਪਾਰਟੀਆਂ ਨੂੰ ਮੋਟਾ ਫ਼ੰਡ ਜੋ ਜਾਂਦਾ ਹੈ, ਜਿਸ ਦੇ ਕਾਰਨ ਇਹਨਾਂ ਦੀ ਵਾਹ ਵੱਲੇ ਵੀ ਕੋਈ ਨਹੀਂ ਵੇਖਦਾ। ਖ਼ੈਰ, ਵੇਖਦੇ ਹਾਂ ਕਿ ਅਗਲੇ ਸਮੇਂ ਵਿੱਚ ਕੀ ਐਕਸ਼ਨ ਲਿਆ ਜਾਂਦਾ ਹੈ।

**# ਸੰਪਰਕ : 95698-20314**

CMYK

30-JULY-PAGE-5.qxd 7/29/2025 10:38 PM Page 1



## ਮਾਮਲਾ ਕੁੱਟਮਾਰ ਮਗਰੋਂ ਨਮੋਸ਼ੀ ਨਾ ਸਹਾਰਦਿਆਂ ਖੁਦਕੁਸ਼ੀ ਦਾ

# ਭੜਕੇ ਲੋਕਾਂ ਵੱਲੋਂ ਤੀਜੇ ਦਿਨ ਵੀ ਪਾਤੜਾਂ-ਪਟਿਆਲਾ ਮਾਰਗ ਜਾਮ

**ਇਨਸਾਫ ਲਈ ਲੋਕ ਸੜਕਾਂ 'ਤੇ, ਪਰ ਸਰਕਾਰਾਂ ਮਹਿਲਾਂ 'ਚ ਸੁੱਤੀਆਂ : ਜਾਮਾਰਾਏ**




**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਪੁਲਸ ਮੁਲਾਜ਼ਮ ਟਰੱਕ ਮਾਲਕ ਵੱਲੋਂ ਚੋਰੀ ਦੇ ਇਲਜ਼ਾਮ ਲਗਾ ਕੇ ਕੀਤੀ ਗਈ ਕੁੱਟਮਾਰ ਮਗਰੋਂ ਸਲਫਾਸ ਖਾ ਕੇ ਖੁਦਕੁਸ਼ੀ ਕਰਨ ਵਾਲੇ ਟਰੱਕ ਡਰਾਈਵਰ ਤੇ ਹੈਲਪਰ ਦੋ ਦੋਸਤਾਂ ਦੀ ਮੌਤ ਦੇ ਮਾਮਲੇ ਵਿੱਚ ਕਥਿਤ ਦੋਸ਼ੀਆਂ ਦੀ ਗ੍ਰਿਫਤਾਰੀ ਦੀ ਮੰਗ ਨੂੰ ਲੈ ਕੇ ਦਿੱਤਾ ਜਾ ਰਿਹਾ ਅਣਮਿੱਥੇ ਸਮੇਂ ਦਾ ਧਰਨਾ ਤੀਜੇ ਦਿਨ ਵੀ ਜਾਰੀ ਰਿਹਾ। ਪ੍ਰਦਰਸ਼ਨਕਾਰੀਆਂ ਵੱਲੋਂ ਪਟਿਆਲਾ-ਪਾਤੜਾਂ ਮਾਰਗ ਉੱਤੇ ਨਿਆਲ ਬਾਈਪਾਸ ਚੌਂਕ ਵਿੱਚ ਟ੍ਰੈਫਿਕ ਜਾਮ ਕਰਨ ਕਰਕੇ ਸਾਰੇ ਪਾਸੇ ਟ੍ਰੈਫਿਕ ਜਾਮ ਦੀ ਸਥਿਤੀ ਬਣੀ ਰਹੀ।ਇਸ ਦੌਰਾਨ ਏਡੀਸੀ ਪਟਿਆਲਾ ਈਸ਼ਾ ਸਿੰਗਲ, ਐੱਸ ਪੀ (ਐੱਚ) ਵੈਭਵ ਚੌਧਰੀ, ਸੇਵਾ ਮੁਕਤ ਐੱਸ ਪੀ ਜਸਵਿੰਦਰ ਸਿੰਘ ਟਿਵਾਣਾ, ਐੱਸ ਡੀ ਐੱਮ ਪਾਤੜਾਂ ਅਸ਼ੋਕ ਕੁਮਾਰ, ਡੀ ਐੱਸ ਪੀ ਪਾਤੜਾਂ ਇੰਦਰਪਾਲ ਸਿੰਘ ਚੌਹਾਨ ਨੇ ਧਰਨੇ ਵਾਲੀ ਥਾਂ ਉੱਤੇ ਪਹੁੰਚ ਕੇ ਪ੍ਰਦਰਸ਼ਨਕਾਰੀਆਂ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ, ਪਰ ਪ੍ਰਦਰਸ਼ਨਕਾਰੀ ਦੋਸ਼ੀਆਂ ਦੀ ਗ੍ਰਿਫਤਾਰੀ ਤੱਕ ਧਰਨਾ ਸਮਾਪਤ ਨਾ ਕਰਨ ਦੀ ਆਪਣੀ ਜ਼ਿੱਦ ਉੱਤੇ ਅੜੇ ਰਹੇ।

ਮੰਗਲਵਾਰ ਨੂੰ ਧਰਨੇ ਪ੍ਰਦਰਸ਼ਨਾਂ ਨੂੰ ਵੱਡੀ ਗਿਣਤੀ ਵਿੱਚ ਰਾਜਨੀਤਕ, ਧਾਰਮਿਕ ਤੇ ਸਮਾਜਿਕ ਆਗੂਆਂ ਵੱਲੋਂ ਪਹੁੰਚ ਕੇ ਸਮਰਥਨ ਦੇਣ ਦੇ ਕੀਤੇ ਗਏ ਐਲਾਨਾਂ ਨਾਲ ਰੋਸ ਪ੍ਰਦਰਸ਼ਨ ਨੂੰ ਹੋਰ ਬਲ ਮਿਲਿਆ ਹੈ।ਧਰਨੇ ਵਿੱਚ ਜਮਹੂਰੀ ਕਿਸਾਨ ਸਭਾ ਦੇ ਸੂਬਾਈ ਆਗੂ ਪ੍ਰਗਟ ਸਿੰਘ ਜਾਮਾਰਾਏ, ਵਿਧਾਨ ਸਭਾ ਹਲਕਾ ਰਾਜਪੁਰਾ ਦੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ, ਉੜੀਸਾ ਤੇ ਰਾਜਸਥਾਨ ਤੋਂ ਟਰੱਕ ਯੂਨੀਅਨ ਦੇ ਆਗੂਆਂ ਸਮੇਤ ਲੋਕ ਸਭਾ ਹਲਕਾ ਪਟਿਆਲਾ ਤੋਂ ਸਾਬਕਾ ਮੈਂਬਰ ਪਾਰਲੀਮੈਂਟ ਸ਼੍ਰੀਮਤੀ ਪ੍ਰਨੀਤ ਕੌਰ ਦੀ ਧੀ ਅਤੇ ਪੰਜਾਬ ਭਾਜਪਾ ਦੀ ਆਗੂ ਬੀਬੀ ਜੈ ਇੰਦਰ ਕੌਰ, ਅਕਾਲੀ ਦਲ ਸੁਧਾਰ ਲਹਿਰ ਦੇ ਹਲਕਾ ਇੰਚਾਰਜ ਡੀਟੀਓ ਕਰਨ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਜਗਮੀਤ ਸਿੰਘ ਹਰਿਆਊ, ਕਾਂਗਰਸ ਦੇ ਹਲਕਾ ਇੰਚਾਰਜ ਦਰਬਾਰਾ ਸਿੰਘ ਬਣਵਾਲਾ, ਭਾਜਪਾ ਆਗੂ ਨਰਾਇਣ ਸਿੰਘ ਨਰਸੋਤ, ਗੁਰਮੇਲ ਸਿੰਘ ਘੱਗਾ ਨੇ ਪਹੁੰਚ ਕੇ ਧਰਨੇ ਨੂੰ ਸਮਰਥਨ ਦਿੰਦਿਆਂ ਪਰਿਵਾਰਾਂ ਨਾਲ ਹਮਦਰਦੀ ਦਾ ਇਜ਼ਹਾਰ ਕੀਤਾ ਹੈ।ਧਰਨਾਕਾਰੀਆਂ ਨੂੰ ਸੰਬੋਧਨ ਕਰਦਿਆਂ ਜਮਹੂਰੀ ਕਿਸਾਨ ਸਭਾ ਦੇ ਸੂਬਾਈ ਆਗੂ ਪ੍ਰਗਟ ਸਿੰਘ ਜਾਮਾ ਰਾਏ ਨੇ ਕਿਹਾ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਲੋਕਾਂ ਦੀ ਪਾਰਟੀ ਹੋਣ ਦਾ ਦਮ ਭਰਦੀ ਸੀ।ਅੱਜ ਲੋਕ ਇਨਸਾਫ ਦੀ ਮੰਗ ਨੂੰ ਲੈ ਕੇ ਸੜਕਾਂ ਉੱਤੇ ਹਨ, ਪਰ ਸਰਕਾਰਾਂ ਮਹਿਲਾਂ ਵਿੱਚ ਸੁੱਤੀਆਂ ਪਈਆਂ ਹਨ।ਉਨ੍ਹਾਂ ਪਰਵਾਰਾਂ ਨਾਲ ਹਮਦਰਦੀ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਸੰਘਰਸ਼ ਨੂੰ ਸਿਖਰ ਤੱਕ ਲੈ ਕੇ ਜਾਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਉਨ੍ਹਾਂ ਕਿਹਾ ਕਿ ਪੰਜ ਦਿਨ ਬੀਤ ਜਾਣ ਦੇ ਬਾਵਜੂਦ ਹਾਲੇ ਤੱਕ ਪੁਲਸ ਪ੍ਰਸ਼ਾਸਨ ਵੱਲੋਂ ਦੋਸ਼ੀਆਂ ਨੂੰ ਫੜਨ ਲਈ ਕੋਈ ਕਾਰਵਾਈ ਨਹੀਂ ਕੀਤੀ ਗਈ, ਜਿਸ ਤੋਂ ਸਾਫ ਨਜ਼ਰ ਆਉਂਦਾ ਹੈ ਕਿ ਪ੍ਰਸ਼ਾਸਨ ਉਕਤ ਪੁਲਸ ਮੁਲਾਜ਼ਮ ਦੀ ਪੁਸ਼ਤਪਨਾਹੀ ਹੀ ਕਰ ਰਿਹਾ ਹੈ।

ਧਰਨਾਕਾਰੀਆਂ ਨੂੰ ਸ਼ਾਂਤ ਕਰਨ ਲਈ ਪੁੱਜੇ ਏਡੀਸੀ ਪਟਿਆਲਾ ਈਸ਼ਾ ਸਿੰਗਲ ਨੇ ਮ੍ਰਿਤਕਾਂ ਦੇ ਪਰਵਾਰਾਂ ਤੇ ਸੰਘਰਸ਼ ਕਮੇਟੀ ਦੇ ਆਗੂਆਂ ਨਾਲ ਮੁਲਾਕਾਤ ਕੀਤੀ।ਇਸ ਦੌਰਾਨ ਉਨ੍ਹਾਂ ਪਰਵਾਰਾਂ ਨੂੰ ਭਰੋਸਾ ਦਿਵਾਇਆ ਕਿ ਸਿਵਲ ਤੇ ਪੁਲਸ ਪ੍ਰਸ਼ਾਸਨ ਪੂਰੀ ਤਰ੍ਹਾਂ ਪਰਵਾਰਾਂ ਦੇ ਨਾਲ ਹੈ ਅਤੇ ਘਟਨਾ ਲਈ ਜ਼ਿੰਮੇਵਾਰ ਵਿਅਕਤੀਆਂ ਨਾਲ ਕਿਸੇ ਵੀ ਤਰ੍ਹਾਂ ਦੀ ਰਿਆਇਤ ਨਹੀਂ ਵਰਤੀ ਜਾਵੇਗੀ।ਉਨ੍ਹਾਂ ਮ੍ਰਿਤਕ ਪਰਵਾਰਾਂ ਨੂੰ ਪੰਜਾਬ ਸਰਕਾਰ ਦੀ ਤਰਫੋਂ ਦੋ-ਦੋ ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦੇਣ ਦਾ ਐਲਾਨ ਕੀਤਾ।ਇਸ ਦੌਰਾਨ ਐੱਸਪੀ ਹੈੱਡਕੁਆਰਟਰ ਵੈਭਵ ਚੌਧਰੀ ਨੇ ਦੱਸਿਆ ਕਿ ਘਟਨਾ ਲਈ ਜ਼ਿੰਮੇਵਾਰ ਵਿਅਕਤੀਆਂ ਵਿੱਚੋਂ ਦੇਸਾ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਹੈ ਅਤੇ ਬਾਕੀ ਦੋਸ਼ੀਆਂ ਨੂੰ ਕਾਬੂ ਕਰਨ ਲਈ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ ਤੇ ਜਲਦੀ ਬਾਕੀ ਉਨ੍ਹਾਂ ਨੂੰ ਵੀ ਕਾਬੂ ਕਰ ਲਿਆ ਜਾਵੇਗਾ।

## ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਵਫਦ ਵੱਲੋਂ ਡੀ ਸੀ ਨਾਲ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਜ਼ਿਲ੍ਹਾ ਮੋਗਾ ਦੇ ਵਫਦ ਵੱਲੋਂ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨਾਲ ਨਰੇਗਾ ਮਜ਼ਦੂਰਾਂ ਦੇ ਮਸਲਿਆਂ ਤੇ ਮੰਗਾਂ ਬਾਰੇ ਮੀਟਿੰਗ ਕੀਤੀ ਗਈ। ਯੂਨੀਅਨ ਦੇ ਸੂਬਾ ਜਨਰਲ ਸਕੱਤਰ ਜਗਸੀਰ ਖੋਸਾ ਦੀ ਅਗਵਾਈ ਵਿੱਚ ਇਸ ਮੀਟਿੰਗ 'ਚ ਯੂਨੀਅਨ ਵੱਲੋਂ ਕੁਲਦੀਪ ਸਿੰਘ ਭੋਲਾ, ਸ਼ੇਰ ਸਿੰਘ ਦੌਲਤਪੁਰਾ, ਡਾਕਟਰ ਇੰਦਰਵੀਰ ਗਿੱਲ, ਕਮਲੇਸ਼ ਸਿੰਘ, ਮਹਿੰਦਰ ਸਿੰਘ ਧੂੜਕੋਟ ਤੇ ਬੋਹੜ ਸਿੰਘ ਬੁੱਟਰ ਸ਼ਾਮਲ ਹੋਏ।

ਨਰੇਗਾ ਪ੍ਰਸ਼ਾਸਨ ਵੱਲੋਂ ਏ.ਡੀ.ਸੀ. (ਵਿਕਾਸ) ਜਗਵਿੰਦਰਜੀਤ ਸਿੰਘ ਗਰੇਵਾਲ ਤੋਂ ਇਲਾਵਾ ਜ਼ਿਲ੍ਹੇ ਦੇ ਪ੍ਰੋਗਰਾਮ ਅਫਸਰ-ਕਮ-ਬੀ.ਡੀ.ਪੀ.ਓ. ਸ਼ਾਮਲ ਹੋਏ।ਸੁਖਾਵੇਂ ਮਾਹੌਲ ਵਿੱਚ ਹੋਈ ਮੀਟਿੰਗ ਵਿੱਚ ਜਿੱਥੇ ਮਜ਼ਦੂਰਾਂ ਨੂੰ ਸਟੇਟ ਤੇ ਸੈਂਟਰ ਪੱਧਰੀ ਮੰਗਾਂ, ਨਰੇਗਾ ਮਜ਼ਦੂਰਾਂ ਦਿਹਾੜੀ ਵਧਾਉਣ, ਆਨਲਾਈਨ ਹਾਜ਼ਰੀ ਵਿੱਚ ਆ ਰਹੀਆਂ ਸਮੱਸਿਆਵਾਂ ਨੂੰ ਵਿਚਾਰਿਆ ਗਿਆ। ਇਸ ਤੋਂ ਇਲਾਵਾ ਜ਼ਿਲ੍ਹੇ ਵਿੱਚ ਆ ਰਹੀਆਂ ਸਮੱਸਿਆਵਾਂ 'ਤੇ ਵਿਸਥਾਰ ਸਹਿਤ ਚਰਚਾ ਕੀਤੀ ਗਈ ਅਤੇ ਫੈਸਲੇ ਕੀਤੇ ਗਏ ਕਿ ਮਜ਼ਦੂਰਾਂ ਵੱਲੋਂ ਕੰਮ ਦੀ ਮੰਗ ਕਰਨ 'ਤੇ ਉਨ੍ਹਾਂ ਨੂੰ ਕੰਮ ਅਰਜ਼ੀਆਂ ਦੀਆਂ ਰਸੀਦਾਂ ਲਾਜ਼ਮੀ ਦਿੱਤੀਆਂ ਜਾਣਗੀਆਂ। ਕੰਮ ਵਾਲੀ ਜਗ੍ਹਾ 'ਤੇ ਨਰੇਗਾ ਜਾਬ ਕਾਰਡ 'ਤੇ ਹਾਜ਼ਰੀਆਂ ਲਾਜ਼ਮੀ ਲਗਾਈਆਂ ਜਾਣਗੀਆਂ।ਆਗੂਆਂ ਵੱਲੋਂ ਮਜ਼ਦੂਰਾਂ ਨੂੰ ਕੰਮ ਕਰਨ ਲਈ ਸੰਦ ਨਾ ਦੇਣ ਦਾ ਵੀ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨੇ ਨੋਟਿਸ ਲਿਆ ਤੇ ਸਾਰੇ ਬਲਾਕਾਂ ਤੋਂ ਇਸ ਸਬੰਧੀ ਜਾਣਕਾਰੀ ਮੰਗ ਲਈ ਗਈ ਹੈ। ਜੇਕਰ ਲੇਬਰ ਪੰਜ ਕਿਲੋਮੀਟਰ ਤੋਂ ਦੂਰ ਕੰਮ ਕਰੇਗੀ ਤਾਂ ਕਾਨੂੰਨ ਮੁਤਾਬਕ 5% ਦਿਹਾੜੀ ਵੱਧ ਦਿੱਤੀ ਜਾਵੇਗੀ। ਇਹ ਵੀ ਫੈਸਲਾ ਕੀਤਾ ਗਿਆ ਕਿ ਅੱਗੇ ਤੋਂ ਨਰੇਗਾ ਮੇਟਾਂ ਨੂੰ ਕਾਨੂੰਨ ਮੁਤਾਬਕ ਸੈਮੀ-ਸਕਿਲਡ ਰੇਟ ਵਾਲੀ ਦਿਹਾੜੀ ਦਿੱਤੀ ਜਾਵੇਗੀ।ਮੇਟਾਂ ਦੀ ਨਿਯੁਕਤੀ ਲਈ ਹਦਾਇਤਾਂ ਅਨੁਸਾਰ ਗ੍ਰਾਮ ਸਭਾ ਦਾ ਅਜਲਾਸ ਜ਼ਰੂਰੀ ਹੈ ਅਤੇ ਪਹਿਲਾਂ ਤੋਂ ਕੰਮ ਕਰ ਰਹੀਆਂ ਮੇਟਾਂ ਨੂੰ ਬਿਨਾਂ ਕਾਰਨ ਨਹੀਂ ਹਟਾਇਆ ਜਾਵੇਗਾ। ਹਰ ਕੰਮ ਵਾਲੀ ਜਗ੍ਹਾ 'ਤੇ ਪੀਣ ਵਾਲੇ ਸਾਫ ਪਾਣੀ ਤੇ ਫਸਟ ਏਡ ਬਾਕਸ ਦਾ ਵੀ ਪ੍ਰਬੰਧ ਕਰਵਾਉਣ ਬਾਰੇ ਹਦਾਇਤਾਂ ਕੀਤੀਆਂ ਗਈਆਂ। ਅੰਤ ਵਿੱਚ ਡਿਪਟੀ ਕਮਿਸ਼ਨਰ ਨੇ ਯੂਨੀਅਨ ਆਗੂਆਂ ਨੂੰ ਕਿਹਾ ਕਿ ਜੇਕਰ ਨਰੇਗਾ ਪਾਰਦਰਸ਼ੀ ਢੰਗ ਨਾਲ ਲਾਗੂ ਨਹੀਂ ਹੁੰਦੀ ਤੇ ਕੋਈ ਵੀ ਅਧਿਕਾਰੀ ਸੁਣਵਾਈ ਨਹੀਂ ਕਰਦਾ ਤਾਂ ਤੁਸੀਂ ਕਿਸੇ ਵੀ ਵੇਲੇ ਮੇਰੇ ਨਾਲ ਸਿੱਧਾ ਸੰਪਰਕ ਕਰ ਸਕਦੇ ਹੋ।

## ਪਾਵਰਕਾਮ ਪੈਨਸ਼ਨਰਾਂ ਦਾ ਐਕਸੀਅਨ ਖਿਲਾਫ ਵਧਿਆ ਰੋਸ

**12 ਨੂੰ ਵਿਸ਼ਾਲ ਪ੍ਰਦਰਸ਼ਨ ਕਰਨ ਦਾ ਐਲਾਨ**




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਪਾਵਰਕਾਮ ਸ਼ਹਿਰੀ ਮੰਡਲ ਫਿਰੋਜ਼ਪੁਰ ਦੇ ਪੈਨਸ਼ਨਰਾਂ ਦਾ ਰੋਸ ਵਧਦਾ ਜਾ ਰਿਹਾ ਹੈ। ਆਪਣੀਆਂ ਲੰਬਿਤ ਮੰਗਾਂ ਨੂੰ ਲੈ ਕੇ ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਸ਼ਹਿਰੀ ਮੰਡਲ ਫਿਰੋਜ਼ਪੁਰ ਦੀ ਐਗਜ਼ੈਕਟਿਵ ਕਮੇਟੀ ਦੀ ਇਕ ਅਹਿਮ ਮੀਟਿੰਗ ਸਾਥੀ ਚੰਨਣ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਸਰਬਸੰਮਤੀ ਨਾਲ ਇਹ ਫੈਸਲਾ ਕੀਤਾ ਗਿਆ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਤੁਰੰਤ ਨਾ ਮੰਨੀਆਂ ਗਈਆਂ ਤਾਂ 12 ਅਗਸਤ 2025 ਨੂੰ ਐਕਸੀਅਨ ਦਫ਼ਤਰ ਦੇ ਬਾਹਰ ਇਕ ਵਿਸ਼ਾਲ ਧਰਨਾ ਤੇ ਅਰਥੀ ਫੂਕ ਮੁਜ਼ਾਹਰਾ ਕੀਤਾ ਜਾਵੇਗਾ। ਐਸੋਸੀਏਸ਼ਨ ਦੇ ਆਗੂਆਂ ਨੇ ਦੱਸਿਆ ਕਿ ਉਹ ਆਪਣੀਆਂ ਜਾਇਜ਼ ਮੰਗਾਂ ਲਈ ਪਿਛਲੇ ਕਾਫੀ ਸਮੇਂ ਤੋਂ ਸੰਘਰਸ਼ ਕਰ ਰਹੇ ਹਨ। ਇਸੇ ਲੜੀ ਤਹਿਤ ਉਨ੍ਹਾਂ ਵੱਲੋਂ 17 ਜੁਲਾਈ ਤੇ 24 ਜੁਲਾਈ 2025 ਨੂੰ ਵੀ ਐਕਸੀਅਨ ਵਿਰੁੱਧ ਦੋ ਧਰਨੇ ਦਿੱਤੇ ਗਏ ਸਨ, ਪਰ ਅਫ਼ਸੋਸ ਦੀ ਗੱਲ ਹੈ ਕਿ ਸ਼ਹਿਰੀ ਮੰਡਲ ਫਿਰੋਜ਼ਪੁਰ ਦੇ ਐਕਸੀਅਨ ਵੱਲੋਂ ਜਥੇਬੰਦੀ ਨਾਲ ਮੰਗਾਂ-ਮਸਲੇ ਹੱਲ ਕਰਨ ਲਈ ਕੋਈ ਸਮਾਂ ਨਹੀਂ ਦਿੱਤਾ ਗਿਆ, ਜਿਸ ਕਾਰਨ ਪੈਨਸ਼ਨਰਜ਼ ਸਾਥੀਆਂ ਵਿਚ ਲਗਾਤਾਰ ਰੋਸ ਵੱਧਦਾ ਜਾ ਰਿਹਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਐਕਸੀਅਨ ਦਾ ਇਹ ਰਵੱਈਆ ਪੈਨਸ਼ਨਰਾਂ ਪ੍ਰਤੀ ਬਿਲਕੁਲ ਗੈਰ-ਜ਼ਿੰਮੇਵਾਰਾਨਾ ਹੈ। ਪੈਨਸ਼ਨਰਜ਼ ਐਸੋਸੀਏਸ਼ਨ ਦੇ ਆਗੂਆਂ ਨੇ ਦੱਸਿਆ ਕਿ ਉਨ੍ਹਾਂ ਦੀਆਂ ਮੁੱਖ ਮੰਗਾਂ ਵਿਚ 66 ਮਹੀਨਿਆਂ ਦੇ ਸਕੇਲਾਂ ਦਾ ਬਕਾਇਆ, ਲੀਵ ਇਨਕੈਸ਼ਮੈਂਟ ਦਾ ਬਕਾਇਆ ਅਤੇ ਅਪ੍ਰੈਲ 2025 ਤੋਂ ਬਣਦੇ ਮੈਡੀਕਲ ਬਿੱਲਾਂ ਦੀ ਅਦਾਇਗੀ ਸ਼ਾਮਲ ਹੈ, ਜੋ ਕਿ ਅਜੇ ਤੱਕ ਨਹੀਂ ਦਿੱਤੀ ਗਈ। ਇਹ ਇਕ ਗੰਭੀਰ ਮੁੱਦਾ ਹੈ, ਕਿਉਂਕਿ ਕਈ ਪੈਨਸ਼ਨਰ ਬੁਢਾਪੇ ਕਾਰਨ ਵੱਖ-ਵੱਖ ਬਿਮਾਰੀਆਂ ਨਾਲ ਜੂਝ ਰਹੇ ਹਨ ਤੇ ਉਨ੍ਹਾਂ ਨੂੰ ਤੁਰੰਤ ਮੈਡੀਕਲ ਖਰਚਿਆਂ ਦੀ ਲੋੜ ਹੈ। ਇਸ ਤੋਂ ਇਲਾਵਾ 2016 ਤੋਂ ਬਾਅਦ ਸੇਵਾਮੁਕਤ ਹੋਏ ਸਾਥੀਆਂ ਦਾ ਬਕਾਇਆ ਵੀ ਅਜੇ ਤੱਕ ਜਾਰੀ ਨਹੀਂ ਕੀਤਾ ਗਿਆ ਹੈ। ਸਾਥੀਆਂ ਨੇ ਕਿਹਾ ਕਿ ਜਦੋਂ ਇਕ ਕਰਮਚਾਰੀ ਸੇਵਾਮੁਕਤ ਹੋ ਜਾਂਦਾ ਹੈ, ਤਾਂ ਉਹ ਇਕ ਪੈਨਸ਼ਨਰ ਬਣ ਜਾਂਦਾ ਹੈ ਤੇ ਉਸ ਨੂੰ ਸਾਰੇ ਬਕਾਏ ਸਮੇਂ ਸਿਰ ਮਿਲਣੇ ਚਾਹੀਦੇ ਹਨ। ਇਹ ਵਿੱਤੀ ਦੇਰੀ ਪੈਨਸ਼ਨਰਾਂ ਲਈ ਗੁਜ਼ਾਰਾ ਕਰਨਾ ਮੁਸ਼ਕਲ ਬਣਾ ਰਹੀ ਹੈ।

ਮੀਟਿੰਗ ਵਿੱਚ ਸਰਬਸੰਮਤੀ ਨਾਲ ਇਹ ਫੈਸਲਾ ਲਿਆ ਗਿਆ ਕਿ ਜੇਕਰ 12 ਅਗਸਤ 2025 ਤੱਕ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਨਾ ਕੀਤੀਆਂ ਗਈਆਂ, ਤਾਂ ਐਕਸੀਅਨ ਸ਼ਹਿਰੀ ਵਿਰੁੱਧ ਵਿਸ਼ਾਲ ਪੱਧਰ ਦਾ ਧਰਨਾ, ਅਰਥੀ ਫੂਕ ਮੁਜ਼ਾਹਰਾ ਤੇ ਪੋਸਟਰਾਂ ਨਾਲ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਸਾਰੇ ਪ੍ਰਦਰਸ਼ਨ ਦੀ ਸਾਰੀ ਜ਼ਿੰਮੇਵਾਰੀ ਐਕਸੀਅਨ ਸ਼ਹਿਰੀ ਪਾਵਰਕਾਮ ਦੀ ਹੋਵੇਗੀ। ਮੀਟਿੰਗ ਵਿੱਚ ਸਾਥੀ ਸ਼ਾਮ ਸਿੰਘ ਸਕੱਤਰ, ਜਸਵੰਤ ਸਿੰਘ, ਬਿਸ਼ਨ ਸਿੰਘ, ਕੋਮਲ ਸਿੰਘ, ਗੁਰਮੁੱਖ ਸਿੰਘ, ਗੁਰਬਖਸ਼ ਸਿੰਘ ਤੇ ਹਾਕਮ ਸਿੰਘ ਸਮੇਤ ਕਈ ਹੋਰ ਸੀਨੀਅਰ ਮੈਂਬਰ ਹਾਜ਼ਰ ਸਨ।

## ਮੁੱਖ ਮੰਤਰੀ ਪਿੰਡਾਂ ਦੀਆਂ ਚਿਰੋਕਣੀਆਂ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਕਰ ਰਹੇ ਹਨ ਹੱਲ : ਸਰਪੰਚ ਰਾਜਾ ਮੱਲਕੇ

**ਮੱਲਕੇ 'ਚ ਆਧੁਨਿਕ ਸਹੂਲਤਾਂ ਨਾਲ ਲੈਸ ਖੇਡ ਸਟੇਡੀਅਮ ਦਾ ਨਿਰਮਾਣ ਕਾਰਜ ਕਰਵਾਉਣ 'ਤੇ ਸਰਕਾਰ ਦਾ ਕੀਤਾ ਧੰਨਵਾਦ**



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸੂਬੇ ਅੰਦਰ ਜਦੋਂ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਤਾ ਸੰਭਾਲੀ ਹੈ, ਉਸ ਦਿਨ ਤੋਂ ਲੈ ਕੇ ਸਰਕਾਰ ਦੀ ਕਾਰਗੁਜ਼ਾਰੀ ਤੋਂ ਪੰਜਾਬ ਦਾ ਹਰ ਵਰਗ ਪੂਰੀ ਤਰ੍ਹਾਂ ਖੁਸ਼ ਨਜ਼ਰ ਆ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪਿੰਡ ਮੱਲਕੇ ਦੇ ਸਰਪੰਚ ਰਾਜਾ ਮੱਲਕੇ ਨੇ ਕਰਦਿਆਂ ਕਿਹਾ ਕਿ ਪੰਜਾਬ ਦੇ ਕੋਈ ਅਗਲੇ ਪਿਛਲੇ ਕੀਤੇ ਚੰਗੇ ਕਰਮਾਂ ਦਾ ਫਲ ਹੈ, ਜਿਸ ਕਰ ਕੇ ਭਗਵੰਤ ਸਿੰਘ ਮਾਨ ਵਰਗੇ ਮੁੱਖ ਮੰਤਰੀ ਮਿਲੇ ਹਨ, ਜੋ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਲਈ ਹਮੇਸ਼ਾ ਯਤਨਸ਼ੀਲ ਰਹਿੰਦੇ ਹਨ। ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਨੇ ਪਿੰਡ ਮੱਲਕੇ ਵਿੱਚ ਆਧੁਨਿਕ ਸਹੂਲਤਾਂ ਨਾਲ ਲੈਸ ਖੇਡ ਸਟੇਡੀਅਮ ਕਰੋੜਾਂ ਰੁਪਏ ਦੀ ਲਾਗਤ ਨਾਲ ਬਣਨ ਜਾ ਰਿਹਾ ਹੈ। ਰਾਜਾ ਮੱਲਕੇ ਨੇ ਪਹਿਲੀਆਂ ਰਿਵਾਇਤੀ ਪਾਰਟੀਆਂ ਨੂੰ ਕੋਸਦੇ ਹੋਏ ਉਨ੍ਹਾਂ ਆਖਿਆ ਕਿ ਲੰਮਾ ਸਮਾਂ ਸੱਤਾ ਵਿੱਚ ਰਹਿ ਕੇ ਪਿੰਡ ਦਾ ਕੁੱਝ ਨਹੀਂ ਸਵਾਰਿਆ ਤੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਦੀਆਂ ਚਿਰੋਕਣੀਆਂ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ ਅਤੇ ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਉਪਲਬਧ ਕਰਵਾਉਣ ਲਈ ਗਰਾਂਟਾਂ ਦੇ ਗੱਫੇ ਦੇ ਕੇ ਨਿਵਾਜਿਆ ਜਾ ਰਿਹਾ ਹੈ। ਇਸ ਮੌਕੇ ਗੱਲਬਾਤ ਕਰਦਿਆਂ ਸਰਪੰਚ ਮੱਲਕੇ ਨੇ ਪਿੰਡ ਮੱਲਕੇ ਦੇ ਸਮੂਹ ਵਾਸੀਆਂ ਨਾਲ ਵਾਅਦਾ ਕੀਤਾ ਕਿ ਆਉਣ ਵਾਲੇ ਸਮੇਂ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡ ਮੱਲਕੇ ਨੂੰ ਵਿਕਾਸ ਪੱਖੋਂ ਹਲਕੇ ਦਾ ਮੋਹਰੀ ਪਿੰਡ ਬਣਾਇਆ ਜਾਵੇਗਾ। ਉਨ੍ਹਾਂ ਨਸ਼ੇ ਦੇ ਮੁੱਦੇ 'ਤੇ ਗੱਲ ਕਰਦਿਆਂ ਲੋਕਾਂ ਨੂੰ ਅਪੀਲ ਕੀਤੀ ਕਿ ਜੋ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਸ਼ੁਰੂ ਕੀਤੀ ਹੈ ਅਤੇ ਪਿੰਡ ਪਿੰਡ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਦਾ ਹੋਕਾ ਦਿੱਤਾ ਜਾ ਰਿਹਾ ਹੈ, ਆਪਾਂ ਸਾਰੇ ਉਸ ਮੁਹਿੰਮ ਦਾ ਹਿੱਸਾ ਬਣ ਕੇ ਇਸ ਮਿਸ਼ਨ ਨੂੰ ਕਾਮਯਾਬ ਬਣਾਈਏ।

ਮੱਲਕੇ ਨੇ ਅਖੀਰ ਵਿੱਚ ਕਿਹਾ ਕਿ ਲੰਮਾ ਸਮਾਂ ਸੰਤਾਪ ਭੋਗਣ ਤੋਂ ਬਾਅਦ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਤੇ ਅਜੋਕੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਵਾਲਾ ਮੁੱਖ ਮੰਤਰੀ ਭਗਵੰਤ ਮਾਨ ਮਿਲਿਆ, ਜੋ ਹਮੇਸ਼ਾ ਪੰਜਾਬ ਦੇ ਭਲੇ ਦੀ ਗੱਲ ਕਰ ਰਿਹਾ ਹੈ। ਉਨ੍ਹਾਂ ਪਿੰਡਾ ਦੇ ਲੋਕਾਂ ਨੂੰ ਕਿਹਾ ਕਿ ਨਸ਼ੇ ਦੇ ਮੁਕੰਮਲ ਖਾਤਮੇ ਲਈ ਸਰਕਾਰ ਤੇ ਪੁਲਸ ਪ੍ਰਸ਼ਾਸਨ ਦਾ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਸਾਥ ਦਿੱਤਾ ਜਾਵੇ।

## ਅਧਿਆਪਕ ਬਦਲੀਆਂ ਲਈ ਤਰਸੇ, ਵਿਭਾਗ ਕੁੰਭਕਰਨੀ ਨੀਂਦ ਸੁੱਤਾ : ਜੀ ਟੀ ਯੂ ਪੰਜਾਬ

**ਨਵੀਂ ਭਰਤੀ ਤੇ ਪਦ-ਉਨਤੀ ਵਾਲੇ ਅਧਿਆਪਕਾਂ ਨੂੰ ਬਦਲੀ ਦਾ ਮੌਕਾ ਦਿੱਤਾ ਜਾਵੇ : ਚਾਹਲ, ਸਸਕੌਰ**




**ਜ਼ੀਰਾ (ਨਰਿੰਦਰ ਅਨੇਜਾ)**-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜਨਰਲ ਸਕੱਤਰ ਗੁਰਬਿੰਦਰ ਸਸਕੌਰ, ਵਿੱਤ ਸਕੱਤਰ ਅਮਨਦੀਪ ਸ਼ਰਮਾ, ਪ੍ਰੈੱਸ ਸਕੱਤਰ ਕਰਨੈਲ ਫਿਲੌਰ ਨੇ ਸਿੱਖਿਆ ਵਿਭਾਗ ਦੀਆਂ ਬਦਲੀਆਂ ਪਿੱਛੇ ਹੋ ਰਹੀ ਦੇਰੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ।ਜਿੱਥੇ ਸਿੱਖਿਆ ਵਿਭਾਗ ਦੀ ਬਦਲੀ ਨੀਤੀ ਦੇ ਪੱਤਰ ਦਾ ਪੈਰਾ 4 ਸਮਾਂ ਸਾਰਣੀ ਦਾ ਕਾਲਮ 'ੲ' ਇਹ ਦਰਸਾਉਂਦਾ ਹੈ ਕਿ ਨਵੇਂ ਸਕੂਲ ਖੋਲ੍ਹਣ, ਸਕੂਲਾਂ/ਸੈਕਸ਼ਨਾਂ ਨੂੰ ਅੱਪਗ੍ਰੇਡ ਕਰਨ, ਨਵੇਂ ਵਿਸ਼ੇ/ਸਟ੍ਰੀਮਾਂ ਨੂੰ ਜੋੜਨ ਤੇ ਅਧਿਆਪਨ ਅਸਾਮੀਆਂ ਦੀ ਮੁੜ ਵੰਡ/ਤਰਕਸ਼ੀਲਤਾ ਬਾਰੇ ਫੈਸਲਾ ਹਰ ਸਾਲ 1 ਦਸੰਬਰ ਤੋਂ 31 ਦਸੰਬਰ ਤੱਕ ਕੀਤਾ ਜਾਵੇਗਾ।ਬਾਅਦ ਅਸਲ ਅਸਾਮੀਆਂ ਦੀ ਨੋਟੀਫਿਕੇਸ਼ਨ ਹਰ ਸਾਲ 1 ਜਨਵਰੀ ਤੋਂ 15 ਜਨਵਰੀ ਤੱਕ ਕੀਤੀ ਜਾਵੇਗੀ।

ਯੋਗ ਅਧਿਆਪਕ ਹਰ ਸਾਲ 15 ਜਨਵਰੀ ਤੋਂ 15 ਫਰਵਰੀ ਤੱਕ ਆਪਣੀ ਪਸੰਦ ਦੇ ਸਕੂਲਾਂ ਨੂੰ ਆਨਲਾਇਨ ਚੋਣ ਜਮ੍ਹਾਂ ਕਰਾਉਣਗੇ।ਤਬਾਦਲੇ ਦੇ ਹੁਕਮ ਹਰ ਸਾਲ ਮਾਰਚ ਦੇ ਦੂਜੇ ਹਫ਼ਤੇ ਜਾਰੀ ਕੀਤੇ ਜਾਣਗੇ ਤੇ ਜੁਆਇਨਿੰਗ ਅਪ੍ਰੈਲ ਦੇ ਪਹਿਲੇ ਹਫ਼ਤੇ ਵਿੱਚ ਹੋਵੇਗੀ, ਪਰ ਸੂਬਾ ਸਰਕਾਰ ਕੁੰਭਕਰਨੀ ਨੀਂਦ ਸੁੱਤੀ ਪਈ ਹੈ ਕਿਉਂਕਿ ਜੇਕਰ ਅਧਿਆਪਕ ਬਦਲੀ ਦੀ ਗੱਲ ਕਰੀਏ ਤਾਂ ਅਧਿਆਪਨ ਵਿਸ਼ਾ ਬੱਚਿਆਂ ਤੇ ਅਧਿਆਪਕਾਂ ਦੇ ਮਨੋਭਾਵਾਂ ਦਾ ਵਿਸ਼ਾ ਹੈ, ਜੇਕਰ ਵਿੱਦਿਅਕ ਸੈਸ਼ਨ ਸ਼ੁਰੂ ਹੋਣ ਦੇ ਸਾਰ ਬੱਚਿਆਂ ਨੂੰ ਮਿਲ ਜਾਵੇ ਤਾਂ ਉਹ ਵਿਦਿਆਰਥੀਆਂ ਨਾਲ ਇੱਕਮਿੱਕ ਹੋ ਜਾਂਦਾ ਹੈ ਇੱਕ ਦੂਜੇ ਦੇ ਪੜ੍ਹਨ ਪੜ੍ਹਾਉਣ ਦੇ ਵਿਵਹਾਰ ਤੋਂ ਜਾਣੂ ਹੋ ਜਾਂਦਾ ਹੈ, ਜਿਸ ਦਾ ਬੱਚੇ ਦੀ ਪੜ੍ਹਾਈ 'ਤੇ ਬਹੁਤ ਅਸਰ ਪੈਂਦਾ ਹੈ। ਹੁਣ ਜੇਕਰ ਵਿਦਿਆਰਥੀ ਅੱਧਾ ਸਾਲ ਕਿਸੇ ਹੋਰ ਅਧਿਆਪਕ ਕੋਲੋਂ ਪੜ੍ਹਦਾ ਹੈ ਤੇ ਅੱਧਾ ਸਾਲ ਕਿਸੇ ਹੋਰ ਅਧਿਆਪਕ ਕੋਲੋਂ ਹੈ ਤਾਂ ਉਸ ਦਾ ਡੂੰਘਾ ਅਸਰ ਵਿਦਿਆਰਥੀ ਦੇ ਮਨੋਭਾਵਨਾਵਾਂ ਤੇ ਪੜ੍ਹਾਈ ਤੇ ਪੈਂਦਾ ਹੈ ਤੇ ਜਿਸ ਨਾਲ ਅਧਿਆਪਕ ਤੇ ਵਿਦਿਆਰਥੀ ਦੇ ਰਿਜ਼ਲਟ 'ਤੇ ਵੀ ਮਾੜਾ ਅਸਰ ਪੈਂਦਾ ਹੈ।ਗੌਰਮਿੰਟ ਟੀਚਰਜ਼ ਯੂਨੀਅਨ ਮੰਗ ਕਰਦੀ ਹੈ ਕਿ ਬਦਲੀ ਪੋਰਟਲ ਜਲਦ ਖੋਲ੍ਹ ਕੇ ਬਦਲੀਆਂ ਕੀਤੀਆਂ ਜਾਣ ਤਾਂ ਜੋ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਪੜ੍ਹਨ ਪੜ੍ਹਾਉਣ 'ਚ ਸੌਖ ਹੋ ਸਕੇ।ਗੁਰਪ੍ਰੀਤ ਸਿੰਘ ਅੰਮੀਵਾਲ ਮੋਗਾ, ਕੁਲਦੀਪ ਸਿੰਘ ਪੁਰੋਵਾਲ ਗੁਰਦਾਸਪੁਰ, ਮਨੋਹਰ ਲਾਲ ਸ਼ਰਮਾ ਮੁਕਤਸਰ, ਗੁਰਦੀਪ ਸਿੰਘ ਬਾਜਵਾ, ਸੁੱਚਾ ਸਿੰਘ ਟਰਪਈ ਅੰਮ੍ਰਿਤਸਰ, ਦੇਵੀ ਦਿਆਲ ਸੰਗਰੂਰ, ਹਰਿੰਦਰ ਮੱਲ੍ਹੀਆਂ ਬਰਨਾਲਾ, ਜੱਜਪਾਲ ਬਾਜੇ ਕੇ ਮੋਗਾ, ਦਿਲਦਾਰ ਸਿੰਘ ਭੰਡਾਲ ਗੁਰਦਾਸਪੁਰ, ਸ੍ਰੀ ਗਣੇਸ਼ ਭਗਤ ਜਲੰਧਰ, ਬਲਵਿੰਦਰ ਸਿੰਘ ਭੁੱਟੋ ਫਿਰੋਜ਼ਪੁਰ, ਪਰਮਜੀਤ ਸਿੰਘ ਫਾਜ਼ਿਲਕਾ, ਜਸਵਿੰਦਰ ਸਿੰਘ ਸਮਾਣਾ ਪਟਿਆਲਾ, ਨੂਰ ਮੁਹੰਮਦ ਮਲੇਰਕੋਟਲਾ, ਸੁਭਾਸ਼ ਚੰਦਰ ਪਠਾਨਕੋਟ, ਗੁਰਮੇਲ ਸਿੰਘ ਕੁਰੜੀਆਂ ਮਾਨਸਾ, ਸੁੱਚਾ ਸਿੰਘ ਟਰਪਈ ਅੰਮ੍ਰਿਤਸਰ, ਨਰਿੰਦਰ ਸਿੰਘ ਮਾਖਾ ਮਾਨਸਾ, ਰਾਜੀਵ ਹਾਂਡਾ ਫਿਰੋਜ਼ਪੁਰ, ਰਵਿੰਦਰ ਸਿੰਘ ਪੱਪੀ ਮੁਹਾਲੀ ਸੁਖਚੈਨ ਸਿੰਘ ਬੱਧਣ ਕਪੂਰਥਲਾ, ਸਰਬਜੀਤ ਸਿੰਘ ਬਰਾੜ ਫਰੀਦਕੋਟ, ਬਿਕਰਮਜੀਤ ਸਿੰਘ ਨਵਾਂ ਸ਼ਹਿਰ, ਜਗਜੀਤ ਸਿੰਘ ਮਾਨ ਲੁਧਿਆਣਾ, ਸਰਬਜੀਤ ਸਿੰਘ ਸੰਧੂ ਤਰਨਤਾਰਨ, ਬਲਦੇਵ ਸਿੰਘ ਬਠਿੰਡਾ, ਬੋਧਰਾਜ ਭੋਆ, ਸੁਬਾਸ਼ ਚੰਦਰ ਪਠਾਨਕੋਟ ਅਧਿਆਪਕ ਆਗੂ ਹਾਜ਼ਰ ਸਨ।


## ਐੱਸ ਸੀ ਕਮਿਸ਼ਨ ਅਨੁਸੂਚਿਤ ਜਾਤੀਆਂ ਦੀ ਭਲਾਈ ਲਈ ਵਚਨਬੱਧ : ਇੱਟਾਂਵਾਲੀ

**ਝੰਡੇਆਣਾ ਸਰਕੀ 'ਚ ਮੀਂਹ ਨਾਲ ਹੋਏ ਨੁਕਸਾਨ ਨੂੰ ਲੈ ਕੇ ਐੱਸ ਸੀ ਪਰਵਾਰਾਂ ਦੀ ਕੀਤੀ ਸੁਣਵਾਈ**



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮੈਂਬਰ ਗੁਰਪ੍ਰੀਤ ਸਿੰਘ ਇੱਟਾਂਵਾਲੀ ਵੱਲੋਂ ਪਿੰਡ ਝੰਡੇਆਣਾ ਸਰਕੀ ਵਿਖੇ ਮੀਂਹ ਦੇ ਪਾਣੀ ਨਾਲ ਹੋਏ ਨੁਕਸਾਨ ਤੇ ਬਰਸਾਤੀ ਪਾਣੀ ਦਾ ਨਿਕਾਸ ਨਾ ਹੋਣ ਸਬੰਧੀ ਲੋਕਾਂ ਦੀਆਂ ਮੁਸ਼ਕਲਾਂ ਨੂੰ ਸੁਣਿਆ। ਗੁਰਪ੍ਰੀਤ ਸਿੰਘ ਨੇ ਕਿਹਾ ਕਿ ਕਮਿਸ਼ਨ ਅਨੁਸੂਚਿਤ ਜਾਤੀਆਂ ਦੀ ਭਲਾਈ ਲਈ ਵਚਨਬੱਧ ਹੈ, ਇਸ ਕਰਕੇ ਐੱਸ ਸੀ ਵਰਗ ਨੂੰ ਹਰੇਕ ਲੋੜੀਂਦੀ ਸੁਵਿਧਾ ਤੇ ਉਨ੍ਹਾਂ ਦੇ ਹੱਕਾਂ ਨਾਲ ਕੋਈ ਅਣਗਹਿਲੀ ਨਹੀਂ ਹੋਣ ਦਿੱਤੀ ਜਾਵੇਗੀ। ਉਨ੍ਹਾਂ ਮੌਕੇ 'ਤੇ ਸਬੰਧਤ ਅਧਿਕਾਰੀਆਂ ਨੂੰ ਤੁਰੰਤ ਬਰਸਾਤੀ ਪਾਣੀ ਦਾ ਨਿਕਾਸ ਕਰਨ ਦੇ ਆਦੇਸ਼ ਜਾਰੀ ਕੀਤੇ, ਤਾਂ ਜੋ ਭਵਿੱਖ ਅੰਦਰ ਮਾਨਸੂਨ ਦੇ ਮੌਸਮ ਦੌਰਾਨ ਕਿਸੇ ਦਾ ਕੋਈ ਆਰਥਿਕ ਨੁਕਸਾਨ ਨਾ ਹੋਵੇ। ਉਨ੍ਹਾਂ ਕਿਹਾ ਕਿ ਬਰਸਾਤੀ ਪਾਣੀ ਨਾਲ ਹੋਏ ਘਰਾਂ ਦੇ ਨੁਕਸਾਨ ਲਈ ਸੂਬਾ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਬਣਦਾ ਮੁਆਵਜ਼ਾ ਮੁਹੱਈਆ ਕਰਵਾਉਣ ਲਈ ਜਾਣੂ ਕਰਵਾਇਆ ਜਾਵੇਗਾ। ਬਾਰਿਸ਼ ਦੇ ਪਾਣੀ ਨਾਲ ਬੰਦ ਪਏ ਪਿੰਡ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂੰ ਖੁੱਲ੍ਹਵਾਉਣ ਲਈ ਉਨ੍ਹਾਂ ਸਿੱਖਿਆ ਵਿਭਾਗ ਨੂੰ ਆਦੇਸ਼ ਜਾਰੀ ਕੀਤੇ ਤਾਂ ਕਿ ਵਿਦਿਆਰਥੀਆਂ ਦੀ ਪੜ੍ਹਾਈ ਦਾ ਕੋਈ ਨੁਕਸਾਨ ਨਾ ਹੋਵੇ। ਉਨ੍ਹਾਂ ਕਿਹਾ ਕਿ ਵੈਸੇ ਤਾਂ ਇਹ ਕੁਦਰਤੀ ਆਫਤ ਹੈ, ਜਿਸ ਨਾਲ ਹਰੇਕ ਵਰਗ ਦੇ ਲੋਕ ਪ੍ਰਭਾਵਿਤ ਹੋਏ ਹਨ, ਪ੍ਰੰਤੂ ਪਾਣੀ ਦੀ ਨਿਕਾਸੀ ਸੰਬੰਧੀ ਜੇਕਰ ਕਿਸੇ ਵਿਭਾਗ ਦੀ ਅਣਗਹਿਲੀ ਸਾਹਮਣੇ ਆਉਂਦੀ ਹੈ ਤਾਂ ਉਸ ਉੱਪਰ ਸਖਤ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਉਨ੍ਹਾਂ ਨਾਲ ਐੱਸ ਡੀ ਐੱਮ ਮੋਗਾ ਸਾਰੰਗਪ੍ਰੀਤ ਸਿੰਘ ਔਜਲਾ, ਪੀ ਏ ਹਰਜਿੰਦਰ ਸਿੰਘ ਫਿਰੋਜ਼ਸ਼ਾਹ ਤੋਂ ਇਲਾਵਾ ਸਿਵਲ ਤੇ ਪੁਲਸ ਪ੍ਰਸ਼ਾਸਨ ਦੇ ਅਧਿਕਾਰੀ ਮੌਜੂਦ ਸਨ।

## ਡਾਕਟਰ ਦੀ ਅਣਗਹਿਲੀ ਕਾਰਨ ਗਈ ਦੋ ਸਾਲਾ ਬੱਚੇ ਦੀ ਜਾਨ, ਡਾਕਟਰ ਨੇ ਮੁੱਢੋਂ ਨਕਾਰੇ ਦੋਸ਼




**ਲਹਿਰਾਗਾਗਾ (ਰੀਤਵਾਲ)**

ਵਾਰਡ ਨੰਬਰ ਅੱਠ ਦੇ ਇੱਕ ਗ਼ਰੀਬ ਪਰਵਾਰ ਦੇ ਦੋ ਸਾਲਾ ਬੱਚੇ ਦੀ ਮੌਤ 'ਤੇ ਪੀੜਤ ਪਰਵਾਰ ਨੇ ਸਰਕਾਰੀ ਹਸਪਤਾਲ ਵਿੱਚ ਬਤੌਰ ਸੀਐਮਓ ਦੀ ਨੌਕਰੀ ਕਰਦੇ ਡਾ. ਸੰਜੇ ਬਾਂਸਲ ਉੱਪਰ ਪ੍ਰਾਈਵੇਟ ਤੌਰ 'ਤੇ ਇਲਾਜ ਦੌਰਾਨ ਅਣਗਹਿਲੀ ਕਰਨ ਦੇ ਦੋਸ਼ ਲਾਉਂਦਿਆਂ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ।ਮ੍ਰਿਤਕ ਦੋ ਸਾਲਾ ਬੱਚੇ ਦੇ ਪਿਤਾ ਓਮ ਪ੍ਰਕਾਸ਼ ਨੇ ਦੱਸਿਆ ਕਿ ਉਨ੍ਹਾਂ ਦੇ ਬੱਚੇ ਨੂੰ ਬੁਖਾਰ ਹੋਇਆ ਸੀ।ਇਹ ਪਤਾ ਲੱਗਣ 'ਤੇ ਕਿ ਸਰਕਾਰੀ ਹਸਪਤਾਲ ਵਿੱਚ ਬੱਚਿਆਂ ਦਾ ਇਹ ਡਾਕਟਰ ਮਰੀਜ਼ ਨੂੰ ਚੰਗੀ ਤਰ੍ਹਾਂ ਨਹੀਂ ਦੇਖਦਾ।ਅਸੀਂ ਆਪਣੇ ਬੱਚੇ ਨੂੰ 23 ਜੁਲਾਈ ਨੂੰ ਸੁਨਾਮ ਵਿਖੇ ਉਸ ਦੇ ਪ੍ਰਾਈਵੇਟ ਕਲੀਨਿਕ (ਰਿਹਾਇਸ਼) 'ਤੇ ਲੈ ਗਏ, ਜਿੱਥੇ 200 ਰੁਪਏ ਦੀ ਪਰਚੀ ਕੱਟੀ ਗਈ ਤੇ ਇਲਾਜ਼ ਸ਼ੁਰੂ ਕੀਤਾ ਗਿਆ।ਅਗਲੇ ਦਿਨ ਸਵੇਰੇ ਬੱਚੇ ਦੀ ਤਬੀਅਤ ਖਰਾਬ ਹੋ ਗਈ, ਜਦੋਂ ਅਸੀਂ ਸਵੇਰੇ 24 ਤਰੀਕ ਨੂੰ ਬੱਚੇ ਨੂੰ ਲੈ ਕੇ ਗਏ ਤਾਂ ਡਾਕਟਰ ਨੇ ਬੱਚੇ ਦਾ ਇਲਾਜ ਕਰਨਾ ਜ਼ਰੂਰੀ ਨਹੀਂ ਸਮਝਿਆ।ਵਾਰ-ਵਾਰ ਬੇਨਤੀ ਕਰਨ 'ਤੇ ਵੀ ਡਾਕਟਰ ਬੱਚੇ ਦਾ ਇਲਾਜ ਕਰਨ ਨਹੀਂ ਆਇਆ, ਜਿਸਦੇ ਚੱਲਦੇ ਬੱਚੇ ਦੀ ਉੱਥੇ ਮੌਤ ਹੋ ਗਈ।ਬਾਵਜੂਦ ਇਸਦੇ ਅਸੀਂ ਇੱਕ ਆਸ ਲੈ ਕੇ ਬੱਚੇ ਨੂੰ ਦੂਜੇ ਹਸਪਤਾਲ ਵਿੱਚ ਲੈ ਗਏ, ਜਿੱਥੇ ਡਾਕਟਰਾਂ ਨੇ ਕਿਹਾ ਕਿ ਇਹ ਤਾਂ ਮ੍ਰਿਤਕ ਹੈ, ਜੇ ਕੁਝ ਸਮਾਂ ਪਹਿਲਾਂ ਆ ਜਾਂਦੇ ਤਾਂ ਇਸਦੀ ਜਾਨ ਬਚ ਸਕਦੀ ਸੀ।ਪੀੜਿਤ ਪਰਵਾਰ ਨੇ ਕਿਹਾ ਕਿ ਉਕਤ ਡਾਕਟਰ ਸਰਕਾਰੀ ਨੌਕਰੀ ਕਰਦਾ ਹੈ। ਬਾਵਜੂਦ ਇਸਦੇ ਉਹ ਪ੍ਰਾਈਵੇਟ ਤੌਰ 'ਤੇ ਬੱਚਿਆਂ ਦਾ ਇਲਾਜ ਕਰਨ ਨੂੰ ਤਰਜ਼ੀਹ ਦੇ ਰਿਹਾ ਹੈ, ਜਿਸ ਦਾ ਖਮਿਆਜ਼ਾ ਸਾਨੂੰ ਭੁਗਤਣਾ ਪਿਆ।

ਉਨ੍ਹਾਂ ਮੰਗ ਕੀਤੀ ਕਿ ਇਸ ਦੀ ਨਿਰਪੱਖ ਜਾਂਚ ਕਰਕੇ ਦੋਸ਼ੀ ਡਾਕਟਰ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਉਹ ਥਾਣਾ ਪੁਲਸ ਸੁਨਾਮ ਤੋਂ ਇਲਾਵਾ ਸੀਐਮ ਤੇ ਹੋਰ ਉਚ ਅਧਿਕਾਰੀਆਂ ਨੂੰ ਸ਼ਿਕਾਇਤਾਂ ਭੇਜ ਚੁੱਕੇ ਹਨ। ਜੇਕਰ ਇਹਦੀ ਜਾਂਚ ਕਰਕੇ ਦੋਸ਼ੀ ਡਾਕਟਰ ਦੇ ਵਿਰੁੱਧ ਕਾਰਵਾਈ ਨਾ ਹੋਈ ਤਾਂ ਉਹ ਸੰਘਰਸ਼ ਕਰਨ ਤੋਂ ਗੁਰੇਜ਼ ਨਹੀਂ ਕਰਨਗੇ।

ਉਕਤ ਮਾਮਲੇ 'ਤੇ ਸਬੰਧਤ ਡਾਕਟਰ ਐਸ ਐਮ ਓ ਲਹਿਰਾ ਸੰਜੇ ਬਾਂਸਲ ਨੇ ਕਿਹਾ ਕਿ ਉਹ ਪ੍ਰਾਈਵੇਟ ਪ੍ਰੈਕਟਿਸ ਨਹੀਂ ਕਰਦੇ, ਇਨਸਾਨੀਅਤ ਨਾਤੇ ਮਰੀਜ਼ ਦੇਖਦੇ ਹਨ।ਜੇਕਰ 10 ਮਿੰਟ ਪਹਿਲਾਂ ਮੈਂ ਮਰੀਜ਼ ਦੇਖ ਵੀ ਲੈਂਦਾ ਤਾਂ ਮੈਂ ਉਸਦੀ ਜਾਨ ਨਹੀਂ ਬਚਾ ਸਕਦਾ ਸੀ।ਉਨ੍ਹਾਂ ਕਿਹਾ ਕਿ ਮੇਰੇ ਵੱਲੋਂ ਕੋਈ 200 ਰੁਪਏ ਪਰਚੀ ਫ਼ੀਸ ਵੀ ਨਹੀਂ ਲਈ ਜਾਂਦੀ।

## ਜੇਠੂਕੇ-ਕਰਾੜਵਾਲਾ ਵਿਚਕਾਰ ਰੇਲਵੇ ਲਾਈਨਾਂ ਤੋਂ ਅਣਪਛਾਤੀ ਲਾਸ਼ ਮਿਲੀ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪਿੰਡ ਜੇਠੂਕੇ ਤੇ ਪਿੰਡ ਕਰਾੜਵਾਲਾ ਦੇ ਵਿਚਕਾਰ ਰੇਲਵੇ ਲਾਈਨਾਂ ਤੋਂ ਰਾਤ 2 ਵਜੇ ਦੇ ਕਰੀਬ ਇੱਕ ਨਾ-ਮਲੂਮ ਵਿਅਕਤੀ ਦੀ ਲਾਸ਼ ਮਿਲੀ ਹੈ। ਮਿਲੀ ਜਾਣਕਾਰੀ ਅਨੁਸਾਰ ਸਹਾਰਾ ਸਮਾਜ ਸੇਵਾ ਦੇ ਪ੍ਰਧਾਨ ਸੰਦੀਪ ਵਰਮਾ ਨੇ ਦੱਸਿਆ ਕਿ ਸਾਨੂੰ ਰੇਲਵੇ ਪੁਲਸ ਚੌਕੀ ਰਾਮਪੁਰਾ ਤੋਂ ਇਤਲਾਹ ਮਿਲੀ ਕਿ ਰੇਲਵੇ ਲਾਈਨਾਂ ਦੇ ਨਾਲ ਇੱਕ ਵਿਅਕਤੀ ਦੀ ਲਾਸ਼ ਪਈ ਹੈ ਤਾਂ ਸਹਾਰਾ ਸਮਾਜ ਸੇਵਾ ਦੇ ਵਰਕਰ ਸੰਸਥਾ ਦੀ ਐਂਬੂਲੈਂਸ ਲੈ ਕੇ ਘਟਨਾ ਸਥਾਨ 'ਤੇ ਪਹੁੰਚੇ ਪੁਲਸ ਦੀ ਜਾਣਕਾਰੀ ਮੁਤਾਬਕ ਇਹ ਵਿਅਕਤੀ ਕਿਸੇ ਟਰੇਨ ਵਿੱਚੋਂ ਡਿੱਗਿਆ ਹੋ ਸਕਦਾ ਹੈ। ਲਾਸ਼ ਨੂੰ ਪੁਲਸ ਦੀ ਮੌਜੂਦਗੀ ਵਿੱਚ ਤਲਾਸ਼ੀ ਦੌਰਾਨ ਕੋਈ ਵੀ ਪਹਿਚਾਣ ਪੱਤਰ ਨਹੀਂ ਮਿਲਿਆ, ਇਸ ਦਾ ਕੱਦ ਕਰੀਬ 5 ਫੁੱਟ 6-7 ਇੰਚ, ਰੰਗ ਸਾਂਵਲਾ, ਦਾੜ੍ਹੀ ਕੱਟੀ ਹੋਈ, ਸਿਰ ਭਾਰੀ, ਭਗਵੇਂ ਰੰਗ ਦਾ ਚਾਦਰਾ, ਲਾਲ ਰੰਗ ਦੀ ਜੈਕੇਟ ਨੁਮਾ ਕਮੀਜ਼ ਤੇ ਨੀਲੇ ਰੰਗ ਦੀ ਨੀਕਰ ਪਹਿਨੀ ਹੋਈ ਹੈ, ਜੋ ਸਾਧੂ ਟਾਇਪ ਜਾਪਦਾ ਹੈ। ਲਾਸ਼ ਨੂੰ ਰੇਲਵੇ ਪੁਲਸ ਦੀ ਮੌਜੂਦਗੀ ਵਿੱਚ ਸਹਾਰਾ ਵਰਕਰ ਸੁਖਦੇਵ ਸਿੰਘ, ਜੀਵਨ ਸਿੰਘ ਨੇ ਚੱਕ ਕੇ ਸਿਵਲ ਹਸਪਤਾਲ ਰਾਮਪੁਰਾ ਦੀ ਮੋਰਚਰੀ ਵਿੱਚ 72 ਘੰਟੇ ਸ਼ਨਾਖਤ ਲਈ ਰੱਖਿਆ ਗਿਆ ਹੈ। ਜੇਕਰ ਕਿਸੇ ਨੂੰ ਇਸ ਬਾਰੇ ਜਾਣਕਾਰੀ ਹੋਏ ਤਾਂ ਉਹ ਰੇਲਵੇ ਪੁਲਸ ਤੇ ਸਹਾਰਾ ਸਮਾਜ ਸੇਵਾ ਦੇ ਕੰਟਰੋਲ ਰੂਮ ਦਫਤਰ ਨਾਲ ਸੰਪਰਕ ਕਰ ਸਕਦਾ ਹੈ।

## ਸ਼ਹੀਦ ਊਧਮ ਸਿੰਘ ਨੂੰ ਕੰਬੋਜ ਮਹਾ ਸਭਾ ਵੱਲੋਂ ਸ਼ਰਧਾ ਦੇ ਫੁੱਲ ਭੇਟ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕੰਬੋਜ ਮਹਾਸਭਾ ਬਲਾਕ ਭੁਨਰਹੇੜੀ ਵੱਲੋਂ ਸ਼ਹੀਦ ਊਧਮ ਸਿੰਘ ਦੇ 85ਵੇਂ ਸ਼ਹੀਦੀ ਦਿਹਾੜਾ ਮੌਕੇ ਕੰਬੋਜ ਮਹਾਸਭਾ ਵੱਲੋਂ ਪ੍ਰਧਾਨ ਸਵਿੰਦਰ ਸਿੰਘ, ਧੰਜੂ ਜਰਨਲ ਸਕੱਤਰ ਦਵਿੰਦਰ ਸਿੰਘ ਮਾੜੂ, ਜੀਤ ਸਿੰਘ ਮੀਰਾਂ ਪੁਰ, ਖਜ਼ਾਨਚੀ, ਭੁਪਿੰਦਰ ਸਿੰਘ ਮਾਤਾ ਗੁਜਰੀ ਸਕੂਲ ਜਸਵਿੰਦਰ ਸਿੰਘ ਪ੍ਰੈੱਸ ਸਕੱਤਰ, ਬਲਵੰਤ ਸਿੰਘ ਜੋਸ਼ਨ ਸਰਪੰਚ, ਗੁਰਿੰਦਰ ਸਿੰਘ ਧੰਜੂ, ਹਰਲਾਲ ਸਿੰਘ, ਸਰਪੰਚ ਮੋਹਨ ਸਿੰਘ ਬਹਿਲ, ਗੁਰਮੇਜ ਸਿੰਘ ਭੁਨਰਹੇੜੀ, ਰਾਜਿੰਦਰ ਸਿੰਘ ਥਿੰਦ ਦੀ ਅਗਵਾਈ ਹੇਠ ਸਨੌਰੀ ਮੰਡੀ ਨੇੜੇ ਸ਼ਹੀਦ ਊਧਮ ਸਿੰਘ ਜੀ ਦੇ ਬੁੱਤ 'ਤੇ ਫੁੱਲ ਮਾਲਾ ਅਰਪਿਤ ਕਰਦੇ ਹੋਏ ਆਪਣੀ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਸ਼ਹੀਦੀ ਦਿਹਾੜੇ ਨੂੰ ਸਮਰਪਤ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ।

ਇਸ ਮੌਕੇ ਵਿਸ਼ੇਸ਼ ਤੌਰ 'ਤੇ ਇੰਦਰਜੀਤ ਸਿੰਘ ਸੰਧੂ ਵਾਇਸ ਚੇਅਰਮੈਨ ਵੇਅਰ ਹਾਊਸ ਕਾਰਪੋਰੇਸ਼ਨ ਨੇ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਕਿਹਾ ਕਿ ਕਿਹਾ ਕਿ ਕੰਬੋਜ ਭਾਈਚਾਰੇ ਦੀ ਦੀ ਸਮਾਜ ਨੂੰ ਬਹੁਤ ਵੱਡੀ ਦੇਣ ਹੈ, ਇਨ੍ਹਾਂ ਦਾ ਇਤਿਹਾਸ ਕੁਰਬਾਨੀਆਂ ਨਾਲ ਭਰਿਆ ਪਿਆ ਹੈ, ਉਨ੍ਹਾਂ ਕਿਹਾ ਕਿ ਸ਼ਹੀਦ ਊਧਮ ਸਿੰਘ ਕੰਬੋਜ ਦਾ ਬਚਪਨ ਸੁਨਾਮ ਵਿਖੇ ਬੀਤਿਆ ਤੇ ਉਨ੍ਹਾਂ ਇਕ ਯਤੀਮ ਘਰ ਵਿੱਚ ਪਲ ਕੇ ਭਾਰਤ ਦੀ ਆਜ਼ਾਦੀ ਦੀ ਲੜਾਈ ਲੜੀ, ਉਨ੍ਹਾਂ 13 ਅਪ੍ਰੈਲ 1919 ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਹੋਏ ਜਲ੍ਹਿਆਂਵਾਲਾ ਬਾਗ ਦੇ ਖ਼ੂਨੀ ਸਾਕੇ ਦਾ ਬਦਲਾ ਸੱਤ ਸਮੁੰਦਰ ਪਾਰ ਜਾ ਕੇ ਲਿਆ ਤੇ ਭਾਰਤ ਦੀ ਆਜ਼ਾਦੀ ਲਈ ਕੁਰਬਾਨੀ ਦਿੱਤੀ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਦੇਸ਼ ਭਗਤ ਸੂਰਮਿਆਂ ਦੀਆਂ ਕੁਰਬਾਨੀਆਂ ਨੂੰ ਆਪਣੇ ਦਿਲ ਵਿਚ ਮਸ਼ਾਲ ਦੀ ਤਰ੍ਹਾਂ ਜਗ੍ਹਾ ਕੇ ਰੱਖਣ। ਉਨ੍ਹਾਂ ਕਿਹਾ ਕਿ ਕੰਬੋਜ ਮਹਾਸਭਾ ਭੁਨਰਹੇੜੀ ਵੱਲੋਂ ਮੁੱਖ ਮੰਤਰੀ ਪੰਜਾਬ ਸਰਕਾਰ ਸ੍ਰ. ਭਗਵੰਤ ਸਿੰਘ ਮਾਨ ਤੋਂ ਪੁਰਜ਼ੋਰ ਮੰਗ ਕੀਤੀ ਸੀ ਕਿ ਉਹ ਸ਼ਹੀਦ ਊਧਮ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਮੌਕੇ 31 ਜੁਲਾਈ ਨੂੰ ਪੂਰੇ ਪੰਜਾਬ ਵਿੱਚ ਛੁੱਟੀ ਦਾ ਐਲਾਨ ਕਰਨ ਤਾਂ ਜੋ ਦੇਸ਼ ਦੇ ਮਹਾਨ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਅਰਪਿਤ ਕੀਤੇ ਜਾ ਸਕਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਰਕਾਰ ਵੱਲੋਂ 31 ਜੁਲਾਈ ਨੂੰ ਪੂਰੇ ਪੰਜਾਬ ਵਿੱਚ ਸ਼ਹੀਦ ਊਧਮ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਉੱਪਰ ਛੁੱਟੀ ਦਾ ਐਲਾਨ ਕਰਨ 'ਤੇ ਕੰਬੋਜ ਮਹਾਸਭਾ ਭੁਨਰਹੇੜੀ ਵੱਲੋਂ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਜਸਵਿੰਦਰ ਸਿੰਘ ਜੱਸੀ ਸਾਬਕਾ ਚੇਅਰਮੈਨ, ਸੁਖਦੇਵ ਸਿੰਘ ਚੰਗੇਰਾ, ਪ੍ਰੇਮ ਸਿੰਘ ਸਵਾਈ ਸਿੰਘ ਵਾਲਾ, ਪ੍ਰੀਤਮ ਸਿੰਘ ਸਨੌਰ, ਜਥੇਦਾਰ ਕ੍ਰਿਸ਼ਨ ਸਿੰਘ ਸਨੌਰ, ਕਾਮਰੇਡ ਰਾਮੇਸ਼ ਅਜ਼ਾਦ, ਐਡਵੋਕੇਟ ਦਵਿੰਦਰ ਸਿੰਘ ਧੰਜੂ, ਰਾਜਵਿੰਦਰ ਸਿੰਘ ਰਾਜੂ, ਜਥੇਦਾਰ ਕ੍ਰਿਸ਼ਨ ਸਿੰਘ ਸਨੌਰ, ਕੁਲਵੰਤ ਸਿੰਘ ਤੁਰਨਾ, ਕਾਲਾ ਟਿਵਾਣਾ, ਚਰਨਜੀਤ ਜੱਜ, ਗੁਰਮੇਲ ਸਿੰਘ ਫਰੀਦਪੁਰ, ਯਾਦਵਿੰਦਰ ਸਿੰਘ ਧੰਜੂ, ਹਰਦੀਪ ਸਿੰਘ ਸਨੌਰ, ਕੁਲਵਿੰਦਰ ਸਿੰਘ, ਸੁਰਿੰਦਰ ਸਿੰਘ ਲਾਡੀ, ਮਨਿੰਦਰ ਫਰਾਂਸ ਵਾਲਾ, ਪ੍ਰਿਥੀਪਾਲ ਸਿੰਘ, ਨਿਰਮਲ ਸਿੰਘ ਤੋਂ ਇਲਾਵਾ ਹੋਰ ਬਹੁਤ ਸਾਰੇ ਆਗੂ ਹਜ਼ਾਰ ਸਨ।

## ਥਰੈਸ਼ਰ ਹਾਦਸਿਆਂ ਦੇ ਪੀੜਤਾਂ ਦੇ ਪਰਵਾਰਾਂ ਨੂੰ ਵਿਧਾਇਕ ਨੇ ਵੰਡੇ ਰਾਹਤ ਚੈੱਕ

**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਸਰਕਾਰ ਤੇ ਮਾਰਕੀਟ ਕਮੇਟੀ ਮੋਗਾ ਵੱਲੋਂ ਮੋਗਾ ਵਿਧਾਨ ਸਭਾ ਹਲਕੇ ਵਿੱਚ ਥਰੈਸ਼ਰ ਹਾਦਸਿਆਂ ਦੇ ਪੀੜਤਾਂ ਦੇ ਪਰਵਾਰਾਂ ਨੂੰ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਹਰਜਿੰਦਰ ਸਿੰਘ ਰੋਡੇ ਵੱਲੋਂ ਰਾਹਤ ਚੈੱਕ ਵੰਡੇ ਗਏ। ਇਸ ਮੌਕੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਥਰੈਸ਼ਰ ਹਾਦਸੇ ਵਿੱਚ ਜਾਨਾਂ ਗੁਆਉਣ ਵਾਲਿਆਂ ਦੇ ਪਰਵਾਰਾਂ ਨੂੰ 3 ਲੱਖ ਰੁਪਏ ਤੇ ਹੱਥ-ਪੈਰ ਗੁਆਉਣ ਵਾਲਿਆਂ ਨੂੰ 48 ਹਜ਼ਾਰ ਰੁਪਏ ਦੀ ਸਹਾਇਤਾ ਰਾਸ਼ੀ ਮੁਹੱਈਆ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਲੋਕਾਂ ਦੇ ਹਿੱਤ ਵਿੱਚ ਕੰਮ ਕਰ ਰਹੀ ਹੈ। ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਖੁਸ਼ ਹਨ। ਇਸ ਦੇ ਨਾਲ ਹੀ ਪਾਰਟੀ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਵੀ ਕਰ ਰਹੀ ਹੈ। ਇਸ ਸਬੰਧ ਵਿੱਚ ਪੰਜਾਬ ਸਰਕਾਰ ਉਨ੍ਹਾਂ ਲੋਕਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰ ਰਹੀ ਹੈ, ਜੋ ਥਰੈਸ਼ਰ ਮਸ਼ੀਨ ਵਿੱਚ ਅਨਾਜ ਕੱਢਣ ਜਾਂ ਖੇਤ ਅਤੇ ਮੰਡੀ ਵਿੱਚ ਕੰਮ ਕਰਦੇ ਸਮੇਂ ਹਾਦਸਿਆਂ ਦਾ ਸ਼ਿਕਾਰ ਹੋਏ। ਉਨ੍ਹਾਂ ਕਿਹਾ ਕਿ ਸਾਰੇ ਪਰਵਾਰਾਂ ਨੂੰ ਪੰਜਾਬ ਸਰਕਾਰ ਵੱਲੋਂ ਵਿੱਤੀ ਸਹਾਇਤਾ ਦਿੱਤੀ ਗਈ ਹੈ। ਪ੍ਰਭਾਵਿਤ ਪਰਵਾਰਾਂ ਨੇ ਜਿੱਥੇ ਵਿੱਤੀ ਸਹਾਇਤਾ ਪ੍ਰਾਪਤ ਕੀਤੀ, ਉਥੇ ਹੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਮੋਗਾ ਹਲਕੇ ਦੇ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ, ਮਾਰਕੀਟ ਕਮੇਟੀ ਦੇ ਚੇਅਰਮੈਨ ਹਰਜਿੰਦਰ ਸਿੰਘ ਰੋਡੇ ਦਾ ਧੰਨਵਾਦ ਕੀਤਾ। ਇਸ ਮੌਕੇ ਕੌਂਸਲਰ ਕੁਲਵਿੰਦਰ ਚੱਕੀਆਂ, ਸਰਪੰਚ ਸੁਖਚੈਨ ਸਿੰਘ ਘੱਲ ਕਲਾਂ, ਸਰਪੰਚ ਸੁਖਵਿੰਦਰ ਸਿੰਘ ਦੌਲਤਪੁਰਾ, ਸਰਪੰਚ ਨਿਰਮਲ ਸਿੰਘ ਰੱਤੀਆਂ, ਪੰਚ ਰਾਜਵਿੰਦਰ ਸਿੰਘ, ਅਜੈਪਾਲ ਸਿੰਘ ਪ੍ਰਧਾਨ ਟਰੱਕ ਯੂਨੀਅਨ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਆਗੂ ਤੇ ਵਰਕਰ, ਵਲੰਟੀਅਰ ਤੇ ਪ੍ਰਭਾਵਿਤ ਪਰਵਾਰਾਂ ਦੇ ਮੈਂਬਰ ਮੌਜੂਦ ਸਨ।

## ਪੱਤਰਕਾਰਾਂ ਤੇ ਡੀ ਸੀ ਫਾਜ਼ਿਲਕਾ ਵਿਚਕਾਰ ਚੱਲ ਰਿਹਾ ਰੇੜਕਾ ਹੋਇਆ ਖਤਮ

**ਡੀ ਸੀ ਵੱਲੋਂ ਪੱਤਰਕਾਰਾਂ ਨੂੰ ਬਣਦਾ ਮਾਣ-ਸਤਿਕਾਰ ਦੇਣ ਦਾ ਭਰੋਸਾ**



**ਫਾਜ਼ਿਲਕਾ (ਪਰਮਜੀਤ ਢਾਬਾਂ)**-ਜ਼ਿਲ੍ਹਾ ਫਾਜ਼ਿਲਕਾ ਨਾਲ ਸੰਬੰਧਤ ਪੱਤਰਕਾਰਾਂ ਤੇ ਡਿਪਟੀ ਕਮਿਸ਼ਨਰ ਫਾਜ਼ਿਲਕਾ ਵਿੱਚ ਚੱਲ ਰਿਹਾ ਰੇੜਕਾ ਅੱਜ ਖਤਮ ਹੋ ਗਿਆ ਹੈ। ਡਿਪਟੀ ਕਮਿਸ਼ਨਰ ਮੈਡਮ ਅਮਰਪ੍ਰੀਤ ਕੌਰ ਨੇ ਪੱਤਰਕਾਰਾਂ ਵਿੱਚ ਪਹੁੰਚ ਕੇ ਇਸ ਗੱਲ ਦਾ ਵਿਸ਼ਵਾਸ ਦਿਵਾਇਆ ਹੈ ਕਿ ਉਹ ਭਵਿੱਖ ਵਿੱਚ ਕਿਸੇ ਤਰ੍ਹਾਂ ਵੀ ਪੱਤਰਕਾਰ ਭਾਈਚਾਰੇ ਨੂੰ ਮੁਸ਼ਕਲ ਨਹੀਂ ਆਉਣ ਦੇਣਗੇ। ਉਨ੍ਹਾਂ ਕਿਹਾ ਕਿ ਪੱਤਰਕਾਰ ਭਾਈਚਾਰੇ ਦੇ ਉਨ੍ਹਾਂ ਦੇ ਦਫਤਰ ਦੇ ਦਰਵਾਜ਼ੇ ਹਮੇਸ਼ਾ ਖੁੱਲ੍ਹੇ ਰਹਿਣਗੇ। ਉਨ੍ਹਾਂ ਕਿਹਾ ਕਿ ਮੀਡੀਆ ਲੋਕਤੰਤਰ ਦਾ ਚੌਥਾ ਥੰਮ੍ਹ ਹੈ, ਇਸ ਲਈ ਮੀਡੀਆ ਤੋਂ ਬਿਨਾਂ ਪ੍ਰਸ਼ਾਸਨ ਆਪਣੇ ਕੰਮ ਕਰਨ ਵਿੱਚ ਕਾਮਯਾਬ ਨਹੀਂ ਹੋ ਸਕਦਾ। ਇਸ ਮੌਕੇ ਗੱਲਬਾਤ ਕਰਦਿਆਂ ਜ਼ਿਲ੍ਹਾ ਪੁਲਸ ਮੁਖੀ ਸ੍ਰ. ਗੁਰਮੀਤ ਸਿੰਘ ਨੇ ਕਿਹਾ ਕਿ ਪੱਤਰਕਾਰ ਭਾਈਚਾਰਾ ਪ੍ਰਸ਼ਾਸਨ ਨੂੰ ਸ਼ੀਸ਼ਾ ਦਿਖਾਉਣ ਦਾ ਕੰਮ ਕਰਦਾ ਹੈ। ਪੱਤਰਕਾਰਾਂ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਨੂੰ ਪ੍ਰਸ਼ਾਸਨ ਤੱਕ ਪਹੁੰਚਾਇਆ ਜਾਂਦਾ ਹੈ ਤੇ ਪ੍ਰਸ਼ਾਸਨ ਆਪਣੀ ਯੋਗ ਕਾਰਵਾਈ ਕਰਦਿਆਂ ਲੋਕਾਂ ਦੇ ਮਸਲੇ ਹੱਲ ਕਰਨ ਦੀ ਹਰ ਸੰਭਵ ਕੋਸ਼ਿਸ਼ ਕਰਦਾ ਹੈ।

ਪੱਤਰਕਾਰਾਂ ਤੇ ਡੀ ਸੀ ਦਰਮਿਆਨ ਲੰਬੇ ਸਮੇਂ ਤੋਂ ਚੱਲ ਰਿਹਾ ਰੇੜਕਾ ਖਤਮ ਹੋਣ ਉਪਰੰਤ ਮੀਡੀਆ ਨਾਲ ਗੱਲਬਾਤ ਕਰਦਿਆਂ ਪਰਮਜੀਤ ਢਾਬਾਂ, ਰਾਜੀਵ ਰਹੇਜਾ, ਪ੍ਰਫੁੱਲ ਨਾਗਪਾਲ, ਸੁਰਿੰਦਰ ਗੋਇਲ, ਸੰਜੀਵ ਝਾਂਬ, ਰਜਨੀਸ਼ ਰਵੀ, ਟੋਨੀ ਛਾਬੜਾ, ਕੁਲਦੀਪ ਬਰਾੜ, ਬਿੱਟੂ ਡੂਮੜਾ, ਨਿਸ਼ਾਨ ਸੰਧੂ, ਸੁਖਦੀਪ ਸਿੰਘ ਘੁੜਿਆਣਾ ਤੇ ਬਖਸ਼ੀਸ਼ ਸਿੰਘ ਹੈਪੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੱਤਰਕਾਰ ਭਾਈਚਾਰਾ ਆਪਣੇ ਮਾਣ ਸਨਮਾਨ ਦੀ ਲੜਾਈ ਲੜ ਰਿਹਾ ਸੀ, ਜਿਸ ਵਿੱਚ ਉਨ੍ਹਾਂ ਦੀ ਜਿੱਤ ਹੋਈ ਹੈ। ਪੱਤਰਕਾਰ ਆਗੂਆਂ ਨੇ ਕਿਹਾ ਕਿ ਉਨ੍ਹਾਂ ਦਾ ਡਿਪਟੀ ਕਮਿਸ਼ਨਰ ਨਾਲ ਕੋਈ ਵੀ ਨਿੱਜੀ ਵਿਰੋਧ ਨਹੀਂ ਸੀ। ਪੱਤਰਕਾਰ ਆਪਣੀ ਖਬਰ ਦੀ ਪੂਰਤੀ ਲਈ ਕਿਸੇ ਮੁੱਦੇ ਨੂੰ ਲੈ ਕੇ ਪੱਖ ਲੈਣਾ ਚਾਹੁੰਦੇ ਸੀ, ਪ੍ਰੰਤੂ ਡਿਪਟੀ ਕਮਿਸ਼ਨਰ ਵੱਲੋਂ ਪੱਖ ਨਾ ਦੇਣ ਕਾਰਨ ਇਹ ਵਿਵਾਦ ਵਧਿਆ ਸੀ, ਪ੍ਰੰਤੂ ਅੱਜ ਜਦੋਂ ਡਿਪਟੀ ਕਮਿਸ਼ਨਰ ਵੱਲੋਂ ਸਮੂਹ ਪੱਤਰਕਾਰਾਂ ਨੂੰ ਪੱਖ ਦੇਣ ਤੇ ਉਨ੍ਹਾਂ ਨਾਲ ਸਹਿਯੋਗ ਕਰਨ ਦਾ ਵਿਸ਼ਵਾਸ ਦਿਵਾਇਆ ਗਿਆ ਹੈ ਤਾਂ ਉਨ੍ਹਾਂ ਵਿਚਾਲੇ ਚੱਲ ਲਿਆ ਵਿਵਾਦ ਹੁਣ ਖਤਮ ਹੋ ਚੁੱਕਿਆ ਹੈ।

ਪੱਤਰਕਾਰਾਂ ਤੇ ਡਿਪਟੀ ਕਮਿਸ਼ਨਰ ਫਾਜ਼ਿਲਕਾ ਵਿਚਕਾਰ ਚੱਲ ਰਹੇ ਵਿਵਾਦ ਨੂੰ ਖਤਮ ਕਰਾਉਣ ਵਿੱਚ ਜ਼ਿਲ੍ਹਾ ਪੁਲਸ ਮੁਖੀ ਸ੍ਰ. ਗੁਰਮੀਤ ਸਿੰਘ ਤੇ ਡੀ ਪੀ ਆਰ ਓ ਅਮਰੀਕ ਸਿੰਘ ਦਾ ਅਹਿਮ ਰੋਲ ਰਿਹਾ ਹੈ।

## ਡੀ ਆਰ ਐੱਮ ਸੰਜੇ ਸਾਹੂ ਵੱਲੋਂ ਬਾਲ ਨਿਕੇਤਨ ਸਕੂਲ ਦਾ ਦੌਰਾ

**ਵਿਦਿਆਰਥੀਆਂ ਨੂੰ ਸਖ਼ਤ ਮਿਹਨਤ ਤੇ ਅਨੁਸ਼ਾਸਨ ਲਈ ਕੀਤਾ ਪ੍ਰੇਰਿਤ**



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਮੰਡਲ ਰੇਲ ਪ੍ਰਬੰਧਕ (ਡੀ ਆਰ ਐੱਮ) ਸੰਜੇ ਸਾਹੂ ਨੇ ਬਾਲ ਨਿਕੇਤਨ ਸਕੂਲ ਦਾ ਦੌਰਾ ਕੀਤਾ। ਉਨ੍ਹਾਂ ਸਕੂਲ ਦੀਆਂ ਵਿੱਦਿਅਕ ਤੇ ਬੁਨਿਆਦੀ ਢਾਂਚੇ ਦੀਆਂ ਸਹੂਲਤਾਂ ਦਾ ਬਾਰੀਕੀ ਨਾਲ ਨਰੀਖਣ ਕੀਤਾ। ਇਸ ਦੌਰਾਨ ਸਾਹੂ ਨੇ ਵਿਦਿਆਰਥੀਆਂ ਨਾਲ ਖੁੱਲ੍ਹ ਕੇ ਗੱਲਬਾਤ ਕੀਤੀ ਤੇ ਉਨ੍ਹਾਂ ਦੇ ਭਵਿੱਖ ਨਾਲ ਸੰਬੰਧਤ ਕਈ ਮਹੱਤਵਪੂਰਨ ਵਿਸ਼ਿਆਂ 'ਤੇ ਚਰਚਾ ਕੀਤੀ। ਨਰੀਖਣ ਦੌਰਾਨ ਡੀ ਆਰ ਐੱਮ ਨੇ ਬੱਚਿਆਂ ਤੋਂ ਪੁੱਛਿਆ ਕਿ ਉਹ ਵੱਡੇ ਹੋ ਕੇ ਕੀ ਬਣਨਾ ਚਾਹੁੰਦੇ ਹਨ। ਬੱਚਿਆਂ ਨੇ ਬੜੇ ਉਤਸ਼ਾਹ ਨਾਲ ਆਪਣੇ ਸੁਪਨੇ ਸਾਂਝੇ ਕੀਤੇ। ਉਨ੍ਹਾਂ ਦੇ ਸੁਪਨਿਆਂ ਨੂੰ ਸੁਣ ਕੇ ਸਾਹੂ ਨੇ ਉਨ੍ਹਾਂ ਨੂੰ ਸਹੀ ਦਿਸ਼ਾ ਵਿੱਚ ਸਖ਼ਤ ਮਿਹਨਤ ਕਰਨ ਤੇ ਅਨੁਸ਼ਾਸਨ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਸੇਧ ਦਿੰਦੇ ਹੋਏ ਕੜੀ ਮਿਹਨਤ, ਸਿਹਤਮੰਦ ਰਹਿਣ ਲਈ ਕਸਰਤ ਤੇ ਯੋਗਾ ਅਤੇ ਸਕਾਰਾਤਮਕ ਸੋਚ ਦੇ ਮਹੱਤਵ ਬਾਰੇ ਸਮਝਾਇਆ। ਉਨ੍ਹਾਂ ਬੱਚਿਆਂ ਨੂੰ ਇਹ ਵੀ ਕਿਹਾ ਕਿ ਜੀਵਨ ਵਿੱਚ ਸਫ਼ਲ ਹੋਣ ਲਈ ਆਪਣੇ ਮਾਤਾ-ਪਿਤਾ ਤੇ ਅਧਿਆਪਕਾਂ ਦੀਆਂ ਗੱਲਾਂ ਹਮੇਸ਼ਾ ਮੰਨਣੀਆਂ ਚਾਹੀਦੀਆਂ ਹਨ। ਸਾਹੂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਮਾਪਿਆਂ ਤੇ ਅਧਿਆਪਕਾਂ ਦਾ ਸਤਿਕਾਰ ਤੇ ਉਨ੍ਹਾਂ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨਾ ਇਕ ਸਫਲ ਭਵਿੱਖ ਦੀ ਨੀਂਹ ਹੈ। ਡੀਆਰਐੱਮ ਨੇ ਸਕੂਲ ਪ੍ਰਸ਼ਾਸਨ ਨੂੰ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਹੋਰ ਬਿਹਤਰ ਯਤਨ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਇਸ ਸਬੰਧ ਵਿੱਚ ਆਪਣੇ ਕੀਮਤੀ ਸੁਝਾਅ ਵੀ ਦਿੱਤੇ, ਜਿਸ ਵਿੱਚ ਆਧੁਨਿਕ ਸਿੱਖਿਆ ਤਕਨੀਕਾਂ ਦੀ ਵਰਤੋਂ, ਵਾਧੂ-ਪਾਠਕ੍ਰਮ ਗਤੀਵਿਧੀਆਂ ਨੂੰ ਉਤਸ਼ਾਹਤ ਕਰਨਾ ਤੇ ਵਿਦਿਆਰਥੀਆਂ ਲਈ ਕਾਉਂਸਲਿੰਗ ਸੈਸ਼ਨਾਂ ਦਾ ਆਯੋਜਨ ਕਰਨਾ ਸ਼ਾਮਲ ਸੀ। ਸਾਹੂ ਨੇ ਉਮੀਦ ਪ੍ਰਗਟਾਈ ਕਿ ਇਹ ਸੁਝਾਅ ਸਕੂਲ ਨੂੰ ਬੱਚਿਆਂ ਦੇ ਉਜਵੱਲ ਭਵਿੱਖ ਲਈ ਇੱਕ ਮਜ਼ਬੂਤ ? ?ਆਧਾਰ ਪ੍ਰਦਾਨ ਕਰਨ ਵਿੱਚ ਸਹਾਇਤਾ ਕਰਨਗੇ। ਸੰਜੇ ਸਾਹੂ ਨੇ ਦੱਸਿਆ ਕਿ ਭਾਰਤੀ ਰੇਲਵੇ ਸਿਰਫ਼ ਆਵਾਜਾਈ ਦੇ ਸਾਧਨਾਂ ਤੱਕ ਸੀਮਤ ਨਹੀਂ ਹੈ, ਸਗੋਂ ਇਹ ਸਮਾਜਿਕ ਜ਼ਿੰਮੇਵਾਰੀਆਂ ਨੂੰ ਵੀ ਪੂਰੀ ਤਨਦੇਹੀ ਨਾਲ ਨਿਭਾਉਂਦਾ ਹੈ, ਜਿਸ ਤਹਿਤ ਅਜਿਹੇ ਵਿੱਦਿਅਕ ਅਦਾਰਿਆਂ ਦਾ ਸਮਰਥਨ ਕਰਨਾ ਵੀ ਸ਼ਾਮਲ ਹੈ।

## ਪੰਚਾਂ ਦੀ ਚੋਣ ਦੌਰਾਨ ਮਿਲੇ ਫਤਵੇ ਨੇ ਸਰਕਾਰ ਦੇ ਕੰਮਾਂ 'ਤੇ ਮੋਹਰ ਲਾਈ : ਕਾਕਾ ਬਰਾੜ



**ਸ੍ਰੀ ਮੁਕਤਸਰ ਸਾਹਿਬ (ਸਮਿੰਦਰ ਪਾਲ/ਪੂਜਾ)**

ਬੀਤੇ ਦਿਨ ਹੋਈਆਂ ਪੰਚਾਂ ਦੀਆਂ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਮਿਲੇ ਫਤਵੇ ਨੇ ਸੂਬਾ ਸਰਕਾਰ ਦੇ ਕੰਮਾਂ 'ਤੇ ਮੋਹਰ ਲਗਾ ਦਿੱਤੀ ਹੈ। ਬੀਤੇ ਦਿਨ ਮੁਕਤਸਰ ਦਿਹਾਤੀ ਤੇ ਲੰਬੀ ਢਾਬ ਵਿੱਚ ਜੇਤੂ ਰਹੇ ਆਪ ਦੇ ਉਮੀਦਵਾਰਾਂ ਦਾ ਅੱਜ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ। ਅੱਜ ਸਵੇਰ ਤੋਂ ਹੀ ਵਿਧਾਇਕ ਕਾਕਾ ਬਰਾੜ ਦੇ ਗ੍ਰਹਿ ਵਿਖੇ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਿਆ ਰਿਹਾ।

ਇਸ ਮੌਕੇ ਬੋਲਦਿਆਂ ਵਿਧਾਇਕ ਨੇ ਆਖਿਆ ਕਿ ਸੂਬਾ ਸਰਕਾਰ ਵੱਲੋਂ ਲਗਾਤਾਰ ਕੀਤੇ ਜਾ ਰਹੇ ਲੋਕ ਪੱਖੀ ਕੰਮਾਂ ਤੋਂ ਖੁਸ਼ ਹੋ ਕੇ ਜਨਤਾ ਨੇ ਇਹ ਨਤੀਜੇ ਦਿੱਤੇ ਹਨ। ਉਨ੍ਹਾ ਕਿਹਾ ਕਿ ਲਗਾਤਾਰ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਵੱਲੋਂ ਲੋਕ ਭਲਾਈ ਕੰਮ ਕੀਤੇ ਜਾ ਰਹੇ ਹਨ। ਉਨ੍ਹਾ ਕਿਹਾ ਕਿ ਮੁਕਤਸਰ ਦਿਹਾਤੀ ਦੀ ਚੋਣ ਵਿੱਚ ਉੱਤਰੇ ਕੁਲਵਿੰਦਰ ਸਿੰਘ 55 ਵੋਟਾਂ ਦੇ ਫਰਕ ਨਾਲ ਜਿੱਤੇ, ਜਦਕਿ ਲੰਬੀ ਢਾਬ ਦੇ ਮਨਿੰਦਰ ਸਿੰਘ ਨੇ 4 ਵੋਟਾਂ ਦੇ ਫਰਕ ਨਾਲ ਜਿੱਤ ਹਾਸਲ ਕੀਤੀ। ਉਨ੍ਹਾਂ ਕਿਹਾ ਕਿ ਕੁੱਲ 15 ਪੰਚਾਂ ਦੀ ਚੋਣ ਸੀ, ਜਦਕਿ 13 ਪੰਚਾਂ ਦੀ ਸਰਬਸੰਮਤੀ ਹੋ ਗਈ ਸੀ ਤੇ 2 ਪੰਚਾਂ ਦੀਆਂ ਚੋਣਾਂ ਹੋਈਆਂ, ਜਿਸ ਵਿੱਚ ਲੋਕਾਂ ਨੇ ਫਤਵਾ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਦਿੱਤਾ। ਇਸ ਮੌਕੇ ਵਿਧਾਇਕ ਕਾਕਾ ਬਰਾੜ ਨੇ ਵਿਸ਼ਵਾਸ ਦੁਆਇਆ ਕਿ ਪੰਚਾਇਤਾਂ ਦੇ ਕੰਮ ਲਗਾਤਾਰ ਜਾਰੀ ਰਹਿਣਗੇ ਤੇ ਪਿੰਡਾਂ ਦੇ ਵਿਕਾਸ ਲਈ ਕੋਈ ਫੰਡਾਂ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ।

ਉਨ੍ਹਾਂ ਸਿਵਲ ਤੇ ਪੁਲਸ ਪ੍ਰਸ਼ਾਸਨ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਨੇ ਕਿਸੇ ਲੜਾਈ ਝਗੜੇ ਤੋਂ ਇਹ ਚੋਣਾਂ ਕਰਵਾਈਆਂ। ਇਸ ਮੌਕੇ ਪ੍ਰਧਾਨ ਸੁਖਜਿੰਦਰ ਸਿੰਘ ਬਬਲੂ ਬਰਾੜ, ਬਲਾਕ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੰਬਰਦਾਰ, ਜਤਿੰਦਰ ਮਹੰਤ, ਰਮਨਦੀਪ ਸਿੰਘ, ਅਮਨਜੀਤ ਸਿੰਘ ਮੈਂਬਰ, ਸੁਖਜਿੰਦਰ ਸਿੰਘ ਚਹਿਲ, ਸਰਪੰਚ ਜੱਸਾ ਸਿੰਘ, ਜਗਦੇਵ ਸਿੰਘ ਗਰੇਵਾਲ, ਅਵੀਨੀਤ ਸਿੰਘ, ਪਿੰਦਾ ਸਿੰਘ, ਗੁਰਜੰਟ ਸਿੰਘ ਮਹੰਤ, ਗੁਰਬਿੰਦਰ ਮਾਂਗਟ, ਉਪਕਾਰ ਸਿੰਘ, ਲਖਵਿੰਦਰ ਸਿੰਘ ਲੱਜੀ, ਕਾਕੂ ਦਿਉਲ, ਗਗਨ ਲੰਬੀ ਢਾਬ, ਹਰਬੰਸ ਸਿੰਘ, ਹਰਪਾਲ ਸਿੰਘ ਸਰਪੰਚ ਆਦਿ ਹਾਜ਼ਰ ਸਨ।

30-JULY-PAGE-6.qxd 7/29/2025 10:37 PM Page 1



## ਖ਼ੂਨਦਾਨ ਤੋਂ ਵੱਡਾ ਕੋਈ ਵੀ ਦਾਨ ਨਹੀਂ : ਕੋਹਲੀ



**ਪਟਿਆਲਾ (ਥਿੰਦ)**-ਅਖਿਲ ਭਾਰਤੀ ਹਿੰਦੂ ਸੁਰਕਸ਼ਾ ਸਮਿਤੀ ਦੇ ਯੂਥ ਵਿੰਗ ਦੁਆਰਾ ਸ੍ਰੀ ਹਿੰਦੂ ਤਖਤ, ਸ੍ਰੀ ਸ਼ਿਵ ਸ਼ਕਤੀ ਸੇਵਾ ਦਲ, ਲੰਗਰ ਚੈਰੀਟੇਬਲ ਟਰਸਟ ਦੇ ਸਹਿਯੋਗ ਨਾਲ ਪੂਜਨੀਕ ਪਵਨ ਸ਼ਰਮਾ ਪੰਚਾਨੰਦ ਗਿਰੀ ਮਹਾਰਾਜ ਦੇ ਜਨਮ ਦਿਵਸ 'ਤੇ ਖ਼ੂਨਦਾਨ ਕੈਂਪ ਲਗਾਇਆ, ਜਿਸ ਵਿੱਚ ਨੌਜਵਾਨਾਂ ਨੇ 86 ਯੂਨਿਟ ਖ਼ੂਨ ਇਕੱਠਾ ਕਰਕੇ ਮਾਨਵਤਾ ਦੀ ਸੇਵਾ ਕੀਤੀ।ਇਸ ਮੌਕੇ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ, ਜਗਤ ਗੁਰੂ ਭੁਵਨੇਸ਼ਵਰੀ ਨੰਦ ਗਿਰੀ ਜੀ ਮਹਾਰਾਜ ਤੇ ਆਸ਼ੂਤੋਸ਼ ਗੌਤਮ ਨੇ ਖ਼ੂਨਦਾਨ ਕੈਂਪ ਵਿੱਚ ਪਹੁੰਚ ਕੇ ਕੁਸ਼ਲ ਚੋਪੜਾ ਤੇ ਨੌਜਵਾਨਾਂ ਦੀ ਭਰਪੂਰ ਪ੍ਰਸੰਸਾ ਕਰਦਿਆਂ ਕਿਹਾ ਕਿ ਨਸ਼ੇ ਖਿਲਾਫ ਜਾਗਰੂਕਤਾ ਤੇ ਨੌਜਵਾਨਾਂ ਨੂੰ ਦੇਸ਼ ਤੇ ਧਰਮ ਦੇ ਨਾਲ ਜੋੜਨ ਲਈ ਯੂਥ ਵਿੰਗ ਦੀ ਖ਼ੂਬ ਪ੍ਰਸੰਸਾ ਕੀਤੀ।ਉਨ੍ਹਾਂ ਕਿਹਾ ਕਿ ਯੁੱਧ ਨਸ਼ੇ ਵਿਰੁੱਧ ਮੁਹਿੰਮ ਦਾ ਅਸਰ ਪੂਰੇ ਪੰਜਾਬ ਵਿੱਚ ਦਿਖਾਈ ਦੇ ਰਿਹਾ ਹੈ ਤੇ ਇਸ ਤੋਂ ਪ੍ਰੇਰਿਤ ਹੋ ਕੇ ਨੌਜਵਾਨ ਵਰਗ ਨਸ਼ਾ ਮੁਕਤ ਹੋ ਰਿਹਾ ਹੈ।ਇਸ ਮੌਕੇ ਕੁੰਦਨ ਗੋਗੀਆ ਮੇਅਰ, ਵਿਸ਼ਨੂੰ ਸ਼ਰਮਾ, ਕੇ ਕੇ ਸ਼ਰਮਾ, ਹੋਬੀ ਧਾਲੀਵਾਲ, ਨਿਖਿਲ ਕੁਮਾਰ ਕਾਕਾ, ਵਰੁਣ ਜਿੰਦਲ, ਜੋਗੇਸ਼ ਗੁਪਤਾ, ਅਸ਼ੋਕ ਸ਼ਰਮਾ, ਕੈਲਾਸ਼ ਸ਼ਰਮਾ, ਸੁਧੀਰ ਬੈਕਟਰ, ਅਮਿਤ ਸ਼ਰਮਾ, ਜਗਮੋਹਨ ਬੰਟੀ, ਕੁਲਦੀਪ ਕੌਸ਼ਲ, ਵਿਕਾਸ ਕਪੂਰ, ਸੁਭਾਸ਼ ਵਰਮਨ, ਪਿੰਟਾ ਜੀ, ਲਛਮਣ ਦਾਸ ਲੱਛੂ ਤੇ ਹੋਰ ਸੈਂਕੜੇ ਨੌਜਵਾਨ ਹਾਜ਼ਰ ਸਨ।

# ਸੜਕ ਨੂੰ ਚੌੜਾ ਕਰਨ ਦਾ ਕੰਮ ਅੱਧ ਵਿਚਾਲੇ ਲਟਕਣ ਕਾਰਨ ਲੋਕ ਪ੍ਰੇਸ਼ਾਨ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**
ਸਥਾਨਕ ਸ਼ਹਿਰ ਦੀ ਬਿਹਤਰੀ ਤੇ ਸੁੰਦਰਤਾ ਲਈ ਸੰਗਰੂਰ ਬਾਈਪਾਸ ਤੋਂ ਮਾਲੇਰਕੋਟਲਾ ਬਾਈਪਾਸ ਤੱਕ ਲੋਹਾ ਬਾਜ਼ਾਰ ਵਾਲੀ ਅੰਦਰੂਨੀ ਸੜਕ ਨੂੰ ਚੌੜਾ ਕਰਨ ਲਈ ਕੀਤੀ ਗਈ ਪੱਟ ਪਟਾਈ ਦਾ ਕੰਮ ਅੱਧ ਵਿਚਾਲੇ ਲਟਕਣ ਕਾਰਨ ਲੋਕਾਂ ਨੂੰ ਅਨੇਕਾਂ ਮੁਸ਼ਕਲਾਂ ਦਾ ਸਾਹਮਣਾ ਕਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ।

ਇਸੇ ਸੰਦਰਭ 'ਚ ਸੀ ਐੱਮ ਸਿਟੀ ਦੇ ਫਾਟਕਾਂ ਵਾਲੇ ਪਾਸਿਓਂ ਮਾਲੇਰਕੋਟਲਾ ਬਾਈਪਾਸ ਤੱਕ ਸੜਕ ਨੂੰ ਚੌੜਾ ਕਰਨ ਲਈ ਪਿਛਲੇ ਸਾਲ ਸਤੰਬਰ ਮਹੀਨੇ 'ਚ ਕੀਤੀ ਗਈ ਪੁਟਾਈ ਮਗਰੋਂ ਸੜਕ ਨਿਰਮਾਣ ਦਾ ਕੰਮ ਲਟਕਣ ਕਾਰਨ ਦੋਹੀਂ ਪਾਸੀਂ ਕੀਤੀ ਪੁਟਾਈ 'ਚ ਬਰਸਾਤੀ ਪਾਣੀ ਖੜਨ ਤੇ ਗੰਦਗੀ ਫੈਲਣ ਕਾਰਨ ਆਲੇ ਦੁਆਲੇ ਦੇ ਦੁਕਾਨਦਾਰ ਤੇ ਲੋਕ ਨਰਕ ਭਰੀ ਜ਼ਿੰਦਗੀ ਜਿਓਣ ਲਈ ਮਜਬੂਰ ਹੋ ਰਹੇ ਹਨ। ਮਾਲੇਰਕੋਟਲਾ ਰੋਡ 'ਤੇ ਸਥਿਤ ਦੁਕਾਨਦਾਰਾਂ ਰਾਕੇਸ਼ ਕੁਮਾਰ, ਬੌਬੀ, ਦੇਸ ਰਾਜ, ਤਰਨੀ ਤੇ ਰਾਜਿੰਦਰ ਸਿੰਘ ਨਿੱਕਾ ਆਦਿ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਭਾਵੇਂ ਸਰਕਾਰ ਵੱਲੋਂ ਸ਼ਹਿਰ ਨੂੰ ਸੁੰਦਰ ਬਣਾਉਣ ਦੇ ਉਪਰਾਲੇ ਤਹਿਤ ਸੜਕ ਨੂੰ ਚੌੜਾ ਕੀਤਾ ਜਾ ਰਿਹਾ ਹੈ, ਪਰ ਪਿਛਲੇ ਦਸ ਮਹੀਨਿਆਂ ਤੋਂ ਸੜਕ ਨੂੰ ਚੌੜਾ ਕਰਨ ਦਾ ਕੰਮ ਲਟਕਣ ਕਾਰਨ ਪੁਟਾਈ ਵਾਲੀ ਜਗ੍ਹਾ 'ਚ ਖੜਦੇ ਪਾਣੀ 'ਚ ਫੈਲਦੀ ਗੰਦਗੀ 'ਚ ਜਿੱਥੇ ਮੱਛਰ ਪੈਦਾ ਹੋਣ ਕਾਰਨ ਡੇਂਗੂ ਵਰਗੀਆਂ ਗੰਭੀਰ ਬਿਮਾਰੀਆਂ ਫੈਲਣ ਦਾ ਖਦਸ਼ਾ ਬਣਿਆ ਹੋਇਆ ਹੈ, ਉਥੇ ਖੜਦੇ ਪਾਣੀ ਕਾਰਨ ਗਾਹਕ ਵੀ ਦੁਕਾਨਾਂ 'ਤੇ ਸਾਮਾਨ ਲੈਣ ਲਈ ਆਉਣ ਤੋਂ ਕਤਰਾਉਂਦੇ ਹਨ, ਜਿਸ ਕਰਕੇ ਉਨ੍ਹਾਂ ਦਾ ਵਪਾਰ ਠੱਪ ਹੋ ਰਿਹਾ ਹੈ।ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਸੜਕ ਨੂੰ ਚੌੜਾ ਕਰਨ ਦੇ ਲਟਕਦੇ ਕੰਮ ਨੂੰ ਤੁਰੰਤ ਸ਼ੁਰੂ ਕਰਵਾ ਕੇ ਉਨ੍ਹਾਂ ਨੂੰ ਗੰਦਗੀ ਤੋਂ ਨਿਜਾਤ ਦੁਆਈ ਜਾਵੇ।ਜਦੋਂ ਨਗਰ ਕੌਂਸਲ ਦੇ ਕਾਰਜਸਾਧਕ ਅਫ਼ਸਰ ਗੁਰਿੰਦਰ ਸਿੰਘ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਦਾ ਕਹਿਣਾ ਸੀ ਕਿ ਕੰਮ ਲੋਕ ਨਿਰਮਾਣ ਵਿਭਾਗ ਦਾ ਹੈ। ਜਦੋਂ ਲੋਕ ਨਿਰਮਾਣ ਵਿਭਾਗ ਦੇ ਐੱਸ ਡੀ ਓ ਮੋਹਨੀਸ਼ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਸਾਡੇ ਵੱਲੋਂ ਕੋਈ ਦੇਰੀ ਨਹੀਂ, ਪਰ ਬਿਜਲੀ ਬੋਰਡ ਵੱਲੋਂ ਖੰਭੇ ਪੁੱਟ ਕੇ ਸਾਈਡ 'ਤੇ ਕਰਨ 'ਚ ਹੋ ਰਹੀ ਦੇਰੀ ਕਾਰਨ ਕੰਮ ਰੁਕਿਆ ਹੋਇਆ ਹੈ, ਖੰਭੇ ਪੁੱਟ ਕੇ ਸਾਈਡ 'ਤੇ ਕਰਨ ਉਪਰੰਤ ਕੰਮ ਸ਼ੁਰੂ ਕੀਤਾ ਜਾਵੇਗਾ।

# ਬਿਹਾਰ ਤੇ ਹਰਿਆਣਾ ਦੀ ਤਰਜ਼ 'ਤੇ ਪੰਜਾਬ ਦੇ ਪੱਤਰਕਾਰਾਂ ਨੂੰ ਮੁਫ਼ਤ ਬੱਸ ਸਫ਼ਰ ਤੇ ਪੈਨਸ਼ਨ ਦਿੱਤੀ ਜਾਵੇ : ਸੈਦਖੇੜੀ

**ਰਾਜਪੁਰਾ (ਰਮੇਸ਼ ਕਟਾਰੀਆ)**
ਰਾਜਪੁਰਾ ਤੋਂ ਸੀਨੀਅਰ ਪੱਤਰਕਾਰ ਧਿਆਨ ਸਿੰਘ ਸੈਦਖੇੜੀ ਨੇ ਪੰਜਾਬ ਦੇ ਮੁੱਖ ਮੰਤਰੀ ਮਾਣਯੋਗ ਸ. ਭਗਵੰਤ ਸਿੰਘ ਮਾਨ ਤੇ ਲੋਕ ਸੰਪਰਕ ਮੰਤਰੀ ਪੰਜਾਬ ਸ. ਹਰਜੋਤ ਸਿੰਘ ਬੈਂਸ ਤੋਂ ਜ਼ੋਰਦਾਰ ਮੰਗ ਕਰਦਿਆਂ ਕਿਹਾ ਕਿ ਬਿਹਾਰ ਤੇ ਹਰਿਆਣਾ ਸਰਕਾਰ ਦੀ ਤਰਜ਼ 'ਤੇ ਪੰਜਾਬ ਵਿੱਚ ਵੀ ਪੀਲੇ ਕਾਰਡ ਧਾਰਕਾਂ ਨੂੰ ਮੁਫ਼ਤ ਬੱਸ ਦਾ ਸਫ਼ਰ ਤੇ 15 ਹਜ਼ਾਰ ਰੁਪਏ ਪੈਨਸ਼ਨ ਲਗਾਈ ਜਾਵੇ।ਉਨ੍ਹਾਂ ਕਿਹਾ ਕਿ ਦੂਜੇ ਰਾਜਾਂ ਵਿੱਚ ਵੀ ਪੱਤਰਕਾਰਾਂ ਨੂੰ ਇਹ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਪੱਤਰਕਾਰਾਂ ਦੀ ਆਮਦਨ ਦਾ ਕੋਈ ਦੂਸਰਾ ਸਰੋਤ ਨਹੀਂ ਹੈ।ਉਨ੍ਹਾ ਕਿਹਾ ਕਿ ਪੰਜਾਬ ਵਿੱਚ ਵੀ ਯੈਲੋ ਪੀਲ਼ੇ ਕਾਰਡ ਧਾਰਕ ਤੇ ਸੀਨੀਅਰ ਪੱਤਰਕਾਰ ਬਹੁਤ ਘੱਟ ਗਿਣਤੀ ਵਿੱਚ ਹਨ।ਸੈਦਖੇੜੀ ਨੇ ਕਿਹਾ ਕਿ ਫੀਲਡ ਵਿੱਚ ਕੰਮ ਕਰਦੇ ਪੱਤਰਕਾਰਾਂ ਨੂੰ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਬਹੁਤ ਸਾਰੀਆਂ ਕਠਿਨਾਈਆਂ ਵਿੱਚੋਂ ਵੀ ਗੁਜ਼ਰਨਾ ਪੈਂਦਾ ਹੈ, ਜੋ ਫੀਲਡ ਵਿੱਚ ਪੱਤਰਕਾਰ ਹਨ, ਉਹ ਸਰਕਾਰ ਦੀਆਂ ਨੀਤੀਆਂ ਨੂੰ ਇਨ ਬਿਨ ਸਮੇਂ ਸਮੇਂ ਸਿਰ ਲਾਗੂ ਕਰਦੇ ਰਹਿੰਦੇ ਹਨ ਅਤੇ ਸਰਕਾਰ ਨਾਲ ਪੂਰਾ ਸਹਿਯੋਗ ਦਿੰਦੇ ਹਨ, ਪਰ ਪਿਛਲੇ ਲੰਬੇ ਸਮੇਂ ਤੋਂ ਸਾਰੇ ਪੱਤਰਕਾਰ ਸਰਕਾਰ ਤੋਂ ਮੰਗ ਕਰ ਚੁੱਕੇ ਹਨ ਕਿ ਪੱਤਰਕਾਰਾਂ ਨੂੰ ਪੈਨਸ਼ਨ ਲਾਗੂ ਕੀਤੀ ਜਾਵੇ ਅਤੇ ਹੋਰ ਸਹੂਲਤਾਂ ਵੀ ਮੁਹਈਆ ਕੀਤੀਆਂ ਜਾਣ ਤਾਂ ਕਿ ਫੀਲਡ ਵਿੱਚ ਕੰਮ ਕਰਦੇ ਪੱਤਰਕਾਰਾਂ ਨੂੰ ਹੋਰ ਹਿੰਮਤ ਤੇ ਹੌਂਸਲੇ ਨਾਲ ਕੰਮ ਕਰ ਸਕਣ ਅਤੇ ਪੰਜਾਬ ਦੀ ਤਰੱਕੀ ਵਿੱਚ ਪੂਰਾ ਯੋਗਦਾਨ ਪਾ ਸਕਣ।

ਪੰਜਾਬ ਦੇ ਸੀਨੀਅਰ ਪੱਤਰਕਾਰਾਂ ਤੇ ਯੈਲੋ ਕਾਰਡ ਪੱਤਰਕਾਰਾਂ ਵੱਲੋਂ ਪੁਰਜ਼ੋਰ ਮੰਗ ਕੀਤੀ ਜਾਂਦੀ ਹੈ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਜੋ ਕਿ ਬਹੁਤ ਸਿਆਣੇ ਹਨ ਤੇ ਨੌਜਵਾਨ ਵੀ ਹਨ ਅਤੇ ਹਰਜੋਤ ਬੈਂਸ ਜਿਨ੍ਹਾਂ ਕੋਲ ਲੋਕ ਸੰਪਰਕ ਵਿਭਾਗ ਹੈ, ਉਹ ਮੁੱਖ ਮੰਤਰੀ ਜੀ ਨਾਲ ਬੈਠ ਕੇ ਇਨ੍ਹਾਂ ਮੰਗਾਂ 'ਤੇ ਗੰਭੀਰਤਾ ਨਾਲ ਵਿਚਾਰ ਕਰਕੇ ਇਨ੍ਹਾਂ ਮੰਗਾਂ ਨੂੰ ਪੂਰਾ ਕਰਨ।


AXIS BANK Retail Asset Center "2nd and 3rd Floor, Property No. 7-E, Malhar Road, Sarabha Nagar, Ludhiana- 141001.
Registered Office: "Trishul", 3rd Floor Opp. Samartheshwar Temple Law Garden, Ellisbridge Ahmedabad- 380006

ਅੰਤਿਕਾ IV ਏ [ਵੇਖੋ ਰੂਲ 8 (6) ਦੀਆਂ ਵਿਵਸਥਾਵਾਂ]
ਅਚੱਲ ਜਾਇਦਾਦ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ
ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਐੱਸਟਸ ਦੀ ਵਿੱਕਰੀ ਵਾਸਤੇ ਈ-ਨਿਲਾਮੀ ਨੋਟਿਸ।

ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜ਼ਡ ਹੈ, ਜਿਸ ਦਾ ਰਚਨਾਤਮਕ/ਭੌਤਿਕ ਕਬਜ਼ਾ (ਜੋ ਵੀ ਲਾਗੂ ਹੋਵੇ) ਐਕਸਿਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਸਕਿਉਰਡ ਕ੍ਰੈਡਿਟਰ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ, ਦੀ ਵਿਕਰੀ (1) ਸ੍ਰੀ ਰਜੇਸ਼ ਕੁਮਾਰ ਨਿਸ਼ਚਲ ਪੁੱਤਰ ਸ੍ਰੀ ਸੂਰਜ ਪ੍ਰਕਾਸ਼ (ਕਰਜ਼ਦਾਰ) (2) ਸ੍ਰੀਮਤੀ ਵਿਨੇ ਨਿਸ਼ਚਲ ਪਤਨੀ ਸ੍ਰੀ ਰਜੇਸ਼ ਕੁਮਾਰ ਨਿਸ਼ਚਲ (ਸਹਿ-ਕਰਜ਼ਦਾਰ/ਰਹਿਣਕਾਰ) ਤੋਂ ਸਕਿਉਰਡ ਕ੍ਰੈਡਿਟਰ ਦੀ 28 ਜੁਲਾਈ 2025 ਨੂੰ ਬਕਾਇਆ ਰਕਮ ਰੁਪਏ 35,95,965/- (ਪੈਂਤੀ ਲੱਖ ਪਚਾਨਵੇਂ ਹਜ਼ਾਰ ਨੌਂ ਸੌ ਪੈਂਹਠ ਰੁਪਏ ਕੇਵਲ) ਦੀ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ 19.08.2025 ਨੂੰ ਕੀਤੀ ਜਾਵੇਗੀ। ਜ਼ਰੂਰੀ ਵੇਰਵਿਆਂ ਲਈ ਕਿਰਪਾ ਕਰਕੇ ਨਿਲਾਮੀ ਸਾਰਣੀ ਦਾ ਹਵਾਲਾ ਲਿਆ ਜਾਵੇ।

| | |
|---|---|
| ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ) | ਕੋਈ ਨਹੀਂ |
| ਰਾਖਵੀਂ ਕੀਮਤ (ਰੁਪਏ 'ਚ) | ਰੁਪਏ 15,65,813/- (ਪੰਦਰਾਂ ਲੱਖ ਪੈਂਹਠ ਹਜ਼ਾਰ ਅੱਠ ਸੌ ਤੇਰਾਂ ਰੁਪਏ ਕੇਵਲ) |
| ਬਿਆਨਾ ਰਕਮ ਜਮ੍ਹਾਂ (ਰੁਪਏ 'ਚ) | ਰੁਪਏ 1,56,582/- |
| ਬੋਲੀ ਵਾਧਾ ਰਕਮ | ਰੁਪਏ 10,000/- (ਦਸ ਹਜ਼ਾਰ ਰੁਪਏ ਕੇਵਲ) |
| ਈ ਐੱਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ | ਐਕਸਿਸ ਬੈਂਕ ਲਿਮਟਿਡ ਰਿਟੇਲ ਐੱਸਟ ਸੈਂਟਰ, ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7 ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001, ਵਿਖੇ 18 ਅਗਸਤ 2025 ਨੂੰ ਸ਼ਾਮ ਦੇ 5.00 ਵਜੇ ਤੱਕ |
| ਜਨਤਕ ਈ-ਨੀਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ https://www.bankeauctions.com 'ਤੇ 19 ਅਗਸਤ 2025 ਨੂੰ ਸਵੇਰੇ 11.00 ਵਜੇ ਅਤੇ ਦੁਪਹਿਰ 01.00 ਵਜੇ ਦਰਮਿਆਨ, ਹਰੇਕ 5 ਮਿੰਟਾਂ ਦੇ ਅਸੀਮਤ ਵਾਧਿਆਂ ਨਾਲ। ਈ-ਨਿਲਾਮੀ ਬੋਲੀ ਫਾਰਮ, ਘੋਸ਼ਣਾ ਆਦਿ ਰੱਖਦੇ ਈ-ਨਿਲਾਮੀ ਟੈਂਡਰ ਦਸਤਾਵੇਜ਼ ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਤੇ ਉਪਲੱਬਧ ਹਨ। |

ਸਾਰਣੀ-ਜਾਇਦਾਦ ਦਾ ਵੇਰਵਾ
ਬੈਨਾਮਾ ਦਸਤਾਵੇਜ਼ ਨੰ. 2022-23/187/1/5320 ਮਿਤੀ 21 ਅਕਤੂਬਰ 2022 ਅਨੁਸਾਰ ਸ੍ਰੀਮਤੀ ਵਿਨੇ ਨਿਸ਼ਚਲ ਪਤਨੀ ਸ੍ਰੀ ਰਜੇਸ਼ ਕੁਮਾਰ ਨਿਸ਼ਚਲ ਦੇ ਨਾਂਅ 'ਤੇ ਰਿਹਾਇਸ਼ੀ ਜਾਇਦਾਦ/ਮਕਾਨ ਨੰ. 29, ਰਕਬਾ 05 ਮਰਲੇ 05 ਵਰਗ ਫੁੱਟ, ਖੇਵਟ/ਖਤੌਨੀ ਨੰ. 87/101, 88/102, 89/103, 90/104, ਖਸਰਾ ਨੰ. 755, 758, 759, 760, 762, ਹਦਬਸਤ ਨੰ. 312, ਜਮ੍ਹਾਂਬੰਦੀ ਸਾਲ 2017-2018, ਅਬਾਦੀ ਰਸੀਲਾ ਨਗਰ, ਬਸਤੀ ਦਾਨਿਸ਼ਮੰਦਾਂ, ਤਹਿਸੀਲ ਅਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਦਸਤਾਵੇਜ਼ ਅਨੁਸਾਰ) : ਪੂਰਬ : ਕਮਲੇਸ਼ ਰਾਣੀ/16'-3", ਪੱਛਮ : ਸੜਕ/16'-3", ਉੱਤਰ : ਅਜੀਤ/64'-0", ਦੱਖਣ : ਨਰੇਸ਼/64'-0"

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਲਈ ਕ੍ਰਿਪਾ ਕਰਕੇ ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ https://www.axisbank.com/auction-retail ਅਤੇ ਬੈਂਕ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਦਾ ਹਵਾਲਾ ਲਿਆ ਜਾਵੇ। ਈ-ਨਿਲਾਮੀ ਬੈਂਕ ਦੇ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਰਾਹੀਂ ਆਨਲਾਈਨ ਕੀਤੀ ਜਾਵੇਗੀ। ਹੋਰ ਸਹਾਇਤਾ ਲਈ ਚਾਹਵਾਨ ਬੋਲੀਕਾਰ ਸ੍ਰੀ ਸੰਦੀਪ ਬਵੇਜਾ (ਮੋਬਾਈਲ ਨੰ. 89207-05598) ਬੈਂਕ ਦੇ ਅਧਿਕਾਰਤ ਅਫਸਰ ਨਾਲ ਦਫਤਰੀ ਸਮੇਂ ਸਵੇਰੇ 9.30 ਵਜੇ ਤੋਂ ਸ਼ਾਮ ਦੇ 6.00 ਵਜੇ ਤੱਕ ਸੰਪਰਕ ਕਰ ਸਕਦੇ ਹਨ। ਇਸ ਨੋਟਿਸ ਨੂੰ ਕਰਜ਼ਦਾਰਾਂ ਲਈ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 8 (6) ਤਹਿਤ 15 ਦਿਨਾਂ ਦਾ ਨੋਟਿਸ ਮੰਨਿਆ ਜਾਵੇ।
ਮਿਤੀ : 30.07.2025, ਸਥਾਨ : ਜਲੰਧਰ ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ


## ਵਧੀਆ ਪ੍ਰਦਰਸ਼ਨ ਕਰਨ ਵਾਲੇ ਐੱਨ ਸੀ ਸੀ ਕੈਡਿਟਸ ਸਨਮਾਨਤ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੀ ਐੱਮ ਸ੍ਰੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਗਿੱਦੜਬਾਹਾ ਵਿਖੇ ਪ੍ਰਿੰਸੀਪਲ ਸਤਵਿੰਦਰ ਸਿੰਘ ਦੀ ਅਗਵਾਈ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਐੱਨ ਸੀ ਸੀ ਕੈਡਿਟਸ ਨੂੰ ਸਨਮਾਨਤ ਕਰਨ ਲਈ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਵਿਸ਼ੇਸ਼ ਸਮਾਗਮ ਦੌਰਾਨ ਐੱਨ ਸੀ ਸੀ ਕੈਡਿਟਸ ਨੂੰ ਉਨ੍ਹਾਂ ਦੀ ਸ਼ਾਨਦਾਰ ਪ੍ਰਦਰਸ਼ਨ ਦੇ ਆਧਾਰ 'ਤੇ ਰੈਂਕ ਦੇ ਕੇ ਸਨਮਾਨਤ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਤਰਸੇਮ ਸਿੰਘ ਡੀ ਪੀ ਈ ਨੇ ਦੱਸਿਆ ਕਿ ਇਹ ਸਮਾਗਮ 6 ਪੰਜਾਬ ਬਟਾਲੀਅਨ ਮਲੋਟ ਦੇ ਸੈਨਾ ਮੈਡਲ ਜੇਤੂ ਕਰਨਲ ਰਣਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਕਰਵਾਇਆ ਗਿਆ।ਇਸ ਦੌਰਾਨ ਕੈਡਿਟਸ ਨੂੰ ਉਨ੍ਹਾਂ ਦੀ ਯੋਗਤਾ ਤੇ ਸ਼ਿਸ਼ਟਾਚਾਰ ਦੇ ਆਧਾਰ 'ਤੇ ਕੈਡਿਟ ਤੋਂ ਸਰਜੈਂਟ, ਕਾਰਪੋਰਲ ਤੇ ਲਾਂਸ ਕਾਰਪੋਰਲ ਦੇ ਰੈਂਕ ਦਿੱਤੇ ਗਏ।ਇਸ ਮੌਕੇ ਪ੍ਰਿੰਸੀਪਲ ਸਤਵਿੰਦਰ ਸਿੰਘ ਨੇ ਵਿਦਿਆਰਥਣਾਂ ਨੂੰ ਫੌਜ ਵਿੱਚ ਕੈਰੀਅਰ ਬਣਾਉਣ ਤੇ ਦੇਸ਼ ਲਈ ਕੁਝ ਕਰ ਦਿਖਾਉਣ ਦੀ ਪ੍ਰੇਰਣਾ ਦਿੱਤੀ।ਇਸ ਮੌਕੇ ਸੀਟੀਓ ਪ੍ਰਿਯੰਕਾ, ਸੀਟੀਓ ਅੰਸ਼ੁਲ ਤੇ ਤਰਸੇਮ ਸਿੰਘ ਡੀ ਪੀ ਈ ਨੇ ਪੂਰੇ ਸਮਾਗਮ ਦੌਰਾਨ ਸਹਿਯੋਗ ਦਿੱਤਾ। ਐੱਨ ਸੀ ਸੀ ਅਕੈਡਮੀ ਮਲੋਟ ਤੋਂ ਆਏ ਸੂਬੇਦਾਰ ਮੋਹਨ ਜਾਧਾ, ਸੂਬੇਦਾਰ ਹਿੰਮਤ ਪਵਾਰ ਤੇ ਹਵਲਦਾਰ ਭਾਰਤ ਭੂਸ਼ਣ ਨੇ ਕੈਡਿਟਸ ਦੀ ਚੋਣ ਤੇ ਰੈਂਕ ਵੰਡਣ ਦੀ ਪ੍ਰਕਿਰਿਆ ਨੂੰ ਸਫਲਤਾ ਨਾਲ ਪੂਰਾ ਕੀਤਾ।ਇਸ ਮੌਕੇ ਵਿਦਿਆਰਥਣਾਂ ਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

# ਨਗਰ ਕੌਂਸਲ ਦੇ ਦਫ਼ਤਰ ਅੱਗੇ ਖੜ੍ਹਾ ਸੀਵਰੇਜ ਦਾ ਪਾਣੀ, ਅਧਿਕਾਰੀ ਗੂੜ੍ਹੀ ਨੀਂਦ ਸੁੱਤੇ




**ਮੌੜ ਮੰਡੀ/ਬਠਿੰਡਾ (ਪਰਵਿੰਦਰ ਜੀਤ ਸਿੰਘ)**-ਜਿਸ ਮੰਡੀ ਦੀ ਨਗਰ ਕੌਂਸਲ ਦੇ ਮੁੱਖ ਗੇਟ 'ਤੇ ਸੀਵਰੇਜ ਦਾ ਗੰਦਾ ਪਾਣੀ ਖੜ੍ਹਾ ਹੋਵੇ ਤੇ ਉਸ ਗੰਦੇ ਪਾਣੀ ਵਿੱਚ ਦੀ ਟੱਪ ਕੇ ਨਗਰ ਕੌਂਸਲ ਅੰਦਰ ਮੰਡੀ ਨਿਵਾਸੀਆਂ ਵੱਲੋਂ ਟੈਕਸ ਭਰਨ ਜਾਣਾ ਪਵੇ ਤਾਂ ਤੁਸੀਂ ਆਪ ਹੀ ਅੰਦਾਜ਼ਾ ਲਗਾ ਸਕਦੇ ਹੋ ਕਿ ਉਸ ਮੰਡੀ ਦੀ ਸਫਾਈ ਦਾ ਕੀ ਹਾਲ ਹੋਵੇਗਾ। ਜੇਕਰ ਸਵੱਛ ਭਾਰਤ ਦੀ ਥਾਂ ਗੰਦਗੀ ਵਜੋਂ ਸਭ ਨੂੰ ਮੋਹਰੀ ਹੋਣ ਦਾ ਸਥਾਨ ਦੇਣ ਲਈ ਮੈਡਲ ਦੇਣਾ ਹੋਵੇ ਤੇ ਇਹ ਮੈਡਲ ਵੀ ਮੌੜ ਮੰਡੀ ਦੇ ਹਿੱਸੇ ਆਵੇਗਾ। ਮੰਡੀ ਦਾ ਅਜਿਹਾ ਕੋਈ ਬਾਜ਼ਾਰ ਜਾਂ ਗਲੀ ਨਹੀਂ ਹੋਵੇਗੀ, ਜਿੱਥੇ ਸੀਵਰੇਜ ਦਾ ਗੰਦਾ ਪਾਣੀ ਨਾ ਖੜ੍ਹਾ ਹੋਵੇ। ਖਾਸ ਕਰਕੇ ਰਾਮੇ ਵਾਲਾ ਬਾਜ਼ਾਰ ਤੇ ਗਲੀ ਅੰਦਰ ਲਗਭਗ ਪਿਛਲੇ ਤਿੰਨ ਸਾਲ ਤੋਂ ਗੰਦੇ ਪਾਣੀ ਦਾ ਬੁਰਾ ਹਾਲ ਹੈ, ਜਿਸ ਉੱਪਰ ਕਰੋੜਾਂ ਦੀ ਤਾਦਾਦ ਵਿੱਚ ਮੱਛਰਾਂ ਦੀ ਭਰਮਾਰ ਹੈ। ਹੈਰਾਨੀ ਦੀ ਗੱਲ ਤਾਂ ਇਹ ਹੈ ਕਿ ਇਸ ਬਾਜ਼ਾਰ ਵਿੱਚ ਦੀ ਲੰਘਣਾ ਬਹੁਤ ਮੁਸ਼ਕਲ ਹੈ, ਪਤਾ ਨਹੀਂ ਦੁਕਾਨਦਾਰ ਕਿਵੇਂ ਆਪਣੀਆਂ ਦੁਕਾਨਾਂ ਖੋਲ੍ਹ ਕੇ ਬੈਠਦੇ ਹਨ। ਰਾਮੇ ਵਾਲੇ ਰੋਡ 'ਤੇ ਸਥਿਤ ਦੁਕਾਨਦਾਰਾਂ ਦਾ ਦੁੱਖ ਕਿਸ ਤੋਂ ਦੇਖਿਆ ਨਹੀਂ ਜਾਂਦਾ। ਉਸ ਬਾਜ਼ਾਰ ਵਿੱਚ ਛੋਟੇ ਛੋਟੇ ਦੁਕਾਨਦਾਰ ਮਹਿੰਗੇ ਕਿਰਾਏ 'ਤੇ ਦੁਕਾਨਾਂ ਲੈ ਕੇ ਦੁਕਾਨਾਂ ਕਰਦੇ ਹਨ ਤਾਂ ਜੋ ਉਹ ਆਪਣੇ ਪਰਵਾਰ ਦਾ ਪਾਲਣ ਪੋਸ਼ਣ ਕਰ ਸਕਣ। ਇਨ੍ਹਾਂ ਦੁਕਾਨਦਾਰਾਂ ਨੇ ਆਪਣੇ ਪਰਵਾਰ ਦਾ ਪਾਲਣ ਪੋਸ਼ਣ ਦਾ ਕੀ ਕਰਨਾ ਸੀ ਜੋ ਇਹ ਕਰਾਇਆ ਦੁਕਾਨ ਮਾਲਕ ਨੂੰ ਦਿੰਦੇ ਹਨ, ਉਹ ਵੀ ਇਹ ਨਹੀਂ ਕਮਾ ਸਕਦੇ, ਸਗੋਂ ਹਰ ਸਾਲ ਇਨ੍ਹਾਂ ਨੂੰ ਆਪਣੀਆਂ ਜੇਬਾਂ ਵਿੱਚੋਂ ਦੁਕਾਨ ਦਾ ਕਿਰਾਇਆ ਦੇਣਾ ਪੈ ਰਿਹਾ ਹੈ ਅਤੇ ਇਹ ਦੁਕਾਨਦਾਰ ਆਸਤਾ ਆਸਤਾ ਕਰਜ਼ਈ ਹੁੰਦੇ ਜਾ ਰਹੇ ਹਨ। ਪਤਾ ਨਹੀਂ ਨਗਰ ਕੌਂਸਲ ਅਧਿਕਾਰੀ ਕਿਹੜੀ ਕੁੰਭਕਰਨੀ ਨੀਂਦ ਸੁੱਤੇ ਹੋਏ ਹਨ, ਜੋ ਉਹ ਮੰਡੀ ਦੀ ਸਫਾਈ ਵੱਲ ਧਿਆਨ ਹੀ ਨਹੀਂ ਦੇ ਰਹੇ। ਮੰਡੀ ਨਿਵਾਸੀਆਂ ਨੂੰ ਆਪਣਾ ਹਰ ਇੱਕ ਕੰਮ ਧਰਨਾ ਲਗਾ ਕੇ ਹੀ ਕਰਵਾਉਣਾ ਪੈਂਦਾ ਹੈ।ਇਸ ਸਬੰਧੀ ਨਗਰ ਕੌਂਸਲ ਦੇ ਸੈਨਟਰੀ ਇੰਸਪੈਕਟਰ ਬਲਜਿੰਦਰ ਸਿੰਘ ਨਾਲ ਸੰਪਰਕ ਕੀਤਾ ਤਾਂ। ਉਨ੍ਹਾਂ ਕਿਹਾ ਸੀਵਰੇਜ ਦੇ ਗੰਦੇ ਪਾਣੀ ਦੀ ਸਮੱਸਿਆ ਸਾਰੀ ਮੰਡੀ ਅੰਦਰ ਹੈ, ਪਹਿਲਾਂ ਅਸੀਂ ਮੰਡੀ ਨਿਵਾਸੀਆਂ ਵੱਲ ਸੋਚ ਰਹੇ ਹਾਂ ਕਿ ਉਨ੍ਹਾਂ ਗਲੀਆਂ ਬਾਜ਼ਾਰਾਂ ਦਾ ਪਾਣੀ ਕੱਢ ਸਕੀਏ, ਉਸ ਤੋਂ ਬਾਅਦ ਸਾਡੇ ਨਗਰ ਕੌਂਸਲ ਦਫਤਰ ਦੀ ਵਾਰੀ ਆਵੇਗੀ।

## ਨਾਜ਼ ਤੇ ਤੰਦ ਬੁਟੀਕ ਵੱਲੋਂ ਪ੍ਰਦਰਸ਼ਨੀ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਗਿੱਦੜਬਾਹਾ ਦੇ ਜੀ ਐੱਨ ਆਰ ਹਾਲ ਵਿੱਚ ਨਾਜ਼ ਬੁਟੀਕ ਤੇ ਤੰਦ ਬੁਟੀਕ ਵੱਲੋਂ ਇੱਕ ਸ਼ਾਨਦਾਰ ਪ੍ਰਦਰਸ਼ਨੀ ਲਗਵਾਈ ਗਈ, ਜਿਸ ਵਿੱਚ ਵਰਕ ਕੀਤੇ ਹੋਏ ਸੂਟ, ਹੱਥਾਂ ਨਾਲ ਬੁਣੇ ਸਵੈਟਰ ਤੇ ਪੰਜਾਬੀ ਜੁੱਤੀਆਂ ਦੀ ਦੀਆਂ ਸਟਾਲਾਂ ਲਾਈਆਂ ਗਈਆਂ ਅਤੇ ਨਾਲ ਹੀ ਕਿਤਾਬਾਂ ਦੀ ਇੱਕ ਵਧੀਆ ਸਟਾਲ ਲਗਾਈ ਗਈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਰਿਟਾਇਡ ਪ੍ਰਿੰਸੀਪਲ ਪਰਮਜੀਤ ਕੌਰ ਨੇ ਦੱਸਿਆ ਕਿ ਮੁੱਖ ਮਹਿਮਾਨ ਬੀਬੀ ਹਰਦਿਆਲ ਕੌਰ ਮੱਲਣ ਤੇ ਬਿਮਲਾ ਦੇਵੀ ਅਧਿਆਪਕਾ ਵੱਲੋਂ ਰੀਬਨ ਕੱਟ ਕੇ ਇਸ ਪ੍ਰਦਰਸ਼ਨੀ ਦਾ ਉਦਘਾਟਨ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਇਸ ਪ੍ਰਦਰਸ਼ਨੀ ਵਿੱਚ ਹੱਥ ਨਾਲ ਕੀਤੀ ਗਈ ਕਢਾਈ ਤੇ ਸੂਟ 'ਤੇ ਹੱਥੀਂ ਕੀਤਾ ਗਿਆ ਵਰਕ ਖਿੱਚ ਦਾ ਕੇਂਦਰ ਰਹੇ।ਉਨ੍ਹਾਂ ਦੱਸਿਆ ਕਿ ਇਹ ਪ੍ਰਦਰਸ਼ਨੀ ਲਗਾਉਣ ਦਾ ਮੁੱਖ ਮਕਸਦ ਹੈ ਕਿ ਅਸੀਂ ਔਰਤਾਂ ਆਪਣੇ ਹੱਥੀਂ ਮਿਹਨਤ ਕਰਕੇ ਆਪਣੀ ਆਮਦਨ ਵਿੱਚ ਵਾਧਾ ਕਰ ਸਕਦੇ ਹਾਂ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਪੰਜਾਬੀ ਵਿਰਸੇ ਨਾਲ ਜੋੜਨਾ ਹੈ।ਇਸ ਮੌਕੇ ਬੀਬੀ ਗੁਰਦਿਆਲ ਕੌਰ ਮੱਲਣ ਤੇ ਬਿਮਲਾ ਦੇਵੀ ਨੇ ਇਸ ਉਦਮ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਸਾਨੂੰ ਆਪਣੇ ਵਿਰਸੇ ਨਾਲ ਜੁੜ ਕੇ ਰਹਿਣ ਲਈ ਅਜਿਹੇ ਪ੍ਰੋਗਰਾਮ ਕਰਵਾਉਣੇ ਬਹੁਤ ਜ਼ਰੂਰੀ ਹਨ।ਇਸ ਮੌਕੇ ਗੁਰਨਾਜ਼, ਸੋਨਮ, ਹਰਮਨਜੀਤ ਕੌਰ, ਖ਼ੁਸ਼ੀ, ਲਵਪ੍ਰੀਤ, ਬਲਜਿੰਦਰ ਕੌਰ ਤੋਂ ਇਲਾਵਾ ਸ੍ਰੀਮਤੀ ਮੋਨਕਾ ਹਾਜ਼ਰ ਸਨ।

# ਪੰਜਾਬੀ ਸਾਹਿਤ ਸਭਾ ਭੈਣੀ ਸਾਹਿਬ ਦੀ ਗੰਭੀਰ ਸਾਹਿਤਕ ਮੁੱਦਿਆਂ 'ਤੇ ਚਰਚਾ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬੀ ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਦੀ ਮਹੀਨਾਵਾਰ ਮੀਟਿੰਗ ਨਿਊ ਹਾਲ ਲਾਟੋਂ ਰੋਡ ਵਿਖੇ ਹੋਈ, ਜਿਸ ਵਿੱਚ ਲੇਖਕ ਸੰਤ ਸਿੰਘ ਸੋਹਲ ਦੀ ਪੁਸਤਕ 'ਸੁਤੰਤਰਤਾ ਸੰਗਰਾਮ ਦੇ ਮਹਾਂਨਾਇਕ' 'ਤੇ ਵਿਚਾਰ ਚਰਚਾ ਹੋਈ ਤੇ ਲੇਖਿਕਾ ਅਮਰਜੀਤ ਕੌਰ ਮੋਰਿੰਡਾ ਦੀ ਪੁਸਤਕ 'ਜ਼ਿੰਦਗੀ ਖ਼ੂਬਸੂਰਤ ਹੈ' ਲੋਕ ਅਰਪਣ ਕੀਤੀ ਗਈ। ਸਮਾਗਮ ਦੀ ਪ੍ਰਧਾਨਗੀ ਗੁਲਜ਼ਾਰ ਸਿੰਘ ਪੰਧੇਰ ਜਨਰਲ ਸਕੱਤਰ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਨੇ ਕੀਤੀ। ਨਾਮਧਾਰੀ ਦਰਬਾਰ ਦੇ ਪ੍ਰਧਾਨ ਸੂਬਾ ਬਲਵਿੰਦਰ ਸਿੰਘ ਤੇ ਡਾ. ਲਖਵੀਰ ਸਿੰਘ ਰਾਮਪੁਰਾ ਫੂਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਪੁਸਤਕ 'ਸੁਤੰਤਰਤਾ ਸੰਗਰਾਮ ਦੇ ਮਹਾਂਨਾਇਕ' ਦਾ ਪਰਚਾ ਡਾ. ਕੁਲਵਿੰਦਰ ਸਿੰਘ ਵੱਲੋਂ ਲਿਖਿਆ ਤੇ ਮੈਡਮ ਜਸਵੀਰ ਕੌਰ ਜੱਸੀ ਵੱਲੋਂ ਪੜ੍ਹਿਆ ਗਿਆ। ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਬੋਲਦਿਆਂ ਕਿਹਾ ਕਿ ਮਹਾਂ ਕਾਵਿ ਕਠਨ ਮਿਹਨਤ ਨਾਲ ਸਿਰਜਿਆ ਜਾ ਸਕਦਾ ਹੈ। ਗੁਰਸੇਵਕ ਸਿੰਘ ਢਿੱਲੋਂ ਨੇ ਕਿਹਾ ਕਿ ਮਹਾਂ ਕਾਵਿ ਉਹ ਨਹਿਆ, ਜੋ ਅਕਾਰ ਪੱਖੋਂ ਵੱਡਾ ਹੋਵੇ ਮਹਾਂ ਕਾਵਿ ਉਹ ਹੈ, ਜਿਸ ਦੀ ਰਚਨਾਂ ਵਿੱਚ ਜਾਨ ਹੋਵੇ। ਡਾ. ਲਖਵੀਰ ਸਿੰਘ ਨੇ ਕਿਹਾ ਕਿ ਮਹਾਂ ਕਾਵਿ ਸਾਡੇ ਪੁਰਾਤਨ ਸਾਹਿਤ ਦਾ ਹਿੱਸਾ ਹਨ ਤੇ ਅਜੋਕੇ ਸਮੇਂ ਵਿੱਚ ਵੀ ਇਹ ਕਈ ਲੇਖਕਾਂ ਵੱਲੋਂ ਲਿਖੇ ਜਾ ਚੁੱਕੇ ਹਨ ਤੇ ਲਿਖੇ ਜਾ ਰਹੇ ਹਨ। ਇਸ ਦੇ ਨਾਲ ਨਾਲ ਕਹਾਣੀਕਾਰ ਸੁਰਿੰਦਰ ਰਾਮਪੁਰੀ, ਕਵੀਸ਼ਰ ਪ੍ਰੀਤ ਸਿੰਘ ਸੰਦਲ, ਦੀਪ ਦਿਲਬਰ ਨੇ ਵੀ ਆਪੋ ਆਪਣੇ ਵਿਚਾਰ ਪੇਸ਼ ਕੀਤੇ। ਸਭਾ ਵੱਲੋਂ ਡਾ. ਗੁਲਜ਼ਾਰ ਸਿੰਘ ਪੰਧੇਰ, ਡਾ. ਲਖਵੀਰ ਸਿੰਘ ਰਾਮਪੁਰਾ ਫੂਲ, ਲੇਖਕ ਸੰਤ ਸਿੰਘ ਸੋਹਲ, ਅਮਰਜੀਤ ਕੌਰ ਮੋਰਿੰਡਾ ਨੂੰ ਸਨਮਾਨਤ ਕੀਤਾ ਗਿਆ। ਲੇਖਕ ਸੰਤ ਸਿੰਘ ਸੋਹਲ ਤੇ ਡਾ. ਲਖਵੀਰ ਸਿੰਘ ਨੇ ਪੁਸਤਕਾਂ ਸਭਾ ਨੂੰ ਭੇਟ ਕੀਤੀਆਂ। ਹਾਜ਼ਰ ਸ਼ਾਇਰਾਂ ਵਿੱਚ ਜਗਤਾਰ ਸਿੰਘ ਰਾਈਆਂ ਵਾਲਾ, ਰਜਿੰਦਰ ਕੌਰ ਪੰਨੂੰ, ਹਰਨਾਮ ਸਿੰਘ ਡੱਲਾ, ਅਨਿਲ ਫਤਿਹਗੜ੍ਹ ਜੱਟਾਂ, ਕਰਨੈਲ ਸਿੰਘ ਸਿਵੀਆ, ਮੀਤ ਅਨਮੋਲ, ਨਿਰਵੈਰ ਕੌਰ, ਗੁਰਬਾਗ ਸਿੰਘ ਰਾਈਆਂ, ਨੇਤਰ ਸਿੰਘ ਮੁੱਤੋਂ, ਹਰਬੰਸ ਸਿੰਘ ਰਾਏ, ਸ਼ਾਮ ਸਿੰਘ ਦਲਵੀਰ ਸਿੰਘ ਕਲੇਰ, ਜਗਮੋਹਨ ਸਿੰਘ ਟਮਕੌਡੀ, ਸੁਖਵਿੰਦਰ ਸਿੰਘ ਭਾਦਲਾ, ਬਲਵੰਤ ਸਿੰਘ ਵਿਰਕ, ਮਨਦੀਪ ਸਿੰਘ ਮਾਣਕੀ, ਮਨਜੀਤ ਸਿੰਘ ਰਾਗੀ, ਸਵਿੰਦਰ ਸਿੰਘ, ਪਰਮਜੀਤ ਸਿੰਘ ਮੁੰਡੀਆਂ, ਕਵੀਸ਼ਰ ਹਰਸ਼ਦੀਪ ਸਿੰਘ, ਸ਼ਰਨਜੀਤ ਕੌਰ, ਡਾ. ਦਲਜੀਤ ਸਿੰਘ ਰੰਧਾਵਾ ਆਦਿ ਸ਼ਾਇਰਾਂ ਨੇ ਰਚਨਾਵਾਂ ਦਾ ਪਾਠ ਕੀਤਾ। ਕਹਾਣੀਕਾਰ ਤਰਨ ਸਿੰਘ ਬੱਲ ਤੇ ਜਗਵੀਰ ਸਿੰਘ ਵਿੱਕੀ ਨੇ ਸਟੇਜ ਸੰਚਾਲਕ ਦੀ ਜ਼ਿੰਮੇਵਾਰੀ ਖ਼ੂਬਸੂਰਤ ਅੰਦਾਜ਼ ਵਿੱਚ ਨਿਭਾਈ। ਇਸ ਤੋਂ ਇਲਾਵਾ ਬਲਦੇਵ ਸਿੰਘ ਤੇ ਗੁਰਸੇਵਕ ਸਿੰਘ ਕਲੇਰ ਵੀ ਹਾਜ਼ਰ ਸਨ। ਗੁਰਸੇਵਕ ਸਿੰਘ ਢਿੱਲੋਂ ਨੇ ਆਏ ਸਾਹਿਤਕਾਰਾਂ ਦਾ ਧੰਨਵਾਦ ਕੀਤਾ।


Capital Small Finance Bank
Capital Small Finance Bank Limited
H.O: MIDAS Corporate Park, 3rd Floor, 37 G.T. Road, Jalandhar City

ਜਾਇਦਾਦ ਵਿਕਰੀ ਸੂਚਨਾ

ਨਿਮਨ ਹਸਤਾਖ਼ਰੀ ਨੇ ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵਜੋਂ ਸਰਫੇਸੀ ਐਕਟ ਦੇ ਸੈਕਸ਼ਨ 13(4) ਅਧੀਨ ਹੇਠਾਂ ਵਰਨਣ ਜਾਇਦਾਦ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ।
ਜਨਤਾ ਨੂੰ ਵੱਡੇ ਪੱਧਰ 'ਤੇ ਜਾਣਕਾਰੀ ਦਿੱਤੀ ਜਾਂਦੀ ਹੈ ਕਿ ਐਨ ਪੀ ਏ ਖਾਤੇ ਵਿਰੁੱਧ ਬਕਾਇਆ ਨਿਕਲਦੀ ਰਕਮ ਭਵਿੱਖੀ ਵਿਆਜ ਅਤੇ ਹੋਰ ਖਰਚਿਆਂ ਦੀ ਵਸੂਲੀ ਲਈ ਹੇਠਾਂ ਦਰਸਾਏ ਕੇਸ ਵਿੱਚ ਵਿਕਰੀ ਬੈਂਕ ਦੁਆਰਾ ਮਿਤੀ 18.08.2025 ਨੂੰ ਕਰਵਾਈ ਜਾਵੇਗੀ।

ਖਾਤੇ ਦਾ ਨਾਂਅ : ਸ੍ਰੀਮਤੀ ਪਰਮਜੀਤ ਕੌਰ ਪਤਨੀ ਸ਼ਮਸ਼ੇਰ ਸਿੰਘ ਵਾਸੀ ਪਿੰਡ ਚੀਮਾ ਖੁਰਦ, ਨੂਰਮਹਿਲ, ਜਲੰਧਰ, ਪੰਜਾਬ-144039
ਸ੍ਰੀ ਸ਼ਮਸ਼ੇਰ ਸਿੰਘ ਪੁੱਤਰ ਸੁਰਿੰਦਰ ਸਿੰਘ, ਵਾਸੀ ਪਿੰਡ ਚੀਮਾ ਖੁਰਦ, ਨੂਰਮਹਿਲ, ਜਲੰਧਰ, ਪੰਜਾਬ-144039 (ਕਰਜ਼ਦਾਰ)
ਸ੍ਰੀ ਇਕਬਾਲ ਸਿੰਘ ਪੁੱਤਰ ਗੁਰਮੀਤ ਸਿੰਘ, ਵਾਸੀ ਪਿੰਡ ਚੀਮਾ ਖੁਰਦ, ਨੂਰਮਹਿਲ, ਜਲੰਧਰ, ਪੰਜਾਬ-144039 (ਗਰੰਟਰ)

ਬਕਾਇਆ ਰਕਮ ਐੱਚ ਐੱਲ/05561100005, ਰੁ. 27,91,878/- (ਅਤੇ 01.07.2025 ਤੋਂ ਭਵਿੱਖੀ ਵਿਆਜ)

ਜਾਇਦਾਦ ਦਾ ਵੇਰਵਾ : ਬੈਨਾਮਾ ਦਸਤਾਵੇਜ਼ ਨੰ. 2020-21/179/1/938 ਮਿਤੀ 04.03.2021 ਰਾਹੀਂ ਸਬ ਰਜਿਸਟਰਾਰ/ਜਾਇੰਟ ਸਬ-ਰਜਿਸਟਰਾਰ ਨੂਰਮਹਿਲ, ਜ਼ਿਲ੍ਹਾ ਜਲੰਧਰ ਦੇ ਦਫ਼ਤਰ 'ਚ ਬਕਾਇਦਾ ਰਜਿਸਟਰਡ ਸ੍ਰੀਮਤੀ ਪਰਮਜੀਤ ਕੌਰ ਪਤਨੀ ਸ਼ਮਸ਼ੇਰ ਸਿੰਘ ਦੀ ਮਲਕੀਅਤ ਅਚੱਲ ਜਾਇਦਾਦ ਰਕਬਾ 3 ਮਰਲੇ 2 ਸਰਸਾਹੀ ਵਾਕਿਆ ਨੂਰਮਹਿਲ, ਹਦਬਸਤ ਨੰ. 64, ਤਹਿਸੀਲ ਫਿਲੌਰ (ਨੂਰਮਹਿਲ) ਜ਼ਿਲ੍ਹਾ ਜਲੰਧਰ।

ਰਾਖਵੀਂ ਕੀਮਤ : ਰੁਪਏ 10 ਲੱਖ (ਦਸ ਲੱਖ ਰੁਪਏ ਕੇਵਲ)
ਈ ਐੱਮ ਡੀ (ਬਿਆਨਾ ਰਾਸ਼ੀ) : ਸਫ਼ਲ ਬੋਲੀਕਾਰ ਦੁਆਰਾ ਰਾਖਵੀਂ ਕੀਮਤ ਦੀ ਕੁੱਲ ਈ ਐੱਮ ਡੀ (ਬਿਆਨਾ ਰਾਸ਼ੀ) 25 ਫੀਸਦੀ ਜਲੰਧਰ ਵਿੱਚ ਅਦਾਇਗੀਯੋਗ ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮਟਿਡ ਦੇ ਪੱਖ ਵਿੱਚ ਡਿਮਾਂਡ ਡਰਾਫਟ ਦੇ ਰਾਹੀਂ ਮਿਤੀ 18.08.2025 ਨੂੰ ਜਮ੍ਹਾਂ ਕਰਵਾਈ ਜਾਵੇਗੀ। ਟੈਂਡਰ ਫਾਰਮ ਅਤੇ ਈ ਐੱਮ ਡੀ ਅਧਿਕਾਰਤ ਅਫਸਰ, ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮ. ਮੁੱਖ ਦਫ਼ਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਨੂੰ ਭੇਜੇ ਜਾਣ।

ਬੈਂਕ ਨੂੰ ਮਾਲੂਮ ਝੰਜਟ : ਕੋਈ ਨਹੀਂ। ਜਾਇਦਾਦ "ਜਿਵੇਂ ਹੈ ਜਿੱਥੇ ਹੈ" "ਉੱਥੇ ਜੋ ਵੀ ਹੈ" ਅਤੇ ਉਥੇ ਜਿਵੇਂ ਵੀ ਹੈ" ਦੇ ਅਧਾਰ 'ਤੇ ਵੇਚੀ ਜਾਵੇਗੀ। ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮਟਿਡ ਦੇ ਪੱਖ ਵਿੱਚ ਡਿਮਾਂਡ ਡਰਾਫਟ ਰਾਹੀਂ, ਜਲੰਧਰ ਵਿੱਚ ਅਦਾਇਗੀਯੋਗ, ਈ ਐਮ ਡੀ (ਬਿਆਨਾ ਰਾਸ਼ੀ) ਅਰਥਾਤ 25% ਸਮੇਤ ਟੈਂਡਰ ਪ੍ਰਾਪਤ ਕਰਨ ਦੀ ਅੰਤਿਮ ਮਿਤੀ/ਸਮਾਂ 18.08.2025 ਨੂੰ ਸਵੇਰੇ 11.00 ਵਜੇ ਤੱਕ ਹੈ। ਟੈਂਡਰ ਦਰਸਾਈ ਮਿਤੀ ਨੂੰ ਸਵੇਰੇ 11.00 ਵਜੇ ਤੋਂ ਬਾਅਦ ਸਾਰੇ ਪੇਸ਼ਕਾਰਾਂ/ਉਨ੍ਹਾਂ ਦੇ ਪ੍ਰਤੀਨਿਧੀਆਂ ਦੀ ਹਾਜ਼ਰੀ ਵਿੱਚ ਮੁੱਖ ਦਫ਼ਤਰ : ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਵਿਖੇ ਖੋਲ੍ਹੇ ਜਾਣਗੇ। ਟੈਂਡਰ ਫਾਰਮ ਸਹਿਤ ਵਿਕਰੀ ਦੇ ਵਿਸਥਾਰਤ ਨਿਯਮਾਂ ਅਤੇ ਜਾਇਦਾਦ ਦੀ ਪੜਤਾਲ ਲਈ ਬਰਾਂਚ ਦਫ਼ਤਰ, ਕੰਦੋਲਾ ਕਲਾਂ ਨਾਲ ਸੰਪਰਕ ਕੀਤਾ ਜਾਵੇ। ਵਿਕਰੀ ਸਕਿਓਰਟਾਈਜੇਸ਼ਨ ਐਂਡ ਰਿਕੰਸਟਰੱਕਸ਼ਨ ਆਫ਼ ਫਾਈਨਾਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ਼ ਸਕਿਓਰਿਟੀ ਇੰਟਰੈਸਟ ਐਕਟ 2002 ਅਧੀਨ ਨਿਰਧਾਰਤ ਨਿਯਮਾਂ/ਸ਼ਰਤਾਂ ਦਾ ਵਿਸ਼ਾ ਹੋਵੇਗੀ। ਅਧਿਕਾਰਤ ਅਫਸਰ ਨੂੰ ਬਿਨਾ ਕੋਈ ਕਾਰਨ ਦੱਸਿਆ ਵਿਕਰੀ ਦੀ ਪੁਸ਼ਟੀ ਕਰਨ ਤੋਂ ਪਹਿਲਾਂ ਕਿਸੇ ਵੀ ਸਮੇਂ ਵਿਕਰੀ ਮੁਲਤਵੀ ਕਰਨ/ਨਿਯਮਾਂ ਅਤੇ ਸ਼ਰਤਾਂ ਵਿੱਚ ਬਦਲਾਅ ਕਰਨ ਦਾ ਹੱਕ ਪ੍ਰਾਪਤ ਹੈ।
ਸਥਾਨ : ਜਲੰਧਰ ਮਿਤੀ : 29.07.2025 ਅਧਿਕਾਰਤ ਅਫਸਰ


## ਲਾਇਨਜ਼ ਕਲੱਬ ਵੱਲੋਂ ਸਿਵਲ ਹਸਪਤਾਲ ਨੂੰ 50 ਬੈੱਡ ਸ਼ੀਟਾਂ ਭੇਟ




**ਜਗਰਾਉਂ (ਸੰਜੀਵ ਅਰੋੜਾ)**-ਇਲਾਕੇ ਦੀ ਮੰਨੀ ਪ੍ਰਮੰਨੀ ਤੇ ਲੋਕ ਭਲਾਈ ਦੇ ਕੰਮਾਂ ਵਿੱਚ ਹਮੇਸ਼ਾ ਅੱਗੇ ਰਹਿਣ ਵਾਲੀ ਸੰਸਥਾ ਲਾਇਨਜ਼ ਕਲੱਬ ਜਗਰਾਉਂ ਮੇਨ ਨੂੰ ਸਿਵਲ ਹਸਪਤਾਲ ਜਗਰਾਉਂ ਵੱਲੋਂ ਮਰੀਜ਼ਾਂ ਲਈ ਬੈੱਡ ਸ਼ੀਟਾਂ ਲਈ ਡਿਮਾਂਡ ਆਈ ਸੀ। ਮਰੀਜ਼ਾਂ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ ਲਾਇਨਜ਼ ਕਲੱਬ ਜਗਰਾਉਂ ਮੇਨ ਵੱਲੋਂ ਅੱਜ 50 ਬੈੱਡ ਸ਼ੀਟਾਂ ਸਿਵਲ ਹਸਪਤਾਲ ਜਗਰਾਉਂ ਨੂੰ ਭੇਟ ਕੀਤੀਆਂ ਗਈਆਂ। ਦੱਸਣਯੋਗ ਹੈ ਕਿ ਇਹ 50 ਬੈੱਡ ਸ਼ੀਟਾਂ ਦੀ ਸੇਵਾ ਕਲੱਬ ਦੇ ਸਾਬਕਾ ਪ੍ਰਧਾਨ ਤੇ ਮੌਜੂਦਾ ਰੀਜਨ ਚੇਅਰਪਰਸਨ ਪੀ.ਐੱਮ.ਜੇ.ਐੱਫ. ਲਾਇਨ ਸ਼ਰਨਦੀਪ ਸਿੰਘ ਬੈਨੀਪਾਲ ਵੱਲੋਂ ਆਪਣੇ ਜਨਮ ਦਿਨ ਮੌਕੇ ਕੀਤੀ ਗਈ। ਇਸ ਮੌਕੇ ਸਿਵਲ ਹਸਪਤਾਲ ਦੇ ਐੱਸ.ਐੱਮ.ਓ. ਡਾਕਟਰ ਹਰਜੀਤ ਸਿੰਘ ਨੇ ਲਾਇਨ ਸ਼ਰਨਦੀਪ ਸਿੰਘ ਬੈਨੀਪਾਲ ਨੂੰ ਉਨ੍ਹਾਂ ਦੇ ਜਨਮ ਦਿਨ 'ਤੇ ਵਧਾਈ ਦਿੱਤੀ ਤੇ ਹਸਪਤਾਲ ਨੂੰ ਦਿੱਤੇ ਗਏ ਦਾਨ ਵਾਸਤੇ ਧੰਨਵਾਦ ਕੀਤਾ।

## ਜਹਾਂਗੀਰ ਦੀ ਪੰਚਾਇਤ ਵੱਲੋਂ ਨਸ਼ਿਆਂ ਖ਼ਿਲਾਫ਼ ਮਤਾ ਪਾਸ

**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਸਰਪੰਚ ਬੀਬੀ ਰੁਪਿੰਦਰ ਕੌਰ ਤੇ ਸਮੂਹ ਗ੍ਰਾਮ ਪੰਚਾਇਤ ਜਹਾਂਗੀਰ ਦੀ ਅਗਵਾਈ ਹੇਠ ਕਿਸਾਨ ਜਥੇਬੰਦੀਆਂ ਤੇ ਪਿੰਡ ਵਾਸੀਆਂ ਨੇ 'ਜਹਾਂਗੀਰ' ਨੂੰ ਨਸ਼ਾ ਮੁਕਤ ਕਰਨ ਦਾ ਅਹਿਦ ਲੈਂਦਿਆਂ ਨਸ਼ਾ ਵੇਚਣ ਵਾਲਿਆਂ ਨੂੰ ਆਪਣੇ ਕਾਰੋਬਾਰ ਬੰਦ ਕਰਨ ਲਈ ਤਾੜਨਾ ਕੀਤੀ ਹੈ।ਪਿੰਡ ਜਹਾਂਗੀਰ ਦੇ ਦਰਵਾਜ਼ੇ ਪੰਚਾਇਤੀ ਨੁਮਾਇੰਦਿਆਂ, ਕਿਸਾਨ ਜਥੇਬੰਦੀਆਂ ਦੇ ਚੋਣਵੇਂ ਆਗੂਆਂ ਤੇ ਸਮੂਹ ਪਿੰਡ ਵਾਸੀਆਂ ਨੇ ਇਕੱਤਰਤਾ ਕਰਕੇ ਫੈਸਲਾ ਕੀਤਾ ਕਿ ਪਿੰਡ ਵਿੱਚ ਨਸ਼ੇ ਵੇਚਣ ਵਾਲੇ ਦੀ ਸੂਚਨਾ ਸਿੱਧੀ ਪੁਲਸ ਨੂੰ ਦਿੱਤੀ ਜਾਵੇਗੀ ਤੇ ਪਿੰਡ ਵਿੱਚ ਨਸ਼ੇ ਦੀ ਵਿੱਕਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉੱਦਮੀ ਨੌਜਵਾਨ ਮਨਪ੍ਰੀਤ ਸਿੰਘ ਨੇ ਪੰਚਾਇਤ ਦੇ ਫ਼ੈਸਲੇ ਬਾਰੇ ਦੱਸਿਆ ਕਿ ਪਿੰਡ ਵਿੱਚ ਨਸ਼ੇ ਵੇਚਣ ਵਾਲਿਆਂ ਦੀ ਕੋਈ ਵੀ ਪਿੰਡ ਵਾਸੀ ਜ਼ਮਾਨਤ ਨਹੀਂ ਦੇਵੇਗਾ, ਸਗੋਂ ਨਸ਼ੇ ਦੇ ਸੌਦਾਗਰਾਂ ਬਾਰੇ ਪੁਲਸ ਨੂੰ ਸੂਚਨਾ ਦਿੱਤੀ ਜਾਵੇਗੀ।ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜਰਨੈਲ ਸਿੰਘ ਜਹਾਂਗੀਰ ਤੇ ਬੀਕੇਯੂ ਏਕਤਾ ਉਗਰਾਹਾਂ ਦੇ ਮਨਜੀਤ ਸਿੰਘ ਜਹਾਂਗੀਰ ਨੇ ਪੰਚਾਇਤ ਦੇ ਫੈਸਲੇ ਦਾ ਸਮਰਥਨ ਕਰਦਿਆਂ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਵਿੱਚ ਸਮੂਹ ਪਿੰਡ ਵਾਸੀਆਂ ਨੂੰ ਆਪਣਾ ਬਣਦਾ ਯੋਗਦਾਨ ਪਾਉਣ ਲਈ ਅੱਗੇ ਆਉਣ ਦਾ ਸੱਦਾ ਦਿੱਤਾ।ਪੰਚਾਇਤੀ ਨੁਮਾਇੰਦੇ ਨੌਜਵਾਨ ਸੋਹਣਦੀਪ ਸਿੰਘ ਨੋਨੀ ਨੇ ਕਿਹਾ ਕਿ ਨਸ਼ੇ ਵਿੱਕਰੀ ਨੂੰ ਠੱਲ੍ਹਣ ਲਈ ਉਨ੍ਹਾਂ ਦੇ ਉਪਰਾਲਿਆਂ ਦੇ ਨਾਲ-ਨਾਲ ਉਹ ਪੁਲਸ ਕੋਲੋਂ ਵੀ ਮੰਗ ਕਰਨਗੇ ਕਿ ਕੁੱਝ ਚੋਣਵੇਂ ਥਾਵਾਂ 'ਤੇ ਗਸ਼ਤ ਵਧਾਈ ਜਾਵੇ।

## ਓ ਐੱਸ ਡੀ ਸੁੱਖੀ ਨੇ ਧੂਰੀ ਵਾਸੀਆਂ ਦੀਆਂ ਮੁਸ਼ਕਲਾਂ ਸੁਣੀਆਂ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**
ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਸੁੱਖੀ ਨੇ ਸਥਾਨਕ ਮੁੱਖ ਮੰਤਰੀ ਕੈਂਪਸ ਦਫ਼ਤਰ ਵਿਖੇ ਹਲਕਾ ਨਿਵਾਸੀਆਂ ਨਾਲ ਮੁਲਾਕਾਤ ਕਰਦਿਆਂ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ।ਇਸ ਮੌਕੇ ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਦਲਵੀਰ ਸਿੰਘ ਢਿੱਲੋਂ, ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਬਰੜਵਾਲ ਦੀ ਸੰਗਤ ਵੱਲੋਂ ਸ੍ਰੀ ਸੁੱਖੀ ਤੇ ਸ੍ਰੀ ਢਿੱਲੋ ਦਾ ਸਨਮਾਨ ਵੀ ਕੀਤਾ ਗਿਆ।

ਇਸ ਮੌਕੇ ਉਨ੍ਹਾ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਤੇ ਹਲਕਿਆਂ ਦੇ ਸਮੁੱਚੇ ਵਿਕਾਸ ਲਈ ਵਚਨਬੱਧ ਹੈ।ਉਨ੍ਹਾ ਕਿਹਾ ਕਿ ਧੂਰੀ ਹਲਕੇ ਵਿੱਚ ਵਿਕਾਸੀ ਕੰਮਾਂ ਲਈ ਗਰਾਂਟ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਤੇ ਜਿੱਥੇ ਵੀ ਜਨਤਾ ਨੂੰ ਜ਼ਰੂਰਤ ਹੋਵੇਗੀ, ਉਥੇ ਸਰਕਾਰ ਪੂਰੀ ਤਰ੍ਹਾਂ ਹਾਜ਼ਰ ਰਹੇਗੀ।ਇਸ ਮੌਕੇ ਉਨ੍ਹਾ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ। ਇਸ ਮੌਕੇ ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਦਲਵੀਰ ਸਿੰਘ ਢਿੱਲੋਂ ਨੇ ਵੀ ਲੋਕਾਂ ਨੂੰ ਯਕੀਨ ਦਿਵਾਇਆ ਕਿ ਉਨ੍ਹਾਂ ਦੀ ਹਰੇਕ ਅਰਜ਼ੀ ਨੂੰ ਗੰਭੀਰਤਾ ਨਾਲ ਲੈ ਕੇ ਅੱਗੇ ਭੇਜਿਆ ਜਾਵੇਗਾ। ਸਭਾ ਦੌਰਾਨ ਕਈ ਪਿੰਡਾਂ ਤੇ ਸ਼ਹਿਰੀ ਇਲਾਕਿਆਂ ਤੋਂ ਆਏ ਲੋਕਾਂ ਨੇ ਆਪਣੇ ਅਰਜ਼ੀਆਂ ਸੁਪੁਰਦ ਕੀਤੀਆਂ ਤੇ ਓ.ਐੱਸ.ਡੀ. ਸੁਖਵੀਰ ਸਿੰਘ ਸੁੱਖੀ ਨੇ ਉਨ੍ਹਾਂ ਨੂੰ ਯਕੀਨ ਦਿਵਾਇਆ ਕਿ ਹਰੇਕ ਅਰਜ਼ੀ 'ਤੇ ਤੁਰੰਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਆਖਰ ਵਿੱਚ ਕਿਹਾ ਕਿ ਪੰਜਾਬ ਸਰਕਾਰ ਦਾ ਮਕਸਦ ਲੋਕਾਂ ਦੇ ਦਰ 'ਤੇ ਸੇਵਾਵਾਂ ਪਹੁੰਚਾਉਣਾ ਹੈ, ਨਾ ਕਿ ਉਨ੍ਹਾਂ ਨੂੰ ਦਫ਼ਤਰਾਂ ਦੇ ਚੱਕਰਾਂ ਵਿੱਚ ਪਾਉਣਾ।ਇਸ ਮੌਕੇ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਸੰਦੀਪ ਤਾਇਲ, ਬਲਾਕ ਪ੍ਰਧਾਨ ਹੈਪੀ ਗਰਗ, ਵੀਰ ਭਾਨ, ਭੀਮ ਸਿੰਘ ਬਰੜਵਾਲ ਆਦਿ ਹਾਜ਼ਰ ਸਨ।

## ਸਵੱਦੀ ਕਲਾਂ ਵਿਖੇ ਸੁਪਰਡੈਂਟ ਸੰਜੀਵ ਕੁਮਾਰ ਦਾ ਸਨਮਾਨ



**ਜਗਰਾਉਂ (ਸੰਜੀਵ ਅਰੋੜਾ)**-ਪਿੰਡ ਸਵੱਦੀ ਕਲਾਂ ਵਿਖੇ ਸਿਵਲ ਸਰਜਨ ਦਫ਼ਤਰ ਲੁਧਿਆਣਾ ਦੇ ਸੁਪਰਡੈਂਟ ਸੰਜੀਵ ਕੁਮਾਰ ਭਾਰਗੋ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਹ ਸਨਮਾਨ ਸਮਾਜ ਸੇਵੀ ਅਵਤਾਰ ਸਿੰਘ ਤਾਰੀ ਤੇ ਗੁਰਦੀਪ ਸਿੰਘ ਕਾਕਾ ਦੀ ਅਗਵਾਈ 'ਚ ਉਨ੍ਹਾਂ ਵੱਲੋਂ ਨਿਭਾਈਆਂ ਸ਼ਾਨਦਾਰ ਸੇਵਾਵਾਂ ਬਦਲੇ ਕੀਤਾ ਗਿਆ। ਇਸ ਮੌਕੇ ਮਨਜੀਤ ਸਿੰਘ ਜੰਡੀ, ਅਮਨਦੀਪ ਸਿੰਘ, ਜਗਦੀਪ ਸਿੰਘ ਗਿੱਲ, ਸਰਪੰਚ ਹਰਜੀਤ ਸਿੰਘ, ਸਤਪਾਲ ਸਿੰਘ ਤੂਰ ਪੰਚ, ਜਗਮੋਹਣ ਸਿੰਘ ਪੰਚ, ਨੰਬਰਦਾਰ ਬਲਵੀਰ ਸਿੰਘ, ਨੰਬਰਦਾਰ ਬਲਵੰਤ ਸਿੰਘ, ਭੁਪਿੰਦਰ ਸਿੰਘ ਪੰਚ, ਕੁਲਵੰਤ ਸਿੰਘ, ਬੇਅੰਤ ਸਿੰਘ, ਚੇਤਮ ਕੁਮਾਰ, ਗੁਰਸੇਵਕ ਸਿੰਘ ਪੰਚ, ਬਲਵਿੰਦਰ ਸਿੰਘ ਤੂਰ, ਵਿਜੈ ਸਿੰਘ, ਬਲਵਿੰਦਰ ਸਿੰਘ, ਸਤਨਾਮ ਸਿੰਘ, ਪਰਮਜੀਤ ਸਿੰਘ ਤੇ ਸੁਖਦੇਵ ਸਿੰਘ ਆਦਿ ਹਾਜ਼ਰ ਸਨ।

## ਸੁਪੀਰੀਅਰ ਵਰਲਡ ਸਕੂਲ 'ਚ ਤੀਆਂ ਦਾ ਤਿਉਹਾਰ ਮਨਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਸਾਹਿਬ ਵਿਖੇ ਸਥਿਤ ਦਾ ਸੁਪੀਰੀਅਰ ਵਰਲਡ ਸੀਨੀਅਰ ਸੈਕੰਡਰੀ ਸਕੂਲ ਵੱਲੋਂ ਤੀਆਂ ਦਾ ਤਿਉਹਾਰ ਬੜੀ ਧੂਮਧਾਮ ਨਾਲ ਆਡੀਟੋਰੀਅਮ ਵਿੱਚ ਮਨਾਇਆ ਗਿਆ। ਇਸ ਮੌਕੇ ਹਰ ਜਮਾਤ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਤੇ ਵਿਦਿਆਰਥਣਾਂ ਪੰਜਾਬੀ ਪਹਿਰਾਵੇ 'ਚ ਬਹੁਤ ਸੁੰਦਰ ਲੱਗ ਰਹੀਆਂ ਸਨ। ਵਿਦਿਆਰਥਣਾਂ ਵੱਲੋਂ ਆਪਣੇ ਸੱਭਿਆਚਾਰ ਨੂੰ ਮੁੱਖ ਰੱਖਦੇ ਹੋਏ ਪੰਜਾਬੀਆਂ ਬੋਲੀਆਂ ਰਾਹੀਂ ਗਿੱਧੇ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ। ਲੜਕਿਆਂ ਦਾ ਦਸਤਾਰ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਰਸ਼ਮੀ ਸ਼ਰਮਾ ਵੱਲੋਂ ਤੋਹਫੇ ਦਿੱਤੇ ਗਏ। ਇਸ ਤੋਂ ਇਲਾਵਾ ਲੜਕੀਆਂ ਦਾ ਵੀ ਮਹਿੰਦੀ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਇਨਾਮ ਵੰਡੇ ਗਏ। ਸਕੂਲ ਦੇ ਪ੍ਰਿੰਸੀਪਲ ਰਸਮੀ ਸ਼ਰਮਾ ਵੱਲੋਂ ਪੁਰਾਤਨ ਪੰਜਾਬੀ ਸੱਭਿਆਚਾਰ ਨੂੰ ਮੁੜ ਸੁਰਜੀਤ ਕਰਨ ਲਈ ਅਜਿਹੇ ਤੀਜ ਤਿਉਹਾਰ ਮਨਾਏ ਜਾਣ 'ਤੇ ਜ਼ੋਰ ਦਿੱਤਾ। ਇਸ ਮੌਕੇ ਸਕੂਲ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

## ਰੀਟੇਲ ਐਂਡ ਹੋਲਸੇਲ ਕਰਿਆਨਾ ਐਸੋਸੀਏਸ਼ਨ ਦੀ ਮੀਟਿੰਗ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਜ਼ਿਲ੍ਹਾ ਮੋਗਾ ਰੀਟੇਲ ਐਂਡ ਹੋਲਸੇਲ ਕਰਿਆਨਾ ਐਸੋਸੀਏਸ਼ਨ ਦੀ ਇੱਕ ਵਿਸ਼ੇਸ਼ ਮੀਟਿੰਗ ਨਿਹਾਲ ਸਿੰਘ ਵਾਲਾ ਦੇ ਜੈਨ ਭਵਨ ਵਿਖੇ ਹੋਈ, ਜਿਸ ਵਿੱਚ ਸਰਬਸੰਮਤੀ ਨਾਲ ਸ੍ਰੀ ਸੁਰਿੰਦਰ ਕੁਮਾਰ ਜੈਨ ਨੂੰ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਕਰਿਆਨਾ ਐਸੋਸੀਏਸ਼ਨ ਪੰਜਾਬ ਪ੍ਰਦੇਸ਼ ਦੇ ਸੀਨੀਅਰ ਮੈਂਬਰ ਤੇ ਚੇਅਰਮੈਨ ਪਵਨ ਕੁਮਾਰ ਮੋਦਗਿੱਲ, ਵਾਇਸ ਪ੍ਰਧਾਨ ਮੰਗਤ ਰਾਮ ਗੋਇਲ, ਵਇਸ ਪ੍ਰਧਾਨ ਰਾਮ ਨਿਵਾਸ, ਜਰਨਲ ਸੈਕਟਰੀ ਜਸਵਿੰਦਰ ਸਿੰਘ ਰੱਖਰਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੀਟਿੰਗ ਵਿੱਚ ਵੱਖ ਵੱਖ ਸ਼ਹਿਰਾਂ ਤੇ ਸਮੁੱਚੀ ਮੰਡੀ ਨਿਹਾਲ ਸਿੰਘ ਵਾਲਾ ਦੇ ਕਰਿਆਨਾ ਵਪਾਰੀ ਰਾਜੂ ਗਰਗ, ਸੋਨੂੰ ਗਰਗ, ਦੀਪੀ ਕੁਮਾਰ, ਪਦਮ ਜੈਨ, ਸੰਜੈ ਜੈਨ, ਹਰਬੰਸ ਲਾਲ, ਹਰੀ ਓਮ, ਪ੍ਰਦੀਪ ਕੁਮਾਰ, ਰਿੰਕੂ ਬੁਰਜ, ਰੋਸ਼ਨ ਗਾਜੀਆਣਾ, ਵਿੱਕੀ ਬੁਰਜ ਹਮੀਰਾ, ਜੋਨੀ, ਭੀਮ ਸੇਨ ਮਿੱਤਲ, ਲਲਿਤ ਕੁਮਾਰ, ਰਾਜੀਵ ਕੁਮਾਰ ਖੁੱਡੀ ਵਾਲੇ, ਇੰਦਰਜੀਤ, ਹੀਰਾ ਲਾਲ ਆਦਿ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਦੇ ਨਾਂਅ 'ਤੇ ਚੇਅਰ ਸਥਾਪਤ ਕਰਨ ਦਾ ਕਾਰਜ ਸ਼ਲਾਘਾਯੋਗ : ਪ੍ਰੋ. ਬਡੂੰਗਰ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)**
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ 'ਚ ਹੋਈ ਅੰਤਰਿੰਗ ਕਮੇਟੀ ਦੀ ਮੀਟਿੰਗ 'ਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ 'ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਚੇਅਰ' ਸਥਾਪਤ ਕਰਨ ਨੂੰ ਸਿਧਾਂਤਕ ਪ੍ਰਵਾਨਗੀ ਦਿੱਤੇ ਜਾਣ ਦੀ ਸ਼ਲਾਘਾ ਕੀਤੀ ਹੈ।

ਪ੍ਰੋ. ਬਡੂੰਗਰ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਸਮੁੱਚੀ ਸ਼੍ਰੋਮਣੀ ਕਮੇਟੀ ਦੀ ਅੰਤਰਿੰਗ ਕਮੇਟੀ ਦੇ ਮੈਂਬਰ ਸਾਹਿਬਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਇਸ ਉੱਦਮ ਨਾਲ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਨੌਵੇਂ ਪਾਤਸ਼ਾਹ ਜੀ ਦੇ ਜੀਵਨ, ਯਾਤਰਾਵਾਂ ਤੇ ਸ਼ਹਾਦਤ ਬਾਰੇ ਮੌਲਿਕ ਤੇ ਖੋਜ ਕਾਰਜ ਕਰਨ ਦੇ ਨਾਲ-ਨਾਲ ਗੁਰੂ ਸਾਹਿਬ ਦੀ ਪਾਵਨ ਗੁਰਬਾਣੀ ਦੇ ਸਮਾਜਿਕ ਅਧਿਐਨ ਦਾ ਕੰਮ ਕੀਤਾ ਜਾਵੇਗਾ, ਜਿਸ ਨਾਲ ਆਉਣ ਵਾਲੀ ਪੀੜ੍ਹੀ ਤੇ ਖਾਸ ਕਰ ਯੂਨੀਵਰਸਿਟੀ ਵਿੱਚ ਪੜ੍ਹ ਵਾਲੇ ਵਿਦਿਆਰਥੀ ਗੁਰੂ ਸਾਹਿਬਾਨ ਦੇ ਜੀਵਨ ਸਬੰਧੀ ਨੇੜੇ ਤੋਂ ਜਾਣਕਾਰੀ ਪ੍ਰਾਪਤ ਕਰ ਸਕਣਗੇ। ਉਹਨਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਿਹਗੜ੍ਹ ਸਾਹਿਬ ਵਿਸ਼ਵ ਦੀ ਇੱਕੋ ਇੱਕ ਅਜਿਹੀ ਯੂਨੀਵਰਸਿਟੀ ਹੈ, ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਂਅ 'ਤੇ ਬਣੀ ਹੈ ਤੇ ਇਸ ਯੂਨੀਵਰਸਿਟੀ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਨਾਂਅ 'ਤੇ ਚੇਅਰ ਸਥਾਪਤ ਕਰਨਾ ਆਪਣੇ ਆਪ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਵੱਡਾ ਕਾਰਜ ਹੈ।ਉਨ੍ਹਾਂ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ ਤੇ ਪ੍ਰਬੰਧਕ ਅਧਿਕਾਰੀਆਂ ਨੂੰ ਜਲਦ ਤੋਂ ਜਲਦ ਯੋਗ ਕਾਰਵਾਈ ਮੁਕੰਮਲ ਕਰਨ ਉਪਰੰਤ ਇਸ ਨੂੰ ਕਾਰਜਸ਼ੀਲ ਕਰਨ ਦੀ ਅਪੀਲ ਵੀ ਕੀਤੀ।


ਇੰਡਿਯਨ ਬੈਂਕ Indian Bank ALLAHABAD
ZONAL OFFICE: S.C.F. 88,URBAN ESTATE, PHASE 1, DUGRI, LUDHIANA.
EMAIL: zoludhiana@indianbank.co.in

ਰੂਲ-8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਤਹਿਤ ਇੰਡੀਅਨ ਬੈਂਕ, ਲੁਧਿਆਣਾ ਦੇ ਅਧਿਕਾਰਤ ਅਫਸਰ ਵਜੋਂ ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 ਅਤੇ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ/ਗਰੰਟਰਾਂ ਨੂੰ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਨੋਟਿਸਾਂ 'ਚ ਦਰਸਾਈ ਰਕਮ ਵਾਪਸ ਮੋੜਨ ਲਈ ਸੱਦਾ ਦਿੰਦਿਆਂ ਹੇਠਾਂ ਦਰਸਾਈਆਂ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕੀਤੇ ਸਨ। ਕਿਉਂਕਿ ਸੰਬੰਧਤ ਪਾਰਟੀਆਂ ਰਕਮ ਵਾਪਸ ਮੋੜਨ 'ਚ ਅਸਫਲ ਰਹੀਆਂ ਹਨ, ਜਾਇਦਾਦ ਦੇ ਮਾਲਕ, ਸੰਬੰਧਤ ਪਾਰਟੀਆਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਖਾਤਿਆਂ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ 'ਤੇ ਹੇਠਾਂ ਦਰਸਾਈ ਜਾਇਦਾਦ ਦਾ ਕਬਜ਼ਾ ਹਾਸਲ ਕਰ ਲਿਆ ਹੈ। ਸੰਬੰਧਤ ਪਾਰਟੀਆਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਇਸ ਜਾਇਦਾਦ ਸੰਬੰਧੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਇੰਡੀਅਨ ਬੈਂਕ ਕਲਾਕ ਟਾਵਰ ਲੁਧਿਆਣਾ ਦੀ ਹੇਠਾਂ ਦਰਸਾਈ ਕੁਲ ਰਕਮ ਜਮ੍ਹਾਂ ਇਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਸਮੇਤ ਵਸੂਲੀ ਹੇਠ ਹੋਵੇਗੀ। ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਬਰਾਂਚ ਦਾ ਨਾਂਅ / ਕਰਜ਼ਦਾਰ/ਗਰੰਟਰ/ ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| ਸ਼ਾਖਾ ਦਫਤਰ : ਕਲਾਕ ਟਾਵਰ, ਲੁਧਿਆਣਾ | | 12.05.2025 | 28.07.2025 | ਸੰਕੇਤਕ ਕਬਜ਼ਾ |
| (ਕਰਜ਼ਦਾਰ) : ਸਵਰਗੀ ਸ੍ਰੀ ਭਾਲੂ ਰਾਮ ਪੁੱਤਰ ਸ੍ਰੀ ਮੈਕੂ ਰਾਮ ਦੀ ਜਾਇਦਾਦ ਦੇ ਕਾਨੂੰਨੀ ਵਾਰਸ, ਮਕਾਨ ਨੰ. 6263, ਜਗਤ ਨਗਰ, ਵਾਰਡ ਨੰ: 3 ਜੱਸੀਆਂ ਰੋਡ, ਲੁਧਿਆਣਾ-141001 ਅਤੇ ਸ੍ਰੀ ਰਜਿੰਦਰ ਪੁੱਤਰ ਸਵ : ਸ੍ਰੀ ਭਾਲੂ ਰਾਮ ਪੁੱਤਰ ਸ੍ਰੀ ਮੈਕੂ ਰਾਮ, ਮਕਾਨ ਨੰ: 6263, ਜਗਤ ਨਗਰ, ਵਾਰਡ ਨੰ: 03 ਜੱਸੀਆਂ ਰੋਡ, ਲੁਧਿਆਣਾ-141001 | ਰਜਿਸਟਰਡ ਬੈਨਾਮਾ ਵਸੀਕਾ ਨੰ : 11744 ਮਿਤੀ 27.03.2015 ਸਬ-ਰਜਿਸਟਰਾਰ ਲੁਧਿਆਣਾ (ਵੈਸਟ) ਅਨੁਸਾਰ ਅਚੱਲ ਜਾਇਦਾਦ ਰਿਹਾਇਸ਼ੀ ਪਲਾਟ ਨੰ : 48, ਮਿਨ 49, ਰਕਬਾ 163.33 ਵਰਗ ਗਜ਼, ਖਸਰਾ ਨੰ : 27//19/2-22-36//2-9-10-1/2-13/1/2-13/2/1-14/1-12/2/1-12/1/2-1/1, ਖੱਤਾ ਨੰ: 27/27-28/28-163/174-172/183-705/721/763/874, ਜਮ੍ਹਾਂਬੰਦੀ ਸਾਲ 2007-08, ਪਿੰਡ ਜੱਸੀਆਂ, ਹਦਬਸਤ ਨੰ : 101. ਅਬਾਦੀ ਬਲਵਾਨ ਕਲੋਨੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁੱਝ। ਹੱਦਾਂ (ਬੈਨਾਮੇ ਅਨੁਸਾਰ) : ਪੂਰਬ : ਗਲੀ 30', ਪੱਛਮ : ਗੁਆਂਢ 30', ਉੱਤਰ : ਗੁਆਂਢ 49', ਦੱਖਣ : ਗੁਆਂਢ 49' | | | ਰੁਪਏ 2,49,071/- (ਦੋ ਲੱਖ ਉਨੰਜਾ ਹਜ਼ਾਰ ਇਕੱਤਰ ਰੁਪਏ ਕੇਵਲ) 12.05.2025 ਨੂੰ ਅਤੇ ਇਸ ਉਪਰ ਵਿਆਜ |

ਮਿਤੀ : 29.07.2025 ਸਥਾਨ : ਲੁਧਿਆਣਾ ਅਧਿਕਾਰਤ ਅਫਸਰ



LOVELY PROFESSIONAL UNIVERSITY
Jalandhar-Delhi G.T. Road. Phagwara, Distt. Kapurthala, Punjab (India) - 144411

PUBLIC NOTICE

This is for information of the students and all other concerned that some of the residential facilities for the purpose of students of the Lovely Professional University also including gymnasium, mess and laundry facilities are managed and operated by Lovely International Trust, Jalandhar.

The applicable charges for the said facilities for the academic session 2025-2026 are as below:

| Residential Facility | Maximum Charges (in INR) AC | Non-AC |
|---|---|---|
| 1-Seater Apartment (AC) | 200000 | NA |
| 2-Seater Apartment (AC) | 190000 | NA |
| 3-Seater Apartment (AC) | 170000 | NA |
| 4-Seater Apartment (AC) | 150000 | NA |
| 1-Seater (Standard Room) | 200000 | NA |
| 2-Seater (Standard Room) | 180000 | 160000 |
| 3-Seater (Standard Room) | 160000 | 145000 |
| 4-Seater (Standard Room) | 140000 | 130000 |
| 5-Seater (Standard Room) | 130000 | 120000 |
| 6-Seater (Standard Room) | 130000 | 120000 |
| 7-Seater (Standard Room) | 130000 | 120000 |
| 8-Seater (Standard Room) | 130000 | 120000 |
| 4*2-Seater or Others (Standard Room) | NA | 120000 |

| Other Facilities | Charges (in INR) | |
|---|---|---|
| Standard Mess - with four meals (Breakfast/Lunch/Tea Snacks/Dinner) | 46000 | |
| Standard Mess - with three meals (Breakfast/Lunch/Dinner) | 42000 | |
| Standard Mess - with two meals (Breakfast/Dinner) | 38000 | |
| Standard Mess - with two meals (Lunch/Dinner) | 38000 | |
| Ala Carte - Choice of Dishes - with four meals (Breakfast/Lunch/Tea Snacks/Dinner) | 55000 | |
| Laundry Facility | 5200 | |
| GYM Facility | Day Scholars | 6000 |
| | Hostellers | 5000 |

Further details in respect of the above are published on the University's official website link: www.lpu.in/student-services/residence.php.

Registrar

30 July Page 7.qxd 7/29/2025 10:48 PM Page 1



# ਘਰ 'ਚੋਂ ਗਹਿਣੇ ਤੇ ਹੋਰ ਸਮਾਨ ਚੋਰੀ ਕਰਨ ਵਾਲੇ 3 ਨੌਜਵਾਨਾਂ 'ਚੋਂ 1 ਕਾਬੂ, 2 ਫਰਾਰ

**ਨਵਾਂਸ਼ਹਿਰ (ਮਨੋਜ ਲਾਡੀ)**

ਪੁਲਸ ਵਲੋਂ ਇੱਕ ਘਰ ਵਿਚੋਂ ਸੋਨੇ ਗਹਿਣੇ ਅਤੇ ਹੋਰ ਸਮਾਨ ਚੋਰੀ ਕਰਨ ਵਾਲੇ ਤਿੰਨ ਨੌਜਵਾਨਾਂ ਦੇ ਖਿਲਾਫ ਮਾਮਲਾ ਦਰਜ ਕਰਕੇ ਇਕ ਨੂੰ ਕਾਬੂ ਕਰਨ ਵਿਚ ਸਫਲਤਾ ਹਾਸਲ ਕੀਤੀ ਗਈ । ਜਦਕਿ ਦੋ ਮੁਲਜ਼ਮ ਹਾਲੇ ਫਰਾਰ ਹਨ। ਪੁਲਸ ਥਾਣਾ ਕਾਠਗੜ੍ਹ ਵਿਖੇ ਦਰਜ ਮਾਮਲੇ ਅਨੁਸਾਰ ਏ ਐੱਸ ਆਈ ਰਾਮ ਸ਼ਾਹ ਨੇ ਦੱਸਿਆ ਕਿ ਇੰਦਰਜੀਤ ਕੌਰ ਪਤਨੀ ਸਤਨਾਮ ਸਿੰਘ ਵਾਸੀ ਪਿੰਡ ਆਕਲਿਆਣਾ, ਪੁੱਤਰੀ ਸੰਤੋਖ ਸਿੰਘ ਵਾਸੀ ਪਿੰਡ ਚਾਹਲਾ ਥਾਣਾ ਕਾਠਗੜ੍ਹ ਨੇ ਸਮੇਤ ਆਪਣੀ ਰਿਸ਼ਤੇਦਾਰ ਰਣਜੀਤ ਕੌਰ ਪਤਨੀ ਲੇਟ ਮਲਕੀਤ ਸਿੰਘ ਵਾਸੀ ਰਿਸ਼ਬਪੁਰ ਨੇ ਦੱਸਿਆ ਕਿ ਉਸ ਦੇ ਪੇਕੇ ਘਰ ਪਿੰਡ ਚਾਹਲਾ ਵਿਖੇ ਉਸ ਦਾ ਭਰਾ ਗਗਨਦੀਪ ਸਿੰਘ ਅਤੇ ਪਿਤਾ ਸੰਤੋਖ ਸਿੰਘ ਰਹਿੰਦੇ ਹਨ।ਉਹ ਆਪਣੇ ਸਹੁਰੇ ਘਰ ਹੀ ਰਹਿੰਦੀ ਹੈ। ਉਸ ਦੇ ਪਿਤਾ ਸੰਤੋਖ ਸਿੰਘ ਕੰਮਕਾਰ ਦੇ ਸਬੰਧ ਵਿਚ ਵੱਡੀ ਨਾਲਾਗੜ੍ਹ ਗਏ ਹੋਏ ਹਨ ਅਤੇ ਉਸ ਦਾ ਭਰਾ ਗਗਨਦੀਪ ਸਿੰਘ ਵੀ ਕੰਮਕਾਰ ਸਬੰਧੀ ਬਾਹਰ ਹੀ ਰਹਿੰਦਾ ਹੈ। ਸਾਡੇ ਘਰ ਫਿਲਹਾਲ ਕੋਈ ਨਾ ਰਹਿਣ ਕਾਰਨ ਤਾਲਾ ਲਗਾਇਆ ਹੋਇਆ ਹੈ। ਉਹ ਅਕਸਰ ਜੱਦੋ ਵੀ ਸਮਾਂ ਮਿਲਦਾ ਹੈ, ਆਪਣੇ ਪੇਕੇ ਘਰ 1-2 ਦਿਨ ਦੇ ਵਿਚ ਆਉਂਦੀ ਜਾਂਦੀ ਰਹਿੰਦੀ ਹਾਂ ਅਤੇ ਸਫਾਈ ਕਰਵਾ ਦਿੰਦੀ ਹਾਂ। ਸਾਡਾ ਘਰ ਗੁਰਦੁਆਰਾ ਸਿੰਘ ਸਭਾ ਪਿੰਡ ਚਾਹਲਾ ਨਜ਼ਦੀਕ ਰੋਡ ਦੇ ਉਪਰ ਹੀ ਹੈ। 3 ਜੁਲਾਈ ਨੂੰ ਉਹ ਆਪਣੇ ਪੇਕੇ ਘਰ ਆ ਕੇ ਵੇਖਿਆ ਤਾਂ ਮੇਨ ਗੇਟ ਦੇ ਤਾਲੇ ਤੋਂ ਇਲਾਵਾ ਅੰਦਰ ਵਾਲੇ ਕਮਰਿਆਂ ਦੇ ਦਰਵਾਜਿਆਂ ਤੇ ਲੱਗੇ ਤਾਲੇ ਟੁੱਟੇ ਹੋਏ ਸਨ। ਜਦੋਂ ਉਹ ਅੰਦਰ ਜਾ ਕੇ ਆਪਣੇ ਘਰ ਦਾ ਸਮਾਨ ਚੈੱਕ ਕੀਤਾ ਤਾਂ ਕਾਫੀ ਸਮਾਨ ਖਿਲਰਿਆ ਹੋਇਆ ਸੀ ਅਤੇ ਘਰ ਲੱਗੇ ਛੱਤ ਵਾਲੇ 4 ਪੱਖੇ, 2 ਗੈਸ ਸਲੰਡਰ, 1 ਇਨਵਰਟਰ, ਫਰਿਜ ਦੀ ਮੋਟਰ (ਕੰਪਰੈਸ਼ਰ) ਅਤੇ ਪ੍ਰੈੱਸ ਉਥੇ ਨਹੀ ਸੀ। ਕਮਰੇ ਵਿਚ ਪਈ ਅਲਮਾਰੀ ਵੀ ਟੁੱਟੀ ਹੋਈ ਸੀ ਅਤੇ ਉਸ ਵਿਚੋਂ ਵੀ 1 ਮੁੰਦਰੀ ਸੋਨਾ ਅਤੇ ਇੱਕ ਜੋੜੀ ਟੋਪਸ ਸੋਨਾ ਵੀ ਉਥੇ ਨਹੀਂ ਸਨ ਜੋ ਕਿ ਚੋਰੀ ਕੀਤੇ ਗਏ ਸਨ। ਸਾਡੇ ਘਰ ਹੋਈ ਚੋਰੀ ਸਬੰਧੀ ਉਹ ਅਤੇ ਉਸ ਦੇ ਪਰਿਵਾਰ ਨੇ ਹੁਣ ਤੱਕ ਆਪਣੇ ਤੌਰ ਤੇ ਪੜਤਾਲ ਕੀਤੀ। ਉਸ ਦੇ ਪੇਕੇ ਘਰ ਵਿਚ ਇਹ ਚੋਰੀ ਗੁਰਨਾਮ ਸਿੰਘ ਉਰਫ ਲੱਡੂ ਪੁੱਤਰ ਚਰਨੀ, ਸੁਖਵਿੰਦਰ ਸਿੰਘ ਉਰਫ ਬਿੱਟੂ ਪੁੱਤਰ ਹਰਬੰਸ ਸਿੰਘ ਅਤੇ ਜੋਵਨ ਪੁੱਤਰ ਪਾਲੀ ਵਾਸੀਆਨ ਚਾਹਲਾ ਨੇ ਆਪਣੇ ਹੋਰ ਸਾਥੀਆਂ ਨਾਲ ਮਿਲ ਕੇ ਕੀਤੀ ਹੈ। ਪੁਲਸ ਨੇ ਕਥਿਤ ਮੁਲਜ਼ਮਾਂ ਖਿਲਾਫ਼ ਮਾਮਲਾ ਦਰਜ ਕਰਦਿਆਂ ਜੋਵਨ ਪੁੱਤਰ ਪਾਲੀ ਵਾਸੀ ਚਾਹਲਾ ਨੂੰ ਗ੍ਰਿਫਤਾਰ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਜਦਕਿ ਦੋ ਹੋਰਨਾਂ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਹਾਲੇ ਬਾਕੀ ਹੈ।

# ਸੁਮਨ ਰਾਣੀ ਕਾਹਨਾ ਢੇਸੀਆਂ ਦੇ ਸਰਪੰਚ ਚੁਣੇ ਗਏ

**ਗੁਰਾਇਆ, (ਬਿੰਦਰ ਸੁਮਨ)**

ਪੰਜਾਬ ਅੰਦਰ ਪੰਚਾਇਤਾਂ ਦੀਆਂ ਖਾਲੀ ਸੀਟਾਂ ਨੂੰ ਭਰਨ ਲਈ ਚੋਣਾਂ ਕਰਵਾਈਆਂ ਗਈਆਂ। ਵਿਧਾਨ ਸਭਾ ਹਲਕਾ ਫਿਲੌਰ ਦੇ ਬਲਾਕ ਰੁੜਕਾ ਕਲਾਂ ਵਿੱਚ ਪਿੰਡ ਢੇਸੀਆਂ ਕਾਹਨਾਂ ਵਿਖੇ ਸਰਪੰਚੀ ਦੀ ਚੋਣ ਵਿੱਚ ਸੁਮਨ



ਰਾਣੀ ਪਤਨੀ ਮਨਦੀਪ ਕੁਮਾਰ ਬਿੱਟਾ ਜੇਤੂ ਰਹੀ। ਉਨ੍ਹਾਂ ਨੇ 935 ਵੋਟਾਂ ਹਾਸਲ ਕਰਕੇ ਆਪਣੇ ਮੁਕਾਬਲੇ ਖੜੀ ਉਮੀਦਵਾਰ ਗੁਰਜੀਤ ਕੌਰ ਨੂੰ 296 ਦੇ ਵੱਡੇ ਫਰਕ ਨਾਲ ਹਰਾਇਆ, ਗੁਰਜੀਤ ਕੌਰ ਨੂੰ 639 ਵੋਟਾਂ ਪ੍ਰਾਪਤ ਹੋਈਆਂ। ਪਿੰਡ ਢੇਸੀਆਂ ਕਾਹਨਾਂ ਵਿਖੇ ਸਰਪੰਚ ਬੀਬੀ ਜਗੀਰੋ ਮਹੇ ਦੀ ਮੌਤ ਹੋ ਜਾਣ ਦੇ ਕਾਰਨ ਇਹ ਸੀਟ ਖਾਲੀ ਹੋ ਗਈ ਸੀ। ਇਨ੍ਹਾਂ ਵੋਟਾਂ ਵਿੱਚ ਸੁਮਨ ਰਾਣੀ ਅਤੇ ਗੁਰਜੀਤ ਕੌਰ ਦਰਮਿਆਨ ਸਿੱਧੀ ਟੱਕਰ ਸੀ, ਜਿਸ ਵਿੱਚ ਸੁਮਨ ਰਾਣੀ ਪਤਨੀ ਮਨਦੀਪ ਕੁਮਾਰ ਬਿੱਟਾ ਨੂੰ ਜਿੱਤ ਹਾਸਲ ਹੋਈ ਹੈ। ਇਸ ਮੌਕੇ ਤੇ ਪਹੁੰਚੇ ਹੋਏ ਨਾਇਬ ਤਹਿਸੀਲਦਾਰ ਗੁਰਾਇਆ ਮਨਦੀਪ ਸਿੰਘ ਨੇ ਦੱਸਿਆ ਕਿ ਵੋਟਾਂ ਦਾ ਸਾਰਾ ਕੰਮ ਅਮਨ ਅਮਾਨ ਦੇ ਨਾਲ ਪੂਰਾ ਹੋ ਗਿਆ ਹੈ, ਜਿਸ ਲਈ ਪ੍ਰਸ਼ਾਸ਼ਨ ਵੱਲੋਂ ਹਰ ਤਰਾਂ ਦੇ ਪ੍ਰਬੰਧ ਕੀਤੇ ਗਏ ਸਨ, ਉਨ੍ਹਾਂ ਨੇ ਦੱਸਿਆ ਕਿ ਪਿੰਡ ਢੇਸੀਆਂ ਕਾਹਨਾਂ ਵਿਖੇ ਸੁਮਨ ਰਾਣੀ ਜੇਤੂ ਰਹੀ ਹੈ। ਗੋਹਾਵਰ ਜੀ.ਟੀ. ਰੋਡ ਅਬਾਦੀ ਦੇ ਵਾਰਡ ਨੰਬਰ 3 ਪੰਚ ਲਈ ਦੋ ਉਮੀਦਵਾਰ ਬਿਰਸ਼ ਪਾਲ ਅਤੇ ਭਾਗ ਰਾਮ ਚੋਣ ਮੈਦਾਨ ਵਿੱਚ ਸਨ, ਜਿਨ੍ਹਾਂ ਵਿੱਚੋਂ ਭਾਗ ਜੇਤੂ ਰਹੇ। ਜਦਕਿ ਪਿੰਡ ਜੱਜਾਂ ਕਲਾਂ ਵਿਖੇ ਔਰਤ ਪੰਚ ਵਾਰਡ ਨੰਬਰ 5 ਲਈ ਕੇਵਲ ਇੱਕ ਉਮੀਦਵਾਰ ਦਲਜੀਤ ਕੌਰ ਹੀ ਮੈਦਾਨ ਵਿੱਚ ਸਨ, ਉਹ ਬਗੈਰ ਮੁਕਾਬਲੇ ਦੇ ਹੀ ਜੇਤੂ ਰਹੇ ਸਨ। ਪਿੰਡ ਢੇਸੀਆਂ ਕਾਹਨਾਂ ਵਿਖੇ ਸੁਮਨ ਰਾਣੀ ਦੇ ਜੇਤੂ ਐਲਾਨੇ ਜਾਣ ਦੇ ਸਾਰ ਹੀ ਉਨ੍ਹਾਂ ਦੇ ਹਮਾਇਤੀ ਵੱਲੋਂ ਢੋਲ ਢਮੱਕੇ ਦੇ ਨਾਲ ਭੰਗੜੇ ਪਾ ਕੇ ਆਪਣੀ ਖੁਸ਼ੀ ਦਾ ਪ੍ਰਗਟਾ ਕੀਤਾ ਗਿਆ ਅਤੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਗਿਆ। ਉਨ੍ਹਾਂ ਨੇ ਆਪਣੇ ਸਾਥੀਆਂ ਦੇ ਨਾਲ ਜਾ ਕੇ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਵਿਖੇ ਪ੍ਰਮਾਤਮਾ ਦਾ ਸ਼ੁਕਰਾਨਾ ਕੀਤਾ ਅਤੇ ਡਾ. ਭੀਮ ਰਾਓ ਅੰਬੇਡਕਰ ਜੀ ਦੀ ਲਾਇਬ੍ਰੇਰੀ ਵਿਖੇ ਉਨ੍ਹਾਂ ਦੀ ਪ੍ਰਤਿਮਾ ਨੂੰ ਨਮਨ ਕੀਤਾ। ਇਸ ਮੌਕੇ ਤੇ ਉਨ੍ਹਾਂ ਦੇ ਨਾਲ ਸੁਸ਼ੀਲ ਕੁਮਾਰ ਵਿਰਦੀ, ਮੁਲਖ ਰਾਜ ਮੁਲਤਿਆਲੀ, ਡਾ. ਸੁਦਾਗਰ, ਬਲਜੀਤ ਕੌਰ ਪੰਚ, ਗੁਲਜੀਤ ਕੌਰ ਪੰਚ, ਨਰੇਸ਼ ਪਾਲ ਪੰਚ, ਜਸਵਿੰਦਰ ਸਿੰਘ ਪੰਚ, ਪ੍ਰਧਾਨ ਹਰਜੀਤ ਸਿੰਘ, ਸਰਬਜੀਤ ਜੱਖੂ, ਲਖਵਿੰਦਰ ਮਹੇ, ਰਾਮ ਲੁਭਾਇਆ ਲੰਬੜਦਾਰ, ਪ੍ਰਧਾਨ ਅਮਨਦੀਪ ਸਿੰਘ ਢੇਸੀ, ਲਖਵਿੰਦਰ ਸਿੰਘ ਲਾਡੀ, ਕਾ. ਸ਼ਿਦਰਪਾਲ, ਕਾ. ਜਸਵਿੰਦਰ ਸਿੰਘ ਢੇਸੀ, ਦਲਵੀਰ ਸਿੰਘ, ਕੁਲਦੀਪ ਜੱਖੂ, ਸਦਾਰਾਮ, ਗੁਰਮੇਜ ਰਾਮ, ਖੇਮਰਾਜ, ਡਾ. ਬਲਵਿੰਦਰ ਕੁਮਾਰ, ਜਤਿੰਦਰਪਾਲ, ਲਾਲ ਚੰਦ, ਕਰਨੈਲ ਸਿੰਘ ਸਾਬਕਾ ਪੰਚ, ਬਲਵੀਰ ਭਾਰਤੀ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਸ਼ਾਮਿਲ ਸਨ।

# ਸ਼ਹੀਦ ਭਗਤ ਸਿੰਘ ਚੌਂਕ ਦਾ ਉਦਘਾਟਨ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਨਕੋਦਰ ਵਿਖੇ ਸਮਾਜ ਸੇਵੀ ਸੰਸਥਾ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਸਪੋਰਟਸ ਕਲੱਬ ਅਤੇ ਵੈਲਫੇਅਰ ਸੋਸਾਇਟੀ ਵੱਲੋਂ ਸ਼ਹੀਦ ਭਗਤ ਸਿੰਘ ਜੀ ਦੀ ਅਨਮੋਲੀ ਸ਼ਹਾਦਤ ਨੂੰ ਸਮਰਪਿਤ ਨਕੋਦਰ ਵਿਖੇ ਜਲੰਧਰ ਰੋਡ ਫਲਾਈ ਓਵਰ ਨੇੜੇ ਸ਼ਹੀਦ ਭਗਤ ਸਿੰਘ ਜੀ ਦਾ ਬੁੱਤ ਲਗਾ ਕੇ ਸ਼ਹੀਦ ਭਗਤ ਸਿੰਘ ਚੌਂਕ ਬਣਾ ਦਿਤਾ ਗਿਆ ਹੈ ਅਤੇ ਇਸ ਮੌਕੇ ਫੁੱਲ ਬੂਟੇ ਵੀ ਲਗਾਏ ਗਏ, ਇਸ ਮੌਕੇ ਤੇ ਲੱਡੂ ਵੀ ਵੰਡੇ ਗਏ । ਐਡਵੋਕੇਟ ਨਾਗਰਾਜ ਨੇ ਕਿਹਾ ਕਿ ਅੱਜ ਤੋਂ ਇਸ ਚੌਂਕ ਦਾ ਨਾਮ ਸ਼ਹੀਦ ਭਗਤ ਸਿੰਘ ਚੌਂਕ ਵਜੋਂ ਜਾਣਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਪਹਿਲਾਂ ਕੋਈ ਵੀ ਸ਼ਹੀਦ ਭਗਤ ਸਿੰਘ ਦੀ ਯਾਦਗਾਰ ਨਹੀਂ ਸੀ । ਐਡਵੋਕੇਟ ਨਾਗਰਾਜ ਅਤੇ ਕਾਮਰੇਡ ਦਰਸ਼ਨ ਨਾਹਰ ਨੇ ਕਿਹਾ ਕਿ ਅਸੀਂ ਚਾਹੁੰਦੇ ਹਾਂ ਕਿ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦੀ ਸ਼ਹਾਦਤ ਨੂੰ ਇਹ ਚੌਂਕ ਸਮਰਪਿਤ ਕੀਤਾ ਜਾਵੇ ਤਾਂ ਜੋ ਬਾਹਰੋਂ ਆਉਂਦੇ ਜਾਂਦੇ ਲੋਕਾਂ ਅਤੇ ਸ਼ਹਿਰ ਦੇ ਨੌਜਵਾਨਾਂ ਵਿੱਚ ਵੀ ਭਗਤ ਸਿੰਘ ਦਾ ਸਰੂਪ ਦੇਖ ਕੇ ਦੇਸ਼ ਭਗਤੀ ਦੀ ਭਾਵਨਾਂ ਜਾਗਰਿਤ ਹੋ ਸਕੇ। ਇਸ ਮੌਕੇ ਐਡਵੋਕੇਟ ਨਾਗਰਾਜ ਦੇ ਬਹੁਤ ਹੀ ਜੋਸ਼ ਭਰੇ ਕ੍ਰਾਂਤੀਕਾਰੀ ਨਾਅਰਿਆਂ ਨਾਲ ਪੂਰਾ ਮਾਹੌਲ ਗੂੰਜ ਉਠਿਆ। ਇਸ ਦੇ ਨਾਲ ਹੀ ਕਾਮਰੇਡ ਦਰਸ਼ਨ ਨਾਹਰ ਨੇ ਐਡਵੋਕੇਟ ਨਾਗਰਾਜ ਨੇ ਆਏ ਹੋਏ ਨੌਜਵਾਨਾਂ ਅੱਗੇ ਆਪਣੇ ਵਿਚਾਰ ਰੱਖੇ ਅਤੇ ਭਗਤ ਸਿੰਘ ਜੀ ਦੀ ਵਿਚਾਰਧਾਰਾ ਨਾਲ ਜੁੜਨ ਦੀ



ਪ੍ਰੇਰਨਾ ਦਿੱਤੀ। ਇਸ ਮੌਕੇ ਤੇ ਸਮਾਜ ਸੇਵੀ ਸ੍ਰੀ ਰਾਜਿੰਦਰ ਕੁਮਾਰ ਟੱਕਰ, ਰਾਜੇਸ਼ ਟੱਕਰ ਅਤੇ ਅਰਵਿੰਦਰ ਸਿੰਘ ਭਾਟੀਆ ਨੇ ਆਏ ਹੋਏ ਸਾਰੇ ਪਤਵੰਤੇ ਸਾਥੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਕਾਮਰੇਡ ਦੇ ਮੀਤ ਪ੍ਰਧਾਨ ਸਤਿੰਦਰ ਮੱਟੂ ਦੇ ਨਾਲ ਸ. ਅਜੀਤ ਸਿੰਘ ਮੱਟੂ ਵੀ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ, ਗੁਰਪ੍ਰੀਤ ਸਿੰਘ ਹੈਪੀ, ਸਤਿਨਾਮ ਸਿੰਘ ਸ਼ੰਕਰ, ਹੈਪੀ ਖਾਲਸਾ ਨਿਹੰਗ ਸਿੰਘ ਆਪਣੀ ਨਿਹੰਗ ਸਿੰਘ ਜੱਥੇਬੰਦੀ ਸਮੇਤ ਹਾਜ਼ਰ ਹੋਏ, ਇਸ ਦੇ ਨਾਲ ਹੀ ਭਾਰੀ ਗਿਣਤੀ ਵਿੱਚ ਨੌਜਵਾਨ ਸ਼ਾਮਲ ਹੋਏ।

# ਸੀ ਟੀ ਗਰੁੱਪ ਨੇ ਅੰਤਰਰਾਸ਼ਟਰੀ ਵਿਦਿਆਰਥੀਆਂ ਦੇ ਬੈਚ 2025 ਦਾ ਗ੍ਰੈਜੂਏਸ਼ਨ ਸਮਾਰੋਹ ਮਨਾਇਆ



**ਜਲੰਧਰ (ਸ਼ੈਲੀ ਐਲਬਰਟ)**

ਸੀ.ਟੀ. ਗਰੁੱਪ ਨੇ ਆਪਣੇ ਅੰਤਰਰਾਸ਼ਟਰੀ ਵਿਦਿਆਰਥੀਆਂ (ਬੈਚ 2025) ਦੀਆਂ ਪ੍ਰਾਪਤੀਆਂ ਨੂੰ ਸਨਮਾਨਿਤ ਕਰਨ ਲਈ ਇੱਕ ਗ੍ਰੈਜੂਏਸ਼ਨ ਸਮਾਰੋਹ ਦਾ ਆਯੋਜਨ ਕੀਤਾ। ਇਹ ਸਮਾਗਮ ਵਿਵਿਧਤਾ, ਸਫਲਤਾ ਅਤੇ ਕੈਂਪਸ ਤੇ ਬਣੇ ਮਜ਼ਬੂਤ ਰਿਸ਼ਤਿਆਂ ਦਾ ਇੱਕ ਜੀਵੰਤ ਜਸ਼ਨ ਸੀ। ਜ਼ਿੰਬਾਬਵੇ, ਨਾਈਜੀਰੀਆ, ਲਾਈਬੀਰੀਆ, ਮਲਾਵੀ, ਤਨਜ਼ਾਨੀਆ, ਨਾਮੀਬੀਆ ਅਤੇ ਦੱਖਣ ਸੁਡਾਨ ਦੇ ਵਿਦਿਆਰਥੀਆਂ ਨੂੰ ਸੀ.ਟੀ. ਗਰੁੱਪ ਵਿੱਚ ਆਪਣੀ ਸ਼ੈਖਿਕ ਯਾਤਰਾ ਪੂਰੀ ਕਰਨ ਲਈ ਸਨਮਾਨਿਤ ਕੀਤਾ ਗਿਆ।ਇਹ ਸਮਾਰੋਹ ਅੰਤਰਰਾਸ਼ਟਰੀ ਏਕਤਾ ਦੀ ਭਾਵਨਾ ਨੂੰ ਦਰਸਾਉਂਦਾ ਸੀ, ਜਿੱਥੇ ਕੈਂਪਸ ਵੱਖ-ਵੱਖ ਸਭਿਆਚਾਰਾਂ, ਭਾਸ਼ਾਵਾਂ ਅਤੇ ਸੁਪਨਿਆਂ ਦੇ ਮੇਲ ਨਾਲ ਜੀਵਿਤ ਹੋ ਉੱਠਿਆ। ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਦੇ ਸਵਾਗਤ ਭਾਸ਼ਣ ਨਾਲ ਸਮਾਰੋਹ ਦੀ ਸ਼ੁਰੂਆਤ ਹੋਈ, ਜਿਨ੍ਹਾਂ ਨੇ ਅੰਤਰਰਾਸ਼ਟਰੀ ਵਿਦਿਆਰਥੀਆਂ ਦੇ ਯੋਗਦਾਨ ਲਈ ਦਿਲੀ ਪ੍ਰਸ਼ੰਸਾ ਪ੍ਰਗਟ ਕੀਤੀ। ਆਪਣੇ ਭਾਸ਼ਣ ਵਿੱਚ ਡਾ. ਸਿੰਘ ਨੇ ਕਿਹਾ, ਸੀ.ਟੀ. ਗਰੁੱਪ ਨੂੰ ਇੱਕ ਵਿਸ਼ਵਵਿਆਪੀ ਸਿੱਖਿਆ ਕੇਂਦਰ ਹੋਣ ਤੇ ਮਾਣ ਹੈ, ਅਤੇ ਇਹ ਗ੍ਰੈਜੂਏਟਿੰਗ ਬੈਚ ਸਭਿਆਚਾਰਕ ਮੁਹਾਰਤ ਅਤੇ ਦ੍ਰਿੜ੍ਹ ਸੰਕਲਪ ਦਾ ਪ੍ਰਤੀਕ ਹੈ। ਕੈਂਪਸ ਡਾਇਰੈਕਟਰ ਡਾ. ਸੰਗਰਾਮ ਸਿੰਘ ਨੇ ਗ੍ਰੈਜੂਏਟਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਹਨਾਂ ਨੂੰ ਭਵਿੱਖ ਵਿੱਚ ਵੀ ਮਹਾਰਤ ਲਈ ਕੋਸ਼ਿਸ਼ ਜਾਰੀ ਰੱਖਣ ਲਈ ਉਤਸ਼ਾਹਿਤ ਕੀਤਾ।ਅੰਤਰਰਾਸ਼ਟਰੀ ਮਾਮਲਿਆਂ ਦੇ ਡਾਇਰੈਕਟਰ ਨਰੇਸ਼ ਸ਼ਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਕਰਦੇ ਹੋਏ ਅੰਤਰਰਾਸ਼ਟਰੀ ਵਿਦਿਆਰਥੀਆਂ ਦੇ ਅਨੁਭਵਾਂ ਨੂੰ ਉਜਾਗਰ ਕੀਤਾ ਅਤੇ ਉਹਨਾਂ ਦੀ ਮਿਹਨਤ ਸਮਰਪਣ ਅਤੇ ਸੀ.ਟੀ. ਗਰੁੱਪ ਦੀ ਸਮਾਵੇਸ਼ੀ ਸਭਿਆਚਾਰ ਵਿੱਚ ਯੋਗਦਾਨ ਦੀ ਸ਼ਲਾਘਾ ਕੀਤੀ।ਡੀ ਐੱਸ ਡਬਲਿਊ ਡਾਇਰੈਕਟਰ ਇੰਜੀ. ਦਵਿੰਦਰ ਸਿੰਘ ਨੇ ਸੰਯੁਕਤ ਰੂਪ ਵਿੱਚ ਧੰਨਵਾਦ ਪ੍ਰਸਤਾਵ ਰੱਖਿਆ ਅਤੇ ਵਿਦਿਆਰਥੀਆਂ, ਅਧਿਆਪਕਾਂ ਅਤੇ ਪ੍ਰਬੰਧਕੀ ਟੀਮ ਦੇ ਯਤਨਾਂ ਲਈ ਧੰਨਵਾਦ ਵਿਅਕਤ ਕੀਤਾ। ਡੀਨ ਸਟੂਡੈਂਟ ਵੈਲਫੇਅਰ ਡਾ. ਅਰਜਨ ਸਿੰਘ ਨੇ ਵੀ ਅੰਤਰਰਾਸ਼ਟਰੀ ਮਾਮਲਿਆਂ ਵਿਭਾਗ ਦੇ ਯੋਗਦਾਨ ਦੀ ਸ਼ਲਾਘਾ ਕੀਤੀ ਅਤੇ ਨਰੇਸ਼ ਸ਼ਰਮਾ ਨੂੰ ਵਿਦਿਆਰਥੀਆਂ ਲਈ ਸਹਾਇਕ ਮਾਹੌਲ ਬਣਾਉਣ ਲਈ ਧੰਨਵਾਦ ਦਿੱਤਾ। ਚੇਅਰਮੈਨ ਸਿਧਾਂਤ ਚਰਨਜੀਤ ਸਿੰਘ ਚੰਨੀ ਨੇ ਗ੍ਰੈਜੂਏਟਾਂ ਨੂੰ ਵਧਾਈ ਦਿੰਦੇ ਹੋਏ ਕਿਹਾ, 'ਅੰਤਰਰਾਸ਼ਟਰੀ ਵਿਦਿਆਰਥੀਆਂ ਦੀ ਮੌਜੂਦਗੀ ਸਿੱਖਿਆ ਨੂੰ ਵਿਸ਼ਵ ਸਦਭਾਵਨਾ ਦੇ ਸਾਧਨ ਵਜੋਂ ਮਜ਼ਬੂਤ ਕਰਦੀ ਹੈ। ਸੀ.ਟੀ. ਗਰੁੱਪ ਤੁਹਾਡਾ ਸਦਾ ਸਵਾਗਤ ਕਰੇਗਾ।'

# ਜੀ ਆਰ ਡੀ ਨਰਸਿੰਗ ਕਾਲਜ ਟਾਂਡਾ ਵਿਖੇ ਸਰਬੱਤ ਦੇ ਭਲੇ ਲਈ ਸਮਾਗਮ ਕਰਵਾਇਆ



**ਟਾਂਡਾ ਉੜਮੁੜ (ਜਸਵਿੰਦਰ ਸੰਧੂ)**

ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸਿਮਰਨ ਸੁਸਾਇਟੀ ਟਾਂਡਾ ਵੱਲੋਂ ਚਲਾਏ ਜਾ ਰਹੇ ਜੀ.ਆਰ.ਡੀ ਇੰਸਟੀਚਿਊਟ ਆਫ ਨਰਸਿੰਗ ਕਾਲਜ ਟਾਂਡਾ ਵਿਖੇ ਸਰਬੱਤ ਦੇ ਭਲੇ ਲਈ ਧਾਰਮਿਕ ਸਮਾਗਮ ਕਰਵਾਇਆ ਗਿਆ। ਸੰਸਥਾ ਦੇ ਚੇਅਰਪਰਸਨ ਪ੍ਰਦੀਪ ਕੌਰ ਅਤੇ ਐੱਮ.ਡੀ ਬਿਕਰਮ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਮੈਨੇਜਰ ਸਰਬਜੀਤ ਸਿੰਘ ਮੋਮੀ ਪ੍ਰਿੰਸੀਪਲ ਅਮਨਦੀਪ ਕੌਰ ਢਿੱਲੋ ਤੇ ਪ੍ਰਿੰਸੀਪਲ ਰੇਨੂ ਬਾਲਾ ਦੀ ਦੇਖ-ਰੇਖ ਹੇਠ ਕਰਵਾਏ ਗਏ ਇਸ ਸਮਾਗਮ ਦੌਰਾਨ ਸਭ ਤੋਂ ਪਹਿਲਾਂ ਸ੍ਰੀ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਅਤੇ ਜੀ ਆਰ ਡੀ ਸਕੂਲ ਟਾਂਡਾ ਦੇ ਵਿਦਿਆਰਥੀ ਵੱਲੋਂ ਸੰਗਤੀ ਰੂਪ ਵਿਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ ਤੇ ਸੰਤ ਬਾਬਾ ਜਰਨੈਲ ਸਿੰਘ ਜੀ ਮੋਹਣ ਮਾਜਰਾ ਚੰਡੀਗੜ੍ਹ ਵਾਲਿਆਂ ਨੇ ਸਮੁੱਚੇ ਵਿਦਿਅਕ ਅਦਾਰੇ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਗੁਰੂ ਚਰਨਾਂ ਵਿੱਚ ਕੀਤੀ। ਇਸ ਮੌਕੇ ਸੰਤ ਬਾਬਾ ਜਰਨੈਲ ਸਿੰਘ ਜੀ ਨੇ ਸਮੂਹ ਸੰਗਤ ਨੂੰ ਪ੍ਰਵਚਨਾਂ ਦੁਆਰਾ ਨਿਹਾਲ ਕਰਦੇ ਹੋਏ ਕਿ ਸਾਨੂੰ ਆਪਣੀ ਜ਼ਿੰਦਗੀ ਦੇ ਹੋਰਨਾਂ ਕਾਰਜਾਂ ਦੇ ਨਾਲ ਨਾਲ ਸੇਵਾ ਤੇ ਸਿਮਰਨ ਵੱਲ ਵੀ ਵਿਸ਼ੇਸ਼ ਧਿਆਨ ਦਿੰਦੇ ਹੋਏ ਆਪਣਾ ਸਮਾਂ ਕੱਢਣਾ ਚਾਹੀਦਾ ਹੈ। ਇਸ ਮੌਕੇ ਭਾਈ ਸੁਖਜਿੰਦਰ ਸਿੰਘ ਨੰਗਲ ਖੁੰਗਾ ਵਾਲਿਆਂ ਦੇ ਰਾਗੀ ਜੱਥੇ ਨੇ ਸਰਬੱਤ ਸੰਗਤ ਨੂੰ ਮਨੋਹਰ ਸ਼ਬਦ ਕੀਰਤਨ ਦੁਆਰਾ ਨਿਹਾਲ ਕੀਤਾ।ਇਸ ਮੌਕੇ ਮੈਨੇਜਰ ਸਰਬਜੀਤ ਸਿੰਘ ਮੋਮੀ ਨੇ ਸਰਬੱਤ ਸੰਗਤ ਤੇ ਪਹੁੰਚੀਆਂ ਸ਼ਖਸ਼ੀਅਤਾਂ ਦਾ ਧੰਨਵਾਦ ਕਰਦੇ ਹੋਏ ਚੱਲ ਰਹੇ ਵਿਦਿਅਕ ਅਦਾਰਿਆਂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਡਾ. ਤਵਲੀਨ ਕੌਰ, ਅਮਨਦੀਪ ਸਿੰਘ ਸਾਹੀ ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ, ਦਲਜਿੰਦਰ ਕੌਰ, ਲਵਲੀ ਸੈਣੀ, ਗੁਰਲੀਨ ਕੌਰ, ਹਰਲੀਨ ਕੌਰ, ਮਨਦੀਪ ਕੌਰ,ਅਮਨਦੀਪ ਕੌਰ ਤੋਂ ਇਲਾਵਾ ਹੋਰ ਸਟਾਫ ਮੈਂਬਰ ਵੀ ਹਾਜ਼ਰ ਸਨ।

# ਮੋਹਿੰਦਰ ਭਗਤ ਵੱਲੋਂ ਸਿਵਲ ਹਸਪਤਾਲ ਦੇ ਟਰਾਮਾ ਵਾਰਡ ਦਾ ਦੌਰਾ

**ਜਲੰਧਰ, (ਸ਼ੈਲੀ ਐਲਬਰਟ)**

ਪੰਜਾਬ ਦੇ ਬਾਗਬਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਵਲੋਂ ਸ਼ਹੀਦ ਬਾਬੂ ਲਾਭ ਸਿੰਘ ਸਿਵਲ ਹਸਪਤਾਲ ਦੇ ਟਰਾਮਾ ਵਾਰਡ ਦਾ ਦੌਰਾ ਕਰਕੇ ਇਥੇ ਦਾਖ਼ਲ ਮਰੀਜ਼ਾਂ ਦਾ ਹਾਲ-ਚਾਲ ਪੁੱਛਿਆ ਅਤੇ ਐਤਵਾਰ ਦੀ ਸ਼ਾਮ ਨੂੰ ਆਈ.ਸੀ.ਯੂ. ਦੇ ਤਿੰਨ ਮਰੀਜ਼ਾਂ ਦੀਆਂ ਹੋਈਆਂ ਮੰਦਭਾਗੀ ਮੌਤਾਂ ਬਾਰੇ ਸਥਿਤੀ ਦਾ ਜਾਇਜ਼ਾ ਲਿਆ। ਕੈਬਨਿਟ ਮੰਤਰੀ ਵਲੋਂ ਹਸਪਤਾਲ ਦੇ ਸਿਹਤ ਅਧਿਕਾਰੀਆਂ ਨਾਲ ਇਸ ਦੁਰਘਟਨਾ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਉਨ੍ਹਾਂ ਭਵਿੱਖ ਵਿੱਚ ਅਜਿਹੀਆਂ ਦੁਖਦਾਈ ਘਟਨਾਵਾਂ ਨੂੰ ਰੋਕਣ ਲਈ ਤੁਰੰਤ ਸੰਜੀਦਾ ਕਦਮ ਉਠਾਉਣ ਦੀਆਂ ਹਦਾਇਤ



ਕੀਤੀਆਂ।ਭਗਤ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਹਸਪਤਾਲ ਵਿੱਚ ਹੋਈਆਂ ਮੌਤਾਂ ਪ੍ਰਤੀ ਬਹੁਤ ਫਿਕਰਮੰਦ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਿਹਤ ਮੰਤਰੀ ਡਾ.ਬਲਬੀਰ ਸਿੰਘ ਵਲੋਂ ਨਿੱਜੀ ਤੌਰ 'ਤੇ ਹਸਪਤਾਲ ਦਾ ਦੌਰਾ ਕਰਕੇ ਐਤਵਾਰ ਦੀ ਦੇਰ ਰਾਤ ਨੂੰ ਇਸ ਘਟਨਾਂ ਦੇ ਕਾਰਨਾਂ ਦਾ ਬਾਰੀਕੀ ਨਾਲ ਪਤਾ ਲਗਾਉਣ ਲਈ ਜਾਂਚ ਦੇ ਆਦੇਸ਼ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਦੇ ਉੱਚ ਅਧਿਕਾਰੀਆਂ ਵਲੋਂ ਸਿਵਲ ਹਸਪਤਾਲ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਨਿਰਧਾਰਿਤ ਸਮੇਂ ਅੰਦਰ ਪੰਜਾਬ ਸਰਕਾਰ ਨੂੰ ਰਿਪੋਰਟ ਸੌਂਪ ਦਿੱਤੀ ਜਾਵੇਗੀ। ਇਸ ਨੂੰ ਸਰਕਾਰੀ ਹਸਪਤਾਲ ਦੀ ਪਹਿਲੀ ਘਟਨਾ ਦਸਦਿਆਂ ਕੈਬਨਿਟ ਮੰਤਰੀ ਨੇ ਜ਼ੋਰ ਦਿੱਤਾ ਕਿ ਸੁਰੱਖਿਆ ਮਾਪਦੰਡਾਂ ਨੂੰ ਹੋਰ ਮਜ਼ਬੂਤ ਕੀਤਾ ਜਾਵੇ ਤਾਂ ਜੋ ਭਵਿੱਖ ਵਿੱਚ ਅਜਿਹੀ ਕੋਈ ਘਟਨਾ ਨਾ ਵਾਪਰ ਸਕੇ। ਘਟਨਾ 'ਤੇ ਡੂੰਘਾ ਦੁੱਖ ਪ੍ਰਗਟਾਉਂਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਦੁੱਖ ਦੀ ਘੜੀ ਵਿੱਚ ਦੁੱਖੀ ਪਰਵਾਰਾਂ ਨਾਲ ਖੜ੍ਹੀ ਹੈ ਅਤੇ ਭਰੋਸਾ ਦੁਆਇਆ ਕਿ ਜਾਂਚ ਤੋਂ ਬਾਅਦ ਜਵਾਬਦੇਹੀ ਤੈਅ ਕਰਨ ਤੋਂ ਇਲਾਵਾ ਹੋਰ ਸੁਧਾਰ ਲਈ ਉਠਾਏ ਜਾਣ ਵਾਲੇ ਉਪਾਵਾਂ ਨੂੰ ਅਮਲ ਵਿੱਚ ਲਿਆਂਦਾ ਜਾਵੇਗਾ।

# ਐੱਨ ਪੀ ਐੱਸ ਮੁਲਾਜ਼ਮਾਂ ਨੇ ਪੰਜਾਬ ਤੇ ਕੇਂਦਰ ਸਰਕਾਰ ਵਿਰੁੱਧ ਵਜਾਇਆ ਸੰਘਰਸ਼ ਦਾ ਬਿਗਲ



**ਮੇਹਟੀਆਣਾ, (ਜਗਤਾਰ ਸਿੰਘ ਭੁੰਗਰਨੀ)**

ਪੁਰਾਣੀ ਪੈਨਸ਼ਨ ਬਹਾਲੀ ਸੰਘਰਸ ਕਮੇਟੀ ਬਲਾਕ ਕੋਟ ਫਤੂਹੀ ਅਤੇ ਮਾਹਿਲਪੁਰ ਦੇ ਐਨ.ਪੀ.ਐੱਸ ਮੁਲਾਜ਼ਮਾਂ ਦੀ ਇੱਕ ਵਿਸ਼ੇਸ਼ ਮੀਟਿੰਗ ਨਰਿੰਦਰ ਅਜਨੋਹਾ ਅਤੇ ਪਰਮਜੀਤ ਕਾਤਿਬ ਦੀ ਅਗਵਾਈ ਵਿੱਚ ਮਾਹਿਲਪੁਰ ਵਿਖੇ ਹੋਈ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਬਹਾਲੀ ਵਿੱਚ ਕੀਤੀ ਜਾ ਬੇਲੋੜੀ ਦੇਰੀ ਦੇ ਰੋਸ ਕਾਰਨ ਜੱਥੇਬੰਦੀਆਂ ਨੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਖਿਲਾਫ ਸੰਘਰਸ ਦਾ ਸਾਂਝਾ ਮੋਰਚਾ ਖੋਲ੍ਹ ਦਿੱਤਾ ਹੈ। ਉਨ੍ਹਾਂ ਕਿਹਾ ਕਿ 1 ਅਗਸਤ ਨੂੰ ਦੇਸ਼ ਦੇ ਹਰ ਜ਼ਿਲ੍ਹਾ ਹੈੱਡ ਕੁਆਰਟਰ ਤੇ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਐੱਨ.ਪੀ.ਐੱਸ ਅਤੇ ਯੂ.ਪੀ.ਐੱਸ ਦੀ ਵਿਰੋਧਤਾ ਅਤੇ ਨਿਜੀਕਰਨ ਦੇ ਵਿਰੁੱਧ ਇੱਕ ਦਿਨਾਂ ਰੋਸ ਮਾਰਚ ਕੱਢਿਆ ਜਾਵੇਗਾ। 5 ਸਤੰਬਰ ਨੂੰ ਅਧਿਆਪਕ ਦਿਵਸ ਮੌਕੇ ਦੇਸ਼ ਦੇ ਹਰ ਜ਼ਿਲਾ ਹੈੱਡ ਕੁਆਰਟਰ ਤੇ ਇੱਕ ਦਿਨਾ ਭੁੱਖ ਹੜਤਾਲ ਕੀਤੀ ਜਾਵੇਗੀ, ਇੱਕ ਅਕਤੂਬਰ ਨੂੰ ਸੋਸ਼ਲ ਮੀਡੀਆ ਤੇ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਲਈ ਮੁਹਿੰਮ ਚਲਾਈ ਜਾਵੇਗੀ ਅਤੇ 25 ਨਵੰਬਰ ਨੂੰ ਦਿੱਲੀ ਵਿਖੇ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਐੱਨ.ਪੀ.ਐੱਸ ਅਤੇ ਯੂ.ਪੀ.ਐੱਸ ਅਤੇ ਨਿੱਜੀਕਰਨ ਦੇ ਵਿਰੁੱਧ ਕੌਮੀ ਪਧਰੀ ਰੈਲੀ ਕੀਤੀ ਜਾਵੇਗੀ ਜਿਸ ਵਿੱਚ ਦੇਸ਼ ਭਰ ਦੇ ਐੱਨ.ਪੀ.ਐੱਸ ਮੁਲਾਜ਼ਮ ਹਿੱਸਾ ਲੈਣਗੇ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੋਟੀਫਿਕੇਸ਼ਨ ਜਾਰੀ ਕਰਕੇ ਪੁਰਾਣੀ ਪੈਨਸ਼ਨ ਬਹਾਲੀ ਤੋਂ ਭੱਜ ਰਹੀ ਹੈ ਉਥੇ ਹੀ ਕੇਂਦਰ ਸਰਕਾਰ ਤੇ ਛੱਤੀਸਗੜ੍ਹ ਦੀ ਬੀ.ਜੇ.ਪੀ ਸਰਕਾਰ ਨੇ ਰਾਜ ਵਿੱਚ ਦੁਬਾਰਾ ਯੂ.ਪੀ.ਐੱਸ ਲਾਗੂ ਕਰਕੇ ਐਨ.ਪੀ.ਐਸ ਕਰਮਚਾਰੀਆਂ ਦੇ ਜਖਮਾਂ ਤੇ ਲੂਣ ਛਿੜਕਿਆ ਹੈ ਜਿਸ ਨੂੰ ਕਿਸੇ ਹਾਲਤ ਵਿੱਚ ਮੰਨਜੂਰ ਨਹੀਂ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਉਪਰੋਕਤ ਐਕਸ਼ਨਾਂ ਵਿੱਚ ਬਲਾਕਾਂ ਤੋਂ ਐੱਨ.ਪੀ.ਐੱਸ ਮੁਲਾਜ਼ਮਾਂ ਵਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਇਸ ਮੌਕੇ ਵਰਿੰਦਰ ਵਿੱਕੀ, ਸੰਜੀਵ ਧੂਤ, ਦਵਿੰਦਰ ਸਿੰਘ, ਤਿਲਕ ਰਾਜ, ਸੁਰਜੀਤ ਸਿੰਘ, ਜਸਵਿੰਦਰ ਸਿੰਘ, ਕੁਲਦੀਪ ਵਾਲੀਆ, ਬਲਜੀਤ ਸਿੰਘ, ਭੁਪਿੰਦਰ ਸਿੰਘ, ਸਗਲੀ ਰਾਮ, ਅਜੇ ਕੁਮਾਰ, ਜਤਿੰਦਰ ਕੁਮਾਰ, ਅਸ਼ਵਨੀ ਕੁਮਾਰ, ਉਂਕਾਰ ਸਿੰਘ, ਅਸ਼ੋਕ ਕੁਮਾਰ, ਮਹਿੰਦਰ ਪਾਲ, ਅੰਮ੍ਰਿਤਪਾਲ ਸਿੰਘ, ਬਲਵਿੰਦਰ ਸਿੰਘ,ਮਲਕੀਤ ਸਿੰਘ, ਮਨਜਿੰਦਰ ਸਿੰਘ, ਹਰਮਿੰਦਰ ਸਿੰਘ, ਸਤਪਾਲ ਸਿੰਘ, ਮਨਜੀਤ ਸਿੰਘ ਆਦਿ ਵੱਡੀ ਗਿਣਤੀ ਵਿੱਚ ਐਨ.ਪੀ.ਐੱਸ ਮੁਲਾਜ਼ਮ ਹਾਜ਼ਰ ਸਨ।

# ਹੈਪੇਟਾਈਟਸ ਦੀ ਸਮੇਂ ਸਿਰ ਜਾਂਚ ਤੇ ਇਲਾਜ ਜ਼ਰੂਰੀ : ਡਾ. ਸੰਗੀਤਾ ਜੈਨ

**ਮੋਹਾਲੀ, (ਗੁਰਜੀਤ ਬਿੱਲਾ)**

ਜ਼ਿਲ੍ਹੇ ਦੀਆਂ ਵੱਖ-ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿਚ ਵਿਸ਼ਵ ਹੈਪੇਟਾਈਟਸ ਦਿਵਸ ਮਨਾਇਆ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਐਪੀਡੀਮੋਲੋਜਿਸਟ ਡਾ. ਹਰਮਨਦੀਪ ਕੌਰ ਨੇ ਦਸਿਆ ਕਿ ਹੈਪੇਟਾਈਟਸ ਜਿਗਰ ਦੀ ਸੋਜਿਸ਼ ਦੀ ਬੀਮਾਰੀ ਹੈ ਜੋ ਵਾਇਰਸ ਰਾਹੀਂ ਫੈਲਦੀ ਹੈ। ਜੇ ਇਸ ਬੀਮਾਰੀ ਦਾ ਸਮੇਂ ਸਿਰ ਪਤਾ ਲੱਗ ਜਾਵੇ ਤਾਂ ਇਸ ਦੇ ਗੰਭੀਰ ਰੂਪ ਧਾਰਨ ਕਰਨ ਤੋਂ ਪਹਿਲਾਂ ਇਸ ਦਾ ਇਲਾਜ ਸੰਭਵ ਹੈ। ਇਸ ਸਾਲ ਦਾ ਵਿਸ਼ਾ-ਵਸਤੂ ਹੈ, ਆਓ, ਇਸ ਦੇ ਅੜਿੱਕਿਆਂ ਨੂੰ ਦੂਰ ਕਰੀਏ।ਸਿਹਤ ਅਧਿਕਾਰੀਆਂ ਨੇ ਦਸਿਆ ਕਿ ਹੈਪੇਟਾਈਟਸ ਪੰਜ ਤਰ੍ਹਾਂ ਦਾ ਹੁੰਦਾ ਹੈ ਜਿਸ ਵਿੱਚ ਹੈਪੇਟਾਈਟਸ ਏ,ਬੀ ,ਸੀ,ਡੀ ਤੇ ਈ ਹਨ। ਹੈਪੇਟਾਈਟਸ ਦੀ ਏ ਅਤੇ ਈ ਕਿਸਮ ਦੂਸ਼ਿਤ ਪਾਣੀ ਪੀਣ, ਗਲੇ ਸੜੇ ਫਲ ਖਾਣ ਨਾਲ ਤੇ ਮੱਖੀਆਂ ਦੁਆਰਾ ਗੰਦੇ ਕੀਤੇ ਭੋਜਨ ਖਾਣ ਅਤੇ ਬਿਨਾਂ ਹੱਥ ਧੋਤੇ ਭੋਜਨ ਖਾਣ ਨਾਲ ਹੁੰਦਾ ਹੈ। ਹੈਪਾਟਾਈਟਸ ਸੀ ਅਤੇ ਬੀ ਇਕ ਵਿਅਕਤੀ ਤੋਂ ਦੂਜੇ ਵਿਅਕਤੀ ਨੂੰ ਦੂਸ਼ਿਤ ਖ਼ੂਨ ਚੜ੍ਹਾਉਣ ਨਾਲ ਫੈਲਦੀ ਹੈ। ਇਸ ਲਈ ਹੈਪਾਟਾਈਟਸ ਸੀ ਅਤੇ ਬੀ ਦਾ ਟੈਸਟ ਕਰਵਾਉਣਾ ਜ਼ਰੂਰੀ ਹੈ ਅਤੇ ਕਿਸੇ ਵੀ ਵਿਅਕਤੀ ਨੂੰ ਸਰਜਰੀ ਕਰਵਾਉਣ ਤੋਂ ਪਹਿਲਾਂ, ਖ਼ੂਨ ਦਾਨ ਕਰਨ ਮੌਕੇ, ਗਰਭਵਤੀ ਔਰਤ ਨੂੰ, ਟੈਟੂ ਖੁਦਵਾਉਣ ਤੋਂ ਪਹਿਲਾਂ ਅਤੇ ਸਿਹਤ ਕਾਮੇ ਨੂੰ ਆਪਣਾ ਟੈਸਟ ਕਰਵਾਉਣਾ ਚਾਹੀਦਾ ਹੈ ਤਾਂ ਜੋ ਇਸ ਬੀਮਾਰੀ ਦਾ ਛੇਤੀ ਪਤਾ ਲੱਗ ਸਕੇ। ਉਨ੍ਹਾਂ ਕਿਹਾ ਕਿ ਚਿੰਤਾ ਦੀ ਗੱਲ ਹੈ ਕਿ ਇਸ ਰੋਗ ਨਾਲ ਮਰਨ ਵਾਲਿਆਂ ਦੀ ਗਿਣਤੀ ਐਚ.ਆਈ.ਵੀ., ਟੀ.ਬੀ., ਮਲੇਰੀਆ ਜਿਹੀਆਂ ਬੀਮਾਰੀਆਂ ਨਾਲ ਮਰਨ ਵਾਲਿਆਂ ਦੀ ਗਿਣਤੀ ਤੋਂ ਵੀ ਜ਼ਿਆਦਾ ਹੈ।ਹੈਪੇਟਾਈਟਸ ਸੀ ਅਤੇ ਬੀ ਦਾ ਇਲਾਜ, ਬੇਸਲਾਈਨ ਟੈਸਟ ਅਤੇ ਵਾਇਰਲ ਲੋਡ ਟੈਸਟ ਰਾਜ ਦੇ ਜ਼ਿਲ੍ਹਾ ਹਸਪਤਾਲਾਂ ਵਿਚ ਕੀਤਾ ਜਾਂਦਾ ਹੈ। ਇਨ੍ਹਾਂ ਸੰਸਥਾਵਾਂ ਵਿੱਚ ਮਰੀਜ਼ ਆਪਣਾ ਮੁਫ਼ਤ ਇਲਾਜ ਕਰਵਾ ਸਕਦਾ ਹੈ।

# ਲਾਇਨਜ਼ ਕਲੱਬ ਸਿਮਰਨ ਨੇ ਮਨਾਇਆ ਤੀਆਂ ਦਾ ਤਿਉਹਾਰ



**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਲਾਇਨਜ਼ ਕਲੱਬ ਬੰਗਾ ਸਿਮਰਨ ਨੇ ਕਲੱਬ ਪ੍ਰਧਾਨ ਮੀਨੂੰ ਭੁੱਟਾ ਦੀ ਅਗਵਾਈ ਹੇਠ ਤੀਆਂ ਦਾ ਤਿਉਹਾਰ ਬੰਗਾ ਦੇ ਜੇ ਜੇ ਹੰਗਰ ਪਲਾਜ਼ਾ ਵਿੱਚ ਬੜੇ ਉਤਸ਼ਾਹ ਤੇ ਖੁਸ਼ੀ ਨਾਲ ਮਨਾਇਆ। ਤੀਆ ਦੇ ਮੇਲੇ ਦਾ ਉਦਘਾਟਨ ਰਜਨੀ ਬੰਗਾ ਵਲੋਂ ਰੀਬਨ ਕੱਟ ਕੇ ਕੀਤਾ। ਤੀਆਂ ਦੇ ਮੇਲੇ ਦੌਰਾਨ ਗਿੱਧੇ ਭੰਗੜੇ ਡਾਂਸ ਅਤੇ ਗੀਤ ਸੰਗੀਤ ਦੇ ਮੁਕਾਬਲੇ ਕਰਵਾਏ ਗਏ, ਰੰਗ ਬਿਰੰਗੀਆਂ ਰਿਵਾਇਤੀ ਪੁਸ਼ਾਕਾਂ ਵਿੱਚ ਸਜੀਆਂ ਮੁਟਿਆਰਾਂ ਨੇ ਤੀਜ ਦੇ ਗੀਤ ਗਾਏ ਅਤੇ ਬੋਲੀਆਂ ਪਾਈਆਂ। ਇਸ ਮੌਕੇ ਪੇਸ਼ ਕੀਤੇ ਸੱਭਿਆਚਾਰਕ ਪ੍ਰੋਗਰਾਮ ਤੋਂ ਪੰਜਾਬ ਦੇ ਵਿਰਸੇ ਦੀ ਝਲਕ ਦਿਖਾਈ ਦਿੱਤੀ। ਮੇਲੇ ਦਾ ਸਲੋਗਨ ਕਲੱਬ ਦੇ ਐਡਮਨਿਸਟ੍ਰੇਟਰ ਲਾਇਨ ਧੀਰਜ ਕੁਮਾਰ ਮੱਕੜ ਵਲੋਂ 'ਮੇਲਾ ਲਗਿਆ ਤੀਆਂ ਦਾ, ਜਿਉਂਦੀਆਂ ਰਹਿਣ ਉਹ ਮਾਵਾਂ ਜਿਨ੍ਹ ਮਾਨ ਵਧਾਇਆ ਧੀਆਂ ਦਾ' ਰਖਿਆ ਗਿਆ। ਇਸ ਮੇਲੇ ਵਿੱਚ ਹਰ ਤਰਾਂ ਦਾ ਪ੍ਰਬੰਧ ਲਾਇਨ ਰੋਹਿਤ ਚੋਪੜਾ ਅਤੇ ਕਮਲਜੀਤ ਰਾਏ ਵਲੋਂ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਰਜਨੀ ਬੰਗਾ ਨੇ ਕਿਹਾ ਕਿ ਪੰਜਾਬੀ ਸੱਭਿਆਚਾਰ ਸਾਡੇ ਜੀਵਨ ਦਾ ਅਨਿਖੜਵਾ ਅੰਗ ਹੈ ਅਤੇ ਤੀਆਂ ਦਾ ਤਿਉਹਾਰ ਆਪਸੀ ਪ੍ਰੇਮ ਸਾਂਝ ਖੁਸ਼ੀਆਂ ਚਾਵਾਂ ਤੇ ਉਮੰਗਾਂ ਦਾ ਪ੍ਰਤੀਕ ਹੈ 9 ਲਾਇਨਜ਼ ਕਲੱਬ ਬੰਗਾ ਸਿਮਰਨ ਦੇ ਪ੍ਰਧਾਨ ਮੀਨੂ ਭੁੱਟਾ ਦੀ ਅਗਵਾਈ ਹੇਠ ਲਾਇਨ ਮੈਂਬਰਾਂ ਵੱਲੋਂ ਮੁੱਖ ਮਹਿਮਾਨ ਰਜਨੀ ਬੰਗਾ ਦਾ ਵਿਸ਼ੇਸ਼ ਸਨਮਾਨ ਵੀ ਕੀਤਾ। ਇਸ ਮੌਕੇ ਪ੍ਰਧਾਨ ਮੀਨੂੰ ਭੁੱਟਾ, ਰਜਨੀ ਬੰਗਾ,ਰੋਹਿਤ ਚੋਪੜਾ, ਪ੍ਰੀਆ ਚੋਪੜਾ, ਵਨੀਤਾ ਕੁਮਾਰੀ, ਮਨਿੰਦਰ ਕੌਰ, ਪ੍ਰਿੰਕਾ ਕਲਸੀ, ਸੀਮਾ, ਰਿਮੀ, ਚੰਚਲ ਰਾਣੀ, ਨੀਲਮ ਚੋਪੜਾ, ਸੰਤੋਸ਼ ਕੰਡਾ, ਨੀਤੂ, ਪੂਜਾ ਭੁੱਟਾ, ਹਰਮਨਪ੍ਰੀਤ ਕੌਰ, ਸਰੂਤੀ ਕੰਡਾ ਆਦਿ ਹਾਜ਼ਰ ਸਨ।

# ਸੈਕਟਰ 66 ਦੇ ਆਲੇ-ਦੁਆਲੇ ਸੜਕ ਦੇ ਕਿਨਾਰੇ ਬੂਟੇ ਲਗਾਏ

**ਮੋਹਾਲੀ (ਗੁਰਜੀਤ ਬਿੱਲਾ)**—ਗੁਰੂਦੇਵ ਸ਼੍ਰੀ ਸਵਾਮੀ ਵਿਸ਼ਵਾਸ ਦੇ ਆਸ਼ੀਰਵਾਦ ਨਾਲ, ਵਿਸ਼ਵਾਸ ਫਾਊਂਡੇਸ਼ਨ ਨੇ ਵਿਸ਼ਵਾਸ ਮੈਡੀਟੇਸ਼ਨ ਸੈਂਟਰ ਸੈਕਟਰ 66 ਮੋਹਾਲੀ ਦੇ ਆਲੇ-ਦੁਆਲੇ ਸੜਕ ਦੇ ਕਿਨਾਰੇ 50 ਬੂਟੇ ਲਗਾਏ। ਇਨ੍ਹਾਂ ਵਿੱਚ 11 ਕਿਸਮਾਂ ਦੇ ਔਸ਼ਧੀ ਬੂਟੇ ਸ਼ਾਮਲ ਸਨ ਜਿਨ੍ਹਾਂ ਵਿੱਚ ਬੇਲ, ਅੰਬ, ਆਂਵਲਾ, ਇਮਲੀ, ਜਾਮੁਨ, ਕੜ੍ਹੀ ਪੱਤਾ, ਚਮੇਲੀ, ਗੁਲਮੋਹਰ, ਬੇਰ, ਇਮਲੀ ਅਤੇ ਜੰਗਲੀ ਨਿੰਮ ਸ਼ਾਮਲ ਸਨ ਤਾਂ ਜੋ ਵੱਧ ਤੋਂ ਵੱਧ ਲੋਕ ਲਾਭ ਉਠਾ ਸਕਣ।ਵਿਸ਼ਵਾਸ ਫਾਊਂਡੇਸ਼ਨ ਦੀ ਪ੍ਰਧਾਨ ਸਾਧਵੀ ਨੀਲਿਮਾ ਵਿਸ਼ਵਾਸ ਨੇ ਕਿਹਾ ਕਿ ਬੂਟੇ ਲਗਾਉਣ ਦਾ ਪ੍ਰੋਗਰਾਮ ਰਿਸ਼ੀ ਸ਼ਿਸ਼ੂਪਾਲ ਪਠਾਨੀਆ ਦੀ ਅਗਵਾਈ ਹੇਠ ਸੰਸਥਾ ਦੇ ਸਾਰੇ ਪੈਰੋਕਾਰਾਂ ਦੁਆਰਾ ਸਾਂਝੇ ਤੌਰ 'ਤੇ ਲਗਾਇਆ ਗਿਆ ਸੀ। ਉਨ੍ਹਾਂ ਦੱਸਿਆ ਕਿ ਫਾਊਂਡੇਸ਼ਨ ਵੱਲੋਂ ਹਰ ਸਾਲ 5000 ਪੌਦੇ ਲਗਾਏ ਜਾਂਦੇ ਹਨ। ਇਸਦਾ ਉਦੇਸ਼ ਸਮਾਜ ਵਿੱਚ ਹਰਿਆਲੀ ਪ੍ਰਤੀ ਜਾਗਰੂਕਤਾ ਵਧਾਉਣਾ ਅਤੇ ਵਾਤਾਵਰਣ ਸੰਤੁਲਨ ਵਿੱਚ ਯੋਗਦਾਨ ਪਾਉਣਾ ਹੈ।



# ਮੀਟਿੰਗ ਕਰਨ ਲਈ ਥਾਂ ਦੇਣ ਲਈ ਤਹਿਸੀਲਦਾਰ ਨੂੰ ਦਿੱਤਾ ਯਾਦ ਪੱਤਰ



**ਜਲੰਧਰ, (ਰਾਜੇਸ਼ ਥਾਪਾ)**

ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫ਼ਗਵਾੜਾ ਦਾ ਇੱਕ ਵਫ਼ਦ ਪ੍ਰਧਾਨ ਮੋਹਣ ਸਿੰਘ ਭੱਟੀ ਦੀ ਅਗਵਾਈ ਵਿੱਚ ਤਹਿਸੀਲਦਾਰ ਫ਼ਗਵਾੜਾ ਜਸਵਿੰਦਰ ਸਿੰਘ ਨੂੰ ਮਿਲਿਆ। ਐਸੋਸੀਏਸ਼ਨ ਨੂੰ ਮਾਸਿਕ ਮੀਟਿੰਗ ਕਰਨ ਲਈ ਬੈਠਣ ਯੋਗ ਥਾਂ ਦੇਣ ਬਾਰੇ ਬੇਨਤੀ ਕਰਦੇ ਹੋਏ ਯਾਦ ਪੱਤਰ ਦਿੱਤਾ ਗਿਆ। ਤਹਿਸੀਲਦਾਰ ਜਸਵਿੰਦਰ ਸਿੰਘ ਨੂੰ ਯਾਦ ਪੱਤਰ ਸੌਂਪਦੇ ਹੋਏ ਰੋਸ ਜ਼ਾਹਰ ਕੀਤਾ ਕਿ ਐਸੋਸੀਏਸ਼ਨ ਫ਼ਗਵਾੜਾ ਨੂੰ ਮਾਸਿਕ ਮੀਟਿੰਗ ਕਰਨ ਲਈ ਬੈਠਣ ਯੋਗ ਕੋਈ ਥਾਂ ਦੇਣ ਬਾਰੇ ਐੱਸ ਡੀ ਐੱਮ ਫ਼ਗਵਾੜਾ ਨੂੰ ਬੇਨਤੀ ਪੱਤਰ ਮਿਤੀ 20/02/2024 ਨੂੰ ਦਿੱਤਾ ਸੀ। ਕਾਰਵਾਈ ਦਾ ਕੋਈ ਵੀ ਜਵਾਬ ਨਾ ਮਿਲਣ ਕਾਰਨ ਫਿਰ ਮਿਤੀ 22/04/2025 ਨੂੰ ਤਹਿਸੀਲਦਾਰ ਸਾਹਿਬ ਨੂੰ ਯਾਦ ਪੱਤਰ ਦਿੱਤਾ ਗਿਆ ਪਰ ਤਹਿਸੀਲ ਦਫ਼ਤਰ ਫ਼ਗਵਾੜਾ ਵਲੋਂ ਕੋਈ ਵੀ ਯੋਗ ਕਾਰਵਾਈ ਕਰਦੇ ਹੋਏ ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਫ਼ਗਵਾੜਾ ਨੂੰ ਕੋਈ ਵੀ ਲਿਖਤੀ ਜਵਾਬ ਨਹੀਂ ਭੇਜਿਆ ਗਿਆ। ਮੌਕੇ ਮੌਜੂਦ ਤਹਿਸੀਲਦਾਰ ਜਸਵਿੰਦਰ ਸਿੰਘ ਨੇ ਵਧੀਆ ਢੰਗ ਨਾਲ ਐਸੋਸੀਏਸ਼ਨ ਦੇ ਆਗੂਆਂ ਦੀ ਗੱਲਬਾਤ ਸੁਣੀ ਅਤੇ ਵਫ਼ਦ ਨੂੰ ਭਰੋਸਾ ਦਿੱਤਾ ਕਿ ਜਲਦੀ ਹੀ ਕਾਰਵਾਈ ਕਰਦੇ ਹੋਏ ਐਸੋਸੀਏਸ਼ਨ ਨੂੰ ਮਾਸਿਕ ਮੀਟਿੰਗ ਕਰਨ ਲਈ ਯੋਗ ਥਾਂ ਦੇਣ ਬਾਰੇ ਉਪਰਾਲਾ ਕੀਤਾ ਜਾਵੇਗਾ।ਆਗੂਆਂ ਦੇ ਵਫ਼ਦ ਵਿੱਚ ਪ੍ਰਧਾਨ ਮੋਹਣ ਸਿੰਘ ਭੱਟੀ, ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ, ਵਿੱਤ ਸਕੱਤਰ ਗੁਰਨਾਮ ਸਿੰਘ ਸੈਣੀ, ਪ੍ਰੈੱਸ ਸਕੱਤਰ ਸੀਤਲ ਰਾਮ ਬੰਗਾ, ਜੁਆਇੰਟ ਸਕੱਤਰ ਸਤਪਾਲ ਸਿੰਘ ਖੱਟਕੜ, ਹਰਭਜਨ ਲਾਲ ਕੌਲ ਕੇ ਕੇ ਪਾਂਡੇ,ਹਰੀ ਓਮ ਸ਼ਰਮਾ, ਹਰਭਜਨ ਲਾਲ, ਤਾਰਾ ਸਿੰਘ, ਸਤਪਾਲ ਮਹਿਮੀ, ਕਰਨੈਲ ਸਿੰਘ, ਰਤਨ ਸਿੰਘ, ਸ਼ਿਵ ਦਾਸ ਆਦਿ ਸ਼ਾਮਲ ਸਨ।

# ਜੀ ਟੀ ਯੂ ਪੰਜਾਬ ਨੇ ਸਰਕਾਰ ਨਾਲ ਆਰ-ਪਾਰ ਦੀ ਲੜਾਈ ਲਈ ਖਿੱਚੀਆਂ ਤਿਆਰੀਆਂ

**ਜਲੰਧਰ (ਸ਼ੈਲੀ ਐਲਬਰਟ)**

ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਦੀ ਸੂਬਾ ਪੱਧਰੀ ਮੀਟਿੰਗ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ ਦੀ ਪ੍ਰਧਾਨਗੀ ਹੇਠ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋਈ। ਜਿਸ ਵਿੱਚ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਸੂਬਾ ਕਮੇਟੀ ਮੈਂਬਰ ਸ਼ਾਮਿਲ ਹੋਏ। ਇਸ ਮੀਟੰਗ ਵਿੱਚ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸਾਬਕਾ ਸੂਬਾ ਪ੍ਰਧਾਨ ਕਰਨੈਲ ਸਿੰਘ ਸੰਧੂ ਅਤੇ ਸਾਬਕਾ ਜਨਰਲ ਸਕੱਤਰ ਕੁਲਦੀਪ ਸਿੰਘ ਦੌੜਕਾ ਅਤੇ ਪੰ.ਸ.ਸ.ਫ.ਦੇ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਵਿਸ਼ੇਸ਼ ਰੂਪ ਵਿੱਚ ਹਾਜ਼ਰ ਹੋਏ। ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਜ਼ਿਲ੍ਹਾ ਪ੍ਰਧਾਨਾਂ ਸਮੇਤ ਸੂਬਾ ਕਮੇਟੀ ਮੈਂਬਰਾਂ ਨੇ ਆਪਣੇ ਆਪਣੇ ਵਿਚਾਰ ਪੇਸ਼ ਕੀਤੇ ਸੂਬਾ ਕਮੇਟੀ ਵਿੱਚ ਫੈਸਲਾ ਕੀਤਾ ਗਿਆ ਕਿ ਅਧਿਆਪਕ ਅਤੇ ਮੁਲਾਜਮ ਮੰਗਾਂ ਤੋਂ ਪੰਜਾਬ ਸਰਕਾਰ ਭੱਜਦੀ ਹੋਈ ਨਜਰ ਆ ਰਹੀ ਹੈ ਅਤੇ ਅਧਿਆਪਕਾਂ ਦੀ ਕੋਈ ਵੀ ਮੰਗ ਮੰਨਣ ਨੂੰ ਤਿਆਰ ਨਹੀਂ ਹੈ। ਅਧਿਕਾਰੀ ਅਤੇ ਸਰਕਾਰ ਸਿਰਫ ਲਾਰੇ ਲਾ ਕੇ ਸਮਾਂ ਬਿਤਾਉਣ ਦੇ ਚੱਕਰ ਵਿੱਚ ਹਨ। ਇਸ ਲਈ ਜਥੇਬੰਦੀ ਨੇ ਫੈਸਲਾ ਕੀਤਾ ਕਿ ਹੁਣ ਅਧਿਆਪਕ ਮੰਗਾਂ ਮਸਲਿਆਂ ਨੂੰ ਹੱਲ ਕਰਾਉਣ ਦੇ ਲਈ ਸਰਕਾਰ ਨਾਲ ਆਰ ਪਾਰ ਦੀ ਲੜਾਈ ਲੜੀ ਜਾਵੇਗੀ। ਜਿਸ ਦੇ ਤਹਿਤ ਅਗਸਤ ਮਹੀਨੇ ਵਿੱਚ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਵੱਲੋਂ ਪੰਜਾਬ ਭਰ ਦੇ ਸਾਰੇ ਜ਼ਿਲ੍ਹਿਆਂ ਵਿੱਚ ਵੱਡੀਆਂ ਮੀਟਿੰਗਾਂ ਕਰਕੇ ਅਧਿਆਪਕਾ ਨੂੰ ਲਾਮਬੱਧ ਕੀਤਾ ਜਾਵੇਗਾ। 8 ਨਵੰਬਰ ਨੂੰ ਜਲੰਧਰ ਵਿਖੇ ਜਨਰਲ ਕੌਂਸਲ ਇਜਲਾਸ ਕੀਤਾ ਜਾਵੇਗਾ। ਪੁਰਾਣੀ ਪੈਨਸ਼ਨ ਬਹਾਲੀ ਲਈ 1 ਅਗਸਤ ਅਤੇ 5 ਸਤੰਬਰ ਦੇ ਪ੍ਰੋਗਰਾਮ ਦਾ ਡਟਵਾਂ ਸਮਰਥਨ ਕੀਤਾ ਗਿਆ ਅਤੇ ਇਹਨਾਂ ਪ੍ਰੋਗਰਾਮਾਂ ਵਿੱਚ ਵੱਧ ਚੜ੍ਹ ਕੇ ਭਾਗ ਲੈਣ ਦਾ ਫੈਸਲਾ ਕੀਤਾ ਗਿਆ। ਇਹ ਵੀ ਫੈਸਲਾ ਕੀਤਾ ਗਿਆ ਕਿ ਜਦ ਤੱਕ ਮਗਾਂ ਦਾ ਹੱਲ ਨਹੀਂ ਹੁੰਦਾ ਸੰਘਰਸ਼ ਜਾਰੀ ਰਹੇਗਾ।

ਇਸ ਸਮੇਂ ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਦੇ ਜਨਰਲ ਸਕੱਤਰ ਗੁਰਵਿੰਦਰ ਸਿੰਘ ਸਸਕੌਰ , ਕੈਸ਼ੀਅਰ ਅਮਨਦੀਪ ਸ਼ਰਮਾ, ਪ੍ਰੈਸ ਸਕੱਤਰ ਕਰਨੈਲ ਫਿਲੌਰ ਤੋਂ ਇਲਾਵਾ ਸ਼ਹੀਦ ਭਗਤ ਸਿੰਘ ਨਗਰ ਤੋਂ ਬਿਕਰਮਜੀਤ ਸਿੰਘ, ਪਠਾਨਕੋਟ ਤੋਂ ਸੁਬਾਸ ਚੰਦਰ ਅਤੇ ਅੰਮ੍ਰਿਤ ਪਾਲ ਸਿੰਘ ਮਾਨਸਾ ਤੋਂ ਲਖਵਿੰਦਰ ਸਿੰਘ,ਨਰਿੰਦਰ ਸਿੰਘ ਮਾਖਾ, ਗੁਰਦਾਸ ਸਿੰਘ ਰਾਏਪੁਰ, ਬਲਵਿੰਦਰ ਸਿੰਘ ਉੱਪਲ ਜਲੰਧਰ ਤੋਂ ਸੁਖਵਿੰਦਰ ਸਿੰਘ ਮੱਕੜ, ਕੁਕਦੀਪ ਵਾਲੀਆ, ਰਤਨ ਸਿੰਘ, ਵੇਦ ਰਾਜ, ਪ੍ਰੇਮ ਕੁਮਾਰ, ਫਿਰੋਜ਼ਪੁਰ ਤੋਂ ਬਲਵਿੰਦਰ ਸਿੰਘ ਭੁੱਟੋ ਜਗਸੀਰ ਸਿੰਘ ਗਿੱਲ, ਗੁਰਦਾਸਪੁਰ ਤੋਂ ਲਖਵਿੰਦਰ ਸਿੰਘ,ਮੁਕਤਸਰ ਸਾਹਿਬ ਤੋਂ ਮਨੋਹਰ ਲਾਲ ਸ਼ਰਮਾ ਵਿਕਰਮਜੀਤ ਸਿੰਘ ਸੰਧੂ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਤੋਂ ਰਵਿੰਦਰ ਸਿੰਘ ਪੱਪੀ,ਮਨਪ੍ਰੀਤ ਸਿੰਘ ਹੁਸ਼ਿਆਰਪੁਰ ਤੋਂ ਪ੍ਰਿੰਸ ਕੁਮਾਰ, ਮਨਪ੍ਰੀਤ ਸਿੰਘ,ਅਮਨਦੀਪ ਸਿੰਘ ਸ਼ਰਮਾ ਮੋਗਾ ਤੋਂ ਜੱਜਪਾਲ ਸਿੰਘ ਬਾਜੇਕੇ,ਗੁਰਪ੍ਰੀਤ ਸਿੰਘ ਅਮੀਵਾਲ ਅੰਮ੍ਰਿਤਸਰ ਤੋਂ ਸੁੱਚਾ ਸਿੰਘ ਟਰਪਈ, ਨਵਜੋਤ ਸਿੰਘ ਕਪੂਰਥਲਾ ਤੋਂ ਸੁਖਚੈਨ ਸਿੰਘ ਬੱਧਨ ਰਣਜੀਤ ਪਠਾਣੀਆ ਆਦਿ ਅਧਿਆਪਕ ਆਗੂ ਹਾਜ਼ਰ ਸਨ।

# 'ਜਿਸ ਘਰ ਧੀਆਂ ਉਸ ਘਰ ਤੀਆਂ' ਦੇ ਬੈਨਰ ਹੇਠ ਪ੍ਰੋਗਰਾਮ ਕਰਵਾਇਆ

**ਮੁਹਾਲੀ, (ਗੁਰਜੀਤ ਬਿੱਲਾ)**

ਜਿਸ ਘਰ ਧੀਆਂ ਉਸ ਘਰ ਤੀਆਂ ਦੇ ਬੈਨਰ ਹੇਠ ਚੰਨੀ ਸੱਭਿਆਚਾਰਕ ਮੰਚ (ਰਜਿ) ਦੇ ਪ੍ਰਧਾਨ ਸਵਰਨ ਸਿੰਘ ਚੰਨੀ ਅਤੇ ਪੰਜਾਬੀ ਕਲਾ ਕੇਂਦਰ ਦੇ ਪ੍ਰਧਾਨ ਬਲਕਾਰ ਸਿੰਘ ਸਿੱਧੂ ਵੱਲੋਂ ਚੰਡੀਗੜ੍ਹ ਸੈਕਟਰ 42 ਦੀ ਝੀਲ ਤੇ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਸ਼ਾਨਦਾਰ ਪ੍ਰੋਗਰਾਮ ਨੂੰ ਨੇਪਰੇ ਚਾੜਨ ਲਈ ਉਹਨਾਂ ਦੀ ਟੀਮ ਮੈਂਬਰ ਨੇ ਸਹਿਯੋਗ ਦਿੱਤਾ ਉਸ ਵਿੱਚ ਰੋਸ਼ਨ ਸਿੰਘ , ਸ਼ਮਸ਼ੇਰ ਸਿੰਘ, ਐਡਵੋਕੇਟ ਪਰਮਿੰਦਰ ਸਿੰਘ, ਤਜਿੰਦਰ ਸਿੰਘ



ਧਾਲੀਵਾਲ ਤੇ ਮਾਸਟਰ ਬਲਵੀਰ ਸਿੰਘ , ਰਵਿੰਦਰ ਸ਼ਰਮਾ ,ਜਗਤਾਰ ਸਿੰਘ, ਮੋਹਿਤ ਕੁਮਾਰ, ਢੋਲੀ ਫਕੀਰ ਚੰਦ ਰਾਜੂ ਅਤੇ ਕਬੀਰ ਖੋਸਲਾ, ਚੰਦਰ ਲਤਾ ਆਦਿ ਮੈਂਬਰਾਂ ਨੇ ਪੂਰਾ ਸਹਿਯੋਗ ਦਿੱਤਾ। ਪ੍ਰੋਗਰਾਮ ਦੇ ਮੁੱਖ ਮਹਿਮਾਨ ਹਰਦੀਪ ਸਿੰਘ ਕੌਂਸਲਰ ਚੰਡੀਗੜ੍ਹ ਅਤੇ ਜਸਵੀਰ ਸਿੰਘ ਬੰਟੀ ਸੀਨੀਅਰ ਡਿਪਟੀ ਮੇਅਰ ਚੰਡੀਗੜ੍ਹ ਨੇ ਹਾਜ਼ਰੀ ਲਵਾਈ ਅਤੇ ਧੀਆਂ ਨੂੰ ਕੁਖ ਵਿੱਚ ਮਾਰਨ ਵਾਲਿਆਂ ਨੂੰ ਤੀਆਂ ਬਾਰੇ ਚਾਨਣ ਪਾਇਆ। ਕੌਂਸਲਰ ਹਰਜੀਤ ਸਿੰਘ ਭੋਲੂ ਸੁਹਾਣਾ ਮੋਹਾਲੀ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਪ੍ਰੋਗਰਾਮ ਦੀ ਸ਼ੁਰੂਆਤ ਜਗਜੀਤ ਸਿੰਘ ਬਡਾਲੀ ਦੇ ਧਾਰਮਿਕ ਗੀਤ ਨਾਲ ਕੀਤੀ ਗਈ। ਉਪਰੰਤ ਗੁਰਵਿੰਦਰ ਸਿੰਘ ਗੈਰੀ ਮੰਨਤ ਬਾਜਵਾ ਨੇ ਪ੍ਰੋਗਰਾਮ ਦੀ ਸੁਰੂਆਤ ਤੀਆਂ ਦੇ ਗੀਤ ਗਾ ਕੇ ਮਾਹੌਲ ਦਾ ਰੁਖ ਬਦਲ ਦਿੱਤਾ। ਆਸਮੀਨ ਕੌਰ , ਸਿਮਰਨਜੀਤ ਕੌਰ, ਅੰਮ੍ਰਿਤ ਕੌਰ ਤੇ ਅਮਨਜੋਤ ਕੌਰ ਨੇ ਤੀਆਂ ਦੇ ਗੀਤ ਗਾ ਕੇ ਰੰਗ ਬੰਨਿਆ। ਚੰਡੀਗੜ੍ਹ ਪੁਲਿਸ ਦੇ ਸਾਬਕਾ ਇੰਸਪੈਕਟਰ ਸੁਖਦੇਵ ਸਿੰਘ ਨੇ ਵੀ ਬੋਲੀਆਂ ਅਤੇ ਗੀਤ ਗਾ ਕੇ ਸਭ ਨੂੰ ਝੂਮਣ ਲਾ ਦਿੱਤਾ। ਉਪਰੰਤ ਇੰਟਰਨੈਸ਼ਨਲ ਢੋਲੀ ਜਸਵੀਰ ਸਿੰਘ ਮੀਕਾ ਅਤੇ ਮੈਡਮ ਬਬੀਤਾ ਅਤੇ ਛੋਟੀ ਬੱਚੀ ਅਮਾਈਰਾ ਦਾ ਜਨਮ ਦਿਨ ਮਨਾਇਆ ਗਿਆ ਅਤੇ ਕੇਕ ਕੱਟ ਕੇ ਖੁਸ਼ੀ ਸਾਂਝੀ ਕੀਤੀ ਗਈ। ਮੰਚ ਦੇ ਪ੍ਰਧਾਨ ਵੱਲੋਂ ਜਸਵੀਰ ਸਿੰਘ ਬੰਟੀ ਸੀਨੀਅਰ ਡਿਪਟੀ ਮੇਅਰ ਅਤੇ ਹਰਦੀਪ ਸਿੰਘ ਐਮ ਸੀ ਬਟੇਲਾ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਰਮੇਸ਼ ਵਰਮਾ, ਸੁਖਦੇਵ ਸਿੰਘ ਇੰਸਪੈਕਟਰ ,ਜਗਜੀਤ ਸਿੰਘ ਬਡਾਲੀ, ਸ਼ਰਨਜੀਤ ਕੌਰ, ਜਸਵੀਰ ਕੌਰ, ਬਲਵਿੰਦਰ ਸਿੰਘ ਅਤੇ ਹਰਜੀਤ ਸਿੰਘ ਭੋਲੂ ਸੁਹਾਣਾ, ਰਣਜੀਤ ਸਿੰਘ ਰਾਣਾ ਸੁਹਾਣਾ, ਪਰਮਿੰਦਰ ਸਿੰਘ ਪੈਰੀ, ਅਰਵਿੰਦਰ ਕੌਰ ਸੋਨੂ, ਗੁਰਵਿੰਦਰ ਗੈਰੀ, ਮੰਨਤ ਬਾਜਵਾ, ਰਾਖੀ ਸੁਬਰਾਮਨੀਅਮ , ਸਰਬਜੀਤ ਸਿੰਘ ਏ ਆਰ ਟੀ ਓ, ਸਰਬਜੀਤ ਕੌਰ ਢਿੱਲੋ, ਸੁਖਬੀਰ ਕੌਰ, ਊਸ਼ਾ ਚਾਵਲਾ ਆਦਿ ਵਿਸ਼ੇਸ਼ ਵਿਅਕਤੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਜਗਦੇਵ ਸਿੰਘ, ਲੱਕੀ ਕਲਸੀ, ਅੰਮ੍ਰਿਤ ਪਾਲ ਸਿੰਘ, ਨਰਿੰਦਰ ਪਾਲ ਸਿੰਘ ਨੀਨਾ ਨੂੰ ਸਨਮਾਨਿਤ ਕੀਤਾ ਗਿਆ। ਸਟੇਜ ਦੀ ਕਾਰਵਾਈ ਮਾਸਟਰ ਬਲਵੀਰ ਸਿੰਘ ਅਤੇ ਬਲਕਾਰ ਸਿੰਘ ਸਿੱਧੂ ਵੱਲੋਂ ਬਾਖੂਬੀ ਨਿਭਾਈ ਗਈ।

# ਨੌਜਵਾਨ ਸਮਾਜ ਤੇ ਦੇਸ਼ ਦੀ ਰੀੜ੍ਹ ਦੀ ਹੱਡੀ : ਬ੍ਰਹਮ ਸ਼ੰਕਰ ਜਿੰਪਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਸਥਾਨਕ ਯੂਥ ਕਲੱਬਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ, ਜਿਸ ਵਿੱਚ ਉਨ੍ਹਾਂ ਨੌਜਵਾਨਾਂ ਨੂੰ ਪ੍ਰੇਰਿਤ ਕਰਦੇ ਹੋਏ ਜਨਤਕ ਸੇਵਾ, ਨੈਤਿਕ ਕਦਰਾਂ-ਕੀਮਤਾਂ ਅਤੇ ਲੀਡਰਸ਼ਿਪ ਵਿਕਾਸ ਦੇ ਮਹੱਤਵ ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਯੂਥ ਡਿਵੈਲਪਮੈਂਟ ਬੋਰਡ ਦਾ ਉਦੇਸ਼ ਨੌਜਵਾਨਾਂ ਨੂੰ ਸਸ਼ਕਤ ਬਣਾਉਣਾ, ਉਨ੍ਹਾਂ ਵਿੱਚ ਲੀਡਰਸ਼ਿਪ ਖ਼ੂਬੀਆਂ ਵਿਕਸਤ ਕਰਨਾ ਅਤੇ ਸਮਾਜ ਦੇ ਨਿਰਮਾਣ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਤਿਆਰ ਕਰਨਾ ਹੈ।ਜਿੰਪਾ ਨੇ ਕਿਹਾ ਕਿ ਨੌਜਵਾਨ ਕਿਸੇ ਵੀ ਸਮਾਜ ਅਤੇ ਰਾਸ਼ਟਰ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ ਸਰਕਾਰ ਨੌਜਵਾਨਾਂ ਦੀ ਪ੍ਰਤਿਭਾ ਨੂੰ ਸਹੀ ਦਿਸ਼ਾ ਦੇਣ ਲਈ ਲਗਾਤਾਰ ਯਤਨਸ਼ੀਲ ਹੈ।ਮੀਟਿੰਗ ਦੌਰਾਨ ਵਿਧਾਇਕ ਨੇ ਇਹ ਵੀ ਦੱਸਿਆ ਕਿ ਯੂਥ ਕਲੱਬਾਂ ਨੂੰ ਸਰਕਾਰ ਵੱਲੋਂ ਵੱਖ-ਵੱਖ ਯੋਜਨਾਵਾਂ ਨਾਲ ਜੋੜਿਆ ਜਾ ਰਿਹਾ ਹੈ, ਜਿਸ ਵਿਚ ਉਨ੍ਹਾਂ ਨੂੰ ਖੇਡਾਂ, ਹੁਨਰ ਵਿਕਾਸ, ਜਾਗਰੂਕਤਾ ਮੁਹਿੰਮਾਂ ਅਤੇ ਸਮਾਜਿਕ ਪ੍ਰੋਗਰਾਮਾਂ ਵਿੱਚ ਹਿੱਸਾ ਲੈਣ ਲਈ ਸਰੋਤ ਅਤੇ ਮੌਕੇ ਮਿਲ ਸਕਣ। ਉਨ੍ਹਾਂ ਭਰੋਸਾ ਦਿੱਤਾ ਕਿ ਯੂਥ ਕਲੱਬਾਂ ਦੀ ਹਰ ਜ਼ਰੂਰਤ ਨੂੰ ਪਹਿਲ ਦਿੱਤੀ ਜਾਵੇਗੀ ਤਾਂ ਜੋ ਉਹ ਆਪਣੇ ਖੇਤਰਾਂ ਵਿੱਚ ਮਜ਼ਬੂਤ ਸਮਾਜਿਕ ਇਕਾਈਆਂ ਵਜੋਂ ਕੰਮ ਕਰ ਸਕਣ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਮਾਰਕੀਟ ਕਮੇਟੀ ਟਾਂਡਾ ਦੇ ਚੇਅਰਮੈਨ ਰਾਜਾ ਚੌਧਰੀ, ਕੋਆਪ੍ਰੇਟਿਵ ਬੈਂਕ ਦੇ ਚੇਅਰਮੈਨ ਵਿਕਰਮ ਬੌਬੀ, ਵਿਧਾਨ ਸਭਾ ਕੋਆਰਡੀਨੇਟਰ ਪ੍ਰੀਤਪਾਲ ਸਿੰਘ, ਲੀਗਲ ਵਿੰਗ ਦੇ ਪ੍ਰਧਾਨ ਅਮਰਜੋਤ ਸੈਣੀ, ਸੀਨੀਅਰ ਆਗੂ ਜਸਪਾਲ ਸੁਮਨ, ਯੂਥ ਕਲੱਬ ਦੇ ਮੈਂਬਰ ਸਰਪੰਚ ਅਮਰਜੀਤ ਸਿੰਘ, ਸਰਪੰਚ ਜਤਿੰਦਰ ਸਿੰਘ, ਸੰਜੇ ਸ਼ਰਮਾ, ਪ੍ਰਯਾਗਦੀਪ, ਬਲਵੀਰ ਸਿੰਘ ਦਾਦਾ, ਵੀਰਪਾਲ, ਗੁਰਦੇਵ ਸੈਣੀ, ਸੁਖਦੇਵ ਸਿੰਘ, ਅਮਨਦੀਪ ਸਿੰਘ ਜੈਲਦਾਰ, ਅਰੁਣ ਅਗਨੀਹੋਤਰੀ, ਦਲਜੀਤ ਸਿੰਘ, ਨਰੇਸ਼ ਆਦਿ ਹਾਜ਼ਰ ਸਨ।

# ਸੋਨੂੰ ਸੌਂਦ ਵੱਲੋਂ ਬੂਟੇ ਲਗਾਉਣ ਦੀ ਮੁਹਿੰਮ ਦਾ ਸ਼ੁੱਭ ਆਰੰਭ



**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਪੁਰੀ)**

ਪੰਜਾਬ ਦਾ ਵਾਤਾਵਰਣ ਤੇਜ਼ੀ ਨਾਲ ਪ੍ਰਦੂਸ਼ਿਤ ਹੋ ਰਿਹਾ ਹੈ। ਇਸ ਦੇ ਬਹੁਤ ਸਾਰੇ ਕਾਰਨ ਹਨ ਪ੍ਰੰਤੂ ਮੁੱਖ ਕਾਰਨ ਪੰਜਾਬ ਵਿਚ ਘਟ ਰਹੀ ਰੁੱਖਾਂ ਦੀ ਗਿਣਤੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਾਤਾਵਰਣ ਪ੍ਰੇਮੀ ਤੇ ਸਮਾਜ ਸੇਵੀ ਸਰਪੰਚ ਸੁਖਵਿੰਦਰ ਸਿੰਘ ਸੋਨੂੰ ਸੌਂਦ ਨੇ ਸਮੁੱਚੀ ਗ੍ਰਾਮ ਪੰਚਾਇਤ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੂਟੇ ਲਗਾਉਂਣ ਦੀ ਮੁਹਿੰਮ ਦਾ ਸ਼ੁੱਭ ਆਰੰਭ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਮਨੁੱਖੀ ਅਣਗਹਿਲੀ ਕਾਰਨ ਵਾਤਾਵਰਣ ਨਾਲ ਸਬੰਧਿਤ ਖ਼ਤਰੇ ਦਿਨੋਂ-ਦਿਨ ਵਧ ਰਹੇ ਹਨ। ਸਾਨੂੰ ਚਾਹੀਦਾ ਹੈ ਕਿ ਦਿਨੋਂ-ਦਿਨ ਪਲੀਤ ਹੋ ਰਹੇ ਵਾਤਾਵਰਣ ਨੂੰ ਬਚਾਉਣ ਲਈ ਉਪਰਾਲੇ ਕਰੀਏ। ਉਨ੍ਹਾਂ ਕਿਹਾ ਕਿ ਜੇਕਰ ਮੌਜੂਦਾ ਸਮੇਂ ਧਰਤੀ ਦੀ ਸੰਭਾਲ ਨਾ ਕੀਤੀ ਗਈ ਤਾਂ ਆਉਣ ਵਾਲੀਆਂ ਪੀੜੀਆਂ ਲਈ ਪ੍ਰਦੂਸ਼ਿਤ ਧਰਤੀ ਤੇ ਜਿਉਣਾ ਦੁਸ਼ਵਾਰ ਹੋ ਜਾਵੇਗਾ ਇਸ ਲਈ ਵੱਧ ਤੋਂ ਵੱਧ ਰੁੱਖ ਲਗਾ ਕੇ ਕੁਦਰਤ ਨੂੰ ਦੂਸ਼ਿਤ ਹੋਣ ਤੋਂ ਬਚਾਉਣ ਲਈ ਸਭ ਨੂੰ ਯਤਨ ਕਰਨੇ ਚਾਹੀਦੇ ਹਨ ਅਤੇ ਸਾਨੂੰ ਆਪਣੇ ਦਿਨ-ਤਿਉਹਾਰ ਰੁੱਖ ਲਗਾ ਮਨਾਉਣੇ ਚਾਹੀਦੇ ਹਨ। ਉਨ੍ਹਾਂ ਦੱਸਿਆ ਕਿ ਦਿਨੋਂ ਦਿਨ ਵਧ ਰਿਹਾ ਪ੍ਰਦੂਸ਼ਣ ਸਾਡੇ ਲਈ ਇਕ ਗੰਭੀਰ ਚਿੰਤਾ ਦਾ ਵਿਸ਼ਾ ਹੈ ਪ੍ਰੰਤੂ ਵੱਧ ਤੋਂ ਵੱਧ ਬੂਟੇ ਲਗਾ ਕੇ ਧਰਤੀ ਨੂੰ ਪ੍ਰਦੂਸ਼ਣ ਮੁਕਤ ਕੀਤਾ ਜਾ ਸਕਦਾ ਹੈ ਅਤੇ ਸਾਡੀ ਸਾਰਿਆਂ ਦੀ ਵੱਡੀ ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਪ੍ਰਦੂਸ਼ਣ ਨੂੰ ਰੋਕਣ ਲਈ ਪੂਰੀ ਇਮਾਨਦਾਰੀ ਨਾਲ ਆਪਣੀ ਜ਼ਿੰਮੇਵਾਰੀ ਨਿਭਾਈਏ। ਉਹਨਾਂ ਦੱਸਿਆ ਕਿ ਗ੍ਰਾਮ ਪੰਚਾਇਤ ਨਾਲ ਨਗਰ ਨਿਵਾਸੀਆਂ ਨੇ ਭਾਰੀ ਉਤਸ਼ਾਹ ਵਿਖਾਉਂਦੇ ਹੋਏ 550 ਬੂਟੇ ਲਗਾਏ ਹਨ ਜਿਨਾਂ ਦੀ ਨਿਰੰਤਰ ਸਾਂਭ ਸੰਭਾਲ ਕਰਕੇ ਪੂਰੀ ਤਰ੍ਹਾਂ ਨਾਲ ਕਾਮਯਾਬ ਕੀਤਾ ਜਾਵੇਗਾ। ਇਸ ਮੌਕੇ ਸਰਪੰਚ ਸੁਖਵਿੰਦਰ ਸਿੰਘ ਸੌਂਦ, ਮਾਸਟਰ ਮਹਿੰਗਾ ਸਿੰਘ ਮੋਮੀ, ਮਾਸਟਰ ਪ੍ਰੀਤਮ ਸਿੰਘ ਨੰਬਰਦਾਰ, ਲਖਬੀਰ ਸਿੰਘ ਲਾਲੀ ਸੀਨੀਅਰ ਆਪ ਆਗੂ, ਚਰਨਜੀਤ ਸਿੰਘ ਮੋਮੀ, ਐਡ ਬਲਵਿੰਦਰ ਸਿੰਘ ਮੋਮੀ, ਮਾਸਟਰ ਦਲਬੀਰ ਸਿੰਘ, ਲਵਪ੍ਰੀਤ ਸਿੰਘ ਰਾਜਾ ਪੰਚ, ਹਰਪ੍ਰੀਤ ਸਿੰਘ ਹੈਪੀ ਸ਼ਾਹ, ਸੰਤੋਖ ਸਿੰਘ ਬਾਵਾ ਪੰਚ, ਗੁਲਜਾਰ ਸਿੰਘ ਮੋਮੀ ਪੰਚ, ਜਸਵੰਤ ਸਿੰਘ ਜੱਸਾ ਪੰਚ, ਦਲਜੀਤ ਸਿੰਘ ਪੰਚ, ਪ੍ਰੋਫੈਸਰ ਬਲਬੀਰ ਸਿੰਘ ਮੋਮੀ, ਫੁੰਮਣ ਸਿੰਘ ਪ੍ਰਧਾਨ ਕੋਆਪਰੇਟਿਵ ਸੁਸਾਇਟੀ, ਮਾਸਟਰ ਪਿਆਰਾ ਸਿੰਘ ਮੋਮੀ, ਬਲਬੀਰ ਸਿੰਘ ਬੀਰਾ ਪੰਚ, ਪਲਵਿੰਦਰ ਸਿੰਘ ਪਿੰਦਰ ਪੰਚ, ਬਖਸ਼ੀਸ਼ ਸਿੰਘ ਚੇਲਾ, ਗੁਰਸੇਵਕ ਸਿੰਘ ਗੱਬਰ, ਨਛੱਤਰ ਸਿੰਘ ਸੱਤੂ ਸਾਬਕਾ ਪੰਚ, ਬਖਸ਼ੀਸ਼ ਸਿੰਘ ਬਿੱਲੂ, ਹਰਜਿੰਦਰ ਸਿੰਘ ਸ਼ਿੰਦਾ ਮੋਮੀ, ਸਤਨਾਮ ਸਿੰਘ ਧੰਜਲ, ਬਲਬੀਰ ਸਿੰਘ ਸੋਨੂੰ, ਗੁਰਦੀਪ ਸਿੰਘ ਚੌਕੀਦਾਰ ਆਦਿ ਸਮੇਤ ਵੱਡੀ ਗਿਣਤੀ ਵਿੱਚ ਨਗਰ ਨਿਵਾਸੀ ਹਾਜ਼ਰ ਸਨ।

# ਵਿਸ਼ਵ ਹੈਪੇਟਾਈਟਸ ਦਿਵਸ ਮਨਾਇਆ

**ਗੁਰਾਇਆ, (ਬਿੰਦਰ ਸੁਮਨ)**

ਸਿਵਲ ਸਰਜਨ ਡਾ. ਗੁਰਮੀਤ ਲਾਲ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਕਮਿਉਨਿਟੀ ਹੈਲਥ ਸੈਂਟਰ ਬੜਾ ਪਿੰਡ ਵਲੋ ਜਿਗਰ ਦੀ ਹੈਪਾਟਾਈਟਸ ਬਿਮਾਰੀ ਸਬੰਧੀ ਜਾਗਰੂਕਤਾ ਪੈਦਾ ਕਰਨ ਲਈ ਵਿਸ਼ਵ ਹੈਪਾਟਾਈਟਸ ਦਿਵਸ ਮਨਾਇਆ ਗਿਆ। ਸੀਨੀਅਰ ਮੈਡੀਕਲ ਅਫ਼ਸਰ ਡਾ ਅਮਿਤਾ ਲੂਨਾ ਨੇ ਦੱਸਿਆ ਕਿ ਇਸ ਸਾਲ ਵਿਸ਼ਵ ਹੈਪਾਟਾਈਟਸ ਦਿਵਸ ਦਾ ਥੀਮ ਇਸ ਬਿਮਾਰੀ ਨੂੰ ਰੋਕਣ ਲਈ ਇਲਾਜ ਵਿੱਚ ਆ ਰਹੀਆ ਰੁਕਾਵਟਾਂ ਨੂੰ ਦੂਰ ਕਰਨ ਉਪਰ ਅਧਾਰਿਤ ਹੈ ਤਾਂ ਜੋ ਜਿਗਰ ਦੀ ਇਸ ਬਿਮਾਰੀ ਨੂੰ ਰੋਕਿਆ ਜਾ ਸਕੇ। ਇੱਕ ਸਰਵੇ ਅਨੁਸਾਰ ਪੰਜਾਬ ਵਿਚ 3 ਫੀਸਦੀ ਦੇ ਕਰੀਬ ਆਬਾਦੀ ਇਸ ਬਿਮਾਰੀ ਤੋਂ ਸਕਰਮਿਤ ਮੰਨੀ ਜਾਂਦੀ ਹੈ। ਵਿਸ਼ਵ ਸਿਹਤ ਸੰਸਥਾ ਦੇ ਆਂਕੜੇ ਅਨੁਸਾਰ ਦੁਨੀਆਂ ਵਿੱਚ ਹਰ 30 ਸੈਕਿੰਡ ਵਿੱਚ ਇੱਕ ਵਿਅਕਤੀ ਆਪਣੀ ਜਾਨ ਇਸ ਬਿਮਾਰੀ ਨਾਲ ਗਵਾ ਬੈਠਦਾ ਹੈ।ਇਸ ਮੌਕੇ ਤੇ ਬਲਾਕ ਐਕਸਟੈਨਸ਼ਨ ਐਜੂਕੇਟਰ ਪ੍ਰੀਤਇੰਦਰ ਸਿੰਘ ਨੇ ਦੱਸਿਆ ਕਿ ਹੈਪਾਟਾਈਟਸ ਜਿਗਰ ਦੀ ਬਿਮਾਰੀ ਹੈ ਅਤੇ ਵਾਇਰਲ ਹੈਪੇਟਾਈਟਸ ਏ, ਬੀ, ਸੀ, ਡੀ, ਈ, ਪੰਜ ਪ੍ਰਕਾਰ ਦਾ ਹੁੰਦਾ ਹੈ। ਇਹਨਾ ਵਿੱਚੋ ਹੈਪਾਟਾਈਟਸ ਬੀ ਤੇ ਸੀ ਵਧੇਰੇ ਖਤਰਨਾਕ ਹੈ। ਇਹ ਦੂਸ਼ਿਤ ਸੂਈਆਂ ਦੀ ਵਰਤੋਂ ਨਾਲ ਸ਼ਰੀਰ ਤੇ ਟੈਂਟੂ ਬਨਵਾਉਣ,ਬਿਨਾਂ ਟੈਸਟ ਕਰਵਾਏ ਮਰੀਜ ਨੂੰ ਖੂਨ ਚੜਾਉਣ, ਸੂਈਆਂ ਦੀ ਸਾਂਝੀ ਵਰਤੋਂ ਅਤੇ ਅਸੁਰੱਖਿਅਤ ਸੰਭੋਗ ਆਦਿ ਨਾਲ ਹੈਪਾਟਾਈਟਸ ਬੀ ਤੇ ਸੀ ਹੋ ਸਕਦਾ ਹੈ। ਹੈਪਾਟਾਈਟਸ ਏ ਤੇ ਈ ਦੂਸ਼ਿਤ ਭੋਜਨ ਜਾਂ ਪਾਣੀ ਤੋਂ ਹੁੰਦੇ ਹਨ। ਇਨ੍ਹਾਂ ਤੋਂ ਆਸਾਨੀ ਨਾਲ ਬੱਚਿਆ ਜਾ ਸਕਦਾ ਹੈ।ਸਮੇਂ ਸਿਰ ਜਾਂਚ




ਅਤੇ ਸਮੇਂ ਸਿਰ ਇਲਾਜ ਨਾ ਕਰਵਾਏ ਜਾਣ ਦੀ ਸੂਰਤ ਵਿੱਚ ਜਿਗਰ ਦੀ ਸੋਜ਼ਿਸ਼ ਤੋਂ ਇਲਾਵਾ ਜਿਗਰ ਦੇ ਕੈਂਸਰ ਦਾ ਵੀ ਖਤਰਾ ਹੋ ਸਕਦਾ ਹੈ। ਹੈਪਾਟਾਈਟਸ-ਸੀ ਜੋ ਕਾਲਾ ਪੀਲੀਆ ਦੇ ਨਾਮ ਨਾਲ ਵੀ ਜਾਣਿਆ ਜਾਂਦਾ ਹੈ ਇਕ ਇਲਾਜਯੋਗ ਬਿਮਾਰੀ ਹੈ। ਹੈਲਥ ਸੁਪਰਵਾਈਜ਼ਰ ਸਤਨਾਮ ਅਤੇ ਕੁਲਦੀਪ ਵਰਮਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 22 ਜਿਲ੍ਹਾ ਹਸਪਤਾਲਾਂ ਅਤੇ ਤਿੰਨ ਮੈਡੀਕਲ ਕਾਲਜਾਂ ਵਿੱਚ ਹੈਪਾਟਾਈਟਸ ਸੀ ਦੇ ਮਰੀਜ਼ਾਂ ਲਈ ਮੁਫਤ ਟੈਸਟ ਅਤੇ ਇਲਾਜ ਦੀ ਸਹੂਲਤ ਹੈ। ਇਸ ਮੌਕੇ ਤੇ ਪ੍ਰਿਸੀਪਲ ਗੁਲਸ਼ਨ ਅਤੇ ਸਮੂਹ ਸਟਾਫ ਮੌਜੂਦ ਸੀ।

30 July Page 8.qxd 7/29/2025 10:48 PM Page 1



# ਬੈਂਸ ਨੇ ਗੁਰਦੁਆਰਾ ਸੀਸ ਗੰਜ ਸਾਹਿਬ ਤੋਂ ਸਵੱਛਤਾ ਮੁਹਿੰਮ ਦੀ ਕੀਤੀ ਸ਼ੁਰੂਆਤ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਵਰੋਸਾਈ ਨਗਰੀ ਸ੍ਰੀ ਅਨੰਦਪੁਰ ਸਾਹਿਬ ਦਾ ਕਣ ਕਣ ਸਾਫ ਸੁਥਰਾ ਕਰਨ ਲਈ ਹਰ ਵਾਰਡ, ਸੜਕ, ਗਲੀ, ਚੁਗਿਰਦੇ ਵਿੱਚ ਸਫਾਈ ਅਭਿਆਨ ਚਲਾਇਆ ਜਾਵੇਗਾ। ਗੁਰੂ ਸਾਹਿਬ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮਾਂ ਦੌਰਾਨ ਸ਼ਰਧਾਲੂਆਂ ਦੀ ਸਹੂਲਤ ਲਈ ਸਮੁੱਚਾ ਇਲਾਕਾ ਪੂਰੀ ਤਰਾਂ ਸਵੱਛ ਰੱਖਿਆ ਜਾਵੇਗਾ, ਇਸ ਦੇ ਲਈ ਨਗਰ ਕੌਂਸਲ ਤੋ ਇਲਾਵਾ ਹੋਰ ਵੱਖ ਵੱਖ ਵਿਭਾਗਾਂ ਦੀਆਂ ਡਿਊਟੀਆਂ ਦੇ ਨਾਲ ਨਾਲ ਸਥਾਨਕ ਵਾਸੀਆਂ ਤੋਂ ਵੀ ਇਸ ਨਗਰ ਨੂੰ ਸਵੱਛ ਰੱਖਣ ਲਈ ਸਹਿਯੋਗ ਲਿਆ ਜਾਵੇਗਾ। ਹਫਤਾਵਾਰੀ ਮੈਗਾ ਸਫਾਈ ਮੁਹਿੰਮ ਚਲਾ ਕੇ ਗੁਰੂ ਨਗਰੀ ਦਾ ਕੋਨਾ ਕੋਨਾ ਲਿਸ਼ਕਾਇਆ ਜਾਵੇਗਾ।

ਇਹ ਪ੍ਰਗਟਾਵਾ ਹਰਜੋਤ ਸਿੰਘ ਬੈਂਸ ਸਿੱਖਿਆ ਮੰਤਰੀ ਪੰਜਾਬ ਨੇ ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਅਰਦਾਸ ਕਰਨ ਉਪਰੰਤ ਸ਼ੁਰੂ ਕੀਤੀ ਸਫਾਈ ਮੁਹਿੰਮ ਦੌਰਾਨ ਸਥਾਨਕ ਲੋਕਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ। ਉਨ੍ਹਾਂ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਦੇ ਸਮਾਗਮਾਂ ਤੋਂ ਪਹਿਲਾਂ ਸ੍ਰੀ ਅਨੰਦਪੁਰ ਸਾਹਿਬ ਦਾ ਕੋਨਾ ਕੋਨਾ ਲਿਸ਼ਕਾਇਆ ਜਾਵੇਗਾ। ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਪੰਜ ਪਿਆਰਾ ਪਾਰਕ ਤੋਂ ਗੁਰੂ ਨਗਰੀ ਦੇ ਸੜਕਾਂ, ਬਜ਼ਾਰਾ ਵਿੱਚ ਸਫਾਈ ਸੇਵਾ ਕਰ ਰਹੇ ਸਨ। ਉਨ੍ਹਾਂ ਦੇ ਨਾਲ ਐਸ.ਡੀ.ਐਮ ਜਸਪ੍ਰੀਤ ਸਿੰਘ, ਪ੍ਰਸ਼ਾਸਨ ਦੇ ਅਧਿਕਾਰੀ ਅਤੇ ਨਗਰ ਕੌਂਸਲ ਪ੍ਰਧਾਨ ਹਰਜੀਤ ਸਿੰਘ ਜੀਤਾ ਤੇ ਕੌਂਸਲਰ, ਨਗਰ ਕੌਂਸਲ ਦੇ ਮੁਲਾਜ਼ਮ ਅਤੇ ਵੱਡੀ ਗਿਣਤੀ ਵਿਚ ਆਮ ਆਦਮੀ ਪਾਰਟੀ ਦੇ ਵਰਕਰ ਇਸ ਸਫਾਈ ਸੇਵਾ ਵਿੱਚ ਲੱਗੇ ਹੋਏ ਸਨ।

ਇਸ ਮੌਕੇ ਸ.ਗੁਰਦੀਪ ਸਿੰਘ ਕਾਰਜ ਸਾਧਕ ਅਫਸਰ, ਇੰਦਰਜੀਤ ਸਿੰਘ ਅਰੋੜਾ ਪ੍ਰਧਾਨ ਵਪਾਰ ਮੰਡਲ, ਸੁਨੀਲ ਅਡਵਾਲ ਪ੍ਰਧਾਨ ਰੇੜੀ ਖੋਖਾ ਯੂਨੀਅਨ, ਦਇਆ ਸਿੰਘ ਸਿੱਖਿਆ ਕੋਆਰਡੀਨੇਟਰ, ਠੇਕੇਦਾਰ ਜਗਜੀਤ ਸਿੰਘ ਜੱਗੀ ਆਪ ਆਗੂ, ਮਨਜੀਤ ਸਿੰਘ ਬੀ.ਪੀ.ਈ.ਓ, ਬਲਬੀਰ ਕੌਰ ਕੌਂਸਲਰ, ਕੁਲਦੀਪ ਸਿੰਘ, ਦੀਪਕ ਆਂਗਰਾ ਪ੍ਰਧਾਨ ਵਪਾਰ ਮੰਡਲ, ਬਿੱਲਾ, ਮਦਨ ਲਾਲ ਸੈਨੇਟਰੀ ਇੰਸਪੈਕਟਰ, ਇੰਦਰਜੀਤ ਸਿੰਘ ਅਰੋੜਾ, ਵਿਜੇ ਗਰਚਾ, ਪ੍ਰਧਾਨ ਕੁਲਦੀਪ ਸਿੰਘ ਦੀਪਾ, ਅਬਜੀਤ ਸਿੰਘ ਅਲੈਕਸੀ ਆਪ ਆਗੂ, ਕੈਪਟਨ ਦਲਜੀਤ ਸਿੰਘ ਸੁਪਰਵਾਈਜ਼ਰ, ਜਸਪਾਲ ਸਿੰਘ ਪੰਮੀ, ਹੁਸਨ ਚੰਦ, ਕੈਪਟਨ ਅਨੂਪ ਸਿੰਘ, ਜਸਵੰਤ ਸਿੰਘ, ਬੀਬੀ ਰਣਜੀਤ ਕੌਰ ਆਪ ਆਗੂ, ਸਵਰਨ ਕੌਰ, ਤਰਲੋਕ ਸਿੰਘ ਹੋਲਗੜ ਹਾਜ਼ਰ ਸਨ।

# ਸਮਾਜ ਸੇਵਾ ਦੀ ਮਿਸਾਲ ਬਣੀ ਮੀਰੀ ਪੀਰੀ ਸੇਵਾ ਸੁਸਾਇਟੀ ਗਰਨਾ ਸਾਹਿਬ



**ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ)**- 'ਚੜ੍ਹਦਾ ਸੂਰਜ' ਮੁਹਿੰਮ ਨੇ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਸਮਾਜ ਸੇਵਾ ਨੂੰ ਡਿਜੀਟਲ ਯੁੱਗ ਨਾਲ ਜੋੜ ਕੇ ਇੱਕ ਨਵੀਂ ਸ਼ੁਰੂਆਤ ਕੀਤੀ ਹੈ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਹੇਠ ਜ਼ਿਲ੍ਹੇ ਦੀਆਂ ਉੱਤਮ ਸਮਾਜਿਕ ਸੰਸਥਾਵਾਂ ਨੂੰ ਨਾ ਸਿਰਫ ਇੱਕ ਪਲੇਟਫਾਰਮ ਪ੍ਰਦਾਨ ਕੀਤਾ ਜਾ ਰਿਹਾ ਹੈ ਬਲਕਿ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ ਜਾ ਰਿਹਾ ਹੈ। ਇਸ ਮੁਹਿੰਮ ਵਿੱਚ ਮੀਰੀ ਪੀਰੀ ਸੇਵਾ ਸੁਸਾਇਟੀ ਗਰਨਾ ਸਾਹਿਬ ਸਮਾਜ ਸੇਵਾ ਦੀ ਇੱਕ ਮਜ਼ਬੂਤ ਉਦਾਹਰਣ ਵਜੋਂ ਉੱਭਰੀ ਹੈ।

ਸਾਲ 2018 ਵਿੱਚ ਕੁਝ ਸਮਰਪਿਤ ਨੌਜਵਾਨਾਂ ਦੁਆਰਾ ਸ਼ੁਰੂ ਕੀਤੀ ਗਈ, ਇਹ ਸੰਸਥਾ 2019 ਵਿੱਚ ਅਧਿਕਾਰਤ ਤੌਰ 'ਤੇ ਰਜਿਸਟਰ ਹੋਈ। ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਮੀਰੀ-ਪੀਰੀ ਦੀਆਂ ਸਿੱਖਿਆਵਾਂ ਤੋਂ ਪ੍ਰੇਰਿਤ ਹੋ ਕੇ ਸੰਸਥਾ ਨੇ ਸਮਾਜਿਕ ਅਤੇ ਅਧਿਆਤਮਿਕ ਜ਼ਿੰਮੇਵਾਰੀਆਂ ਨੂੰ ਇਕ ਸਾਥ ਨਿਭਾਉਣ ਦਾ ਬੇੜਾ ਚੁੱਕਿਆ। ਸੰਸਥਾ ਦੀ ਸਫਲਤਾ ਪਿੱਛੇ ਇੱਕ ਸਮਰਪਿਤ ਟੀਮ ਦਾ ਮਹੱਤਵਪੂਰਨ ਯੋਗਦਾਨ ਰਿਹਾ। ਇਸ ਵਿੱਚ ਮਨਦੀਪ ਸਿੰਘ ਢੀਂਡਸਾ, ਜਸਵਿੰਦਰ ਸਿੰਘ ਮਣਕੂ, ਪ੍ਰਿਤਪਾਲ ਸਿੰਘ ਸੋਨੀ, ਮਨਜਿੰਦਰ ਸਿੰਘ, ਪਰਮਜੀਤ ਸਿੰਘ ਘੁੰਮਣ, ਰਮਨਪ੍ਰੀਤ ਸਿੰਘ, ਨਵਾਬ ਸਿੰਘ, ਅਮਰਜੀਤ ਸਿੰਘ, ਐਡਵੋਕੇਟ ਰਮਨਪ੍ਰੀਤ ਸਿੰਘ, ਅਕਾਸ਼ਦੀਪ ਸਿੰਘ, ਡਾ. ਕੁਲਵਿੰਦਰ ਸਿੰਘ ਅਤੇ ਪਰਮਜੀਤ ਸਿੰਘ ਭਤਾਜ ਵਰਗੇ ਸੇਵਾ ਭਾਵਨਾ ਵਾਲੇ ਲੋਕ ਸ਼ਾਮਲ ਹਨ। ਸੰਸਥਾ ਨੇ ਦਰਜਨਾਂ ਲੋੜਵੰਦ ਵਿਦਿਆਰਥੀਆਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਹੈ। ਗਰੀਬ ਮਰੀਜ਼ਾਂ ਦਾ ਇਲਾਜ, ਧੀਆਂ ਦੇ ਵਿਆਹ ਵਿੱਚ ਮਦਦ ਅਤੇ ਰਾਸ਼ਨ ਅਤੇ ਕੱਪੜੇ ਵੰਡਣ ਵਰਗੀਆਂ ਗਤੀਵਿਧੀਆਂ ਨੇ ਸਮਾਜ ਨੂੰ ਸਸ਼ਕਤ ਬਣਾਇਆ ਹੈ। ਖੂਨਦਾਨ ਕੈਂਪ, ਮੈਡੀਕਲ ਕੈਂਪ, ਅੱਖਾਂ ਦੀ ਜਾਂਚ ਅਤੇ ਕੈਂਸਰ ਕੇਅਰ ਕੈਂਪ ਵਰਗੇ ਪ੍ਰੋਗਰਾਮਾਂ ਤੋਂ ਸੈਂਕੜੇ ਲੋਕਾਂ ਨੇ ਲਾਭ ਉਠਾਇਆ ਹੈ।

ਡਿਪਟੀ ਕਮਿਸ਼ਨਰ ਆਸਿਕਾ ਜੈਨ ਨੇ ਸੰਸਥਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ 'ਚੜ੍ਹਦਾ ਸੂਰਜ' ਮੁਹਿੰਮ ਦਾ ਉਦੇਸ਼ ਉਨ੍ਹਾਂ ਸੰਸਥਾਵਾਂ ਨੂੰ ਅੱਗੇ ਲਿਆਉਣਾ ਹੈ ਜੋ ਗੁਮਨਾਮ ਰਹਿ ਕੇ ਸਮਾਜ ਨੂੰ ਬਦਲਣ ਲਈ ਕੰਮ ਕਰ ਰਹੀਆਂ ਹਨ।

# ਧੀਮਾਨ ਨੇ ਕਰਾਟੇ ਚੈਂਪੀਅਨਸ਼ਿਪ 'ਚ ਜਿੱਤੀ ਓਰੇਂਜ ਬੈਲਟ



**ਬਲਾਚੌਰ, (ਜਸਵਿੰਦਰ ਬੈਂਸ)**- ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਬਲਾਚੌਰ ਦੇ ਸੰਮਪਲ ਇੰਜੀਨੀਅਰ ਨਵਜੀਤ ਸਿੰਘ ਧੀਮਾਨ ਦੇ ਸਪੁੱਤਰ ਸ਼ਰੇਆਂਸ਼ ਧੀਮਾਨ ਨੇ ਓਰੀਐਂਟਲ ਮਾਰਸ਼ਲ ਆਰਟ ਐਸੋਸੀਏਸ਼ਨ ਇੰਡੀਆ ਵਲੋਂ ਮੁੰਬਈ ਵਿਚ ਹੋਈ ਸਟੇਟ ਕਰਾਟੇ ਚੈਂਪੀਅਨਸ਼ਿਪ ਵਿੱਚ ਓਰੇਂਜ ਬੈਲਟ ਜਿੱਤ ਕੇ ਆਪਣੇ ਮਾਪਿਆਂ ਅਤੇ ਇਲਾਕੇ ਦਾ ਨਾਮ ਰੋਸ਼ਨ ਕੀਤਾ ਹੈ। ਜਾਣਕਾਰੀ ਦਿੰਦਿਆਂ ਸ਼ਰੇਆਂਸ਼ ਦੇ ਦਾਦਾ ਸੀਨੀਅਰ ਪੱਤਰਕਾਰ ਅਵਤਾਰ ਸਿੰਘ ਧੀਮਾਨ ਨੇ ਦੱਸਿਆ ਕਿ ਸ਼ਰੇਆਂਸ਼ ਜਿਥੇ ਪੜ੍ਹਾਈ ਵਿਚ ਹਮੇਸ਼ਾ ਪਹਿਲੇ ਦਰਜੇ ਵਿੱਚ ਪਾਸ ਹੁੰਦਾ ਹੈ ਉਥੇ ਹੀ ਖੇਡਾਂ ਵਿੱਚ ਡੂੰਘੀ ਦਿਲਚਸਪੀ ਰੱਖਦਾ ਹੈ। ਉਹ ਪੜ੍ਹਾਈ ਦੇ ਨਾਲ ਨਾਲ ਖੇਡਾਂ ਨੂੰ ਵੀ ਪੂਰਾ ਸਮਾਂ ਦੇ ਕੇ ਰੋਜ਼ਾਨਾ ਅਭਿਆਸ ਕਰਦਾ ਹੈ। ਉਨ੍ਹਾਂ ਦੱਸਿਆ ਕਿ ਸ਼ਰੇਆਂਸ਼ ਇਸ ਤੋਂ ਪਹਿਲਾਂ ਵੀ ਰਾਜਸਥਾਨ ਵਿਚ ਹੋਈ ਤੈਰਾਕੀ ਅਤੇ ਸਕੇਟਿੰਗ ਚੈਂਪੀਅਨਸ਼ਿਪ ਵੀ ਜਿੱਤ ਚੁੱਕਿਆ ਹੈ ਅਤੇ ਹੁਣ ਕਰਾਟੇ ਵਿੱਚ ਪੂਰੀ ਲਗਨ ਨਾਲ ਖੇਡ ਰਿਹਾ ਹੈ। ਸ਼ਰੇਆਂਸ਼ ਦੇ ਕੋਚ ਸ਼ਿਹਾਨ ਕ੍ਰਿਸ਼ਨਾ ਚਿਤਿਆਲ ਨੇ ਦੱਸਿਆ ਕਿ ਸ਼ਰੇਆਂਸ਼ ਆਪਣੀ ਖੇਡ ਨੂੰ ਪੂਰਾ ਸਮਾਂ ਦਿੰਦਾ ਹੈ ਅਤੇ ਦਿਨੋਂ ਦਿਨ ਆਪਣੀ ਮੇਹਨਤ ਸਦਕਾ ਇਥੋਂ ਤੱਕ ਪਹੁੰਚਿਆ ਹੈ। ਉਨ੍ਹਾਂ ਦਸਿਆ ਕਿ ਸ਼ਰੇਆਂਸ਼ ਨੇ ਪਿਛਲੀ ਚੈਂਪੀਅਨਸ਼ਿਪ ਵਿਚ ਯੈਲੋ ਬੈਲਟ ਜਿੱਤ ਕੇ ਆਪਣੀ ਹਾਜ਼ਰੀ ਦਰਜ ਕਰਵਾਈ ਸੀ। ਸ਼ਰੇਆਂਸ਼ ਦੇ ਪਿਤਾ ਇੰਜੀਨਿਅਰ ਨਵਜੀਤ ਸਿੰਘ ਧੀਮਾਨ ਨੇ ਦੱਸਿਆ ਕਿ ਸ਼ਰੇਆਂਸ਼ ਦਾ ਸੁਪਨਾ ਕਰਾਟੇ ਖੇਡ ਵਿੱਚ ਬਲੈਕ ਬੈਲਟ ਜਿੱਤਣ ਦਾ ਹੈ ਅਤੇ ਕ੍ਰਿਕਟ ਵਿਚ ਵੀ ਦਿਲਚਸਪੀ ਰੱਖਦਾ ਹੈ ਅਤੇ ਅੱਗੇ ਇਸ ਦੇ ਨਾਲ ਨਾਲ ਕ੍ਰਿਕਟ ਅਕੈਡਮੀ ਵਿਚ ਦਾਖਲਾ ਲੈ ਕੇ ਕ੍ਰਿਕਟ ਵਿੱਚ ਵੀ ਹੱਥ ਅਜਮਾਉਣਾ ਚਾਹੁੰਦਾ ਹੈ। ਇਸ ਮੌਕੇ ਤੇ ਸ਼ਰੇਆਂਸ਼ ਦੇ ਪਰਿਵਾਰ ਨੂੰ ਵਧਾਈ ਦੇਣ ਵਾਲਿਆਂ ਦਾ ਤਾਂਤਾ ਲਗਿਆ ਰਿਹਾ। ਇਸ ਮੌਕੇ ਤੇ ਪਰਿਵਾਰ ਨੂੰ ਪਰਿਵਾਰਿਕ ਰਿਸ਼ਤੇਦਾਰਾਂ ਤੋਂ ਇਲਾਵਾ ਤੇਜ ਪ੍ਰਕਾਸ਼ ਖਾਸਾ, ਨਰੇਸ਼ ਧੌਲ, ਸਮਰਦੀਪ ਸਿੰਘ, ਸੁਰਜੀਤ ਸਿੰਘ,ਅਸ਼ਵਨੀ ਸ਼ਰਮਾ, ਮੋਹਿਤ ਕੁਮਾਰ, ਜਤਿੰਦਰਪਾਲ ਸਿੰਘ ਕਲੇਰ, ਜਸਵਿੰਦਰ ਮਜਾਰਾ, ਮੋਹਨ ਲਾਲ, ਜਗਤਾਰ ਸਿੰਘ, ਜਸਵਿੰਦਰ ਬੈਂਸ, ਵਿਜੈ ਰਾਣਾ, ਰਵਿੰਦਰ ਰਾਣਾ ਅਤੇ ਦੀਦਾਰ ਸਿੰਘ ਤੋਂ ਇਲਾਵਾ ਹੋਰਾਂ ਨੇ ਵੀ ਵਧਾਈ ਦਿੱਤੀ।

# ਸਿਲਵਰ ਓਕ ਸਕੂਲ ਦੀ ਅੰਡਰ 17 ਤੇ 19 ਦੀ ਚੈੱਸ ਟੀਮ ਨੇ ਜਿੱਤੇ ਗੋਲਡ ਮੈਡਲ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**-ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜਪੁਰ ਖਿਡਾਰੀਆਂ ਨੇ ਪੰਜਾਬ ਬੋਰਡ ਜ਼ੋਨਲ ਖੇਡਾਂ ਵਿੱਚ ਬਾ-ਕਮਾਲ ਪ੍ਰਦਰਸ਼ਨ ਕਰਦੇ ਹੋਏ ਅੰਡਰ 17 ਅਤੇ 19 ਚੈੱਸ ਮੁਕਾਬਲਿਆਂ ਵਿੱਚ ਦੋਵੇਂ ਕੈਟਾਗਰੀਆਂ ਵਿੱਚ ਗੋਲਡ ਮੈਡਲ ਜਿੱਤੇ । ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਅਤੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਖਿਡਾਰੀਆਂ ਅਤੇ ਉਹਨਾਂ ਦੇ ਕੋਚ ਸਾਹਿਬਾਨ ਨੂੰ ਉਹਨਾਂ ਦੀ ਇਸ ਉਪਲਬਧੀ ਤੇ ਮੁਬਾਰਕਬਾਦ ਦਿੱਤੀ । ਇਸ ਮੌਕੇ ਤੇ ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਨੇ ਕਿਹਾ ਕਿ ਸਕੂਲ ਦੇ ਖੇਡ ਵਿਭਾਗ ਦੀ ਵਧੀਆ ਕੋਚਿੰਗ ਅਤੇ ਤਮਾਮ ਖਿਡਾਰੀਆਂ ਦੀ ਅਣਥੱਕ ਮਿਹਨਤ ਸਦਕਾ ਬੱਚਿਆਂ ਨੇ ਜ਼ੋਨਲ ਪੰਜਾਬ ਬੋਰਡ ਖੇਡਾਂ ਦੇ ਵਿੱਚ ਲਗਾਤਾਰ ਵਧੀਆ ਪ੍ਰਦਰਸ਼ਨ ਕੀਤਾ ਹੈ

। ਪ੍ਰਿੰਸੀਪਲ ਮੁਨੀਸ਼ਾ ਸੰਗਰ ਦੱਸਿਆ ਕਿ ਅੰਡਰ 17 ਕੈਟਾਗਰੀ ਦੇ ਵਿੱਚ ਰਿਧਮ, ਗੁਰਮਨਦੀਪ, ਗੁਰਸੇਵਕ, ਸਾਹਿਬ ਜੋਤ ਅਤੇ ਜਤਿਨਪ੍ਰੀਤ ਨੇ ਸੈਂਟ ਮੈਰੀ ਸਕੂਲ ਸ਼ਾਹਬਾਜ਼ਪੁਰ ਅਤੇ ਅੰਡਰ 19 ਕੈਟਾਗਰੀ ਦੇ ਵਿੱਚ ਅਮਿਤ ਜੋਤ, ਤਰਨਪ੍ਰੀਤ, ਵਿਸ਼ਵਪ੍ਰੀਤ, ਹੁਸਨਦੀਪ ਅਤੇ ਮਨਰਾਜ ਨੇ ਡਿਪਸ ਸਕੂਲ ਟਾਂਡਾ ਦੀ ਟੀਮਾਂ ਨੂੰ ਪਛਾੜ ਕੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਸਕੂਲ ਦੇ ਲਈ ਗੋਲਡ ਮੈਡਲ ਹਾਸਿਲ ਕੀਤੇ।

ਉਹਨਾਂ ਕਿਹਾ ਕਿ ਬੱਚਿਆਂ ਦੇ ਵਧੀਆ ਭਵਿੱਖ ਦੇ ਲਈ ਜ਼ਰੂਰੀ ਹੈ ਕਿ ਪੜ੍ਹਾਈ ਦੇ ਨਾਲ ਨਾਲ ਉਹ ਖੇਡਾਂ ਵਿੱਚ ਵੀ ਹਿੱਸਾ ਲੈਣ ਤਾਂ ਕਿ ਦਿਮਾਗੀ ਪੱਖੋਂ ਅਤੇ ਸਰੀਰਕ ਪੱਖੋਂ ਸਾਡੇ ਬੱਚੇ ਮਜਬੂਤ ਹੋ ਸਕਣ ਅਤੇ ਭਵਿੱਖ ਵਿੱਚ ਆਪਣੇ ਇਲਾਕੇ, ਮਾਂ-ਬਾਪ ਅਤੇ ਸਕੂਲ ਦਾ ਨਾਮ ਰੌਸ਼ਨ ਕਰ ਸਕਣ।ਇਸ ਮੌਕੇ ਮੈਨੇਜਰ ਗਜਿੰਦਰਪਾਲ ਸਿੰਘ, ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਸੰਜੀਵ ਕੁਮਾਰ ਸ਼ਰਮਾ, ਸੁਰੇਸ਼, ਬਲਦੇਵ, ਅਰਚਨਾ, ਮਮਤਾ, ਦਮਨ ਹਰਮਿੰਦਰ, ਗੁਰਪ੍ਰੀਤ, ਰਾਜਵੀਰ ਕੌਰ, ਹਰਜੀਤ ਕੌਰ, ਗੁਰਦੇਵ ਸਿੰਘ, ਹਰਜੀਤ ਸਿੰਘ ਤੇ ਬਾਕੀ ਸਟਾਫ ਮੈਂਬਰ ਮੌਜੂਦ ਸਨ।

# ਨਸ਼ਾ ਸਿਰਫ ਵਿਅਕਤੀ ਨੂੰ ਨਹੀਂ ਪੂਰੇ ਪਰਵਾਰ ਨੂੰ ਤਬਾਹ ਕਰਦਾ : ਚੱਬੇਵਾਲ



**ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ)**-ਪਿੰਡ ਖੈਰੜ ਰਾਵਲ ਬੱਸੀ ਦੀ ਧਰਤੀ ਤੇ ਲੋਕ ਐਤਵਾਰ ਨੂੰ ਇੱਕ ਖਾਸ ਮਕਸਦ ਨਸ਼ੇ ਦੇ ਖਿਲਾਫ ਜਨਜਾਗਰਣ ਲਈ ਇਕੱਠੇ ਹੋਏ। ਇਸ ਮੌਕੇ ਹੁਸ਼ਿਆਰਪੁਰ ਤੋਂ ਮੈਂਬਰ ਲੋਕ ਸਭਾ ਡਾ. ਰਾਜਕੁਮਾਰ ਚੱਬੇਵਾਲ ਨੇ ਪਿੰਡ ਵਾਸੀਆਂ ਨੂੰ ਨਸ਼ੇ ਦੇ ਨੁਕਸਾਨਾਂ ਬਾਰੇ ਜਾਗਰੂਕ ਕਰਦਿਆਂ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਆਪਣਾ ਭਵਿੱਖ ਨਸ਼ੇ ਦੀ ਲਤ ਵਿੱਚ ਨਾ ਗੁਆਉਣ। ਡਾ. ਚੱਬੇਵਾਲ ਨੇ ਕਿਹਾ, "ਨਸ਼ਾ ਸਿਰਫ ਇੱਕ ਵਿਅਕਤੀ ਨੂੰ ਨਹੀਂ, ਪੂਰੇ ਪਰਵਾਰ ਅਤੇ ਸਮਾਜ ਨੂੰ ਤਬਾਹ ਕਰਦਾ ਹੈ। ਸਾਨੂੰ ਇਹ ਬੁਰਾਈ ਮਿਲ ਕੇ ਖਤਮ ਕਰਨੀ ਹੋਵੇਗੀ।"ਇਸ ਸਮਾਗਮ ਦੌਰਾਨ ਚੱਬੇਵਾਲ ਤੋਂ ਵਿਧਾਇਕ ਡਾ. ਈਸਾਂਕ ਨੇ ਵੀ ਆਪਣਾ ਸੰਦੇਸ਼ ਭੇਜਿਆ। ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਿੱਖਿਆ, ਸਿਹਤ ਅਤੇ ਖੇਡਾਂ ਰਾਹੀਂ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਰੱਖਣ ਅਤੇ ਉਨ੍ਹਾਂ ਲਈ ਚੰਗਾ ਭਵਿੱਖ ਤਿਆਰ ਕਰਨ ਲਈ ਸਰਕਾਰ ਵਚਨਬੱਧ ਹੈ। ਉਨ੍ਹਾਂ ਕਿਹਾ, "ਇਹ ਸੰਦੇਸ਼ ਹਰ ਘਰ ਤੱਕ ਪਹੁੰਚਣਾ ਚਾਹੀਦਾ ਹੈ ਕਿ ਸਰਕਾਰ ਤੁਹਾਡੇ ਨਾਲ ਖੜੀ ਹੈ, ਸਿਰਫ ਤੁਹਾਨੂੰ ਵੀ ਇਕ ਕਦਮ ਚੁੱਕਣਾ ਹੋਵੇਗਾ।" ਇਸ ਮੌਕੇ ਪਿੰਡ ਦੀਆਂ ਮਹਿਲਾਵਾਂ ਨੇ ਵੀ ਵੱਡੀ ਗਿਣਤੀ 'ਚ ਹਿੱਸਾ ਲੈ ਕੇ ਦੱਸ ਦਿੱਤਾ ਕਿ ਸਮਾਜਿਕ ਬਦਲਾਅ ਲਈ ਅੱਜ ਹਰ ਵਰਗ ਤਿਆਰ ਹੈ।

ਸਮਾਗਮ ਵਿੱਚ ਸਰਪੰਚ ਮੰਜੂ ਬਾਲਾ, ਪੰਚ ਰਾਮ ਸਿੰਘ, ਕੁਲਵਿੰਦਰ ਸਿੰਘ, ਪ੍ਰਵੀਨ ਰਾਣੀ, ਬਲਜੀਤ ਕੌਰ, ਰਾਜਿੰਦਰ ਕੌਰ, ਸਦੀਪ ਸਹੋਤਾ, ਸਤਪਾਲ ਸਿੰਘ, ਆਬਾਦ ਅਲੀ, ਬਰਿੰਦਰ ਸਿੰਘ, ਸਰਪੰਚ ਗੀਤਾ ਦੇਵੀ (ਅੱਛਰਵਾਲ), ਰਾਕੇਸ਼ ਕੁਮਾਰ, ਬਲਜੀਤ ਕੋਟ, ਬਿਰਲਾ ਸੇਠ, ਮੋਹਿੰਦਰ ਸਿੰਘ ਭੰਬੋ ਅਤੇ ਸ਼ੁਭਮ ਗੁਮਿਆਲਾ ਆਦਿ ਹਾਜ਼ਰ ਸਨ।

# ਵਰ੍ਹਦੇ ਮੀਂਹ 'ਚ ਹਜ਼ਾਰਾਂ ਲੋਕਾਂ ਨੇ ਅਕਾਲੀ ਦਲ ਦੇ ਜ਼ਮੀਨ ਹੜੱਪਣ ਵਿਰੁੱਧ ਰੋਸ ਧਰਨੇ 'ਚ ਕੀਤੀ ਸ਼ਮੂਲੀਅਤ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਵਰ੍ਹਦੇ ਮੀਂਹ ਦੀ ਪਰਵਾਹ ਨਾ ਕਰਦਿਆਂ ਭਾਰੀ ਟਰੈਫਿਕ ਦੇ ਬਾਵਜੂਦ ਹਜ਼ਾਰਾਂ ਕਿਸਾਨਾਂ ਅਤੇ ਜ਼ਮੀਨ ਮਾਲਕਾਂ ਨੇ ਅਕਾਲੀ ਦਲ ਵੱਲੋਂ ਅਰਵਿੰਦ ਕੇਜਰੀਵਾਲ ਦੀ ਜ਼ਮੀਨ ਹੜੱਪਣ ਦੀ ਸਕੀਮ ਵਿਰੁੱਧ ਇਥੇ ਦਿੱਤੇ ਗਏ ਰੋਸ ਧਰਨੇ ਵਿਚ ਸ਼ਮੂਲੀਅਤ ਕੀਤੀ। ਧਰਨੇ ਵਿਚ ਐਸ ਏ ਐਸ ਨਗਰ (ਮੁਹਾਲੀ), ਰੋਪੜ ਅਤੇ ਫਤਿਹਗੜ੍ਹ ਸਾਹਿਬ ਦੇ ਲੋਕਾਂ ਨੇ ਸ਼ਮੂਲੀਅਤ ਕੀਤੀ। ਹੁਣ ਅਗਲਾ ਧਰਨਾ 4 ਅਗਸਤ ਨੂੰ ਬਠਿੰਡਾ ਵਿਚ ਦਿੱਤਾ ਜਾਵੇਗਾ।ਇਸ ਜ਼ਮੀਨ ਹੜੱਪਣ ਦੀ ਸਕੀਮ ਵਿਰੁੱਧ ਧਰਨੇ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਪੰਜਾਬ ਦੀ ਆਪ ਸਰਕਾਰ ਦੇ ਦਿੱਲੀ ਆਕਾਵਾਂ ਵੱਲੋਂ ਮਚਾਈ ਜ਼ਮੀਨ ਦੀ ਲੁੱਟ ਦਾ ਇਤਿਹਾਸ ਵਿਚ ਕੋਈ ਸਾਨੀ ਨਹੀਂ ਹੈ। ਉਹਨਾਂ ਕਿਹਾ ਕਿ ਇਸ ਪਿੱਛੇ ਵਿਕਾਸ ਦਾ ਕੋਈ ਤਰਕ ਨਹੀਂ ਹੈ। ਉਹਨਾਂ ਕਿਹਾ ਕਿ ਮੁਹਾਲੀ ਵਿਚ ਐਰੋਟਰੋਪੋਲਿਕ ਪ੍ਰਾਜੈਕਟ ਲਈ ਐਕਵਾਇਰ ਕੀਤੀ 2000 ਏਕੜ ਜ਼ਮੀਨ ਹਾਲੇ ਤੱਕ ਵਰਤੋਂ ਵਿਚ ਨਹੀਂ ਲਿਆਂਦੀ ਗਈ ਜਦੋਂ ਕਿ ਸਰਕਾਰ 3535 ਏਕੜ ਜ਼ਮੀਨ ਹੋਰ ਐਕਵਾਇਰ ਕਰਨਾ ਚਾਹੁੰਦੀ ਹੈ।ਅਕਾਲੀ ਦਲ ਦੇ ਪ੍ਰਧਾਨ ਨੇ ਮੁੜ ਦੁਹਰਾਇਆ ਕਿ ਉਹਨਾਂ ਦੀ ਪਾਰਟੀ ਸਰਕਾਰ ਨੂੰ ਕਿਸਾਨਾਂ ਦੀ ਇਕ ਇੰਚ ਵੀ ਜ਼ਮੀਨ ਐਕਵਾਇਰ ਨਹੀਂ ਕਰਨ ਦੇਵੇਗੀ। ਉਹਨਾਂ ਕਿਹਾ ਕਿ ਮੈਂ ਕੋਈ ਵੀ ਸ਼ਹਾਦਤ ਦੇਣ ਵਾਸਤੇ ਤਿਆਰ ਹਾਂ ਪਰ ਕਿਸਾਨਾਂ ਦੀ ਸਹਿਮਤੀ ਤੋਂ ਬਗੈਰ ਸਰਕਾਰ ਨੂੰ ਇਕ ਇੰਚ ਵੀ ਜ਼ਮੀਨ ਨਹੀਂ ਲੈਣ ਦਿੱਤੀ ਜਾਵੇਗੀ। ਬਾਦਲ ਨੇ ਇਹ ਵੀ ਕਿਹਾ ਕਿ ਸਰਕਾਰ ਨੇ ਚੇਂਜ ਆਫ ਲੈਂਡ ਯੂਜ਼ (ਸੀ ਐਲ ਯੂ) ਦਾ ਮੌਲਿਕ ਅਧਿਕਾਰ ਕਿਸਾਨਾਂ ਤੋਂ ਖੋਹ ਲਿਆ ਹੈ ਤੇ ਉਹਨਾਂ ਇਲਾਕਿਆਂ ਵਿਚ ਵੀ ਅਜਿਹਾ ਕੀਤਾ ਜਾ ਰਿਹਾ ਹੈ ਜਿਥੇ ਜ਼ਮੀਨ ਹਾਲੇ ਐਕਵਾਇਰ ਹੀ ਨਹੀਂ ਹੋਈ ਪਰ ਸਰਕਾਰ ਲਾਲਸਾ ਰੱਖਦੀ ਹੈ। ਉਹਨਾਂ ਕਿਹਾ ਕਿ ਕਿਸਾਨਾਂ ਨੂੰ ਆਪਣੀ ਜ਼ਮੀਨ ਦੇ ਅਜਿਹੇ ਅਧਿਕਾਰ ਤੋਂ ਵਾਂਝੇ ਕਰਨ ਦੀ ਅਜਿਹੀ ਕੋਈ ਉਦਾਹਰਣ ਪਹਿਲਾਂ ਵੇਖਣ ਨੂੰ ਨਹੀਂ ਮਿਲੀ। ਉਹਨਾਂ ਕਿਹਾ ਕਿ ਇਹਨਾਂ ਇਲਾਕਿਆਂ ਵਿਚ ਸੀ ਐਲ ਯੂ 'ਤੇ ਪਾਬੰਦੀ ਲਗਾਉਣ ਦੇ ਤਹਿਸੀਲਦਾਰਾਂ ਨੇ ਪਹਿਲਾਂ ਹੀ ਹੁਕਮ ਜਾਰੀ ਕਰ ਦਿੱਤੇ ਹਨ।ਅਕਾਲੀ ਦਲ ਦੇ ਪ੍ਰਧਾਨ ਨੇ ਹੋਰ ਕਿਹਾ ਕਿ ਉਹਨਾਂ ਨੂੰ ਸੂਬੇ ਵਿਚ ਹਰ ਪ੍ਰਭਾਵਤ ਖੇਤਰ ਤੋਂ ਜ਼ਮੀਨ ਮਾਲਕਾਂ ਵੱਲੋਂ ਕੇਜਰੀਵਾਲ ਦੀ ਜ਼ਮੀਨ ਹੜੱਪ ਕਰਨ ਦੀ ਨੀਤੀ ਖਿਲਾਫ ਮਤੇ ਪ੍ਰਾਪਤ ਹੋ ਰਹੇ ਹਨ।ਇਸ ਮੌਕੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ, ਐਨ ਕੇ ਸ਼ਰਮਾ, ਹੀਰਾ ਸਿੰਘ ਗਾਬੜੀਆ, ਪਰਮਿੰਦਰ ਸਿੰਘ ਸੋਹਾਣਾ, ਗੁਰਪ੍ਰੀਤ ਸਿੰਘ ਰਾਜੂ ਖੰਨਾ, ਸਰਬਜੀਤ ਸਿੰਘ ਝਿੰਜਰ, ਸੋਹਣ ਸਿੰਘ ਠੰਢਲ, ਦਰਬਾਰਾ ਸਿੰਘ ਗੁਰੂ, ਅਰਸ਼ਦੀਪ ਸਿੰਘ ਕਲੇਰ, ਰਣਬੀਰ ਸਿੰਘ ਐਸ ਓ ਆਈ, ਗੁਲਜ਼ਾਰੀ ਮੂਣਕ, ਕੁਲਦੀਪ ਕੌਰ ਕੰਗ, ਚਰਨਜੀਤ ਸਿੰਘ ਕਾਲੇਵਾਲ, ਬਲਜੀਤ ਸਿੰਘ ਭੁੱਟਾ, ਰਵਿੰਦਰ ਖੇੜਾ ਅਤੇ ਜਸਬੀਰ ਕੌਰ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ।

# ਰਿਆਤ ਬਾਹਰਾ ਸਕੂਲ 'ਚ ਤੀਜ ਤਿਉਹਾਰ ਜੋਸ਼ ਨਾਲ ਮਨਾਇਆ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਰਿਆਤ ਬਾਹਰਾ (10+2) ਸਕੂਲ ਵਿੰਗ ਵਿੱਚ ਤੀਜ ਤਿਉਹਾਰ ਰਵਾਇਤੀ ਅਤੇ ਸੱਭਿਆਚਾਰਕ ਜੋਸ਼ ਨਾਲ ਮਨਾਇਆ ਗਿਆ। ਇਹ ਸਮਾਗਮ ਭਾਰਤੀ ਸੱਭਿਆਚਾਰ ਦੀ ਅਮੀਰ ਵਿਰਾਸਤ ਨੂੰ ਸੰਭਾਲਣ ਅਤੇ ਵਿਦਿਆਰਥੀਆਂ ਵਿੱਚ ਸਿਰਜਣਾਤਮਕਤਾ ਅਤੇ ਆਤਮ-ਵਿਸ਼ਵਾਸ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਆਯੋਜਿਤ ਕੀਤਾ ਗਿਆ ਸੀ। ਸਕੂਲ ਨੂੰ ਰਵਾਇਤੀ ਸਜਾਵਟ ਨਾਲ ਸਜਾਇਆ ਗਿਆ ਸੀ ਅਤੇ ਇੱਕ ਵਿਸ਼ੇਸ਼ ਸੱਭਿਆਚਾਰਕ ਇਕੱਠ ਦਾ ਆਯੋਜਨ ਕੀਤਾ ਗਿਆ ਸੀ। ਵਿਦਿਆਰਥੀਆਂ ਨੇ ਰਵਾਇਤੀ ਪੰਜਾਬੀ ਪਹਿਰਾਵੇ ਵਿੱਚ ਰੰਗੀਨ ਪੇਸ਼ਕਾਰੀਆਂ ਦਿੱਤੀਆਂ, ਜਿਸ ਵਿੱਚ ਗੀਤ, ਭਾਸ਼ਣ, ਗਿੱਧਾ ਨਾਚ ਅਤੇ ਮਹਿੰਦੀ ਕਲਾ ਸ਼ਾਮਲ ਸੀ। ਉਨ੍ਹਾਂ ਦੀਆਂ ਪੇਸ਼ਕਾਰੀਆਂ ਨੇ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ ਅਤੇ ਪੂਰੇ ਕੈਂਪਸ ਨੂੰ ਤਿਉਹਾਰ ਦੇ ਰੰਗਾਂ ਨਾਲ ਭਰ ਦਿੱਤਾ।ਪ੍ਰੋਗਰਾਮ ਦੌਰਾਨ, ਵਿਦਿਆਰਥੀਆਂ ਨੂੰ ਉਨ੍ਹਾਂ ਦੀ ਪ੍ਰਤਿਭਾ ਅਤੇ ਪੇਸ਼ਕਾਰੀ ਦੇ ਆਧਾਰ 'ਤੇ ਵਿਸ਼ੇਸ਼ ਖਿਤਾਬਾਂ ਨਾਲ ਸਨਮਾਨਿਤ ਕੀਤਾ ਗਿਆ। ਜੈਸਿਕਾ ਚੁੰਬਰ ਨੂੰ ਮਿਸ ਤੀਜ ਦਾ ਖਿਤਾਬ, ਗੁਰਦੀਪ ਨੂੰ ਸੋਹਣੀ ਸਰਦਾਰਨੀ ਦਾ ਖਿਤਾਬ, ਕਰਨਲੀਨ ਕੌਰ ਨੂੰ ਸੋਹਣੀ ਮੁਟਿਆਰ ਦਾ ਖਿਤਾਬ, ਜਸਕਰਨਪ੍ਰੀਤ ਨੂੰ ਗਿੱਧਾ ਕਵੀਨ ਦਾ ਖਿਤਾਬ, ਹਸ਼ਮੀਤ ਹਰਮਨ ਨੂੰ ਮਾਣ ਵਾਲੀ ਪੰਜਾਬੀ ਦਾ ਖਿਤਾਬ, ਨਵਜੋਤ ਕੌਰ ਨੂੰ ਦੇਸੀ ਗਰਲ ਦਾ ਖਿਤਾਬ, ਅਖ ਕਾਸ਼ਨੀ ਅਤੇ ਹਰਜੋਤ ਵਿਰਦੀ ਨੂੰ ਚਾਂਦ ਵਰਗੀ ਦਾ ਖਿਤਾਬ, ਏਕਤਾ ਨੂੰ ਰੂਪ ਦੀ ਰਾਣੀ ਦਾ ਖਿਤਾਬ ਅਤੇ ਅਲੀਸ਼ਾ ਨੂੰ ਪ੍ਰਾਪਰ ਪਟੋਲਾ ਦਾ ਖਿਤਾਬ ਦਿੱਤਾ ਗਿਆ। ਸਕੂਲ ਪ੍ਰਿੰਸੀਪਲ ਪ੍ਰੇਮ ਲਤਾ ਰਾਣਾ ਨੇ ਵਿਦਿਆਰਥੀਆਂ ਦੀ ਪ੍ਰਤਿਭਾ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਸੱਭਿਆਚਾਰਕ ਜੜ੍ਹਾਂ ਨਾਲ ਜੋੜਨ ਅਤੇ ਉਨ੍ਹਾਂ ਦੀਆਂ ਰਚਨਾਤਮਕ ਯੋਗਤਾਵਾਂ ਨੂੰ ਵਧਾਉਣ ਲਈ ਇੱਕ ਸ਼ਕਤੀਸ਼ਾਲੀ ਮਾਧਿਅਮ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਉਤਸ਼ਾਹ ਨਾਲ ਹਿੱਸਾ ਲੈਣ ਅਤੇ ਆਪਣੀ ਪ੍ਰਤਿਭਾ ਨੂੰ ਨਿਖਾਰਨ ਲਈ ਪ੍ਰੇਰਿਤ ਕੀਤਾ।

# ਜਨਮ ਅਸ਼ਟਮੀ ਮੌਕੇ ਵਿਸ਼ਾਲ ਸ਼ੋਭਾ ਯਾਤਰਾ 13 ਨੂੰ



**ਬਲਾਚੌਰ (ਜਸਵਿੰਦਰ ਬੈਂਸ)**-ਸਨਾਤਨ ਧਰਮ ਸਭਾ ਬਲਾਚੌਰ ਦੀ ਜ਼ਰੂਰੀ ਮੀਟਿੰਗ ਸ਼੍ਰੀ ਬਾਬਾ ਬਲਰਾਜ ਮੰਦਰ ਬਲਾਚੌਰ ਵਿਖੇ ਹੋਈ। ਰਾਣਾ ਰਣਦੀਪ ਕੌਸ਼ਲ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਸਨਾਤਨ ਧਰਮ ਸਭਾ ਦੇ ਮੈਂਬਰਾਂ ਅਤੇ ਅਹੁਦੇਦਾਰਾਂ ਤੋਂ ਇਲਾਵਾ ਇਲਾਕੇ ਦੀਆਂ ਵੱਖ-ਵੱਖ ਮੰਦਰ ਕਮੇਟੀਆਂ ਦੇ ਨੁਮਾਇੰਦਿਆਂ ਨੇ ਭਾਗ ਲਿਆ। ਮੀਟਿੰਗ ਦੌਰਾਨ ਸਨਾਤਨ ਧਰਮ ਸਭਾ ਬਲਾਚੌਰ ਵੱਲੋਂ ਅਗਸਤ ਮਹੀਨੇ ਵਿੱਚ ਸਭਾ ਵਲੋਂ ਕੀਤੇ ਜਾਣ ਵਾਲੇ ਧਾਰਮਿਕ ਕੰਮਾਂ ਸਬੰਧੀ ਚਰਚਾ ਕੀਤੀ ਗਈ ।ਸਭਾ ਦੇ ਜਨਰਲ ਸਕੱਤਰ ਪਰਮਜੀਤ ਰੱਤੇਵਾਲੀਆ ਨੇ ਦੱਸਿਆ ਕਿ ਮੀਟਿੰਗ ਦੌਰਾਨ ਸਰਬ ਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਸਭਾ ਵੱਖ-ਵੱਖ ਮੰਦਰ ਕਮੇਟੀਆਂ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮੌਕੇ ਸ਼ਹਿਰ ਵਿਖੇ 13 ਅਗਸਤ ਨੂੰ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਜਾਵੇਗੀ। ਉਹਨਾਂ ਦੱਸਿਆ ਕਿ ਇਸ ਸ਼ੋਭਾ ਯਾਤਰਾ ਵਿੱਚ ਸਮੂਹ ਇਲਾਕਾ ਨਿਵਾਸੀਆਂ ਅਤੇ ਸ਼ਰਧਾਲੂਆਂ ਦੀ ਖੁਸ਼ਹਾਲੀ ਅਤੇ ਵਾਤਾਵਰਣ ਵਿੱਚ ਸਕਾਰਾਤਮਕ ਊਰਜਾ ਦੇ ਸੰਚਾਰ ਲਈ 108 ਪਵਿੱਤਰ ਕਲਸ਼ ਸਜਾਏ ਜਾਣਗੇ ਅਤੇ ਇਲਾਕੇ ਦੇ ਪ੍ਰਮੁੱਖ ਸੰਤ ਅਤੇ ਮਹਾਂਪੁਰਖ ਵੀ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਣਗੇ। ਇਸ ਮੌਕੇ ਜਗਦੀਸ਼ ਕਪਿਲ, ਅਨਿਲ ਕੁਮਾਰ, ਸੁਰਿੰਦਰ ਪਨੇਸਰ, ਪ੍ਰਦੀਪ ਰਾਣਾ, ਜੋਗਿੰਦਰ ਸਿੰਘ ਸੋਹਣਪਾਲ, ਪੰਡਿਤ ਲੇਖਰਾਜ, ਬਲਵੰਤ ਕਿਸ਼ੋਰ, ਪ੍ਰਦੀਪ ਨਾਗਪਾਲ, ਲਲਿਤ ਰਾਣਾ, ਗਗਨਦੀਪ ਸਿੰਘ, ਸੁਰੇਸ਼ ਰਾਣਾ, ਸੋਮਨਾਥ ਤੱਕਲਾ, ਨੰਦ ਕਿਸ਼ੋਰ ਅਤੇ ਸੁਭਾਸ਼ ਰਾਣਾ ਆਦਿ ਪਤਵੰਤੇ ਹਾਜਰ ਸਨ।

# ਸਰਕਾਰੀ ਮਿਡਲ ਸਕੂਲ ਖੇੜਾ ਵਿਖੇ ਵਾਤਾਵਰਣ ਜਾਗਰੂਕਤਾ ਸਮਾਰੋਹ ਕਰਵਾਇਆ



**ਫਗਵਾੜਾ (ਜਸਵਿੰਦਰ ਢੱਡਾ)**-ਵਾਤਾਵਰਣ ਸੰਭਾਲ਼ ਪ੍ਰਤੀ ਵਿਦਿਆਰਥੀਆਂ ਵਿੱਚ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ ਫ਼ਰੈਂਡਜ਼ ਇਨਵਾਇਰਮੈਂਟ ਐਂਡ ਸੋਸ਼ਲ ਅਸੈਸੋਸੀਏਸ਼ਨ ਫਗਵਾੜਾ ਦੇ ਚੇਅਰਮੈਨ ਲਸ਼ਕਰ ਸਿੰਘ ਢੰਡਵਾੜਵੀ ਅਤੇ ਖ਼ਜਾਨਚੀ ਪਿਆਰਾ ਸਿੰਘ ਵਿਸ਼ੇਸ਼ ਤੌਰ 'ਤੇ ਸਰਕਾਰੀ ਮਿਡਲ ਸਕੂਲ ਖੇੜਾ ਵਿਖੇ ਪਹੁੰਚੇ। ਉਨ੍ਹਾਂ ਵੱਲੋਂ ਸਕੂਲ ਦੇ ਵਿਹੜੇ ਵਿੱਚ ਮਨੀ ਪਲਾਂਟ, ਕੜੀ ਪੱਤਾ, ਡੇਕ, ਤੋੜ, ਸੁਹੰਜਨਾ, ਪੱਥਰ ਚੱਟ, ਲਾਜਵੰਤੀ, ਜੇਡ,ਕੁੱਕੜ ਕਲਗੀ,ਨਿੰਮ ਆਦਿ ਦੇ ਲਾਭਦਾਇਕ ਪੌਦੇ ਲਗਾਏ ਗਏ।ਉਨ੍ਹਾਂ ਆਪਣੇ ਭਾਸ਼ਣ ਵਿਚ ਬੱਚਿਆਂ ਨੂੰ ਸਮਝਾਇਆ ਕਿ ਭਾਰਤ ਦੇ 47% ਲੋਕ ਖੇਤੀ 'ਤੇ ਨਿਰਭਰ ਹਨ, ਪਰ ਜ਼ਮੀਨ ਦੀ ਉਪਜਾਊ ਸ਼ਕਤੀ ਘਟ ਰਹੀ ਹੈ। ਉਨ੍ਹਾਂ ਨੇ ਮਿੱਟੀ, ਪਾਣੀ, ਰੁੱਖਾਂ ਅਤੇ ਹਵਾ ਦੀ ਮਹੱਤਤਾ ਉਤੇ ਵਿਗਿਆਨਕ ਤੱਥਾਂ ਸਹਿਤ ਰੋਸ਼ਨੀ ਪਾਈ। ਉਨ੍ਹਾਂ ਦੁਬਈ ਅਤੇ ਰਾਜਸਥਾਨ ਦੀਆਂ ਉਦਾਹਰਣਾਂ ਦੇ ਕੇ ਦੱਸਿਆ ਕਿ ਕਿਵੇਂ ਉਥੇ ਥੋੜ੍ਹੇ ਜਿਹੇ ਪਾਣੀ ਨਾਲ ਵੀ ਹਰੇ-ਭਰੇ ਇਲਾਕੇ ਬਣਾਏ ਜਾ ਰਹੇ ਹਨ।ਉਹਨਾਂ ਨੇ ਬੱਚਿਆਂ ਨੂੰ ਘਰ,ਖੇਤ,ਧਰਤੀ ਅਤੇ ਗਮਲਿਆਂ ਵਿੱਚ ਲਗਾਏ ਜਾਣ ਵਾਲੇ ਛਾਂਦਾਰ,ਫਲਦਾਰ ਅਤੇ ਦਵਾਈ ਦੇ ਕੰਮ ਆਉਣ ਵਾਲੇ ਪੌਦਿਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਰੁੱਖਾਂ ਦੀ ਸੰਭਾਲ਼, ਦੇਸੀ ਖਾਦ ਅਤੇ ਇਸ ਦੀ ਉਪਯੋਗਤਾ ਬਾਰੇ ਵਿਸਥਾਰ ਨਾਲ ਦੱਸਿਆ।ਸਕੂਲ ਇੰਚਾਰਜ ਕਮਲੇਸ਼ ਸੰਧੂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਲਗਾਤਾਰ ਵੱਧ ਰਹੇ ਤਾਪਮਾਨ, ਬੇਮੌਸਮੀ ਮੀਂਹ ਅਤੇ ਪ੍ਰਦੂਸ਼ਣ ਦੇ ਵਾਧੇ ਦੀ ਇਕ ਵੱਡੀ ਵਜ੍ਹਾ ਪੌਦਿਆਂ ਦੀ ਕਮੀ ਹੈ।

ਉਨ੍ਹਾਂ ਬੱਚਿਆਂ ਨੂੰ ਉਤਸ਼ਾਹਿਤ ਕੀਤਾ ਕਿ ਉਹ ਖ਼ਾਲੀ ਪਈਆਂ ਸਭ ਥਾਵਾਂ 'ਤੇ ਪੌਦੇ ਲਗਾ ਕੇ ਉਹਨਾਂ ਦੇ ਵੱਡੇ ਰੁੱਖ ਬਣਨ ਤੱਕ ਉਹਨਾਂ ਦੀ ਦੇਖਭਾਲ਼ ਵੀ ਕਰਨ ਅਤੇ ਆਪੋ-ਆਪਣੇ ਪਰਵਾਰ ਨੂੰ ਵੀ ਇਸ ਮਿਸ਼ਨ ਵਿੱਚ ਸ਼ਾਮਲ ਕਰਨ।ਬੱਚਿਆਂ ਵੱਲੋਂ ਵੀ ਪੌਦੇ ਲਗਾ ਕੇ ਇਹ ਪ੍ਰਣ ਕੀਤਾ ਗਿਆ ਕਿ ਉਹ ਨਾ ਸਿਰਫ਼ ਨਵੇਂ ਰੁੱਖ ਲਗਾਉਣਗੇ, ਸਗੋਂ ਉਨ੍ਹਾਂ ਦੀ ਸੰਭਾਲ ਵੀ ਕਰਦੇ ਰਹਿਣਗੇ।

ਸਭ ਪੌਦੇ ਢੰਡਵਾੜਵੀ ਅਤੇ ਪਿਆਰਾ ਸਿੰਘ ਵੱਲੋਂ ਹੀ ਲਿਆਂਦੇ ਗਏ ਸਨ।ਸਟੇਜ ਸੰਚਾਲਨ ਕੁਲਦੀਪ ਰਾਮ ਵੱਲੋਂ ਬਾਖ਼ੂਬੀ ਕੀਤਾ ਗਿਆ। ਸਮਾਰੋਹ ਵਿੱਚ ਬਿੰਦਰਪਾਲ,ਮਨਿੰਦਰ ਢੇਰਾ, ਸੀਮਾ, ਕੁਲਵਿੰਦਰ ਕੌਰ, ਪਰਮਜੀਤ ਕੌਰ, ਭਾਵਨਾ,ਲੱਛਮੀ,ਸੰਗੀਤਾ,ਹਰਮਨਜੀਤ ਸਿੰਘ,ਰੋਹਿਤ,ਸਾਹਿਲ ਆਦਿ ਦੀ ਵੀ ਸ਼ਲਾਘਾਯੋਗ ਹਿੱਸੇਦਾਰੀ ਰਹੀ।

# ਨੌਜਵਾਨ ਪੀੜ੍ਹੀ ਨੂੰ ਭਵਿੱਖ ਲਈ ਤਿਆਰ ਕਰਨਾ ਸਾਡਾ ਫਰਜ਼-ਸੱਚਦੇਵਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**—ਨੌਜਵਾਨ ਪੀੜ੍ਹੀ ਸਾਡੇ ਸਮਾਜ ਅਤੇ ਦੇਸ਼ ਦਾ ਭਵਿੱਖ ਹਨ ਅਤੇ ਆਉਣ ਵਾਲੇ ਸਮੇਂ ਲਈ ਇਨ੍ਹਾਂ ਨੂੰ ਤਿਆਰ ਕਰਨਾ ਸਾਡਾ ਫਰਜ਼ ਹੈ । ਇਹ ਪ੍ਰਗਟਾਵਾ ਸੱਚਦੇਵਾ ਸਟਾਕਸ ਦੇ ਐੱਮ.ਡੀ. ਪਰਮਜੀਤ ਸਿੰਘ ਸੱਚਦੇਵਾ ਵੱਲੋਂ ਸੱਚਦੇਵਾ ਸਟਾਕਸ ਦੇ ਬੂਲਾਵਾੜੀ ਸਥਿਤ ਮੁੱਖ ਦਫਤਰ ਵਿੱਚ ਸਿੱਖਿਆ ਨਾਲ ਸਬੰਧਤ ਵੱਖ-ਵੱਖ ਸੰਸਥਾਵਾਂ ਦੇ 18 ਵਿਦਿਆਰਥੀਆਂ ਨੂੰ ਉਨ੍ਹਾਂ ਦੀ 45 ਦਿਨ ਦੀ ਇੰਟਰਨਸ਼ਿਪ ਸਪਾਮਤ ਹੋਣ 'ਤੇ ਸਰਟੀਫਿਕੇਟ ਦੇਣ ਸਮੇਂ ਕੀਤਾ।' ਇਨ੍ਹਾਂ ਵਿਦਿਆਰਥੀਆਂ ਜੋ ਕਿ ਜੀ.ਐਨ.ਏ.ਯੂਨੀਵਰਸਿਟੀ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ, ਸੀ.ਟੀ.ਗਰੁੱਪ ਆਫ ਇੰਸਟੀਟਿਊਸ਼ਨ, ਇਨੋਸੈਂਟ ਹਰਟ ਜਲੰਧਰ, ਖਾਲਸਾ ਕਾਲਜ ਜਲੰਧਰ, ਡੀ.ਏ.ਵੀ.ਕਾਲਜ ਜਲੰਧਰ ਨਾਲ ਸਬੰਧਤ ਹਨ ਨੂੰ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਇਨ੍ਹਾਂ ਵਿਦਿਆਰਥੀਆਂ ਵੱਲੋਂ ਸੱਚਦੇਵਾ ਸਟਾਕਸ ਵਿੱਚ ਕੇ.ਵਾਈ.ਸੀ., ਅਕਾਂਊਟ ਖੋਲ੍ਹਣ ਸਬੰਧੀ, ਟਰੇਡਿੰਗ, ਮਿਊਚਲ ਫੰਡ ਅਤੇ ਬੈਂਕ ਆਫਿਸ ਵਿੱਚ ਕੀਤੇ ਜਾਣ ਵਾਲੇ ਕਾਰਜਾਂ ਪ੍ਰਤੀ ਟ੍ਰੇਨਿੰਗ ਪ੍ਰਾਪਤ ਕੀਤੀ ਗਈ। ਸੱਚਦੇਵਾ ਨੇ ਕਿਹਾ ਕਿ ਸੱਚਦੇਵਾ ਸਟਾਕਸ ਵੱਲੋਂ ਹਮੇਸ਼ਾ ਵਿਦਿਆਰਥੀਆਂ ਨੂੰ ਬਜਾਰ ਦੀਆਂ ਬਾਰੀਕੀਆਂ ਅਤੇ ਵਿੱਤੀ ਪ੍ਰਬੰਧਨ ਦੇ ਉਨ੍ਹਾਂ ਢੰਗ-ਤਰੀਕਿਆਂ ਤੋਂ ਜਾਣੂ ਕਰਵਾਇਆ ਜਾਂਦਾ ਹੈ ਜਿਨ੍ਹਾਂ ਨਾਲ ਇਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਪ੍ਰੋਫੈਸ਼ਨਲ ਜ਼ਿੰਦਗੀ ਵਿੱਚ ਮਦਦ ਮਿਲਦੀ ਹੈ ਅਤੇ ਇਸੇ ਟ੍ਰੇਨਿੰਗ ਦੌਰਾਨ ਮਿਲੇ ਗਿਆਨ ਦੀ ਵਰਤੋ ਕਰਕੇ ਵਿਦਿਆਰਥੀ ਤਰੱਕੀ ਦੀਆਂ ਪੌੜੀਆਂ ਚੜ੍ਹਦੇ ਹਨ।ਇਸ ਮੌਕੇ ਸ਼ਿਵਾਂਜਲੀ ਸ਼ਰਮਾ, ਅਮਨਦੀਪ ਕੌਰ, ਸਾਂਚੀ, ਰੁਪਿੰਦਰ ਕੌਰ, ਸੁਨੀਤਾ, ਬਲਵੀਰ ਕੌਰ ਵੀ ਮੌਜੂਦ ਰਹੇ।

# ਪੰਚ ਦੀ ਚੋਣ 'ਚ ਨਿਰਮਲ ਚੰਦ ਜੇਤੂ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਵਿਧਾਨ ਸਭਾ ਚੱਬੇਵਾਲ ਦੇ ਪਿੰਡ ਦੇ ਪਿੰਡ ਮੋਜੋਮਜ਼ਾਰਾ ਵਿਖੇ ਵਾਰਡ ਨੰਬਰ 2 ਵਿਚ ਪੰਚ ਦੀ ਚੋਣ ਲਈ ਸਰਕਾਰੀ ਐਲੀਮੈਂਟਰੀ ਸਕੂਲ ਮੋਜੋ ਮਜਾਰਾ ਵਿਖੇ ਵਾਰਡ ਨੰਬਰ 2 ਤੋਂ 2 ਉਮੀਦਵਾਰਾਂ ਨੇ ਆਪਣੀ ਕਿਸਮਤ ਅਜ਼ਮਾਈ। ਕੁਲ 109 ਵੋਟਾਂ ਵਿੱਚੋਂ 89 ਵੋਟਾਂ ਪੋਲ ਹੋਈਆ। ਜਿਨ੍ਹਾਂ ਵਿੱਚੋ ਨਿਰਮਲ ਚੰਦ ਨੂੰ 51 ਵੋਟਾਂ ਮਿਲੀਆਂ ਉਸ ਦੇ ਵਿਰੋਧੀ ਉਮੀਦਵਾਰ ਨੂੰ 38 ਵੋਟਾਂ ਮਿਲੀਆਂ। ਇਸ ਮੌਕੇ ਚੋਣ ਅਮਲੇ ਨੇ ਇਸ ਚੋਣ ਨੂੰ ਬਹੁਤ ਹੀ ਸ਼ਾਂਤਮਈ ਢੰਗ ਨਾਲ ਨੇਪਰੇ ਚਾੜਿਆ। ਨਿਰਮਲ ਚੰਦ ਨੇ ਚੋਣ ਜਿੱਤਣ ਉਪਰੰਤ ਡੇਰਾ ਸੰਤ ਬਾਬਾ ਦੂਲਾ ਸਿੰਘ ਜੀ ਦੇ ਤੱਪ ਅਸਥਾਨ ਤੇ ਮੱਥਾ ਟੇਕਿਆ। ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਹਰਕ੍ਰਿਸ਼ਨ ਸਿੰਘ ਸੋਢੀ ਠੱਕਰਵਾਲ ਚੇਅਰਮੈਨ ਨਿਰਮਲਾ ਸੰਤ ਮੰਡਲ ਪੰਜਾਬ ਨੇ ਨਿਰਮਲ ਚੰਦ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਰਪੰਚ ਰਣਜਿੰਦਰ ਸਿੰਘ ਗਿੱਲ, ਜਸਵਿੰਦਰ ਸਿੰਘ ਸਰਪੰਚ ਠੱਕਰਵਾਲ, ਇੰਦਰਜੀਤ ਸਿੰਘ, ਸਤਿਆ ਦੇਵੀ ਪੰਚ, ਸੁਰਜੀਤ ਕੌਰ ਪੰਚ, ਸਰੂਪ ਸਿੰਘ, ਰਾਮ ਕੁਮਾਰ, ਸੁਖਵਿੰਦਰ ਸਿੰਘ, ਗੁਰਸ਼ਰਨ ਸਿੰਘ, ਜਸ਼ਨਵੀਰ ਸਿੰਘ, ਹੰਸ ਰਾਜ, ਫੌਜੀ ਹਰਭਜਨ ਸਿੰਘ, ਪ੍ਰਿੰਸੀਪਲ ਮੰਗਤ ਸਿੰਘ, ਜਤਿੰਦਰ ਜਸਵਾਲ, ਸੂਰਜ, ਕਮਲ, ਜਸਵਿੰਦਰ ਸਿੰਘ ਗਿੱਲ, ਲਹਿੰਬਰ ਸਿੰਘ, ਅਜੀਤ ਸਿੰਘ, ਵਿੱਕੀ, ਗੁਰਸਿਮਰਨ ਸਿੰਘ ਗਿੱਲ, ਏ ਐਸ ਆਈ ਤਰਸੇਮ ਲਾਲ, ਕੁਲਵਿੰਦਰ ਸਿੰਘ ਸਨੀ, ਬਲਵੰਤ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।


# ਸਿੱਧੂ ਨੇ ਲੈਂਡ ਪੂਲਿੰਗ 'ਤੇ ਮੁੱਖ ਮੰਤਰੀ ਨੂੰ ਬਹਿਸ ਦੀ ਦਿੱਤੀ ਖੁੱਲ੍ਹੀ ਚੁਣੌਤੀ

**ਐਸ.ਏ.ਐਸ, ਨਗਰ (ਗੁਰਜੀਤ ਬਿੱਲਾ)**—ਕਾਂਗਰਸ ਦੇ ਸੀਨੀਅਰ ਆਗੂ ਤੇ ਪੰਜਾਬ ਦੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਪੰਜਾਬ ਦੇ ਮੁੱਖ ਮੰਤਰੀ ਵਲੋਂ ਲੈਂਡ ਪੂਲਿੰਗ ਪਾਲਿਸੀ ਤਹਿਤ ਕਿਸਾਨਾਂ ਦੀ ਮਰਜ਼ੀ ਨਾਲ ਹੀ ਜ਼ਮੀਨ ਲੈਣ ਦੀ ਕੀਤੀ ਜਾ ਰਹੀ ਬਿਆਨਬਾਜ਼ੀ ਨੂੰ ਪੂਰੀ ਤਰਾਂ ਗੁੰਮਰਾਹਕੁੰਨ ਦਸਦਿਆਂ ਮੁੱਖ ਮੰਤਰੀ ਨੂੰ ਚੁਣੌਤੀ ਦਿੱਤੀ ਹੈ ਕਿ ਉਹ ਇਸ ਮਾਮਲੇ ਉੱਤੇ ਉਨ੍ਹਾਂ ਨਾਲ ਕਿਸੇ ਵੀ ਜਨਤਕ ਮੰਚ ਉਤੇ ਬਹਿਸ ਕਰ ਸਕਦੇ ਹਨ। ਸਿੱਧੂ ਨੇ ਕਿਹਾ ਕਿ ਇਸ ਪਾਲਿਸੀ ਵਿੱਚ ਕਿਤੇ ਵੀ ਇਹ ਨਹੀਂ ਲਿਖਿਆ ਗਿਆ ਹੈ ਕਿ ਕਿਸਾਨਾਂ ਦੀਆਂ ਜ਼ਮੀਨਾਂ ਉਹਨਾਂ ਦੀ ਮਰਜ਼ੀ ਨਾਲ ਹੀ ਲਈਆਂ ਜਾਣਗੀਆਂ ਸਗੋਂ ਇਹ ਕਿਹਾ ਗਿਆ ਹੈ ਕਿ ਜਿਹੜੀਆਂ ਜ਼ਮੀਨਾਂ ਪ੍ਰੋਜੈਕਟਾਂ ਦੇ ਵਿਚਕਾਰ ਆ ਜਾਣਗੀਆਂ ਉਹਨਾਂ ਨੂੰ 2013 ਦੇ ਭੋਂ ਪ੍ਰਾਪਤੀ ਕਾਨੂੰਨ ਤਹਿਤ ਲੈ ਲਿਆ ਜਾਵੇਗਾ। ਉਹਨਾਂ ਕਿਹਾ ਇਸ ਤੋਂ ਬਿਨਾਂ ਸੂਬੇ ਵਲੋਂ ਬਣਾਈ ਮੈਗਾ ਪ੍ਰਾਜੈਕਟਾਂ ਦੀ ਨੀਤੀ ਵਿਚ ਵੀ ਇਹ ਵਿਵਸਥਾ ਹੈ ਕਿ ਕਿਸੇ ਵੀ ਪ੍ਰਾਜੈਕਟ ਦੇ ਕਰੀਟੀਕਲ ਗੈਪ ਖ਼ਤਮ ਕਰਨ ਲਈ ਸਰਕਾਰ ਪ੍ਰਾਜੈਕਟ ਦੇ ਕੁੱਲ ਰਕਬੇ ਦਾ 10 ਫੀਸਦੀ ਐਕੁਵਾਇਰ ਕਰਕੇ ਦੇਣ ਲਈ ਪਾਬੰਦ ਹੈ। ਉਹਨਾਂ ਦਾਅਵਾ ਕੀਤਾ ਕਿ ਇਹਨਾਂ ਧਾਰਾਵਾਂ ਤਹਿਤ ਲੋਕਾਂ ਤੋਂ ਧੱਕੇ ਨਾਲ ਜ਼ਮੀਨਾਂ ਖੋਹੀਆਂ ਜਾਣਗੀਆਂ ਜਿਵੇਂ ਕਿ ਗਮਾਡਾ ਨੇ ਲੰਘੀ 9 ਜੁਲਾਈ ਨੂੰ ਓਮੈਕਸ ਕੰਪਨੀ ਦੇ ਨਿਊ ਚੰਡੀਗੜ੍ਹ ਵਿਚਲੇ ਪ੍ਰਾਜੈਕਟ ਲਈ ਪੈਂਤਪੁਰ, ਬਾਂਸੇਪੁਰ, ਸੈਣੀਮਾਜਰਾ, ਰਾਣੀਮਾਜਰਾ, ਢੋਡੇਮਾਜਰਾ ਅਤੇ ਭੜੌਜੀਆਂ ਪਿੰਡਾਂ ਦੀ 23 ਏਕੜ ਜ਼ਮੀਨ ਪ੍ਰਾਪਤ ਕਰਨ ਦਾ ਨੋਟੀਫੀਕੇਸ਼ਨ ਜਾਰੀ ਕੀਤਾ ਹੈ।

ਪਾਲਿਸੀ ਦੇ ਹੱਕ ਵਿਚ ਬਿਆਨਬਾਜ਼ੀ ਕਰ ਰਹੇ ਪੰਜਾਬ ਦੇ ਮੰਤਰੀਆਂ ਨੂੰ ਚੁਣੌਤੀ ਦਿੰਦਿਆਂ ਕਿਹਾ ਕਿ ਇਸ ਪਾਲਿਸੀ ਵਿਚ ਕਿਤੇ ਵੀ ਮਰਜ਼ੀ ਸ਼ਬਦ ਨਹੀਂ ਲਿਖਿਆ ਸਗੋਂ ਸਹਿਮਤੀ ਲਿਖਿਆ ਹੋਇਆ ਹੈ, ਪਰ ਇਸ ਸ਼ਬਦ ਦਾ ਵੀ ਕੋਈ ਅਰਥ ਨਹੀਂ ਰਹਿ ਗਿਆ ਜਦੋਂ ਸਰਕਾਰ ਨੇ ਖਸਰਾ ਨੰਬਰਾਂ ਦਾ ਨੋਟੀਫੀਕੇਸ਼ਨ ਜਾਰੀ ਕਰ ਕੇ ਕਹਿ ਦਿੱਤਾ ਹੈ ਕਿ ਕਿਸਾਨ ਹੁਣ ਆਪਣੀ ਸਹਿਮਤੀ ਦੇਣ।ਉਹਨਾਂ ਕਿਹਾ ਕਿ ਸਰਕਾਰ ਨੇ ਇਸ ਪਾਲਿਸੀ ਵਿਚ ਇਹ ਵੀ ਨਹੀਂ ਦਸਿਆ ਕਿ ਕਿ ਇਥੋਂ ਉਜੜੇ/ਬੇਘਰ ਤੇ ਬੇਰੁਜ਼ਗਾਰ ਹੋਏ ਲੋਕਾਂ ਦਾ ਕਿੰਝ, ਕਿੱਥੇ ਤੇ ਕਦੋਂ ਮੁੜ-ਵਸੇਬਾ ਕੀਤਾ ਜਾਵੇਗਾ ? ਸਿੱਧੂ ਨੇ ਕਿਹਾ ਕਿ ਇਸ ਪਾਲਿਸੀ ਦਾ ਇਕ ਕਿਸਾਨ ਵਿਰੋਧੀ ਪਹਿਲੂ ਇਹ ਵੀ ਹੈ ਕਿ ਪਹਿਲਾਂ ਜ਼ਮੀਨਾਂ ਐਕੁਆਇਰ ਬਾਅਦ ਜ਼ਮੀਨ ਮਾਲਕ ਅਦਾਲਤਾਂ ਵਿਚ ਜਾ ਕੇ ਮੁਆਵਜ਼ਾ ਵਧਾ ਲੈਂਦੇ ਸਨ, ਪਰ ਜੇ ਜ਼ਮੀਨ ਆਪਣੀ 'ਸਹਿਮਤੀ' ਦੇ ਦੇਣਗੇ ਤਾਂ ਫਿਰ ਕਿਸੇ ਵੀ ਅਦਾਲਤ ਵਿਚ ਨਹੀਂ ਜਾ ਸਕਣਗੇ।

# ਕਮਿਸ਼ਨਰੇਟ ਪੁਲਸ ਵੱਲੋਂ ਨਸ਼ਿਆਂ ਖਿਲਾਫ ਕਾਰਵਾਈ ਜਾਰੀ, 9 ਗ੍ਰਿਫ਼ਤਾਰ

**ਜਲੰਧਰ ( ਸ਼ੈਲੀ ਐਲਬਰਟ)**- ਪੰਜਾਬ ਸਰਕਾਰ ਵੱਲੋਂ ਵਿੱਢੀ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਕਮਿਸ਼ਨਰੇਟ ਪੁਲਸ ਜਲੰਧਰ ਵੱਲੋਂ ਨਸ਼ਿਆਂ ਖਿਲਾਫ ਸਖਤ ਕਾਰਵਾਈ ਲਗਾਤਾਰ ਜਾਰੀ ਹੈ। ਪਿਛਲੇ ਦੋ ਦਿਨਾਂ ਦੇ ਓਪਰੇਸਨਾਂ ਦੌਰਾਨ ਪੁਲਸ ਟੀਮਾਂ ਨੇ 9 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਵੱਖ-ਵੱਖ ਥਾਣਿਆਂ ਵਿੱਚ



7 ਮੁਕੱਦਮੇ ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕੀਤੇ ਹਨ। ਇਸ ਕਾਰਵਾਈ ਦੌਰਾਨ 517 ਗ੍ਰਾਮ ਹੈਰੋਇਨ, 140 ਨਸ਼ੀਲੀਆਂ ਗੋਲੀਆਂ ਅਤੇ ਇੱਕ ਵਰਨਾ ਕਾਰ ਬਰਾਮਦ ਕੀਤੀ ਗਈ ਹੈ। ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਨਸ਼ਿਆਂ ਦੀ ਸਪਲਾਈ ਚੇਨ ਤੋੜਨ ਲਈ ਕਈ ਛਾਪੇ ਮਾਰੇ ਗਏ। ਨਤੀਜੇ ਵਜੋਂ 7 ਮੁਕੱਦਮੇ ਦਰਜ ਕੀਤੇ ਗਏ, ਜਿਨ੍ਹਾਂ ਵਿੱਚ 9 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਗਿਆ। ਇਸ ਕਾਰਵਾਈ ਦੌਰਾਨ 517 ਗ੍ਰਾਮ ਹੈਰੋਇਨ, 140 ਨਸ਼ੀਲੀਆਂ ਗੋਲੀਆਂ ਅਤੇ ਇੱਕ ਵਰਨਾ ਕਾਰ ਜ਼ਬਤ ਕੀਤੀ ਗਈ ਹੈ ਉਨ੍ਹਾਂ ਦੱਸਿਆ ਕਿ ਕਮਿਸ਼ਨਰੇਟ ਪੁਲਸ ਨਸ਼ਾ ਤਸਕਰਾਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕਰਨ ਦੇ ਨਾਲ-ਨਾਲ ਨਸ਼ੇ ਦੇ ਆਦੀ ਵਿਅਕਤੀਆਂ ਦੇ ਮੁੜ ਵਸੇਬੇ ਲਈ ਵੀ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਨਸ਼ਾ ਪ੍ਰਭਾਵਿਤ ਵਿਅਕਤੀਆਂ ਨੂੰ ਮੁੜ ਸਮਾਜ ਨਾਲ ਜੋੜਨ ਦੀ ਮੁਹਿੰਮ ਤਹਿਤ 23 ਨਸ਼ਾ ਪੀੜਤ ਵਿਅਕਤੀਆਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਭੇਜਿਆ ਗਿਆ ਹੈ, ਜਿਨ੍ਹਾਂ ਵਿੱਚੋਂ 14 ਨੂੰ ਓਟ ਕੇਂਦਰ ਵਿੱਚ ਦਾਖਲ ਕੀਤਾ ਗਿਆ, 1 ਵਿਅਕਤੀ ਨੂੰ ਐਨ.ਡੀ.ਪੀ.ਐਸ. ਐਕਟ ਦੀ ਧਾਰਾ 64 ਏ ਤਹਿਤ ਰੈਫਰ ਕੀਤਾ ਗਿਆ ਅਤੇ 8 ਨੂੰ ਮੁੜ ਵਸੇਬਾ ਕੇਂਦਰਾਂ ਵਿੱਚ ਭੇਜਿਆ ਗਿਆ ਹੈ।

# ਮਿੱਡ-ਡੇ -ਮੀਲ ਵਰਕਰਾਂ ਦੇ ਖਾਤੇ ਜਬਰੀ ਕੈਨਰਾ ਬੈਂਕ 'ਚ ਖੁਲ੍ਹਵਾਉਣ ਦੇ ਹੁਕਮਾਂ ਦੀ ਜ਼ੋਰਦਾਰ ਨਿਖੇਧੀ



**ਜਲੰਧਰ (ਰਾਜੇਸ਼ ਥਾਪਾ)**-ਪੰਜਾਬ ਸਰਕਾਰ ਅਤੇ ਮਿੱਡ-ਡੇ-ਮੀਲ ਸੁਸਾਇਟੀ ਪੰਜਾਬ ਵੱਲੋਂ ਮਿੱਡ-ਡੇ-ਮੀਲ ਵਰਕਰਾਂ ਦੇ ਮਾਣ ਭੱਤੇ ਦੀ ਅਦਾਇਗੀ ਕਰਨ ਲਈ ਨਵੇਂ ਖਾਤੇ ਕੈਨਰਾ ਬੈਂਕ ਵਿੱਚ ਜ਼ਬਰਦਸਤੀ ਖੁੱਲ੍ਹਵਾਉਣ ਦੇ ਜਾਰੀ ਹੁਕਮਾਂ ਦੀ ਜ਼ੋਰਦਾਰ ਨਿਖੇਧੀ ਕਰਦੇ ਹੋਏ ਮਿੱਡ-ਡੇ-ਮੀਲ ਵਰਕਰਜ਼ ਯੂਨੀਅਨ ਪੰਜਾਬ ਦੀ ਸੂਬਾ ਪ੍ਰਧਾਨ ਬਿਮਲਾ ਰਾਣੀ ਫਾਜਿਲਕਾ, ਜਨਰਲ ਸਕੱਤਰ ਕਮਲਜੀਤ ਕੌਰ ਹੁਸ਼ਿਆਰਪੁਰ, ਵਿੱਤ ਸਕੱਤਰ ਪ੍ਰਵੀਨ ਕੌਰ ਫਤਿਹਗੜ੍ਹ ਸਾਹਿਬ ਨੇ ਪੰਜਾਬ ਸਰਕਾਰ ਅਤੇ ਮਿੱਡ-ਡੇ-ਮੀਲ ਸੁਸਾਇਟੀ ਪੰਜਾਬ ਦੇ ਸੂਬਾਈ ਮੈਨੇਜਰ ਤੋਂ ਜ਼ੋਰਦਾਰ ਮੰਗ ਕੀਤੀ ਕਿ ਮਿੱਡ-ਡੇ-ਮੀਲ ਵਰਕਰਾਂ ਦੇ ਪਿਛਲੇ ਲੰਬੇ ਸਮੇਂ ਤੋਂ ਜਿਹਨਾਂ ਬੈਂਕਾਂ ਵਿੱਚ ਖਾਤੇ ਚੱਲ ਰਹੇ ਹਨ, ਉਹਨਾਂ ਨੂੰ ਹੀ ਭਵਿੱਖ ਵਿੱਚ ਵੀ ਚੱਲਦਾ ਰੱਖਿਆ ਜਾਵੇ ਅਤੇ ਉਹਨਾਂ ਖਾਤਿਆਂ ਵਿੱਚ ਹੀ ਮਿੱਡ-ਡੇ-ਮੀਲ ਵਰਕਰਾਂ ਦਾ ਮਾਣ ਭੱਤਾ ਭੇਜਿਆ ਜਾਵੇ। ਆਗੂਆਂ ਨੇ ਕਿਹਾ ਕਿ ਪਹਿਲਾਂ ਚਲਦੇ ਖਾਤਿਆਂ ਵਾਲੀਆਂ ਬੈਂਕਾਂ ਦੀਆਂ ਬਰਾਂਚਾਂ ਜਿਆਦਾ ਹੋਣ ਕਾਰਨ ਮਾਣ ਭੱਤਾ ਪ੍ਰਾਪਤ ਕਰਨ ਲਈ ਮਿੱਡ-ਡੇ-ਮੀਲ ਵਰਕਰਾਂ ਨੂੰ ਕੋਈ ਵੀ ਪ੍ਰੇਸ਼ਾਨੀ ਨਹੀਂ ਹੁੰਦੀ ਅਤੇ ਆਸਾਨੀ ਨਾਲ ਬੈਂਕ ਤੱਕ ਪਹੁੰਚ ਹੋ ਜਾਂਦੀ ਹੈ। ਆਗੂਆਂ ਨੇ ਇਹ ਵੀ ਕਿਹਾ ਕਿ ਕੈਨਰਾ ਬੈਂਕ ਦੀਆਂ ਬਰਾਂਚ ਬਹੁਤ ਹੀ ਘੱਟ ਹਨ ਅਤੇ ਜਿਆਦਾ ਦੂਰ-ਦੂਰ ਹਨ, ਜਿਸ ਕਾਰਨ ਵਰਕਰਾਂ ਨੂੰ ਮਾਣ ਭੱਤਾ ਪ੍ਰਾਪਤ ਕਰਨ ਲਈ ਬਹੁਤ ਹੀ ਜਿਆਦਾ ਪਰੇਸ਼ਾਨੀ ਅਤੇ ਖੱਜਲ ਖੁਆਰ ਹੋਣਾ ਪਵੇਗਾ। ਮਿੱਡ-ਡੇ-ਮੀਲ ਵਰਕਰਜ਼ ਯੂਨੀਅਨ ਪੰਜਾਬ ਦੇ ਮੁੱਖ ਸਲਾਹਕਾਰ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਵੀ ਕੈਨਰਾ ਬੈਂਕ ਵਿੱਚ ਖਾਤੇ ਖੁੱਲ੍ਹਵਾਉਣ ਦੀ ਜ਼ੋਰਦਾਰ ਨਿਖੇਧੀ ਕਰਦਿਆਂ ਮੰਗ ਕੀਤੀ ਕਿ ਪਹਿਲੀਆਂ ਬੈਂਕਾਂ ਵਿੱਚ ਚੱਲਦੇ ਖਾਤਿਆਂ ਨੂੰ ਹੀ ਮਿੱਡ-ਡੇ-ਮੀਲ ਵਰਕਰਾਂ ਦਾ ਮਾਣ ਭੱਤਾ ਭੇਜਿਆ ਜਾਵੇ ਅਤੇ ਵਰਕਰਾਂ ਦੀ ਖਜਲ ਖੁਆਰੀ ਨੂੰ ਵੀ ਰੋਕਿਆ ਜਾਵੇ।

# ਅੱਜ ਦੇ ਟਰੈਕਟਰ ਮਾਰਚ ਨਾਲ ਮਾਨ ਸਰਕਾਰ ਦੀ ਪੁੱਠੀ ਗਿਣਤੀ ਸ਼ੁਰੂ ਹੋਵੇਗੀ : ਰਾਣਾ

**ਬਲਾਚੌਰ ( ਜਸਵਿੰਦਰ ਬੈਂਸ )**—ਐਸਕੇਐਮ ਦੇ ਸੱਦੇ 'ਤੇ 30 ਜੁਲਾਈ ਨੂੰ ਸਮੁੱਚੇ ਪੰਜਾਬ ਵਿੱਚ ਲੈਂਡ ਪੋਲਿੰਗ ਸਕੀਮ ਦਾ ਵਿਰੋਧ ਕਰਨ ਲਈ ਟਰੈਕਟਰ ਮਾਰਚ ਕੀਤਾ ਜਾਵੇਗਾ। ਇਹ ਜਾਣਕਾਰੀ ਇੱਥੇ ਸਾਥੀਕਰਨ ਸਿੰਘ ਰਾਣਾ ਸੁਬਾਈ ਜਨਰਲ ਸਕੱਤਰ ਸਾਂਝਾ ਕਿਸਾਨ ਮਜਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦਿੱਤੀ। ਸਾਥੀ ਰਾਣਾ ਨੇ ਕਿਹਾ ਕਿ ਟਰੈਕਟਰ ਮਾਰਚ ਪੰਜਾਬ ਸਰਕਾਰ ਵਿਰੁੱਧ ਲੈਂਡ ਪੂਲਿੰਗ ਸਕੀਮ ਨੂੰ ਵਾਪਸ ਲੈਣ ਲਈ ਇੱਕ ਵਾਰਨਿੰਗ ਦਾ ਕੰਮ ਕਰੇਗਾ। ਇਹ ਟਰੈਕਟਰ ਮਾਰਚ ਮਾਨ ਸਰਕਾਰ ਦੀ ਪੁੱਠੀ ਗਿਣਤੀ ਸ਼ੁਰੂ ਕਰੇਗਾ।

ਉਹਨਾਂ ਦੱਸਿਆ ਕਿ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਅੰਦਰ 30 ਜੁਲਾਈ ਨੂੰ ਪਿੰਡ ਮਹਾਲੋਂ ਤੋਂ ਟਰੈਕਟਰ ਮਾਰਚ ਸਸ਼ੁਰੂ ਕੀਤਾ ਜਾਵੇਗਾ ਜੋ 12 ਵਜੇ ਡਿਪਟੀ ਕਮਿਸ਼ਨਰ ਦਫਤਰ ਪੁੱਜੇਗਾ। ਇਸ ਮੌਕੇ ਹਰਪਾਲ ਸਿੰਘ ਮੱਕੋਵਾਲ ਆਗੂ ਬੀਕੇਯੂ ਲੱਖੋਵਾਲ ਕਰਨੈਲ ਸਿੰਘ ਭੱਲਾ ਮੋਹਨ ਲਾਲ ਕੈਂਥ ਅਤੇ ਦੇਵਰਾਜ ਫੌਜੀ ਆਦਿ ਆਗੂ ਹਾਜ਼ਰ ਸਨ ।

# ਸੀ ਐੱਮ ਦੀ ਯੋਗਸ਼ਾਲਾ ਦਾ ਲੋਕ ਲੈ ਰਹੇ ਭਰਪੂਰ ਲਾਹਾ : ਅਮਿਤ ਗੁਪਤਾ



**ਜ਼ੀਰਕਪੁਰ (ਵਿਨੈ ਕੁਮਾਰ ਜੈਨ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੇ ਲੋਕਾਂ ਦੀ ਸਿਹਤ ਨੂੰ ਨਿਰੋਗ ਰੱਖਣ ਲਈ ਲਈ ਸ਼ੁਰੂ ਕੀਤੀ ਗਈ 'ਸੀ ਐਮ ਦੀ ਯੋਗਸ਼ਾਲਾ' ਤਹਿਤ ਜ਼ੀਰਕਪੁਰ ਦੇ ਬਲਟਾਨਾ 'ਚ ਯੋਗਾ ਕਲਾਸਾਂ ਚਲਾਈਆਂ ਜਾ ਰਹੀਆਂ ਹਨ। ਇਹ ਜਾਣਕਾਰੀ ਦਿੰਦਿਆਂ ਐੱਸ.ਡੀ.ਐੱਮ, ਡੇਰਾਬੱਸੀ ਅਮਿਤ ਗੁਪਤਾ ਨੇ ਦੱਸਿਆ ਕਿ ਜ਼ੀਰਕਪੁਰ 'ਚ ਡੇਰਾਬੱਸੀ 'ਚ ਵੱਖ-ਵੱਖ ਥਾਵਾਂ ਤੇ ਚਲ ਰਹੀਆਂ ਯੋਗਾ ਕਲਾਸਾਂ ਦਾ ਲੋਕ ਭਰਪੂਰ ਲਾਹਾ ਲੈ ਰਹੇ ਹਨ। ਉਨ੍ਹਾਂ ਦੱਸਿਆ ਕਿ ਯੋਗਾ ਕਲਾਸਾਂ ਲਈ ਬਾਕਾਇਦਾ ਮਾਹਿਰ ਯੋਗਾ ਕੋਚ ਪੰਜਾਬ ਸਰਕਾਰ ਵੱਲੋਂ ਉਪਲਬਧ ਕਰਵਾਏ ਗਏ ਹਨ। ਉਨ੍ਹਾਂ ਦੱਸਿਆ ਕਿ ਕੇਵਲ ਇੱਕ ਫ਼ੋਨ ਕਾਲ ਦੇ ਜ਼ਰੀਏ ਕਿਸੇ ਵੀ ਨਵੀਂ ਥਾਂ 'ਤੇ 25 ਸਾਧਕਾਂ ਦਾ ਗਰੁੱਪ ਫ਼ੋਨ ਨੰ. 76694-00500 'ਤੇ ਸੰਪਰਕ ਕਰਕੇ ਯੋਗਾ ਟ੍ਰੇਨਰ ਦੀਆਂ ਸੇਵਾਵਾਂ ਲੈ ਸਕਦਾ ਹੈ, ਜਿਸ ਲਈ ਪੰਜਾਬ ਸਰਕਾਰ ਵੱਲੋਂ ਕੋਈ ਫ਼ੀਸ ਨਹੀਂ ਲਈ ਜਾਂਦੀ। 'ਸੀ ਐਮ ਦੀ ਯੋਗਸ਼ਾਲਾ' ਦੇ ਜ਼ੀਰਕਪੁਰ ਦੇ ਬਲਟਾਨਾ ਵਿਖੇ ਟ੍ਰੇਨਰ ਰਮਨ ਨੇ ਦੱਸਿਆ ਕਿ ਉਹ ਜ਼ੀਰਕਪੁਰ ਦੇ ਬਲਟਾਣਾ ਵਿਖੇ ਰੋਜ਼ਾਨਾ 6 ਯੋਗਾ ਕਲਾਸਾਂ ਲਗਾਉਂਦਾ ਹੈ, ਜਿਸ ਵਿੱਚ ਉਸ ਦੀ ਪਹਿਲੀ ਕਲਾਸ ਸ਼ਿਵ ਐਨਕਲੇਵ ਬਲਟਾਨਾ ਵਿਖੇ ਸਵੇਰੇ 5.00 ਵਜੇ ਤੋਂ 6.00 ਤੱਕ, ਦੂਸਰੀ ਕਲਾਸ ਹਾਈਲੈਂਡ ਸੁਸਾਇਟੀ, ਬਲਟਾਣਾ ਵਿਖੇ ਸਵੇਰੇ 6.10 ਵਜੇ ਤੋਂ 7.10 ਵਜੇ ਤੱਕ, ਤੀਜੀ ਕਲਾਸ ਅਤੇ ਚੌਥੀ ਕਲਾਸ ਗਿੱਲ ਕਾਲੋਨੀ ਬਲਟਾਣਾ ਵਿਖੇ, ਸਵੇਰੇ 7.20 ਤੋਂ 8.20 ਵਜੇ ਤੱਕ ਅਤੇ ਸ਼ਾਮ 4.00 ਵਜੇ ਤੋਂ 5.00 ਵਜੇ ਤੱਕ, ਪੰਜਵੀ ਕਲਾਸ ਮੱਟ ਮੰਦਿਰ, ਬਲਟਾਣਾ ਵਿਖੇ ਬਾਅਦ ਦੁਪਿਹਰ 5.05 ਤੋਂ 6.05 ਵਜੇ ਤੱਕ ਅਤੇ ਛੇਵੀਂ ਕਲਾਸ ਏਕਤਾ ਵਿਹਾਰ ਬਲਟਾਣਾ ਵਿਖੇ ਸ਼ਾਮ 6.10 ਤੋਂ 7.10 ਵਜੇ ਤੱਕ ਲਾਈ ਜਾਂਦੀ ਹੈ।

# ਹੈਪੇਟਾਈਟਿਸ ਬਾਰੇ ਜਾਗਰੂਕਤਾ ਲਈ ਨਾਟਕ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**-ਸੇਂਟ ਸੋਲਜਰ ਡਿਵਾਇਨ ਪਬਲਿਕ ਸਕੂਲ, ਭੋਗਪੁਰ ਵੱਲੋਂ ਵਿਦਿਆਰਥੀਆਂ ਵਿੱਚ ਹੈਪੇਟਾਈਟਿਸ ਬਾਰੇ ਜਾਗਰੂਕਤਾ ਫੈਲਾਉਣ ਲਈ ਇੱਕ ਸਿੱਖਿਆਤਮਕ ਨਾਟਕ ਦਾ ਆਯੋਜਨ ਕੀਤਾ ਗਿਆ। ਇਸ ਪ੍ਰਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਇਸ ਬਿਮਾਰੀ ਦੇ ਕਾਰਨਾਂ, ਲੱਛਣਾਂ ਅਤੇ ਬਚਾਅ ਬਾਰੇ ਜਾਣਕਾਰੀ ਦੇਣਾ ਸੀ, ਕਿਉਂਕਿ ਬਹੁਤ ਸਾਰੇ ਨੌਜਵਾਨ ਇਸ ਦੀ ਗੰਭੀਰਤਾ ਤੋਂ ਅਣਜਾਣ ਹੁੰਦੇ ਹਨ। ਸਕੂਲ ਨੇ ਇਹ ਪਹਿਲ ਕਦਮੀ ਵਿਦਿਆਰਥੀਆਂ ਨੂੰ ਸਮਝਾਉਣ ਲਈ ਕੀਤੀ ਕਿ ਉਨ੍ਹਾਂ ਦੇ ਜੀਵਨ ਜਿਉਣ ਦੇ ਤਰੀਕੇ , ਖਾਸ ਕਰਕੇ ਖਾਣ-ਪੀਣ ਦੀਆਂ ਆਦਤਾਂ, ਉਨ੍ਹਾਂ ਦੀ ਸਿਹਤ ਨੂੰ ਕਿਵੇਂ ਪ੍ਰਭਾਵਿਤ ਕਰ ਸਕਦੀਆਂ ਹਨ।

ਵਿਦਿਆਰਥੀਆਂ ਨੇ ਜੰਕ ਭੋਜਨ ਦੇ ਖਤਰਨਾਕ ਪ੍ਰਭਾਵਾਂ ਅਤੇ ਇਸ ਦੇ ਕਾਰਨ ਹੋਣ ਵਾਲੀਆਂ ਗੰਭੀਰ ਸਿਹਤ ਸਮੱਸਿਆਵਾਂ ਜਿਵੇਂ ਕਿ ਹੈਪੇਟਾਈਟਿਸ 'ਤੇ ਧਿਆਨ ਕੇਂਦਰਿਤ ਕਰਦੇ ਹੋਏ, ਇੱਕ ਸੁੰਦਰ ਅਤੇ ਪ੍ਰਭਾਵਸ਼ਾਲੀ ਨਾਟਕ ਪੇਸ਼ ਕੀਤਾ। ਨਾਟਕ ਵਿੱਚ ਅਸਲ-ਜੀਵਨ ਦੇ ਦ੍ਰਿਸ਼ ਸ਼ਾਮਲ ਕੀਤੇ ਗਏ ਸਨ, ਜਿਸ ਨਾਲ ਵਿਦਿਆਰਥੀ ਆਸਾਨੀ ਨਾਲ ਜੁੜ ਸਕਦੇ ਸਨ। ਇਸ ਨਾਲ ਸਪੱਸ਼ਟ ਸੰਦੇਸ਼ ਦਿੱਤਾ ਗਿਆ ਕਿ ਜੰਕ ਭੋਜਨ ਚਾਹੇ ਜਿੰਨਾ ਮਰਜੀ ਆਕਰਸ਼ਿਤ ਲੱਗੇ, ਪਰ ਇਸ ਦਾ ਰੋਜ਼ਾਨਾ ਅਤੇ ਸਫਾਈ ਦੀ ਘਾਟ ਵਿੱਚ ਸੇਵਨ ਕਰਨਾ ਬਹੁਤ ਨੁਕਸਾਨਦਾਇਕ ਹੋ ਸਕਦਾ ਹੈ।

ਪ੍ਰਿੰਸੀਪਲ ਅਮਰੀਕ ਸਿੰਘ ਨੇ ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਅਤੇ ਇਸ ਮਹੱਤਵਪੂਰਨ ਸੰਦੇਸ਼ ਨੂੰ ਪਹੁੰਚਾਉਣ ਲਈ ਉਨ੍ਹਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਕਰਦੇ ਹੋਏ ਹੈਪੇਟਾਈਟਿਸ ਦੇ ਲੱਛਣਾਂ ਬਾਰੇ ਵਿਸਤਾਰ ਵਿੱਚ ਦੱਸਿਆ ਅਤੇ ਸਭ ਨੂੰ ਸਫਾਈ ਬਣਾਈ ਰੱਖਣ, ਸਿਹਤਮੰਦ ਖਾਣ-ਪੀਣ ਅਤੇ ਇਸ ਤਰ੍ਹਾਂ ਦੀਆਂ ਬਿਮਾਰੀਆਂ ਬਾਰੇ ਜਾਗਰੂਕ ਰਹਿਣ ਲਈ ਉਤਸ਼ਾਹਿਤ ਕੀਤਾ। ਇਹ ਸਮਾਗਮ ਸਾਰਿਆਂ ਨੂੰ ਇੱਕ ਮਹੱਤਵਪੂਰਨ ਸੰਦੇਸ਼ ਦੇ ਗਿਆ ।

# ਜ਼ੋਨਲ ਟੂਰਨਾਮੈਂਟ ਦੇ ਦੂਜੇ ਦਿਨ ਫੁੱਟਬਾਲ ਤੇ ਰੱਸਾਕਸ਼ੀ ਦੇ ਮੁਕਾਬਲੇ ਬੋਹਣ 'ਚ ਕਰਵਾਏ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਸ਼ੇਰਗੜ ਜ਼ੋਨ ਨਾਲ ਸੰਬੰਧਿਤ ਸਕੂਲਾਂ ਦੀਆਂ ਖੇਡਾਂ ਦੇ ਦੂਸਰੇ ਦਿਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਣ ਵਿਖੇ ਫੁੱਟਬਾਲ ਅਤੇ ਰੱਸਾਕਸ਼ੀ ਦੇ ਮੁਕਾਬਲੇ ਕਰਵਾਏ ਗਏ। ਟੂਰਨਾਮੈਂਟ ਕਮੇਟੀ ਦੇ ਪ੍ਰਧਾਨ ਪ੍ਰਿੰਸੀਪਲ ਰਾਜਨ ਅਰੋੜਾ ਅਤੇ ਪ੍ਰਿੰਸੀਪਲ ਮਲਕੀਤ ਕੌਰ ਨੇ ਅੱਜ ਦੇ ਸਮਾਗਮ ਦੀ ਪ੍ਰਧਾਨਗੀ ਕੀਤੀ। ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਮੈਂਬਰ ਅਤੇ ਸਮਾਜ ਸੇਵਕ ਚਮਨ ਲਾਲ ਗੁੱਲੂ ਰਾਮ, ਜ਼ਿਲ੍ਹਾ ਟੂਰਨਾਮੈਂਟ ਕਮੇਟੀ ਦੇ ਜਨਰਲ ਸਕੱਤਰ ਪ੍ਰਭਜੋਤ ਸਿੰਘ, ਜ਼ੋਨਲ ਸਕੱਤਰ ਗੁਰਕਿਰਨਜੀਤ ਸਿੰਘ ਫਲਾਹੀ, ਲੈਕਚਰਾਰ ਮੁਨੀਸ਼ ਮੌਦਗਿਲ, ਲੈਃ ਗੁਰਪ੍ਰੀਤ ਕੌਰ, ਲੈਃ ਹਰਵਿੰਦਰ ਕੌਰ, ਲੈਃ ਕੁਲਵਿੰਦਰਾ ਦੇਵੀ, ਪੀ ਟੀ ਆਈ ਅਮਰਜੀਤ ਰਾਏ, ਪੀ ਟੀ ਆਈ ਰੇਖਾ ਪੱਟੀ, ਡੀ ਪੀ ਈ ਹੇਮ ਰਾਜ ਬਹਾਦੁਰਪੁਰ ਬਹਾਈਆ, ਰਾਜਾ ਸਿੰਘ ਪੱਟੀ, ਡੀ ਪੀ ਈ ਸਤਿੰਦਰ ਕੁਮਾਰ ਪੁਰਹੀਰਾਂ, ਲੈਕਚਰਾਰ ਨਰੇਸ਼ ਕੁਮਾਰ, ਲੈਕਚਰਾਰ ਸੰਦੀਪ ਸਿੰਘ, ਫੁੱਟਬਾਲ ਕੋਚ ਸੁਖਵਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਅੱਜ ਹੋਏ ਮੁਕਾਬਲਿਆਂ ਦੇ ਫਾਈਨਲ ਨਤੀਜੇ ਇਸ ਪ੍ਰਕਾਰ ਰਹੇ-ਲੜਕਿਆਂ ਦੇ ਅੰਡਰ 17 ਸਾਲ ਉਮਰ ਵਰਗ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਣ ਨੇ ਜੀ ਐੱਮ ਏ ਚੱਬੇਵਾਲ ਨੂੰ 4-0 ਦੇ ਫਰਕ ਨਾਲ ਹਰਾ ਕੇ ਪਹਿਲਾ ਸਥਾਨ ਜਦਕਿ ਜੀ ਐੱਮ ਏ ਚੱਬੇਵਾਲ ਨੇ ਦੂਜਾ ਅਤੇ ਸਰਕਾਰੀ ਹਾਈ ਸਕੂਲ ਬਿਹਾਲਾ ਤੀਜਾ ਸਥਾਨ ਪ੍ਰਾਪਤ ਕੀਤਾ। ਅੰਡਰ 14 ਸਾਲ ਉਮਰ ਵਰਗ ਵਿੱਚ ਜੀ ਐੱਮ ਏ ਚੱਬੇਵਾਲ ਨੇ ਪਹਿਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜੱਲੋਵਾਲ ਖਨੂਰ ਨੇ ਦੂਜਾ ਅਤੇ ਸਰਕਾਰੀ ਹਾਈ ਸਕੂਲ ਪੱਟੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਰੱਸਾਕਸ਼ੀ ਲੜਕਿਆਂ ਦੇ ਅੰਡਰ 14 ਸਾਲ ਉਮਰ ਵਰਗ ਵਿੱਚ ਐਕੈਡਮਿਕ ਹਾਈਟਸ ਨੇ ਪਹਿਲਾ, ਡੀ ਏ ਵੀ ਸਕੂਲ ਪੱਟੀ ਨੇ ਦੂਜਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਣ ਨੇ ਤੀਜਾ ਸਥਾਨ ਹਾਸਲ ਕੀਤਾ। ਰੱਸਾਕਸ਼ੀ ਲੜਕੀਆਂ ਦੇ 14 ਸਾਲ ਉਮਰ ਵਰਗ ਵਿੱਚ ਰਿਆਤ ਬਾਹਰਾ ਸਕੂਲ ਨੇ ਪਹਿਲਾ, ਅਕੈਡਮਿਕ ਹਾਈਟਸ ਨੇ ਦੂਜਾ ਡੀ ਏ ਵੀ ਸਕੂਲ ਪੱਟੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਰੱਸਾਕਸ਼ੀ ਲੜਕਿਆਂ ਦੇ 17 ਸਾਲ ਉਮਰ ਵਰਗ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅੱਤੋਵਾਲ ਨੇ ਪਹਿਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜੱਲੋਵਾਲ ਖਨੂਰ ਨੇ ਦੂਜਾ ਅਤੇ ਅਕੈਡਮਿਕ ਹਾਈਟਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਰੱਸਾਕਸ਼ੀ ਲੜਕੀਆਂ ਦੇ 17 ਸਾਲ ਉਮਰ ਵਰਗ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅੱਤੋਵਾਲ ਨੇ ਪਹਿਲਾ, ਜੀ ਐੱਮ ਏ ਸਿੰਗੜੀਵਾਲਾ ਨੇ ਦੂਜਾ ਅਤੇ ਅਕੈਡਮਿਕ ਹਾਈਟਸ ਨੇ ਤੀਜਾ ਸਥਾਨ ਹਾਸਲ ਕੀਤਾ। ਰੱਸਾਕਸ਼ੀ ਲੜਕਿਆ ਦੇ 19 ਸਾਲ ਉਮਰ ਵਰਗ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅੱਤੋਵਾਲ ਨੇ ਪਹਿਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਣ ਨੇ ਦੂਜਾ ਅਤੇ ਐਸ ਡੀ ਕਾਲਜੀਏਟ ਸਕੂਲ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਰੱਸਾਕਸ਼ੀ ਲੜਕੀਆਂ ਦੇ19 ਸਾਲ ਉਮਰ ਵਰਗ ਵਿੱਚ ਜੀ ਐੱਮ ਏ ਸਿੰਗੜੀਵਾਲਾ ਨੇ ਪਹਿਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅੱਤੋਵਾਲ ਨੇ ਦੂਜਾ ਅਤੇ ਐਸ ਡੀ ਕਾਲਜੀਏਟ ਸਕੂਲ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

## Lost and Found

I, Jarnail Singh S/o Joginder Singh R/o H. No. 315, Model Town, Kapurthala have lost the original Sale Deed No. 1528 dated 11.07.2008, attested by Sub Registrar, Kapurthala of House Noa 315, Model Town, Kapurthala, measuring approx. 6 Marlas, exexcuted by Gurcharan Singh S/o Himmat Singh S/o Satnam Singh R/o 28-B, Jagatjit Park, Kapurthala General Attorney from Tajinder Singh S/o Ajit Singh S/o Kirpal Singh and Rajinder Kaur w/o Tajinder Singh S/o Ajit Singh residents of Moh. Topkhana, Kapurthala in favor of Kuldeep Kaur w/o Jarnail Singh S/o Joginder Singh R/o V.P.O Pattar Kalan, Teh. Kartarpur, District Jalandhar, has been lost on 10.07.2025. I have lodged missing report in this regard vide GD No. 002 dated 28.07.2025 at P.S. City, Kapurthala. The same is not deposited with any govt./private bank/financial institution. If anybody finds it then please return it. He/she will be suitably rewarded. Contact No. 9888623030

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀਮਤੀ ਸਲੋਚਨਾ ਦੇਵੀ
ਨਾਇਬ ਤਹਿਸੀਲਦਾਰ -ਕਮ- ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ।
ਕੇਸ ਅਨੁਵਾਨ : ਪਰਗਟ ਸਿੰਘ ਵਗੈਰਾ ਬਨਾਮ ਰਣਜੀਤ ਸਿੰਘ ਵਗੈਰਾ
ਵਾਕਿਆ ਪਿੰਡ : ਡੱਲੀ, ਸਬ-ਤਹਿਸੀਲ ਭੋਗਪੁਰ ਜ਼ਿਲ੍ਹਾ ਜਲੰਧਰ।
ਕੇਸ ਨੰਬਰ :
ਨੋਟਿਸ ਬਨਾਮ-

1. ਰਣਜੀਤ ਸਿੰਘ ਪੁੱਤਰ ਮੋਤੀ ਸਿੰਘ, 2. ਜਰਨੈਲ ਸਿੰਘ ਪੁੱਤਰ ਸ਼ਿਵ ਸਿੰਘ, 3. ਸਤਵੀਰ ਸਿੰਘ ਪੁੱਤਰ ਨਿਰਮਲ ਸਿੰਘ, 4. ਜਸਪਾਲ ਸਿੰਘ ਪੁੱਤਰ ਨਿਰਮਲ ਸਿੰਘ, 5. M/S ਬੰਬੇ ਫਾਸਟ ਫੂਡ ਆਪਣੇ ਮੈਨੇਜਰ ਅਮੋਲਕ ਸਿੰਘ ਪੁੱਤਰ ਜੋਗਿੰਦਰ ਸਿੰਘ ਦੁਆਰਾ, 6. ਹਰਮਿੰਦਰ ਸਿੰਘ ਪੁੱਤਰ ਗੁਰਮੀਤ ਸਿੰਘ, 7. ਅਮਨਦੀਪ ਸਿੰਘ ਪੁੱਤਰ ਗੁਰਮੀਤ ਸਿੰਘ, 8. ਸੁਖਜੀਤ ਸਿੰਘ ਪੁੱਤਰ ਮਲਕੀਤ ਸਿੰਘ, 9. ਹਰਵਿੰਦਰ ਸਿੰਘ ਪੁੱਤਰ ਸਰੂਪ ਸਿੰਘ, 10. ਨਿਰਮਲ ਸਿੰਘ ਪੁੱਤਰ ਜਸਵੰਤ ਸਿੰਘ, 11. ਰਾਜਵਿੰਦਰ ਕੌਰ w/o ਜਗਵਿੰਦਰ ਸਿੰਘ, 12. ਸੁਖਜਿੰਦਰਪਾਲ ਸਿੰਘ ਪੁੱਤਰ ਸਵਰਨ ਸਿੰਘ, 13. ਪਰਦੀਪ ਕੁਮਾਰ ਪੁੱਤਰ ਫਤਹ ਸਿੰਘ ਆਰ ਓ ਪਿੰਡ ਡੱਲੀ, ਸਬ-ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ।

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਕਿ ਉਪਰੋਕਤ ਤਕਸੀਮ ਕੇਸ ਵਿੱਚ ਉੱਤਰਵਾਦੀਆਂ ਦੀ ਇਤਲਾਹ ਆਮ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਤਕਸੀਮ ਕੇਸ 'ਤੇ ਜੇਕਰ ਕਿਸੇ ਵੀ ਧਿਰ ਨੂੰ ਕੋਈ ਇਤਰਾਜ਼ ਹੈ ਤਾਂ ਉਹ ਆਪਣੇ ਇਤਰਾਜ਼ ਮਿਤੀ 26.8.25 ਨੂੰ ਬਾਅਦ ਦੁਪਹਿਰ 2:30 ਵਜੇ ਅਦਾਲਤ ਵਿੱਚ ਹਾਜ਼ਰ ਆਵੇ ਜਾਂ ਖੁਦ ਪੇਸ਼ ਹੋ ਕੇ/ਮੁਖਤਾਰ ਰਾਹੀਂ ਅਸਾਲਤਨ ਜਾਂ ਵਕਾਲਤਨ ਰਾਹੀਂ ਪੇਸ਼ ਹੋ ਕੇ ਇਤਰਾਜ਼ ਦੇ ਸਕਦੇ ਹਨ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ।

ਅੱਜ ਮਿਤੀ 29.7. 25 ਨੂੰ ਮੇਰੇ ਦਸਤਖਤਾਂ ਤੇ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/-ਸਬ ਤਹਿਸੀਲਦਾਰ -ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ, ਜਲੰਧਰ
ਨੰ. : 367/ਰੀਡਰ ਮਿਤੀ : 29.7. 2025

## COURT NOTICE

(U/o 5 Rule 20 CPC)
In The Court of
Ms. Harpreet Kaur Nafra
Additional Civil Judge (Sr. Divn.), Amloh (P)
CNR No. PBFGA0-000369-2025
Next Date:- 01-09-2025

1. Ashma Rani Sehgal alias Puja Devi aged about 52 years Wife of Vinod Bhalla Son of Madan Lal Bhalla and daughter of Mohinder Partap Sehgal,
2. Tejesh Kumar Bhalla aged about 27 years Son of Vinod Bhalla, 3 Janisha aged about 28 years daughter of Vinod Bhalla, All resident of H.No. 301 Sector 25-A Dashmesh Colony Mandi Gobindgarh, Tehsil Amloh, District Fatehgarh Sahib.
4. Ekta Gupta aged about 34 years daughter of Vinod Bhalla and Wife of Nitin Gupta H.No. 320, Sector 25-C, Dashmesh Colony, Mandi Gobindgarh, Tehsil Amloh, Distt. Fatehgarh Sahib.

Vs. General Public

Suit For Declaration.

Publication Issued To: General Pubic

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 01-09-2025 at 10:00 a.m.

For details logon to https://highcourtchd.gov.in/?mod=district_notice&district=mogacourt

Additional Civil Judge (Sr. Divn.) Amloh (P)
Dated, this day of 28-07-2025

## COURT NOTICE

(U/o 5 Rule 20 CPC)
In The Court of
Kirandeep Kaur
Civil Judge (Junior Division), Amritsar
CNR No. PBAS02-001445-2025
Next Date:- 28-08-2025
CS POSSP INJ

Bhupinder Kaur
Vs.
Khazan Singh

Publication Issued To:
1) Khazan Singh
Son : Sadhu Singh, R/o H. No. 1011/IV-26, Gali Fatiabadi, Bazar Baba Sahib, Amritsar.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 28-08-2025 at 10:00 a.m.

For details logon to https://highcourtchd.gov.in/trs-district_notice&district=Amritsar

Civil Judge (Junior Division), Amritsar
Dated, this day of 29-07-2025

## ਸੋਧ

ਰੋਜ਼ਾਨਾ ਨਵਾਂ ਜ਼ਮਾਨਾ ਜਲੰਧਰ 'ਚ ਮੰਗਲਵਾਰ 29 ਜੁਲਾਈ 2025 ਨੂੰ ਸਫਾ ਨੰ. 6 'ਤੇ ਪ੍ਰਕਾਸ਼ਤ ਮਿਡਲੈਂਡ ਮਾਈਕ੍ਰੋਫਿਨ ਲਿਮਟਿਡ ਦੇ ਇਸ਼ਤਿਹਾਰ 'ਚ ਬਾਟਮ ਲਾਈਨ 'ਚ ਗਲਤੀ ਨਾਲ 28 ਜੁਲਾਈ 2025 ਦੀ ਜਗ੍ਹਾ 25 ਜੁਲਾਈ 2025 ਛੱਪ ਗਿਆ ਹੈ। ਇਸ ਨੂੰ 28 ਜੁਲਾਈ 2025 ਪੜ੍ਹਿਆ ਜਾਵੇ। ਬਾਕੀ ਸਭ ਕੁੱਝ ਪਹਿਲਾਂ ਵਾਂਗ ਹੀ ਰਹੇਗਾ

-ਮੈਨੇਜਰ
ਨਵਾਂ ਜ਼ਮਾਨਾ, ਜਲੰਧਰ

## COURT NOTICE

(U/o 5 Rule 20 CPC)
In The Court of Kirandeep Kaur
Civil Judge (Junior Division), Amritsar
CNR No. PBAS02-003812-2024
Next Date:- 22-08-2025
CS MINJ PINJ

Komal @Kamal Kumar
Vs.
Punjab State Through District Collector Mansa

Publication Issued To:
Punjab State Through District Collector Mansa
: Distt. Collector, Mansa
3) General Manager (administration) Pepsu Road Transport Corporation, Patiala (Depot)
5) Suman Lata W/o late Ashok Kumar Helper PRTC Barnala now R/o Partap Nagar, Gali Sujan Wali No.3, H. No. 33189, Bathinda

In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 22-08-2025 at 10:00 a.m.

For details logon to https://highcourtchd.gov.in/?trs=district_notice&district=Amritsar

Civil Judge (Junior Division) Amritsar
Dated, this day of 29-07-2025

ਫਾਰਮ ਨੰ. 3
[ਵੇਖੋ ਨਿਯਮ-13 (1) (ਏ)]
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 2)
ਪਹਿਲੀ ਮੰਜ਼ਲ, ਐੱਸ ਸੀ ਓ 33-34-35, ਸੈਕਟਰ 17-ਏ, ਚੰਡੀਗੜ੍ਹ-160017 (ਤੀਜੀ ਅਤੇ ਚੌਥੀ ਮੰਜ਼ਲ 'ਤੇ ਵੀ ਵਾਧੂ ਜਗ੍ਹਾ ਅਲਾਟ ਕੀਤੀ ਗਈ)
ਕੇਸ ਨੰ. ਓ ਏ/595/2025
ਕਰਜ਼ਾ ਵਸੂਲੀ ਟ੍ਰਿਬਿਊਨਲ (ਵਿਧੀ) ਰੂਲਜ਼, 1993 ਦੇ ਰੂਲ 5 ਦੇ ਸਬ-ਰੂਲ (2 ਏ) ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਤਹਿਤ ਸੰਮਨ
ਈ ਐੱਕਸ ਐੱਚ ਨੰ. 27189
ਐਕਸਿਸ ਬੈਂਕ ਬਨਾਮ ਹਰਸਿਮਰਨ ਵਰਮਾ

ਸੇਵਾ 'ਚ,
(1) ਹਰਸਿਮਰਨ ਵਰਮਾ ਵਰਮਾ ਡੀ/ਡਬਲਯੂ/ਐੱਸ/ਓ, ਸਚਿਨ ਵਰਮਾ ਏ-303, ਸੁਸ਼ਮਾ ਜੋਏ ਨੈੱਸਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ/ਮੋਹਾਲੀ, ਅਜੀਤਗੜ੍ਹ, ਪੰਜਾਬ

**ਸੰਮਨ**

ਜਦੋਂ ਕਿ ਓ ਏ/595/2025 ਮਾਣਯੋਗ ਪ੍ਰੀਜ਼ਾਇਡਿੰਗ ਅਫਸਰ/ਰਜਿਸਟਰਾਰ ਸਨਮੁੱਖ 10.07.2025 ਨੂੰ ਸੂਚੀਬੱਧ ਕੀਤਾ ਗਿਆ ਸੀ। ਜਦੋਂ ਕਿ ਇਸ ਮਾਣਯੋਗ ਟ੍ਰਿਬਿਊਨਲ ਨੂੰ ਤੁਹਾਡੇ ਵਿਰੁੱਧ ਰੁਪਏ 25,64,753/-(ਅਰਜ਼ੀ ਸਮੇਤ ਦਸਤਾਵੇਜ਼ਾਂ ਆਦਿ ਦੀਆਂ ਨਕਲਾਂ ਨਾਲ ਨੱਥੀ) ਕਰਜ਼ਾ ਵਸੂਲੀ ਲਈ ਦਾਇਰ ਉਕਤ ਅਰਜ਼ੀ 'ਤੇ ਐਕਟ (ਓ ਏ) ਦੇ ਸੈਕਸ਼ਨ 19 (4) ਤਹਿਤ ਸੰਮਨ/ਨੋਟਿਸ ਜਾਰੀ ਕਰਨ 'ਤੇ ਪ੍ਰਸੰਨਤਾ ਹੋ ਰਹੀ ਹੈ।

ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਦੇ ਅਨੁਸਾਰ ਤੁਹਾਨੂੰ ਜਵਾਬਦੇਹਾਂ ਨੂੰ ਹੇਠਾਂ ਦਰਸਾਏ ਨਿਰਦੇਸ਼ ਦਿੱਤੇ ਜਾਂਦੇ ਹਨ :-

(1) ਸੰਮਨਾਂ ਦੀ ਤਾਮੀਲ ਤੋਂ 30 ਦਿਨਾਂ ਦੇ ਅੰਦਰ ਕਾਰਨ ਦੱਸਿਆ ਜਾਵੇ ਕਿ ਮੰਗੀ ਗਈ ਰਾਹਤ ਕਿਉਂ ਮਨਜ਼ੂਰ ਨਾ ਕੀਤੀ ਜਾਵੇ।

(2) ਬਿਨੈਕਾਰ ਵੱਲੋਂ ਅਸਲ ਅਰਜ਼ੀਆਂ ਦੇ ਨਾਲ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐੱਸਟਸ ਤੋਂ ਇਲਾਵਾ ਹੋਰ ਜਾਇਦਾਦਾਂ ਅਤੇ ਐੱਸਟਸ ਦੇ ਵੇਰਵੇ ਦਾ ਖੁਲਾਸਾ ਕਰਨਾ।

(3) ਅਸਲ ਅਰਜ਼ੀ ਦੀ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐੱਸਟਸ ਜਾਂ ਸਕਿਉਰਡ ਐੱਸਟਸ ਜਿਨ੍ਹਾਂ ਵਿਰੁੱਧ ਸੁਣਵਾਈ ਲੰਬਿਤ ਹੈ ਅਤੇ ਜਾਇਦਾਦਾਂ ਦੀ ਅਟੈਚਮੈਂਟ ਵਾਸਤੇ ਅਰਜ਼ੀ ਦੇ ਨਿਪਟਾਰੇ ਸੰਬੰਧੀ ਸੌਦੇਬਾਜ਼ੀ ਜਾਂ ਨਿਪਟਾਰੇ ਲਈ ਤੁਹਾਡੇ 'ਤੇ ਪਾਬੰਦੀ ਹੈ।

(4) ਕਿਸੇ ਵੀ ਐੱਸਟਸ ਜਿਸ 'ਤੇ ਸੁਰੱਖਿਆ ਹਿੱਤ ਰੱਖਿਆ ਹੈ ਅਤੇ/ਜਾਂ ਅਸਲ ਅਰਜ਼ੀ ਦੀ ਲੜੀ ਨੰ. 3 ਏ ਅਧੀਨ ਦਰਸਾਈਆਂ ਵਿਸ਼ੇਸ਼ ਜਾਇਦਾਦਾਂ ਅਤੇ ਐੱਸਟਸ ਕਾਰੋਬਾਰ ਦੇ ਆਮ ਸਰੋਤ ਤੋਂ ਇਲਾਵਾ ਟ੍ਰਿਬਿਊਨਲ ਦੀ ਪਹਿਲਾਂ ਮਨਜ਼ੂਰੀ ਲੈਣ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕੋਗੇ।

(5) ਸਕਿਉਰਡ ਐੱਸਟਸ ਜਾਂ ਹੋਰ ਐੱਸਟਸ ਅਤੇ ਜਾਇਦਾਦਾਂ ਦੀ ਬਿਜ਼ਨੈੱਸ ਦੇ ਆਮ ਸਰੋਤਾਂ ਲਈ ਵਿਕਰੀ ਅਮਲ ਲਈ ਤੁਸੀਂ ਉੱਤਰਦਾਈ ਹੋਵੋਗੇ ਅਤੇ ਇਸ ਵਿਕਰੀ ਅਮਲ ਦਾ ਡਿਪਾਜ਼ਟ ਅਜਿਹੇ ਐੱਸਟਸ 'ਤੇ ਸੁਰੱਖਿਆ ਹਿੱਤ ਰੱਖਣ ਵਾਲੇ ਬੈਂਕ ਖਾਤੇ ਜਾਂ ਵਿੱਤੀ ਸੰਸਥਾਵਾਂ 'ਚ ਜਮ੍ਹਾਂ ਕਰਵਾਉਣਾ ਹੋਵੇਗਾ।

ਤੁਹਾਨੂੰ ਲਿਖਤੀ ਬਿਆਨ ਦਾਇਰ ਕਰਨ ਅਤੇ ਇਸ ਦੀ ਨਕਲ ਬਿਨੈਕਾਰ ਨੂੰ ਦੇਣ ਅਤੇ ਰਜਿਸਟਰਾਰ ਸਨਮੁੱਖ 08.09.2025 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਦੇ ਵੀ ਆਦੇਸ਼ ਹਨ, ਅਸਫਲ ਰਹਿਣ 'ਤੇ ਤੁਹਾਡੇ ਵਿਰੁੱਧ ਇਕਤਰਫਾ ਕਾਰਵਾਈ ਕਰ ਦਿੱਤੀ ਜਾਵੇਗੀ।

ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 11.07.2025 ਨੂੰ ਜਾਰੀ ਕੀਤਾ ਗਿਆ।

ਸੰਮਨ ਜਾਰੀ ਕਰਨ ਵਾਲੇ
ਅਧਿਕਾਰਤ ਅਫਸਰ ਦੇ ਦਸਤਖਤ

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀਮਤੀ ਸਲੋਚਨਾ ਦੇਵੀ
ਨਾਇਬ ਤਹਿਸੀਲਦਾਰ -ਕਮ- ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ।
ਕੇਸ ਅਨੁਵਾਨ: ਅਵਤਾਰ ਸਿੰਘ ਵਗੈਰਾ ਬਨਾਮ ਸੰਦੀਪ ਸਿੰਘ ਵਗੈਰਾ
ਵਾਕਿਆ ਪਿੰਡ : ਪਿੰਡ ਮੁਮੰਦਪੁਰ, ਸਬ ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ।
ਕੇਸ ਨੰਬਰ:
ਨੋਟਿਸ ਬਨਾਮ-

1. ਸੰਦੀਪ ਸਿੰਘ ਪੁੱਤਰ ਦਿਆਲ ਸਿੰਘ, 2. ਗੁਰਮੀਤ ਸਿੰਘ ਪੁੱਤਰ ਗੇਂਦਾ ਸਿੰਘ, 3. ਦਿਆਲ ਸਿੰਘ ਪੁੱਤਰ ਜਗਤ ਸਿੰਘ, 4. ਜਸਵਿੰਦਰ ਕੌਰ ਅਤੇ ਦਿਆਲ ਸਿੰਘ, 5. ਦਲਜੀਤ ਸਿੰਘ ਪੁੱਤਰ ਜੋਗਿੰਦਰ ਸਿੰਘ, 6. ਬਲਜੀਤ ਸਿੰਘ ਪੁੱਤਰ ਜੋਗਿੰਦਰ ਸਿੰਘ, 7. ਜਗਦੀਸ਼ ਕੌਰ w/o ਰਾਮ ਸਿੰਘ, 8. ਹਰਕਮਲ ਸਿੰਘ ਪੁੱਤਰ ਰਾਮ ਸਿੰਘ, 9. ਮਹਿੰਦਰ ਕੌਰ w/o ਸੁਰਿੰਦਰ ਪਾਲ ਸਿੰਘ, 10. ਬਰਿੰਦਰ ਕੌਰ ਡੀ/ਓ ਸੁਰਿੰਦਰਪਾਲ ਸਿੰਘ, 11. ਸੁਖਦੇਵ ਸਿੰਘ ਪੁੱਤਰ ਅਮਰਜੀਤ ਕੌਰ, 12. ਵਰਿੰਦਰ ਕੌਰ D/o ਅਮਰਜੀਤ ਕੌਰ ਸਾਰੇ ਵਾਸੀ ਪਿੰਡ ਮੁਮੰਦਪੁਰ, ਸਬ ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ, 13. ਸੈਂਟਰਲ ਬੈਂਕ ਆਫ ਇੰਡੀਆ ਬੈਂਕ ਬ੍ਰਾਂਚ ਭੋਗਪੁਰ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਕਿ ਉਪਰੋਕਤ ਤਕਸੀਮ ਕੇਸ ਵਿੱਚ ਉੱਤਰਵਾਦੀਆਂ ਦੀ ਇਤਲਾਹ ਆਮ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਤਕਸੀਮ ਕੇਸ 'ਤੇ ਜੇਕਰ ਕਿਸੇ ਵੀ ਧਿਰ ਨੂੰ ਕੋਈ ਇਤਰਾਜ਼ ਹੈ ਤਾਂ ਉਹ ਆਪਣੇ ਇਤਰਾਜ਼ ਮਿਤੀ 26.8.25 ਨੂੰ ਬਾਅਦ ਦੁਪਹਿਰ 2:30 ਵਜੇ ਅਦਾਲਤ ਵਿੱਚ ਹਾਜ਼ਰ ਆਵੇ ਤੱਕ ਜਾਂ ਖੁਦ ਪੇਸ਼ ਹੋ ਕੇ/ਮੁਖਤਾਰ ਰਾਹੀਂ ਅਸਾਲਤਨ ਜਾਂ ਵਕਾਲਤਨ ਰਾਹੀਂ ਪੇਸ਼ ਹੋ ਕੇ ਇਤਰਾਜ਼ ਦੇ ਸਕਦੇ ਹਨ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ।

ਅੱਜ ਮਿਤੀ 29.7 25 ਨੂੰ ਮੇਰੇ ਦਸਤਖਤਾਂ ਤੇ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/-ਸਬ ਤਹਿਸੀਲਦਾਰ -ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ, ਜਲੰਧਰ
ਨੰ. : 365/ਰੀਡਰ ਮਿਤੀ : 29.7. 2025

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀਮਤੀ ਸਲੋਚਨਾ ਦੇਵੀ
ਨਾਇਬ ਤਹਿਸੀਲਦਾਰ -ਕਮ- ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ।
ਕੇਸ ਅਨੁਵਾਨ : ਸੁਖਦੇਵ ਸਿੰਘ ਵਗੈਰਾ ਬਨਾਮ ਕਮਲਜੀਤ ਕੌਰ ਵਗੈਰਾ
ਵਾਕਿਆ ਪਿੰਡ : ਚੋਲਾਂਗ, ਸਬ ਤਹਿਸੀਲ ਭੋਗਪੁਰ ਜ਼ਿਲ੍ਹਾ ਜਲੰਧਰ।
ਕੇਸ ਨੰਬਰ:
ਨੋਟਿਸ ਬਨਾਮ :-

1. ਕਮਲਜੀਤ ਕੌਰ ਪਤਨੀ ਜਸਵੀਰ ਸਿੰਘ, 2. ਅਮਰੀਕ ਸਿੰਘ ਪੁੱਤਰ ਬਲਵੀਰ ਸਿੰਘ, 3. ਗੁਰਪ੍ਰੀਤ ਕੌਰ ਪਤਨੀ ਹਰਚਰਨ ਸਿੰਘ, 4. ਨਵਤੇਜ ਸਿੰਘ ਪੁੱਤਰ ਮਨਜੀਤ ਸਿੰਘ, 5. ਪੁਸ਼ਪਿੰਦਰ ਸਿੰਘ ਪੁੱਤਰ ਸਰਬਜੀਤ ਸਿੰਘ, 6. ਸਵਿੰਦਰ ਸਿੰਘ ਪੁੱਤਰ ਸਰਬਜੀਤ ਸਿੰਘ, 7. ਬਲਵਿੰਦਰ ਕੌਰ ਪਤਨੀ ਦਲਵਿੰਦਰ ਸਿੰਘ, 8. ਹਰਮਿੰਦਰ ਕੌਰ ਪਤਨੀ ਸੁਰਿੰਦਰ ਸਿੰਘ, 9. ਮਲਕੀਤ ਸਿੰਘ ਪੁੱਤਰ ਦੀਵਾਨ ਸਿੰਘ, 10. ਰਣਜੀਤ ਕੌਰ ਪਤਨੀ ਅਮਰੀਕ ਸਿੰਘ, 11. ਰਵਿੰਦਰ ਕੁਮਾਰ ਪੁੱਤਰ ਤਰਸੇਮ ਸਿੰਘ, ਸਾਰੇ ਵਾਸੀ ਪਿੰਡ ਚੋਲਾਂਗ, ਸਬ-ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ।

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਕਿ ਉਪਰੋਕਤ ਤਕਸੀਮ ਕੇਸ ਵਿੱਚ ਉੱਤਰਵਾਦੀਆਂ ਦੀ ਇਤਲਾਹ ਆਮ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਤਕਸੀਮ ਕੇਸ 'ਤੇ ਜੇਕਰ ਕਿਸੇ ਵੀ ਧਿਰ ਨੂੰ ਕੋਈ ਇਤਰਾਜ਼ ਹੋ ਤਾਂ ਉਹ ਆਪਣੇ ਇਤਰਾਜ਼ ਮਿਤੀ 26.8.25 ਨੂੰ ਬਾਅਦ ਦੁਪਹਿਰ 2:30 ਵਜੇ ਅਦਾਲਤ ਵਿੱਚ ਹਾਜ਼ਰ ਆਵੇ ਜਾਂ ਖੁਦ ਪੇਸ਼ ਹੋ ਕੇ/ਮੁਖਤਾਰ ਰਾਹੀਂ ਅਸਾਲਤਨ ਜਾਂ ਵਕਾਲਤਨ ਰਾਹੀਂ ਪੇਸ਼ ਹੋ ਕੇ ਇਤਰਾਜ਼ ਦੇ ਸਕਦੇ ਹਨ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ।

ਅੱਜ ਮਿਤੀ 29.7 25 ਨੂੰ ਮੇਰੇ ਦਸਤਖਤਾਂ ਤੇ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/-ਸਬ ਤਹਿਸੀਲਦਾਰ -ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ, ਜਲੰਧਰ
ਨੰ. : 366/ਰੀਡਰ ਮਿਤੀ : 29.7. 2025

ਫਾਰਮ ਨੰ. 3
[ਵੇਖੋ ਨਿਯਮ-13 (1) (ਏ)]
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 3)
ਹੇਠਲੀ ਮੰਜ਼ਲ, ਐੱਸ ਸੀ ਓ 33-34-35, ਸੈਕਟਰ 17-ਏ, ਚੰਡੀਗੜ੍ਹ-160017
ਕੇਸ ਨੰ. ਓ ਏ/932/2023
ਕਰਜ਼ਾ ਵਸੂਲੀ ਟ੍ਰਿਬਿਊਨਲ (ਵਿਧੀ) ਰੂਲਜ਼, 1993 ਦੇ ਰੂਲ 5 ਦੇ ਸਬ-ਰੂਲ (2 ਏ) ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਤਹਿਤ ਸੰਮਨ
ਈ ਐੱਕਸ ਐੱਚ ਨੰ. 25977
ਐਕਸਿਸ ਬੈਂਕ ਬਨਾਮ ਜਸਪਾਲ ਸਿੰਘ ਚਾਵਲਾ ਅਤੇ ਹੋਰ

ਸੇਵਾ 'ਚ,
(2) ਦਸਮੀਤ ਸਿੰਘ ਪੁੱਤਰ ਜਸਪਾਲ ਸਿੰਘ ਵਾਸੀ ਮਕਾਨ ਨੰ. 2, ਅਗਰਵਾਲ ਕਰਿਆਨਾ ਸਟੋਰ, ਗੁਰੂ ਗਿਆਨ ਵਿਹਾਰ, ਬਸੰਤ ਐਵੇਨਿਊ, ਲੁਧਿਆਣਾ-141013

**ਸੰਮਨ**

ਜਦੋਂ ਕਿ ਓ ਏ/932/2023 ਮਾਣਯੋਗ ਪ੍ਰੀਜ਼ਾਇਡਿੰਗ ਅਫਸਰ/ਰਜਿਸਟਰਾਰ ਸਨਮੁੱਖ 20.06.2025 ਨੂੰ ਸੂਚੀਬੱਧ ਕੀਤਾ ਗਿਆ ਸੀ। ਜਦੋਂ ਕਿ ਇਸ ਮਾਣਯੋਗ ਟ੍ਰਿਬਿਊਨਲ ਨੂੰ ਤੁਹਾਡੇ ਵਿਰੁੱਧ ਰੁ. 24,08,217/- (ਅਰਜ਼ੀ ਸਮੇਤ ਦਸਤਾਵੇਜ਼ਾਂ ਆਦਿ ਦੀਆਂ ਨਕਲਾਂ ਨਾਲ ਨੱਥੀ) ਕਰਜ਼ਾ ਵਸੂਲੀ ਲਈ ਦਾਇਰ ਉਕਤ ਅਰਜ਼ੀ 'ਤੇ ਐਕਟ (ਓ ਏ) ਦੇ ਸੈਕਸ਼ਨ 19 (4) ਤਹਿਤ ਸੰਮਨ/ਨੋਟਿਸ ਜਾਰੀ ਕਰਨ 'ਤੇ ਪ੍ਰਸੰਨਤਾ ਹੋ ਰਹੀ ਹੈ।

ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਦੇ ਅਨੁਸਾਰ ਤੁਹਾਨੂੰ ਜਵਾਬਦੇਹਾਂ ਨੂੰ ਹੇਠਾਂ ਦਰਸਾਏ ਨਿਰਦੇਸ਼ ਦਿੱਤੇ ਜਾਂਦੇ ਹਨ :-

(1) ਸੰਮਨਾਂ ਦੀ ਤਾਮੀਲ ਤੋਂ 30 ਦਿਨਾਂ ਦੇ ਅੰਦਰ ਕਾਰਨ ਦੱਸਿਆ ਜਾਵੇ ਕਿ ਮੰਗੀ ਗਈ ਰਾਹਤ ਕਿਉਂ ਮਨਜ਼ੂਰ ਨਾ ਕੀਤੀ ਜਾਵੇ।

(2) ਬਿਨੈਕਾਰ ਵੱਲੋਂ ਅਸਲ ਅਰਜ਼ੀਆਂ ਦੇ ਨਾਲ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐੱਸਟਸ ਤੋਂ ਇਲਾਵਾ ਹੋਰ ਜਾਇਦਾਦਾਂ ਅਤੇ ਐੱਸਟਸ ਦੇ ਵੇਰਵੇ ਦਾ ਖੁਲਾਸਾ ਕਰਨਾ।

(3) ਅਸਲ ਅਰਜ਼ੀ ਦੀ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐੱਸਟਸ ਜਾਂ ਸਕਿਉਰਡ ਐੱਸਟਸ ਜਿਨ੍ਹਾਂ ਵਿਰੁੱਧ ਸੁਣਵਾਈ ਲੰਬਿਤ ਹੈ ਅਤੇ ਜਾਇਦਾਦਾਂ ਦੀ ਅਟੈਚਮੈਂਟ ਵਾਸਤੇ ਅਰਜ਼ੀ ਦੇ ਨਿਪਟਾਰੇ ਸੰਬੰਧੀ ਸੌਦੇਬਾਜ਼ੀ ਜਾਂ ਨਿਪਟਾਰੇ ਲਈ ਤੁਹਾਡੇ 'ਤੇ ਪਾਬੰਦੀ ਹੈ।

(4) ਕਿਸੇ ਵੀ ਐੱਸਟਸ ਜਿਸ 'ਤੇ ਸੁਰੱਖਿਆ ਹਿੱਤ ਰੱਖਿਆ ਹੈ ਅਤੇ/ਜਾਂ ਅਸਲ ਅਰਜ਼ੀ ਦੀ ਲੜੀ ਨੰ. 3 ਏ ਅਧੀਨ ਦਰਸਾਈਆਂ ਵਿਸ਼ੇਸ਼ ਜਾਇਦਾਦਾਂ ਅਤੇ ਐੱਸਟਸ ਕਾਰੋਬਾਰ ਦੇ ਆਮ ਸਰੋਤ ਤੋਂ ਇਲਾਵਾ ਟ੍ਰਿਬਿਊਨਲ ਦੀ ਪਹਿਲਾਂ ਮਨਜ਼ੂਰੀ ਲੈਣ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕੋਗੇ।

(5) ਸਕਿਉਰਡ ਐੱਸਟਸ ਜਾਂ ਹੋਰ ਐੱਸਟਸ ਅਤੇ ਜਾਇਦਾਦਾਂ ਦੀ ਬਿਜ਼ਨੈੱਸ ਦੇ ਆਮ ਸਰੋਤਾਂ ਲਈ ਵਿਕਰੀ ਅਮਲ ਲਈ ਤੁਸੀਂ ਉੱਤਰਦਾਈ ਹੋਵੋਗੇ ਅਤੇ ਇਸ ਵਿਕਰੀ ਅਮਲ ਦਾ ਡਿਪਾਜ਼ਟ ਅਜਿਹੇ ਐੱਸਟਸ 'ਤੇ ਸੁਰੱਖਿਆ ਹਿੱਤ ਰੱਖਣ ਵਾਲੇ ਬੈਂਕ ਖਾਤੇ ਜਾਂ ਵਿੱਤੀ ਸੰਸਥਾਵਾਂ 'ਚ ਜਮ੍ਹਾਂ ਕਰਵਾਉਣਾ ਹੋਵੇਗਾ।

ਤੁਹਾਨੂੰ ਲਿਖਤੀ ਬਿਆਨ ਦਾਇਰ ਕਰਨ ਅਤੇ ਇਸ ਦੀ ਨਕਲ ਬਿਨੈਕਾਰ ਨੂੰ ਦੇਣ ਅਤੇ ਰਜਿਸਟਰਾਰ ਸਨਮੁੱਖ 29.10.2025 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਦੇ ਵੀ ਆਦੇਸ਼ ਹਨ, ਅਸਫਲ ਰਹਿਣ 'ਤੇ ਤੁਹਾਡੇ ਵਿਰੁੱਧ ਇਕਤਰਫਾ ਕਾਰਵਾਈ ਕਰ ਦਿੱਤੀ ਜਾਵੇਗੀ।

ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 24.06.2025 ਨੂੰ ਜਾਰੀ ਕੀਤਾ ਗਿਆ।

ਸੰਮਨ ਜਾਰੀ ਕਰਨ ਵਾਲੇ
ਅਧਿਕਾਰਤ ਅਫਸਰ ਦੇ ਦਸਤਖਤ

## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

ਸੀਨੀ. ਮੰਡਲ ਯਾਂਤ੍ਰਿਕ ਇੰਜੀਨੀਅਰ, ਉੱਤਰ ਰੇਲਵੇ, ਡੀ.ਐਮ.ਯੂ. ਕਾਰ ਸ਼ੈਡ, ਜਲੰਧਰ ਸ਼ਹਿਰ, ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੇ ਕੰਮ ਦੇ ਲਈ ਨਿਰਧਾਰਿਤ ਪ੍ਰਫੋਰਮੇ ਉਤੇ ਈ-ਟੈਂਡਰ ਮੰਗ ਕੀਤੀ ਜਾਂਦੀ ਹੈ।

| | |
|---|---|
| 1 | ਕੰਮ ਦਾ ਨਾਮ : ਡੀਐਮਯੂ ਕਾਰ ਸ਼ੈਡ ਜਲੰਧਰ ਵਿਚ ਡੀਜ਼ਲ ਏਯਰ ਕੰਪ੍ਰੇਸਰ (ਸ਼ਮਤਾ 450 ਸੀਐਫਐਮ) ਅਤੇ ਇਲੇਕਿਟ੍ਰਕ ਏਯਰ ਕੰਪ੍ਰੇਸਰ (ਸ਼ਮਤਾ 500 ਸੀਐਫਐਮ) ਦਾ 03 ਸਾਲ ਦੇ ਸਮੇਂ ਦੇ ਲਈ ਸਲਾਨਾ ਰੱਖ-ਰੱਖਾਵ ਅਨੁਬੰਧ। |
| 2 | ਅਨੁਮਾਨਿਤ ਲਾਗਤ : ਰੁ: 14,97,420.00 (ਰੁ: ਚੋਦਾ ਲੱਖ ਸਤਾਨਵੇ ਹਜ਼ਾਰ ਚਾਰ ਸੌ ਬੀਸ ਕੇਵਲ) |
| 3 | ਬਿਆਨਾ ਰਾਸ਼ੀ : ਰੁ: 30,000.00 (ਰੁ: ਤੀਸ ਹਜ਼ਾਰ ਕੇਵਲ) |
| 4 | ਟੈਂਡਰ ਦੀ ਉਪਲਬਧਤਾ : ਮਿਤੀ 29.07.2025 ਤੋਂ |
| 5 | ਈ-ਟੈਂਡਰ ਜਮਾਂ ਕਰਨ ਦੀ ਮਿਤੀ ਅਤੇ ਸਮਾਂ : ਮਿਤੀ 20.08.2025 ਨੂੰ 15:00 ਵਜੇ ਤਕ |
| 6 | ਈ-ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ : ਮਿਤੀ 20.08.2025 ਨੂੰ 15:15 ਵਜੇ |
| 7 | ਵੈਧਤਾ : ਖੁਲਣ ਦੀ ਮਿਤੀ ਤੋਂ 45 ਦਿਨ ਤਕ |
| 8 | ਟੈਂਡਰ ਦਾ ਪ੍ਰਕਾਰ : ਏਕਲ ਟੈਂਡਰ (ਏਕਲ ਪੈਕੇਟ ਪ੍ਰਣਾਲੀ) |
| 9 | ਕੰਮ ਦਾ ਸਮਾਂ : 36 ਮਹੀਨੇ (03 ਸਾਲ) |
| 10 | ਵੈੱਬਸਾਈਟ : www.ireps.gov.in |

ਨੰ: 01--ਡੀ ਐਮ ਯੂ-ਜਲੰਧਰ ਸ਼ਹਿਰ ਮਿਤੀ : 29.07.2025 2307/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਕਲਾਸੀਫਾਈਡ ਇਸ਼ਤਿਹਾਰ

## Change of Name

I Baljit Singh S/o Charnjit Singh Village Krtowal Kalan Tehsil Patti District Tarn Taran Have Changed my Name From Baljit Singh to Surname as Singh and my Givenname is Baljit plz note it.

I, Simmi Malhotra w/o Neeraj Chadha R/o Wm 227 Basti Guzan Jalandhar have changed my name to Simmi Chadha.

I, Jasmine D/o Gurpreet Singh R/o Village Nizamdinpur, Post Office- Kala Bakra, District-Jalandhar , Punjab (India) have changed my name from Jasmine to Jasmine Sallan. Please note.

I, Gurpreet Singh S/o Pargat Singh R/o Village Nizamdinpur, Post Office- Kala Bakra, District-Jalandhar, Punjab (India) have changed my minor doughter's name from Simran to Simran Sallan. Please note.

I, Navneet Kaur W/o Manmeet Singh R/o H No. 95, Lane 6-B, Sahibzada Jujhar Singh Avenue, Airport, Amritsar. I have changed my name after marriage from Navneet Kaur to Neetu Arora. all concerned please note.

I, Saranjit Kaur W/o Jagtar Singh R/o H.No.55-B, New Azad Nagar, Amritsar have changed my name from Saranjit Kaur to Sharanjit Kaur

I, Vishal S/o Mani Ram R/o Vill Bajrawar PO Bajrawar, Hoshiarpur have changed my name from Vishal to Vishal Saini.

I, Charnjit Singh S/o Lakha Singh R/o Village Nasar, PO Chamiari, Tehsil Ajnala, Distt. Amritsar, Punjab-143102 have changed my name from Charnjit Singh to Charanjit Sungh.

I, Parminder Kaur Wife of Amandeep Singh Residence of Village Dhade Fateh Singh Distt. Hoshiarpur Punjab Have change my name from Parminder Kaur to Kaur Parminder. Concerned note please.

I, Kapil Kumar S/O Umesh Kumar R/O Ward No 6 Balachaur Teh Balachaur Distt. SBS Nagar Punjab Have Changed My Name To Kumar Kapil. All Please Note.

I, Parul Chopra W/o Sandeep Kumar permanent resident of H.No. 2165, Phase-2, Urban Estate, Patiala, Punjab-147002 and presently residing at H.No.330, Mota Singh Nagar, Jalandhar, Punjab-144001 have changed the name of my minor daughter Iha aged 14 years and she shall hereafter be known as Iha Chopra.

I, Mandeep W/o Ajay R/o H.No. E.S. 428, Gali No. 4/6, Abadpura, Jalandhar, Punjab-144003 changed my name to Mandeep Kaur.

I, Amrik Singh S/O Chanchal Singh R/O H.No. 234, Street No.5, Sainik Vihar, Distt. Jalandhar - 144023, Punjab have changed my name from Amrik Singh to Amrik Singh Kahlon. All note.

I, Naresh Kumar S/O Resham Lal R/O Vpo. Kukarpind, Distt. Jalandhar - 144024, Punjab, India have changed my name from Naresh Kumar to Naresh kumar Lal.(Lal As Surname and Naresh Kumar as Given name).

I, Lakhwinder Kumar S/O Resham Lal R/O Vpo. kukarpind , Distt. Jalandhar - 144024, Punjab, India have changed my name from Lakhwinder Kumar to Lakhwinder Kumar Lal.(Lal As Surname and Lakhwinder Kumar as Given name).

I, Veena Devi W/o Shiv Kumar Yadav R/o H.No. 06, Cantt Board Quarter Mool Raj Road, Jalandhar Cantt-144005, Punjab have changed my name from Veena Devi to Veena Yadav. All concerned please note.

I, Marok Twinkle W/o Ishdeep Singh Resident of H.No. 57, New Model Town, Kapurthala, PO Kapurthala, Kapurthala, PIN 144601 have declare that Twinkle is my Surname and Marok is my given name.

I, Hira Singh S/o Harbhajan Singh R/o Village Pandher Kalan, PO Kotla Gujjran, District Amritsar have changed my name from Hira Singh to Heera Singh.

I, Devinder Singh Mannan S/o Balwant Singh R/o Village Mannan PO Chabhal, Tehsil and District Tarn Taran have changed my name from Devinder Singh Mannan to Davinder Singh.

I, Yogesh Kumar s/o Joginder Pal Soni r/o H.No. 363, Near Shiv Mandir, New Dilbagh Nagar Ext. Jalandhar have changed my name to Yogesh Soni. All Please Note.

I, SukhSajan s/o Harmel Singh r/o Vill. Bajuha Khurd, Distt. Jalandhar have changed my name given name as Sukh and Surname as Sajan. All Please Note.

I, Vijay Preet d/o Paramjit r/o VPO. Budhiana, Distt. Jalandhar declare that Vijay Preet and Vijaypreet is one and the same person. All Please Note.

I, Nawnirman Singh Alias Navnirman Singh s/o Jaswant Singh r/o Vill.Shalapur, Po. Sandhawal, Tehsil Shahkot, Jalandhar have changed my name to Navnirman Singh. All Please Note.

I, Amit Kumar s/o Prem Pal r/o H.no.136, Tower Enclave, Phase-3, Tower Town Colony, Jalandhar Changed my name to Amit Kumar Nanda (Surname as Nanda) All Please Note.

I, Simran C/o Sarvan Dass R/o Ball, Jalandhar-144012, Punjab have changed my name from Simran to Simran Kaur. All Please Note.

I, Nachhattar Singh s/o Tarlochan Singh r/o VPO. Kahlwan, District Jalandhar, Punjab have changed my name from Nachhattar Singh to Nachatar Singh. All Please Note.

I, Harpreet Kaur W/o Ruppen R/o Mohalla Prem Nagar, VPO. Alawalpur, Distt. Jalandhar have changed my name After Marriage from Harpreet Kaur to Kaur Hapreet (Kaur as Surname) All Please Note.

I, hitherto known as Gurpreet S/o Jaswinder R/o Vill. Sehjhangi, Po. Basti Guzan, Jalandhar, Punjab - 144002 have changed my name and shall hereafter be known as Gurpreet Singh.

I, Upasana Pahwa w/o Rajeev Pahwa r/o Mohalla Sacharan, Phagwara, Distt.Kapurthala-144401 have changed my name to Upasna Pahwa. (Given name as Upasna & surname as Pahwa) All Please Note.

## Change of Name

I, Kuldip Singh S/o Mohinder Singh R/o Vill. Nasirabad, Tehsil Phagwara, Distt.Kapurthala have changed name to Kuldeep Singh. All Please Note.

I, Geeta W/o Deepak Kumar R/o H.No. 645-A, New Model House, Po. Model Town, Jalandhar, Punjab have changed my name from Geeta to Geeta Arora. All Please Note.

I, Maninder Kaur Alias Kamla Devi W/o Mulkh Raj R/o Hassan Munda, Kartarpur (Rural) Jalandhar have changed my name from Maninder Kaur Alias Kamla Devi to Kamla Devi. All Please Note.

I, Monu S/o Amarjit R/o H.No D 20, Gali No. 03, Near Buta Pind Road, Partap Nagar, Wadala Chowk, Jalandhar, Punjab have changed my name from Monu to Monu Mehra. (Mehra as surname) All Please Note.

## ਆਮ ਸੂਚਨਾ

ਮੈਂ ਨਵਜੋਤ ਸਿੰਘ ਪੁੱਤਰ ਬਲਵਿੰਦਰ ਸਿੰਘ, ਵਾਸੀ ਬੇਦਾਦਪੁਰ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਸੂਚਿਤ ਕਰਦਾ ਹਾਂ ਕਿ ਮੈਂ ਡੁਬਈ ਰਹਿੰਦੇ ਸਮੇਂ ਡੁਬਈ ਤੋਂ ਇਕ ਮੁਖਤਾਰਨਾਮਾ ਆਮ ਆਪਣੇ ਪਿਤਾ ਬਲਵਿੰਦਰ ਸਿੰਘ ਦੇ ਨਾਮ ਬਣਾਇਆ ਸੀ, ਅੱਜ 28-7-2025 ਨੂੰ ਮੈਂ ਉਕਤ ਮੁਖਤਾਰਨਾਮਾ ਕੈਂਸਲ ਕਰਦਾ ਹਾਂ। ਅੱਜ ਤੋਂ ਬਾਅਦ ਉਹ ਮੇਰੇ ਮੁਖਤਾਰ ਨਹੀਂ ਹੋਣਗੇ।

ਮੈਂ ਰਾਜੀਵ ਸਿੰਘ ਪੁੱਤਰ ਨਿੱਕਾ ਰਾਮ ਪੁੱਤਰ ਆਗਿਆ ਰਾਮ ਵਾਸੀ ਸੰਧਵਾਲ ਤਹਿਸੀਲ ਮੁਕੇਰੀਆਂ ਜ਼ਿਲ੍ਹਾ ਹੁਸ਼ਿਆਰਪੁਰ ਆਧਾਰ ਕਾਰਡ ਤੇ ਮੇਰਾ ਨਾਮ ਵਰਿੰਦਰ ਕੁਮਾਰ ਪੁੱਤਰ ਨਿੱਕਾ ਰਾਮ ਬਿਲਕੁਲ ਸਹੀ ਹੈ। ਮਾਲ ਮਹਿਕਮੇ ਦੇ ਰਿਕਾਰਡ ਦੇ ਵਿੱਚ ਵਾਕਿਆ ਰਕਬਾ ਪਿੰਡ ਸੰਧਵਾਲ ਹੱਦਬਸਤ 356 ਵਿੱਚ ਮੇਰਾ ਨਾਮ ਰਣਜੀਤ ਸਿੰਘ ਪੁੱਤਰ ਨਿਕੂ ਰਾਮ ਦਰਜ ਹੈ। ਰਾਜੀਵ ਸਿੰਘ ਪੁੱਤਰ ਨਿੱਕਾ ਰਾਮ ਅਤੇ ਰਣਜੀਤ ਸਿੰਘ ਪੁੱਤਰ ਨਿਕੂ ਰਾਮ ਦੋਵੇਂ ਨਾਮ ਇੱਕ ਵਿਅਕਤੀ ਦੇ ਹੀ ਹਨ

ਮੈਂ ਨਰਿੰਦਰ ਸਿੰਘ ਪੁੱਤਰ ਨਿੱਕਾ ਰਾਮ ਪੁੱਤਰ ਆਗਿਆ ਰਾਮ ਵਾਸੀ ਸੰਧਵਾਲ ਤਹਿਸੀਲ ਮੁਕੇਰੀਆਂ ਜ਼ਿਲ੍ਹਾ ਹੁਸ਼ਿਆਰਪੁਰ ਆਧਾਰ ਕਾਰਡ ਤੇ ਮੇਰਾ ਨਾਮ ਨਰਿੰਦਰ ਸਿੰਘ ਪੁੱਤਰ ਨਿੱਕਾ ਰਾਮ ਬਿਲਕੁਲ ਸਹੀ ਹੈ। ਮਾਲ ਮਹਿਕਮੇ ਦੇ ਰਿਕਾਰਡ ਦੇ ਵਿੱਚ ਵਾਕਿਆ ਰਕਬਾ ਪਿੰਡ ਸੰਧਵਾਲ ਹੱਦਬਸਤ 356 ਵਿੱਚ ਮੇਰਾ ਨਾਮ ਦਵਿੰਦਰ ਸਿੰਘ ਪੁੱਤਰ ਨਿਕੂ ਰਾਮ ਦਰਜ ਹੈ। ਨਰਿੰਦਰ ਸਿੰਘ ਪੁੱਤਰ ਨਿੱਕਾ ਰਾਮ ਅਤੇ ਦਵਿੰਦਰ ਸਿੰਘ ਪੁੱਤਰ ਨਿਕੂ ਰਾਮ ਦੋਵੇਂ ਨਾਮ ਇੱਕ ਵਿਅਕਤੀ ਦੇ ਹੀ ਹਨ

ਮੈਂ ਵਰਿੰਦਰ ਕੁਮਾਰ ਪੁੱਤਰ ਨਿੱਕਾ ਰਾਮ ਪੁੱਤਰ ਆਗਿਆ ਰਾਮ ਵਾਸੀ ਸੰਧਵਾਲ ਤਹਿਸੀਲ ਮੁਕੇਰੀਆਂ ਜ਼ਿਲ੍ਹਾ ਹੁਸ਼ਿਆਰਪੁਰ ਆਧਾਰ ਕਾਰਡ ਤੇ ਮੇਰਾ ਨਾਮ ਵਰਿੰਦਰ ਕੁਮਾਰ ਪੁੱਤਰ ਨਿੱਕਾ ਰਾਮ ਬਿਲਕੁਲ ਸਹੀ ਹੈ। ਮਾਲ ਮਹਿਕਮੇ ਦੇ ਰਿਕਾਰਡ ਦੇ ਵਿੱਚ ਵਾਕਿਆ ਰਕਬਾ ਪਿੰਡ ਸੰਧਵਾਲ ਹੱਦਬਸਤ 356 ਵਿੱਚ ਮੇਰਾ ਨਾਮ ਸ਼ਿਵਚਰਨ ਸਿੰਘ ਪੁੱਤਰ ਨਿਕੂ ਰਾਮ ਦਰਜ ਹੈ। ਵਰਿੰਦਰ ਕੁਮਾਰ ਪੁੱਤਰ ਨਿੱਕਾ ਰਾਮ ਅਤੇ ਸ਼ਿਵਚਰਨ ਸਿੰਘ ਪੁੱਤਰ ਨਿਕੂ ਰਾਮ ਦੋਵੇਂ ਨਾਮ ਇੱਕ ਵਿਅਕਤੀ ਦੇ ਹੀ ਹਨ।

ਮੈਂ ਕੁਲਦੀਪ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਮਕਾਨ ਨੰਬਰ ਐਫ 22/719, ਗਲੀ ਨੰਬਰ 3, ਬਟਾਲਾ ਰੋਡ, ਬਿਜਲੀ ਘਰ, ਮੁਸਤਫਾਬਾਦ ਜਿਲਾ ਅੰਮ੍ਰਿਤਸਰ ਆਪਣੇ ਲੜਕੇ ਗੁਰਪ੍ਰੀਤ ਸਿੰਘ ਜ਼ੋ ਕਿ ਮੇਰੇ ਕਹਿਣੇ ਵਿੱਚ ਨਹੀ ਸੀ, ਮੇਰੀ ਕੋਈ ਗੱਲ ਨਹੀ ਮੰਨਦਾ ਸੀ ਅਤੇ ਆਪਣੀ ਮਰਜੀ ਕਰਦਾ ਸੀ, ਆਪਣੀ ਚੱਲ ਅਚੱਲ ਝੁਕਵੀ ਅਣਝੁਕਵੀ ਜਾਇਦਾਦ ਤੋ ਬੇਦਖਲ ਕੀਤਾ ਸੀ। ਹੁਣ ਮੇਰਾ ਬੇਟਾ ਗੁਰਪ੍ਰੀਤ ਸਿੰਘ ਮੇਰੇ ਕਹਿਣੇ ਵਿੱਚ ਹੈ, ਮੇਰੀ ਹਰ ਗੱਲ ਮੰਨਦਾ ਹੈ ਅਤੇ ਮੇਰੀ ਸਾਂਭ ਸੰਭਾਲ ਅਤੇ ਦੇਖਭਾਲ ਵੀ ਕਰਦਾ ਹੈ। ਹੁਣ ਮੈਂ ਉਸਦੀ ਸੇਵਾ ਤੋ ਬਹੁਤ ਖੁਸ਼ ਹਾਂ ਅਤੇ ਹੁਣ ਮੈਂ ਆਪਣਾ ਬੇਦਖਲੀ ਨੋਟਿਸ ਵਾਪਿਸ ਲੈ ਰਿਹਾ ਹਾਂ ਹੁਣ ਗੁਰਪ੍ਰੀਤ ਸਿੰਘ ਮੇਰੀ ਜਾਇਦਾਦ ਦਾ ਕਾਨੂੰਨੀ ਵਾਰਸ ਮੰਨਿਆ ਜਾਵੇਗਾ।

ਮੇਜਰ ਸਿੰਘ ਪੁੱਤਰ ਲਾਲ ਸਿੰਘ ਵਾਸੀ ਬੱਧਨੀ ਕਲਾਂ, ਜ਼ਿਲ੍ਹਾ ਮੋਗਾ ਦੇ ਨਾਂਅ ਪਰ ਵਾਕਿਆ ਰਕਬਾ ਬੱਧਨੀ ਕਲਾਂ, ਜ਼ਿਲ੍ਹਾ ਮੋਗਾ ਵਿਖੇ ਚੱਲਦੇ ਮੋਟਰ ਕੁਨੈਕਸ਼ਨ ਖਾਤਾ ਨੰਬਰ 3003704615 (ਏ ਪੀ-04-173) 15 ਹਾਰਸ ਪਾਵਰ ਨੂੰ ਚਰਨਜੀਤ ਕੌਰ ਪਤਨੀ ਹਰਭਜਨ ਸਿੰਘ ਵਾਸੀ ਬੱਧਨੀ ਕਲਾਂ, ਜ਼ਿਲ੍ਹਾ ਮੋਗਾ ਦੇ ਨਾਂਅ ਪਰ ਤਬਦੀਲ ਕੀਤਾ ਜਾਣਾ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਦਫ਼ਤਰ ਪੀ ਐੱਸ ਪੀ ਸੀ ਐੱਲ ਬੱਧਨੀ ਕਲਾਂ, ਜ਼ਿਲ੍ਹਾ ਮੋਗਾ ਵਿਖੇ ਪੇਸ਼ ਹੋ ਕੇ ਲਗਾ ਸਕਦਾ ਹੈ।

ਹਾਕਮ ਸਿੰਘ ਪੁੱਤਰ ਚੰਦ ਸਿੰਘ, ਪਿੰਡ ਕੁੰਬੜਵਾਲ ਦੇ ਨਾਮ ਚੱਲਦੇ ਮੋਟਰ ਕੁਨੈਕਸ਼ਨ ਖਾਤਾ ਨੰਬਰ ਕੇ570 ਏਪੀ. (10 ਹਾਰਸਪਾਵਰ) ਨੂੰ ਕਰਮਜੀਤ ਸਿੰਘ ਪੁੱਤਰ ਹਾਕਮ ਸਿੰਘ, ਪਿੰਡ ਕੁੰਬੜਵਾਲ ਨੇ ਆਪਣੇ ਨਾਮ ਤਬਦੀਲ ਕਰਵਾਉਣ ਲਈ ਅਪਲਾਈ ਕੀਤਾ ਹੈ। ਇਤਰਾਜੀ 15 ਦਿਨਾਂ ਅੰਦਰ ਐੱਸ.ਡੀ.ਓ, ਪਾਵਰਕਾਮ, ਉਪ ਮੰਡਲ ਰੰਗੀਆਂ ਦੇ ਇਤਰਾਜ਼ ਪੇਸ਼ ਕਰੇ।

ਇਕ ਟਿਊਬਵੈੱਲ ਕੁਨੈਕਸ਼ਨ ਖਾਤਾ ਨੰ.ਏ.ਪੀ 25/1549, 7.5 ਹਾਰਸ ਪਾਵਰ, ਜੋ ਹਰਜਿੰਦਰ ਸਿੰਘ ਪੁੱਤਰ ਬਚਨ ਸਿੰਘ, ਵਾਸੀ ਪਿੰਡ ਮੇਹਣੀਆਂ ਬ੍ਰਾਹਮਣਾ ਜਿਲ੍ਹਾ ਅੰਮ੍ਰਿਤਸਰ ਦੇ ਨਾਮ ਤੇ ਚਲ ਰਿਹਾ ਹੈ। ਹੁਣ ਇਹ ਕੁਨੈਕਸ਼ਨ ਗੁਰਮੀਤ ਕੌਰ ਪਤਨੀ ਬਲਵਿੰਦਰ ਸਿੰਘ ਵਾਸੀ ਪਿੰਡ ਮੇਹਣੀਆਂ ਬ੍ਰਾਹਮਣਾ ਜਿਲ੍ਹਾ ਅੰਮ੍ਰਿਤਸਰ ਦੇ ਨਾਮ 'ਤੇ ਤਬਦੀਲ ਹੋਣ ਜਾ ਰਿਹਾ ਹੈ। ਜੇ ਕਿਸੇ ਨੂੰ ਇਸ ਨਾਮ ਦੇ ਤਬਦੀਲ ਹੋਣ ਸਬੰਧੀ ਕੋਈ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ -ਅੰਦਰ ਬਿਜਲੀ ਬੋਰਡ ਫਤਿਹਪੁਰ ਰਾਜਪੂਤਾਂ ਨਾਲ ਸੰਪਰਕ ਕਰ ਸਕਦਾ ਹੈ। ਇਸ ਤੋਂ ਬਾਅਦ ਕੋਈ ਵੀ ਇਤਰਾਜ਼ ਸਵੀਕਾਰ ਨਹੀਂ ਹੋਵੇਗਾ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਕੇ.ਏ.ਪੀ 233 ਜੋ ਕਿ ਮਹਿੰਦਰ ਕੌਰ ਪਤਨੀ ਗੁਰਦੇਵ ਸਿੰਘ ਵਾਸੀ ਕਿਸ਼ਨਗੜ੍ਹ ਦੇ ਨਾਮ ਤੇ ਚਲਦਾ ਹੈ। ਇਸ ਕੁਨੈਕਸ਼ਨ ਨੂੰ ਹੁਣ ਸੁਖਵੰਤ ਸਿੰਘ ਪੁੱਤਰ ਕਰਮਜੀਤ ਸਿੰਘ ਵਾਸੀ ਕਿਸ਼ਨਗੜ੍ਹ ਆਪਣੇ ਨਾਮ ਕਰਵਾਉਣਾ ਚਾਹੁੰਦਾ ਹੈ ਇਸ ਸਬੰਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਪੀ.ਐਸ.ਪੀ.ਸੀ.ਐਲ. ਦਫਤਰ ਬਰੇਟਾ ਵਿਖੇ ਸੰਪਰਕ ਕਰ ਸਕਦਾ ਹੈ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਸੀ.ਏ.ਏ.ਪੀ 69 ਜੋ ਕਿ ਭੁਰਾ ਸਿੰਘ ਪੁੱਤਰ ਪਰੀਤਮ ਸਿੰਘ ਵਾਸੀ ਚੱਕ ਅਲੀਸ਼ੇਰ ਦੇ ਨਾਮ ਤੇ ਚਲਦਾ ਹੈ। ਇਸ ਕੁਨੈਕਸ਼ਨ ਨੂੰ ਹੁਣ ਬਲਰਾਜ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਚੱਕ ਅਲੀਸ਼ੇਰ ਆਪਣੇ ਨਾਮ ਕਰਵਾਉਣਾ ਚਾਹੁੰਦਾ ਹੈ ਇਸ ਸਬੰਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਪੀ.ਐਸ.ਪੀ.ਸੀ.ਐਲ. ਦਫਤਰ ਬਰੇਟਾ ਵਿਖੇ ਸੰਪਰਕ ਕਰ ਸਕਦਾ ਹੈ।

ਮੈਂ, ਅਮਰਜੀਤ ਕੌਰ ਪਤਨੀ ਬਲਵੀਰ ਸਿੰਘ ਵਾਸੀ ਗੋਬਿੰਦਪੁਰਾ ਪਾਪੜਾ ਤਹਿਸੀਲ ਮੂਨਕ, ਜ਼ਿਲ੍ਹਾ ਸੰਗਰੂਰ ਬਿਆਨ ਕਰਦੀ ਹਾਂ ਕਿ ਇੱਕ ਟਿਊਵੈਬੈਲ ਕੁਨੈਕਸ਼ਨ ਜਿਸਦਾ ਖਾਤਾ ਨੰਬਰ ਬੀ.ਏ. 953 (ਏ.ਪੀ.09/953) ਹੈ ਜੋ ਕਿ ਮੇਰੇ ਸੋਹਰੇ ਦੇ ਨਾਮ ਤੇ ਲੱਗਿਆ ਹੋਇਆ ਹੈ ਅਤੇ ਮੈ ਇਸ਼ਰ ਸਿੰਘ ਪੁੱਤਰ ਜੰਗ ਦੀ ਕਾਨੂੰਨੀ ਵਾਰਸ ਹਾਂ। ਇਹ ਹੈ ਕਿ ਘਰੇਲੂ ਵੰਡ ਅਨੁਸਾਰ ਇਹ ਕੁਨੈਕਸ਼ਨ ਮੇਰੇ ਹਿੱਸੇ ਆ ਗਿਆ ਹੈ। ਇਹ ਹੈ ਕਿ ਹੁਣ ਇਹ ਕੁਨੈਕਸ਼ਨ ਮੇਰੇ ਨਾਮ ਤਬਦੀਲ ਕੀਤਾ ਜਾਵੇ। ਇਹ ਹੈ ਕਿ ਜੇਕਰ ਕਿਸੇ ਨੂੰ ਇਸ ਸੰਬਧੀ ਕੋਈ ਇਤਰਾਜ ਹੈ ਤਾਂ ਉਹ ਬਿਜਲੀ ਦਫਤਰ ਮੂਨਕ ਨਾਲ ਸੰਪਰਕ ਕਰ ਸਕਦਾ ਹੈ।

ਸ਼੍ਰੀ ਦਵਿੰਦਰ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਪਿੰਡ ਰਾਮਗੜ੍ਹ, ਜਿਲ੍ਹਾ ਕਪੂਰਥਲਾ ਦੇ ਨਾਮ ਤੇ 7.5 ਬੀ ਐਚ ਪੀ ਦਾ ਟਿਊਬਵੈਲ ਕੁਨੈਕਸ਼ਨ ਖਾਤਾ ਨੰ: ਏ. ਪੀ-32/400 (3004516434) ਪਿੰਡ ਰਾਮਗੜ੍ਹ ਵਿੱਚ ਚੱਲ ਰਿਹਾ ਹੈ। ਜੋ ਕਿ ਹੁਣ ਕੁਲਵੰਤ ਸਿੰਘ ਪੁੱਤਰ ਹਰਭਜਨ ਸਿੰਘ ਵਾਸੀ ਪਿੰਡ ਕਾਲਾ ਖੇੜਾ, ਜਿਲ੍ਹਾ ਜਲੰਧਰ ਆਪਣੇ ਨਾਮ ਤੇ ਤਬਦੀਲ ਕਰਵਾਉਣਾ ਚਾਹੁੰਦਾ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਉਪ ਮੰਡਲ ਅਫਸਰ ਪਾਵਰਕਾਮ ਭੁਲੱਥ ਵਿਖੇ ਸੰਪਰਕ ਕਰ ਸਕਦਾ ਹੈ। ਸੰਬਧਿਤ ਨੋਟ ਕਰਨ।

ਮੈਂ ਨਿਸ਼ਾਨ ਸਿੰਘ ਪੁੱਤਰ ਹੀਰਾ ਸਿੰਘ ਵਾਸੀ ਪਿੰਡ ਸੁਰ ਸਿੰਘ ਤਹਿਸੀਲ ਭਿੱਖੀਵਿੰਡ ਜ਼ਿਲ੍ਹਾ ਤਰਨ ਤਾਰਨ ਸੂਚਿਤ ਕਰਦਾ ਹਾਂ ਕਿ ਇਕ 12.5 BHP ਦਾ ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ AP 17-8072, ਵਾਕਿਆ ਰਕਬਾ ਪਿੰਡ ਸੁਰਸਿੰਘ (ਤਰਨਤਾਰਨ) ਅਧੀਨ ਪਾਵਰਕਾਮ ਸਬ ਡਵੀਜ਼ਨ ਸੁਰਸਿੰਘ, ਜੋ ਮੇਰੇ ਪਿਤਾ ਸ.ਹੀਰਾ ਸਿੰਘ ਦੇ ਨਾਂ ਤੇ ਚਲਦਾ ਹੈ, ਹੁਣ ਇਹ ਮੇਰੇ ਨਾਂ ਤੇ ਤਬਦੀਲ ਹੋਣਾ ਹੈ। ਜੇ ਕਿਸੇ ਸ਼ਖਸ ਨੂੰ ਇਸ ਤਬਦੀਲੀ ਤੇ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣੇ ਲਿਖਤੀ ਇਤਰਾਜ਼ ਸਬ ਡਿਵੀਜ਼ਨ ਸੁਰਸਿੰਘ, ਪਾਵਰਕਾਮ ਕੋਲ 15 ਦਿਨਾਂ ਦੇ ਅੰਦਰ ਕਰੇ। ਬਾਦ ਵਿੱਚ ਕੀਤੇ ਕਿਸੇ ਇਤਰਾਜ਼ ਤੇ ਕੋਈ ਗੌਰ ਨਹੀਂ ਹੋਵੇਗਾ।

## ਨਾਂਅ ਦੀ ਬਦਲੀ

ਮੈਂ ਕੋਮਲ ਰਾਣੀ ਪਤਨੀ ਸਵ: ਹਰਪ੍ਰੀਤ ਸਿੰਘ ਵਾਸੀ ਵਾਰਡ ਨੰਬਰ 2 ਅਮਾਮਗੜ੍ਹ ਤਹਿ: ਸਮਾਣਾ ਜ਼ਿਲ੍ਹਾ ਪਟਿਆਲਾ ਹਾਲ ਆਬਾਦ ਵਾਰਡ ਨੰਬਰ 8 ਲਹਿਰਾਗਾਗਾ ਤਹਿਸੀਲ ਲਹਿਰਾ ਜ਼ਿਲ੍ਹਾ ਸੰਗਰੂਰ ਨੇ ਆਪਣੇ ਲੜਕੇ ਚਾਂਦ ਚੋਪੜਾ ਦਾ ਨਾਮ ਬਦਲ ਕੇ ਦੀਵਾਂਸ਼ੂ (Deevanshu) ਰੱਖ ਲਿਆ ਹੈ। ਅੱਜ ਤੋਂ ਬਾਅਦ ਮੇਰੇ ਲੜਕੇ ਚਾਂਦ ਚੋਪੜਾ ਨੂੰ ਦੀਵਾਂਸ਼ੂ ਦੇ ਨਾਮ ਨਾਲ ਜਾਣਿਆ ਜਾਵੇ। ਸੰਬਧਤ ਨੋਟ ਕਰਨ।

ਮੈਂ, ਬਿਹਾਰੀ ਲਾਲ ਪੁੱਤਰ ਰਾਮ ਗੋਪਾਲ ਵਾਸੀ ਬੱਧਨੀ ਕਲਾਂ ਜ਼ਿਲ੍ਹਾ ਮੋਗਾ, ਪੰਜਾਬ 142037 ਦਾ ਰਹਿਣ ਵਾਲਾ ਹਾਂ। ਮੈਂ ਆਪਣੀ ਨਾਬਾਲਿਗ ਲੜਕੀ ਦਾ ਨਾਂਅ ਬਦਲ ਕੇ ਪ੍ਰੈਂਸੀ ਤੋਂ ਸੀਤਾ ਦੇਵੀ ਰੱਖ ਲਿਆ ਹੈ।

ਮੈਂ, ਚਰਨਜੀਤ ਸਿੰਘ ਉਰਫ ਚਰਨ ਸਿੰਘ ਪੁੱਤਰ ਦਿਆਲ ਸਿੰਘ ਉਰਫ ਗੁਰਦਿਆਲ ਸਿੰਘ ਵਾਸੀ ਬਾਹਮਣੀਆਂ (ਬਰਨਾਲਾ) ਬਿਆਨ ਕਰਦਾ ਹਾਂ, ਕਿ ਮੈਨੂੰ ਚਰਨਜੀਤ ਸਿੰਘ ਉਰਫ ਚਰਨ ਸਿੰਘ ਪੁੱਤਰ ਦਿਆਲ ਸਿੰਘ ਉਰਫ ਗੁਰਦਿਆਲ ਸਿੰਘ ਦੋਵਾਂ ਨਾਵਾਂ ਨਾਲ ਜਾਣਿਆ ਜਾਂਦਾ ਹੈ। ਉਪਰੋਕਤ ਦੋਵੇਂ ਨਾਂ ਪੂਰੀ ਤਰ੍ਹਾਂ ਸਹੀ ਵਾ ਦਰੁਸਤ ਹਨ।

ਮੈਂ, ਸਿਮਰਨਪ੍ਰੀਤ ਪਤਨੀ ਸੁਖਜਿੰਦਰਜੀਤ ਸਿੰਘ ਵਾਸੀ ਮੰਡੇਰ, ਜ਼ਿਲ੍ਹਾ ਜਲੰਧਰ, ਮੈਂ ਆਪਣਾ ਨਾਂਅ ਸਿਮਰਨਪ੍ਰੀਤ ਤੋਂ ਬਦਲ ਕੇ ਸਿਮਰਨਪ੍ਰੀਤ ਕੌਰ ਰੱਖ ਲਿਆ ਹੈ।

## PUBLIC NOTICE

I, Sarabjit Kaur W/o Lovejit Singh R/o Sham Nagar wants to correct my daughter's name Deepika Jaitly to Deepika and her father name Kapil Jaitly to Lovejit Singh in the school record of my daughter's Deepika in Sacred Heart Convent Sen. Sec School.

I, Ram Lal (UID No.8696-5093-7805) S/o Punnu Ram R/o H.No. 8, New Rasila Nagar, Basti Danishmanda, Jalandhar, Punjab. State that my registery no. (Sale deed no. 2019-20/187/1/9610 dated 25-02-2020 S R Jalandhar Lost on dated 10/03/2025 If any body finds it or Any objection please contact Advocate Vikas Sood, Jalandhar Mob: 98140-94356. All Please Note.

I, Sandeep Singh S/o Yoga Singh R/o Village Bhulle Chak, PO. Pul Tibri, Distt. Gurdaspur, Pin-143530, Punjab, India declare that my given name as Sandeep and my Surname as Singh.

## ਬੇਦਖਲੀ ਨੋਟਿਸ

ਅਸੀਂ, ਗੁਰਮੀਤ ਸਿੰਘ ਪੁੱਤਰ ਕਰਤਾਰ ਸਿੰਘ ਅਤੇ ਰਜਵੰਤ ਕੌਰ ਪਤਨੀ ਗੁਰਮੀਤ ਸਿੰਘ ਵਾਸੀਆਨ ਮਕਾਨ ਨੰ. 151, ਧੋਗੜੀ ਰੋਡ, ਨਿਊ ਹਰਗੋਬਿੰਦ ਨਗਰ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਹਰਪ੍ਰੀਤ ਕੌਰ ਉਰਫ ਪ੍ਰੀਤ, ਜੋ ਕਿ ਸਾਡੇ ਅਤੇ ਸਾਡੇ ਪਰਿਵਾਰ ਦੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਦਰਸ਼ਨ ਸਿੰਘ ਪੁੱਤਰ ਚੱਤਰ ਸਿੰਘ ਵਾਸੀ ਪਿੰਡ ਸੈਦੋਵਾਲ ਖੁਰਦ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਪੁੱਤਰ ਰਜਿੰਦਰ ਸਿੰਘ ਅਤੇ ਉਸ ਦੀ ਪਤਨੀ ਗੁਰਪ੍ਰੀਤ ਕੌਰ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਪ੍ਰਵੇਸ਼ ਪੁਰੀ ਪੁੱਤਰ ਸ਼ਾਮ ਲਾਲ ਅਤੇ ਜੋਤੀ ਪਤਨੀ ਪ੍ਰਵੇਸ਼ ਪੁਰੀ ਵਾਸੀਆਨ ਮਕਾਨ ਨੰਬਰ 39, ਬੈਕਸਾਈਡ ਮਲਹੋਤਰਾ ਹਸਪਤਾਲ, ਕਪੂਰਥਲਾ ਰੋਡ, ਰਾਜਾ ਗਾਰਡਨ ਐਕਸਟੈਂਸ਼ਨ ਬਸਤੀ ਬਾਵਾ ਖੇਲ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸਾਹਿਲ ਪੁਰੀ ਸਾਡੇ ਕਹਿਣੇ ਤੋਂ ਬਾਹਰ ਹੈ ਤੇ ਸਾਡੇ ਨਾਲ ਲੜਾਈ-ਝਗੜਾ ਕਰਦਾ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਕਿਰਨ ਸ਼ਰਮਾ ਪਤਨੀ ਲੇਟ ਸ਼੍ਰੀ ਸ਼ਰਮਾ ਵਾਸੀ ਪਿੰਡ ਤੇ ਡਾਕ. ਹਰਦੋਖਾਨਪੁਰ, ਤਹਿ. ਅਤੇ ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਪਰਸ਼ਾਂਤ ਸ਼ਰਮਾ ਅਤੇ ਉਸ ਦੀ ਪਤਨੀ ਗੁਰਪ੍ਰੀਤ ਕੌਰ, ਜੋ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਰਛਪਾਲ ਸਿੰਘ ਪੁੱਤਰ ਮਲਾਗਰ ਸਿੰਘ ਵਾਸੀ ਮਕਾਨ ਨੰਬਰ ਐੱਲ-6/774, ਗਲੀ ਨੰ: 3/5, ਨਿਊ ਸ਼ਹੀਦ ਉਧਮ ਸਿੰਘ ਨਗਰ, ਨੇੜੇ ਪਾਰਕ, ਅੰਮ੍ਰਿਤਸਰ-1, ਅੰਮ੍ਰਿਤਸਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਨਜਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਮੇਰੇ ਨਾਲ ਲੜਾਈ-ਝਗੜਾ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਮਿੱਟੂ ਪੁੱਤਰ ਬਿੱਲਾ ਵਾਸੀ 502, ਸ਼ਸ਼ੀ ਪਾਲ ਕਿਰਿਆਨਾ ਸਟੋਰ, ਗੁਮਟਾਲਾ, ਅੰਮ੍ਰਿਤਸਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮੈਥਿਊ ਮੱਟੂ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਮੇਰੇ ਨਾਲ ਲੜਾਈ-ਝਗੜਾ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਗੁਰਮੀਤ ਕੌਰ ਪਤਨੀ ਰਛਪਾਲ ਸਿੰਘ ਵਾਸੀ ਮਕਾਨ ਨੰਬਰ ਸੀ. ਕੇ.- 3/1180, ਈਸਟ ਗੋਬਿੰਦ ਨਗਰ, ਸੁਲਤਾਨਵਿੰਡ ਰੋਡ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸਿਮਰਨਜੀਤ ਸਿੰਘ ਅਤੇ ਉਸ ਦੀ ਪਤਨੀ ਰਜਿੰਦਰ ਕੌਰ ਅਤੇ ਮੇਰੀ ਪੋਤਰੀ ਮਨਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਨ੍ਹਾਂ ਨਾਲ ਕੋਈ ਸੰਬੰਧ ਵਾਸਤਾ ਨਹੀਂ ਹੈ। ਸੰਬੰਧਤ ਨੋਟ ਕਰਨ।

ਮੈਂ, ਹਰਦੀਪ ਸਿੰਘ ਪੁੱਤਰ ਸੁਖਬੀਰ ਸਿੰਘ ਵਾਸੀ ਪਿੰਡ ਪੂਹਲਾ, ਤਹਿਸੀਲ ਭਿੱਖੀਵਿੰਡ, ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਵਿਸ਼ਵਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਸ ਨਾਲ ਕੋਈ ਸੰਬੰਧ ਵਾਸਤਾ ਨਹੀਂ ਹੈ।

ਅਸੀਂ ਹਰੀ ਚੰਦ ਪੁੱਤਰ ਹੌਂਸਲਾ ਪ੍ਰਸਾਦ ਅਤੇ ਕਮਲਾ ਪਤਨੀ ਹਰੀ ਚੰਦ ਵਾਸੀਅਨ ਮਕਾਨ ਨੰਬਰ 370,07, ਗੁਲਾਬ ਦੇਵੀ ਰੋਡ ,ਸ਼ਹੀਦ ਬਾਬੂ ਲਾਭ ਸਿੰਘ ਨਗਰ ,ਜਲੰਧਰ ਇਹ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਜੋਤੀ ਸਾਡੇ ਕਹਿਣੇ ਤੋਂ ਬਾਹਰ ਹੈ। ਇਸ ਲਈ ਅਸੀਂ ਉਸ ਨੂੰ ਆਪਣੀ ਚੱਲ - ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰਕ ਮੈਂਬਰਾਂ ਦਾ ਉਸ ਨਾਲ ਕੋਈ ਸਬੰਧ ਨਹੀਂ ਹੈ। ਉਸ ਨਾਲ ਕਿਸੇ ਕਿਸਮ ਦਾ ਲੈਣ ਦੇਣ ਕਰਨ ਵਾਲਾ ਆਪਣੇ ਨਫ਼ੇ ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ ਹਰੀ ਚੰਦ ਪੁੱਤਰ ਹੌਂਸਲਾ ਪ੍ਰਸਾਦ ਅਤੇ ਕਮਲਾ ਪਤਨੀ ਹਰੀ ਚੰਦ ਵਾਸੀਅਨ ਮਕਾਨ ਨੰਬਰ 370,07, ਗੁਲਾਬ ਦੇਵੀ ਰੋਡ ,ਸ਼ਹੀਦ ਬਾਬੂ ਲਾਭ ਸਿੰਘ ਨਗਰ ,ਜਲੰਧਰ ਇਹ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਕਿਰਨ ਸਾਡੇ ਕਹਿਣੇ ਤੋਂ ਬਾਹਰ ਹੈ। ਇਸ ਲਈ ਅਸੀਂ ਉਸ ਨੂੰ ਆਪਣੀ ਚੱਲ - ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰਕ ਮੈਂਬਰਾਂ ਦਾ ਉਸ ਨਾਲ ਕੋਈ ਸਬੰਧ ਨਹੀਂ ਹੈ। ਉਸ ਨਾਲ ਕਿਸੇ ਕਿਸਮ ਦਾ ਲੈਣ ਦੇਣ ਕਰਨ ਵਾਲਾ ਆਪਣੇ ਨਫ਼ੇ ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ ਮੱਸਾ ਸਿੰਘ ਪੁੱਤਰ ਬਿਸ਼ਨ ਸਿੰਘ, ਵਾਸੀ ਬਲਸਰਾਏ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਆਪਣੇ ਲੜਕੇ ਪਲਵਿੰਦਰ ਸਿੰਘ (ਨਿਵਾਸੀ ਜਰਮਨ) ਨੂੰ ਕਹਿਣੇ ਤੋਂ ਬਾਹਰ ਹੋਣ ਕਾਰਣ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਠਾਕੁਰ ਸਿੰਘ ਪੁੱਤਰ ਦਾਰਾ ਸਿੰਘ ਵਾਸੀ ਪਿੰਡ ਅਟਾਰੀ, ਮੁਹੱਲਾ ਹੁਸੈਨਪੁਰਾ, ਪੁਲਿਸ ਥਾਣਾ ਘਰਿੰਡਾ, ਸਬ ਤਹਿਸੀਲ ਅਟਾਰੀ, ਜ਼ਿਲ੍ਹਾ ਅੰਮ੍ਰਿਤਸਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੰਨੀ ਸਿੰਘ ਅਤੇ ਉਸ ਦੀ ਪਤਨੀ ਵੰਦਨਾ ਕੌਰ ਜੋ ਮੇਰੇ ਕਹਿਣੇ ਤੋਂ ਬਾਹਰ ਹਨ। ਇਨ੍ਹਾਂ ਨੂੰ ਮੈਂ ਆਪਣੀ ਚੱਲ-ਅਚੱਲ ਜ਼ਮੀਨ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਮੇਰਾ ਅਤੇ ਮੇਰੇ ਪਰਿਵਾਰ ਦਾ ਕੋਈ ਤਲਕ ਵਾਸਤਾ ਨਹੀਂ ਹੋਵੇਗਾ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਕਿਰਪਾ ਕਰਕੇ ਸੰਬੰਧਤ ਨੋਟ ਕਰ ਲੈਣ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਸੰਬੰਧੀ ਜਾਗਰੂਕਤਾ ਸੈਮੀਨਾਰ




ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)-ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਟ੍ਰੈਫਿਕ ਪੁਲਸ ਵੱਲੋਂ ਸੀਨੀਅਰ ਪੁਲਸ ਕਪਤਾਨ ਹਰਮਨਦੀਪ ਸਿੰਘ ਹਾਂਸ ਅਤੇ ਕਪਤਾਨ ਪੁਲਸ, ਟ੍ਰੈਫਿਕ, ਨਵਨੀਤ ਸਿੰਘ ਮਾਹਲ ਵੱਲੋਂ ਨਸ਼ਿਆਂ ਖਿਲਾਫ ਅਤੇ ਟ੍ਰੈਫਿਕ ਨਿਯਮਾਂ ਦੀ ਜਾਗਰੂਕਤਾ ਸਬੰਧੀ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਉਪ ਕਪਤਾਨ ਪੁਲਸ, ਟ੍ਰੈਫਿਕ, ਕਰਨੈਲ ਸਿੰਘ ਦੀ ਅਗਵਾਈ ਹੇਠ ਲਰਨਿੰਗ ਪਾਥਸ ਸਕੂਲ ਸੈਕਟਰ -67, ਐਸ.ਏ.ਐਸ.ਨਗਰ ਵਿਖੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਸੰਬੰਧੀ ਇੱਕ ਵਿਸ਼ੇਸ਼ ਸੈਮੀਨਾਰ ਲਗਾ ਕੇ ਜਾਗਰੂਕ ਕੀਤਾ ਗਿਆ। ਡੀ ਐਸ ਪੀ ਕਰਨੈਲ ਸਿੰਘ ਅਨੁਸਾਰ ਇਸ ਸੈਮੀਨਾਰ ਦਾ ਮੁੱਖ ਉਦੇਸ਼ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ, ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਅਤੇ ਖੇਡਾਂ ਵੱਲ ਜਾਣ ਦੀ ਮਹੱਤਤਾ ਬਾਰੇ ਜਾਣੂ ਕਰਵਾਉਣਾ ਹੈ। ਵਿਦਿਆਰਥੀਆਂ ਨੂੰ ਇਹ ਵੀ ਦੱਸਿਆ ਗਿਆ ਕਿ ਮੋਟਰ ਵਹੀਕਲ ਐਕਟ ਦੀ ਧਾਰਾ 199 ਏ ਤਹਿਤ ਜੇਕਰ 18 ਸਾਲ ਤੋਂ ਘੱਟ ਉਮਰ ਦਾ ਕੋਈ ਬੱਚਾ ਵਹੀਕਲ ਚਲਾਉਂਦਾ ਹੈ ਤਾਂ ਉਸ ਦੇ ਮਾਪਿਆਂ ਨੂੰ 3 ਸਾਲ ਦੀ ਕੈਦ, 25 ਹਜ਼ਾਰ ਰੁਪਏ ਤੱਕ ਦਾ ਜੁਰਮਾਨਾ ਹੋ ਸਕਦਾ ਹੈ ਅਤੇ 18 ਸਾਲ ਤੋਂ ਘੱਟ ਉਮਰ ਦੇ ਬੱਚੇ ਨੂੰ ਵਹੀਕਲ ਦੇਣ ਵਾਲੇ ਵਿਅਕਤੀ ਨੂੰ ਵੀ 3 ਸਾਲ ਦੀ ਸਜ਼ਾ ਜਾਂ ਜੁਰਮਾਨਾ ਹੋ ਸਕਦਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਰਕਾਰ ਦੁਆਰਾ ਚਲਾਈ ਗਈ ਸਕੀਮ ਬਾਰੇ ਜਾਣੂ ਕਰਵਾਇਆ ਅਤੇ ਦੱਸਿਆ ਕਿ ਜੇਕਰ ਕੋਈ ਵਿਅਕਤੀ ਕਿਸੇ ਐਕਸੀਡੈਂਟ ਹੋਏ ਵਿਅਕਤੀ ਦੀ ਮੱਦਦ ਕਰਦਾ ਹੈ ਤਾਂ ਉਸ ਨੂੰ 2000 ਰੁਪਏ ਸਰਕਾਰ ਵੱਲੋਂ (ਫਰਿਸ਼ਤੇ ਸਕੀਮ ਤਹਿਤ) ਦਿੱਤੇ ਜਾਣਗੇ। ਲਰਨਿੰਗ ਪਾਥਸ ਸਕੂਲ ਸੈਕਟਰ -67, ਐਸ.ਏ.ਐਸ.ਨਗਰ ਦੇ ਪ੍ਰਿੰਸੀਪਲ ਅਤੇ ਹੋਰ ਸਟਾਫ ਨੇ ਟ੍ਰੈਫਿਕ ਪੁਲਸ ਦਾ ਜਾਗਰੂਕਤਾ ਸੈਮੀਨਾਰ ਲਗਾਉਣ ਲਈ ਬਹੁਤ-ਧੰਨਵਾਦ ਕੀਤਾ। ਉਪ ਕਪਤਾਨ ਪੁਲਸ ਟ੍ਰੈਫਿਕ ਨੇ ਅੰਤ ਵਿੱਚ ਸਾਰੇ ਵਿਦਿਆਰਥੀਆਂ ਨੂੰ ਖੇਡਾਂ ਵੱਲ ਜਾਣ ਲਈ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ ਸਾਰੇ ਵਿਦਿਆਰਥੀਆਂ ਨੂੰ ਸਮਝਾਇਆ ਗਿਆ ਕਿ ਉਹ ਆਪਣੇ-ਆਪਣੇ ਪਰਵਾਰਕ ਮੈਂਬਰਾਂ ਨੂੰ ਇਸ ਸੈਮੀਨਾਰ ਤੋਂ ਮਿਲੀ ਸਿੱਖਿਆ ਸਬੰਧੀ ਜਾਣੂ ਕਰਵਾਉਣ ਅਤੇ ਆਪਣੇ ਪਰਵਾਰਕ ਮੈਂਬਰਾਂ ਨੂੰ ਸ਼ਰਾਬ ਪੀ ਕੇ ਅਤੇ ਤੇਜ਼ ਰਫਤਾਰ ਨਾਲ ਗੱਡੀ ਨਾ ਚਲਾਉਣ ਸੰਬੰਧੀ ਵੀ ਜਾਗਰੂਕ ਕਰਨ ਅਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕਰਨ।

# ਸੰਧੂ ਹਸਪਤਾਲ ਨੇ ਮੁਫਤ ਮੈਡੀਕਲ ਕੈਂਪ ਲਗਾਇਆ



ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)- ਸੰਧੂ ਹਸਪਤਾਲ ਨਵਾਂਸ਼ਹਿਰ ਚੰਡੀਗੜ੍ਹ ਰੋਡ, ਨੇੜੇ ਬਰਨਾਲਾ ਗੇਟ ਵੱਲੋਂ ਇੱਕ ਵਿਸ਼ਾਲ ਮੁਫਤ ਮੈਡੀਕਲ ਕੈਂਪ ਲਗਾਇਆ ਗਿਆ। ਡਾਕਟਰ ਜੇ ਐਸ ਸੰਧੂ ਦੱਸਿਆ ਪਿੰਡ ਬਰਨਾਲਾ ਕਲਾਂ ਦੇ ਗੁਰਦੁਆਰਾ ਸਾਹਿਬ ਦੇ ਪੰਚਾਇਤ ਘਰ ਵਿਚ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਹੱਡੀਆਂ ਤੇ ਜੋੜਾਂ ਦਾ ਮੁਫਤ ਮੈਡੀਕਲ ਚੈਕਅੱਪ ਕੈਂਪ ਲਗਾਇਆ ਗਿਆ। ਡਾਕਟਰ ਡਾ. ਕਨਵ ਟੰਡਨ ਹੱਡੀਆਂ ਤੇ ਜੋੜਾਂ ਦੇ ਮਾਹਿਰ ਨੇ ਮਰੀਜ਼ਾਂ ਦੀ ਜਾਂਚ ਕੀਤੀ। ਇਸ ਮੌਕੇ ਮਰੀਜ਼ਾਂ ਦੀ ਖੂਨ ਜਾਂਚ ਜਿਸ ਵਿੱਚ ਸ਼ੂਗਰ ਟੈਸਟ, ਐਕਸਰੇ ਫਰੀ ਕੀਤੇ ਗਏ, ਮਰੀਜ਼ਾਂ ਦੀ ਜਾਂਚ ਕਰਕੇ ਦਵਾਈਆਂ ਦਿੱਤੀਆਂ। ਡਾਕਟਰ ਜੇ ਐਸ ਸੰਧੂ ਦਾ ਪਿੰਡ ਦੇ ਬਜ਼ੁਰਗਾਂ, ਪੰਚਾਇਤ ਨੇ ਸਨਮਾਨ ਕੀਤਾ। ਇਸ ਮੌਕੇ ਪਿੰਡ ਬਰਨਾਲਾ ਦੇ ਸਰਪੰਚ ਹਰਮਨਜੀਤ ਸਿੰਘ ਨੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਡੇ ਸਮਾਜ ਦੇ ਵਿਕਾਸ ਲਈ ਅਜਿਹੇ ਕੈਂਪਾਂ ਦੀ ਲੋੜ ਹੈ। ਪਰਮਾਤਮਾ ਉਹਨਾਂ ਦੀਆਂ ਕਮਾਈਆਂ ਵਿੱਚ ਸਮਾਜ ਲਈ ਬਰਕਤਾਂ ਲਿਆਉਂਦਾ ਰਹੇ। ਇਸ ਮੌਕੇ ਪੰਚ ਮਨਜੀਤ ਸਿੰਘ, ਬਲਵੀਰ ਸਿੰਘ, ਕੁਲਵਿੰਦਰ ਕੌਰ, ਜਸਵੀਰ ਕੌਰ, ਕਮਲਜੀਤ ਕੌਰ, ਜਤਿੰਦਰ ਕੁਮਾਰ, ਗੁਰਮੀਤ ਰਾਮ ਲੰਬੜਦਾਰ, ਅਮਰਜੀਤ ਸਿੰਘ, ਬਾਬਾ ਧਰਮਪਾਲ ਮੈਨੇਜਰ ਸੰਧੂ ਹਸਪਤਾਲ ਬਿਕਰਮ ਪਾਉਲ, ਰਾਜਵੀਰ, ਸੁਰਿੰਦਰ, ਕਰਨਵੀਰ, ਸਰਵਜੀਤ ਸਿੰਘ, ਜਸਵੀਰ, ਸ਼ਰਨ, ਪੂਨਮ ਸੀਆ, ਹਰਵਿੰਦਰ ਸਟਾਫ ਹਾਜ਼ਰ ਸੀ।

## ਬੇਦਖਲੀ ਨੋਟਿਸ

ਅਸੀਂ ਸੁਰਜੀਤ ਸਿੰਘ ਪੁੱਤਰ ਜਗਤ ਸਿੰਘ ਬਲਜੀਤ ਕੌਰ ਪਤਨੀ ਸੁਰਜੀਤ ਸਿੰਘ ਵਾਸੀ ਦੋਹਲਰੋਂ ਤਹਿਸੀਲ ਗੜ੍ਹਸ਼ੰਕਰ ਜਿਲਾ ਹੁਸ਼ਿਆਰਪੁਰ ਨੇ ਆਪਣੇ ਬੇਟੇ ਅਮਨਦੀਪ ਸਿੰਘ ਅਤੇ ਨੋਂਹ ਨਿਸ਼ਾ ਰਾਣੀ ਦੋਨਾਂ ਨੂੰ ਹੀ ਆਪਣੀ ਚਲ ਜਾਂ ਅਚੱਲ ਜਾਇਦਾਦ ਬੇਦਖਲ ਕਰ ਦਿੱਤਾ ਹੈ। ਅੱਜ ਤੋਂ ਕੋਈ ਵੀ ਵਿਅਕਤੀ ਇਨ੍ਹਾਂ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ ਦੇਣ ਕਰੇਗਾ ਤਾਂ ਖੁਦ ਜਿੰਮੇਵਾਰ ਹੋਵੇਗਾ ਸੰਬਧਤ ਨੋਟ ਕਰਨ।

ਮੈਂ ਤਰਲੋਚਨ ਸਿੰਘ ਪੁੱਤਰ ਸੋਹਣ ਸਿੰਘ ਵਾਸੀ ਪਿੰਡ ਕਾਲੇਵਾਲ , ਤਹਿਸੀਲ ਗੜ੍ਹਸ਼ੰਕਰ ਜਿਲਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਸਦੀਪ ਸਿੰਘ ਉਮਰ ਕਰੀਬ 28 ਸਾਲ ਮੇਰੇ ਕਹਿਣੇ ਤੋ ਬਾਹਰ ਹੈ ਅਤੇ ਮੈਂ ਇਸ ਨੂੰ ਆਪਣੀ ਚਲ ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ ਪ੍ਰਕਾਸ਼ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਚੀਮਾਂ ਰੋਡ,ਕੋਟ ਈਸੇ ਖਾਂ (ਮੋਗਾ) ਦਾ ਹਾਂ। ਇਹ ਕਿ ਮੇਰਾ ਲੜਕਾ ਲਖਵਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ। ਸੰਬਧਤ ਇਹ ਨੋਟ ਕਰਨ।

ਅਸੀਂ ਮਨਜੀਤ ਕੌਰ ਪਤਨੀ ਹਰਮੇਸ਼ ਲਾਲ ਵਾ ਹਰਮੇਸ਼ ਲਾਲ ਪੁੱਤਰ ਆਤਮਾ ਰਾਮ ਵਾਸੀਆਨ ਗਲੀ ਨੰਬਰ 2 ਗੋਬਿੰਦਪੁਰਾ ਫਗਵਾੜਾ ਜਿਲਾ ਕਪੂਰਥਲਾ ਦੇ ਸੂਚਿਤ ਕਰਦੇ ਹਾਂ ਕਿ ਸਾਡੀ ਨੂੰਹ ਭੁਪਿੰਦਰ ਪਤਨੀ ਪਰਮਿੰਦਰ ਸਿੰਘ ਅਤੇ ਲੜਕਾ ਪਰਮਿੰਦਰ ਸਿੰਘ ਸਾਡੇ ਨਾਲ ਹਰ ਵਕਤ ਲੜਾਈ ਝਗੜਾ ਕਰਦੇ ਹਨ। ਸਾਡੇ ਕਹਿਣੇ ਵਿੱਚ ਨਹੀ ਹਨ। ਅਸੀਂ ਇਹਨਾਂ ਨੂੰ ਆਪਣੀ ਚਲ ਅੱਚਲ ਜਾਇਦਾਦ ਵਿੱਚੋਂ ਬੇਦਖਲ ਕਰ ਦਿੱਤਾ ਹੈ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਕਲਵੰਤ ਸਿੰਘ ਪੁੱਤਰ ਦਲਵਾਰਾ ਸਿੰਘ ਵਾਸੀ ਚੜਿੱਕ ਰੋਡ, ਰਣੀਆਂ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸ਼ਿੰਦਾ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਅਲਬਨ ਪੁੱਤਰ ਪਤਰਸ ਸੋਹਨ ਵਾਸੀ ਪਿੰਡ ਕਾਸਮ ਭੱਟੀ, ਤਹਿਸੀਲ ਜੈਤੋ, ਜ਼ਿਲ੍ਹਾ ਫਰੀਦਕੋਟ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਰਿਤੂ ਮੇਰੇ ਕਹਿਣੇ ਤੋਂ ਬਾਹਰ ਹੈ। ਉਸ ਨੇ ਪਰਵਾਰ ਦੇ ਮੈਂਬਰਾਂ ਨੂੰ ਬਿਨਾਂ ਦੱਸੇ ਆਪਣੀ ਮਰਜ਼ੀ ਨਾਲ ਵਿਆਹ ਕਰਵਾ ਲਿਆ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਅਸੀਂ, ਰਾਕੇਸ਼ ਕੁਮਾਰ ਪੁੱਤਰ ਅਮਰ ਨਾਥ, ਮੰਜੂ ਰਾਣੀ ਪਤਨੀ ਰਾਕੇਸ਼ ਕੁਮਾਰ, ਵਾਸੀਆਨ ਐੱਮ.ਕੇ. ਰੋਡ, ਧੂਰੀ (ਸੰਗਰੂਰ) ਆਪਣੇ ਲੜਕੇ ਉਮੇਸ਼ ਗੋਇਲ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਸ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁਦ ਜ਼ਿੰਮੇਵਾਰ ਹੋਣਗੇ।

ਮੈਂ, ਮਹਿੰਗਾ ਰਾਮ ਪੁੱਤਰ ਭਾਨ ਸਿੰਘ ਵਾਸੀ ਪਿੰਡ ਗੋਸਪੁਰ ਬਟਾਲਾ ਤਹਿਸੀਲ ਬਟਾਲਾ ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਵਿੰਦਰ ਸਿੰਘ ਦਾ ਪਤਨੀ ਕਮਲ ਮੇਰੇ ਕਹਿਣੇ ਅਨੁਸਾਰ ਨਹੀਂ ਚੱਲਦੇ ਇਸ ਲਈ ਮੈਂ ਇਹਨਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰ ਦਿੱਤਾ ਹੈ। ਇਹਨਾਂ ਨਾਲ ਜੋ ਵੀ ਕੋਈ ਲੈਣ ਦੇਣ ਕਰੇਗਾ ਉਹ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਤਰਸੇਮ ਸਿੰਘ ਪੁੱਤਰ ਮਹਿੰਦਰ ਸਿੰਘ ਪੁੱਤਰ ਜੋਗਾ ਸਿੰਘ ਵਾਸੀ ਬੋਪਾਰਾਏ ਖੁਰਦ, ਤਹਿਸੀਲ ਲੋਪੋਕੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪ੍ਰਤਾਪ ਸਿੰਘ ਜੋ ਕਿ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹੈ, ਮਾੜੀ ਸੰਗਤ ਵਿਚ ਪੈ ਗਿਆ ਹੈ ਅਤੇ ਮੈਨੂੰ ਬਹੁਤ ਤੰਗ ਪਰੇਸ਼ਾਨ ਕਰਦਾ ਹੈ। ਮੈਂ ਉਸਨੂੰ ਆਪਣੀ ਹਰ ਕਿਸਮ ਦੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਲਈ ਮੈਂ ਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵੇਗਾ ਉਹ ਖੁਦ ਜਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਿਵਾਰ ਦਾ ਉਸ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ ਚੰਨਣ ਸਿੰਘ ਪੁੱਤਰ ਤਾਰਾ ਸਿੰਘ ਵਾਸੀ ਪਿੰਡ ਅਤੇ ਡਾਕਖਾਨਾ ਪੰਡੋਰੀ ਗੰਗਾ ਸਿੰਘ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ, ਬਿਆਨ ਕਰਦਾ ਹਾਂ ਕਿ ਮੇਰਾ ਲੜਕਾ 'ਸੁੱਖਵਿੰਦਰ ਸਿੰਘ' ਅਤੇ ਉਸਦੀ ਪਤਨੀ 'ਸੰਦੀਪ ਕੌਰ' ਜੋ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਹੁਣ ਮੇਰਾ ਤੇ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਸੰਬਧ ਨਹੀਂ ਰਿਹਾ ਹੈ। ਜੇਕਰ ਕੋਈ ਵਿਅਕਤੀ ਇਨ੍ਹਾਂ ਨਾਲ ਕਿਸੇ ਕਿਸਮ ਦਾ ਤਾਲੁਕ ਵਾਸਤਾ ਰੱਖਦਾ ਹੈ, ਜਾਂ ਇਨ੍ਹਾਂ ਦੇ ਨਾਲ ਲੈਣ-ਦੇਣ ਕਰਦਾ ਹੈ ਤਾਂ ਉਹ ਖੁਦ ਜਿੰਮੇਵਾਰ ਹੋਵੇਗਾ। ਸਾਰੇ ਸੰਬੰਧਤ ਨੋਟ ਕਰਨ।

ਮੈਂ, ਰੌਬਿਨ ਪੁੱਤਰ ਚੂਨੀ ਲਾਲ ਵਾਸੀ ਮਕਾਨ ਨੰ. 256, ਲਾਲ ਕੁਰਤੀ ਬਜ਼ਾਰ, ਜਲੰਧਰ ਕੈਂਟ, ਤਹਿਸੀਲ ਵਾ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਵਿਸ਼ਾਲ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

# ਬ੍ਰਿਟਿਸ਼ ਲੌਰੀਏਟ ਸਕੂਲ ਨੇ ਸੈਮਰੌਕ ਲੀਡਰਸ਼ਿਪ ਕਨਕਲੇਵ 2025 'ਚ ਛਾਪ ਛੱਡੀ



ਮੋਹਾਲੀ (ਗੁਰਜੀਤ ਬਿੱਲਾ)-ਬ੍ਰਿਟਿਸ਼ ਲੌਰੀਏਟ ਸਕੂਲ ਮੋਹਾਲੀ ਦੇ ਵਿਦਿਆਰਥੀਆਂ ਨੇ ਵੱਕਾਰੀ ਸੈਮਰੌਕ ਲੀਡਰਸ਼ਿਪ ਕਨਕਲੇਵ 2025 ਵਿੱਚ ਆਪਣੀ ਸ਼ਾਨਦਾਰ ਭਾਗੀਦਾਰੀ ਨਾਲ ਸੰਸਥਾ ਦਾ ਨਾਂਅ ਰੌਸ਼ਨ ਕੀਤਾ। ਨੌਜਵਾਨ ਭਾਗੀਦਾਰ ਮੰਨਤ ਜੱਗੀ, ਅਵਨਿਆ ਸ਼ਰਮਾ, ਸਮਰਥ ਸਿੰਘ, ਆਰਾਧਿਆ ਠਾਕੁਰ, ਆਰਵ ਸ਼ਰਮਾ, ਅਨਯ ਠਾਕੁਰ ਅਤੇ ਜਾਵੀਅਨ ਧੀਮਾਨ ਨੇ ਬਹੁਤ ਜੋਸ਼ ਨਾਲ ਸਕੂਲ ਦੀ ਨੁਮਾਇੰਦਗੀ ਕੀਤੀ, ਜਿਸ ਵਿੱਚ ਉਹਨਾਂ ਬੇਮਿਸਾਲ ਰਚਨਾਤਮਕਤਾ, ਵਿਸ਼ਵਾਸ ਅਤੇ ਲੀਡਰਸ਼ਿਪ ਸਮਰੱਥਾ ਦਾ ਪ੍ਰਦਰਸ਼ਨ ਕੀਤਾ। ਉਨ੍ਹਾਂ ਦੇ ਪ੍ਰਦਰਸ਼ਨ ਹੋਰਾਂ ਨਾਲੋਂ ਵੱਖਰਾ ਸੀ ਜਿਸ ਦੀ ਦਰਸ਼ਕਾਂ ਅਤੇ ਜਿਊਰੀ ਦੋਵਾਂ ਨੇ ਪ੍ਰਸ਼ੰਸਾ ਕੀਤੀ। ਉਨ੍ਹਾਂ ਦੀ ਭਾਗੀਦਾਰੀ ਬ੍ਰਿਟਿਸ਼ ਲੌਰੀਏਟ ਸਕੂਲ ਵਿੱਚ ਪੈਦਾ ਕੀਤੇ ਗਏ ਉੱਤਮਤਾ, ਪ੍ਰਗਟਾਵੇ ਅਤੇ ਆਤਮ-ਵਿਸ਼ਵਾਸ ਦੇ ਮੁੱਖ ਮੁੱਲਾਂ ਨੂੰ ਦਰਸਾਉਂਦੀ ਸੀ। ਵਿਦਿਆਰਥਣ ਆਰਾਧਿਆ ਠਾਕੁਰ ਨੇ ਡ੍ਰੀਮਪਲੇ: ਪ੍ਰੋਫੈਸ਼ਨਲ ਰੋਲ ਪਲੇ ਮੁਕਾਬਲੇ (ਤੀਜੀ ਤੋਂ ਪੰਜਵੀਂ ਜਮਾਤ ਲਈ) ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ। ਪ੍ਰਿੰਸੀਪਲ ਸ੍ਰੀਮਤੀ ਭਾਵਨਾ ਸ਼ਰਮਾ ਨੇ ਆਪਣੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ 'ਤੇ ਬਹੁਤ ਮਾਣ ਪ੍ਰਗਟ ਕੀਤਾ।

# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਪਲੇਸਮੈਂਟ ਕੈਂਪ ਅੱਜ

ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)-ਪੰਜਾਬ ਸਰਕਾਰ ਦੇ ਮਿਸ਼ਨ ਘਰ ਘਰ ਰੋਜ਼ਗਾਰ ਤਹਿਤ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ/ਮਾਡਲ ਕਰੀਅਰ ਸੈਂਟਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ 30 ਜੁਲਾਈ ਦਿਨ ਨੂੰ ਇੱਕ ਪਲੇਸਮੈਂਟ ਕੈਂਪ ਕਮਰਾ ਨੰ: 461, ਤੀਜੀ ਮੰਜ਼ਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੈਕਟਰ 76, ਐਸ.ਏ.ਐਸ ਨਗਰ ਵਿਖੇ ਕੀਤਾ ਜਾ ਰਿਹਾ ਹੈ, ਜਿਸ ਦਾ ਸਮਾਂ ਸਵੇਰੇ 10:00 ਵਜੇ ਤੋਂ ਦੁਪਹਿਰ 1 ਵਜੇ ਤੱਕ ਹੋਵੇਗਾ। ਇਹ ਜਾਣਕਾਰੀ ਦਿੰਦਿਆਂ ਡੀ.ਬੀ.ਈ.ਈ. ਐਸ.ਏ.ਐਸ ਨਗਰ ਦੇ ਡਿਪਟੀ ਡਾਇਰੈਕਟਰ ਹਰਪ੍ਰੀਤ ਸਿੰਘ ਮਾਨਸ਼ਾਹੀਆਂ ਨੇ ਦੱਸਿਆ ਕਿ ਇਸ ਕੈਂਪ ਵਿੱਚ ਜਿੰਦਲ ਪਾਵਰ ਕਾਰਪੋਰੇਸ਼ਨ, ਚੰਡੀਗੜ੍ਹ, ਮੋਰ ਰਿਟੇਲ (ਐਮਾਜ਼ੋਨ), ਪ੍ਰੋਟਾਕ ਸੋਲਿਊਸ਼ਨਜ਼ ਪ੍ਰਾਈਵੇਟ ਲਿਮਟਿਡ, ਕੁਆਰਕ ਸਿਟੀ ਇੰਡੀਆ ਪ੍ਰਾਈਵੇਟ ਲਿਮਟਿਡ ਅਤੇ ਪੇਅ ਟੀ ਐਮ ਕੰਪਨੀਆਂ ਵੱਲੋਂ ਭਾਗ ਲਿਆ ਜਾ ਰਿਹਾ ਹੈ। ਭਰਤੀ ਕੀਤੇ ਗਏ ਪ੍ਰਾਰਥੀਆਂ ਦੀ ਤਨਖਾਹ ਕੰਪਨੀਆਂ ਅਨੁਸਾਰ 14500 ਤੋਂ 35000 ਤੱਕ ਹੋਵੇਗੀ ਅਤੇ ਕੰਮ ਕਰਨ ਦਾ ਸਥਾਨ ਚੰਡੀਗੜ੍ਹ, ਮੋਹਾਲੀ, ਖਰੜ, ਜ਼ੀਰਕਪੁਰ ਹੋਵੇਗਾ। ਉਨ੍ਹਾਂ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਲੜਕੇ ਅਤੇ ਲੜਕੀਆਂ ਦੋਵੇਂ ਭਾਗ ਲੈ ਸਕਦੇ ਹਨ। ਪ੍ਰਾਰਥੀਆਂ ਦੀ ਉਮਰ 18 ਤੋਂ 30 ਸਾਲ ਤੱਕ ਹੋਵੇ ਅਤੇ ਘੱਟੋ-ਘੱਟ ਯੋਗਤਾ ਦਸਵੀਂ ਪਾਸ ਅਤੇ ਗ੍ਰੈਜੂਏਸ਼ਨ ਹੋਵੇ। ਪ੍ਰਾਰਥੀ ਆਪਣੀ ਯੋਗਤਾ ਦੇ ਅਸਲ ਸਰਟੀਫਿਕੇਟ ਸਮੇਤ ਫਾਰਮਲ ਡਰੈੱਸ ਵਿੱਚ ਸਮੇਂ ਸਿਰ ਪਹੁੰਚਣ।

30-JULY-PAGE-10.qxd 7/29/2025 10:36 PM Page 1



## ਯਾਦਗਾਰੀ ਹੋ ਨਿੱਬੜਿਆ ਸਾਹਿਤ ਸਭਾ ਦਾ ਰੁਬਰੂ ਸਮਾਗਮ



**ਜਲਾਲਾਬਾਦ (ਰਣਬੀਰ ਕੌਰ ਢਾਬਾਂ)**-ਸਾਹਿਤ ਸਭਾ ਜਲਾਲਾਬਾਦ ਵੱਲੋਂ ਰੂਬਰੂ ਤੇ ਸਨਮਾਨ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਉਰਦੂ ਦੇ ਪ੍ਰਸਿੱਧ ਸ਼ਾਇਰ ਜਨਾਬ ਦਾਨਿਸ਼ ਭਾਰਤੀ ਤੇ ਅਮਨ ਜੋਸ਼ੀ ਅਜ਼ੀਜ਼ ਲੁਧਿਆਣੇ ਤੋਂ ਵਿਸ਼ੇਸ਼ ਤੌਰ 'ਤੇ ਇਸ ਸਮਾਗਮ ਵਿੱਚ ਪਹੁੰਚੇ। ਇਸ ਮੌਕੇ ਸਾਹਿਤ ਸਭਾ ਦੇ ਪ੍ਰਧਾਨ ਗੋਪਾਲ ਬਜਾਜ ਨੇ ਆਏ ਹੋਏ ਮਹਿਮਾਨਾਂ ਤੇ ਮੁੱਖ ਮਹਿਮਾਨਾਂ ਅਰਜਨਾ ਗਾਬਾ, ਸ਼ਾਲੂ ਬੱਬਰ, ਅਸ਼ੋਕ ਮੋਨੀ, ਰੋਸ਼ਨ ਲਾਲ ਅਜ਼ੀਜ਼, ਪੁਸ਼ਾ ਲੂਥਰਾ, ਮਮਤਾ ਰਾਣੀ ਨੂੰ ਉਨ੍ਹਾਂ ਦੇ ਵਿਸ਼ੇਸ਼ ਸਹਿਯੋਗ ਲਈ 'ਜੀ ਆਇਆਂ ਆਖਿਆ'। ਸਟੇਜ ਦੀ ਭੂਮਿਕਾ ਐਡਵੋਕੇਟ ਮੈਡਮ ਪ੍ਰੀਤੀ ਬਬੂਟਾ ਵੱਲੋਂ ਬਾਖ਼ੂਬੀ ਨਿਭਾਈ ਗਈ।ਉਨ੍ਹਾਂ ਵੱਲੋਂ ਸ਼ੇਅਰੋ ਸ਼ਾਇਰੀ ਅੰਦਾਜ਼ ਨਾਲ ਸਾਹਿਤਕਾਰਾਂ ਨੂੰ ਸਮੇਂ ਸਮੇਂ ਸਿਰ ਸਟੇਜ ਉੱਪਰ ਬੁਲਾਇਆ ਗਿਆ। ਜਨਾਬ ਦਾਨਿਸ਼ ਭਾਰਤੀ ਤੇ ਅਮਨ ਜੋਸ਼ੀ ਅਜ਼ੀਜ਼ ਵੱਲੋਂ ਆਪਣੀਆਂ ਰਚਨਾਵਾਂ ਪੜ੍ਹਨੀਆਂ ਸ਼ੁਰੂ ਕੀਤੀਆਂ ਸਰੋਤੇ ਵਾਰ-ਵਾਰ ਦਾਦ ਦੇ ਰਹੇ ਸਨ।ਪ੍ਰੋਗਰਾਮ ਦੇ ਅਖੀਰ ਵਿੱਚ ਸਾਹਿਤ ਸਭਾ ਦੇ ਸਰਪ੍ਰਸਤ ਸੁਬਾ ਸਿੰਘ ਨੰਬਰਦਾਰ ਤੇ ਖ਼ਜ਼ਾਨਚੀ ਸਤਕਰਨ ਸਿੰਘ ਵੱਲੋਂ ਸਭਨਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸਾਹਿਤ ਸਭਾ ਦੇ ਪ੍ਰਵੇਸ਼ ਖੰਨਾ, ਕੁਲਦੀਪ ਬਰਾੜ, ਨੀਰਜ ਛਾਬੜਾ, ਬਲਵੀਰ ਸਿੰਘ ਪਵਾਰ, ਸਤਨਾਮ ਸਿੰਘ ਮਹਿਰਮ, ਸੰਤੋਖ ਸਿੰਘ ਬਰਾੜ, ਮਦਨ ਡੁਮੜਾ, ਸੰਦੀਪ ਝਾਂਬ, ਕਵਿਤਾ ਖੰਨਾ, ਹਰਸ਼ਦੀਪ ਕੌਰ, ਊਸ਼ਾ ਝਾਂਬ, ਬਲਵੀਰ ਸਿੰਘ ਪਵਾਰ, ਕਵਿਤਾ ਖੰਨਾ, ਵਿਪਨ ਜਲਾਲਾਬਾਦੀ, ਪਰਮ ਸਿੰਘ ਦਰਗਨ ਮੈਂਬਰ ਆਦਿ ਮੌਜੂਦ ਸਨ।

## ਲਖਵਿੰਦਰ ਸਿੰਘ ਸਹਿਕਾਰੀ ਸਭਾ ਦੇ ਮੀਤ ਪ੍ਰਧਾਨ ਨਿਯੁਕਤ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਕਸਬਾ ਲੌਂਗੋਵਾਲ ਤੋਂ ਸਮਾਜ ਸੇਵੀ ਤੇ ਨੌਜਵਾਨ ਆਗੂ ਲਖਵਿੰਦਰ ਸਿੰਘ ਲੱਖਾ ਭਾਲ ਨੂੰ ਦੀ ਲੌਂਗੋਵਾਲ ਮਲਟੀਪਰਪਜ਼ ਕੋਆਪ੍ਰੇਟਿਵ ਐਗਰੀਕਲਚਰ ਸਰਵਿਸ ਸੇਵਾ ਸਭਾ ਲੌਂਗੋਵਾਲ ਦਾ ਮੀਤ ਪ੍ਰਧਾਨ ਚੁਣਿਆ ਗਿਆ ਹੈ।ਇਸ ਦੌਰਾਨ ਲਖਵਿੰਦਰ ਸਿੰਘ ਭਾਲ ਨੇ ਆਖਿਆ ਕਿ ਜਿਸ ਉਮੀਦ ਨਾਲ ਉਨ੍ਹਾਂ ਨੂੰ ਇਹ ਅਹੁਦਾ ਸੌਂਪਿਆ ਗਿਆ ਹੈ, ਉਹ ਉਸ 'ਤੇ ਖਰਾ ਉਤਰਨਗੇ।ਇਸ ਮੌਕੇ ਉਪਰੰਤ ਉਨ੍ਹਾਂ ਆਪਣਾ ਅਹੁਦਾ ਸੰਭਾਲਿਆ।

## ਕਾਰਗਿਲ ਵਿਜੇ ਦਿਵਸ ਮੌਕੇ ਦੇਸ਼ ਦੇ ਸ਼ਹੀਦਾਂ ਨੂੰ ਸਲਾਮ



**ਲੁਧਿਆਣਾ (ਜਸਦੀਪ ਵਰਤੀਆ)**-ਕਾਰਗਿਲ ਵਿਜੇ ਦਿਵਸ 'ਤੇ ਐਸੋਸੀਏਸ਼ਨ ਆਫ ਪ੍ਰਾਈਵੇਟ ਸਕਿਉਰਿਟੀ ਇੰਡਸਟਰੀਜ਼ ਪੰਜਾਬ ਦੇ ਨੁਮਾਇੰਦਿਆਂ ਨੇ ਪ੍ਰਧਾਨ ਜਗਰਾਜ ਸਿੰਘ ਸੰਧੂ ਦੀ ਅਗਵਾਈ ਹੇਠ ਲੁਧਿਆਣਾ ਵਿਖੇ ਇੱਕ ਮੀਟਿੰਗ ਰੱਖੀ ਗਈ, ਜਿਸ ਵਿੱਚ ਪ੍ਰਧਾਨ ਜਗਰਾਜ ਸਿੰਘ ਸੰਧੂ ਤੇ ਸਮੁੱਚੀ ਟੀਮ ਨੇ ਕਾਰਗਿਲ ਜੰਗ ਵਿੱਚ ਸ਼ਹੀਦ ਹੋਏ ਭਾਰਤੀ ਫੌਜ ਦੇ ਜਵਾਨਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਤੇ ਇਸ ਮੌਕੇ ਪ੍ਰਧਾਨ ਜਗਰਾਜ ਸਿੰਘ ਸੰਧੂ ਨੇ ਕਿਹਾ ਕਿ ਪ੍ਰਾਈਵੇਟ ਸਕਿਉਰਿਟੀ ਇੰਡਸਟਰੀ ਹਮੇਸ਼ਾ ਦੇਸ਼ ਹਿੱਤ ਲਈ ਕੰਮ ਕਰਦੀ ਰਹੇਗੀ ਤੇ ਆਪਣੇ ਦੇਸ਼ ਨੂੰ ਸੁਰੱਖਿਅਤ ਰੱਖਣ ਵਿੱਚ ਮਦਦ ਕਰੇਗੀ।ਪ੍ਰਧਾਨ ਜਗਰਾਜ ਸਿੰਘ ਸੰਧੂ ਨੇ ਕਿਹਾ ਕਿ ਅਸੀਂ ਇਸ ਪ੍ਰਾਈਵੇਟ ਸਕਿਉਰਿਟੀ ਇੰਡਸਟਰੀ ਨੂੰ ਹੋਰ ਮਜ਼ਬੂਤ ਤੇ ਉੱਚਾ ਕਰਾਂਗੇ ਅਤੇ ਜੇਕਰ ਲੋੜ ਪਈ ਤਾਂ ਅਸੀਂ ਆਪਣੇ ਦੇਸ਼ ਦੇ ਬਹਾਦਰ ਸੈਨਿਕਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਹੋਵਾਂਗੇ।ਐਸੋਸੀਏਸ਼ਨ ਆਫ ਪ੍ਰਾਈਵੇਟ ਸਕਿਉਰਿਟੀ ਇੰਡਸਟਰੀ ਜੰਗ ਵਿੱਚ ਸ਼ਹੀਦ ਹੋਏ ਬਹਾਦਰ ਸੈਨਿਕਾਂ ਨੂੰ ਸਲਾਮ ਕਰਦੀ ਹੈ।ਇਸ ਮੌਕੇ ਪ੍ਰਧਾਨ ਜਗਰਾਜ ਸਿੰਘ ਸੰਧੂ, ਹਰਪ੍ਰੀਤ ਸਿੰਘ, ਦਵਿੰਦਰ ਸਿੰਘ, ਮੁਕੇਸ਼ ਕੌੜਾ, ਅਮਨਦੀਪ ਸਿੰਘ, ਹਰਦੀਪ ਸਿੰਘ, ਜਗਪ੍ਰੀਤ ਸਿੰਘ, ਸਿਮਰਨਜੀਤ ਸਿੰਘ, ਗੁਰਵਿੰਦਰ ਸਿੰਘ, ਸ਼ਿਵਮ ਦਵਨ, ਬਲਕਾਰ ਸਿੰਘ ਤੇ ਅਕਸ਼ੈ ਠਾਕੁਰ ਮੌਜੂਦ ਸਨ।

## ਵਿਵੇਕਾਨੰਦ ਜੂਨੀਅਰ ਸਕੂਲ 'ਚ ਤੀਜ ਦਾ ਤਿਉਹਾਰ ਮਨਾਇਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਵੇਕਾਨੰਦ ਜੂਨੀਅਰ ਸਕੂਲ ਵਿਖੇ ਤੀਜ ਦਾ ਤਿਉਹਾਰ ਬੜੀ ਧੂਮਧਾਮ, ਖੁਸ਼ੀ ਤੇ ਸੱਭਿਆਚਾਰਕ ਰੌਣਕ ਨਾਲ ਮਨਾਇਆ ਗਿਆ। ਸਕੂਲ ਦਾ ਪੂਰਾ ਕੈਂਪਸ ਇਸ ਖਾਸ ਮੌਕੇ ਲਈ ਫੁੱਲਾਂ, ਰੰਗ-ਬਿਰੰਗੀਆਂ ਸਜਾਵਟਾਂ ਤੇ ਰਵਾਇਤੀ ਡਿਜ਼ਾਈਨਾਂ ਨਾਲ ਸਜਾਇਆ ਗਿਆ। ਤਿਉਹਾਰ ਦੀ ਸ਼ੁਰੂਆਤ ਮੁੱਖ ਮਹਿਮਾਨਾਂ ਦੇ ਰਵਾਇਤੀ ਸਵਾਗਤ ਨਾਲ ਹੋਈ, ਜਿਸ ਵਿੱਚ ਵਿਵੇਕਾਨੰਦ ਵਰਲਡ ਸਕੂਲ ਤੇ ਵਿਵੇਕਾਨੰਦ ਜੂਨੀਅਰ ਸਕੂਲ ਦੇ ਮੁੱਖ ਸਰਪ੍ਰਸਤ ਪੁਰਾ ਭਾਸਕਰ, ਵਿਵੇਕਾਨੰਦ ਵਰਲਡ ਸਕੂਲ ਦੇ ਸਕੱਤਰ ਡੌਲੀ ਭਾਸਕਰ ਤੇ ਪ੍ਰਤਿਭਾ ਭਾਸਕਰ ਸ਼ਾਮਲ ਸਨ।ਸਟਾਫ ਤੇ ਵਿਦਿਆਰਥੀਆਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਫੁੱਲਾਂ ਦੇ ਗੁਲਦਸਤਿਆਂ ਨਾਲ ਕੀਤਾ ਗਿਆ।ਇਸ ਸ਼ਾਨਦਾਰ ਸਮਾਰੋਹ ਵਿੱਚ ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ ਦਾ ਖੂਬ ਪ੍ਰਦਰਸ਼ਨ ਕੀਤਾ। [illegible] ਦਰਸ਼ਕਾਂ ਦੇ ਦਿਲ ਜਿੱਤ ਲਏ। ਮੁੱਖ ਮਹਿਮਾਨਾਂ ਨੇ ਸਕੂਲ ਦੀ ਸੱਭਿਆਚਾਰਕ ਪ੍ਰੋਗਰਾਮਾਂ ਨੂੰ ਜੀਵਤ ਰੱਖਣ ਦੀਆਂ ਕੋਸ਼ਿਸ਼ਾਂ ਦੀ ਭਰਪੂਰ ਸ਼ਲਾਘਾ ਕੀਤੀ। ਇਹ ਤਿਉਹਾਰ ਸਭ ਲਈ ਖੁਸ਼ੀਆਂ ਭਰੀਆਂ ਯਾਦਾਂ ਛੱਡ ਗਿਆ, ਜੋ ਲੰਬੇ ਸਮੇਂ ਤੱਕ ਯਾਦ ਰਹਿਣਗੀਆਂ।

## ਰੂਪ ਵਾਟਿਕਾ ਦੀ ਚੈਸ ਟੀਮ ਵੱਲੋਂ ਸ਼ਾਨਦਾਰ ਜਿੱਤ



**ਜਗਰਾਉਂ (ਅਮਿਤ ਖੰਨਾ)**-ਰੂਪ ਵਾਟਿਕਾ ਸਕੂਲ ਦੀ ਅੰਡਰ 14 ਚੈਸ ਟੀਮ (ਗਰਲਜ਼) ਨੇ ਜ਼ੋਨਲ ਟੂਰਨਾਮੈਂਟ ਜੋ ਸਰਕਾਰੀ ਹਾਈ ਸਕੂਲ, ਰਾਮਗੜ੍ਹ ਭੁੱਲਰ ਦੁਆਰਾ ਕਰਵਾਇਆ ਗਿਆ, ਵਿੱਚ ਦੂਜਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਟੀਮ ਦੀਆਂ ਸਾਰੀਆਂ ਖਿਡਾਰਨਾਂ ਨੇ ਪੂਰੀ ਬੁੱਧੀਮਾਨੀ ਨਾਲ ਜਿੱਤ ਪ੍ਰਾਪਤ ਕੀਤੀ। ਟੀਮ ਵਿੱਚ ਗੁਰਨੂਰ ਕੌਰ, ਭਗਤੀ, ਦਿਸ਼ਾ, ਹਰਗੁਣ ਕੌਰ ਨੇ ਭਾਗ ਦੇ ਕੇ ਦੂਜਾ ਸਥਾਨ ਹਾਸਲ ਕੀਤਾ। ਇਸ ਲੜੀ ਨੂੰ ਅੱਗੇ ਵਧਾਉਂਦੇ ਹੋਇਆਂ ਕੁੜੀਆਂ ਦੀ ਅੰਡਰ 19 ਚੈਸ ਟੀਮ ਨੇ ਦੂਜਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਟੀਮ ਵਿੱਚ ਮਹਿਕ, ਭਗਤੀ, ਪਰਮ, ਅਕਸ਼ਰਾ ਸ਼ਾਮਲ ਸਨ।ਸਕੂਲ ਦੇ ਮੁੱਖ ਅਧਿਆਪਕਾ ਸ੍ਰੀਮਤੀ ਵਿਜੇ ਰਾਣਾ ਨੇ ਸਾਰੀਆਂ ਖਿਡਾਰਨਾਂ ਨੂੰ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਜਿੱਤ ਟੀਮ ਦੀ ਮਿਹਨਤ, ਲਗਨ ਤੇ ਸਕੂਲ ਦੇ ਮਾਰਗ ਦਰਸ਼ਨ ਦਾ ਹੀ ਨਤੀਜਾ ਹੁੰਦਾ ਹੈ।

## ਵਾਤਾਵਰਣ ਦੀ ਸ਼ੁੱਧਤਾ ਲਈ ਬੂਟੇ ਲਾਏ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਦੀਨਾ ਸਾਹਿਬ 'ਚ ਵਾਤਾਵਰਣ ਦੀ ਸ਼ੁੱਧਤਾ ਵਾਸਤੇ ਆਈ.ਪੀ.ਐਸ ਫਾਊਂਡੇਸ਼ਨ ਨਿਹਾਲ ਸਿੰਘ ਵਾਲਾ ਤੇ ਗ੍ਰਾਮ ਪੰਚਾਇਤ ਦੀਨਾ ਸਾਹਿਬ ਵੱਲੋਂ ਵੱਖ-ਵੱਖ ਥਾਂਵਾਂ, ਪੰਚਾਇਤ ਘਰ, ਸਰਕਾਰੀ ਹਸਪਤਾਲ, ਜ਼ਫ਼ਰਨਾਮਾ ਪਾਰਕ ਅਤੇ ਹੋਰ ਥਾਵਾਂ ਉਪਰ ਵੱਖ-ਵੱਖ ਤਰ੍ਹਾਂ ਦੇ ਤਕਰੀਬਨ ਦੋ ਸੌ ਪੰਜਾਹ ਬੂਟੇ ਲਾਏ ਗਏ ਅਤੇ ਉਨ੍ਹਾਂ ਦੇ ਪਾਲਣ ਪੋਸ਼ਣ ਕਰਨ ਦਾ ਅਹਿਦ ਲਿਆ, ਜਿਨ੍ਹਾਂ ਵਿੱਚ ਛਾਂਦਾਰ ਸਜਾਵਟੀ ਅਤੇ ਵੱਖ-ਵੱਖ ਤਰ੍ਹਾਂ ਦੇ ਫ਼ਲਦਾਰ ਬੂਟੇ ਸ਼ਾਮਲ ਸਨ। ਇਸ ਸਮੇਂ ਸਰਪੰਚ ਰਣਜੀਤ ਸਿੰਘ ਖਾਲਸਾ ਦੀਨਾ ਸਾਹਿਬ, ਸੈਕਟਰੀ ਮੁਖਤਿਆਰ ਸਿੰਘ, ਸੂਬਾ ਮੀਤ ਪ੍ਰਧਾਨ ਲੱਖੋਵਾਲ, ਪੰਚ ਜੁਗਰਾਜ ਸਿੰਘ, ਪੰਚ ਹਰਜਿੰਦਰ ਸਿੰਘ ਪੰਚ, ਅਮਨਦੀਪ ਸਿੰਘ ਨਰੇਗਾ, ਮੇਡ ਮੈਡਮ ਸਰਬਜੀਤ ਕੌਰ, ਬਿੰਦਰ ਸਿੰਘ, ਸੇਵਕ ਸਿੰਘ, ਤਾਰਾ ਸਿੰਘ ਤੇ ਦਰਸ਼ਨ ਸਿੰਘ ਹਾਜ਼ਰ ਸਨ।

## ਜਨਮ ਦਿਨ ਸਕੂਲੀ ਵਿਦਿਆਰਥੀਆਂ ਨੂੰ ਸਟੇਸ਼ਨਰੀ ਵੰਡ ਕੇ ਮਨਾਇਆ



**ਮਾਨਸਾ/ਸਰਦੂਲਗੜ੍ਹ (ਆਤਮਾ ਸਿੰਘ ਪਮਾਰ)**-ਡਾ. ਮਹਿੰਦਰਪਾਲ ਸਿੰਘ ਸੇਵਾ ਮੁਕਤ ਕਾਰਜਕਾਰੀ ਪ੍ਰਿੰਸੀਪਲ ਝੰਡਾ ਖੁਰਦ ਤੇ ਸਮੁੱਚੇ ਪਰਵਾਰ ਵੱਲੋਂ ਆਪਣੇ ਪੋਤਰੇ ਜਸਫ਼ਤਿਹ ਸਿੰਘ ਦਾ ਜਨਮ ਦਿਨ ਸਰਕਾਰੀ ਪ੍ਰਾਇਮਰੀ ਸਕੂਲ ਬਰਨ ਵਿਖੇ ਸਾਰੇ ਵਿਦਿਆਰਥੀਆਂ ਨੂੰ ਸਟੇਸ਼ਨਰੀ (ਕਾਪੀਆਂ, ਪੈੱਨ, ਪੈਨਸਿਲ, ਸ਼ਾਪਨਰ, ਰਬੜ, ਸਕੇਲ) ਤੇ ਫਰੂਟ, ਬਿਸਕੁਟ ਆਦਿ ਵੰਡ ਕੇ ਖੁਸ਼ੀ ਸਾਂਝੀ ਕਰਦਿਆਂ ਮਨਾਇਆ ਗਿਆ। ਸਮੂਹ ਸਟਾਫ਼, ਗ੍ਰਾਮ ਪੰਚਾਇਤ, ਸਕੂਲ ਮੈਨੇਜਮੈਂਟ ਕਮੇਟੀ ਸਰਕਾਰੀ ਪ੍ਰਾਇਮਰੀ ਸਕੂਲ ਬਰਨ ਵੱਲੋਂ ਆਪਣੇ ਵਿਦਿਆਰਥੀ ਜਸਫ਼ਤਿਹ ਸਿੰਘ ਨੂੰ ਜਨਮ ਦਿਨ ਦੀਆਂ ਬਹੁਤ ਬਹੁਤ ਮੁਬਾਰਕਾਂ ਦਿੱਤੀਆਂ ਗਈਆਂ ਤੇ ਦਾਨੀ ਪਰਵਾਰ ਦਾ ਧੰਨਵਾਦ ਵੀ ਕੀਤਾ ਗਿਆ। ਸਕੂਲ ਮੁਖੀ ਜਗਸੀਰ ਸਿੰਘ ਆਦਮਕੇ, ਹਰਦੀਪ ਸਿੰਘ ਧੰਨ ਸਿੰਘ ਖਾਨਾ, ਸੰਦੀਪ ਕੌਰ ਝੰਡੂਕੇ, ਸੰਦੀਪ ਕੌਰ ਬਰਨ, ਮਿਡ ਡੇਅ ਮੀਲ ਕੁੱਕ ਬੀਬੀਆਂ, ਕੁਲਦੀਪ ਕੌਰ, ਕੁਲਵੰਤ ਸਿੰਘ ਸਰਪੰਚ, ਬਿੱਕਰ ਸਿੰਘ ਪੰਚ, ਗੁਰਮੀਤ ਸਿੰਘ, ਕੁਲਦੀਪ ਸਿੰਘ, ਗੁਰਜੀਵਨ ਸਿੰਘ, ਕੁਲਦੀਪ ਕੌਰ, ਕਮਲਦੀਪ ਕੌਰ, ਗਗਨਦੀਪ ਕੌਰ, ਸੁਖਵਿੰਦਰ ਕੌਰ, ਅਮਨਦੀਪ ਕੌਰ, ਬੇਅੰਤ ਕੌਰ ਆਦਿ ਸਕੂਲ ਕਮੇਟੀ ਮੈਂਬਰ ਤੇ ਸਮੁੱਚੇ ਵਿਦਿਆਰਥੀ ਵੀ ਹਾਜ਼ਰ ਸਨ।

# ਬਦਲੀਆਂ ਲਈ ਪੋਰਟਲ ਨਾ ਖੁੱਲ੍ਹਣ ਕਾਰਨ ਅਧਿਆਪਕ ਡਾਢੇ ਪ੍ਰੇਸ਼ਾਨ



**ਸਮਰਾਲਾ (ਸੁਰਜੀਤ ਸਿੰਘ)**-ਕਰੀਬ ਦੋ ਮਹੀਨੇ ਦਾ ਸਮਾਂ ਬੀਤਣ ਤੋਂ ਬਾਅਦ ਵੀ ਬਦਲੀਆਂ ਕਰਾਉਣ ਵਾਲੇ ਅਧਿਆਪਕ ਬਦਲੀ ਪੋਰਟਲ ਵਿੱਚ ਸਟੇਸ਼ਨ ਦੀ ਆਪਸ਼ਨ ਨਾ ਖੁੱਲ੍ਹਣ ਕਾਰਨ ਡਾਢੇ ਪ੍ਰੇਸ਼ਾਨ ਹੋ ਰਹੇ ਹਨ।ਅਧਿਆਪਕ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫਰੰਟ ਨੇ ਸਿੱਖਿਆ ਵਿਭਾਗ ਦੀ ਇਸ ਨਲਾਇਕੀ ਦਾ ਸਖ਼ਤ ਨੋਟਿਸ ਲੈਂਦਿਆਂ ਕਿਹਾ ਕਿ ਸਿੱਖਿਆ ਵਿਭਾਗ ਨੂੰ ਰਾਸ਼ਟਰ ਨਿਰਮਾਤਾ ਅਧਿਆਪਕਾਂ ਦੀ ਪ੍ਰੇਸ਼ਾਨੀ ਨਾਲ ਕੋਈ ਮਤਲਬ ਨਹੀਂ ਹੈ।ਉਹ ਆਪਣੀ ਡੂੰਘੀ ਨੀਂਦ ਸੁੱਤੇ ਹਨ।ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ, ਵਿੱਤ ਸਕੱਤਰ ਅਸ਼ਵਨੀ ਅਵਸਥੀ ਤੇ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਰਮਨਜੀਤ ਸਿੰਘ ਸੰਧੂ ਨੇ ਸਿੱਖਿਆ ਵਿਭਾਗ ਵੱਲੋਂ ਅਧਿਆਪਕਾਂ ਦੀ ਬਦਲੀਆਂ ਸਬੰਧੀ ਦਿਖਾਈ ਜਾ ਰਹੀ ਨਲਾਇਕੀ ਦੀ ਨਿਖੇਧੀ ਕਰਦਿਆਂ ਬਦਲੀ ਪੋਰਟਲ 'ਤੇ ਸਟੇਸ਼ਨ ਚੋਣ ਤੁਰੰਤ ਦੇਣ ਦੀ ਮੰਗ ਕੀਤੀ।ਉਨ੍ਹਾਂ ਦੱਸਿਆ ਕਿ ਇਸ ਪੰਜਾਬ ਪੋਰਟਲ ਉੱਪਰ ਬਦਲੀ ਪ੍ਰਕਿਰਿਆ 6 ਜੂਨ ਤੋਂ ਸ਼ੁਰੂ ਕਰਕੇ ਜੁਲਾਈ ਮਹੀਨੇ ਦੇ ਲਗਭਗ ਪੂਰਾ ਬੀਤ ਜਾਣ ਦੇ ਬਾਵਜੂਦ ਅਧਿਆਪਕਾਂ ਲਈ ਸਟੇਸ਼ਨ ਚੋਣ ਕਰਨ ਲਈ ਨਹੀਂ ਖੋਲ੍ਹਿਆ ਜਾ ਸਕਿਆ ਹੈ, ਜਿਸ ਕਾਰਨ ਲੰਮੇ ਸਮੇਂ ਤੋਂ ਬਦਲੀਆਂ ਉਡੀਕ ਰਹੇ ਅਧਿਆਪਕ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਮਹਿਸੂਸ ਕਰ ਰਹੇ ਹਨ।ਉਹ ਜਥੇਬੰਦੀਆਂ ਦੇ ਆਗੂਆਂ ਤੇ ਆਪਣੇ ਆਪਣੇ ਸਰੋਤਾਂ ਤੋਂ ਬਦਲੀ ਪੋਰਟਲ ਦੇ ਸਟੇਸ਼ਨ ਚੋਣ ਲਈ ਖੋਲ੍ਹੇ ਜਾਣ ਬਾਰੇ ਸੂਚਨਾ ਲੈਣਾ ਚਾਹੁੰਦੇ ਹਨ, ਪਰ ਪਿਛਲੇ ਸਮੇਂ ਵਿੱਚ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਵੱਲੋਂ ਵੱਖ-ਵੱਖ ਜੱਥੇਬੰਦੀਆਂ ਅਤੇ ਹੋਰਨਾਂ ਸ੍ਰੋਤਾਂ ਨੂੰ ਦਿੱਤੀ ਗਈ ਸੂਚਨਾ ਅੱਜ ਤੱਕ ਝੂਠੀ ਸਾਬਤ ਹੋਈ ਹੈ, ਜਿਸ ਕਾਰਨ ਅਧਿਆਪਕਾਂ ਸਿੱਖਿਆ ਵਿਭਾਗ ਦੀ ਕਾਰਜਸ਼ੈਲੀ ਤੋਂ ਨਿਰਾਸ਼ ਹਨ।

ਡੈਮੋਕ੍ਰੇਟਿਕ ਟੀਚਰਜ਼ ਫਰੰਟ ਲੁਧਿਆਣਾ ਦੇ ਜਨਰਲ ਸਕੱਤਰ ਰੁਪਿੰਦਰ ਪਾਲ ਸਿੰਘ ਗਿੱਲ , 4161 ਮਾਸਟਰ ਕੇਡਰ ਯੂਨੀਅਨ ਦੇ ਜਸਵਿੰਦਰ ਸਿੰਘ ਐਤੀਆਣਾ ਅਤੇ ਗੁਰਮੀਤ ਸਿੰਘ ਹਠੂਰ ਨੇ ਕਿਹਾ ਕਿ ਵਿਭਾਗ ਵੱਲੋਂ ਸਮੇਂ ਸਿਰ ਬਦਲੀਆਂ ਨਾ ਕਰਨਾ ਅਤੇ ਬਦਲੀਆਂ ਦੀ ਥਾਂ ਡੈਪੂਟੇਸ਼ਨਾਂ ਕਰਨਾ ਵਿਭਾਗ ਵਿੱਚ ਰਾਜਨੀਤਕ ਦਖ਼ਲਅੰਦਾਜ਼ੀ ਦਾ ਹੀ ਸਬੂਤ ਹੈ।ਆਗੂਆਂ ਨੇ ਮੰਗ ਕੀਤੀ ਕਿ ਬਦਲੀ ਪੋਰਟਲ ਸਟੇਸ਼ਨ ਚੋਣ ਲਈ ਤੁਰੰਤ ਖੋਲ੍ਹਿਆ ਜਾਵੇ, 4161 ਮਾਸਟਰ ਕੇਡਰ ਨੂੰ ਬਦਲੀਆਂ ਦਾ ਵਿਸ਼ੇਸ਼ ਮੌਕਾ ਦੇਣ ਅਤੇ ਈ.ਟੀ.ਟੀ ਤੋਂ ਮਾਸਟਰ ਕਾਡਰ, ਮਾਸਟਰ ਕਾਡਰ ਤੋਂ ਲੈਕਚਰਾਰ ਕਾਡਰ ਤੇ ਪੀ.ਟੀ.ਆਈ ਤੋਂ ਡੀ.ਪੀ.ਈ ਵਜੋਂ ਦੁਰੇਡੇ ਸਟੇਸ਼ਨਾਂ 'ਤੇ ਤਰੱਕੀਆਂ ਲੈਣ ਵਾਲੇ ਅਧਿਆਪਕਾਂ ਨੂੰ ਵੀ ਬਦਲੀਆਂ ਦਾ ਮੌਕਾ ਦਿੱਤਾ ਜਾਵੇ।

## ਨਸ਼ਿਆਂ ਕਾਰਨ ਨੌਜਵਾਨ ਪੁੱਤਾਂ ਦੀਆਂ ਅਰਥੀਆਂ ਨੂੰ ਮੋਢਾ ਦੇਣ ਲਈ ਮਜਬੂਰ ਮਾਪੇ : ਪਰਮਿੰਦਰ ਭਲਵਾਨ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਯੂਥ ਫੈਡਰੇਸ਼ਨ ਆਫ਼ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵੱਲੋਂ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਤੇ ਮਾਤਾ ਗੁਜਰੀ ਸਹਾਰਾ ਟਰੱਸਟ ਕੱਲਰਭੈਣੀ ਦੇ ਸਹਿਯੋਗ ਨਾਲ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਤਹਿਤ ਤੇ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨਸ਼ਿਆਂ ਵਿਰੋਧੀ ਸੈਮੀਨਾਰ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ, ਮੈਂਬਰ ਵਿਮਨ ਕੌਂਸਲਿੰਗ ਸੈੱਲ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਤੇ ਪੰਜਾਬ ਐਂਡ ਸਿੰਧ ਬੈਂਕ ਦੇ ਚੀਫ਼ ਮੈਨੇਜਰ ਅਵਧੇਸ਼ ਕੁਮਾਰ ਨੇ ਕੀਤੀ। ਮਾਤਾ ਗੁਜਰੀ ਸਹਾਰਾ ਟਰੱਸਟ ਦੇ ਮੁਖੀ ਬੀਬੀ ਸੋਹਨਜੀਤ ਕੌਰ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ। ਸਾਕਸ਼ੀ ਵਰਮਾ ਮੈਨੇਜਰ ਪੰਜਾਬ ਐਂਡ ਸਿੰਧ ਬੈਂਕ ਡਕਾਲਾ ਬ੍ਰਾਂਚ, ਸਟੇਟ ਐਵਾਰਡੀ ਰੁਪਿੰਦਰ ਕੌਰ, ਉਪਕਾਰ ਸਿੰਘ, ਯੂਥ ਆਗੂ ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਹਰਮਨਜੀਤ ਸਿੰਘ ਰੰਧਾਵਾ, ਭਿੰਦਰ ਜਲਵੇੜਾ ਨੇ ਸ਼ਿਰਕਤ ਕੀਤੀ। ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ ਦੀ ਸਰਪ੍ਰਸਤੀ ਹੇਠ ਵੱਖ-ਵੱਖ ਪਿੰਡਾਂ, ਸ਼ਹਿਰਾਂ, ਕਸਬਿਆਂ, ਸਕੂਲਾਂ, ਕਾਲਜਾਂ, ਮੁਹੱਲਿਆਂ 'ਚ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਮੁਹਿੰਮ ਤਹਿਤ ਲੜੀਵਾਰ ਤਹਿਤ ਨਸ਼ਿਆਂ ਵਿਰੋਧੀ ਸੈਮੀਨਾਰਾਂ ਦਾ ਆਯੋਜਨ ਕੀਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਬੁਢਾਪੇ ਦਾ ਸਹਾਰਾ ਨੌਜਵਾਨਾਂ, ਪੁੱਤਾਂ ਦੀਆਂ ਅਰਥੀਆਂ ਨੂੰ ਮੋਢਾ ਮਾਪਿਆਂ ਨੂੰ ਦੇਣਾ ਪੈ ਰਿਹਾ ਹੈ, ਜੋ ਬਹੁਤ ਚਿੰਤਾ ਦਾ ਵਿਸ਼ਾ ਹੈ।

# ਮੁਲਾਜ਼ਮਾਂ ਦੇ ਮਹਿੰਗਾਈ ਭੱਤੇ ਦੀਆਂ ਪੰਜ ਕਿਸ਼ਤਾਂ ਬਕਾਇਆ

### ਪੰਜਾਬ ਸਰਕਾਰ ਮੁਲਾਜ਼ਮ ਮੰਗਾਂ ਦੀ ਤੁਰੰਤ ਪੂਰਤੀ ਕਰੇ : ਡੀ ਟੀ ਐਫ਼



**ਮਾਨਸਾ (ਆਤਮਾ ਸਿੰਘ ਪਮਾਰ)**

ਮੁਲਾਜ਼ਮਾਂ ਦੀਆਂ ਮੰਗਾਂ ਤੁਰੰਤ ਪੂਰੀਆਂ ਕਰਨ ਦਾ ਵਾਅਦਾ ਕਰਕੇ ਸੱਤਾ 'ਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਸਾਢੇ ਤਿੰਨ ਸਾਲ ਬੀਤਣ ਦੇ ਬਾਵਜੂਦ ਮੰਗਾਂ ਦੀ ਪੂਰਤੀ ਨਹੀਂ ਕਰ ਸਕੀ।ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੀ ਅਗਵਾਈ 'ਚ ਡੀ ਟੀ ਐਫ਼ ਦੇ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਮੁਲਾਜ਼ਮਾਂ ਦੀਆਂ ਮੰਗਾਂ ਬਾਰੇ ਕਿਹਾ ਕਿ ਮੁਲਾਜ਼ਮਾਂ ਨੂੰ ਹਰ ਸਾਲ 1 ਜਨਵਰੀ ਤੇ 1 ਜੁਲਾਈ ਨੂੰ ਮਿਲਦੇ ਮਹਿੰਗਾਈ ਭੱਤੇ (ਡੀ.ਏ) ਦੀਆਂ ਪੰਜ ਕਿਸ਼ਤਾਂ ਪੈਂਡਿੰਗ ਹੋ ਗਈਆਂ ਹਨ, ਪ੍ਰੰਤੂ ਸਰਕਾਰ ਦੇ ਕੰਨਾਂ 'ਤੇ ਜੂੰ ਤੱਕ ਨਹੀਂ ਸਰਕ ਰਹੀ, ਜਿੱਥੇ ਕੇਂਦਰ ਸਰਕਾਰ ਆਪਣੇ ਮੁਲਾਜ਼ਮਾਂ ਨੂੰ 55% ਮਹਿੰਗਾਈ ਭੱਤਾ ਦੇ ਰਹੀ ਹੈ, ਉਥੇ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਨੂੰ ਸਿਰਫ 42% ਮਹਿੰਗਾਈ ਭੱਤਾ ਹੀ ਮਿਲ ਰਿਹਾ ਹੈ। ਸਿਤਮ ਜ਼ਰੀਫੀ ਇਹ ਹੈ ਕਿ ਪੰਜਾਬ ਸਰਕਾਰ ਦੇ ਹੀ ਆਈ.ਏ.ਐੱਸ ਤੇ ਪੀ.ਸੀ.ਐੱਸ ਅਧਿਕਾਰੀਆਂ ਨੂੰ ਕੇਂਦਰੀ ਤਰਜ਼ 'ਤੇ 53% ਮਹਿੰਗਾਈ ਭੱਤਾ ਮਿਲ ਰਿਹਾ ਹੈ, ਜਿਸ ਨਾਲ ਇੱਕ ਤੌੜੀ ਵਿੱਚ ਦੋ ਢਿੱਡ ਵਾਲੀ ਕਹਾਵਤ ਪੂਰੀ ਤਰ੍ਹਾਂ ਸਿੱਧ ਹੋ ਰਹੀ ਹੈ। ਡੀ ਟੀ ਐਫ਼ ਦੇ ਸੀਨੀਅਰ ਆਗੂਆਂ ਗੁਰਤੇਜ ਉਭਾ, ਰਾਜਵਿੰਦਰ ਸਿੰਘ ਬੈਹਣੀਵਾਲ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਕਿਹਾ ਕਿ ਮੁਲਾਜ਼ਮਾਂ ਦੀਆਂ ਸਾਰੀਆਂ ਮੰਗਾਂ ਜਿਵੇਂ ਕਿ ਪੇਅ ਕਮਿਸ਼ਨ ਦੇ ਬਕਾਏ, ਪੁਰਾਣੀ ਪੈਨਸ਼ਨ ਬਹਾਲ ਕਰਨੀ, ਕੰਪਿਊਟਰ ਅਧਿਆਪਕ, ਕੱਚੇ ਅਧਿਆਪਕ, ਐੱਨ ਐੱਸ ਕਿਉ ਐਫ਼ ਅਧਿਆਪਕ ਪੱਕੇ ਕਰਨੇ, 2020 ਤੋਂ ਬਾਅਦ ਦੇ ਮੁਲਾਜ਼ਮਾਂ ਤੇ ਪੰਜਾਬ ਪੇ ਸਕੇਲ ਲਾਗੂ ਕਰਨਾ, ਪੇਂਡੂ ਭੱਤੇ ਸਮੇਤ 37 ਤਰ੍ਹਾਂ ਦੇ ਕੱਟੇ ਭੱਤੇ ਬਹਾਲ ਕਰਨਾ, ਏ ਸੀ ਪੀ ਲਾਗੂ ਕਰਨ, ਰਮਸਾ ਅਧਿਆਪਕਾਂ ਦੇ ਬਕਾਏ ਬਾਰੇ ਅੱਜ ਤੱਕ ਸਰਕਾਰ ਕੋਈ ਵੀ ਗੱਲ ਨਹੀਂ ਕਰ ਸਕੀ। ਜਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ, ਰਾਜਿੰਦਰ ਸਿੰਘ ਨੇ ਕਿਹਾ ਕਿ ਤਿੰਨ ਸਾਲ ਪਹਿਲਾਂ ਮੁੱਖ ਮੰਤਰੀ ਨੇ ਗੁਜਰਾਤ ਚੋਣਾਂ ਤੋਂ ਪਹਿਲਾਂ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਅਧੂਰਾ ਨੋਟੀਫਿਕੇਸ਼ਨ ਜਾਰੀ ਕੀਤਾ ਸੀ, ਜੋ ਸਿਰਫ ਐਲਾਨ ਬਣ ਕੇ ਹੀ ਰਹਿ ਗਿਆ ਹੈ।

## ਆਯੁਰਵੈਦਿਕ ਮੈਡੀਕਲ ਦੁਕਾਨਾਂ 'ਤੇ ਛਾਪੇ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ੇ ਵਿਰੁੱਧ' ਚਲਾਏ ਗਏ ਅਭਿਆਨ ਤਹਿਤ ਪੰਜਾਬ ਸਰਕਾਰ ਦੇ ਆਨਲਾਈਨ ਪੋਰਟਲ 'ਤੇ ਮਿਲੀ ਸ਼ਿਕਾਇਤ ਦੇ ਆਧਾਰ 'ਤੇ ਜ਼ਿਲ੍ਹਾ ਆਯੁਰਵੈਦਿਕ ਅਧਿਕਾਰੀ ਨੇ ਪੁਲਸ ਟੀਮ ਨੂੰ ਨਾਲ ਲੈ ਕੇ ਅਜੀਤ ਰੋਡ 13 ਤੇ 17 ਵਿਖੇ ਚੱਲ ਰਹੀਆਂ ਆਯੁਰਵੈਦਿਕ ਦੁਕਾਨਾਂ 'ਤੇ ਰੇਡ ਕੀਤੀ, ਜਿੱਥੇ 72 ਸ਼ੀਸ਼ੀਆਂ ਬਰਾਮਦ ਕੀਤੀਆਂ ਗਈਆਂ।ਜ਼ਿਲ੍ਹਾ ਆਯੁਰਵੈਦਿਕ ਅਧਿਕਾਰੀ ਨੇ ਦੱਸਿਆ ਕਿ ਇਨ੍ਹਾਂ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ। ਇਹ ਬਿਨਾਂ ਲਾਇਸੈਂਸ ਤੋਂ ਨਸ਼ੀਲੀਆਂ ਗੋਲੀਆਂ ਵੇਚ ਰਹੇ ਸੀ, ਹੁਣ ਇਨ੍ਹਾਂ ਨੂੰ ਤਿੰਨ ਦਿਨ ਦਾ ਟਾਈਮ ਦਿੱਤਾ ਹੈ, ਉਹ ਬਿੱਲ ਜਾਂ ਲਾਈਸੈਂਸ ਪੇਸ਼ ਕਰ ਸਕਦਾ ਹੈ, ਨਹੀਂ ਤਾਂ ਬਣਦੀ ਕਾਰਵਾਈ ਹੋਏਗੀ। ਇਸ ਸਬੰਧੀ ਇੰਸਪੈਕਟਰ ਥਾਣਾ ਸਿਵਲ ਲਾਈਨ ਹਰਜੋਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਨ੍ਹਾਂ ਵੱਲੋਂ ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲਿਆ ਹੈ ਤੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

# ਡਾ. ਹਰਜੋਤ ਕਮਲ ਵੱਲੋਂ ਪਾਣੀ ਤੋਂ ਪ੍ਰਭਾਵਿਤ ਇਲਾਕਿਆਂ ਦਾ ਦੌਰਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਜਪਾ ਦੇ ਸੂਬਾ ਸਕੱਤਰ ਤੇ ਸਾਬਕਾ ਵਿਧਾਇਕ ਡਾ. ਹਰਜੋਤ ਕਮਲ ਨੇ ਸ਼ਹਿਰ ਵਿੱਚ ਮੀਂਹ ਤੋਂ ਬਾਅਦ ਪਾਣੀ ਵਿੱਚ ਡੁੱਬੇ ਬਹੋਨਾ ਚੌਂਕ ਨੇੜੇ ਕੈਂਬ੍ਰਿਜ ਸਕੂਲ ਦੇ ਪਿੱਛੇ ਸਥਿਤ ਇਲਾਕੇ ਹਰਗੋਬਿੰਦ ਸਿੰਘ ਨਗਰ ਦਾ ਦੌਰਾ ਕੀਤਾ।ਸੇਮ ਨਾਲੇ ਦੇ ਓਵਰਫਲੋਅ ਹੋਣ ਕਾਰਨ ਘਰਾਂ ਨੂੰ ਹੋਏ ਨੁਕਸਾਨ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਉਨ੍ਹਾਂ ਲੋਕਾਂ ਨੂੰ ਭਰੋਸਾ ਦਿੱਤਾ ਕਿ ਉਹ ਉਨ੍ਹਾਂ ਦੇ ਨਾਲ ਹਨ ਤੇ ਪੀੜਤਾਂ ਨੂੰ ਹਰ ਸੰਭਵ ਮਦਦ ਪ੍ਰਦਾਨ ਕਰਨਗੇ।ਡਾ. ਹਰਜੋਤ ਕਮਲ ਦੇ ਨਿਰਦੇਸ਼ਾਂ 'ਤੇ ਉਨ੍ਹਾਂ ਦੀ ਟੀਮ ਦੇ ਮੈਂਬਰਾਂ ਨੇ ਘਰਾਂ ਵਿੱਚੋਂ ਪਾਣੀ ਕੱਢਣ ਵਿੱਚ ਮਦਦ ਕਰਨੀ ਸ਼ੁਰੂ ਕਰ ਦਿੱਤੀ। ਭਾਜਪਾ ਆਗੂ ਡਾ. ਹਰਜੋਤ ਕਮਲ ਨੇ ਕਿਹਾ ਕਿ ਲੋਕਾਂ ਦਾ ਇਹ ਨੁਕਸਾਨ ਅਧਿਕਾਰੀਆਂ ਦੀ ਲਾਪ੍ਰਵਾਹੀ ਦਾ ਸਿੱਧਾ ਨਤੀਜਾ ਹੈ।ਸਰਕਾਰ ਕੁਝ ਨਹਿਰਾਂ ਦੀ ਸਫਾਈ ਕਰਕੇ ਝੂਠੀ ਵਾਹ-ਵਾਹ ਖੱਟਣ ਦੀ ਕੋਸ਼ਿਸ਼ ਕਰ ਰਹੀ ਹੈ, ਜਿਸ ਤਰ੍ਹਾਂ ਸੇਮ ਨਾਲੇ ਦੇ ਓਵਰਫਲੋਅ ਹੋਣ ਕਾਰਨ ਦਰਜਨਾਂ ਲੋਕਾਂ ਦਾ ਨੁਕਸਾਨ ਹੋਇਆ ਹੈ, ਇਹ ਸਪੱਸ਼ਟ ਹੈ ਕਿ ਸਰਕਾਰ ਦਾ ਇਰਾਦਾ ਸਿਰਫ਼ ਪ੍ਰਚਾਰ ਤੱਕ ਸੀਮਤ ਹੈ, ਸਮੱਸਿਆਵਾਂ ਨੂੰ ਹੱਲ ਕਰਨ ਵੱਲ ਕੋਈ ਧਿਆਨ ਨਹੀਂ ਹੈ। ਸਰਕਾਰ ਨੂੰ ਨਹਿਰੀ ਵਿਭਾਗ ਦੇ ਅਧਿਕਾਰੀਆਂ ਦੀ ਲਾਪ੍ਰਵਾਹੀ 'ਤੇ ਸਿਰਫ਼ ਦੋ ਅਧਿਕਾਰੀਆਂ ਨੂੰ ਮੁਅੱਤਲ ਕਰਕੇ ਆਪਣੀਆਂ ਕਮੀਆਂ ਨੂੰ ਛੁਪਾਉਣ ਦੀ ਕੋਸ਼ਿਸ਼ ਨਹੀਂ ਕਰਨੀ ਚਾਹੀਦੀ, ਨਗਰ ਨਿਗਮ ਤੇ ਨਹਿਰੀ ਵਿਭਾਗ ਦੇ ਅਧਿਕਾਰੀ ਮਾਨਸੂਨ ਸ਼ੁਰੂ ਹੋਣ ਤੱਕ ਵਿਹਲੇ ਰਹੇ। ਸੱਚਾਈ ਇਹ ਹੈ ਕਿ ਸਰਕਾਰ ਨੇ ਨਿਗਮ ਤੇ ਨਹਿਰੀ ਵਿਭਾਗ ਦੇ ਅਧਿਕਾਰੀਆਂ ਨੂੰ ਆਪਣੀ ਪਾਰਟੀ ਦੇ ਪ੍ਰਚਾਰ ਵਿੱਚ ਰੁਝਾਈ ਰੱਖਿਆ, ਉਨ੍ਹਾਂ ਨੂੰ ਕੰਮ ਨਹੀਂ ਕਰਨ ਦਿੱਤਾ ਗਿਆ, ਜਿਸ ਕਾਰਨ ਸ਼ਹਿਰ ਹੀ ਨਹੀਂ ਸਗੋਂ ਪਿੰਡਾਂ ਵਿੱਚ ਵੀ ਵਿਸਫੋਟਕ ਹਾਲਾਤ ਬਣ ਰਹੇ ਹਨ।ਉਨ੍ਹਾ ਕਿਹਾ ਕਿ ਇਕੱਲੇ ਮੁਆਵਜ਼ੇ ਦਾ ਐਲਾਨ ਨਹੀਂ ਕੀਤਾ ਜਾਣਾ ਚਾਹੀਦਾ, ਪੀੜਤਾਂ ਨੂੰ ਤੁਰੰਤ ਸਰਕਾਰੀ ਸਹਾਇਤਾ ਦੀ ਲੋੜ ਹੈ, ਇਸ ਕਰਕੇ ਉਨ੍ਹਾਂ ਦੀ ਤੁਰੰਤ ਮਦਦ ਕੀਤੀ ਜਾਵੇ।ਇਸ ਮੌਕੇ ਡਾ: ਹਰਜੋਤ ਕਮਲ ਦੇ ਨਾਲ ਸਤਨਾਮ ਮਹੇਸਰੀ, ਧੀਰਜ ਕੁਮਾਰ, ਕੌਂਸਲਰ ਕੁਲਵਿੰਦਰ ਕੌਰ, ਜਸ਼ਨ ਤਾਰੀ ਵਾਲਾ, ਕਰਮਜੀਤ ਬੱਬੀ, ਕਾਲਾ ਤੇ ਇਲਾਕਾ ਨਿਵਾਸੀ ਹਾਜ਼ਰ ਸਨ।

## ਚੰਦ ਮਿੰਟ ਪਏ ਮੀਂਹ ਨੇ ਜਲ-ਥਲ ਕੀਤਾ ਬਠਿੰਡਾ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਹੁੰਮਸ ਭਰੀ ਗਰਮੀ ਤੋਂ ਉਸ ਸਮੇਂ ਵੱਡੀ ਰਾਹਤ ਮਿਲਦੀ ਹੋਈ ਨਜ਼ਰ ਆਈ, ਜਦੋਂ ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿੱਚ ਤੇਜ਼ ਮੀਂਹ ਪਿਆ, ਪਰ ਚੰਦ ਮਿੰਟ ਹੀ ਪਏ ਤੇਜ਼ ਮੀਂਹ ਨੇ ਸ਼ਹਿਰਾਂ ਨੂੰ ਜਲ-ਥਲ ਕਰਕੇ ਰੱਖ ਦਿੱਤਾ, ਜਿਸ ਕਰਕੇ ਨੀਵੇਂ ਇਲਾਕਿਆਂ 'ਚ ਪਾਣੀ ਭਰ ਗਿਆ ਤੇ ਅੰਡਰਬ੍ਰਿਜ ਵੀ ਪਾਣੀ ਭਰਨ ਕਰਕੇ ਰਾਹਗੀਰਾਂ ਨੂੰ ਵੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਬਠਿੰਡਾ 'ਚ ਵੀ ਅੱਜ ਚੰਦ ਮਿੰਟ ਪਏ ਮੀਂਹ ਨੇ ਨਗਰ ਨਿਗਮ ਦੇ ਪ੍ਰਬੰਧਾਂ ਦੀ ਪੋਲ ਖੋਲ੍ਹ ਕੇ ਰੱਖ ਦਿੱਤੀ ਤੇ ਨੀਵੇਂ ਇਲਾਕਿਆਂ ਸਮੇਤ ਅਫ਼ਸਰਾਂ ਦੀਆਂ ਕੋਠੀਆਂ ਅੱਗੇ ਵੀ ਪਾਣੀ ਭਰ ਗਿਆ ਹਾਲਾਤ ਇਹ ਬਣ ਗਏ ਕਿ ਮਾਲ ਰੋਡ ਤੇ ਵਹੀਕਲ ਵੀ ਪਾਣੀ ਵਿੱਚ ਡੁੱਬਦੇ ਹੋਏ ਨਜ਼ਰ ਆਏ ਜਾਣਕਾਰੀ ਅਨੁਸਾਰ ਦੁਪਹਿਰ ਵੇਲੇ ਪਈ ਤੇਜ਼ ਮੀਂਹ ਕਰਕੇ ਮਾਲ ਰੋਡ ਗੁਰੂ ਨਾਨਕਪੁਰਾ ਮੁਹੱਲਾ ਗਣੇਸ਼ਾ ਬਸਤੀ ਪਰਸਰਾਮ ਨਗਰ ਪਾਵਰ ਹਾਊਸ ਰੋਡ ਸਮੇਤ ਅਫਸਰਾਂ ਦੀਆਂ ਕੋਠੀਆਂ ਅੱਗੇ ਵੀ ਪਾਣੀ ਭਰ ਗਿਆ।ਮੇਅਰ ਪਦਮਜੀਤ ਮਹਿਤਾ ਨੇ ਕਿਹਾ ਕਿ ਤੇਜ਼ ਮੀਂਹ ਪੈਣ ਕਰਕੇ ਕੁੱਝ ਸਮੇਂ ਲਈ ਪਾਣੀ ਜ਼ਰੂਰ ਖੜਾ ਹੋਇਆ, ਪਰ ਬਰਸਾਤੀ ਪਾਣੀ ਦੇ ਕੀਤੇ ਗਏ ਠੋਸ ਨਿਕਾਸ ਪ੍ਰਬੰਧਾਂ ਕਰਕੇ ਲੋਕਾਂ ਨੂੰ ਜ਼ਿਆਦਾ ਸਮਾਂ ਮੁਸ਼ਕਲਾਂ ਦਾ ਸਾਹਮਣਾ ਨਹੀਂ ਕਰਨ ਦਿੱਤਾ।

## ਯੂ ਜੀ ਸੀ ਨੈੱਟ ਪ੍ਰੀਖਿਆ ਪਾਸ ਕਰਨ ਵਾਲੀਆਂ ਲੜਕੀਆਂ ਨੂੰ ਕੀਤਾ ਸਨਮਾਨਤ

**ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ)**-ਐਸ.ਸੀ.ਬੀ.ਸੀ ਅਧਿਆਪਕ ਯੂਨੀਅਨ ਜ਼ਿਲ੍ਹਾ ਇਕਾਈ ਮਾਨਸਾ ਜ਼ਿਲ੍ਹਾ ਪ੍ਰਧਾਨ ਵਿਜੈ ਕੁਮਾਰ ਦੀ ਅਗਵਾਈ ਹੇਠ ਬੁਢਲਾਡਾ ਦੀਆਂ ਵਸਨੀਕ ਤਿੰਨ ਸਕੀਆਂ ਭੈਣਾਂ ਰਿੰਪੀ ਕੌਰ, ਬੇਅੰਤ ਕੌਰ ਅਤੇ ਹਰਦੀਪ ਕੌਰ, ਜਿਨ੍ਹਾਂ ਨੇ ਯੂ ਜੀ ਸੀ ਦੀ ਪ੍ਰੀਖਿਆ ਪਹਿਲੀ ਵਾਰ ਹੀ ਚੰਗੇ ਅੰਕ ਪ੍ਰਾਪਤ ਕਰਕੇ ਮਾਤਾ-ਪਿਤਾ ਦਾ ਨਾਂਅ ਰੌਸ਼ਨ ਕੀਤਾ ਹੈ। ਇਨ੍ਹਾਂ ਤਿੰਨ ਲੜਕੀਆਂ ਦੀ ਹੌਸਲਾ ਅਫ਼ਜ਼ਾਈ ਕਰਨ ਲਈ ਐਸ.ਸੀ.ਬੀ.ਸੀ ਅਧਿਆਪਕ ਯੂਨੀਅਨ ਵੱਲੋਂ ਡਾ. ਭੀਮ ਰਾਓ ਅੰਬੇਡਕਰ ਜੀ ਦੀ ਤਸਵੀਰ ਤੇ 10 ਹਜ਼ਾਰ ਰੁਪਏ ਦੀ ਨਕਦ ਰਾਸ਼ੀ ਦੇ ਕੇ ਸਨਮਾਨਤ ਕਰਦਿਆਂ ਤਿੰਨਾਂ ਲੜਕੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈਆਂ ਵੀ ਦਿੱਤੀਆਂ। ਜ਼ਿਲ੍ਹਾ ਪ੍ਰਧਾਨ ਵਿਜੇ ਕੁਮਾਰ ਨੇ ਦੱਸਿਆ ਕਿ ਯੂਨੀਅਨ ਵੱਲੋਂ ਇਸ ਤਰ੍ਹਾਂ ਦੇ ਨੇਕ ਕਾਰਜ ਪਹਿਲਾਂ ਵੀ ਕੀਤੇ ਜਾਂਦੇ ਹਨ ਅਤੇ ਭਵਿੱਖ 'ਚ ਵੀ ਕੀਤੇ ਜਾਂਦੇ ਰਹਿਣਗੇ। ਉਨ੍ਹਾਂ ਕਿਹਾ ਕਿ ਲੜਕੀਆਂ ਨੂੰ ਕਿਸੇ ਪ੍ਰਕਾਰ ਦੀ ਆਰਥਿਕ ਤੰਗੀ ਨਹੀਂ ਆਉਣ ਦਿੱਤੀ ਜਾਵੇਗੀ। ਜ਼ਿਕਰਯੋਗ ਹੈ ਕਿ ਇਨ੍ਹਾਂ ਲੜਕੀਆਂ ਨੇ ਸਿਰਫ ਇੱਕ ਬਲਬ ਦੀ ਰੌਸ਼ਨੀ ਵਿੱਚ ਹੀ ਸਾਰੀ ਪੜ੍ਹਾਈ ਬਿਨਾਂ ਕਿਸੇ ਟਿਊਸ਼ਨ ਤੋਂ ਹੀ ਪੂਰੀ ਕੀਤੀ ਹੈ। ਲੜਕੀਆਂ ਦੇ ਪਿਤਾ ਬਿੱਕਰ ਸਿੰਘ ਨੇ ਦੱਸਿਆ ਕਿ ਮੈਂ ਆਪਣੇ ਗੁੰਥੀ ਦੇ ਕਿੱਤੇ ਨੂੰ ਪੂਰੀ ਇਮਾਨਦਾਰੀ ਨਾਲ ਨਿਭਾ ਰਿਹਾ ਹਾਂ।

# ਰੋਟਰੀ ਡਿਸਟ੍ਰਿਕ ਗਵਰਨਰ ਭੁਪੇਸ਼ ਮਹਿਤਾ ਵੱਲੋਂ ਸਕੂਲ ਫਾਰ ਬਲਾਇੰਡ ਦਾ ਦੌਰਾ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਰੋਟਰੀ ਕਲੱਬ ਮਾਲੇਰਕੋਟਲਾ ਦੇ ਪ੍ਰਬੰਧ ਅਧੀਨ ਚੱਲਣ ਵਾਲੇ ਸਕੂਲ ਫਾਰ ਬਲਾਇੰਡ 'ਚ ਰੋਟਰੀ ਡਿਸਟ੍ਰਿਕ ਗਵਰਨਰ ਸ੍ਰੀ ਭੂਪੇਸ਼ ਮਹਿਤਾ ਨੇ ਆਪਣੀ ਪਲੇਠੀ ਫੇਰੀ ਦੌਰਾਨ ਸਕੂਲ ਵੱਲੋਂ ਦਿਵਿਆਂਗ ਵਿਦਿਆਰਥੀਆਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਜਾਇਜ਼ਾ ਲਿਆ। ਉਨ੍ਹਾ ਕਿਹਾ ਕਿ ਸਕੂਲ ਫਾਰ ਬਲਾਇੰਡ ਰੋਟਰੀ ਕਲੱਬ ਮਾਲੇਰਕੋਟਲਾ ਦਾ ਇੱਕ ਸ਼ਾਨਦਾਰ ਪ੍ਰੋਜੈਕਟ ਹੈ, ਜਿਸ ਨੂੰ ਸੁਚੱਜੇ ਢੰਗ ਨਾਲ ਚਲਾਇਆ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਸ੍ਰੀ ਉਸਮਾਨ ਸਿੱਦੀਕੀ ਆਪਣੀ ਟੀਮ ਨਾਲ ਸੇਵਾ ਭਾਵਨਾ ਨੂੰ ਮੁੱਖ ਰੱਖ ਕੇ ਕੰਮ ਕਰ ਰਹੇ ਹਨ। ਵਿਦਿਆਰਥੀਆਂ ਦੀ ਸਿੱਖਿਆ ਤੇ ਰਹਿਣ-ਸਹਿਣ ਲਈ ਕੀਤਾ ਗਿਆ ਪ੍ਰਬੰਧ ਬੇਮਿਸਾਲ ਹੈ। ਇਥੋਂ ਦੇ ਵਿਦਿਆਰਥੀ ਸਿੱਖਿਆ, ਖੇਡਾਂ ਤੇ ਸੰਗੀਤ ਦੇ ਖੇਤਰ 'ਚ ਕੌਮੀ ਪੱਧਰ 'ਤੇ ਆਪਣੀਆਂ ਪ੍ਰਾਪਤੀਆਂ ਰਾਹੀਂ ਸਕੂਲ ਦਾ ਨਾਮ ਚਮਕਾ ਰਹੇ ਹਨ। ਸ੍ਰੀ ਭੁਪੇਸ਼ ਮਹਿਤਾ ਦੇ ਸਵਾਗਤ 'ਚ ਦਿਵਿਆਂਗ ਵਿਦਿਆਰਥੀਆਂ ਵੱਲੋਂ ਗਾਏ ਗਏ ਸੁਆਗਤੀ ਗੀਤ ਦੀ ਖੂਬ ਪ੍ਰਸੰਸਾ ਹੋਈ। ਰੋਟਰੀ ਕਲੱਬ ਮਾਲੇਰਕੋਟਲਾ ਦੇ ਪ੍ਰਧਾਨ ਰੋਟੇਰੀਅਨ ਡਾਕਟਰ ਸਈਅਦ ਤਨਵੀਰ ਹੁਸੈਨ ਤੇ ਡਾਕਟਰ ਸਨਾ ਤਨਵੀਰ ਨੇ ਆਪਣੀ ਰੋਟਰੀ ਟੀਮ ਦੇ ਨਾਲ ਡੀ ਜੀ ਭੁਪੇਸ਼ ਮਹਿਤਾ, ਮੈਡਮ ਮਧੂ ਮਹਿਤਾ ਤੇ ਉਨ੍ਹਾਂ ਦੇ ਸਾਥੀਆਂ ਦਾ ਸਵਾਗਤ ਕੀਤਾ।

ਚੇਅਰਮੈਨ ਸਿੱਦੀਕੀ ਨੇ ਸਕੂਲ ਦੀ ਵਿਸਥਾਰਤ ਰਿਪੋਰਟ ਪੇਸ਼ ਕੀਤੀ। ਇਸ ਮੌਕੇ ਸਕੂਲ ਦੀ ਪ੍ਰਬੰਧਕੀ ਕਮੇਟੀ ਦੇ ਮੈਂਬਰਾਂ ਨੇ ਡੀ ਜੀ ਸ੍ਰੀ ਭੁਪੇਸ਼ ਮਹਿਤਾ ਤੇ ਮੈਡਮ ਮਧੂ ਮਹਿਤਾ ਨੂੰ ਸਨਮਾਨਤ ਕੀਤਾ। ਸਕੂਲ ਦੇ ਵਿਦਿਆਰਥੀਆਂ ਨੂੰ ਟੀ ਸ਼ਰਟਾਂ ਵੀ ਵੰਡੀਆਂ। ਪੀ.ਏ.ਜੀ. ਸ੍ਰੀ ਹਾਕਮ ਸਿੰਘ ਰਾਣੂ ਨੇ ਆਪਣੇ ਜਨਮ ਦਿਨ ਦੀ ਇੱਕ ਵਿਸ਼ੇਸ਼ ਪਾਰਟੀ ਸਕੂਲ ਫਾਰ ਬਲਾਇੰਡ ਵਿੱਚ ਰੱਖੀ ਅਤੇ ਉਨ੍ਹਾਂ 21 ਹਜ਼ਾਰ ਰੁਪਏ ਦੀ ਰਾਸ਼ੀ ਦਾ ਇੱਕ ਚੈੱਕ ਸਕੂਲ ਦੀ ਪ੍ਰਬੰਧਕੀ ਕਮੇਟੀ ਨੂੰ ਭੇਟ ਕੀਤਾ।

ਇਸ ਮੌਕੇ ਸਕੂਲ ਦੀ ਪ੍ਰਬੰਧਕੀ ਕਮੇਟੀ ਦੇ ਸਕੱਤਰ ਜਗਤ ਸਿੰਘ ਠਾਕੁਰ ਨੂੰ ਉਨ੍ਹਾਂ ਵੱਲੋਂ ਨਿਭਾਈਆਂ ਜਾ ਰਹੀਆਂ ਵਡਮੁੱਲੀਆਂ ਸੇਵਾਵਾਂ ਲਈ ਸਨਮਾਨਤ ਵੀ ਕੀਤਾ ਗਿਆ। ਰੋਟੇਰੀਅਨ ਬਲਵਿੰਦਰ ਸਿੰਘ ਭਾਟੀਆ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਪੀ.ਡੀ.ਜੀ. ਅਮਜ਼ਦ ਅਲੀ, ਐਡਵੋਕੇਟ ਇਕਬਾਲ ਅਹਿਮਦ, ਮੁਹੰਮਦ ਜਮੀਲ, ਰਾਸ਼ਿਦ ਸ਼ੇਖ, ਹਰੀਸ਼ ਪਾਸੀ, ਮੁਹੰਮਦ ਰਫੀਕ, ਡਾਕਟਰ ਮੁਹੰਮਦ ਸ਼ਬੀਰ, ਨਿਸਾਰ ਅਹਿਮਦ, ਮੁਹੰਮਦ ਅਸਰਾਰ ਨਿਜਾਮੀ, ਮੁਹੰਮਦ ਮਨੀਸ਼ ਤੇ ਸੰਦੀਪ ਆਦਿ ਹਾਜ਼ਰ ਸਨ।

# ਐਚਐਮਈਐਲ ਵੱਲੋਂ ਤਿੰਨ ਦਿਨਾ ਇੰਟੀਗ੍ਰੇਟਡ ਸੇਫਟੀ ਟ੍ਰੇਨਿੰਗ ਪ੍ਰੋਗਰਾਮ



**ਤਲਵੰਡੀ ਸਾਬੋ (ਜਗਦੀਪ ਗਿੱਲ)**

ਓਪਰੇਸ਼ਨਲ ਸੇਫਟੀ ਤੇ ਉਤਕ੍ਰਿਸ਼ਟਤਾ ਪ੍ਰਤੀ ਆਪਣੀ ਅੱਟਲ ਵਚਨਬੱਧਤਾ ਨੂੰ ਦਰਸਾਉਂਦਿਆਂ ਐਚਪੀਸੀਐਲ-ਮਿਤਲ ਐਨਰਜੀ ਲਿਮਿਟਡ (ਐਚਐਮਈਐਲ) ਨੇ ਟੈਂਕਰ ਟਰੱਕ ਚਾਲਕਾਂ ਲਈ ਤਿੰਨ ਦਿਨਾ ਇੰਟੀਗ੍ਰੇਟਡ ਸੇਫਟੀ ਟ੍ਰੇਨਿੰਗ ਪ੍ਰੋਗਰਾਮ ਦਾ ਸਫ਼ਲਤਾਪੂਰਵਕ ਸਮਾਪਨ ਕੀਤਾ। ਐਚਐਮਈਐਲ ਮਾਰਕੀਟਿੰਗ ਵੱਲੋਂ ਆਯੋਜਤ ਇਹ ਪ੍ਰੋਗਰਾਮ ਇੱਕ ਮਹੱਤਵਪੂਰਨ ਪਹਿਲ ਸੀ, ਜਿਸਦਾ ਮਕਸਦ 'ਇਨਸੀਡੈਂਟ ਐਂਡ ਇੰਜਰੀ ਫ੍ਰੀ' (996) ਵਰਕਪਲੇਸ ਵੱਲ ਕਦਮ ਚੁੱਕਣਾ ਤੇ ਸੁਰੱਖਿਆ ਪ੍ਰਤੀ ਜਾਗਰੂਕਤਾ ਨਾਲ ਵਿਹਾਰਕ ਬਦਲਾਅ ਲਿਆਉਣਾ ਸੀ।ਪ੍ਰੋਗਰਾਮ ਦੀ ਸ਼ੁਰੂਆਤ ਸ਼੍ਰੀ ਅਰੁਣ ਭਾਰਦਵਾਜ (ਵੀਪੀ-ਓਪਰੇਸ਼ਨਲ ਐਕਸੀਲੈਂਸ, ਐਚਐਮਈਐਲ), ਹੈਕਟਰ ਸਾਲਾਜ਼ਾਰ (ਵੀਪੀ-ਸੇਫਟੀ, ਐਚ ਐਮ ਈ ਐਲ), ਪੁਨੀਤ ਸ਼ਰਮਾ (ਆਰ.ਟੀ.ਓ. ਬਠਿੰਡਾ), ਪੰਕਜ ਬੰਸਲ (ਐਸ.ਡੀ.ਐਮ. ਤਲਵੰਡੀ ਸਾਬੋ), ਵਿਸ਼ਵਾਸ ਗੌਰ (ਹੈੱਡ ਮਾਰਕੀਟਿੰਗ), ਸ਼੍ਰੀ ਗੁਲਸ਼ਨ ਗੋਂਬਰ (ਡੀ.ਜੀ.ਐਮ. ਮਾਰਕੀਟਿੰਗ) ਤੇ ਕਰਨਲ ਆਰ.ਕੇ. ਸ਼ਰਮਾ (ਰੋਡ ਸੇਫਟੀ ਐਕਸਪਰਟ) ਵੱਲੋਂ ਦੀਪ ਪ੍ਰਜਵਲਨ ਕਰਕੇ ਕੀਤੀ ਗਈ।ਆਰ.ਟੀ.ਓ. ਸ਼੍ਰੀ ਪੁਨੀਤ ਸ਼ਰਮਾ ਨੇ ਭਾਰਤ 'ਚ ਵਧ ਰਹੀਆਂ ਸੜਕ ਹਾਦਸਿਆਂ ਦੀ ਪਿੱਠਭੂਮੀ ਵਿੱਚ ਐਸੇ ਸੁਰੱਖਿਆ ਟ੍ਰੇਨਿੰਗ ਦੇ ਮਹੱਤਵ ਨੂੰ ਰੌਸ਼ਨ ਕਰਦੇ ਹੋਏ। ਟੈਂਕਰ ਟਰੱਕ ਚਾਲਕਾਂ ਨੂੰ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ।ਸ਼੍ਰੀ ਅਰੁਣ ਭਾਰਦਵਾਜ ਨੇ ਖ਼ਤਰਨਾਕ ਪਦਾਰਥਾਂ ਦੇ ਪਰਿਵਹਨ ਵਿੱਚ ਟੈਂਕਰ ਟਰੱਕ ਚਾਲਕਾ ਦੀ ਅਹਿੰਕਾਰਪੂਰਕ ਭੂਮਿਕਾ ਨੂੰ ਉਜਾਗਰ ਕਰਦੇ ਹੋਏ ਸੁਰੱਖਿਆ ਨੂੰ ਇਕ ਸੰਸਕਾਰ ਵਜੋਂ ਅਪਣਾਉਣ ਦੀ ਲੋੜ ਉਤੇ ਜ਼ੋਰ ਦਿੱਤਾ।ਸ਼੍ਰੀ ਸਾਲਾਜ਼ਾਰ ਨੇ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹ ਪਹਲ ਹਾਦਸਿਆਂ ਵਿੱਚ ਕਮੀ ਲਿਆਉਣ ਤੇ ਸੁਰੱਖਿਅਤ ਓਪਰੇਸ਼ਨ ਯਕੀਨੀ ਬਣਾਉਣ ਵਿੱਚ ਸਹਾਇਕ ਹੈ।ਟ੍ਰੇਨਿੰਗ ਪ੍ਰੋਗਰਾਮ ਵਿੱਚ ਕੁੱਲ 233 ਡਰਾਈਵਰਾਂ ਨੇ ਭਾਗ ਲਿਆ, ਜਿੱਥੇ ਐਮਰਜੈਂਸੀ ਰਿਸਪਾਂਸ, ਸੜਕ ਤੇ ਅੱਗ ਸੁਰੱਖਿਆ, ਡਿਫੈਂਸਿਵ ਡ੍ਰਾਇਵਿੰਗ, ਕਾਨੂੰਨੀ ਜਾਗਰੂਕਤਾ ਤੇ ਵਿਹਾਰਕ ਸੁਰੱਖਿਆ ਵਰਗੇ ਵਿਸ਼ਿਆਂ ਉਤੇ ਟ੍ਰੇਨਿੰਗ ਦਿੱਤੀ ਗਈ। ਕਰਨਲ ਆਰ.ਕੇ. ਸ਼ਰਮਾ ਵੱਲੋਂ ਰਿਸਕ ਮਿਟੀਗੇਸ਼ਨ ਉੱਤੇ ਪ੍ਰੈਕਟੀਕਲ ਸੈਸ਼ਨ ਦਿੱਤਾ ਗਿਆ।ਇਸਦੇ ਨਾਲ ਬ੍ਰਹਮਾਕੁਮਾਰੀ ਕੇਂਦਰ ਵੱਲੋਂ ਮਨੋ-ਆਤਮਿਕ ਤੰਦਰੁਸਤੀ, ਧਿਆਨ ਅਤੇ ਤਣਾਵ ਰਹਿਤ ਜੀਵਨ ਉੱਤੇ ਪ੍ਰਭਾਵਸ਼ਾਲੀ ਸੈਸ਼ਨ ਆਯੋਜਿਤ ਕੀਤਾ ਗਿਆ।

## ਅੰਮ੍ਰਿਤਧਾਰੀ ਬੱਚੀ ਨੂੰ ਸਿਵਲ ਜੱਜ ਦੀ ਪ੍ਰੀਖਿਆ ਦੇਣ ਤੋਂ ਰੋਕਣਾ ਨਿੰਦਣਯੋਗ : ਜਥੇਦਾਰ ਹਮੀਦੀ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਜੈਪੁਰ ਵਿਚ ਰਾਜਸਥਾਨ ਹਾਈਕੋਰਟ (ਜੋਧਪੁਰ) ਸਿਵਲ ਜੱਜ ਦੀ ਭਰਤੀ ਲਈ ਮੁੱਢਲੀ ਪ੍ਰੀਖਿਆ ਦੇਣ ਗਈ ਅੰਮ੍ਰਿਤਧਾਰੀ ਸਿੱਖ ਬੱਚੀ ਗੁਰਪ੍ਰੀਤ ਕੌਰ ਵਾਸੀ ਫੇਲੋਕੇ (ਤਰਨਤਾਰਨ) ਨੂੰ ਕੜਾ, ਕਿਰਪਾਨ ਪਹਿਨੇ ਹੋਣ ਕਰਕੇ ਪ੍ਰੀਖਿਆ ਕੇਂਦਰ ਵਿੱਚ ਜਾਣੋ ਰੋਕਿਆ ਜਾਣਾ ਅਤਿ ਨਿੰਦਣਯੋਗ, ਦੁਖਦਾਈ ਘਟਨਾ ਹੈ।ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ ਨੇ ਵਿਸ਼ੇਸ਼ ਗੱਲਬਾਤ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਇਹ ਧਾਰਮਿਕ ਤੇ ਸਮਾਜਿਕ ਹੱਕਾਂ ਦਾ ਘਾਣ ਹੈ। ਸੰਵਿਧਾਨ ਅਨੁਸਾਰ ਸਿੱਖ ਵਿਦਿਆਰਥੀ ਕਿਰਪਾਨ ਪਾ ਕੇ ਪ੍ਰੀਖਿਆ ਦੇ ਸਕਦੇ ਹਨ, ਪਰ ਉਸ ਨੂੰ ਹਾਈਕੋਰਟ ਦੇ ਵਿਸ਼ੇਸ਼ ਆਦੇਸ਼ ਦਾ ਹਵਾਲਾ ਦੇ ਕੇ ਰੋਕਿਆ ਗਿਆ ਹੈ।ਜਥੇਦਾਰ ਹਮੀਦੀ ਨੇ ਰਾਜਸਥਾਨ ਸਰਕਾਰ ਦੇ ਮੁੱਖ ਮੰਤਰੀ ਭਜਨ ਲਾਲ ਸ਼ਰਮਾ ਨੂੰ ਤੁਰੰਤ ਦਖਲਅੰਦਾਜ਼ੀ ਕਰਕੇ ਸਿੱਖ ਬੱਚੀ ਨੂੰ ਪੇਪਰ ਵਿਚ ਦਾਖਲੇ ਤੋਂ ਰੋਕਣ ਵਾਲੇ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ।

## ਭੂਸ਼ਣ ਬਾਂਸਲ ਸੇਵਾ ਕੇਂਦਰ ਦੇ ਸਹਾਇਕ ਜ਼ਿਲ੍ਹਾ ਮੈਨੇਜਰ ਵਜੋਂ ਪਦਉੱਨਤ



**ਲਹਿਰਾਗਾਗਾ (ਪਵਨ ਸ਼ਰਮਾ)**-ਸੇਵਾ ਕੇਂਦਰ 'ਚ ਲੰਮੇ ਸਮੇਂ ਤੋਂ ਸੇਵਾਵਾਂ ਨਿਭਾਅ ਰਹੇ ਭੂਸਣ ਬਾਂਸਲ ਨੂੰ ਸਹਾਇਕ ਜ਼ਿਲ੍ਹਾ ਮੈਨੇਜਰ ਦੇ ਅਹੁਦੇ 'ਤੇ ਪਦਉੱਨਤ ਕੀਤਾ ਗਿਆ ਹੈ। ਉਨ੍ਹਾਂ ਦੀ ਇਹ ਤਰੱਕੀ ਸੇਵਾ ਕੇਂਦਰ ਪ੍ਰਤੀ ਉਨ੍ਹਾਂ ਦੀ ਅਥਾਹ ਲਗਨ, ਸਖਤ ਮਿਹਨਤ ਤੇ ਬੇਮਿਸਾਲ ਯੋਗਦਾਨ ਦਾ ਪ੍ਰਤੀਕ ਹੈ। ਇਸ ਨਵੀਂ ਜ਼ਿੰਮੇਵਾਰੀ ਨੂੰ ਸੰਭਾਲਣ ਮੌਕੇ ਭੂਸਣ ਬਾਂਸਲ ਨੇ ਕਿਹਾ ਕਿ ਪਹਿਲਾਂ ਵਾਂਗ ਹੀ ਉਨ੍ਹਾਂ ਦੀ ਪਹਿਲੀ ਕੋਸ਼ਿਸ਼ ਇਹ ਹੋਵੇਗੀ ਕਿ ਕਿਸੇ ਵੀ ਤਰ੍ਹਾਂ ਦੀ ਸੇਵਾ ਲੈਣ ਆਏ ਲਾਭਪਾਤਰੀ ਨੂੰ ਸਮਾਂਬੱਧ ਤੇ ਸਹੀ ਲਾਭ ਉਪਲਬਧ ਕਰਾਉਣ ਵਿੱਚ ਸਹਾਈ ਹੋਣ। ਉਨ੍ਹਾਂ ਦੱਸਿਆ ਕਿ ਸੇਵਾ ਕੇਂਦਰ ਵਿੱਚ ਟਰਾਂਸਪੋਰਟ ਤੇ ਰੈਵੀਨਿਊ ਨਾਲ ਸਬੰਧਤ ਕਈ ਨਵੀਂਆਂ ਸੇਵਾਵਾਂ ਨੂੰ ਵੀ ਸ਼ਾਮਲ ਕੀਤਾ ਗਿਆ ਹੈ। ਇਸ ਲਈ ਲੋਕਾਂ ਨੂੰ ਇਨ੍ਹਾਂ ਦਾ ਲਾਭ ਉਠਾਉਣਾ ਚਾਹੀਦਾ ਹੈ। ਇਸ ਖ਼ੁਸ਼ੀ ਦੇ ਮੌਕੇ ਸੇਵਾ ਕੇਂਦਰ ਦੇ ਸਮੂਹ ਅਧਿਕਾਰੀਆਂ ਤੇ ਕ੍ਰਮਚਾਰੀਆਂ ਨੇ ਸ੍ਰੀ ਭੂਸ਼ਣ ਬਾਂਸਲ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਸਫ਼ਲ ਭਵਿੱਖ ਦੀ ਕਾਮਨਾ ਕੀਤੀ।

## ਮੰਡੀ 'ਚ ਪਨੀਰ ਵੇਚਣ 'ਤੇ ਪੂਰਨ ਪਾਬੰਦੀ, ਨੋਟਿਸ ਜਾਰੀ



**ਲੁਧਿਆਣਾ (ਰੈਕਟਰ ਕਥੂਰੀਆ)**-ਪ੍ਰਚੂਨ ਮੰਡੀ 'ਚ ਨਕਲੀ ਪਨੀਰ ਵੇਚਣ ਵਾਲਿਆਂ ਨੂੰ ਦੋ ਵਾਰ ਚੇਤਾਵਨੀ ਦੇਣ ਤੋਂ ਬਾਅਦ ਵੀ ਦੋ-ਤਿੰਨ ਦੁਕਾਨਦਾਰ ਨਕਲੀ ਪਨੀਰ ਦਾ ਗੋਰਖਧੰਦਾ ਕਰਨੋਂ ਬਾਜ ਨਹੀਂ ਆ ਰਹੇ ਸਨ। ਨਕਲੀ ਪਨੀਰ ਵੇਚਣ ਵਾਲਿਆਂ 'ਚ ਇੱਕ ਪੱਤਰਕਾਰ ਦਾ ਨਾਂਅ ਵੀ ਆ ਰਿਹਾ ਹੈ, ਜੋ ਨਕਲੀ ਪਨੀਰ ਦੇ ਗੋਰਖਧੰਦੇ ਵਿੱਚ ਸ਼ਾਮਲ ਹੈ। ਚੇਅਰਮੈਨ ਗੁਰਜੀਤ ਗਿੱਲ ਵੱਲੋਂ ਤੁਰੰਤ ਐਕਸ਼ਨ ਲੈਂਦੇ ਹੋਏ ਮੰਡੀ ਵਿੱਚ ਪਨੀਰ ਵੇਚਣ 'ਤੇ ਪੱਕੇ ਤੌਰ 'ਤੇ ਪਾਬੰਦੀ ਲਾ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਨਕਲੀ ਪਨੀਰ ਮਾਫੀਆ ਕਾਫੀ ਲੰਬੇ ਸਮੇਂ ਤੋਂ ਮੰਡੀ ਵਿੱਚ ਸਰਗਰਮ ਸੀ, ਜਿਸ ਨੂੰ ਖਤਮ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਨਕਲੀ ਪਨੀਰ ਨਾਲ ਲੋਕਾਂ ਦੀ ਜਾਨ ਨਾਲ ਖਿਲਵਾੜ ਕੀਤਾ ਜਾ ਰਿਹਾ ਸੀ। ਚੇਅਰਮੈਨ ਗਿੱਲ ਵੱਲੋਂ ਸਿਹਤ ਵਿਭਾਗ ਡੀਐਚ ਓ ਅਮਰਜੀਤ ਕੌਰ ਨਾਲ ਵੀ ਫੋਨ 'ਤੇ ਗੱਲਬਾਤ ਕੀਤੀ ਗਈ ਹੈ ਤੇ ਕਿਹਾ ਗਿਆ ਕਿ ਸਿਹਤ ਵਿਭਾਗ ਦੀ ਟੀਮ ਨੂੰ ਭੇਜ ਕੇ ਨਕਲੀ ਪਨੀਰ ਦੇ ਸੈਂਪਲ ਭਰੇ ਜਾਣ।

## ਵਿਧਾਇਕ ਦੇਵ ਮਾਨ ਨੇ ਜ਼ਿਮਨੀ ਚੋਣਾਂ 'ਚ ਜਿੱਤੇ ਪੰਚਾਂ-ਸਰਪੰਚਾਂ ਦਾ ਕੀਤਾ ਸਨਮਾਨ




**ਨਾਭਾ (ਵਰਿੰਦਰ ਵਰਮਾ)**-ਜ਼ਿਮਨੀ ਚੋਣਾਂ 'ਚ ਆਮ ਆਦਮੀ ਪਾਰਟੀ ਦੇ ਪੰਚ-ਸਰਪੰਚ ਜਿੱਤਣ ਉਪਰੰਤ ਐਮ ਐਲ ਏ ਦਫ਼ਤਰ ਵਿਖੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨਾਲ ਮੁਲਾਕਾਤ ਕੀਤੀ।ਮੁਲਾਕਾਤ ਉਪਰੰਤ ਵਿਧਾਇਕ ਵੱਲੋਂ ਨਵੇਂ ਚੁਣੇ ਪੰਚ ਸਰਪੰਚਾਂ ਦਾ ਸਿਰੋਪਾ ਪਾ ਕੇ ਸਨਮਾਨ ਕੀਤਾ ਗਿਆ ਅਤੇ ਉਨ੍ਹਾਂ ਨੂੰ ਹਰ ਕੰਮ ਵਿੱਚ ਸਹਿਯੋਗ ਕਰਨ ਦਾ ਵਾਅਦਾ ਕੀਤਾ ਗਿਆ।ਦੇਵ ਮਾਨ ਨੇ ਕਿਹਾ ਕਿ ਪਿੰਡਾਂ ਦੀ ਨੁਹਾਰ ਬਦਲਣ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ ਬਹੁਤ ਜਲਦੀ ਪਿੰਡਾਂ ਵਿੱਚ ਹੋਣ ਵਾਲੇ ਕਾਰਜਾਂ ਲਈ ਗ੍ਰਾਂਟ ਜਾਰੀ ਕੀਤੀ ਜਾਵੇਗੀ।ਨਵੇਂ ਚੁਣੇ ਸਰਪੰਚਾਂ ਵਿੱਚ ਮਨਦੀਪ ਕੌਰ ਸਰਪੰਚ ਹਲੋਤਾਲੀ, ਜਸਵੀਰ ਸਿੰਘ ਸਰਪੰਚ ਘਨੁੰੜਕੀ, ਰਣਜੀਤ ਕੌਰ ਸਰਪੰਚ ਉਪਲਾਂ, ਜਗਦੇਵ ਸਿੰਘ ਪੰਚ, ਅਬਦੁਲ ਖਾਂ ਪੰਚ, ਸੋਮਨਾਥ ਪੰਚ, ਸਤਬੀਰ ਕੌਰ ਪੰਚ, ਹਰਜਿੰਦਰ ਸਿੰਘ ਪੰਚ ਉਪਲਾਂ, ਅਮਰੀਕ ਸਿੰਘ ਹੈਪੀ ਪੰਚ ਕਨਸੂਹਾ ਖੁਰਦ ਦਾ ਸਨਮਾਨ ਕੀਤਾ ਗਿਆ। ਸਨਮਾਨਤ ਹੋਣ ਉਪਰੰਤ ਉਨ੍ਹਾਂ ਕਿਹਾ ਕਿ ਹਲਕਾ ਵਿਧਾਇਕ ਦੇਵ ਮਾਨ ਦੀ ਅਗਵਾਈ 'ਚ ਪਿੰਡਾਂ ਵਿੱਚ ਰਹਿੰਦੇ ਵਿਕਾਸ ਕਾਰਜ ਕਰਾਏ ਜਾਣਗੇ।ਉਨ੍ਹਾਂ ਵਿਧਾਇਕ ਦੇਵ ਮਾਨ ਨੂੰ ਵਿਸ਼ਵਾਸ ਦਿਵਾਇਆ ਕਿ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਨੂੰ ਪਿੰਡਾਂ ਦੇ ਘਰ-ਘਰ ਤੱਕ ਪੁਚਾਇਆ ਜਾਵੇਗਾ।

## ਮਾਤਾ ਚਿੰਤਪੁਰਨੀ ਲੰਗਰ ਟਰੱਸਟ ਨੇ ਚਿੰਤਪੁਰਨੀ ਵਿਖੇ ਲਾਇਆ ਸਾਲਾਨਾ ਲੰਗਰ




**ਬਾਘਾ ਪੁਰਾਣਾ (ਮਨੀ ਸਿੰਗਲਾ)**-ਮਾਤਾ ਚਿੰਤਪੁਰਨੀ ਲੰਗਰ ਟਰੱਸਟ ਵੱਲੋਂ ਸ਼ਹਿਰ ਵਾਸੀਆਂ, ਐਨ.ਆਰ.ਆਈ ਵੀਰਾਂ, ਦਾਨੀਆਂ ਦੇ ਸਹਿਯੋਗ ਨਾਲ ਮਾਤਾ ਚਿੰਤਪੁਰਨੀ ਜੀ ਵਿਖੇ ਸਾਵਣ ਦੇ ਮੇਲੇ 'ਤੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਮਹਾਂਮਾਈ ਜੀ ਦੇ ਜੈਕਾਰਿਆਂ ਨਾਲ ਲੰਗਰ ਦੀ ਸ਼ੁਰੂਆਤ ਕੀਤੀ ਜਾਂਦੀ ਹੈ ਤੇ ਇਸ ਸਾਲ ਵੀ ਸਾਵਨ ਦੇ ਮੇਲਿਆਂ ਨੂੰ ਲੈ ਕੇ ਮਾਤਾ ਚਿੰਤਪੁਰਨੀ ਲਗਰ ਟਰੱਸਟ ਵਲੋਂ ਮਾਤਾ ਚਿੰਤਪੁਰਨੀ ਜੀ ਦੇ ਦਰਬਾਰ 'ਤੇ ਲੰਗਰ ਦਾ ਭੰਡਾਰਾ ਸ਼ੁਰੂ ਕੀਤਾ ਗਿਆ ਹੈ। ਦੀਪਕ ਬਾਂਸਲ, ਮਹੇਸ਼ ਮਿੱਤਲ, ਵਿਕਾਸ ਕਟਾਰੀਆ, ਦੀਪਕ ਜਿੰਦਲ, ਪਰਦੀਪ ਅਰੋੜਾ, ਤੀਰਥ ਬਾਂਸਲ, ਮਿੰਕਾ ਜਿੰਦਲ, ਬਿੱਟਾ ਜਿੰਦਲ ਅਤੇ ਹੋਰ ਸ਼ਰਧਾਲੂਆਂ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਲਾਏ ਗਏ ਲੰਗਰ ਵਿਚ ਸ਼ਰਧਾਲੂਆਂ ਲਈ ਚਾਹ, ਪਾਣੀ, ਨਾਸ਼ਤਾ, ਲੰਗਰ ਵਗੈਰਾ ਦਾ ਪ੍ਰਬੰਧ ਕੀਤਾ ਗਿਆ ਹੈ ਤੇ ਸੰਗਤਾਂ 'ਚ ਮਾਤਾ ਚਿੰਤਪੁਰਨੀ ਜੀ ਦੇ ਮੇਲਿਆਂ ਨੂੰ ਲੈ ਕੇ ਕਾਫ਼ੀ ਉਤਸ਼ਾਹ ਪਾਇਆ ਜਾ ਰਿਹਾ ਹੈ ਤੇ ਮਾਤਾ ਜੀ ਦੇ ਸ਼ਰਧਾਲੂ ਮਾਤਾ ਜੀ ਦੇ ਜੈਕਾਰੇ ਲਾ ਕੇ ਮਾਤਾ ਚਿੰਤਪੁਰਨੀ ਜੀ ਦੇ ਦਰਬਾਰ 'ਤੇ ਆਪਣੀ ਹਾਜ਼ਰੀ ਲਵਾ ਰਹੇ ਹਨ।ਉਨ੍ਹਾਂ ਦੱਸਿਆ ਕਿ ਲੰਗਰ ਦੀ ਸੇਵਾ ਚਿੰਤਪੁਰਨੀ ਦੇ ਪ੍ਰਸ਼ਾਸਨ ਦੀਆਂ ਹਦਾਇਤਾਂ ਦੇ ਨਿਯਮਾਂ ਦੀ ਪਾਲਣਾ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਲੰਗਰ ਦੀ ਸੇਵਾ ਮਹਾਂਮਾਈ ਦੇ ਅਸ਼ੀਰਵਾਦ ਹਰ ਸਾਲ ਸ਼ਰਧਾਲੂਆਂ ਵੱਲੋਂ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਲੰਗਰ ਦੀ ਸੇਵਾ ਲਈ ਟਰੱਸਟ ਦੇ ਮੈਂਬਰਾਂ ਵਲੋਂ ਅਪਣੀਆਂ ਸੇਵਾਵਾਂ ਤਨਦੇਹੀ ਨਾਲ ਨਿਭਾਈਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਜਿਹੜਾ ਭਗਤ ਮਹਾਂਮਾਈ ਜੀ ਦੇ ਦਰਸ਼ਨਾਂ ਲਈ ਆਉਂਦਾ, ਉਨ੍ਹਾਂ ਭਗਤਾਂ ਨੂੰ ਪ੍ਰੇਮ ਨਾਲ ਲੰਗਰ ਦੀ ਸੇਵਾ ਕੀਤੀ ਜਾਂਦੀ ਹੈ। ਇਹ ਲੰਗਰ ਸੇਵਾ ਬਾਘਾ ਪੁਰਾਣਾ ਧਰਮਸ਼ਾਲਾ ਦੇ ਨਜ਼ਦੀਕ ਚੱਲ ਰਹੀ ਹੈ।

## ਬੀ ਬੀ ਐੱਸ ਬੀ ਕਾਨਵੈਂਟ ਸਕੂਲ ਦੇ ਵਿਦਿਆਰਥੀਆਂ ਖੇਡਾਂ 'ਚ ਮਾਰੀਆਂ ਮੱਲਾਂ



**ਜਗਰਾਉਂ (ਅਮਿਤ ਖੰਨਾ, ਸੰਜੀਵ ਅਰੋੜਾ)**-ਬੀ.ਬੀ.ਐੱਸ.ਬੀ. ਕਾਨਵੈਂਟ ਸਕੂਲ ਸਿੱਧਵਾਂ ਬੇਟ ਦੇ ਵਿਦਿਆਰਥੀ ਆਪਣਾ ਨਾਂਅ ਨੈਸ਼ਨਲ ਪੱਧਰ 'ਤੇ ਕਬੱਡੀ 'ਚ ਦਾਖਲ ਕਰਾਉਣ ਵਿੱਚ ਸਫ਼ਲ ਹੋਏ। ਕਬੱਡੀ ਵਿੱਚ ਮੁੰਡਿਆਂ ਦੀ ਅੰਡਰ 14 ਦੀ ਟੀਮ ਨੇ ਜ਼ਿਲ੍ਹਾ ਪੱਧਰ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ ਤੇ ਮਨਰਾਜ ਸਿੰਘ ਤੇ ਵੰਸ਼ ਦੀ ਨੈਸ਼ਨਲ ਲਈ ਚੋਣ ਹੋਈ। ਇਸੇ ਲੜੀ ਤਹਿਤ ਅੰਡਰ 19 ਮੁੰਡਿਆਂ ਦੀ ਟੀਮ ਨੇ ਤੀਜਾ ਹਾਸਲ ਕੀਤਾ। ਇਸ ਦੇ ਨਾਲ ਹੀ ਜਸਕਰਨ ਸਿੰਘ ਤੇ ਸੰਗਤਪ੍ਰੀਤ ਦੀ ਨੈਸ਼ਨਲ ਲਈ ਚੋਣ ਹੋਈ। ਜਸ਼ਨਪ੍ਰੀਤ ਕੌਰ ਦੀ ਨੈਸ਼ਨਲ ਲਈ ਚੋਣ ਹੋਈ। ਅੰਡਰ 14 ਲੜਕੀਆਂ ਵਿੱਚ ਗੁਰਲੀਨ ਕੌਰ, ਗੁਰਨੂਰ ਕੌਰ ਤੇ ਪ੍ਰਬਨੂਰ ਕੌਰ ਦੀ ਨੈਸ਼ਨਲ ਲਈ ਚੋਣ ਹੋਈ। ਸਕੂਲ ਪ੍ਰਿੰਸੀਪਲ ਮੈਡਮ ਮਿਸਿਜ ਮੋਨਾ ਠਾਕੁਰ ਨੇ ਦੱਸਿਆ ਕਿ ਸਾਰੇ ਵਿਦਿਆਰਥੀਆਂ ਨੇ ਬਹੁਤ ਵਧੀਆ ਪ੍ਰਦਸ਼ਨ ਕੀਤਾ ਹੈ। ਇਨ੍ਹਾਂ ਬੱਚਿਆਂ ਦੀ ਇਸ ਉਪਲਬਧੀ 'ਤੇ ਸਾਰੇ ਹੀ ਸਕੂਲ ਵਿੱਚ ਖੁਸ਼ੀ ਦੀ ਲਹਿਣ ਦੌੜ ਪਈ।

## ਕੈਂਪ ਦੌਰਾਨ 225 ਤੋਂ ਵੱਧ ਵਿਅਕਤੀਆਂ ਵੱਲੋਂ ਖ਼ੂਨ ਦਾਨ




**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਪਰਿਵਰਤਨ ਮਾਲਵਾ ਫਰੈਂਡਜ਼ ਵੈੱਲਫੇਅਰ ਸੁਸਾਇਟੀ ਧੂਰੀ ਤੇ ਸਟੈਪ ਆਨ ਸੁਸਾਇਟੀ ਧੂਰੀ ਵੱਲੋਂ ਵਿਸ਼ਾਲ ਖ਼ੂਨਦਾਨ ਕੈਂਪ ਸਨਾਤਨ ਧਰਮ ਸਭਾ ਹਾਲ ਧੂਰੀ ਵਿਖੇ ਲਗਾਇਆ ਗਿਆ।ਇਸ ਕੈਂਪ ਵਿੱਚ 225 ਤੋਂ ਵੱਧ ਖ਼ੂਨਦਾਨ ਦੇ ਯੂਨਿਟ ਇਕੱਤਰ ਕੀਤੇ ਗਏ। ਕੈਂਪ ਵਿੱਚੋਂ ਸਰਕਾਰੀ ਬਲੱਡ ਬੈਂਕ ਸੰਗਰੂਰ ਦੀ ਟੀਮ ਵੱਲੋਂ ਖ਼ੂਨ ਇਕੱਤਰਤ ਕੀਤਾ ਗਿਆ।ਕੈਂਪ ਬਾਰੇ ਜਾਣਕਾਰੀ ਦਿੰਦੇ ਹੋਏ ਸਟੈਪ ਆਨ ਸੁਸਾਇਟੀ ਦੇ ਪ੍ਰਧਾਨ ਰੋਮੀ ਢੰਡ ਤੇ ਪਰਿਵਰਤਨ ਦੇ ਪ੍ਰਧਾਨ ਗੁਰਦਰਸ਼ਨ ਸਿੰਘ ਡਿੰਪੀ ਨੇ ਦੱਸਿਆ ਕਿ ਬਹੁਤੇ ਦਿਨਾਂ ਤੋਂ ਸੰਗਰੂਰ ਬਲੱਡ ਬੈਂਕ ਵਿੱਚ ਖ਼ੂਨ ਦੀ ਬਹੁਤ ਕਮੀ ਚੱਲ ਰਹੀ ਸੀ, ਜਿਸ ਨੂੰ ਦੇਖਦੇ ਹੋਏ ਇਹ ਖ਼ੂਨਦਾਨ ਕੈਂਪ ਲਗਾਇਆ ਗਿਆ।ਇਸ ਮੌਕੇ ਮੁੱਖ ਮੰਤਰੀ ਕੈਂਪਸ ਦਫ਼ਤਰ ਧੂਰੀ ਦੇ ਇੰਚਾਰਜ ਦਲਬੀਰ ਸਿੰਘ ਢਿੱਲੋਂ, ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਪੰਜਾਬ ਰਾਜ ਫੂਡ ਕਮਿਸ਼ਨ ਦੇ ਮੈਂਬਰ ਜੱਸੀ ਸੇਖੋਂ, ਸਾਬਕਾ ਹਲਕਾ ਵਿਧਾਇਕ ਦਲਵੀਰ ਸਿੰਘ ਗੋਲਡੀ, ਪੰਜਾਬ ਕਾਂਗਰਸ ਕਿਸਾਨ ਵਿੰਗ ਦੇ ਜਨਰਲ ਸਕੱਤਰ ਹਰਦੀਪ ਸਿੰਘ ਕਾਤਰੋਂ ਨੇ ਸਿਰਕਤ ਕੀਤੀ ਤੇ ਖ਼ੂਨਦਾਨੀਆਂ ਦਾ ਸਨਮਾਨ ਕੀਤਾ।ਇਸ ਮੌਕੇ ਧੂਰੀ ਦੇ ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਨੇ ਵੀ ਕੈਂਪ ਵਿੱਚ ਪਹੁੰਚ ਕੇ ਖ਼ੂਨ ਦਾਨ ਕੀਤਾ ਤੇ ਖ਼ੂਨਦਾਨੀਆਂ ਦੀ ਹੌਸਲਾ ਅਫਜ਼ਾਈ ਕੀਤੀ।ਬੁਲਾਰਿਆਂ ਨੇ ਲੋਕਾਂ ਨੂੰ ਖ਼ੂਨਦਾਨ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਤੇ ਖ਼ੂਨਦਾਨੀਆਂ ਨੂੰ ਵੱਧ ਤੋਂ ਵੱਧ ਅਜਿਹੇ ਕੰਮਾਂ ਵਿੱਚ ਸ਼ਿਰਕਤ ਕਰਨ ਦੀ ਬੇਨਤੀ ਕੀਤੀ ਤਾਂ ਜੋ ਖ਼ੂਨ ਦੀ ਕਮੀ ਨਾਲ ਕਿਸੇ ਦੀ ਵੀ ਜਾਨ ਨਾ ਜਾ ਸਕੇ।

# ਪਾਕਿਸਤਾਨੀ ਤਸਕਰ ਦਾ ਗੁਰਗਾ ਪੰਜ ਆਧੁਨਿਕ ਪਿਸਤੌਲਾਂ ਸਮੇਤ ਕਾਬੂ

## * ਸਰਹੱਦ ਪਾਰੋਂ ਹਥਿਆਰਾਂ ਦੀਆਂ ਖੇਪਾਂ ਭੇਜਣ ਲਈ ਡਰੋਨ ਦੀ ਕਰ ਰਿਹਾ ਸੀ ਵਰਤੋਂ: ਡੀ ਜੀ ਪੀ

**ਚੰਡੀਗੜ੍ਹ/ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਖੁਫੀਆ ਜਾਣਕਾਰੀ ਤੇ ਕਾਰਵਾਈ ਕਰਦਿਆਂ, ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦੇ ਇੱਕ ਕਾਰਕੁਨ ਜੋ ਪਾਕਿਸਤਾਨ ਅਧਾਰਿਤ ਤਸਕਰ ਦੇ ਇਸ਼ਾਰਿਆਂ 'ਤੇ ਕੰਮ ਕਰਦਾ ਸੀ, ਨੂੰ ਗ੍ਰਿਫਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ ਪੁਲਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫਤਾਰ ਕੀਤੇ ਗਏ ਵਿਅਕਤੀ ਦੀ ਪਛਾਣ ਭਰਤਪ੍ਰੀਤ ਸਿੰਘ ਵਾਸੀ ਦੇ ਪਿੰਡ ਮਾੜੀ ਮੇਘਾ, ਤਰਨਤਾਰਨ ਵਜੋਂ ਹੋਈ ਹੈ। ਪੁਲਸ ਟੀਮਾਂ ਨੇ ਉਸ ਦੇ ਕਬਜ਼ੇ ਵਿੱਚੋਂ ਪੰਜ ਆਧੁਨਿਕ ਪਿਸਤੌਲ-ਦੋ 9 ਐੱਮਐੱਮ, ਦੋ .30 ਬੋਰ ਅਤੇ ਇੱਕ .32 ਬੋਰ ਬਰਾਮਦ ਕੀਤੇ ਹਨ। ਇਸ ਤੋਂ ਇਲਾਵਾ ਖੇਪਾਂ ਦੀ ਡਲਿਵਰੀ ਲਈ ਵਰਤੀ ਜਾ ਰਹੀ ਉਸ ਦੀ ਸਪਲੈਂਡਰ ਮੋਟਰਸਾਈਕਲ ਨੂੰ ਵੀ ਜ਼ਬਤ ਕਰ ਲਿਆ ਗਿਆ ਹੈ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫਤਾਰ ਮੁਲਜ਼ਮ ਆਪਣੇ ਦੋ ਹੋਰ ਸਾਥੀਆਂ ਨਾਲ ਮਿਲ ਕੇ ਪਾਕਿਸਤਾਨ ਅਧਾਰਤ ਤਸਕਰ ਦੇ ਇਸ਼ਾਰੇ ਤੇ ਕੰਮ ਕਰ ਰਿਹਾ ਸੀ। ਦੱਸਣਯੋਗ ਹੈ ਕਿ ਉਕਤ ਪਾਕਿਸਤਾਨ ਅਧਾਰਤ ਤਸਕਰ ਸਰਹੱਦ ਪਾਰੋਂ ਹਥਿਆਰਾਂ ਦੀ ਖੇਪ ਸੁੱਟਣ ਲਈ ਡਰੋਨ ਦੀ ਵਰਤੋਂ ਕਰ ਰਿਹਾ ਸੀ। ਉਨ੍ਹਾਂ ਕਿਹਾ ਕਿ ਗ੍ਰਿਫਤਾਰ ਕੀਤਾ ਗਿਆ ਮੁਲਜ਼ਮ ਸੂਬੇ ਵਿੱਚ ਅਪਰਾਧਕ ਗਤੀਵਿਧੀਆਂ ਨੂੰ ਹਵਾ ਦੇਣ ਦੇ ਇਰਾਦੇ ਨਾਲ ਪੰਜਾਬ ਵਿੱਚ ਅਪਰਾਧੀਆਂ ਅਤੇ ਗੈਂਗਸਟਰਾਂ ਨੂੰ ਹਥਿਆਰ ਸਪਲਾਈ ਕਰ ਰਿਹਾ ਸੀ।ਇਸ ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ ਡੀਜੀਪੀ ਨੇ ਕਿਹਾ ਕਿ




ਸੀਆਈ ਅੰਮ੍ਰਿਤਸਰ ਨੂੰ ਮੁਲਜ਼ਮਾਂ ਦੁਆਰਾ ਤਰਨਤਾਰਨ ਦੇ ਪਿੰਡ ਦਲੀਰੀ ਨੇੜੇ ਪੈਂਦੇ ਭਾਰਤ-ਪਾਕਿਸਤਾਨ ਸਰਹੱਦੀ ਖੇਤਰ ਤੋਂ ਹਥਿਆਰਾਂ ਦੀ ਖੇਪ ਹਾਸਲ ਕੀਤੇ ਜਾਣ ਬਾਰੇ ਖੁਫੀਆ ਜਾਣਕਾਰੀ ਮਿਲੀ ਸੀ। ਉਨ੍ਹਾਂ ਅੱਗੇ ਕਿਹਾ ਕਿ ਤੇਜੀ ਨਾਲ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਸ਼ੱਕੀ ਭਰਤਪ੍ਰੀਤ ਸਿੰਘ ਨੂੰ ਅੰਮ੍ਰਿਤਸਰ ਦੇ ਪਿੰਡ ਇੱਬਣ-ਪਿੰਡ ਮੂਲੇਚੱਕ ਰੋਡ 'ਤੇ ਉਸ ਵੇਲੇ ਘੇਰਾ ਪਾ ਲਿਆ ਜਦੋਂ ਉਹ ਕਿਸੇ ਅੱਗੇ ਕਿਸੇ ਪਾਰਟੀ ਨੂੰ ਖੇਪ ਪਹੁੰਚਾਉਣ ਜਾ ਰਿਹਾ ਸੀ ਅਤੇ ਉਸਦੇ ਕਬਜ਼ੇ ਵਿੱਚੋਂ ਗੈਰ-ਕਾਨੂੰਨੀ ਹਥਿਆਰ ਵੀ ਬਰਾਮਦ ਕੀਤੇ।

# ਪਿੰਡ ਪੂੰਗਾ ਦੇ ਨੌਜਵਾਨਾਂ 'ਤੇ ਝੂਠਾ ਪਰਚਾ ਬਣਾਉਣ ਖਿਲਾਫ ਥਾਣਾ ਅਜਨਾਲਾ ਅੱਗੇ ਰੋਸ ਧਰਨਾ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਜਨਤਕ ਜਥੇਬੰਦੀਆਂ ਦੀ ਅਗਵਾਈ 'ਚ ਅਜਨਾਲਾ ਪੁਲਸ ਪ੍ਰਸ਼ਾਸਨ ਵੱਲੋਂ ਸਰਹੱਦੀ ਪਿੰਡ ਪੂੰਗਾ ਦੇ ਚਾਰ ਸਕੂਲ ਪੜ੍ਹਦੇ ਵਿਦਿਆਰਥੀਆਂ ਵਿਰੁੱਧ ਬਣਾਏ ਗਏ ਝੂਠੇ ਪਰਚੇ 179/2025 ਨੂੰ ਰੱਦ ਕਰਵਾਉਣ ਲਈ ਜਨਤਕ ਸਮਰਥਨ ਲੈਣ ਅਤੇ ਪੁਲਸ ਦੀਆਂ ਵਧੀਕੀਆਂ ਵਿਰੁੱਧ ਅਜਨਾਲਾ ਦੇ ਮੁੱਖ ਬਜ਼ਾਰਾਂ ਵਿਚ ਜ਼ਬਰਦਸਤ ਪ੍ਰਦਰਸ਼ਨ ਕਰਨ ਉਪਰੰਤ ਅਜਨਾਲਾ ਪੁਲਸ ਸਟੇਸ਼ਨ ਸਾਹਮਣੇ ਵਿਸ਼ਾਲ ਰੋਹ ਭਰਿਆ ਧਰਨਾ ਦਿੱਤਾ ਗਿਆ ਜਿਸ ਵਿੱਚ ਵੱਡੀ ਗਿਣਤੀ ਵਿਚ ਮਜ਼ਦੂਰ, ਕਿਸਾਨ, ਨੌਜਵਾਨ ਤੇ ਔਰਤਾਂ ਨਾਹਰੇ ਮਾਰਦੀ ਹੋਈਆਂ ਸ਼ਾਮਲ ਹੋਈਆਂ। ਇਸ ਧਰਨੇ ਨੂੰ ਸੰਬੋਧਨ ਕਰਦਿਆਂ ਜਨਤਕ ਜੱਥੇਬੰਦੀਆਂ ਦੇ ਪ੍ਰਮੁੱਖ ਆਗੂ ਤੇ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਡਾਕਟਰ ਸਤਨਾਮ ਸਿੰਘ ਅਜਨਾਲਾ; ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਪ੍ਰਧਾਨ ਜੱਗਾ ਸਿੰਘ ਡੱਲਾ, ਨੌਜਵਾਨ ਸਭਾ ਦੇ ਸੀਨੀਅਰ ਆਗੂ ਸਤਵਿੰਦਰ ਸਿੰਘ ਓਠੀਆਂ ਤੇ ਸ਼ਮਸ਼ੇਰ ਸਿੰਘ ਅਤੇ ਡੱਲਾ ਰਾਜਪੂਤਾਂ, ਔਰਤ ਮੁਕਤੀ ਮੋਰਚਾ ਦੀ ਕਾਰਕੁੰਨ ਰਾਜ ਕੌਰ ਅਤੇ ਦਿਹਾਤੀ ਮਜ਼ਦੂਰ ਸਭਾ ਦੇ ਆਗੂ ਕਾਲਾ ਸਿੰਘ ਤੇ ਮਜ਼ਦੂਰ ਸਭਾ ਦੇ ਆਗੂ




ਲੱਭਾ ਸਿੰਘ ਪੂੰਗਾ ਤੇ ਗਾਇਕ ਗੁਰਪਾਲ ਸਿੰਘ ਨੇ ਕਿਹਾ ਕਿ ਰਾਜ ਕਰਦੀ ਪਾਰਟੀ ਦੇ ਆਗੂਆਂ ਵੱਲੋਂ ਝੂਠੇ ਪਰਚੇ ਅਤੇ ਨਜਾਇਜ਼ ਤੰਗ ਕੀਤਾ ਜਾ ਰਿਹਾ ਹੈ ਜਿਸਦੀ ਤਾਜ਼ਾ ਮਿਸਾਲ ਪੂੰਗੇ ਵਿੱਚ ਸਿਆਸੀ ਵਿਰੋਧੀਆਂ 'ਤੇ ਝੂਠਾ ਪਰਚਾ ਦਰਜ ਕਰਨ ਤੋਂ ਮਿਲਦੀ ਹੈ। ਇਸ ਮੌਕੇ ਥਾਣੇਦਾਰ ਮੁਖਤਿਆਰ ਸਿੰਘ ਵੀ ਮੌਜੂਦ ਸਨ ਜਿਨ੍ਹਾਂ ਆਗੂਆਂ ਨੂੰ ਯਕੀਨ ਦਿਵਾਇਆ ਕਿ ਪੁਲਸ ਕੇਸਾਂ ਦਾ ਥੋੜੇ ਸਮੇਂ ਵਿੱਚ ਨਿਪਟਾਰਾ ਕਰ ਦਿੱਤਾ ਜਾਵੇਗਾ। ਇਸ ਤੋਂ ਬਾਅਦ ਨਾਅਰਿਆਂ ਦੀ ਗੂੰਜ ਵਿੱਚ ਧਰਨਾ ਸਮਾਪਤ ਹੋਇਆ।

# ਜਪਨੀਤ ਕੌਰ ਨੇ ਅੰਗਰੇਜ਼ੀ ਓਲੰਪੀਆਡ 'ਚ ਮਾਰੀਆਂ ਮੱਲਾਂ

ਧਾਰੀਵਾਲ, 29 ਜੁਲਾਈ (ਮਨਦੀਪ ਸਿੰਘ ਵਿੱਕੀ)-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਦੀ ਤੀਸਰੀ ਜਮਾਤ ਦੀ ਵਿਦਿਆਰਥਣ ਨੇ ਐੱਸਓਐੱਫ ਅੰਗਰੇਜ਼ੀ ਓਲੰਪੀਆਡ 2024-25 ਵਿੱਚ ਸੋਨੇ ਦਾ ਤਮਗਾ ਅਤੇ ਪੰਜ ਹਜ਼ਾਰ ਰੁਪਏ ਨਕਦ ਇਨਾਮ ਪ੍ਰਾਪਤ ਕਰਕੇ ਆਪਣੇ ਸਕੂਲ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਹੈ। ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਸਕੱਤਰ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰ. ਕਿਰਨ ਕੇਸਰ ਨੇ ਖੁਸ਼ੀ ਪ੍ਰਗਟ ਕਰਦਿਆਂ ਸਾਂਝੇ ਤੌਰ 'ਤੇ ਦੱਸਿਆ ਕਿ ਐੱਸਓਐੱਫ ਓਲੰਪੀਆਡ ਇੰਟਰਨੈਸ਼ਨਲ ਪੇਪਰ ਅੰਗਰੇਜ਼ੀ 2024-25 ਵਿੱਚ ਪੂਰੇ ਸੰਸਾਰ ਦੇ 72 ਦੇਸ਼ਾਂ ਵਿੱਚ ਹੋਇਆ ਅਤੇ ਵਿਸ਼ਵ ਪੱਧਰ 'ਤੇ ਲੱਖਾਂ ਵਿਦਿਆਰਥੀਆਂ ਨੇ ਭਾਗ ਲੈ ਕੇ ਲਿਆ ਜਿਸ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਦੀ ਤੀਸਰੀ ਜਮਾਤ ਦੀ ਵਿਦਿਆਰਥਣ ਜਪਨੀਤ ਕੌਰ ਸਪੁੱਤਰੀ ਗੁਰਪ੍ਰੀਤ ਸਿੰਘ ਵਾਸੀ ਬਜੁਰਗਵਾਲ ਨੇ ਭਾਗ ਲੈ ਕੇ ਵਧੀਆ ਕਾਰਗੁਜ਼ਾਰੀ ਕਰਦੇ ਹੋਏ ਪੂਰੇ ਵਿਸ਼ਵ ਵਿੱਚ ਪੰਜਵਾਂ ਰੈਂਕ ਅਤੇ ਜ਼ੋਨਲ ਲੈਵਲ ਉੱਪਰ ਪਹਿਲਾ ਰੈਂਕ ਪ੍ਰਾਪਤ ਕਰਕੇ ਸੋਨੇ ਦਾ ਤਮਗਾ ਅਤੇ ਪੰਜ ਹਜ਼ਾਰ ਰੁਪਏ ਨਕਦ ਇਨਾਮ ਪ੍ਰਾਪਤ ਕੀਤਾ। ਸਕੂਲ ਪ੍ਰਬੰਧਕਾਂ ਅਤੇ ਪ੍ਰਿੰਸੀਪਲ ਕਿਰਨ ਕੇਸਰ ਨੇ ਵਿਦਿਆਰਥਣ ਜਪਨੀਤ ਕੌਰ ਸ਼ਾਨਦਾਰ ਪ੍ਰਾਪਤੀ 'ਤੇ ਸਮੂਹ ਸਟਾਫ, ਵਿਦਿਆਰਥਣ ਦੇ ਮਾਤਾ ਪਿਤਾ ਨੂੰ ਵਧਾਈ ਦਿੱਤੀ ਅਤੇ ਬਾਕੀ ਵਿਦਿਆਰਥੀਆਂ ਨੂੰ ਵੀ ਆਉਣ ਵਾਲੇ ਸਮੇਂ ਵਿੱਚ ਅਜਿਹੀਆਂ ਪ੍ਰਤੀਯੋਗਤਾਵਾਂ ਵਿੱਚ ਵੱਧ ਤੋਂ ਵੱਧ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।




# ਬੀ ਡੀ ਪੀ ਓ ਰਾਜਵਿੰਦਰ ਕੌਰ ਨੇ ਅਹੁਦਾ ਸੰਭਾਲਿਆ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਬੀਡੀਪੀਓ ਰਾਜਵਿੰਦਰ ਕੌਰ ਨੇ ਬਲਾਕ ਵਿਕਾਸ ਅਤੇ ਪੰਚਾਇਤ ਦਫਤਰ ਕਾਦੀਆਂ ਵਿਖੇ ਆਪਣਾ ਅਹੁਦਾ ਸੰਭਾਲ ਕੇ ਦਫਤਰੀ ਕੰਮ ਸ਼ੁਰੂ ਕਰ ਦਿੱਤੇ ਹਨ। ਬੀਡੀਪੀਓ ਰਾਜਵਿੰਦਰ ਕੌਰ ਨੇ ਦਫਤਰ ਦੇ ਸਟਾਫ ਨਾਲ ਮੀਟਿੰਗ ਕਰਦਿਆਂ ਕਿਹਾ ਕਿ ਉਹ ਬਲਾਕ ਅਧੀਨ ਪੈਂਦੇ ਪਿੰਡਾਂ ਵਿੱਚ ਬਿਨਾਂ ਕਿਸੇ ਭੇਦਭਾਵ ਵਿਕਾਸ ਕੰਮ ਕਰਵਾਉਣ ਨੂੰ ਤਰਜੀਹ ਦੇਣਗੇ। ਉਨ੍ਹਾਂ ਕਿਹਾ ਕਿ ਦਫਤਰ ਨਾਲ ਸਬੰਧਿਤ ਕੰਮਾਂ ਵਿੱਚ ਆਮ ਲੋਕਾਂ ਨੂੰ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਪਿੰਡਾਂ ਵਿੱਚ ਹੋਣ ਵਾਲੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਂਦੀ ਜਾਵੇਗੀ ਤੇ ਰਹਿੰਦੇ ਵਿਕਾਸ ਕਾਰਜ ਨੂੰ ਜਲਦ ਹੀ ਮੁਕੰਮਲ ਕੀਤਾ ਜਾਵੇਗਾ। ਵਿਕਾਸ ਕਾਰਜ ਵਿੱਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਸੁਪਰਡੈਂਟ ਗੁਰਵਿੰਦਰ ਕੌਰ, ਪੰਚਾਇਤ ਅਫਸਰ ਹਰਦੇਵ ਸਿੰਘ, ਪੰਚਾਇਤ ਸਕੱਤਰ ਸੁਚੇਤਨ ਸਿੰਘ, ਗੁਰਪ੍ਰੀਤ ਸਿੰਘ ਸੰਮਤੀ ਕਲਰਕ, ਤਲਵਿੰਦਰ ਸਿੰਘ ਸੰਮਤੀ ਪਟਵਾਰੀ, ਦਵਿੰਦਰ ਸਿੰਘ ਕੰਪਿਊਟਰ ਅਪਰੇਟਰ, ਵਿਤੂ ਬਾਲਾ ਸੰਮਤੀ ਕਲਰਕ, ਸਿਮਰਨਜੀਤ ਕੌਰ ਏਪੀਓ, ਸਤਿੰਦਰ ਕੌਰ ਜੀਆਰਐੱਸ ਸਮੇਤ ਸਮੂਹ ਸਟਾਫ ਮੈਂਬਰ ਹਾਜ਼ਰ ਸਨ।



# ਸੇਂਟ ਸੋਲਜਰ ਈਲੀਟ ਕਾਨਵੈਂਟ ਸਕੂਲ ਵੱਲੋਂ ਬੂਟੇ ਲਾਉਣ ਦੀ ਮੁਹਿੰਮ ਸ਼ੁਰੂ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ): ਸੇਂਟ ਸੋਲਜਰ ਈਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਨੇ ਕਿਸ਼ਨਪੁਰੀ ਫਾਊਂਡੇਸ਼ਨ ਦੀ ਮਦਦ ਨਾਲ ਸ਼ਹੀਦ ਊਧਮ ਸਿੰਘ ਪਾਰਕ ਵਿੱਚ ਬੂਟੇ ਲਗਾਉਣ ਦੀ ਸ਼ੁਰੂਆਤ ਕੀਤੀ।ਸੰਸਥਾ ਦੇ ਡਾਇਰੈਕਟਰ ਡਾ: ਮੰਗਲ ਸਿੰਘ ਕਿਸ਼ਨਪੁਰੀ ਨੇ ਦੱਸਿਆ ਕਿ ਕਿਸ਼ਨਪੁਰੀ ਫਾਊਂਡੇਸ਼ਨ ਪਿਛਲੇ ਚਾਰ ਸਾਲਾਂ ਤੋਂ ਸੇਂਟ ਸੋਲਜਰ ਸਕੂਲ ਦੇ ਬੱਚਿਆਂ ਅਤੇ ਸਟਾਫ ਦੀ ਮਦਦ ਨਾਲ ਵਾਤਾਵਰਨ ਨੂੰ ਬਚਾਉਣ ਅਤੇ ਹਰਿਆ ਭਰਿਆ ਬਣਾਉਣ ਤੇ ਲਗਾਤਾਰ ਪੌਦਿਆਂ ਦੀ ਦੇਖਭਾਲ ਕਰਨ ਦੇ ਉਪਰਾਲੇ ਕਰ ਰਹੀ ਹੈ।2023 ਵਿੱਚ 8000 ਬੂਟੇ ਲਗਾਏ ਗਏ ਸਨ।2024 ਸਾਲ ਵਿੱਚ 5000 ਬੂਟੇ ਲਗਾਏ ਗਏ ਸਨ ਅਤੇ ਇਸ ਸਾਲ 2000 ਬੂਟੇ ਲਗਾਏ ਜਾਣਗੇ। ਉਨ੍ਹਾਂ ਕਿਹਾ ਕਿ ਵਾਤਾਵਰਨ ਨੂੰ ਹਰਿਆ ਭਰਿਆ ਬਣਾਉਣ ਲਈ ਅਸੀਂ ਹਮੇਸ਼ਾ ਯਤਨਸ਼ੀਲ ਰਹਾਂਗੇ।ਇਸ ਮੌਕੇ ਪ੍ਰਿੰਸੀਪਲ ਅਮਰਪ੍ਰੀਤ ਕੌਰ, ਕੁਆਰਡੀਨੇਟਰ ਸ਼ਿਲਪਾ ਸ਼ਰਮਾ ਤੇ ਵਾਈਸ ਪ੍ਰਿੰਸੀਪਲ ਗੁਰਪ੍ਰੀਤ ਕੌਰ ਨੇ ਵੀ ਇਸ ਮੁਹਿੰਮ ਵਿੱਚ ਹਿੱਸਾ ਲਿਆ।ਮੰਗਲ ਸਿੰਘ ਕਿਸ਼ਨਪੁਰੀ ਨੇ ਕਿਹਾ ਕਿ ਰੁੱਖਾਂ ਵਿੱਚ ਹੀ ਸਾਡੀ ਜਾਨ ਹੈ।ਪਵਨ ਗੁਰੂ ਪਾਣੀ ਪਿਤਾ ਮਾਤਾ ਧਰਤ ਮਹਤ। ਇਸ ਵਾਸਤੇ ਤੰਦਰੁਸਤ ਸਮਾਜ ਲਈ ਵੱਧ ਤੋਂ ਵੱਧ ਪੌਦਿਆਂ ਦਾ ਹੋਣਾ ਲਾਜ਼ਮੀ ਹੈ।ਉਨ੍ਹਾਂ ਸਭ ਨੂੰ ਬੇਨਤੀ ਕੀਤੀ ਕਿ ਹਰ ਆਦਮੀ ਇੱਕ ਰੁੱਖ ਜ਼ਰੂਰ ਲਗਾਵੇ।



# ਪੰਜਾਬ ਸਰਕਾਰ ਵੱਲੋਂ ਪਿੰਡਾਂ ਦੀ ਨੁਹਾਰ ਬਦਲਣ ਲਈ ਪਿੰਡਾਂ ਨੂੰ ਦਿੱਤੀ ਜਾ ਰਹੀ ਹੈ ਸ਼ਹਿਰੀ ਦਿੱਖ: ਸ਼ੈਰੀ ਕਲਸੀ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਵਿਧਾਨ ਸਭਾ ਹਲਕਾ ਬਟਾਲਾ ਅਧੀਨ ਪੈਂਦੇ ਪਿੰਡਾਂ ਦੇ ਸਰਪੰਚਾਂ ਨਾਲ ਬੀਡੀਪੀਓ ਦਫਤਰ ਕਾਹਨੂੰਵਾਨ ਵਿਖੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਹਲਕਾ ਬਟਾਲਾ ਦੇ ਵਿਧਾਇਕ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਸੂਬਾ ਕਾਰਜਕਾਰੀ ਪ੍ਰਧਾਨ ਦੇ ਵੱਲੋਂ ਮੀਟਿੰਗ ਕਰਕੇ ਅਹਿਮ ਮੁੱਦਿਆਂ ਤੇ ਵਿਚਾਰਾਂ ਕੀਤੀਆਂ ਗਈਆਂ ਅਤੇ ਪਿੰਡਾਂ ਦੇ ਵਿੱਚ ਹੋਣ ਵਾਲੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ ਗਿਆ।ਇਸੇ ਮੌਕੇ ਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਬੀਡੀਪੀਓ ਦਫਤਰ ਕਾਹਨੂੰਵਾਨ ਵਿਖੇ ਆਪਣੇ ਸੀਨੀਅਰ ਆਗੂਆਂ ਵਰਕਰਾਂ ਤੋਂ ਇਲਾਵਾ ਅਧਿਕਾਰੀਆਂ ਅਤੇ ਪੰਚਾਂ ਸਰਪੰਚਾਂ ਨਾਲ ਹਲਕੇ ਦੇ ਪਿੰਡਾਂ ਦੇ ਵਿਕਾਸ ਦੀ ਵਿਚਾਰ ਚਰਚਾ ਕੀਤੀ।ਇਸ ਮੌਕੇ ਉਨ੍ਹਾਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਨੇ ਕਿਹਾ ਕਿ ਪੰਚਾਇਤ ਕੋਲ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਬਹੁਤ ਸਾਰੇ ਪ੍ਰੋਗਰਾਮ ਹਨ।

ਉਨ੍ਹਾਂ ਨੇ ਕਿਹਾ ਕਿ ਜਿਹੜੇ ਨੁਮਾਇੰਦੇ ਪਿੰਡਾਂ ਦੇ ਵਿਕਾਸ ਵਿੱਚ ਕੋਈ ਕਸਰ ਛੱਡਣਗੇ ਜਾਂ ਅਣਗਹਿਲੀ ਕਰਨਗੇ ਉਨਾਂ ਦੀ ਵੀ ਮੁਕੰਮਲ ਤੌਰ ਤੇ ਪੜਚੋਲ ਹੋਵੇਗੀ।ਉਹਨਾਂ ਕਿਹਾ ਕਿ ਅੱਜ ਲੋੜ ਹੈ ਕਿ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਨੂੰ ਘਰੋਂ ਘਰ ਪਹੁੰਚਾਇਆ ਜਾਵੇ।

ਇਸ ਮੌਕੇ ਉਨ੍ਹਾਂ ਨਾਲ ਜ਼ਿਲਾ ਯੂਥ ਪ੍ਰਧਾਨ ਮਨਦੀਪ ਸਿੰਘ ਗਿੱਲ, ਇਮਪਰੂਵਮੈਂਟ ਟਰਸਟੀ ਸੀਨੀਅਰ ਆਪ ਆਗੂ ਬਲਾਕ ਇੰਚਾਰਜ ਡਾ. ਜਗਦੀਸ਼ ਸਿੰਘ ਸੰਧੂ ਸਰਪੰਚ ਰਜ਼ਾਦਾ, ਬੀਡੀਪੀਓ ਸੁਖਜੀਤ ਸਿੰਘ ਬਾਜਵਾ, ਮਲਕੀਤ ਸਿੰਘ ਬਾਠ, ਦਿਹਾਤੀ ਪ੍ਰਧਾਨ ਜੋਗਿੰਦਰ ਸਿੰਘ ਸੇਖਵਾਂ ਸਰਪੰਚ, ਬਲਰਾਜ ਸਿੰਘ ਕੋਹਾੜ, ਮਨਜਿੰਦਰ ਸਿੰਘ ਮਿੰਟੂ ਤੱਤਲਾ, ਸਰਪੰਚ ਯਾਦਵਿੰਦਰ ਸਿੰਘ ਸੇਖਵਾ, ਮਲਕੀਤ ਸਿੰਘ ਸਰਪੰਚ ਕੋਟ ਬੁੱਢਾ, ਗੁਰਵਿੰਦਰ ਸਿੰਘ ਬੁੱਟਰ ਕਲਾਂ, ਸਰਪੰਚ ਕ੍ਰਿਸਚਨਪੱਤੀ ਠੀਕਰੀਵਾਲ ਸੁਖਵਿੰਦਰ ਮਸੀਹ ਉਰਫ ਬੂਟਾ ਮਸੀਹ, ਸਰਪੰਚ ਭਗਵਾਨ ਸਿੰਘ ਆਦਿ ਹਾਜ਼ਰ ਸਨ।



# ਪੰਜਾਬ ਨੈਸ਼ਨਲ ਬੈਂਕ ਨੇ ਅਭਿਨੰਦਨ ਭਵਨ ਪਠਾਨਕੋਟ ਵਿਖੇ ਮੈਗਾ ਆਊਟਰੀਚ ਪ੍ਰੋਗਰਾਮ ਕਰਵਾਇਆ

**ਗੁਰਦਾਸਪੁਰ (ਜਨਕ ਮਹਾਜਨ)**-ਪੰਜਾਬ ਨੈਸ਼ਨਲ ਬੈਂਕ ਨੇ ਅਭਿਨੰਦਨ ਭਵਨ ਪਠਾਨਕੋਟ ਵਿਖੇ ਇਕ ਮੈਗਾ ਐੱਮਐੱਸਐੱਮਈ ਆਊਟਰੀਚ ਪ੍ਰੋਗਰਾਮ ਕਰਵਾਇਆ ਗਿਆ ਜਿਸ ਦੀ ਪ੍ਰਧਾਨਗੀ ਐੱਮ. ਕੇ. ਮੋਹਨ ਡਿਪਟੀ ਜਨਰਲ ਮੈਨੇਜਰ ਨੇ ਕੀਤੀ। ਇਸ ਮੌਕੇ ਮੁੱਖ ਮਹਿਮਾਨ ਵਜੋਂ ਰਵਿੰਦਰ ਕੁਮਾਰ ਭਿਗਾਣ ਮਹਾਂ ਪ੍ਰਬੰਧਕ ਜ਼ਿਲ੍ਹਾ ਉਦਯੋਗ ਕੇਂਦਰ, ਸੁਸ਼ਾਂਕ ਸ਼ੁਕਲਾ ਮੁੱਖ ਪ੍ਰਬੰਧਕ, ਅਰੁਧ ਧੀਮਾਨ ਮੁੱਖ ਪ੍ਰਬੰਧਕ, ਸੌਰਵ ਧੀਮਾਨ ਪੀਐੱਲਪੀ ਪ੍ਰਮੁੱਖ, ਰਾਜਨ ਮਲਹੋਤਰਾ ਐੱਲਡੀਐੱਮ ਗੁਰਦਾਸਪੁਰ, ਵਿਨੈ ਮਾਹਵਾਹ ਐੱਲਡੀਐੱਮ ਪਠਾਨਕੋਟ ਤੋਂ ਇਲਾਵਾ ਵੱਡੀ ਗਿਣਤੀ ਵਿਚ ਸ਼ਾਖਾ ਪ੍ਰਬੰਧਕ ਆਦਿ ਹਾਜ਼ਰ ਸਨ। ਇਸ ਮੌਕੇ ਭਾਰੀ ਇਕੱਠ ਨੂੰ ਸੰਬੋਧਨ ਕਰਦੇ ਹੋਏ ਸੰਜੀਤ ਕੁਮਾਰ ਸਰਕਲ ਹੈੱਡ ਨੇ ਦੱਸਿਆ ਕਿ ਆਊਟਰੀਚ ਪ੍ਰੋਗਰਾਮ ਦਾ ਮਕਸਦ ਐੱਮਐੱਸਐੱਮਈਐੱਸ ਅਤੇ ਬੈਂਕ ਪ੍ਰਣਾਲੀ ਵਿਚਕਾਰ ਦੂਰੀ ਨੂੰ ਘੱਟ ਕਰਨਾ ਹੈ। ਐੱਮ. ਕੇ. ਮੋਹਨ ਨੇ ਕਿਹਾ 'ਸੂਖਮ, ਛੋਟੇ ਅਤੇ ਦਰਮਿਆਨੇ ਉਦਮ ਸਾਡੇ ਦੇਸ਼ ਦੀ ਆਰਥਿਕਤਾ ਦੇ ਸਭ ਤੋਂ ਵੱਡੇ ਥੰਮ੍ਹ ਹਨ। ਇਹ ਵਿਕਾਸ ਦੀ ਰੀੜ੍ਹ ਦੀ ਹੱਡੀ ਹਨ। ਇਹ ਰੁਜ਼ਗਾਰ ਪੈਦਾ ਕਰਨ, ਉਦਯੋਗਿਕ ਉਤਪਾਦਨ ਅਤੇ ਨਿਰਯਾਤ ਵਿਚ ਮਹੱਤਵਪੂਰਨ ਯੋਗਦਾਨ ਪਾਉਂਦੇ ਹਨ। ਆਊਟਰੀਚ ਪ੍ਰੋਗਰਾਮ ਦਾ ਉਦੇਸ਼ ਰਸਮੀ ਬੈਂਕਿੰਗ ਪ੍ਰਣਾਲੀ ਵਿਚਕਾਰ ਦੂਰੀ ਨੂੰ ਘਟਾਉਣਾ ਹੈ, ਜਿਸ ਨਾਲ ਵਿੱਤੀ ਸੇਵਾਵਾਂ ਨੂੰ ਜ਼ਮੀਨੀ ਪੱਧਰ ਤੱਕ ਵਧੇਰੇ ਪਹੁੰਚਯੋਗ ਬਣਾਇਆ ਜਾ ਸਕੇ। ਇਸ ਤੋਂ ਇਲਾਵਾ ਸੂਖਮ ਉੱਦਮੀਆਂ ਸਮੇਤ ਸਾਰੇ ਗ੍ਰਾਹਕ, ਵਿਸ਼ਵਕਰਮਾ ਯੋਜਨਾ, ਸਵਨਿਧੀ ਯੋਜਨਾ, ਮੁਦਰਾ ਲੋਨ, ਗ੍ਰੋਥ ਪਲੱਸ ਅਤੇ ਹੋਰ ਵਪਾਰਕ ਯੋਜਨਾਵਾਂ ਦੇ ਤਹਿਤ ਲਾਭ ਪ੍ਰਾਪਤ ਕਰ ਸਕਦੇ ਹਨ। ਪ੍ਰੋਗਰਾਮ ਦੌਰਾਨ ਗਾਹਕਾਂ ਨੂੰ ਕਰਜ਼ਾ ਪ੍ਰਵਾਨਗੀ ਪੱਤਰ ਪ੍ਰਦਾਨ ਕੀਤੇ ਗਏ।



# 6 ਗਰਾਮ ਹੈਰੋਇਨ ਸਮੇਤ ਵਿਅਕਤੀ ਕਾਬੂ

**ਗੁਰਦਾਸਪੁਰ (ਜਨਕ ਮਹਾਜਨ)**-ਜ਼ਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਅਦਿੱਤਿਆ ਦੇ ਦਿਸ਼ਾ-ਨਿਰਦੇਸ਼ਾਂ 'ਤੇ ਨਸ਼ਿਆਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਕਾਰਵਾਈ ਕਰਦਿਆਂ ਥਾਣਾ ਦੋਰਾਂਗਲਾ ਪੁਲਸ ਨੇ ਇਕ ਵਿਅਕਤੀ ਨੂੰ ਨਸ਼ੇ ਸਮੇਤ ਕਾਬੂ ਕੀਤਾ ਹੈ। ਏ. ਐੱਸ. ਆਈ. ਭੁਪਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਦੋਰਾਂਗਲਾ ਨੇੜੇ ਮੜ੍ਹੀਆਂ ਤੋਂ ਅਮਨਦੀਪ ਸਿੰਘ ਅਮਨ ਪੁੱਤਰ ਜਗਜੀਤ ਸਿੰਘ ਵਾਸੀ ਨਬੀਪੁਰ ਕਾਲੋਨੀ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈੱਕ ਕੀਤਾ ਜਿਸ ਵਿਚੋਂ 6 ਗ੍ਰਾਮ ਹੈਰੋਇਨ ਬਰਾਮਦ ਹੋਈ।

ਥਾਣਾ ਦੋਰਾਂਗਲਾ ਪੁਲਸ ਨੇ ਅਮਨਦੀਪ ਸਿੰਘ ਉਰਫ਼ ਅਮਨ ਖ਼ਿਲਾਫ਼ ਐੱਨ. ਡੀ. ਪੀ. ਐੱਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਲਾਭਪਾਤਰੀਆਂ ਤੱਕ ਸਰਕਾਰੀ ਅਨਾਜ ਪੁੱਜਦਾ ਕਰਨ ਲਈ ਕੋਈ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਇੰਸਪੈਕਟਰ

ਫ਼ਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਲਾਭਪਾਤਰੀਆਂ ਤੱਕ ਸਰਕਾਰੀ ਅਨਾਜ ਪੁੱਜਦਾ ਕਰਨ ਲਈ ਕੋਈ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਲਾਭਪਾਤਰੀਆਂ ਨੂੰ ਬਣਦਾ ਹੱਕ ਦਿਵਾਉਣ ਲਈ ਵਿਭਾਗ ਹਮੇਸ਼ਾ ਤੱਤਪਰ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਖੁਰਾਕ ਤੇ ਸਪਲਾਈ ਵਿਭਾਗ ਫ਼ਤਿਹਗੜ੍ਹ ਚੂੜੀਆਂ ਦੇ ਇੰਸਪੈਕਟਰ ਹਰਮੀਤ ਸਿੰਘ ਨੇ ਵੱਖ-ਵੱਖ ਡਿਪੂਆਂ ਦੀ ਚੈਕਿੰਗ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਇਸ ਮੌਕੇ ਉਨ੍ਹਾਂ ਨਾਲ ਸਹਾਇਕ ਖੁਰਾਕ ਤੇ ਸਪਲਾਈ ਅਫ਼ਸਰ ਅਮਰਜੀਤ ਰਾਮ ਵੀ ਮੌਜੂਦ ਸਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਸਮੇਂ-ਸਮੇਂ ਸਸਤਾ ਅਨਾਜ ਦਿੱਤਾ ਜਾ ਰਿਹਾ ਹੈ ਅਤੇ ਇਸ ਵਿੱਚ ਕਿਸੇ ਵੀ ਡਿਪੂ ਹੋਲਡਰ ਵੱਲੋਂ ਲਾਭਪਾਤਰੀਆਂ ਦਾ ਸ਼ੋਸ਼ਣ ਅਤੇ ਮਨਮਰਜ਼ੀ ਨਹੀਂ ਕੀਤੀ ਜਾ ਰਹੀ।

ਉਨ੍ਹਾਂ ਕਿਹਾ ਕਿ ਉਹ ਖੁਦ ਪਿੰਡਾਂ ਅਤੇ ਸ਼ਹਿਰ ਵਿੱਚ ਡਿਪੂਆਂ ਦੀ ਚੈਕਿੰਗ ਕਰ ਰਹੇ ਹਨ ਤਾਂ ਜੋ ਗਰੀਬ ਲੋਕਾਂ ਤੱਕ ਉਨ੍ਹਾਂ ਦਾ ਬਣਦਾ ਲਾਭ ਸਮੇਂ ਨਾਲ ਪੁੱਜਦਾ ਕੀਤਾ ਜਾ ਸਕੇ। ਇੰਸਪੈਕਟਰ ਹਰਮੀਤ ਸਿੰਘ ਨੇ ਕਿਹਾ ਕਿ ਉਨ੍ਹਾਂ ਵੱਲੋਂ ਡਿਪੂ ਹੋਲਡਰਾਂ ਨੂੰ ਪਹਿਲਾਂ ਤੋਂ ਨਿਰਦੇਸ਼ ਦਿੱਤੇ ਗਏ ਹਨ ਕਿ ਕਿਸੇ ਲਾਭਪਾਤਰੀ ਨੂੰ ਘੱਟ ਅਨਾਜ ਨਾ ਦਿੱਤਾ ਜਾਵੇ ਅਤੇ ਜਿਹੜੇ ਲਾਭਪਾਤਰੀ ਦੀ ਈ-ਕੇਵਾਈਸੀ ਹੋਈ ਹੈ, ਉਸਨੂੰ ਉਸਦਾ ਬਣਦਾ ਲਾਭ ਹਰ ਹਾਲ ਵਿੱਚ ਦੇਣ ਯਕੀਨੀ ਬਣਾਇਆ ਜਾਵੇ।ਉਨ੍ਹਾਂ ਕਿਹਾ ਕਿ ਜਿਹੜੇ ਲਾਭਪਾਤਰੀ ਅੱਜ ਵੀ ਆਪਣੀ ਈ-ਕੇ.ਵਾਈ.ਸੀ ਕਰਵਾਉਣ ਵਿੱਚ ਢਿੱਲ ਵਰਤ ਰਹੇ ਹਨ, ਉਨ੍ਹਾਂ ਨੂੰ ਅਨਾਜ ਨਹੀਂ ਦਿੱਤਾ ਜਾਵੇਗਾ ਅਤੇ ਆਉਣ ਵਾਲੇ ਸਮੇਂ ਦੌਰਾਨ ਉਨ੍ਹਾਂ ਦਾ ਰਾਸ਼ਨ ਕਾਰਡ ਪੋਰਟਲ ਵਿੱਚੋਂ ਨਾਮ ਵੀ ਕੱਟਿਆ ਜਾ ਸਕਦਾ ਹੈ।

ਉਨ੍ਹਾਂ ਕਿਹਾ ਕਿ ਫ਼ਤਿਹਗੜ੍ਹ ਚੂੜੀਆਂ ਸ਼ਹਿਰ ਅਤੇ ਪਿੰਡਾਂ ਵਿੱਚ ਕਣਕ ਦੀ ਨਿਰਵਿਘਨ ਵੰਡ ਜਾਰੀ ਹੈ ਅਤੇ ਲਾਭਪਾਤਰੀਆਂ ਨੂੰ ਜੁਲਾਈ ਤੋਂ ਸਤੰਬਰ ਮਹੀਨੇ ਤੱਕ ਦਾ ਅਨਾਜ ਦੇਣ ਦੀ ਪ੍ਰਕਿਰਿਆ ਪਾਰਦਰਸ਼ਤਾ ਨਾਲ ਚੱਲ ਰਹੀ ਹੈ।



# 2 ਤੇ 3 ਅਗਸਤ ਨੂੰ ਪੁਰਾਣਾ ਬੱਸ ਸਟੈਂਡ ਗੁਰਦਾਸਪੁਰ ਵਿਖੇ ਲੱਗੇਗਾ ਉਮੀਦ ਬਾਜ਼ਾਰ



ਗੁਰਦਾਸਪੁਰ (ਜਨਕ ਮਹਾਜਨ)-ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵਲੋਂ ਇਕ ਨਿਵੇਕਲੀ ਪਹਿਲ ਕਰਦਿਆਂ ਜ਼ਿਲ੍ਹੇ ਵਿਚਲੇ ਪੇਂਡੂ ਤੇ ਸ਼ਹਿਰੀ ਖੇਤਰ ਦੇ ਸਵੈ ਸਹਾਇਤਾ ਸਮੂਹਾਂ ਨਾਲ ਜੁੜ ਕੇ ਕੰਮ ਕਰ ਰਹੀਆਂ ਔਰਤਾਂ ਨੂੰ ਆਪਣਾ ਸਾਮਾਨ ਵੇਚਣ ਲਈ ਪਲੇਟਫ਼ਾਰਮ ਮੁਹੱਈਆ ਕਰਵਾਉਣ ਦੇ ਮਕਸਦ ਤਹਿਤ 2 ਅਤੇ 3 ਅਗਸਤ (ਦਿਨ ਸ਼ਨੀਵਾਰ ਤੇ ਐਤਵਾਰ) ਨੂੰ ਪੁਰਾਣੇ ਬੱਸ ਅੱਡਾ ਗੁਰਦਾਸਪੁਰ ਵਿਖੇ 'ਉਮੀਦ ਬਾਜ਼ਾਰ' ਲਗਾਇਆ ਜਾ ਰਿਹਾ ਹੈ। ਬਾਜ਼ਾਰ ਵਿਚ ਜਿੱਥੇ ਸਵੈ ਸਹਾਇਤਾ ਸਮੂਹਾਂ ਨਾਲ ਜੁੜੀਆਂ ਔਰਤਾਂ ਆਪਣੇ ਉਤਪਾਦ ਵਾਜਬ ਰੇਟਾਂ ਉਪਰ ਵੇਚਣਗੀਆਂ ਉਥੇ ਜ਼ਿਲ੍ਹੇ ਦੇ ਅਗਾਂਹਵਧੂ ਕਿਸਾਨ ਵੀ ਵਿਸ਼ੇਸ਼ ਸਟਾਲ ਲਗਾ ਕੇ ਆਪਣੇ ਖੇਤੀ ਉਤਪਾਦ ਵੇਚਣਗੇ। 'ਉਮੀਦ ਬਜ਼ਾਰ' ਦੀਆਂ ਤਿਆਰੀਆਂ ਨੂੰ ਲੈ ਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ, ਆਈਏਐੱਸ. ਅਤੇ ਐੱਸਡੀਐੱਮ ਦੀਨਾਨਗਰ ਜਸਪਿੰਦਰ ਸਿੰਘ ਭੁੱਲਰ ਆਈਏਐੱਸ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਉਨ੍ਹਾਂ ਅਧਿਕਾਰੀ ਨੂੰ ਹਦਾਇਤ ਕੀਤੀ ਕਿ ਉਹ ਉਮੀਦ ਬਜ਼ਾਰ ਮੇਲੇ ਨੂੰ ਕਾਮਯਾਬ ਕਰਨ ਆਪਣੀਆਂ ਡਿਊਟੀਆਂ ਨੂੰ ਪੂਰੀ ਤਨਦੇਹੀ ਨਾਲ ਨਿਭਾਉਣ ਅਤੇ ਸਮਾਂ ਰਹਿੰਦੇ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਜਾਣ। ਬਾਜ਼ਾਰ ਦਾ ਸਮਾਂ 2 ਤੇ 3 ਅਗਸਤ ਨੂੰ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ ਹੋਵੇਗਾ। ਬੱਚਿਆਂ ਦੇ ਮਨੋਰੰਜਨ ਲਈ ਪੰਘੂੜੇ ਤੇ ਖਾਣ-ਪੀਣ ਲਈ ਫੂਡ ਸਟਾਲ ਵੀ ਲਗਾਏ ਜਾਣਗੇ।

# ਸਾਬਕਾ ਮੁੱਖ ਮੰਤਰੀ ਚੰਨੀ ਨੂੰ 'ਸੰਸਦ ਰਤਨ ਐਵਾਰਡ' ਮਿਲਣ 'ਤੇ ਦਿੱਤੀ ਵਧਾਈ

ਜੰਡਿਆਲਾ ਗੁਰੂ(ਹਰਿੰਦਰ ਪਾਲ ਸਿੰਘ): ਜੰਡਿਆਲਾ ਗੁਰੂ ਦੇ ਪਿੰਡ ਅਮਰਕੋਟ ਦੇ ਯੂਥ ਵਿੰਗ ਦੇ ਜਨਰਲ ਸਕੱਤਰ ਨਵਤੇਜ ਸਿੰਘ ਨੇ ਆਪਣੇ ਸਾਥੀਆਂ ਸਮੇਤ ਪੰਜਾਬ ਦੇ ਹਰਦਿਲ ਅਜ਼ੀਜ਼ ਨੇਤਾ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਸੰਸਦ ਰਤਨ ਐਵਾਰਡ ਮਿਲਣ ਤੇ ਉਨ੍ਹਾਂ ਦੇ ਗ੍ਰਹਿ ਵਿਖੇ ਦਿੱਤੀ ਵਧਾਈ, ਚੰਨੀ ਨੇ ਨਵਤੇਜ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਜਲਦੀ ਹੀ ਉਨ੍ਹਾਂ ਦੇ ਪਿੰਡ ਅਮਰਕੋਟ ਪਹੁੰਚ ਕੇ ਪੰਚਾਂ ਸਰਪੰਚਾਂ ਨਾਲ ਮੀਟਿੰਗ ਕਰਨਗੇ। ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਨਵਤੇਜ ਸਿੰਘ ਅਮਰਕੋਟ ਤੇ ਉਨ੍ਹਾਂ ਦੇ ਸਾਥੀਆਂ ਨੇ ਸਾਬਕਾ ਮੁੱਖ ਮੰਤਰੀ ਪੰਜਾਬ ਅਤੇ ਜਲੰਧਰ ਤੋਂ ਮੈਂਬਰ ਪਾਰਲੀਮੈਂਟ ਚਰਨਜੀਤ ਸਿੰਘ ਚੰਨੀ ਨੂੰ ਸੰਸਦ ਰਤਨ ਐਵਾਰਡ ਮਿਲਣ 'ਤੇ ਵਧਾਈਆਂ ਦਿੱਤੀਆਂ।ਇਸ ਮੌਕੇ ਚੰਨੀ ਤੇ ਨਵਤੇਜ ਸਿੰਘ ਅਮਰਕੋਟ ਨੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਵਿਚਾਰ ਵਟਾਂਦਰਾ ਵੀ ਕੀਤਾ।ਇਸ ਮੌਕੇ ਨਵਤੇਜ ਸਿੰਘ ਅਮਰਕੋਟ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਚੰਨੀ ਨੇ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਜਲਦੀ ਹੀ ਪਿੰਡ ਅਮਰਕੋਟ ਵਿਖੇ ਨਵਤੇਜ ਸਿੰਘ ਦੇ ਗ੍ਰਹਿ ਵਿਖੇ ਪਹੁੰਚ ਕੇ ਇਲਾਕੇ ਦੇ ਸਰਪੰਚਾਂ, ਪੰਚਾਂ, ਬਲਾਕ ਸੰਮਤੀ ਮੈਂਬਰਾਂ, ਜ਼ਿਲਾ ਪ੍ਰੀਸ਼ਦ ਮੈਂਬਰਾਂ ਤੇ ਹੋਰ ਪਾਰਟੀ ਆਗੂਆਂ ਨਾਲ ਮੀਟਿੰਗ ਕਰਨਗੇ।ਇਸ ਮੌਕੇ ਕੈਪਟਨ ਭੁਪਿੰਦਰ ਸਿੰਘ, ਬਲਰਾਜ ਸਿੰਘ, ਭਾਈ ਅਮਰੀਕ, ਸੁਖਬੀਰ ਸਿੰਘ, ਸੁਖਪ੍ਰੀਤ ਸਿੰਘ, ਦਿਲਬਾਗ ਸਿੰਘ, ਅਮਰਦੀਪ ਸਿੰਘ ਅਤੇ ਅਮਰੀਕ ਸਿੰਘ ਆਦਿ ਹਾਜ਼ਰ ਸਨ।



# ਨਸ਼ਿਆਂ ਦੇ ਖਾਤਮੇ ਲਈ ਲੋਕ ਸਰਕਾਰ ਦਾ ਸਾਥ ਦੇਣ: ਤਲਬੀਰ ਗਿੱਲ

ਮਜੀਠਾ (ਸੋਇਮ ਆਨੰਦ)-ਆਮ ਆਦਮੀ ਪਾਰਟੀ ਵੱਲੋਂ ਸੂਬੇ ਵਿੱਚ ਨਸ਼ੇ ਦੇ ਖਾਤਮੇ ਲਈ ਸ਼ੁਰੂ ਕੀਤੀ ਮੁਹਿੰਮ ਤਹਿਤ ਕਸਬਾ ਮਜੀਠਾ ਦੇ ਪਿੰਡ ਤਲਵੰਡੀ ਖੁੰਮਣ, ਰੰਗੀਰਪੁਰਾ, ਮੁਗੋ ਸੋਹੀ, ਚਾਚੋਵਾਲੀ, ਤਲਵੰਡੀ ਦਸੰਦਾ ਸਿੰਘ ਆਦਿ ਪਿੰਡਾਂ ਵਿੱਚ ਵੱਡੀ ਪੱਧਰ 'ਤੇ ਪਿੰਡਾਂ ਦੇ ਲੋਕਾਂ ਨੂੰ ਨਸ਼ੇ ਦੇ ਖਾਤਮੇ ਲਈ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਦਾ ਸਾਥ ਦੇਣ ਦੀ ਅਪੀਲ ਕੀਤੀ ਗਈ ਅਤੇ ਲੋਕਾਂ ਨੂੰ ਨਸ਼ਾ ਤਸਕਰਾਂ ਨੂੰ ਫੜਾਉਣ ਅਤੇ ਨਸ਼ਾ ਨਾ ਕਰਨ ਦੀਆਂ ਕਸਮਾਂ ਖਵਾਈਆਂ ਗਈਆਂ। ਇਸ ਮੌਕੇ ਪਿੰਡ ਵਾਸੀਆਂ ਨੇ ਤਲਬੀਰ ਗਿੱਲ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਪਿੰਡਾਂ ਵਿੱਚੋਂ ਨਸ਼ੇ ਦੇ ਖਾਤਮੇ ਲਈ ਸਰਕਾਰ ਦਾ ਹਰ ਪੱਧਰ 'ਤੇ ਸਾਥ ਦੇਣਗੇ ਅਤੇ ਸਰਕਾਰ ਦਾ ਧੰਨਵਾਦ ਵੀ ਕਰਦੇ ਹਨ ਕਿ ਇਹ ਸੂਬੇ ਦੀ ਪਹਿਲੀ ਸਰਕਾਰ ਹੈ ਜੋ ਨਸ਼ਿਆਂ ਵਿਰੁੱਧ ਮੁਹਿੰਮ ਚਲਾ ਕੇ ਨਸ਼ੇ ਦੇ ਖਾਤਮੇ ਲਈ ਲੋਕਾਂ ਨੂੰ ਜਾਗ੍ਰਿਤ ਕਰ ਰਹੀ ਹੈ। ਇਸ ਮੌਕੇ ਸਰਪੰਚ ਬਲਵਿੰਦਰ ਸਿੰਘ ਮਰੜੀ, ਜਥੇਦਾਰ ਸਵਰਨਜੀਤ ਸਿੰਘ ਕਰਾਲੀਆ, ਸਰਪੰਚ ਪਰਮਿੰਦਰ ਸਿੰਘ, ਸਰਪੰਚ ਰਾਜਕੁਮਾਰ ਲੁੱਧੜ, ਗਿਆਨੀ ਕਿਰਪਾਲ ਸਿੰਘ ਲਾਲੀ, ਸਰਪੰਚ ਸਾਹਿਬ ਸਿੰਘ ਰੰਗੀਲਪੁਰ, ਮਨਿੰਦਰ ਸਿੰਘ ਮਰੜੀ ਖੁਰਦ, ਦਲਜੀਤ ਸਿੰਘ, ਬਾਬਾ ਸੁਖਚੈਨ ਸਿੰਘ, ਗੁਰਵਿੰਦਰ ਪਾਲ ਸਿੰਘ ਮਿੰਟਾ, ਮਨਜੀਤ ਸਿੰਘ ਕਾਹਲੋਂ, ਜਥੇਦਾਰ ਨੱਥਾ ਸਿੰਘ, ਬਲਵੀਰ ਸਿੰਘ ਬੋਪਾਰਾਏ, ਸਰਪੰਚ ਜਗਦੀਸ਼ ਸਿੰਘ, ਧਰਮ ਸਿੰਘ, ਜਗਪ੍ਰੀਤ ਸਿੰਘ, ਜਗਮੋਹਨ ਸਿੰਘ, ਕਾਬਲ ਸਿੰਘ ਕੰਡੇ ਆਦਿ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ ।




# ਆਰ ਡੀ ਖੋਸਲਾ ਸਕੂਲ ਦੀ ਖੋ-ਖੋ ਟੀਮ ਨੇ ਜ਼ੋਨਲ ਪੱਧਰ 'ਤੇ ਗੋਲਡ ਮੈਡਲ ਜਿੱਤਿਆ

ਬਟਾਲਾ (ਤਰਲੋਕ ਬੱਗਾ)-ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੀ ਖੇਡ ਪ੍ਰਤਿਭਾ ਦੀ ਇੱਕ ਹੋਰ ਵੱਡੀ ਪ੍ਰਾਪਤੀ ਵਿੱਚ ਖੋ-ਖੋ ਟੀਮ ਨੇ ਪੰਜਾਬ ਸਕੂਲ ਖੇਡਾਂ ਦੇ ਜ਼ੋਨਲ ਪੱਧਰ ਦੇ ਟੂਰਨਾਮੈਂਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਗੋਲਡ ਮੈਡਲ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਇਸ ਸ਼ਾਨਦਾਰ ਪ੍ਰਦਰਸ਼ਨ ਦੇ ਆਧਾਰ ਤੇ ਟੀਮ ਨੂੰ ਹੁਣ ਜ਼ਿਲ੍ਹਾ ਪੱਧਰੀ ਮੁਕਾਬਲੇ ਲਈ ਚੁਣਿਆ ਗਿਆ ਹੈ।ਮੁਕਾਬਲੇ ਦੌਰਾਨ ਟੀਮ ਨੇ ਸ਼ਾਨਦਾਰ ਤਾਲਮੇਲ, ਰਣਨੀਤੀ ਅਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ, ਜਿਸ ਨੇ ਸਾਰਿਆਂ ਨੂੰ ਪ੍ਰਭਾਵਿਤ ਕੀਤਾ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰ. ਡਾ. ਬਿੰਦੂ ਭੱਲਾ ਨੇ ਟੀਮ ਦੇ ਮੈਂਬਰਾਂ ਲਵਪ੍ਰੀਤ ਸਿੰਘ, ਗੁਰਕੀਰਤ ਸਿੰਘ, ਰੋਹਨਪ੍ਰੀਤ ਸਿੰਘ, ਗੁਰਕੀਰਤ ਸਿੰਘ ਸੰਧੂ, ਦਿਲਸ਼ਾਂਤ ਸਿੰਘ, ਅੰਮ੍ਰਿਤਪਾਲ ਸਿੰਘ, ਹਰਸ਼ਿਤ, ਏਕਮਜੋਤ ਸਿੰਘ, ਗੁਰਪ੍ਰਤਾਪ ਸਿੰਘ, ਮਨਰਾਜ ਸਿੰਘ, ਹਾਵਿਸ਼ ਸ਼ਰਮਾ ਅਤੇ ਮਨੀਸ਼ ਨੂੰ ਇਸ ਪ੍ਰਾਪਤੀ ਤੇ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਉਮੀਦ ਕੀਤੀ।

ਉਨ੍ਹਾਂ ਵਿਦਿਆਰਥੀਆਂ ਦੇ ਮਾਪਿਆਂ ਅਤੇ ਕੋਚ ਰਾਜਬੀਰ ਸਿੰਘ ਨੂੰ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਖਿਡਾਰੀਆਂ ਨੇ ਸਖ਼ਤ ਮਿਹਨਤ ਅਤੇ ਅਨੁਸ਼ਾਸਨ ਦੇ ਬਲਬੂਤੇ ਇਹ ਮੁਕਾਮ ਹਾਸਲ ਕੀਤਾ ਹੈ।ਉਨ੍ਹਾਂ ਖਿਡਾਰੀਆਂ ਦੇ ਇਸ ਬੇਮਿਸਾਲ ਪ੍ਰਦਰਸ਼ਨ 'ਤੇ ਮਾਣ ਪ੍ਰਗਟ ਕੀਤਾ ਅਤੇ ਉਮੀਦ ਪ੍ਰਗਟ ਕੀਤੀ ਕਿ ਉਹ ਜ਼ਿਲ੍ਹਾ ਪੱਧਰ 'ਤੇ ਵੀ ਆਪਣੀ ਪ੍ਰਤਿਭਾ ਦਾ ਸਬੂਤ ਦੇਣਗੇ।



# ਮਾਂ ਛਿਨ ਮਸਤਿਕਾ ਅੰਨਪੂਰਣਾ ਬਾਲਾ ਜੀ ਲੰਗਰ ਕਮੇਟੀ ਨੇ ਲੰਗਰ ਭੰਡਾਰਾ ਲਾਇਆ

ਜੰਡਿਆਲਾ ਗੁਰੂ(ਹਰਿੰਦਰ ਪਾਲ ਸਿੰਘ):ਜੰਡਿਆਲਾ ਦੇ ਡਾਲੀਆਣਾ ਮੰਦਿਰ ਵਿੱਚ ਮਾਂ ਛਿਨ ਮਸਤਿਕਾ ਅੰਨਪੂਰਣਾ ਬਾਲਾ ਜੀ ਲੰਗਰ ਕਮੇਟੀ ਵੱਲੋਂ ਲੰਗਰ ਭੰਡਾਰਾ ਲਾਇਆ ਗਿਆ। ਪ੍ਰਧਾਨ ਸੁਖਦੇਵ ਰਾਜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਲੰਗਰ ਭੰਡਾਰਾ ਸਾਉਣ ਦੇ ਮਹੀਨੇ ਵਿੱਚ ਪੂਰੇ ਸੱਤ ਦਿਨ ਲਗਾਤਾਰ ਚੱਲਦਾ ਹੈ ਜਿਸ ਵਿੱਚ ਵੱਖ-ਵੱਖ ਤਰ੍ਹਾਂ ਦੇ ਪਕਵਾਨ ਬਣਾਏ ਜਾਂਦੇ ਹਨ। ਇਹ ਲੰਗਰ ਭੰਡਾਰਾ ਸ਼ਾਮ ਦੇ 6 ਵਜੇ ਤੋਂ ਲੈ ਕੇ ਰਾਤ ਦੇ 12 ਵਜੇ ਤੱਕ ਚੱਲਦਾ ਹੈ ਜਿਸ ਵਿੱਚ ਸਾਰੇ ਜੰਡਿਆਲਾ ਵਾਸੀ ਲੰਗਰ ਛੱਕਦੇ ਹਨ। ਇਸ ਲੰਗਰ ਵਿੱਚ ਸੇਵਾਦਾਰ ਆਪਣੀ ਸੇਵਾ ਨਿਭਾ ਕੇ ਮਾਤਾ ਜੀ ਦਾ ਅਸ਼ੀਰਵਾਦ ਪ੍ਰਾਪਤ ਕਰਦੇ ਹਨ।ਇਸ ਲੰਗਰ ਕਮੇਟੀ ਵਿੱਚ ਵੱਖ-ਵੱਖ ਤਰ੍ਹਾਂ ਦੇ ਪਕਵਾਨ ਪਕਾਏ ਜਾਂਦੇ ਹਨ ਜਿਵੇਂ ਕਿ ਚੌਲ, ਛੋਲੇ, ਪਨੀਰ, ਦਾਲ, ਕੜ੍ਹੀ, ਰੁਮਾਲੀ ਫੁਲਕੇ, ਛੋਲੇ ਤੇ ਭਠੂਰੇ ਆਦਿ ਵਰਤਾਏ।ਲੰਗਰ ਕਮੇਟੀ ਦੇ ਪ੍ਰਧਾਨ ਸੁਖਦੇਵ ਰਾਜ, ਰਜੇਸ਼ ਢੀਂਗਰਾ, ਮਨੋਜ ਕੁਮਾਰ ਬਿੱਟੂ, ਸਤੀਸ਼ ਕੁਮਾਰ, ਰਮਨ ਕੁਮਾਰ, ਅਮਿਤ ਕੁਮਾਰ, ਮਿੰਟੂ ਜੈਨ, ਰਜਨੀਸ਼ ਠੇਕੇਦਾਰ, ਆਨੰਦ ਹਲਵਾਈ, ਨਰੇਸ਼ ਕੁਮਾਰ ਸਾਰੇ ਹੀ ਸੇਵਾਦਾਰ ਹਾਜ਼ਰ ਸਨ।



# ਸੀ ਐੱਚ ਸੀ ਸਰਹਾਲੀ ਵਿਖੇ ਵਿਸ਼ਵ ਹੈਪੇਟਾਈਟਸ ਦਿਵਸ ਮਨਾਇਆ

ਚੋਹਲਾ ਸਾਹਿਬ (ਰਮਨ ਚੱਢਾ)-ਸਿਵਲ ਸਰਜਨ ਤਰਨ ਤਾਰਨ ਡਾਕਟਰ ਗੁਰਪ੍ਰੀਤ ਸਿੰਘ ਰਾਏ, ਜ਼ਿਲ੍ਹਾ ਟੀਕਾਕਰਨ ਅਫਸਰ ਡਾਕਟਰ ਵਰਿੰਦਰਪਾਲ ਕੌਰ, ਜ਼ਿਲ੍ਹਾ ਐਪੀਡੀਮੋਲੋਜਿਸਟ ਡਾਕਟਰ ਰਾਘਵ ਗੁਪਤਾ ਅਤੇ ਪ੍ਰੋਗਰਾਮ ਅਫਸਰ ਡਾਕਟਰ ਰਣਦੀਪ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀ ਐੱਚ ਸੀ ਸਰਹਾਲੀ ਦੀ ਯੋਗ ਅਗਵਾਈ ਹੇਠ ਸੀ ਐੱਚ ਸੀ ਸਰਹਾਲੀ ਵਿਖੇ ਵਿਸ਼ਵ ਹੈਪੇਟਾਈਟਸ ਦਿਵਸ ਮਨਾਇਆ ਗਿਆ।

ਇਸ ਸਮੇਂ ਡਾਕਟਰ ਜਤਿੰਦਰ ਸਿੰਘ ਗਿੱਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਨਮ ਤੋਂ 24 ਘੰਟੇ ਦੇ ਅੰਦਰ ਅੰਦਰ ਕਾਲੇ ਪੀਲੀਏ (ਹੈਪੇਟਾਈਟਸ ਬੀ) ਤੋਂ ਬਚਾਅ ਵਾਲਾ ਇੱਕ ਟੀਕਾ ਜ਼ਰੂਰ ਲਗਵਾਓ। ਇਹ ਟੀਕਾ ਸਾਰੇ ਸਰਕਾਰੀ ਹਸਪਤਾਲਾਂ ਵਿਚ ਮੁਫ਼ਤ ਲਗਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਹੈਪੇਟਾਈਟਸ ਜਿਗਰ ਦੇ ਕੈਂਸਰ ਦਾ ਮੁੱਖ ਕਾਰਨ ਹੈ। ਹੈਪੇਟਾਈਟਸ ਬੀ ਅਤੇ ਸੀ ਲਈ ਟੈਸਟ ਜ਼ਰੂਰ ਕਰਵਾਓ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਸਾਰੇ ਸੈਂਟਰਾਂ ਵਿਖੇ ਮੁਫ਼ਤ ਸਕ੍ਰੀਨਿੰਗ ਅਤੇ ਇਸਦਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ। ਇਸ ਸਮੇਂ ਜਤਿੰਦਰ ਕੌਰ ਐੱਲਟੀ, ਰੁਪਿੰਦਰ ਕੌਰ ਸਟਾਫ ਨਰਸ, ਜਸਪਿੰਦਰ ਸਿੰਘ ਹੈਲਥ ਵਰਕਰ, ਕਰਨਜੀਤ ਸਿੰਘ ਕਲਰਕ, ਗੁਰਪਵਿੱਤਰ ਸਿੰਘ ਹੈਲਥ ਵਰਕਰ, ਅਭੀਜੀਤ ਸਿੰਘ ਐਕਸਰੇ ਵਿਭਾਗ, ਨਰਿੰਦਰ ਸਿੰਘ ਆਦਿ ਹਾਜ਼ਰ ਸਨ।



# ਲੈਂਡ ਪੂਲਿੰਗ ਨੀਤੀ ਕਿਸਾਨ ਮਾਰੂ : ਅਕਾਲੀ ਆਗੂ



ਚੋਹਲਾ ਸਾਹਿਬ (ਰਮਨ ਚੱਢਾ)-ਸ਼੍ਰੋਮਣੀ ਅਕਾਲੀ ਦਲ ਚੋਹਲਾ ਸਾਹਿਬ ਦੀ ਵਰਕਰ ਮੀਟਿੰਗ ਸਰਕਾਰ ਦੀ ਲੈਂਡ ਪੂਲਿੰਗ ਨੀਤੀ ਨਾਲ ਸਬੰਧਤ ਹੋਈ ਜਿਸ ਵਿਚ ਅਕਾਲੀ ਆਗੂਆਂ ਇਸ ਨੀਤੀ ਨੂੰ ਕਿਸਾਨਾਂ ਲਈ ਮਾਰੂ ਦੱਸਿਆ। ਕਿਸਾਨ ਆਗੂ ਗੁਰਦੇਵ ਸਿੰਘ ਚੋਹਲਾ ਤੇ ਦਿਲਬਰ ਸਿੰਘ ਨੇ ਦੱਸਿਆ ਕਿ 65000 ਏਕੜ ਜ਼ਮੀਨ ਭਾਰਤ ਮਾਲਾ ਤਹਿਤ ਐਕਵਾਇਰ ਹੋ ਚੁੱਕੀ ਹੈ। ਸਰਕਾਰ ਦਾ ਇਹ ਕਦਮ ਪੂੰਜੀਪਤੀਆਂ ਨਾਲ ਸੌਦਾ ਹੈ। ਇਹ ਲੋਕ 2027 ਦੀ ਇਲੈਕਸ਼ਨ ਲਈ ਪੈਸੇ ਇਕੱਠੇ ਕਰਨਾ ਚਾਹੁੰਦੇ ਹਨ ਜੋ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਅਸੀਂ ਅਪੀਲ ਕਰਦੇ ਹਾਂ ਕਿ ਇਸ ਮਸਲੇ 'ਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਦਾ ਸਟੈਂਡ ਸਪੱਸ਼ਟ ਹੈ ਜੋ ਕਿਸਾਨਾਂ ਦੇ ਹਿੱਤਾਂ ਵਿੱਚ ਹੈ। ਆਪਾਂ ਸਾਰੇ ਸਾਥ ਦਈਏ ਤਾਂ ਕਿ ਇਸ ਲੁੱਟ ਨੂੰ ਰੋਕਿਆ ਜਾ ਸਕੇ। ਇਸ ਮੌਕੇ ਸਾਬਕਾ ਸਰਪੰਚ ਅਮਰੀਕ ਸਿੰਘ, ਮਨਜਿੰਦਰ ਸਿੰਘ ਲਾਟੀ, ਡਾ. ਜਤਿੰਦਰ ਸਿੰਘ, ਅਵਤਾਰ ਸਿੰਘ, ਹਰਜਿੰਦਰ ਸਿੰਘ ਆੜ੍ਹਤੀ, ਸੁਖਦੇਵ ਸਿੰਘ, ਬਲਬੀਰ ਸਿੰਘ ਘੈਣਾ, ਜਗਰੂਪ ਸਿੰਘ ਪੱਖੋਪੁਰਾ, ਹਰਬੰਸ ਸਿੰਘ ਸੂਬੇਦਾਰ, ਕੁਰਿੰਦਰ ਸਿੰਘ ਨਿੱਕਾ ਚੋਹਲਾ, ਰੇਸ਼ਮ ਸਿੰਘ ਬਾਦਸ਼ਾਹ, ਗੁਰਦਿਆਲ ਸਿੰਘ ਸੈਕਟਰੀ, ਸੀਨੀਅਰ ਅਕਾਲੀ ਆਗੂ ਸਤਨਾਮ ਸਿੰਘ ਚੋਹਲਾ ਸਾਹਿਬ ਨੇ ਵੀ ਨੀਤੀ ਦੀ ਜ਼ੋਰਦਾਰ ਸ਼ਬਦਾਂ ਵਿਚ ਨਿਖੇਧੀ ਕੀਤੀ।

# ਪ੍ਰਭਜੋਤ ਕੌਰ ਸੋਖੀ ਦੇ ਸਿਰ ਸਜਿਆ ਰੋਟਰੀ ਕਲੱਬ ਕੈਂਟ ਦੀ ਪ੍ਰਧਾਨਗੀ ਦਾ ਤਾਜ

ਅੰਮ੍ਰਿਤਸਰ (ਅਰੋੜਾ): ਰੋਟਰੀ ਇੰਟਰਨੈਸ਼ਨਲ ਵੱਲੋਂ ਨਿਰਧਾਰਿਤ ਨਿਯਮਾਂ ਦੇ ਅਨੁਸਾਰ ਰੋਟਰੀ ਕਲੱਬ ਅੰਮ੍ਰਿਤਸਰ ਕੈਂਟ ਦੇ ਸਾਬਕਾ ਪ੍ਰਧਾਨ ਡਾ. ਅਮਰਜੀਤ ਸਿੰਘ ਸਚਦੇਵਾ ਦਾ ਕਾਰਜਕਾਲ ਸੰਪੰਨ ਹੋਣ ਦੇ ਬਾਅਦ ਸਾਲ 2025-26 ਦੇ ਲਈ ਸੀਨੀਅਰ ਰੋਟੇਰੀਅਨ ਮੈਡਮ ਪ੍ਰਭਜੋਤ ਕੌਰ ਸੋਖੀ ਨੂੰ ਰੋਟਰੀ ਕੈਂਟ ਦੇ ਅਹੁਦੇ ਤੇ ਸੁਸ਼ੋਭਿਤ ਕੀਤਾ ਗਿਆ ਅਤੇ ਸਕੱਤਰ ਅਹੁਦੇ ਦੀ ਜ਼ਿੰਮੇਵਾਰੀ ਰੋਟੇਰੀਅਨ ਅੰਕੁਰ ਗੁਪਤਾ ਨੂੰ ਸੌਂਪੀ ਗਈ।ਸਮਾਗਮ ਵਿੱਚ ਰੋਟਰੀ 3070 ਦੇ ਗਵਰਨਰ ਰੋਹਿਤ ਆਬਰਾਏ ਮੁੱਖ ਮਹਿਮਾਨ, ਜ਼ੋਨਲ ਚੇਅਰਮੈਨ ਵਿਜੇ ਭਸੀਨ, ਸਾਬਕਾ ਗਵਰਨਰ ਡਾ. ਪੀ. ਐੱਸ ਗ੍ਰੋਵਰ ਖਾਸ ਮਹਿਮਾਨ ਵਜੋਂ ਸ਼ਾਮਿਲ ਹੋਏ।

ਸਾਬਕਾ ਪ੍ਰਧਾਨ ਅਮਰਜੀਤ ਸਿੰਘ ਦਾ ਕਾਰਜ ਭਾਰ ਲੈ ਕੇ ਨਵੇਂ ਬਣੇ ਪ੍ਰਧਾਨ ਮੈਡਮ ਪ੍ਰਭਜੋਤ ਕੌਰ ਸੋਖੀ ਨੂੰ ਸੌਂਪਿਆ ਗਿਆ।ਉਨ੍ਹਾਂ ਨੂੰ ਰੋਟਰੀ ਦੀ ਪ੍ਰਧਾਨਗੀ ਦਾ ਕਾਲਰ ਵੀ ਪਹਿਨਾਇਆ ਗਿਆ।ਨਵੇਂ ਬਣੇ ਪ੍ਰਧਾਨ ਮੈਡਮ ਸੋਖੀ ਨੇ ਆਪਣੇ ਕਾਰਜਕਾਲ ਵਿੱਚ ਕੀਤੇ ਜਾਣ ਵਾਲੇ ਪ੍ਰਾਜੈਕਟਾਂ ਦਾ ਵਰਨਣ ਕੀਤਾ।ਡਾ. ਅਮਰਜੀਤ ਨੇ ਕਿਹਾ ਕਿ ਮੈਨੂੰ ਇਸ ਗੱਲ ਦੀ ਪੂਰੀ ਉਮੀਦ ਹੈ ਕਿ ਜੋ ਕੰਮ ਉਨ੍ਹਾਂ ਦੇ ਅਧੂਰੇ ਰਹਿ ਗਏ ਹਨ ਉਨ੍ਹਾਂ ਨੂੰ ਮੈਡਮ ਪ੍ਰਭਜੋਤ ਕੌਰ ਅਤੇ ਸਕੱਤਰ ਅੰਕੁਰ ਗੁਪਤਾ ਦੀ ਟੀਮ ਪੂਰਾ ਕਰੇਗੀ।ਇਸ ਮੌਕੇ ਤੇਜਪਾਲ ਸਿੰਘ ਸੋਖੀ, ਮਾਣਿਕਦੀਪ ਸਿੰਘ ਸੋਖੀ, ਹਰਨੂਰ ਕੌਰ, ਵਨੀਤਾ ਖੰਨਾ, ਐੱਚ. ਐੱਸ. ਜੋਗੀ, ਰਕੇਸ਼ ਕਪੂਰ, ਰੋਟੇਰੀਅਨ ਰੋਬਿਨ, ਸਾਬਕਾ ਪ੍ਰਧਾਨ ਏ. ਐੱਸ. ਤੁਲੀ, ਕੁਲਵਿੰਦਰ ਸਿੰਘ ਅਰੋੜਾ, ਰੋਹਿਤ ਅਰੋੜਾ, ਡਾ. ਕਰੁਣ ਧਵਨ, ਸੀਨੀਅਰ ਰੋਟੇਰੀਅਨ ਮਮਤਾ ਪੁਰੀ, ਡਾ. ਮਿਥਲੇਸ਼ਵਰ ਪ੍ਰਿੰ. ਰਿਪੁਦਮਨ ਮਲਹੋਤਰਾ, ਰੁਪਿੰਦਰ ਕਟਾਰੀਆ, ਸਾਬਕਾ ਸਹਾਇਕ ਗਵਰਨਰ ਉਪਕਾਰ ਸਿੰਘ ਛਾਬੜਾ, ਕੌਂਸਲਰ ਮਨਦੀਪ ਅਹੂਜਾ, ਕਪਿਲ ਮੇਹਰਾ, ਸਹਾਇਕ ਗਵਰਨਰ ਅਮਨਦੀਪ ਸਿੰਘ ਸਹਿਤ ਰੋਟਰੀ ਕਲੱਬ ਕੈਂਟ ਦੇ ਸਮੂਹ ਮੈਂਬਰ ਮੌਜੂਦ ਸਨ।




# ਪੰਜਾਬ ਨੂੰ ਨਸ਼ਿਆਂ ਦੇ ਡੂੰਘੇ ਵਹਿਣਾਂ 'ਚ ਠੇਲਣ ਵਿੱਚ ਕਾਂਗਰਸੀ ਤੇ ਅਕਾਲੀ-ਭਾਜਪਾ ਸਰਕਾਰਾਂ ਦਾ ਬਹੁਤ ਵੱਡਾ ਰੋਲ: ਧਾਲੀਵਾਲ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**-ਵਿਧਾਨ ਸਭਾ ਹਲਕਾ ਅਜਨਾਲਾ ਦੇ ਵਿਧਾਇਕ ਅਤੇ ਸਾਬਕਾ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਹਲਕੇ ਦੇ ਪਿੰਡਾਂ ਚੇਤਨਪੁਰਾ, ਕੰਦੋਵਾਲੀ, ਸੰਤੂਨੰਗਲ ਅਤੇ ਪਠਾਨ ਨੰਗਲ ਵਿਖੇ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਚਲਾਈ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜਾਗਰੂਕ ਰੈਲੀਆਂ ਵਿੱਚ ਹਿੱਸਾ ਲਿਆ ਅਤੇ ਇਸ ਸਮੇਂ ਇਕੱਤਰ ਹੋਏ ਅਧਿਕਾਰੀਆਂ ਅਤੇ ਆਮ ਲੋਕਾਂ ਨੂੰ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਸਾਰਿਆਂ ਨੂੰ ਇਕੱਠੇ ਹੋ ਕੇ ਹਮਲਾ ਮਾਰਨ ਦੀ ਅਪੀਲ ਕਰਦਿਆਂ ਹਲਫ ਦਵਾਇਆ।ਸ੍ਰੀ ਧਾਲੀਵਾਲ ਨੇ ਰੈਲੀਆਂ ਸ਼ਾਮਿਲ ਹੋਏ ਵੱਡੀ ਗਿਣਤੀ ਲੋਕਾਂ ਨੂੰ ਮੁਖਾਤਿਬ ਹੁੰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਵਲੋਂ ਪਿਛਲੇ ਕਰੀਬ 5 ਮਹੀਨਿਆਂ ਤੋਂ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਨਸ਼ਿਆਂ ਵਿਰੁੱਧ ਜ਼ੋਰਦਾਰ ਤਰੀਕੇ ਨਾਲ ਯੁੱਧ ਵਿੱਢਿਆ ਹੋਇਆ ਹੈ, ਜਿਸ ਨੂੰ ਰਿਕਾਰਡ ਤੋੜ ਸਫਲਤਾ ਮਿਲ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਨੂੰ ਨਸ਼ਿਆਂ ਦੇ ਡੂੰਘੇ ਵਹਿਣਾਂ ਵਿੱਚ ਠੇਲਣ ਵਿੱਚ ਪਿਛਲੀਆਂ ਕਾਂਗਰਸੀ ਅਤੇ ਅਕਾਲੀ + ਭਾਜਪਾ ਸਰਕਾਰਾਂ ਦਾ ਬਹੁਤ ਵੱਡਾ ਯੋਗਦਾਨ ਰਿਹਾ ਹੈ।ਉਨ੍ਹਾਂ ਕਿਹਾ ਕਿ ਬੜੇ ਦੁੱਖ ਦੀ ਗੱਲ ਹੈ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਦੀ ਸ਼ਲਾਘਾ ਕਰਨ ਅਤੇ ਆਪਣਾ ਭਰਪੂਰ ਯੋਗਦਾਨ ਪਾਉਣ ਦੀ ਬਜਾਏ ਉਲਟਾ ਕਾਂਗਰਸੀ ਅਤੇ ਅਕਾਲੀ ਭਾਜਪਾ ਆਗੂ ਨਸ਼ਿਆਂ ਦੇ ਸੌਦਾਗਰਾਂ ਦੀ ਪਿੱਠ 'ਤੇ ਆਏ ਹੋਏ ਹਨ ਅਤੇ ਉਹ ਬੁਖਲਾਹਟ ਅਤੇ ਬੇਚੈਨੀ ਵਿੱਚ ਆ ਕੇ ਉਨ੍ਹਾਂ ਦੇ ਹੱਕ ਵਿੱਚ ਬਿਆਨ ਦੇ ਰਹੇ ਹਨ, ਜਿਸ ਤੋਂ ਪ੍ਰਤੱਖ ਦਿਸ ਰਿਹਾ ਹੈ ਕਿ ਸਾਬਕਾ ਰਾਜ ਕਰਦੀਆਂ ਰਹੀਆਂ ਸਰਕਾਰਾਂ ਵਲੋਂ ਜੁਆਨੀ ਦਾ ਘਾਣ ਕਰਨ ਲਈ ਪੰਜਾਬ ਨੂੰ ਨਸ਼ਿਆਂ ਦੇ ਛੇਵੇਂ ਦਰਿਆ 'ਚ ਡੋਬਣ ਵਿੱਚ ਨਸ਼ਾ ਤਸਕਰਾਂ ਨੂੰ ਕਥਿਤ ਤੌਰ 'ਤੇ ਸਰਪ੍ਰਸਤੀ ਸਿੱਧੇ ਤੇ ਅਸਿੱਧੇ ਰੂਪ 'ਚ ਦਿੱਤੀ ਗਈ। ਉਹਨਾਂ ਰਵਾਇਤੀ ਰਾਜਸੀ ਵਿਰੋਧੀ ਪਾਰਟੀਆਂ ਨੂੰ ਨਸ਼ਿਆਂ ਦੇ ਪਸਾਰੇ ਲਈ ਸਿੱਧੇ ਤੌਰ ਕਟਹਿਰੇ 'ਚ ਕਥਿਤ ਤੌਰ ਤੇ ਜ਼ਿੰਮੇਵਾਰ ਹੋਣ ਲਈ ਖੜੇ ਕਰਦਿਆਂ ਇਹ ਵੀ ਕਿਹਾ ਕਿ ਪਵਿੱਤਰ ਸ੍ਰੀ ਗੁਟਕਾ ਸਾਹਿਬ ਫੜ ਕੇ ਸਿੱਖਾਂ ਦੇ ਪਵਿੱਤਰ ਤਖਤ ਸ੍ਰੀ ਦਮਦਮਾ ਸਾਹਿਬ ਵੱਲ ਮੂੰਹ ਕਰਕੇ ਨਸ਼ਿਆਂ ਦਾ 4 ਹਫਤਿਆਂ 'ਚ ਪੰਜਾਬ 'ਚੋਂ ਖਾਤਮਾ ਕਰਨ ਦੀ ਸਹੁੰ ਚੁੱਕਣ ਵਾਲੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਅੱਜ ਬੀਜੇਪੀ ਵਿੱਚ ਸ਼ਾਮਿਲ ਹੋ ਕੇ ਨਜ਼ਾਰੇ ਲੈ ਰਹੇ ਹਨ। ਸ੍ਰੀ ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਵਲੋਂ ਨਸ਼ਾ ਤਸਕਰਾਂ ਨੂੰ ਰੰਗੇ ਹੱਥੀ ਗ੍ਰਿਫਤਾਰ ਕੀਤਾ ਗਿਆ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਨਿਵੇਕਲੇ ਪੱਧਰ ਤੇ ਚਲਾਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇਸ਼ ਦੇ ਹੋਰਨਾਂ ਸੂਬਿਆਂ ਲਈ ਵੀ ਪ੍ਰੇਰਣਾ ਸਰੋਤ ਬਣੇਗੀ।ਇਸ ਮੌਕੇ ਖੁਸ਼ਪਾਲ ਸਿੰਘ ਧਾਲੀਵਾਲ, ਡੀ ਐੱਸ ਪੀ ਗੁਰਵਿੰਦਰ ਸਿੰਘ ਔਲਖ, ਬੀਡੀਪੀਓ ਪ੍ਰਗਟ ਸਿੰਘ, ਹਰਜੀਤ ਸਿੰਘ ਸਰਕਾਰੀਆ, ਮਾਰਕੀਟ ਕਮੇਟੀ ਅਜਨਾਲਾ ਦੇ ਚੇਅਰਮੈਨ ਬਲਦੇਵ ਸਿੰਘ ਬੱਬੂ ਚੇਤਨਪੁਰਾ, ਸਰਪੰਚ ਜਸਬੀਰ ਸਿੰਘ ਰਾਜਾ ਚੇਤਨਪੁਰਾ, ਸਰਪੰਚ ਜਸਬੀਰ ਸਿੰਘ ਸੰਤੂ ਨੰਗਲ, ਸਰਪੰਚ ਹਰਪ੍ਰੀਤ ਸਿੰਘ, ਉਂਕਾਰ ਸਿੰਘ ਸੁਖਦੇਵ ਸਿੰਘ ਸਾਬਕਾ ਸਰਪੰਚ, ਰਵੇਲ ਸਿੰਘ ਸਰਪੰਚ ਪਠਾਣ ਨੰਗਲ, ਸਾਬਕ ਸਰਪੰਚ ਸੁਖਪਾਲ ਸਿੰਘ ਕੰਦੋਵਾਲੀ, ਮੈਂਬਰ ਪੰਚਾਇਤ ਭੁਪਿੰਦਰ ਸਿੰਘ, ਪੰਚਾਇਤ ਜਗਦੀਪ ਸਿੰਘ, ਮੈਂਬਰ ਪੰਚਾਇਤ ਸ਼ਮਸ਼ੇਰ ਸਿੰਘ, ਪੰਚਾਇਤ ਬਲਕਾਰ ਸਿੰਘ, ਮੈਂਬਰ ਪੰਚਾਇਤ ਅਮਨਦੀਪ ਸਿੰਘ, ਯਾਦਵਿੰਦਰ ਸਿੰਘ ਯਾਦਾ ਅਤੇ ਹਰਿੰਦਰ ਸਿੰਘ ਕਲਸੀ ਹਾਜ਼ਰ ਸਨ।



**THIS IS A PUBLIC ANNOUNCEMENT FOR INFORMATION PURPOSES ONLY. THIS IS NOT A PROSPECTUS ANNOUNCEMENT AND DOES NOT CONSTITUTE AN INVITATION OR OFFER TO ACQUIRE, PURCHASE OR SUBSCRIBE TO SECURITIES. THIS PUBLIC ANNOUNCEMENT IS NOT INTENDED FOR RELEASE, PUBLICATION OR DISTRIBUTION DIRECTLY OR INDIRECTLY OUTSIDE INDIA.**

TSC

# TSC INDIA LIMITED

**Corporate Identity Number: U63040PB2003PLC026209**

Our Company was originally incorporated as "TSC Travel Services Private Limited" on July 18, 2003, vide Registration no. 026209 (CIN: U63040PB2003PTC026209) under the provisions of the Companies Act, 1956 with the Registrar of Companies, Punjab, H.P. & Chandigarh. Further, our Company was converted into a Public Limited Company pursuant to shareholders resolution passed at the Extra-Ordinary General Meeting("EGM") of our Company held on June 06, 2024 and the name of the Company was changed to "TSC Travel Services Limited" and a Fresh Certificate of Incorporation dated August 01, 2024 bearing CIN: U63040PB2003PLC026209 wasissued by the Registrar of Companies, Central Registration Centre (CRC) . Subsequently, the name of our Company has been changed to "TSC India Limited" pursuant to the special resolution passed by the Shareholders of our Company at the EGMwhich was held on August 12, 2024, and Central Processing Centre issued a fresh Certificate of Incorporation dated September 02, 2024, upon change of the name of the Company. Currently, the Corporate Identification Number of our Company is U63040PB2003PLC026209. For further details please refer to chapter titled ***'History and Corporate Structure'*** beginning on page 142 of the Prospectus.

**Registered Office:** Office No. 3, 2nd Floor, Midland Financial Centre, Plot No. 21-22, G.T. Road, Jalandhar, Punjab, India, 144001**; Contact Person:** Sonia Gaba, Company Secretary & Compliance Officer; **Tel:** + 91-181-4288888; **E-mail:** cs@tscpl.biz; **Website:** www.tscindialimited.com, **Corporate Identity Number:** U63040PB2003PLC026209

## PROMOTERS OF OUR COMPANY: MR. ASHISH KUMAR MITTAL, MRS. PUJA MITTAL AND MR. VINAY GUPTA

Company has filed the Prospectus with the RoC and the Equity Shares are proposed to be listed on the Emerge Platform of National Stock Exchange of India Limited ("NSE") and trading of the Equity Shares Allotted pursuant to the Issue is expected to commence on Wednesday, July 30, 2025.

## BASIS OF ALLOTMENT

**INITIAL PUBLIC ISSUE OF 36,98,000 EQUITY SHARES OF FACE VALUE OF ₹ 10/- EACH ("EQUITY SHARES") OF TSC INDIA LIMITED ("COMPANY") FOR CASH AT A PRICE OF ₹ 70/- PER EQUITY SHARE (INCLUDING A SHARE PREMIUM OF ₹ 60/- PER EQUITY SHARE) ("ISSUE PRICE") AGGREGATING UP TO ₹ 2,588.60 LAKHS OUT OF WHICH 1,86,000 EQUITY SHARES OF FACE VALUE OF ₹ 10/- EACH FOR CASH AT A PRICE OF ₹ 70/- PER EQUITY SHARE INCLUDING A SHARE PREMIUM OF ₹ 60/- PER EQUITY SHARE AGGREGATING TO ₹ 130.20LAKHS WAS RESERVED FOR SUBSCRIPTION BY MARKET MAKER TO THE ISSUE (THE "MARKET MAKER RESERVATION PORTION"). THE ISSUE LESS MARKET MAKER RESERVATION PORTION i.e. NET ISSUE OF 35,12,000 EQUITY SHARES OF FACE VALUE OF ₹ 10/- EACH AT A PRICE OF ₹ 70/- PER EQUITY SHARE AGGREGATING TO ₹ 2,458.40LAKHS IS HEREIN AFTER REFERRED TO AS THE "NET ISSUE". THE ISSUE AND THE NET ISSUE WILL CONSTITUTE 26.32% AND 25.00% RESPECTIVELY OF THE POST ISSUE PAID UP EQUITY SHARE CAPITAL OF OUR COMPANY. THE FACE VALUE OF EQUITY SHARES IS ₹ 10/- EACH. THE ISSUE PRICE IS 7.0 TIMES THE FACE VALUE OF THE EQUITY SHARES.**

## THE FACE VALUE OF THE EQUITY SHARES IS ₹ 10/- EACH AND THE ISSUE PRICE IS ₹ 70/- PER EQUITY SHARE

| | | | |
|---|---|---|---|
| **Bid Opened On:** | Wednesday, July 23, 2025 | **Initiation of Unblocking of Funds/ refunds (T +1 Days)** | On or about, Monday, July 28, 2025 |
| **Bid Closed On (T day)** | Friday, July 25, 2025 | **Credit of Equity Shares to demat accounts of Allotees (T +2 Days)** | On or about, Tuesday, July 29, 2025 |
| **Finalization of basis of allotment with the Designated Stock Exchange/ Allotment of Securities (T +1 Day)** | On or about, Monday, 28 July 2025 | **Commencement of Trading of Equity Shares on the Stock Exchanges/Listing Date (T + 3 Days)** | On or about, Wednesday, July 30, 2025 |

## RISKS TO INVESTORS:

(i) The average cost of acquisition of Equity Shares acquired by the Promoters as on the date of the Prospectus is:

| Sr. No | Name of Promoter | No. of Equity Shares | Average cost of Acquisiti Price (in ₹ per equity share) |
|---|---|---|---|
| 1. | Ashish Kumar Mittal | 45,93,000 | 4.22 |
| 2. | Puja Mittal | 16,25,000 | 2.18 |
| 3. | Vinay Gupta | 27,91,250 | Nil |

**As certified by M/s. RishabAggarwal & Associates Chartered Accountants, by way of their certificate dated 14 July, 2025.*
Weighted Average Cost of Acquisition for all

(ii) Equity Shares transacted in one year, eighteen months and three years preceding the date of the Prospectus by all the shareholders:

| Period | Weighted Average Cost of Acquisition (in ₹) | Upper end of the Price band (₹ 70/-) is 'X' times the Weighted Average Cost of Acquisition | Range of acquisition price: Lowest Price - Highest Price (in ₹) |
|---|---|---|---|
| Last 1 year | - | - | - |
| Last 18 months | 10 | 7 | 7 |
| Last 3 years | 10 | 7 | 7 |

**As certified by M/s. RishabAggarwal & Associates, Chartered Accountants, by way of their certificate dated 14 July, 2025.*

(iii) The Price/Earnings ratio based on diluted EPS for Fiscal 2025 for our Company at upper band is 13.81 times.

(iv) Weighted Average Return on Net Worth for fiscals 2025, 2024 and 2023 is 38.03%.

(v) Weighted average cost of acquisition compared to floor price and cap price.

| Past Transactions | Weighted average cost of acquisition (₹) | Floor Price ₹ 68/- | Cap Price ₹ 70/- |
|---|---|---|---|
| Weighted average cost of acquisition (WACA) of primary issuances | 4.00 | 17.00 | 17.50 |
| Weighted average cost of acquisition (WACA) of secondary transactions | NA | NA | NA |

(vi) Our Company operations requires significant amount of working capital for a continuing growth. Our inability to meet our working capital requirements may adversely affect our results of operations.

(vii) Our business is significantly dependent on the global travel and tourism industry, and adverse developments in this industry could materially affect our operations, financial performance, and growth prospects.

(viii) Our offices, including our Registered Office and Branch Offices, are located on leased premises, and any disruption in these lease arrangements could adversely affect our business, operations, and financial performance.

(ix) Our business relies on a limited number of suppliers, and any adverse changes in these relationships or our inability to establish new ones could negatively impact our operations and financial performance.

(x) Our suppliers may modify the terms of our arrangements, including reducing or eliminating commissions, incentives, or other compensation payable to us, which could adversely affect our business, financial condition, and results of operations.

For further details on risk factors, kindly refer to section "*Risk Factors*" on page 32 of Prospectus.

## ISSUE PROGRAMME

**ANCHOR INVESTOR BIDDING DATE WAS: TUESDAY, JULY 22, 2025**

**ISSUE OPENED ON: WEDNESDAY, JULY 23, 2025**

**ISSUE CLOSED ON: FRIDAY, JULY 25, 2025**

**PROPOSED LISTING: WEDNESDAY, JULY 30, 2025**

The Equity Shares of our Company offered through the Red Herring Prospectus and Prospectus are proposed to be listed on the Emerge Platform of National Stock Exchange of India Limited ("NSE") in terms of the Chapter IX of the SEBI (ICDR) Regulations, 2018 as amended from time to time. Our Company has received an In-Principle approval letter dated May19, 2025 from NSE for using its name in the Red Herring Prospectus and Prospectus for listing of our shares on the EMERGE Platform of National Stock Exchange of India Limited. For the purposes of the Issue, the Designated Stock Exchange shall be Emerge Platform of National Stock Exchange of India Limited. It is to be distinctly understood that the permission given by NSE should not in any way be deemed or construed that the Issue Document has been cleared or approved by NSE nor does it certify the correctness or completeness of any of the contents of the Issue Document. The investors are advised to refer to the Prospectus for the full text of the *"Disclaimer Clause of the NSE"* on page 200of the Prospectus. **For the purpose of this issue the Stock Exchange will be NSE. The trading is proposed to be commenced on or about Wednesday, July 30, 2025 (Subject to receipt of listing and trading approval from NSE).**

This Issue was being made through the Book Building Process, in terms of Rule 19(2)(b) of the Securities Contracts (Regulation) Rules, 1957, as amended ("SCRR") read with Regulation 229 of the SEBI (ICDR) Regulations, 2018("SEBI ICDR Regulations ") and in compliance with Regulation 253 of the SEBI ICDR Regulations wherein not more than 50.00% of the Net Issue was made available for allocation on a proportionate basis to Qualified Institutional Buyers ("QIBs") (the "QIB Portion"), provided that our Company in consultation with the BRLM allocated 60.00% of the QIB Portion to Anchor Investors on a discretionary basis ("Anchor Investor Portion"). One-third of the Anchor Investor Portion was reserved for domestic Mutual Funds, subject to valid Bids received from the domestic Mutual Funds at or above the Anchor Investor Allocation Price in accordance with the SEBI ICDR Regulations. Further, 5.00% of the Net QIB Portion was available for allocation on a proportionate basis to Mutual Funds only, and the remainder of the Net QIB Portion was made available for allocation on a proportionate basis to all QIB Bidders, including Mutual Funds, subject to valid Bids received at or above the Issue Price. Further, not less than 15.00% of the Net Issue was made available for allocation on a proportionate basis to Non-Institutional Investors and not less than 35.00% of the Net Issue was made available for allocation to Retail Individual Investors in accordance with the SEBI ICDR Regulations, subject to valid Bids being received from them at or above the Issue Price. All Bidders, other than Anchor Investors, are required to participate in the Issue by mandatorily utilising the Application Supported by Blocked Amount ("ASBA") process by providing details of their respective ASBA Account (as defined hereinafter) in which the corresponding Bid Amounts were blocked by the Self Certified Syndicate Banks ("SCSBs") or under the UPI Mechanism, as the case may be, to the extent of respective Bid Amounts. Anchor Investors were not permitted to participate in the Issue through the ASBA process. For details, see *"Issue Procedure"* on page 222 of the Prospectus.

## SUBSCRIPTION DETAILS

**DETAILS OF THE APPLICATION:**

The Issue has received 26,295 applications for 36,98,000 Equity Shares (Including Market Maker Application of 1,86,000 Equity Shares) resulting 49.47 times subscription. The details of the applications received in the Issue from Individual Investors applied for minimum application size, Non-Institutional Investors, Qualified Institutional Investors, Anchor and Market Maker (before and after technical rejections & withdrawal) are as follows:

**DETAILS OF APPLICATIONS RECEIVED (BEFORE TECHNICAL REJECTIONS):**

| Sr No | Category | No of application | No of shares | Reserved | No of times subscription | Amount |
|---|---|---|---|---|---|---|
| 1 | Qualified Institutional Buyers (excluding Anchor Portion) | 18 | 2,81,82,000 | 7,02,000 | 40.15 | 4,91,40,000 |
| 2 | Individual Investors applied for minimum application size (2 Lots) | 20,645 | 8,25,80,000 | 12,32,000 | 67.03 | 8,62,40,000 |
| 3 | Non-Institutional Bidders-I | 2,098 | 1,33,02,000 | 1,76,000 | 75.58 | 1,23,20,000 |
| 4 | Non-Institutional Bidders-II | 3,528 | 5,72,58,000 | 3,52,000 | 162.66 | 2,46,40,000 |
| 5 | Market Maker | 1 | 1,86,000 | 1,86,000 | 1.00 | 1,30,20,000 |
| 6 | Anchor Investors | 5 | 14,32,000 | 10,50,000 | 1.36 | 7,35,00,000 |
| | **TOTAL** | **26,295** | **18,29,40,000** | **36,98,000** | **49.47** | **25,88,60,000** |

**DETAILS OF APPLICATIONS REJECTED BY THE REGISTRAR ON TECHNICAL GROUNDS ARE DETAILED BELOW:**

| Sr No | Category | No of applications | No of shares |
|---|---|---|---|
| 1 | Qualified Institutional Buyers (excluding Anchor Portion) | 0 | 0 |
| 2 | Individual Investors applied for minimum application size (2 Lots) | 181 | 7,24,000 |
| 3 | Non-Institutional Bidders-I (More than 2 lots & up to ₹10,00,000) | 15 | 98,000 |
| 4 | Non-Institutional Bidders-II (More than ₹10,00,000) | 9 | 1,44,000 |
| 5 | Market Maker | 0 | 0 |
| 6 | Anchor Investors | 0 | 0 |
| | **TOTAL** | **205** | **9,66,000** |

**AFTER ELIMINATING TECHNICALLY REJECTED APPLICATIONS, THE FOLLOWING TABLE GIVES US CATEGORY WISE NET VALID APPLICATIONS:**

| Category | No. of Applications | % | Reserved Portion (as per Prospectus) | No. of Valid Shares applied | % of Total Applied | Subscription (Times) |
|---|---|---|---|---|---|---|
| Market Maker | 1 | 100 | 1,86,000 | 1,86,000 | 100% | 1.0 |
| **Total** | **1** | **100** | **1,86,000** | **1,86,000** | **100%** | **1.0** |

*Continue From Next Page...*

Continue From Previous Page...

| Category | No. of Applications | % | Reserved Portion (as per Prospectus) | Proportionate Issue Size (After rounding off) | No. of Valid Shares applied | % of Total Applied | Subscription (Times) |
|---|---|---|---|---|---|---|---|
| Individual Investors | 20,645 | 78.51% | 12,32,000 | 862.40 | 20,464 | 99.12% | 67.03 |
| Non-Institutional Bidders-I (More than 2 lots & up to ₹10,00,000) | 2,098 | 7.98% | 1,76,000 | 123.20 | 2,083 | 99.29% | 75.58 |
| Non-Institutional Bidders-II (More than ₹10,00,000) | 3,528 | 13.42% | 3,52,000 | 246.40 | 3,519 | 99.74% | 162.66 |
| QIB (Excluding Anchor Investors) | 18 | 0.07% | 7,02,000 | 491.40 | 18 | 100.00% | 40.15 |
| Market Maker | 1 | 0.00% | 1,86,000 | 130.20 | 1 | 100.00% | 1.00 |
| Anchor Investors | 5 | 0.02% | 10,50,000 | 735.00 | 5 | 100.00% | 1.36 |
| **Total** | **26,295** | **100.00%** | **36,98,000** | **2,588.60** | **26,090** | **99.22%** | **49.47** |

**ALLOCATION:** The Basis of Allocation was finalized in consultation with the NSE on Monday, July 28, 2025.

A summary of the final demand as per NSE as on the Bid/Issue Closing Date at different Bid Prices is as under:

| Sr. No | Bid Price | Shares | % of Total | Cumulative Share | Cumulative % to Total |
|---|---|---|---|---|---|
| 1 | 68.00 | 2,62,000 | 0.12% | 2,62,000 | 0.12% |
| 2 | 69.00 | 76,000 | 0.03% | 3,38,000 | 0.15% |
| 3 | 70.00 | 21,69,68,000 | 99.84% | 21,73,06,000 | 100.00% |
| | **Total** | **21,73,06,000** | **100.00%** | **21,73,06,000** | **100.00%** |

The Basis of Allotment was finalized in consultation with the Designated Stock Exchange - NSE on Monday, July 28, 2025.

**1) Allocation to Individual Investors (After Technical Rejections & Withdrawal):** The Basis of Allotment to the Individual Investors, who have bid at cut-off Price or at or above the Offer Price of ₹ 70/- per Equity Share, was finalized in consultation with NSE. The category was subscribed by 67.03 times i.e. for 8,25,80,000 Equity Shares. The total number of shares allotted in this category is 12,32,000 Equity Shares to 308 successful applicants. The category wise details of the Basis of Allotment as under:

| No. of Shares Applied for (Category wise) | No. of Applications received | % to total | Total No. of Equity Shares applied in this Category | % to total | Proportionate Shares available | Allocation per Applicant | | Ratio of Allottees to Applicants | | Number of successful Applicants (after rounding) | % to total | Total No. of shares allocate allotted | % to total | Surplus / Deficit |
|---|---|---|---|---|---|---|---|---|---|---|---|---|---|---|
| | | | | | | Before rounding off | After rounding off | | | | | | | |
| 4,000 | 20,464 | 100.00 % | 8,18,56,000 | 100.00 % | 12,32,000 | 4000 | 4000 | 308 | 20464 | 308 | 100.00 % | 12,32,000 | 100.00 % | - |
| Total | | | | | | | | | | | | | | |

**2) Allocation to Non-Institutional Investors-I (After Technical Rejections & Withdrawal):** The Basis of Allotment to Other than Individual Investors, who have bid at Issue Price of ₹ 70/- per Equity Share or above, was finalized in consultation with NSE. The category was subscribed by 75.58 times i.e. for 1,33,02,000 Equity Shares the total number of shares allotted in this category is 1,76,000 Equity Shares to 29 successful applicants. The category wise details of the Basis of Allotment are as under:

| No. of Shares Applied for (Category wise) | No. of Applications received | % to total | Total No. of Shares applied in this Category | % to total | Proportionate Shares available | Ratio of Allottees to Applicants | | Total No. of shares allocated/alloted | Surplus / Deficit |
|---|---|---|---|---|---|---|---|---|---|
| 6,000 | 1,923 | 92.32% | 1,15,38,000 | 87.38% | 6,000 | 27 | 1923 | 1,62,000 | - |
| 8,000 | 79 | 3.79% | 6,32,000 | 4.79% | 6,000 | 1 | 79 | 6,000 | - |
| 10,000 | 18 | 0.86% | 1,80,000 | 1.36% | 6,000 | 0 | 0 | 0 | - |
| 12,000 | 14 | 0.67% | 1,68,000 | 1.27% | 6,000 | 0 | 0 | 0 | - |
| 14,000 | 49 | 2.35% | 6,86,000 | 5.20% | 6,000 | 1 | 49 | 6,000 | - |
| 2000 Additional share will be allotted to successful allotees from Sr no. 2 to 5 = 2000 shares in ratio of 1:22 | | | | | | | | 2,000 | - |
| **Total** | **2,083** | **100.00%** | **9,57,02,800** | **100.00%** | | | | **1,76,000** | - |

**3) 3)Allocation to Non-Institutional Investors-II (After Technical Rejections & Withdrawal):** The Basis of Allotment to Other than Individual Investors, who have bid at Issue Price of ₹ 70/- per Equity Share or above, was finalized in consultation with NSE. The category was subscribed by 162.66 times i.e. for 5,72,58,000 Equity Shares the total number of shares allotted in this category is 3,52,000 Equity Shares to 60 successful applicants. The category wise details of the Basis of Allotment are as under:

| No. of Shares Applied for (Category wise) | No. of Applications received | % to total | Total No. of Shares applied in this Category | % to total | Proportionate Shares available | Ratio of Allottees to Applicants | | Total No. of shares allocated/alloted | Surplus / Deficit |
|---|---|---|---|---|---|---|---|---|---|
| 16,000 | 3461 | 98.35% | 5,53,76,000 | 96.96% | 6,000 | 58 | 3,461 | 3,48,000 | - |
| 18,000 | 22 | 0.63% | 3,96,000 | 0.69% | 6,000 | 0 | 0 | 0 | - |
| 20,000 | 17 | 0.48% | 3,40,000 | 0.60% | 6,000 | 0 | 0 | 0 | - |
| 22,000 | 2 | 0.06% | 44,000 | 0.08% | 6,000 | 0 | 0 | 0 | - |
| 24,000 | 1 | 0.03% | 24,000 | 0.04% | 6,000 | 0 | 0 | 0 | - |
| 28,000 | 5 | 0.14% | 1,40,000 | 0.25% | 6,000 | 0 | 0 | 0 | - |
| 30,000 | 3 | 0.09% | 90,000 | 0.16% | 6,000 | 0 | 0 | 0 | - |
| 32,000 | 1 | 0.03% | 32,000 | 0.06% | 6,000 | 0 | 0 | 0 | - |
| 52,000 | 1 | 0.03% | 52,000 | 0.09% | 6,000 | 0 | 0 | 0 | - |
| 62,000 | 1 | 0.03% | 62,000 | 0.11% | 6,000 | 0 | 0 | 0 | - |
| 64,000 | 1 | 0.03% | 64,000 | 0.11% | 6,000 | 0 | 0 | 0 | - |
| 78,000 | 1 | 0.03% | 78,000 | 0.14% | 6,000 | 0 | 0 | 0 | - |
| 80,000 | 1 | 0.03% | 80,000 | 0.14% | 6,000 | 0 | 0 | 0 | - |
| 1,28,000 | 1 | 0.03% | 1,28,000 | 0.22% | 6,000 | 0 | 0 | 0 | - |
| 2,08,000 | 1 | 0.03% | 2,08,000 | 0.36% | 6,000 | 0 | 0 | 0 | - |
| 2000 Additional share will be allotted to successful allotees from Sr no. 2 to 5 = 2000 shares in ratio of 1:22 | | | | | | 2 | 58 | 4,000 | - |
| **Total** | **3,519** | **100.00%** | **5,71,14,000** | **100.00%** | | | | **3,52,000** | - |

**4) Allocation to QIBs excluding Anchor Investors (After Technical Rejections & Withdrawal):** The Basis of Allotment to QIBs, who have bid at Issue Price of ₹ 70/- per Equity Share or above, was finalized in consultation with NSE. The category was subscribed by 2.49 times i.e. for 2,81,82,000 Equity shares. The total number of shares allotted in this category is 7,02,000 Equity Shares to 18 successful applicants. The category wise details of the Basis of Allotment are as under:

| Category | FIS/BANKS | MF'S | IC'S | NBFC'S | AIF | FPC | Others | Total |
|---|---|---|---|---|---|---|---|---|
| QIB | - | - | - | 2,64,000 | 2,50,000 | 1,88,000 | - | **7,02,000** |

**5) Allocation to Anchor Investors (After Technical Rejections & Withdrawal):** The Company in consultation with the BRLM has allotted 7,02,000 Equity Shares to 5 Anchor Investors at Anchor Investor Issue Price of ₹ 70/- per Equity Shares in accordance with the SEBI ICDR Regulations. The category wise details of the Basis of Allotment are as under:

| Category | FIS/BANKS | MF'S | IC'S | NBFC'S | AIF | FPC | Others | Total |
|---|---|---|---|---|---|---|---|---|
| Anchor | - | - | - | 1,44,000 | 9,06,000 | | - | **10,50,000** |

**6) Allocation to Market Maker (After Technical Rejections & Withdrawal):** The Basis of Allotment to Market Maker who have bid at Issue Price of ₹ 70/- per Equity Shares or above, was finalized in consultation with NSE. The category was subscribed 1 times i.e. for1,86,000 Equity Shares the total number of shares allotted in this category is 1,86,000 Equity Shares. The category wise details of the Basis of Allotment are as under:

| Category | No. of Applications received | % to total | Total No. of Equity Shares applied in this Category | % of total | No. of Equity Shares allocated/ allotted per Applicant (Before and After Rounding Off) | Ratio | | Total Number of shares allotted | Surplus /Deficit |
|---|---|---|---|---|---|---|---|---|---|
| Market Maker | 1 | 100.00% | 1,86,000 | 100.00% | 1,86,000 | 1 | 1 | 1,86,000 | - |
| **Total** | **1** | **100.00%** | **1,86,000** | **100.00%** | **1,86,000** | | | **1,86,000** | - |

The Board of Directors of the Company at its meeting held on July 28, 2025 has approved the Basis of Allocation of Equity Shares as approved by the Designated Stock Exchange viz. NSE and has authorized the corporate action for issue of the Equity Shares to various successful applicants. The CAN-cum-allotment advices and/or notices will be forwarded to the Email Id's and address of the Applicants as registered with the depositories / as filled in the application form on or before July 28, 2025. Further, the instructions to Self-Certified Syndicate Banks for unblocking the amount will process on July 28, 2025. In case the same is not received within two working days, investors may contact at the address given below. The Equity Shares allocated to successful applicants are being credited to their beneficiary accounts subject to validation of the account details with the depositories concerned. The Company is taking steps to get the Equity Shares admitted for trading on the NSE EMERGE within three working days from the date of the closure of the Issue.

**Note:** All capitalized terms used and not defined herein shall have the respective meanings assigned to them in the Prospectus dated July 25, 2025, ("Prospectus") filed with Registrar of Companies.

## INVESTORS PLEASE NOTE

The details of the allotment made would also be hosted on the website of the Registrar to the Issue, **Bigshare Services Private Limited** at www.bigshareonline.in. All future correspondence in this regard may kindly be addressed to the Registrar to the Issue quoting full name of the First/ Sole applicants, serial number of the Bid cum Application Form, number of shares applied for and Bank Branch where the application had been lodged and payment details at the address of the Registrar given below:

**BIGSHARE SERVICES PRIVATE LIMITED**

S6-2, 6th Floor, Pinnacle Business Park, Next to Ahura Centre,
Mahakali Caves Road, Andheri (East), Mumbai, Maharashtra – 400 093, India

**Tel:** +91 11 6263 8200;

**Email/ Investor Grievance E-mail ID:** ipo@bigshareonline.com

**Website:** www.bigshareonline.in

**Contact Person:** Mr. Babu Rapheal

**SEBI Registration No:** INR000001385

**CIN:** U99999MH1994PTC076534

**On behalf of the Board of Directors**
**For TSC India Limited**
**Sd/-**
**ASHISH KUMAR MITTAL**
**MANAGING DIRECTOR**
**DIN:** 00027712

**Date:** July 29, 2025
**Place:** Jalandhar, Punjab

**THE LEVEL OF SUBSCRIPTION SHOULD NOT BE TAKEN TO BE INDICATIVE OF EITHER THE MARKET PRICE OF THE EQUITY SHARES ON LISTING OR THE BUSINESS PROSPECTS OF PURPLE UNITED SALES LIMITED.**

TSC India Limitedis proposing, subject to market conditions, public Issue of its Equity Shares and had filed the Prospectus with the, Registrar of Companies, Chandigarh, Punjab. The Prospectus is available on the website of SEBI at www.sebi.gov.in, the website of the Book Running Lead Manager at www.expertglobal.in, website of the NSE at www.nseindia.com and website of Issuer Company at www.tscindialimited.com Investors should note that investment in equity shares involves a high degree of risk. For details, investors shall refer to and rely on the Prospectus including the section titled "Risk Factors" beginning on page 32of the Prospectus, which has been filed with ROC. The Equity Shares have not been and will not be registered under the US Securities Act (the "Securities Act") or any state securities law in United States and may not be Issued or sold within the United States or to, or for the account or benefit of, "U.S. persons" (as defined in the Regulation S under the Securities Act), except pursuant to an exemption.

# ਪੰਜਾਬ ਰਾਜ ਖ਼ੁਰਾਕ ਕਮਿਸ਼ਨ ਦੇ ਮੈਂਬਰ ਵੱਲੋਂ ਸਕੂਲਾਂ ਤੇ ਆਂਗਣਵਾੜੀ ਕੇਂਦਰਾਂ ਦਾ ਅਚਨਚੇਤ ਦੌਰਾ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)-** ਪੰਜਾਬ ਰਾਜ ਖ਼ੁਰਾਕ ਕਮਿਸ਼ਨ ਦੇ ਮੈਂਬਰ ਪ੍ਰੀਤੀ ਚਾਵਲਾ ਨੇ ਸ਼ਹੀਦ ਭਗਤ ਸਿੰਘ ਨਗਰ ਦੇ ਵੱਖ-ਵੱਖ ਸਰਕਾਰੀ ਸਕੂਲਾਂ ਅਤੇ ਆਂਗਣਵਾੜੀ ਕੇਂਦਰਾਂ ਦਾ ਅਚਨਚੇਤ ਦੌਰਾ ਕੀਤਾ ਅਤੇ ਲਾਭਕਾਰੀ ਸਕੀਮਾਂ ਦਾ ਨਿਰੀਖਣ ਕੀਤਾ। ਪ੍ਰੀਤੀ ਚਾਵਲਾ ਨੇ ਪਿੰਡ ਸਨਾਵਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਮਿਡ-ਡੇ-ਮੀਲ ਅਤੇ ਆਂਗਣਵਾੜੀ ਕੇਂਦਰ ਦੀ ਚੈਕਿੰਗ ਕੀਤੀ। ਇਸ ਤੋਂ ਇਲਾਵਾ ਉਨ੍ਹਾਂ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੰਗੜੋਆ, ਸਰਕਾਰੀ ਪ੍ਰਾਇਮਰੀ ਹਾਈ ਸਕੂਲ ਸਲੋਹ ਅਤੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਜੇਠੂ ਮਜਾਰਾ ਦਾ ਅਚਨਚੇਤ ਦੌਰਾ ਕੀਤਾ। ਉਨ੍ਹਾਂ ਸਕੂਲਾਂ ਵਿਚ ਮਿਡ-ਡੇ-ਮੀਲ ਫੂਡ ਸੇਫਟੀ ਰਜਿਸਟਰ ਨੂੰ ਮੇਨਟੇਨ ਰੱਖਣ, ਬੱਚਿਆਂ ਨੂੰ ਸਾਫ਼-ਸੁਥਰਾ ਭੋਜਨ ਮੁਹੱਈਆ ਕਰਵਾਉਣ ਅਤੇ ਖਾਣਾ ਬਣਾਉਣ ਅਤੇ ਪਰੋਸਣ ਸਮੇਂ ਸਾਫ਼-ਸਫ਼ਾਈ ਦਾ ਧਿਆਨ ਰੱਖਣ ਦੀਆਂ ਹਦਾਇਤਾਂ ਦਿੱਤੀਆਂ। ਉਨ੍ਹਾਂ ਹਦਾਇਤ ਕੀਤੀ ਕਿ ਸਕੂਲਾਂ ਵਿਚ ਟੀ.ਡੀ.ਐਸ ਅਤੇ ਪੀਣ ਵਾਲੇ ਪਾਣੀ ਦੀ ਗੁਣਵੱਤਾ ਦੀ ਜਾਂਚ ਸਬੰਧਤ ਵਿਭਾਗ ਵੱਲੋਂ ਸਮੇਂ-ਸਮੇਂ 'ਤੇ ਕੀਤੀ ਜਾਵੇ। ਇਸ ਤੋਂ ਇਲਾਵਾ ਉਨ੍ਹਾਂ ਸਕੂਲੀ ਵਿਦਿਆਰਥੀਆਂ ਦੀ ਸਿਹਤ ਜਾਂਚ ਕਰਵਾਉਣ ਦੇ ਨਿਰਦੇਸ਼ ਦਿੱਤੇ ਅਤੇ ਮਿਡ-ਡੇ-ਮੀਲ ਵਰਕਰਾਂ ਦਾ ਮੈਡੀਕਲ ਚੈਕਅੱਪ ਕਰਨ ਦੇ ਵੀ ਨਿਰਦੇਸ਼ ਦਿੱਤੇ। ਆਂਗਣਵਾੜੀ ਕੇਂਦਰਾਂ ਦੀ ਚੈਕਿੰਗ ਕਰਦਿਆਂ ਉਨ੍ਹਾਂ ਇੰਚਾਰਜਾਂ ਅਤੇ ਹੈਲਪਰਾਂ ਨੂੰ ਹਦਾਇਤ ਕੀਤੀ ਕਿ ਉਹ ਵੱਧ ਤੋਂ ਵੱਧ ਲਾਭਪਾਤਰੀਆਂ ਨੂੰ ਸਰਕਾਰ ਦੀਆਂ ਨਵੀਨਤਮ ਸਕੀਮਾਂ ਬਾਰੇ ਜਾਣਕਾਰੀ ਦੇਣ।ਉਨ੍ਹਾਂ ਜ਼ਿਲ੍ਹੇ ਦੇ ਸਾਰੇ ਸਰਕਾਰੀ ਸਕੂਲਾਂ, ਸਰਕਾਰੀ ਰਾਸ਼ਨ ਡਿਪੂਆਂ ਅਤੇ ਆਂਗਣਵਾੜੀ ਕੇਂਦਰਾਂ ਵਿਚ ਪੰਜਾਬ ਰਾਜ ਖ਼ੁਰਾਕ ਕਮਿਸ਼ਨ ਦਾ ਹੈਲਪਲਾਈਨ ਨੰਬਰ ਲਗਾਉਣ ਦੀਆਂ ਹਦਾਇਤਾਂ ਦਿੱਤੀਆਂ। ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਵੀ ਲਾਭਪਾਤਰੀ ਨੂੰ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ ਦੀਆਂ ਸਕੀਮਾਂ ਸਬੰਧੀ ਕੋਈ ਸ਼ਿਕਾਇਤ ਹੈ ਤਾਂ ਉਹ ਕਮਿਸ਼ਨ ਦੇ ਹੈਲਪ ਲਾਈਨ ਨੰਬਰ 9876764545 'ਤੇ ਆਪਣੀ ਸ਼ਿਕਾਇਤ ਦਰਜ ਕਰਵਾ ਸਕਦਾ ਹੈ।

# ਲੈਂਡ ਪੂਲਿੰਗ ਨੀਤੀ ਖਿਲਾਫ ਟਰੈਕਟਰ ਮਾਰਚ ਵਿਚ ਵੱਡੀ ਪੱਧਰ ਤੇ ਸ਼ਾਮਿਲ ਹੋਣਗੇ ਲੋਕ



**ਸ੍ਰੀ ਆਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-** ਇੱਥੇ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਜਬਰੀ ਜ਼ਮੀਨਾਂ ਕਿਸਾਨਾਂ ਕੋਲੋਂ ਖੋਹਣ ਦਾ ਕਾਨੂੰਨ ਪਾਸ ਕਰ ਦਿੱਤਾ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ, ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਆਗੂ ਗੁਰਨਾਮ ਸਿੰਘ ਔਲਖ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਆਨੰਦਪੁਰ ਸਾਹਿਬ ਦੇ ਪ੍ਰਧਾਨ ਜੈਮਲ ਸਿੰਘ ਭੜੀ ਨੇ ਕਿਹਾ ਕਿ ਟਰੈਕਟਰ ਮਾਰਚ ਵਿੱਚ ਵੱਡੀ ਪੱਧਰ ਤੇ ਕਿਸਾਨਾਂ ਸਮੇਤ ਪਿੰਡਾਂ ਦੇ ਲੋਕ ਸ਼ਾਮਿਲ ਹੋਣਗੇ। ਆਗੂਆਂ ਨੇ ਕਿਹਾ ਕਿ ਲੈਂਡ ਪੂਲਿੰਗ ਨੀਤੀ ਦੇ ਨਾਲ ਪਿੰਡਾਂ ਦੇ ਗਰੀਬ ਮਜ਼ਦੂਰਾਂ ਨੂੰ ਵੀ ਘਰੋਂ ਬੇਘਰ ਕਰ ਦਿੱਤਾ ਜਾਵੇਗਾ। ਪੰਜਾਬ ਦੀ ਲੱਖਾਂ ਏਕੜ ਜ਼ਮੀਨ ਬੇਕਾਰ ਪਈ ਹੈ।ਉਸ ਉੱਤੇ ਵਿਕਾਸ ਦੇ ਨਾਂਅ ਤੇ ਕੋਈ ਵੀ ਕੰਮ ਨਹੀਂ ਹੋ ਰਿਹਾ ਹੈ। ਇਸ ਮੌਕੇ ਤੇ ਕਮਲ ਸਿੰਘ ਬੈਂਸ ਅਤੇ ਜੱਗਾ ਨਿੱਕੂਵਾਲ ਵੀ ਹਾਜ਼ਰ ਸਨ। ਆਗੂਆਂ ਨੇ ਜ਼ਿਲ੍ਹਾ ਰੋਪੜ ਨਾਲ ਸਬੰਧਤ ਕਿਸਾਨਾਂ ਹਿਤੈਸ਼ੀਆਂ ਨੂੰ ਅਪੀਲ ਕੀਤੀ ਕਿ 11 ਵਜੇ ਰੋਪੜ ਵਿਖੇ ਮੋਰਿੰਡਾ ਚੌਂਕ ਤੇ ਪੁੱਜਣ।

# ਡਿਪਸ ਦੇ ਪ੍ਰੀ. ਵਿੰਗ 'ਚ ਬੱਚਿਆਂ ਦੀ ਪ੍ਰਤਿਭਾ ਨੂੰ ਕਲਾਸ ਸ਼ੋਅ ਰਾਹੀਂ ਪ੍ਰਦਰਸ਼ਿਤ ਕੀਤਾ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)-** ਸਥਾਨਕ ਡਿਪਸ ਸਕੂਲ ਵਿੱਚ ' ਨੈਚੁਰਲ ਵਰਲਡ' ਤਹਿਤ ਛੋਟੇ ਬੱਚਿਆਂ ਦੀ ਛੁਪੀ ਹੋਈ ਪ੍ਰਤਿਭਾ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ ਕਲਾਸ ਸ਼ੋਅ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਪ੍ਰੀ. ਵਿੰਗ ਦੀ ਸਲਾਹਕਾਰ ਸ਼੍ਰੀਮਤੀ ਮੋਨਿਕਾ ਮਹਿਤਾ ਅਤੇ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਗੁਰਵੀਨ ਕੌਰ ਨੇ ਜੋਤੀ ਪ੍ਰਜਵਲ ਕਰਕੇ ਇਸਦੀ ਸ਼ੁਰੂਆਤ ਕੀਤੀ। ਜਿਸ ਵਿੱਚ ਬੱਚਿਆਂ ਨੇ ਪਹਿਲਾਂ ਸਵਾਗਤੀ ਨਾਚ ਰਾਹੀਂ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਫਿਰ ਅਧਿਆਪਕਾ ਨੇ ਭਾਸ਼ਣ ਰਾਹੀਂ ਅੱਜ ਦੇ ਦਿਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਬਾਅਦ ਬੱਚਿਆਂ ਨੇ ਸਮੂਹ ਨਾਚ ਪੇਸ਼ ਕੀਤਾ ਅਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਉਨ੍ਹਾਂ ਨੇ ਕੁਦਰਤ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦੇ ਹੋਏ ਆਪਣੇ ਨਾਟਕ ਪੇਸ਼ ਕੀਤੇ। ਇਸ ਕਲਾਸ ਸ਼ੋਅ ਰਾਹੀਂ, ਬੱਚਿਆਂ ਨੇ ਵੱਖ-ਵੱਖ ਤਰ੍ਹਾਂ ਦੇ ਪਹਿਰਾਵੇ ਪਹਿਨ ਕੇ ਰੈਂਪ ਵਾਕ ਵੀ ਕੀਤਾ, ਜਿਸ ਵਿੱਚ ਉਨ੍ਹਾਂ ਦੁਆਰਾ ਦੇਸ਼ ਦਾ ਸੱਭਿਆਚਾਰ ਅਤੇ ਸੱਭਿਅਤਾ ਦਿਖਾਈ ਗਈ। ਬੱਚਿਆਂ ਨੇ ਫਾਸਟ ਫੂਡ ਅਤੇ ਸਿਹਤਮੰਦ ਭੋਜਨ ਬਾਰੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਨਾਲ ਬੱਚਿਆਂ ਦਾ ਸਟੇਜ 'ਤੇ ਬੋਲਣ ਦਾ ਆਤਮਵਿਸ਼ਵਾਸ ਵਧਿਆ। ਮਾਪੇ ਆਪਣੇ ਬੱਚਿਆਂ ਨੂੰ ਸਟੇਜ 'ਤੇ ਦੇਖ ਕੇ ਬਹੁਤ ਖੁਸ਼ ਹੋਏ। ਇਸ ਮੌਕੇ ਡਿਪਸ ਸਕੂਲ ਦੇ ਐੱਮ ਡੀ ਤਰਵਿੰਦਰ ਸਿੰਘ, ਸੀਈਓ ਮੋਨਿਕਾ ਮੰਡੋਤਰਾ, ਸੀਏ ਰਮਣੀਕ, ਸੀਏ ਜਸ਼ਨ ਸਿੰਘ, ਚੇਅਰਪਰਸਨ ਸ੍ਰੀਮਤੀ ਜਸਵਿੰਦਰ ਕੌਰ, ਵਾਈਸ ਚੇਅਰਪਰਸਨ ਪ੍ਰੀਤਇੰਦਰ ਕੌਰ ਨੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਗੁਰਵੀਨ ਕੌਰ ਦੀ ਇਨ੍ਹਾਂ ਕਲਾਸਾਂ ਦੇ ਸਫਲਤਾਪੂਰਵਕ ਸੰਪੂਰਨਤਾ ਲਈ ਪ੍ਰਸ਼ੰਸਾ ਕੀਤੀ ਅਤੇ ਆਏ ਮਾਪਿਆਂ ਦਾ ਧੰਨਵਾਦ ਕੀਤਾ।

## ਆਦਮਪੁਰ-ਹਰੀਪੁਰ ਸੜਕ ਦਾ ਨਿਰਮਾਣ 15 ਅਗਸਤ ਤੋਂ ਪਹਿਲਾ ਹੋਵੇਗਾ ਸ਼ੁਰੂ : ਟੀਨੂੰ



**ਆਦਮਪੁਰ (ਪਰਮਜੀਤ ਸਿੰਘ)-** ਹਲਕਾ ਆਦਮਪੁਰ ਦੇ ਅਧੀਨ ਆਉਂਦੇ ਪਿੰਡ ਹਰੀਪੁਰ ਦੀ ਕਈ ਸਾਲਾਂ ਤੋਂ ਚੱਲਦੀ ਆ ਰਹੀ ਸਮੱਸਿਆ ਆਦਮਪੁਰ-ਹਰੀਪੁਰ ਰੋਡ ਜਿਸ ਦੀ ਕਿ ਹਾਲਤ ਬਹੁਤ ਹੀ ਵੱਧ ਤੋਂ ਖਰਾਬ ਹੋਈ ਪਈ ਹੈ ਤੇ ਇਹ ਸੜਕ ਹਰ ਰੋਜ਼ ਹੀ ਹਾਦਸਿਆਂ ਦਾ ਕਾਰਨ ਬਣਦੀ ਹੈ। ਇਸ ਰੋਡ ਨੂੰ ਨਵਾਂ ਬਣਾਉਣ ਦੀ ਸ਼ੁਰੂਆਤ 15 ਅਗਸਤ ਤੋਂ ਪਹਿਲਾਂ-ਪਹਿਲਾਂ ਹੋ ਰਹੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਨੇ ਪਿੰਡ ਹਰੀਪੁਰ ਵਿਖੇ ਯੁੱਧ ਨਸ਼ਿਆਂ ਵਿਰੁੱਧ ਹੋਏ ਪ੍ਰੋਗਰਾਮ ਤਹਿਤ ਕੀਤਾ। ਉਹਨਾਂ ਕਿਹਾ ਕਿ ਆਦਮਪੁਰ-ਹਰੀਪੁਰ ਰੋਡ ਦੀ ਸਮੱਸਿਆ ਬਾਰੇ ਪਿੰਡ ਵਾਸੀਆਂ ਵੱਲੋਂ ਕਈ ਵਾਰ ਮੰਗ ਰੱਖੀ ਗਈ ਸੀ। ਜਿਸ ਨੂੰ ਪੂਰਾ ਕਰਦਿਆਂ ਹੁਣ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੇ ਯਤਨਾਂ ਸਦਕਾ ਇਸ ਰੋਡ ਦਾ ਸਾਰਾ ਕੰਮ ਮੁਕੰਮਲ ਹੋ ਚੁੱਕਾ ਹੈ ਅਤੇ ਇਸ ਰੋਡ ਦੇ ਬਣਨ ਦੀ ਸੁਰੂਆਤ 15 ਅਗਸਤ ਤੋਂ ਪਹਿਲਾਂ ਹੋ ਜਾਵੇਗੀ । ਉਹਨਾਂ ਵੱਲੋਂ ਪਿੰਡ ਵਾਸੀਆਂ ਨੂੰ ਯਕੀਨ ਦਵਾਇਆ ਕਿ ਪਿੰਡ ਦੀ ਗਰਾਊਂਡ ਦਾ ਕੰਮ ਅਤੇ ਪਿੰਡ ਵਿੱਚ ਮੁਹੱਲਾ ਕਲੀਨਿਕ ਬਣਾਉਣ ਦਾ ਕੰਮ ਦੀ ਸ਼ੁਰੂਆਤ ਵੀ ਅਧਿਕਾਰੀਆਂ ਨਾਲ ਸਲਾਹ ਕਰਕੇ ਜਲਦੀ ਕਰ ਦਿੱਤੀ ਜਾਵੇਗੀ ਅਤੇ ਜੋ ਵੀ ਹੋਰ ਮੰਗਾਂ ਪਿੰਡ ਵਾਸੀਆਂ ਵੱਲੋਂ ਰੱਖੀਆਂ ਗਈਆਂ ਹਨ ਉਨ੍ਹਾਂ ਦਾ ਨਿਪਟਾਰਾ ਵੀ ਆਉਂਦੇ ਦਿਨਾਂ ਵਿੱਚ ਜਲਦ ਕਰ ਦਿੱਤਾ ਜਾਵੇਗਾ। ਇਸ ਦੌਰਾਨ ਡਾਕਟਰ ਨਿਰਮਲ ਕੌਲ ਸਰਪੰਚ ਹਰੀਪੁਰ, ਪਰਮਜੀਤ ਸਿੰਘ ਰਾਜਵੰਸ ਚੇਅਰਮੈਨ ਮਾਰਕੀਟ ਕਮੇਟੀ ਆਦਮਪੁਰ, ਇੰਦਰਜੀਤ ਸਿੰਘ ਬਲਾਕ ਪ੍ਰਧਾਨ, ਸੁਰਿੰਦਰ ਸਿੰਘ ਪੰਚ, ਦਲਜੀਤ ਸਿੰਘ ਪੰਚ, ਭੁਪਿੰਦਰ ਸਿੰਘ ਪੰਚ, ਨਰਿੰਦਰ ਪਾਲ ਪੰਚ, ਬਲਜਿੰਦਰ ਸਿੰਘ ਪੰਚ, ਜੋਤੀ ਪੰਚ, ਗੁਰਪ੍ਰੀਤ ਕੌਰ ਪੰਚ, ਸੰਦੀਪ ਕੌਰ ਪੰਚ, ਬਲਵੀਰ ਦਿਉਲ, ਰਣਵੀਰ ਦਿਉਲ ਪ੍ਰਧਾਨ ਨੌਜਵਾਨ ਸਭਾ, ਅਵਤਾਰ ਤਾਰੀ, ਕੁਲਦੀਪ ਸਿੰਘ, ਵਿਜੇ ਕੁਮਾਰ, ਡਾ. ਵਰਿਆਮ, ਜਗਜੀਤ ਸਿੰਘ ਕੌਲ, ਸੁਨੀਲ ਦੱਤ, ਰਾਜੇਸ ਰਾਣਾ, ਅਮਰਜੀਤ ਸਿੰਘ, ਅਮਰਿੰਦਰ ਸਿੰਘ, ਤਰਲੋਕ ਸਿੰਘ, ਮੁਖਤਿਆਰ ਸਿੰਘ, ਅਨੰਤ ਰਾਮ ਅਤੇ ਹੋਰ ਪਿੰਡ ਵਾਸੀ ਹਾਜ਼ਰ ਸਨ।

## ਦਸਵੀਂ ਤੇ ਬਾਰ੍ਹਵੀਂ ਦੀਆਂ ਅਨੁਪੂਰਕ ਪ੍ਰਯੋਗੀ ਪ੍ਰੀਖਿਆਵਾਂ 1 ਸਤੰਬਰ ਤੋਂ

**ਮੋਹਾਲੀ (ਗੁਰਜੀਤ ਬਿੱਲਾ)-** ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਦੀਆਂ ਅਨੁਪੂਰਕ ਪ੍ਰਯੋਗੀ ਪਰੀਖਿਆਵਾਂ ਅਤੇ ਓਪਨ ਸਕੂਲ ਬਲਾਕ ।। ਦੀਆਂ ਪ੍ਰਯੋਗੀ ਪਰੀਖਿਆਵਾਂ 01-09-2025 ਤੋਂ 05-09-2025 ਤੱਕ ਕਰਵਾਈਆਂ ਜਾ ਰਹੀਆਂ ਹਨ। ਡੇਟਸ਼ੀਟ ਅਤੇ ਹੋਰ ਵਧੇਰੇ ਜਾਣਕਾਰੀ ਬੋਰਡ ਦੀ ਵੈਬਸਾਈਟ 'ਤੇ ਉਪਲਬੱਧ ਹਨ ਅਤੇ ਲੋੜ ਸਮੇਂ ਈ-ਮੇਲ 'ਤੇ ਸੰਪਰਕ ਕੀਤਾ ਜਾ ਸਕਦਾ ਹੈ ।

# ਯਾਦਗਾਰ 'ਤੇ ਝੰਡਾ ਲਹਿਰਾਕੇ ਬਾਬਾ ਬੂਝਾ ਸਿੰਘ ਨੂੰ ਸ਼ਰਧਾਂਜਲੀਆਂ ਭੇਟ



**ਬੰਗਾ (ਅਵਤਾਰ ਕਲੇਰ)** ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ ਲੈਨਿਨਵਾਦੀ ) ਨਿਊਡੈਮੋਕਰੇਸੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਪਿੰਡ ਚੱਕ ਮਾਈਦਾਸ ਵਿਖੇ ਬਾਬਾ ਬੂਝਾ ਸਿੰਘ ਦੀ 55ਵੀਂ ਬਰਸੀ ਮੌਕੇ ਉਹਨਾਂ ਦੀ ਯਾਦਗਾਰ ਉੱਤੇ ਝੰਡਾ ਲਹਿਰਾਕੇ ਉਹਨਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਝੰਡਾ ਲਹਿਰਾਉਣ ਦੀ ਰਸਮ ਪਾਰਟੀ ਦੇ ਆਗੂ ਅਵਤਾਰ ਸਿੰਘ ਤਾਰੀ ਨੇ ਨਿਭਾਈ। ਉਹਨਾਂ ਨੇ ਕਿਹਾ ਕਿ ਬਾਬਾ ਬੂਝਾ ਸਿੰਘ ਨੇ ਆਪਣਾ ਸਾਰਾ ਜੀਵਨ ਲੋਕ ਹਿੱਤਾਂ ਲਈ ਕੁਰਬਾਨ ਕਰ ਦਿੱਤਾ ।ਉਹਨਾਂ ਨੇ ਗਦਰ ਪਾਰਟੀ, ਕਿਰਤੀ ਪਾਰਟੀ, ਲਾਲ ਪਾਰਟੀ ,ਸੀ.ਪੀ.ਆਈ, ਸੀ.ਪੀ.ਆਈ(ਐਮ.) ਅਤੇ ਨਕਸਲਬਾੜੀ ਲਹਿਰ ਵਿਚ ਆਗੂ ਭੂਮਿਕਾਵਾਂ ਨਿਭਾਈਆਂ।ਪੰਜਾਬ ਵਿਚ ਨਕਸਲਬਾੜੀ ਦਾ ਸੂਹਾ ਪਰਚਮ ਬੁਲੰਦ ਕੀਤਾ।ਪਿੰਡ ਪਿੰਡ ਨਕਸਲਬਾੜੀ ਦੀ ਲੋਅ ਵੰਡਣ ਵਾਲੇ 80 ਸਾਲਾ ਬਾਬਾ ਬੂਝਾ ਨੂੰ 1970 ਵਿਚ 27-28 ਜੁਲਾਈ ਦੀ ਦਰਮਿਆਨੀ ਰਾਤ ਨੂੰ ਬਾਦਲ ਸਰਕਾਰ ਦੀ ਜਾਬਰ ਪੰਜਾਬ ਪੁਲਸ ਨੇ ਪਿੰਡ ਨਗਰ ਤੋਂ ਗ੍ਰਿਫਤਾਰ ਕਰਕੇ ਪਿੰਡ ਨਾਈਮਜਾਰਾ -ਸਨਾਵਾ (ਨਵਾਂਸ਼ਹਿਰ) ਨਹਿਰ ਦੇ ਪੁਲ 'ਤੇ ਝੂਠਾ ਪੁਲਸ ਮੁਕਾਬਲਾ ਬਣਾਕੇ ਸ਼ਹੀਦ ਕਰ ਦਿੱਤਾ ਸੀ। ਉਹਨਾਂ ਕਿਹਾ ਕਿ ਸ਼ਹੀਦਾਂ ਨੇ ਜਿਸ ਤਰ੍ਹਾਂ ਦਾ ਸਮਾਜ ਸਿਰਜਣ ਦਾ ਸੁਪਨਾ ਲਿਆ ਸੀ ਉਹ ਸੁਪਨਾ ਪੂਰਾ ਨਹੀਂ ਹੋਇਆ। ਦੇਸ਼ ਵਿਚ ਅਮੀਰੀ ਅਤੇ ਗਰੀਬੀ ਦਾ ਪਾੜਾ ਆਏ ਦਿਨ ਵਧਦਾ ਜਾ ਰਿਹਾ ਹੈ। ਮੋਦੀ ਸਰਕਾਰ ਛੱਤੀਸਗੜ੍ਹ ਅਤੇ ਝਾਰਖੰਡ ਵਿਚ ਬਾਬਾ ਬੂਝਾ ਸਿੰਘ ਦੇ ਵਾਰਿਸਾਂ ਇਨਕਲਾਬੀਆਂ ਨੂੰ ਝੂਠੇ ਪੁਲਸ ਮੁਕਾਬਲਿਆਂ ਵਿਚ ਮਾਰਕੇ ਉਹਨਾਂ ਦਾ ਸ਼ਿਕਾਰ ਖੇਡ ਰਹੀ ਹੈ।ਇਹ ਸਾਰਾ ਕੁਝ ਇੱਥੋਂ ਦੇ ਕੁਦਰਤੀ ਸੋਮਿਆਂ ਨੂੰ ਕਾਰਪੋਰੇਟਰਾਂ ਕੋਲ ਲੁਟਾਉਣ ਲਈ ਕੀਤਾ ਜਾ ਰਿਹਾ ਹੈ।ਇਸੇ ਲਈ ਆਦਿਵਾਸੀਆਂ ਦਾ ਉਜਾੜਾ ਕੀਤਾ ਜਾ ਰਿਹਾ ਹੈ। ਮੋਦੀ ਸਰਕਾਰ ਆਪਣੀ ਤਾਕਤ ਦਾ ਦੁਰਉਪਯੋਗ ਕਰਕੇ ਆਰ .ਐਸ .ਐਸ ਦਾ ਅਜੰਡਾ ਲਾਗੂ ਕਰ ਰਹੀ ਹੈ।ਬਚਦੀ- ਖੁਚਦੀ ਜਮਹੂਰੀਅਤ ਦਾ ਵੀ ਗਲਾ ਘੁੱਟ ਰਹੀ ਹੈ।ਆਦਿਵਾਸੀਆਂ, ਦਲਿਤਾਂ, ਘੱਟ ਗਿਣਤੀਆਂ ਨੂੰ ਉਚੇਚੇ ਤੌਰ ਉੱਤੇ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਪਾਰਟੀ ਦੇ ਆਗੂ ਹਰੀ ਰਾਮ ਰਸੂਲਪੁਰੀ ਨੇ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੀ ਸਿਰੇ ਦੀ ਨਿਕੰਮੀ ਸਾਬਤ ਹੋਈ ਹੈ।ਹੱਕ ਮੰਗਦੇ ਲੋਕਾਂ ਉੱਤੇ ਕੀਤੇ ਜਾ ਰਹੇ ਜਬਰ ਨੇ ਮਾਨ ਸਰਕਾਰ ਦੇ ਜਮਹੂਰੀ ਹੋਣ ਦੇ ਭਰਮ ਤੋੜ ਦਿੱਤੇ ਹਨ।ਪੁਲਸ ਹਿਰਾਸਤੀ ਮੌਤਾਂ, ਝੂਠੇ ਪੁਲਸ ਮੁਕਾਬਲੇ, ਬੁਲਡੋਜਰਾਂ ਨਾਲ ਘਰ ਢਾਹੁਣੇ, ਸੰਘਰਸ਼ਸ਼ੀਲ ਜਥੇਬੰਦੀਆਂ ਦੀਆਂ ਰੈਲੀਆਂ ਅਤੇ ਮੁਜਾਹਰਿਆਂ ਉੱਤੇ ਪੁਲਸ ਜਬਰ ਅਤੇ ਫਿਰ ਮਾਨ ਸਰਕਾਰ ਵੱਲੋਂ ਇਹਨਾਂ ਨੂੰ ਜਾਇਜ਼ ਠਹਿਰਾਉਣਾ ਦਰਸਾਉਂਦਾ ਹੈ।ਉਹਨਾਂ ਕਿਹਾ ਕਿ ਸਾਰੀਆਂ ਪੀੜਤ ਧਿਰਾਂ ਨੂੰ ਹਾਕਮਾਂ ਦੇ ਹਮਲਿਆਂ ਦਾ ਜਵਾਬ ਇਕ ਮੰਚ 'ਤੇ ਇਕੱਠੇ ਹੋਕੇ ਦੇਣਾ ਪਵੇਗਾ।

# ਕੈਨਰਾ ਬੈਂਕ ਦੇ ਖਾਤਿਆਂ ਨੇ ਮਿਡ ਡੇ ਮੀਲ ਵਰਕਰ ਕੀਤੇ ਖੱਜਲ ਖੁਆਰ



**ਮਹਿਤਪੁਰ (ਰਾਜਾ)-** ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ (ਵਿਗਿਆਨਿਕ) ਦੇ ਸੂਬਾ ਪ੍ਰਧਾਨ ਨਵਪ੍ਰੀਤ ਸਿੰਘ ਬੱਲੀ, ਸੂਬਾ ਜਨਰਲ ਸਕੱਤਰ ਸੁਰਿੰਦਰ ਕੰਬੋਜ, ਵਿੱਤ ਸਕੱਤਰ ਸੋਮ ਸਿੰਘ ਅਤੇ ਪ੍ਰੈੱਸ ਸਕੱਤਰ ਐੱਨ. ਡੀ.ਤਿਵਾੜੀ ਨੇ ਮੰਗ ਕੀਤੀ ਮਿਡ ਡੇ ਮੀਲ ਵਰਕਰਜ਼ ਦੇ ਤਨਖਾਹ ਖਾਤੇ ਕੈਨਰਾ ਬੈਂਕ ਵਿੱਚ ਖੁਲਵਾਉਣ ਲਈ ਸਿੱਖਿਆ ਵਿਭਾਗ ਦੇ ਸਟੇਟ ਦਫਤਰ ਵੱਲੋਂ ਕੈਨਰਾ ਬੈਂਕ ਦੇ ਅਧਿਕਾਰੀਆਂ ਨੂੰ ਲਿਖਿਆ ਜਾਵੇ ਕਿ ਉਹ ਸਕੂਲ ਪੱਧਰ ਤੇ ਜਾਂ ਸੈਂਟਰ ਸਕੂਲ ਪੱਧਰ ਤੇ ਆਪਣੇ ਕਰਮਚਾਰੀ ਭੇਜ ਕੇ ਕੁੱਕ-ਕਮ-ਹੈਲਪਰਾਂ ਦੇ ਖਾਤੇ ਖੋਲਣ। ਆਗੂਆਂ ਨੇ ਕਿਹਾ ਕਿ ਸਿੱਖਿਆ ਵਿਭਾਗ ਨੇ ਕੈਨਰਾ ਬੈਂਕ ਨਾਲ ਹੋਏ ਇਕਰਾਰ ਅਨੁਸਾਰ ਸਾਰੇ ਪੰਜਾਬ ਦੇ ਸਕੂਲਾਂ ਅੰਦਰ ਕੰਮ ਕਰਦੇ ਮਿਡ ਡੇ ਮੀਲਾਂ ਵਰਕਰਜ਼ ਦੇ ਖਾਤੇ ਕੈਨਰਾ ਬੈਂਕ ਵਿੱਚ ਖੁਲਵਾਉਣ ਦੀ ਹਦਾਇਤ ਕੀਤੀ ਗਈ ਹੈ। ਮਿਡ ਡੇ ਮੀਲ ਵਰਕਰਜ਼ ਸਕੂਲਾਂ ਵਿਚ ਮਿਡ ਡੇ ਮੀਲ ਦਾ ਕੰਮ ਖਤਮ ਕਰਕੇ ਬੈਂਕ ਖਾਤਾ ਖੁਲਵਾਉਣ ਜਾਂਦੇ ਹਨ ਅਤੇ ਉਸ ਸਮੇਂ ਕੈਨਰਾ ਬੈਂਕਾਂ ਵਿੱਚ ਖਾਤੇ ਖੁਲਵਾਉਣ ਸਬੰਧੀ ਭਾਰੀ ਗਿਣਤੀ ਵਿੱਚ ਕੁੱਕ ਕਮ ਹੈਲਪਰ ਅਤੇ ਹੋਰ ਲੋਕ ਆ ਜਾਂਦੇ ਹਨ ਅਤੇ ਬੈਂਕ ਵਾਲੇ ਕਰਮਚਾਰੀ ਕਹਿੰਦੇ ਹਨ ਕਿ ਅੱਜ ਇੰਨੇ ਸਾਰੇ ਖਾਤੇ ਨਹੀਂ ਖੁੱਲ ਸਕਦੇ ਤੁਸੀਂ ਦੁਬਾਰਾ ਕੱਲ ਨੂੰ ਆਓ। ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ (ਵਿਗਿਆਨਿਕ) ਮੰਗ ਕਰਦੀ ਹੈ ਕਿ ਸਿੱਖਿਆ ਵਿਭਾਗ ਖਾਤੇ ਖਲਵਾਉਣ ਸਬੰਧੀ ਹੋਏ ਇਕਰਾਰਨਾਮੇ ਨੂੰ ਲਾਗੂ ਕਰਵਾਉਣ ਲਈ ਕੈਨਰਾ ਬੈਂਕ ਦੇ ਅਧਿਕਾਰੀਆਂ ਨੂੰ ਤਾਕੀਦ ਕਰੇ ਕਿ ਮਿਡ ਡੇ ਮੀਲ ਵਰਕਰਜ਼ ਦੇ ਖਾਤੇ ਬੈਂਕ ਕਰਮਚਾਰੀਆਂ ਵੱਲੋਂ ਉਹਨਾਂ ਦੇ ਸਕੂਲਾਂ ਨਾਲ ਸੰਪਰਕ ਕਰਕੇ ਇੱਕ ਦਿਨ ਸੈਂਟਰ ਪੱਧਰ ਉੱਪਰ ਸਮੂਹ ਵਰਕਰਜ਼ ਨੂੰ ਬੁਲਾ ਕੇ ਖੋਲੇ ਜਾਣ ਤਾਂ ਜੋ ਮਿਡ ਡੇ ਮੀਲ ਵਰਕਰਜ਼ ਖਾਤਾ ਖਲਵਾਉਣ ਸਮੇਂ ਹੋ ਰਹੀ ਖੱਜਲ ਖੁਆਰੀ ਤੋਂ ਬਚ ਸਕਣ। ਇਸ ਮੌਕੇ ਕੰਵਲਜੀਤ ਸੰਗੋਵਾਲ, ਜਤਿੰਦਰ ਸਿੰਘ ਸੋਨੀ, ਗੁਰਜੀਤ ਸਿੰਘ ਮੋਹਾਲੀ, ਪਰਗਟ ਸਿੰਘ ਜੰਬਰ, ਲਾਲ ਚੰਦ, ਜਗਤਾਰ ਸਿੰਘ ਖਮਾਣੋ, ਸੁੱਚਾ ਸਿੰਘ ਚਾਹਲ ਨੇ ਮੰਗ ਕੀਤੀ ਕਿ ਮਿਡ ਡੇ ਮੀਲ ਦੇ ਕੁੱਕ ਕਮ ਹੈਲਪਰ ਦੇ ਖਾਤੇ ਸੈਂਟਰ ਪੱਧਰ ਜਾਂ ਸਕੂਲ ਪੱਧਰ ਉਪਰ ਖੁਲਵਾਉਣ ਦੇ ਪ੍ਰਬੰਧ ਕੀਤੇ ਜਾਣ।

## ਆਈ ਏ ਐਸ ਅਧਿਕਾਰੀ ਕ੍ਰਿਤਿਕਾ ਗੋਇਲ ਨੇ ਐਸ ਡੀ ਐਮ ਵਜੋਂ ਅਹੁਦਾ ਸੰਭਾਲਿਆ



**ਨਵਾਂਸ਼ਹਿਰ, ਬਲਾਚੌਰ (ਕੁਲਵਿੰਦਰ ਸਿੰਘ ਦੁਰਗਾਪੁਰੀਆ, ਜਸਵਿੰਦਰ ਬੈਂਸ)-** ਭਾਰਤੀ ਪ੍ਰਸ਼ਾਸ਼ਨਿਕ ਸੇਵਾਵਾਂ ਦੇ 2023 ਬੈਚ ਦੇ ਅਧਿਕਾਰੀ ਕ੍ਰਿਤਿਕਾ ਗੋਇਲ ਨੇ ਮੰਗਲਵਾਰ ਇੱਥੇ ਬਤੌਰ ਸਬ-ਡਵੀਜ਼ਨਲ ਮੈਜਿਸਟਰੇਟ ਵਜੋਂ ਅਹੁਦਾ ਸੰਭਾਲਦਿਆਂ ਕਿਹਾ ਕਿ ਲੋਕਾਂ ਨੂੰ ਨਾਗਰਿਕ ਸੇਵਾਵਾਂ ਹੋਰ ਵੀ ਸੁਚੱਜੇ ਢੰਗ ਨਾਲ ਪ੍ਰਦਾਨ ਕਰਵਾਉਣਾ, ਭਲਾਈ ਸਕੀਮਾਂ ਦਾ ਲਾਭ ਜ਼ਮੀਨੀ ਪੱਧਰ ਤੱਕ ਪਹੁੰਚਾਉਣਾ ਅਤੇ ਹੋਰ ਵੀ ਬਿਹਤਰ ਢੰਗ ਨਾਲ ਪ੍ਰਸ਼ਾਸ਼ਨਿਕ ਕੰਮ ਕਰਨਾ ਉਨ੍ਹਾਂ ਦੀ ਤਰਜੀਹ ਰਹੇਗੀ। ਐਸ.ਡੀ.ਐਮ ਕ੍ਰਿਤਿਕਾ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਵੀ ਅਸਰਦਾਰ ਢੰਗ ਨਾਲ ਲਾਗੂ ਕਰਨ ਲਈ ਉਪਰਾਲੇ ਕੀਤੇ ਜਾਣਗੇ ਅਤੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਗਰੂਕ ਕੀਤਾ ਜਾਵੇਗਾ । ਉਨ੍ਹਾਂ ਕਿਹਾ ਕਿ ਸਿੱਖਿਆ ਅਤੇ ਸਿਹਤ ਖੇਤਰ ਵੱਲ ਵੀ ਵਿਸ਼ੇਸ਼ ਧਿਆਨ ਦੇ ਕੇ ਲੋਕਾਂ ਨੂੰ ਲੋੜੀਦੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ। ਪੰਜਾਬ ਦੇ ਸੰਗਰੂਰ ਜ਼ਿਲ੍ਹੇ ਨਾਲ ਸੰਬੰਧਤ ਆਈ.ਏ.ਐਸ. ਕ੍ਰਿਤਿਕਾ ਗੋਇਲ ਐਸ.ਡੀ.ਐਮ. ਵਜੋਂ ਚਾਰਜ ਲੈਣ ਤੋਂ ਪਹਿਲਾਂ ਲੁਧਿਆਣਾ ਵਿਖੇ ਬਤੌਰ ਸਹਾਇਕ ਕਮਿਸ਼ਨਰ ਸੇਵਾਵਾਂ ਦੇ ਚੁੱਕੇ ਹਨ।

# ਸਿਹਤ ਮੰਤਰੀ ਨੂੰ ਅਸਤੀਫਾ ਦੇਣਾ ਚਾਹੀਦਾ : ਪ੍ਰਗਟ ਸਿੰਘ

**ਜਲੰਧਰ (ਰਾਜੇਸ਼ ਥਾਪਾ)**- ਵਿਧਾਇਕ ਅਤੇ ਆਲ ਇੰਡੀਆ ਕਾਂਗਰਸ ਕਮੇਟੀ ਦੇ ਸਕੱਤਰ ਪਦਮਸ਼੍ਰੀ ਪ੍ਰਗਟ ਸਿੰਘ ਨੇ ਸੋਮਵਾਰ ਨੂੰ ਜਲੰਧਰ ਸਿਵਲ ਹਸਪਤਾਲ ਵਿੱਚ ਆਕਸੀਜਨ ਪਲਾਂਟ ਬੰਦ ਹੋਣ ਕਾਰਨ ਤਿੰਨ ਮਰੀਜ਼ਾਂ ਦੀ ਮੌਤ ਦੇ ਸਬੰਧ ਵਿੱਚ ਸਿਵਲ ਹਸਪਤਾਲ ਦਾ ਦੌਰਾ ਕੀਤਾ। ਉਨ੍ਹਾਂ ਹਸਪਤਾਲ ਜਾ ਕੇ ਮ੍ਰਿਤਕਾਂ ਦਾ ਪੋਸਟਮਾਰਟਮ ਨਾ ਕਰਨ ਅਤੇ ਤਕਨੀਕੀ ਸਟਾਫ ਦੀ ਗੈਰਹਾਜ਼ਰੀ ਦੇ ਮੁੱਦੇ 'ਤੇ ਸਰਕਾਰ ਨੂੰ ਘੇਰਿਆ ਅਤੇ ਸਰਕਾਰ ਦੇ ਕੰਮਕਾਜ 'ਤੇ ਸਵਾਲ ਉਠਾਏ।ਉਨ੍ਹਾਂ ਸਵਾਲ ਉਠਾਇਆ ਕਿ ਇੰਨੇ ਗੰਭੀਰ ਮੁੱਦੇ 'ਤੇ ਸਿਹਤ ਮੰਤਰੀ ਬਿਨਾਂ ਪੋਸਟਮਾਰਟਮ ਦੇ ਇਹ ਕਿਵੇਂ ਦਾਅਵਾ ਕਰ ਸਕਦੇ ਹਨ ਕਿ ਮਰੀਜ਼ਾਂ ਦੀ ਮੌਤ ਕਿਵੇਂ ਹੋਈ। ਮਰੀਜ਼ਾਂ ਦੀ ਮੌਤ ਦਾ ਕਾਰਨ ਅਦਾਲਤ ਵਿੱਚ ਪੋਸਟਮਾਰਟਮ ਕੀਤੇ ਬਿਨਾਂ ਕਿਸ ਸਬੂਤ ਦੇ ਆਧਾਰ 'ਤੇ ਸਾਬਤ ਹੋਵੇਗਾ? ਸਿਹਤ ਮੰਤਰੀ ਡਾ. ਬਲਬੀਰ ਸਿੰਘ ਸਿਹਤ ਵਿਭਾਗ ਦੀ ਅਸਫਲਤਾ ਲਈ ਸਿੱਧੇ ਤੌਰ 'ਤੇ ਜ਼ਿੰਮੇਵਾਰ ਹਨ ਅਤੇ ਉਨ੍ਹਾਂ ਨੂੰ ਨੈਤਿਕ ਆਧਾਰ 'ਤੇ ਅਸਤੀਫਾ ਦੇ ਦੇਣਾ ਚਾਹੀਦਾ ਹੈ।ਪ੍ਰਗਟ ਸਿੰਘ ਨੇ ਕਿਹਾ ਕਿ ਉਹ ਪੰਜਾਬ ਵਿਧਾਨ ਸਭਾ ਵਿੱਚ ਤਿੰਨ ਲੋਕਾਂ ਦੀਆਂ ਕੀਮਤੀ ਜਾਨਾਂ ਲੈਣ ਦਾ ਮੁੱਦਾ ਉਠਾਉਣਗੇ। ਇਸ ਲਈ ਸਰਕਾਰ ਤੋਂ ਜਵਾਬ ਮੰਗਿਆ ਜਾਵੇਗਾ। ਸਰਕਾਰ ਸਿਰਫ਼ ਕਮੇਟੀਆਂ ਬਣਾ ਕੇ ਇਸ ਮੁੱਦੇ ਨੂੰ ਦਬਾ ਨਹੀਂ ਸਕੇਗੀ। ਸਰਕਾਰ ਨੂੰ ਇਸ ਲਾਪਰਵਾਹੀ ਦਾ ਜਵਾਬ ਪੰਜਾਬ ਦੇ ਲੋਕਾਂ ਨੂੰ ਦੇਣਾ ਪਵੇਗਾ। ਇਸ ਦੇ ਨਾਲ ਹੀ ਇਸ ਵੱਡੀ ਲਾਪਰਵਾਹੀ ਲਈ ਜ਼ਿੰਮੇਵਾਰ ਹਸਪਤਾਲ ਪ੍ਰਬੰਧਕਾਂ ਅਤੇ ਸਟਾਫ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।ਪ੍ਰਗਟ ਸਿੰਘ ਨੇ ਕਿਹਾ ਕਿ ਪੰਜਾਬੀ ਕਦੇ ਵੀ ਇੰਨੇ ਡਰੇ ਹੋਏ ਨਹੀਂ ਸਨ ਜਿੰਨੇ ਹੁਣ ਹਨ। ਪੰਜਾਬ ਸਰਕਾਰ ਦਾ ਸਿਹਤ ਪ੍ਰਬੰਧਨ ਪੂਰੀ ਤਰ੍ਹਾਂ ਅਸਫਲ ਸਾਬਤ ਹੋ ਰਿਹਾ ਹੈ। ਸਾਰੇ ਦਾਅਵੇ ਸਿਰਫ਼ ਇਸ਼ਤਿਹਾਰਾਂ ਤੱਕ ਸੀਮਤ ਹਨ।ਪ੍ਰਗਟ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਅਤੇ ਮੰਤਰੀ ਅਸਲੀ ਨਹੀਂ ਹਨ, ਉਹ ਸਾਰੇ ਕਾਗਜ਼ਾਂ 'ਤੇ ਹਨ। ਉਨ੍ਹਾਂ ਨੂੰ ਸਰਕਾਰ ਵਿੱਚ ਕੋਈ ਫੈਸਲਾ ਲੈਣ ਦਾ ਅਧਿਕਾਰ ਨਹੀਂ । ਨਾ ਹੀ ਸਰਕਾਰ ਵਿੱਚ ਉਨ੍ਹਾਂ ਦੀ ਗੱਲ ਮੰਨੀ ਜਾਂਦੀ ਹੈ। ਸਿੱਖਿਆ ਅਤੇ ਸਿਹਤ ਵਿੱਚ ਕ੍ਰਾਂਤੀ ਦਾ ਦਾਅਵਾ ਕਰਨ ਵਾਲੀ ਸਰਕਾਰ ਦੀ ਜ਼ਮੀਨੀ ਹਕੀਕਤ ਸਭ ਦੇ ਸਾਹਮਣੇ ਆ ਗਈ ਹੈ।ਜ਼ਿਲ੍ਹਾ ਕਾਂਗਰਸ ਸ਼ਹਿਰੀ ਪ੍ਰਧਾਨ ਅਤੇ ਸਾਬਕਾ ਵਿਧਾਇਕ ਰਜਿੰਦਰ ਬੇਰੀ ਨੇ ਕਿਹਾ ਕਿ ਸਰਕਾਰ ਲੋਕਾਂ ਨੂੰ ਸਿਹਤ ਸੇਵਾਵਾਂ ਪ੍ਰਦਾਨ ਕਰਨ ਵਿੱਚ ਅਸਫਲ ਸਾਬਤ ਹੋ ਰਹੀ ਹੈ। ਇੰਨਾ ਵੱਡਾ ਹਾਦਸਾ ਹਸਪਤਾਲ ਸਟਾਫ ਦੀ ਲਾਪਰਵਾਹੀ ਦਾ ਨਤੀਜਾ ਹੈ। ਇਹ ਗਰੀਬਾਂ ਨਾਲ ਧੱਕਾ ਹੈ। ਇਸ ਮੌਕੇ ਵਿਧਾਇਕ ਬਾਵਾ ਹੈਨਰੀ, ਯੁਵਾ ਨੇਤਾ ਅੰਗਦ ਦੱਤਾ ਅਤੇ ਹੋਰ ਆਗੂ ਮੌਜੂਦ ਸਨ।



# ਏ ਜੀ ਆਈ ਇਨਫਰਾ ਲਿਮਟਿਡ ਨੇ ਰਿਹਾਇਸ਼ ਦੀ ਧਾਰਨਾ 'ਚ ਕ੍ਰਾਂਤੀ ਲਿਆ ਦਿੱਤੀ

**ਜਲੰਧਰ (ਰਾਜੇਸ਼ ਥਾਪਾ)** ਘਰ ਬਣਾਉਣ ਦਾ ਰਵਾਇਤੀ ਤਰੀਕਾ ਜਿੱਥੇ ਵਿਅਕਤੀ ਸਥਾਨਕ ਮਿਸਤਰੀਆਂ ਅਤੇ ਵੱਖਰੇ ਤੌਰ 'ਤੇ ਕਿਰਾਏ 'ਤੇ ਲਏ ਪਲੰਬਰ ਜਾਂ ਇਲੈਕਟ੍ਰੀਸ਼ੀਅਨਾਂ 'ਤੇ ਨਿਰਭਰ ਕਰਦੇ ਸਨ, ਹੁਣ ਬੀਤੇ ਦੀ ਗੱਲ ਬਣ ਗਈ ਹੈ। ਸਮੇਂ ਦੇ ਨਾਲ, ਹੁਨਰਮੰਦ ਪੇਸ਼ੇਵਰਾਂ ਅਤੇ ਆਰਕੀਟੈਕਟਾਂ ਨੇ ਸਹੀ ਯੋਜਨਾਬੰਦੀ ਅਤੇ ਗਾਹਕਾਂ ਦੀਆਂ ਜ਼ਰੂਰਤਾਂ ਦੇ ਆਧਾਰ 'ਤੇ ਘਰਾਂ ਨੂੰ ਡਿਜ਼ਾਈਨ ਕਰਨਾ ਸ਼ੁਰੂ ਕਰ ਦਿੱਤਾ। ਬਾਅਦ ਵਿੱਚ, ਅੰਦਰੂਨੀ ਡਿਜ਼ਾਈਨਰਾਂ ਨੇ ਨਿੱਜੀ ਸਵਾਦਾਂ ਨੂੰ ਦਰਸਾਉਣ ਲਈ ਥਾਵਾਂ ਨੂੰ ਅਨੁਕੂਲਿਤ ਕਰਕੇ ਸੁਹਜ ਮੁੱਲ ਜੋੜਿਆ।ਹਾਲਾਂਕਿ, ਉਸਾਰੀ ਦੀਆਂ ਵਧਦੀਆਂ ਲਾਗਤਾਂ, ਮਹਿੰਗੇ ਕੱਚੇ ਮਾਲ ਅਤੇ ਵਧਦੀਆਂ ਉਮੀਦਾਂ ਨੇ ਜ਼ਿਆਦਾਤਰ ਲੋਕਾਂ ਲਈ ਸੁਤੰਤਰ ਤੌਰ 'ਤੇ ਘਰ ਬਣਾਉਣਾ ਮੁਸ਼ਕਲ ਬਣਾ ਦਿੱਤਾ ਹੈ। ਇਸ ਤਬਦੀਲੀ ਨੇ ਸੰਗਠਿਤ ਰੀਅਲ ਅਸਟੇਟ ਡਿਵੈਲਪਰਾਂ ਲਈ ਦਰਵਾਜ਼ਾ ਖੋਲ੍ਹ ਦਿੱਤਾ ਹੈ। ਏਜੀਆਈ ਇੰਫਰਾ ਲਿਮਟਿਡ ਵਰਗੀਆਂ ਕੰਪਨੀਆਂ, ਜੋ ਹੁਣ ਰੀਅਲ ਅਸਟੇਟ ਵਿੱਚ ਇੱਕ ਮੋਹਰੀ ਅਤੇ ਭਰੋਸੇਮੰਦ ਨਾਂਅ ਹੈ, ਨੇ ਰਿਹਾਇਸ਼ ਦੀ ਧਾਰਨਾ ਵਿੱਚ ਕ੍ਰਾਂਤੀ ਲਿਆ ਦਿੱਤੀ ਹੈ। ਇੱਕ ਅਜਿਹੇ ਸਮੇਂ ਜਦੋਂ ਰਵਾਇਤੀ ਘਰਾਂ ਦੀ ਉਸਾਰੀ ਵਧਦੀਆਂ ਲਾਗਤਾਂ, ਖਿੰਡੀਆਂ ਹੋਈਆਂ ਸੇਵਾਵਾਂ ਅਤੇ ਸੀਮਤ ਸਹੂਲਤਾਂ ਕਾਰਨ ਪ੍ਰਸੰਗਿਕਤਾ ਗੁਆ ਰਹੀ ਸੀ, ਏ ਜੀ ਆਈ ਇੰਫਰਾ ਲਿਮਟਿਡ ਨੇ ਸ਼ਹਿਰੀ ਜੀਵਨ ਨੂੰ ਮੁੜ ਪਰਿਭਾਸ਼ਿਤ ਕਰਨ ਲਈ ਅੱਗੇ ਵਧਿਆ।ਆਧੁਨਿਕ, ਕਮਿਊਨਿਟੀ-ਕੇਂਦ੍ਰਿਤ ਰਿਹਾਇਸ਼ੀ ਸਮਾਜਾਂ ਦੀ ਸ਼ੁਰੂਆਤ ਕਰਕੇ, ਏ ਜੀ ਆਈ ਇੰਫਰਾ ਲਿਮਟਿਡ ਨੇ ਕਿਫਾਇਤੀ, ਉੱਚ-ਗੁਣਵੱਤਾ ਵਾਲੀ ਉਸਾਰੀ ਅਤੇ ਜੀਵਨ ਸ਼ੈਲੀ ਦੀਆਂ ਸਹੂਲਤਾਂ ਨੂੰ ਇੱਕ ਛੱਤ ਹੇਠ ਇਕੱਠਾ ਕੀਤਾ ਹੈ। ਸਮਾਰਟ ਆਰਕੀਟੈਕਚਰ ਅਤੇ ਵਾਤਾਵਰਣ-ਅਨੁਕੂਲ ਡਿਜ਼ਾਈਨ ਤੋਂ ਲੈ ਕੇ ਪਾਰਕਾਂ, ਜਿੰਮ, ਸ਼ਾਪਿੰਗ ਕੰਪਲੈਕਸਾਂ ਅਤੇ ਸੁਰੱਖਿਅਤ ਗੇਟਡ ਵਾਤਾਵਰਣ ਵਰਗੀਆਂ ਏਕੀਕ੍ਰਿਤ ਸਹੂਲਤਾਂ ਤੱਕ-ਦੇ ਵਿਕਾਸ ਸਿਰਫ਼ ਘਰਾਂ ਤੋਂ ਕਿਤੇ ਵੱਧ ਪੇਸ਼ਕਸ਼ ਕਰਦੇ ਹਨ; ਉਹ ਇੱਕ ਸੰਪੂਰਨ ਰਹਿਣ-ਸਹਿਣ ਦਾ ਅਨੁਭਵ ਪ੍ਰਦਾਨ ਕਰਦੇ ਹਨ।ਜੋ ਚੀਜ਼ ਸੱਚਮੁੱਚ ਏ ਜੀ ਆਈ ਇੰਫਰਾ ਲਿਮਟਿਡ ਨੂੰ ਵੱਖ ਕਰਦੀ ਹੈ ਉਹ ਹੈ ਇਸਦਾ ਦੂਰਦਰਸ਼ੀ ਦ੍ਰਿਸ਼ਟੀਕੋਣ, ਥੋਕ ਖਰੀਦ ਰਣਨੀਤੀ, ਕੁਸ਼ਲ ਯੋਜਨਾਬੰਦੀ, ਅਤੇ ਲੋਕਾਂ ਦੀਆਂ ਵਿਕਸਤ ਹੋ ਰਹੀਆਂ ਜ਼ਰੂਰਤਾਂ ਦੀ ਡੂੰਘੀ ਸਮਝ। ਇਸਨੇ ਕੰਪਨੀ ਨੂੰ ਹੈਰਾਨੀਜਨਕ ਤੌਰ 'ਤੇ ਕਿਫਾਇਤੀ ਕੀਮਤਾਂ 'ਤੇ ਪ੍ਰੀਮੀਅਮ-ਗੁਣਵੱਤਾ ਵਾਲੇ ਘਰ ਪੇਸ਼ ਕਰਨ ਦੇ ਯੋਗ ਬਣਾਇਆ ਹੈ, ਜਿਸ ਨਾਲ ਮੱਧ ਵਰਗ ਲਈ ਵੀ ਉੱਤਮ ਜੀਵਨ ਪਹੁੰਚਯੋਗ ਹੋ ਗਿਆ ਹੈ।ਏ ਜੀ ਆਈ ਇੰਫਰਾ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਨੇ ਕਿਹਾ ਕਿ ਇਹ ਕਮਿਊਨਿਟੀ ਰਹਿਣ-ਸਹਿਣ ਦਾ ਯੁੱਗ ਹੈ। ਅਸੀਂ ਲੋਕਾਂ ਦੀ ਉਮੀਦ ਨਾਲੋਂ ਕਿਤੇ ਜ਼ਿਆਦਾ ਸਹੂਲਤਾਂ, ਕਿਫਾਇਤੀ ਕੀਮਤਾਂ 'ਤੇ ਪ੍ਰਦਾਨ ਕਰ ਰਹੇ ਹਾਂ ਅਤੇ ਆਧੁਨਿਕ ਰਿਹਾਇਸ਼ ਦੀ ਵਧਦੀ ਮੰਗ ਨੂੰ ਸਫਲਤਾਪੂਰਵਕ ਪੂਰਾ ਕਰ ਰਹੇ ਹਾਂ।



# ਹਰਸਿਮਰਨ ਸਿੰਘ ਲੌਂਗੀਆ ਨੇ ਚੌਥੀ ਵਾਰ ਕਿੱਕ ਬਾਕਸਿੰਗ ਨੈਸ਼ਨਲ 'ਚ ਗੋਲਡ ਮੈਡਲ ਜਿੱਤਿਆ



**ਬੰਗਾ (ਅਵਤਾਰ ਕਲੇਰ)**- ਹਰਸਿਮਰਨ ਸਿੰਘ ਲੌਂਗੀਆ ਨੇ ਲਗਾਤਾਰ ਚੌਥੀ ਵਾਰ ਨੈਸ਼ਨਲ ਕਿੱਕ ਬਾਕਸਿੰਗ ਵਿੱਚੋਂ ਗੋਲਡ ਮੈਡਲ ਜਿੱਤਿਆ। ਸੀਨੀਅਰ ਐਂਡ ਮਾਸਟਰ ਨੈਸ਼ਨਲ ਕਿੱਕ ਬਾਕਸਿੰਗ ਚੈਂਪੀਅਨਸ਼ਿਪ 2025 ਬਲਬੀਰ ਸਿੰਘ ਜੂਨੇਜਾ ਇੰਡੋਰ ਸਟੇਡੀਅਮ ਰਾਏਪੁਰ ਸਟੇਟ ਛੱਤੀਸਗੜ੍ਹ ਵਿਖੇ ਹੋਈ ਹੈ। ਹਰਸਿਮਰਨ ਸਿੰਘ ਲੌਂਗੀਆ-81 ਕਿੱਲੋ ਭਾਰ ਵਰਗ ਲੋਅ ਕਿੱਕ ਈਵੈਂਟ ਵਿੱਚ ਹਿੱਸਾ ਲਿਆ ਸੀ ਉਸ ਨੇ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਆਪਣੇ ਵਿਰੋਧੀ ਨੂੰ ਨਾਕ ਆਊਟ ਮਾਰਿਆ। ਜਿਹੜਾ ਕਿ 16 ਜੁਲਾਈ ਤੋਂ 20 ਜੁਲਾਈ ਤੱਕ ਸੀ ਜਿਸ ਵਿੱਚ 1200 ਖਿਡਾਰੀਆਂ ਅਤੇ 300 ਅਧਿਕਾਰੀਆਂ ਸਹਿਤ ਕੁੱਲ 1500 ਪ੍ਰਤੀਯੋਗੀਆਂ ਨੇ ਹਿੱਸਾ ਲਿਆ। ਪੰਜਾਬ ਨੇ 66 ਤੋਂ ਵੱਧ ਮੈਡਲ ਹਾਸਲ ਕੀਤੇ। ਇਨ੍ਹਾਂ ਦੇ ਨਾਲ ਹੀ ਕਿੱਕ ਬਾਕਸਿੰਗ ਦੇ ਕੋਚ ਵੀ ਗਏ ਹੋਏ ਸਨ। ਜਿਨ੍ਹਾਂ ਵਿੱਚ ਹਰਸਿਮਰਨ ਸਿੰਘ ਲੌਂਗੀਆ ਇੱਕ ਵਾਰ ਫਾਈਨੈਂਸ਼ੀਅਲ ਖੇਡਾਂ ਜਾ ਚੁੱਕੇ ਹਨ। ਇਸ ਨੇ ਚੌਥੀ ਵਾਰ ਕਿੱਕ ਬਾਕਸਿੰਗ ਵਿੱਚੋਂ ਨੈਸ਼ਨਲ ਪੱਧਰ 'ਤੇ ਗੋਲਡ ਮੈਡਲ ਜਿੱਤ ਕੇ ਜਿੱਥੇ ਆਪਣੇ ਪੰਜਾਬ ਦਾ ਮਾਣ ਵਧਾਇਆ ਹੈ ਉੱਥੇ ਨਾਲ ਹੀ ਆਪਣੇ ਕੋਚ ,ਮਾਂ- ਬਾਪ ਅਤੇ ਡਾ. ਭੀਮ ਰਾਓ ਅੰਬੇਡਕਰ ਅਕੈਡਮੀ ਪਿੰਡ ਸੂੰਢ ਦਾ ਨਾਂਅ ਰੌਸ਼ਨ ਕੀਤਾ।

## ਜਨਮ ਦਿਨ ਮੁਬਾਰਕ



ਅਗਮ ਇੰਦੋਰਾ
ਪਿਤਾ : ਹਰਿਸ਼ ਇੰਦੋਰਾ
ਵਾਸੀ : ਗਿੱਦੜਬਾਹਾ

## ਵਰ੍ਹੇਗੰਢ ਮੁਬਾਰਕ



ਅਮਰਪ੍ਰੀਤ ਸੰਧੂ ਅਤੇ ਨਿਕੀਤਾ ਸੰਧੂ ਨੂੰ ਵਿਆਹ ਦੀ 13ਵੀਂ ਵਰ੍ਹੇਗੰਢ ਦੀਆਂ ਮੁਬਾਰਕਾਂ।

# ਅਜ਼ਾਦੀ ਦਿਹਾੜੇ ਦੇ ਸਮਾਰੋਹ ਲਈ ਸੱਭਿਆਚਾਰਕ ਪੇਸ਼ਕਾਰੀਆਂ ਦੀ ਚੋਣ ਅੱਜ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** 15 ਅਗਸਤ ਦਾ ਦਿਨ ਸਮੂਹ ਭਾਰਤੀਆਂ ਲਈ ਗੌਰਵ ਦਾ ਪ੍ਰਤੀਕ ਹੈ ਕਿਉਂਕਿ ਇਸ ਦਿਨ ਦੇਸ਼ ਅਜ਼ਾਦ ਹੋਇਆ ਸੀ। ਇਸ ਦਿਨ ਨੂੰ ਮੁੱਖ ਰੱਖ ਕੇ ਇਸ ਦਿਨ ਦੇਸ਼ 'ਚ ਪ੍ਰਭਾਵਸ਼ਾਲੀ ਢੰਗ ਨਾਲ ਮਨਾਇਆ ਜਾਂਦਾ ਹੈ। ਸ੍ਰੀ ਅਨੰਦਪੁਰ ਸਾਹਿਬ ਵਿੱਚ ਅਜ਼ਾਦੀ ਦਿਹਾੜੇ ਦੇ ਪ੍ਰੋਗਰਾਮ ਚਰਨ ਗੰਗਾ ਸਟੇਡੀਅਮ ਵਿਚ ਹੋਣਗੇ, ਇਸ ਲਈ ਸੱਭਿਆਚਾਰਕ ਪੇਸ਼ਕਾਰੀਆਂ ਦੀ ਚੋਣ 30 ਜੁਲਾਈ ਨੂੰ ਸਵੇਰੇ 10 ਵਜੇ ਚਰਨ ਗੰਗਾ ਸਟੇਡੀਅਮ ਵਿਚ ਹੋਵੇਗੀ। ਇਹ ਜਾਣਕਾਰੀ ਹਰਸਿਮਰਨ ਸਿੰਘ ਤਹਿਸੀਲਦਾਰ ਨੇ ਦਿੱਤੀ। ਉਨ੍ਹਾਂ ਨੇ ਦੱਸਿਆ ਕਿ ਸੁਤੰਤਰਤਾ ਦਿਵਸ ਸਮਾਗਮ ਦੌਰਾਨ ਵੱਖ-ਵੱਖ ਖੇਤਰਾਂ ਵਿੱਚ ਸ਼ਲਾਘਾਯੋਗ ਕੰਮ ਕਰਨ ਵਾਲਿਆਂ ਸ਼ਖਸੀਅਤਾਂ ਦਾ ਸਨਮਾਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਉਪ ਮੰਡਲ ਪੱਧਰ ਦੇ ਸੁਤੰਤਰਤਾ ਦਿਵਸ ਸਮਾਗਮ ਦੌਰਾਨ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ।30 ਜੁਲਾਈ ਨੂੰ ਸਵੇਰੇ 10 ਵਜੇ ਸੱਭਿਆਚਾਰਕ ਤੇ ਦੇਸ਼ ਭਗਤੀ ਦੀਆਂ ਪੇਸ਼ਕਾਰੀਆਂ ਦੀ ਚੋਣ ਚਰਨ ਗੰਗਾ ਸਟੇਡੀਅਮ ਸ੍ਰੀ ਅਨੰਦਪੁਰ ਸਾਹਿਬ ਵਿਖੇ ਕੀਤੀ ਜਾਵੇਗੀ। ਸਮਾਰੋਹ ਦੀ ਰਿਹਸਲ 11,12 ਨੂੰ ਅਤੇ ਫੁੱਲ ਡਰੈਸ ਰਿਹਸਲ 13 ਅਗਸਤ ਨੂੰ ਹੋਵੇਗੀ।ਉਨ੍ਹਾਂ ਨੇ ਕਿਹਾ ਕਿ ਅਜ਼ਾਦੀ ਦੇ ਸੰਗਰਾਮ ਵਿੱਚ ਯੋਗਦਾਨ ਪਾਉਣ ਵਾਲੀਆਂ ਮਹਾਂਨ ਸਖ਼ਸ਼ੀਅਤਾਂ ਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨੂੰ ਅਜ਼ਾਦੀ ਦਿਹਾੜੇ ਮੌਕੇ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਜਾਵੇਗਾ।

# ਧਾਰਮਿਕ ਸਮਾਗਮ 'ਚ ਸ਼ਿਰਕਤ ਕਰਨ ਲਈ ਨਡਾਲੋਂ ਤੋਂ ਸੰਗਤਾਂ ਦਾ ਜਥਾ ਰਵਾਨਾ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਸੰਤ ਬਾਬਾ ਨਿਧਾਨ ਸਿੰਘ ਜੀ ਸ੍ਰੀ ਹਜ਼ੂਰ ਸਾਹਿਬ ਵਾਲਿਆਂ ਨੂੰ ਸਮਰਪਿਤ 2, 3 ਤੇ 4 ਅਗਸਤ ਨੂੰ ਗੁਰਦੁਆਰਾ ਲੰਗਰ ਸਾਹਿਬ ਸ੍ਰੀ ਹਜ਼ੂਰ ਸਾਹਿਬ (ਨਾਂਦੇੜ) ਵਿਖੇ ਮਨਾਏ ਜਾ ਰਹੇ ਸਾਲਾਨਾ ਧਾਰਮਿਕ ਜੋੜ ਮੇਲੇ 'ਚ ਸ਼ਿਰਕਤ ਕਰਨ ਲਈ ਜਥੇਦਾਰ ਇਕਬਾਲ ਸਿੰਘ ਖੇੜਾ ਤੇ ਸਾਬਕਾ ਸਰਪੰਚ ਜਥੇਦਾਰ ਜਸਬੀਰ ਸਿੰਘ ਭੱਟੀ ਦੀ ਅਗਵਾਈ 'ਚ ਇੱਕ ਵੱਡਾ ਜਥਾ ਤਿੰਨ ਬੱਸਾਂ ਤੇ ਇੱਕ ਛੋਟੀ ਗੱਡੀ ਰਾਹੀਂ ਗੁਰਦੁਆਰਾ ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਜੀ ਪਿੰਡ ਨਡਾਲੋਂ ਤੋਂ ਅਰਦਾਸ ਉਪਰੰਤ ਜੈਕਾਰਿਆਂ ਦੀ ਗੂੰਜ ਵਿੱਚ ਰਵਾਨਾ ਹੋਇਆ। ਇਸ ਮੌਕੇ ਰਵਾਨਗੀ ਦੀ ਅਰਦਾਸ ਮੁੱਖ ਗ੍ਰੰਥੀ ਭਾਈ ਅਕਾਸ਼ਦੀਪ ਸਿੰਘ ਬਾਸਰਕੇ ਗਿੱਲਾਂ ਨੇ ਕੀਤੀ। ਇਸ ਮੌਕੇ ਜਥੇਦਾਰ ਇਕਬਾਲ ਸਿੰਘ ਖੇੜਾ ਨੇ ਦੱਸਿਆ ਕਿ ਇਹ ਜਥਾ ਰਸਤੇ ਵਿੱਚ ਆਉਂਦੇ ਵੱਖ-ਵੱਖ ਇਤਿਹਾਸਕ ਗੁਰਧਾਮਾਂ ਦੇ ਦਰਸ਼ਨ ਕਰਦਾ ਹੋਇਆ 31 ਜੁਲਾਈ ਸ਼ਾਮ ਨੂੰ ਸ੍ਰੀ ਹਜ਼ੂਰ ਸਾਹਿਬ ਪਹੁੰਚ ਜਾਵੇਗਾ। ਉਹਨਾਂ ਅੱਗੇ ਦੱਸਿਆ ਕਿ ਜਥਾ 2, 3 ਤੇ 4 ਅਗਸਤ ਨੂੰ ਧਾਰਮਿਕ ਜੋੜ ਮੇਲੇ ਵਿੱਚ ਹਾਜ਼ਰੀਆਂ ਭਰਨ ਦੇ ਨਾਲ-ਨਾਲ ਲੋਕਲ ਗੁਰਦੁਆਰੇ ਤੇ ਗੁਰਦੁਆਰਾ ਨਾਨਕ ਝੀਰਾ ਬਿਦਰ (ਕਰਨਾਟਕ) ਵਿਖੇ ਵੀ ਦਰਸ਼ਨ ਕਰਨ ਲਈ ਜਾਵੇਗਾ। ਇਸ ਮੌਕੇ ਅਮਰਜੀਤ ਸਿੰਘ ਅਮਰੀਕਾ, ਬਲਬੀਰ ਸਿੰਘ ਨਡਾਲੋਂ, ਅਮਰਜੀਤ ਸਿੰਘ ਰਾਜਾ ਜਾਂਗਲੀਆਣਾ, ਬਲਜਿੰਦਰ ਸਿੰਘ ਖਾਲਸਾ ਪੰਡੋਰੀ, ਕਿਰਪਾਲ ਸਿੰਘ ਅਜਨੋਹਾ, ਲਖਵਿੰਦਰ ਸਿੰਘ ਬਿਹਾ, ਹਰਜਿੰਦਰ ਸਿੰਘ ਸੈਣੀ, ਵਰਿੰਦਰਜੀਤ ਸਿੰਘ ਚੱਕਸਿੰਘਾ, ਬਾਬਾ ਜਰਨੈਲ ਸਿੰਘ ਨਡਾਲੋਂ, ਨਿਰਮਲ ਸਿੰਘ ਬੋੜਾ, ਅਵਤਾਰ ਸਿੰਘ ਬਿੰਜੋਂ, ਕੁਲਦੀਪ ਸਿੰਘ ਅਜਨੋਹਾ, ਬਲਵੰਤ ਕੌਰ ਭਾਣਾ, ਡਾ. ਸੁਖਦੇਵ ਸਿੰਘ ਬੱਡੋਂ, ਸੰਨੂ ਖਾਲਸਾ ਬੱਡੋਂ, ਨਿਰਮਲ ਸਿੰਘ ਭੀਲੋਵਾਲ, ਮੇਜਰ ਸਿੰਘ ਲਹਿਲੀ, ਅਮਨਦੀਪ ਸਿੰਘ ਨੰਗਲ ਖਿਲਾੜੀਆਂ, ਗਿਆਨੀ ਸੁਖਦੇਵ ਸਿੰਘ ਨਡਾਲੋਂ, ਜਸਵੰਤ ਸਿੰਘ ਪੰਜੌੜ, ਗੁਰਚਰਨ ਸਿੰਘ ਗੋਬਿੰਦਪੁਰ, ਲੱਖਾ ਸਿੰਘ ਪਾਲਦੀ, ਹਰਭਜਨ ਕੌਰ ਨਡਾਲੋਂ, ਅਜੀਤ ਸਿੰਘ ਮਹਿਤਪੁਰ, ਭਗਤ ਸਿੰਘ ਮਹਿਤਪੁਰ, ਅਮਰੀਕ ਸਿੰਘ ਜੱਟਪੁਰ, ਸੁਖਦੇਵ ਸਿੰਘ ਨਵਾਂਸ਼ਹਿਰ ਆਦਿ ਹਾਜ਼ਰ ਸਨ।



# ਮੁੱਖ ਮੰਤਰੀ ਨੇ ਸ਼ਹੀਦ ਏ ਐੱਸ ਆਈ ਧਨਵੰਤ ਸਿੰਘ ਦੇ ਪਰਵਾਰਕ ਮੈਂਬਰਾਂ ਨੂੰ ਇਕ ਕਰੋੜ ਰੁਪਏ ਦਾ ਚੈੱਕ ਸੌਂਪਿਆ

**ਬੰਗਾ (ਅਵਤਾਰ ਕਲੇਰ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਡਿਊਟੀ ਦੌਰਾਨ ਸ਼ਹੀਦ ਹੋਏ ਏ. ਐੱਸ. ਆਈ.ਧਨਵੰਤ ਸਿੰਘ ਦੇ ਪਰਵਾਰਕ ਮੈਂਬਰਾਂ ਨੂੰ ਇਕ ਕਰੋੜ ਰੁਪਏ ਦਾ ਚੈੱਕ ਸੌਂਪਿਆ। ਉਨ੍ਹਾਂ ਨੇ ਕਿਹਾ ਕਿ ਏ. ਐਸ. ਆਈ. ਧਨਵੰਤ ਸਿੰਘ ਨੇ 18 ਜਨਵਰੀ, 2025 ਨੂੰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਆਪਣੀ ਡਿਊਟੀ ਨਿਭਾਉਂਦੇ ਹੋਏ ਸ਼ਹੀਦੀ ਪ੍ਰਾਪਤ ਕੀਤੀ ਸੀ।ਸੂਬਾ ਸਰਕਾਰ ਇਸ ਨਿਮਾਣੇ ਜਿਹੇ ਉਪਰਾਲੇ ਨਾਲ ਸੂਬੇ ਵਿੱਚ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਪੁਲਸ ਅਫ਼ਸਰ ਦੇ ਅਥਾਹ ਯੋਗਦਾਨ ਪ੍ਰਤੀ ਸ਼ੁਕਰਗੁਜ਼ਾਰ ਹੈ। ਮਾਤ ਭੂਮੀ ਦੀ ਰਾਖੀ ਲਈ ਆਪਣੀ ਜਾਨ ਕੁਰਬਾਨ ਕਰਨ ਵਾਲੇ ਸੈਨਿਕਾਂ ਦੇ ਪਰਵਾਰਾਂ ਦੀ ਮੱਦਦ ਕਰਨ ਲਈ ਸੂਬਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਇਹਨਾਂ ਪਰਵਾਰਾਂ ਦੀ ਸਹਾਇਤਾ ਕਰਨਾ ਪੰਜਾਬ ਸਰਕਾਰ ਦਾ ਮੁੱਢਲਾ ਫਰਜ਼ ਹੈ। ਮਾਨ ਨੇ ਕਿਹਾ ਕਿ ਇਨ੍ਹਾਂ ਨਾਇਕਾਂ ਦੇ ਪਰਵਾਰਾਂ ਨੂੰ ਵਿੱਤੀ ਸਹਾਇਤਾ ਸੂਬਾ ਸਰਕਾਰ ਦਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਵਾਰਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਪ੍ਰਤੀ ਸੁਹਿਰਦ ਯਤਨ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਇਹ ਉਪਰਾਲਾ ਜਿੱਥੇ ਪਰਵਾਰ ਦਾ ਸਹਾਰਾ ਦੇਵੇਗਾ, ਉੱਥੇ ਹੀ ਭਵਿੱਖ ਨੂੰ ਸੁਰੱਖਿਅਤ ਬਣਾਏਗਾ। ਉਨ੍ਹਾਂ ਕਿਹਾ ਕਿ ਇਹ ਕਦਮ ਨੌਜਵਾਨਾਂ ਨੂੰ ਆਪਣੀ ਮਾਤ ਭੂਮੀ ਦੀ ਸੇਵਾ ਕਰਨ ਲਈ ਹਥਿਆਰਬੰਦ ਸੈਨਾਵਾਂ ਅਤੇ ਪੰਜਾਬ ਪੁਲਸ ਵਿੱਚ ਜਾਣ ਲਈ ਵੀ ਉਤਸ਼ਾਹਿਤ ਕਰੇਗਾ।



# ਦੁਰਗਾਪੁਰ ਦੀ ਚਾਰ ਨੰਬਰ ਵਾਰਡ ਪੰਚ ਦੀ ਚੋਣ ਗੱਭਰ ਨੇ ਜਿੱਤੀ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਪਿੰਡ ਦੁਰਗਾਪੁਰ ਵਿਖੇ ਚਾਰ ਨੰਬਰ ਵਾਰਡ ਪੰਚ ਚੋਣ ਦਾ ਅਮਲ ਅਮਨ ਚੈਨ ਨਾਲ ਨੇਪਰੇ ਚੜ੍ਹ ਗਿਆ।ਚਾਰ ਨੰਬਰ ਵਾਰਡ ਵਿੱਚ ਫਤਹਪਾਲ ਸਿੰਘ ਗੱਭਰ ਅਤੇ ਹਰਜਿੰਦਰ ਸਿੰਘ ਜਿੰਦਾ 'ਚ ਪੰਚੀ ਦੀ ਚੋਣ ਦਾ ਮੁਕਾਬਲਾ ਹੋਇਆ।ਜਿਸ ਵਿੱਚ ਫਤਹਪਾਲ ਸਿੰਘ ਗੱਭਰ ਜੇਤੂ ਰਿਹਾ। ਫਤਹਪਾਲ ਸਿੰਘ ਗੱਭਰ ਨੇ ਕਿਹਾ ਕਿ ਉਹ ਪਿੰਡ ਦੁਰਗਾਪੁਰ ਵਾਰਡ ਨੰਬਰ ਚਾਰ ਦਾ ਵਿਕਾਸ ਨਿਰਪੱਖ ਹੋ ਕੇ ਕਰੇਗਾ। ਮੇਰੇ ਵਾਰਡ ਦੀਆਂ ਬਹੁਤ ਅਜਿਹੀਆਂ ਰੋਜ਼ਾਨਾ ਦੀਆਂ ਸਮੱਸਿਆਵਾਂ ਹਨ, ਜਿਸ ਨੂੰ ਪੰਚਾਇਤ ਨਾਲ ਮਿਲ ਕੇ ਆਪਣੇ ਪਿੰਡ ਨੂੰ ਵਿਕਾਸ ਦੀ ਪਟੜੀ ਤੇ ਲਿਆਉਣ ਦਾ ਪੂਰਾ ਯਤਨ ਕਰਾਂਗਾ । ਉਹਨਾਂ ਇਸ ਜਿੱਤ ਲਈ ਸਾਰੇ ਚਾਰ ਨੰਬਰ ਵਾਰਡ ਵਾਸੀਆਂ ਦਾ ਧੰਨਵਾਦ ਕੀਤਾ। ਚੁਣੇ ਗਏ ਪੰਚ ਨੇ ਦੱਸਿਆ ਕਿ ਉਸ ਨੂੰ ਜਿਤਾਉਣ ਵਿੱਚ ਸਾਬਕਾ ਪੰਚ ਜਸਕਰਨ ਸਿੰਘ ਕਰਨੀ, ਅਜੇ ਕੁਮਾਰ, ਤਰਲੋਚਨ ਸਿੰਘ, ਚੂਹੜ ਸਿੰਘ ਨੇ ਅਹਿਮ ਭੂਮਿਕਾ ਨਿਭਾਈ ਤੇ ਪੂਰਾ ਸਹਿਯੋਗ ਰਿਹਾ।

# ਜਥੇਦਾਰ ਬਾਬਾ ਗੁਰਦੇਵ ਸਿੰਘ ਵੱਲੋਂ ਬਹਿਰਾਮ 'ਚ ਮੀਟਿੰਗ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਪਿੰਡ ਬਹਿਰਾਮ ਸਰਿਸ਼ਤਾ ਤਹਿਸੀਲ ਭੋਗਪੁਰ ਜ਼ਿਲ੍ਹਾ ਜਲੰਧਰ 2021 'ਚ ਗੁਰਮੀਤ ਸਿੰਘ ਨਿਹੰਗ ਸਿੰਘ ਜੋ ਕਿ ਪਿੰਡ ਪਸਨਾ ਦੇ ਰਹਿਣ ਵਾਲੇ ਹਨ, ਉਹਨਾਂ ਨੇ 45 ਮਰਲੇ ਜਗ੍ਹਾ ਦਲ ਪੰਥ ਮਿਸਲ ਸ਼੍ਰੋਮਣੀ ਭਗਤ ਧੰਨਾ ਜੀ ਤਰਨਾਦਲ ਨੂੰ ਦਾਨ ਕੀਤੀ ਸੀ। ਇਸ ਦਾ ਪ੍ਰਬੰਧ ਦਲ ਪੰਥ ਮਿਸਲ ਸ਼੍ਰੋਮਣੀ ਭਗਤ ਧੰਨਾ ਜੀ ਦੇ ਮੁਖੀ ਬਾਬਾ ਗੁਰਦੇਵ ਸਿੰਘ ਵਲੋਂ 2021 ਤੋਂ ਹੀ ਕੀਤਾ ਜਾ ਰਿਹਾ ਹੈ। ਜਿਸ ਦੇ ਸਬੰਧ ਵਿੱਚ 26 ਜੁਲਾਈ ਨੂੰ ਪਿੰਡ ਬਹਿਰਾਮ ਸਰਿਸ਼ਤਾ ਦਲ ਪੰਥ ਦੇ ਅਸਥਾਨ ਤੇ ਇਸ ਸਬੰਧੀ ਮੀਟਿੰਗ ਕੀਤੀ ਗਈ। ਜਿਸ ਵਿਚ ਵਾਲਮੀਕਿ ਸੰਘਰਸ਼ ਮੋਰਚਾ ਭਾਰਤ ਦੇ ਪੰਜਾਬ ਪ੍ਰਧਾਨ ਮੋਨੂੰ ਤੇਜੀ, ਰਾਜਨ ਮਲਹੋਤਰਾ, ਮਨਦੀਪ ਗੋਰਾ, ਜੱਸ ਕਲਿਆਣ ਅਤੇ ਦਲ ਪੰਥ ਵਲੋਂ ਮੁਖੀ ਬਾਬਾ ਗੁਰਦੇਵ ਸਿੰਘ, ਮਿਸਲ ਰਾਮਗੜ੍ਹੀਆ ਦੇ ਮੁਖੀ ਬਾਬਾ ਬਲਵੀਰ ਸਿੰਘ, ਬਾਬਾ ਕਸ਼ਮੀਰਾ ਸਿੰਘ ਮਿਸਲ ਜੱਸਾ ਸਿੰਘ ਅਹੁਲਵਾਲੀਆ, ਬਾਬਾ ਦਲਵਿੰਦਰ ਸਿੰਘ ਮੁਖੀ ਜਰਨੈਲ ਹਰੀ ਸਿੰਘ ਨਲਵਾ ਫੈਡਰੇਸ਼ਨ, ਬਾਬਾ ਗਗਨ ਸਿੰਘ, ਬਾਬਾ ਦਲਜੀਤ ਸਿੰਘ, ਬਾਬਾ ਗੱਜਣ, ਬਾਬਾ ਹਰਜਿੰਦਰ ਸਿੰਘ, ਬਾਬਾ ਹਰਵਿੰਦਰ ਸਿੰਘ, ਬਾਬਾ ਜਸ਼ਨ ਸਿੰਘ, ਬਾਬਾ ਸਤਨਾਮ ਸਿੰਘ, ਅਤੇ ਦਾਨੀ ਬਾਬਾ ਗੁਰਮੀਤ ਸਿੰਘ ਹੋਰ ਆਦਿ ਸ਼ਾਮਲ ਸਨ।

# ਲੈਂਡ ਪੂਲਿੰਗ ਦੇ ਵਿਰੋਧ 'ਚ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**- ਲੈਂਡ ਪੂਲਿੰਗ ਦੇ ਵਿਰੋਧ ਵਿੱਚ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵਲੋਂ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਭੁੱਲਾ ਦੀ ਅਗਵਾਈ ਵਿੱਚ ਮਿੰਨੀ ਸਕੱਤਰੇਤ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ, ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਤੇ ਆਸ਼ਿਕਾ ਜੈਨ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਨੂੰ ਇੱਕ ਮੰਗ ਪੱਤਰ ਸੌਂਪਿਆ ਗਿਆ। ਪੰਜਾਬ ਮੁਖੀ ਸ਼ਮਿੰਦਰ ਸਿੰਘ ਚੌਟਾਲਾ ਦੇ ਆਦੇਸ਼ਾਂ 'ਤੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਯੂਨੀਅਨ ਦੇ ਕਿਸਾਨ ਆਗੂ ਮੌਜੂਦ ਸਨ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਭੁੱਲਾ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਲੈਂਡ ਪੂਲਿੰਗ ਦੇ ਤਹਿਤ ਮਾਨ ਸਰਕਾਰ ਉਦਯੋਗੀਕਰਨ ਦੇ ਨਾਂਅ 'ਤੇ ਰਿਹਾਇਸ਼ੀ ਕਲੋਨੀਆਂ ਅਤੇ ਉਦਯੋਗਿਕ ਪਾਰਕ ਬਣਾ ਕੇ ਇੱਕ ਲੈਂਡ ਪੂਲਿੰਗ ਨੀਤੀ ਲੈ ਕੇ ਆਈ ਹੈ। ਜਿਸ ਦੇ ਤਹਿਤ ਸਰਕਾਰ ਉਪਜਾਊ ਜ਼ਮੀਨ ਹੜੱਪਣਾ ਚਾਹੁੰਦੀ ਹੈ। ਜੋ ਕਿ ਜਨਤਾ ਅਤੇ ਕਿਸਾਨਾਂ ਲਈ ਨੁਕਸਾਨਦੇਹ ਹੈ। ਜਿਸ ਕਾਰਨ ਸਰਕਾਰ ਨੂੰ ਇਸ ਨੀਤੀ ਨੂੰ ਤੁਰੰਤ ਰੱਦ ਕਰਨਾ ਚਾਹੀਦਾ ਹੈ। ਇਸ ਸਬੰਧ ਵਿੱਚ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਨੋਟੀਫਿਕੇਸ਼ਨਾਂ ਨੂੰ ਤੁਰੰਤ ਪ੍ਰਭਾਵ ਨਾਲ ਰੱਦ ਕੀਤਾ ਜਾਵੇ।ਆਗੂਆਂ ਨੇ ਮੰਗ ਕੀਤੀ ਕਿ ਭਾਰਤ ਮਾਲਾ ਯੋਜਨਾ ਤਹਿਤ ਕਿਸਾਨਾਂ ਦਾ ਉਜਾੜਾ ਬੰਦ ਕੀਤਾ ਜਾਵੇ ਅਤੇ ਆਉਣ ਵਾਲੇ ਸਮੇਂ ਵਿੱਚ ਬੁਲੇਟ ਟ੍ਰੇਨ ਲਈ ਉਜਾੜਾ ਨਹੀਂ ਕੀਤਾ ਜਾਣਾ ਚਾਹੀਦਾ ਅਤੇ ਹਰ ਤਰ੍ਹਾਂ ਦੇ ਨਾਜਾਇਜ਼ ਕਾਬਜ਼ਕਾਰਾਂ ਨੂੰ ਸਥਾਈ ਮਾਲਕੀ ਅਧਿਕਾਰ ਦਿੱਤੇ ਜਾਣ ਅਤੇ ਉਨ੍ਹਾਂ ਦਾ ਉਜਾੜਾ ਬੰਦ ਕੀਤਾ ਜਾਵੇ।ਉਨਾਂ ਕਿਹਾ ਮੋਦੀ ਸਰਕਾਰ ਬਿਜਲੀ ਸੋਧ ਬਿੱਲ 2025 ਲਿਆਉਣ ਦੀ ਤਿਆਰੀ ਕਰ ਰਹੀ ਹੈ। ਇਸ ਵਿਰੁੱਧ ਪੰਜਾਬ ਵਿਧਾਨ ਸਭਾ ਵਿੱਚ ਮਤਾ ਪਾਸ ਕੀਤਾ ਜਾਣਾ ਚਾਹੀਦਾ ਹੈ ਅਤੇ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰਾਂ ਨੂੰ ਸੰਸਦ ਵਿੱਚ ਇਸਦਾ ਵਿਰੋਧ ਕਰਨਾ ਚਾਹੀਦਾ ਹੈ। ਨਿੱਜੀਕਰਨ ਨੀਤੀ ਤਹਿਤ ਖਪਤਕਾਰਾਂ ਦੇ ਘਰਾਂ ਦੇ ਸਾਹਮਣੇ ਚਿੱਪਾਂ ਵਾਲੇ ਪ੍ਰੀਪੇਡ ਮੀਟਰ ਲਗਾਉਣ 'ਤੇ ਪਾਬੰਦੀ ਲਗਾਈ ਜਾਣੀ ਚਾਹੀਦੀ ਹੈ। ਸਿਰਫ਼ ਪੁਰਾਣੇ ਮੀਟਰ ਹੀ ਲਗਾਏ ਜਾਣੇ ਚਾਹੀਦੇ ਹਨ। ਪਾਵਰਕਾਮ ਵਿੱਚ ਨਿੱਜੀਕਰਨ ਅਧੀਨ ਲਿਆਂਦੀ ਗਈ ਠੇਕੇਦਾਰੀ ਨੀਤੀ ਨੂੰ ਖਤਮ ਕੀਤਾ ਜਾਣਾ ਚਾਹੀਦਾ ਹੈ ਅਤੇ ਸਥਾਈ ਕਰਮਚਾਰੀਆਂ ਦੀ ਭਰਤੀ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਠੇਕੇਦਾਰਾਂ ਵੱਲੋਂ ਜਨਤਾ ਦੀ ਲੁੱਟ ਬੰਦ ਹੋ ਸਕੇ। ਮਨੁੱਖਤਾ ਨੂੰ ਤਬਾਹ ਕਰਨ ਵਾਲੇ ਉਦਯੋਗਾਂ ਦੇ ਮਾਲਕਾਂ ਵਿਰੁੱਧ ਸਜ਼ਾ ਦੀ ਵਿਵਸਥਾ ਨੂੰ ਬਰਕਰਾਰ ਰੱਖਿਆ ਜਾਵੇ।ਪ੍ਰਦਰਸ਼ਨ ਦੌਰਾਨ ਕਿਸਾਨ ਆਗੂ ਬਲਵੰਤ ਸਿੰਘ ਬਹਿਰਾਮ ਸਮੇਤ ਕਿਸਾਨਾਂ ਅਤੇ ਮਜ਼ਦੂਰਾਂ 'ਤੇ ਪੁਲਸ ਅਧਿਕਾਰੀਆਂ ਨੇ ਤਸ਼ੱਦਦ ਕੀਤਾ। ਦੋਸ਼ੀ ਅਧਿਕਾਰੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਰੇਲਵੇ ਵਿਭਾਗ ਵੱਲੋਂ ਕਈ ਕਿਸਾਨ ਆਗੂਆਂ ਨੂੰ ਨੋਟਿਸ ਭੇਜੇ ਜਾ ਰਹੇ ਹਨ। ਰੇਲਵੇ ਵਿਭਾਗ ਨੂੰ ਤੁਰੰਤ ਸਾਰੇ ਨੋਟਿਸ ਰੱਦ ਕਰਨੇ ਚਾਹੀਦੇ ਹਨ।ਪੰਜਾਬ ਸਰਕਾਰ ਨੇ ਪੁਲਸ ਨੂੰ ਅਸੀਮਿਤ ਸ਼ਕਤੀਆਂ ਦੇ ਕੇ ਪੰਜਾਬ ਵਿੱਚ ਇੱਕ ਪੁਲਸ ਰਾਜ ਸਥਾਪਤ ਕੀਤਾ ਹੈ। ਜਿਸ ਤਹਿਤ ਝੂਠੇ ਪੁਲਿਸ ਮੁਕਾਬਲੇ ਵੀ ਹੋ ਰਹੇ ਹਨ। ਕਿਸਾਨਾਂ, ਮਜ਼ਦੂਰਾਂ, ਕਰਮਚਾਰੀਆਂ, ਵਿਦਿਆਰਥੀਆਂ, ਸਮਾਜਿਕ ਸੰਗਠਨਾਂ, ਮਨੁੱਖੀ ਅਧਿਕਾਰ ਕਾਰਕੁਨਾਂ ਅਤੇ ਸੰਸਥਾਵਾਂ 'ਤੇ ਜ਼ੁਲਮ ਕੀਤੇ ਜਾ ਰਹੇ ਹਨ।ਹਵਾ ਅਤੇ ਪਾਣੀ ਪ੍ਰਦੂਸ਼ਣ ਫੈਲਾਉਣ ਵਾਲੇ ਉਦਯੋਗ ਬੰਦ ਕੀਤੇ ਜਾਣੇ ਚਾਹੀਦੇ ਹਨ।



# ਐਲ ਪੀ ਯੂ ਹਰਿਆਲੀ ਤੀਜ ਦੀ ਖੁਸ਼ੀ ਤੇ ਉਮੰਗ ਨਾਲ ਭਰਿਆ



**ਜਲੰਧਰ (ਸ਼ੈਲੀ ਐਲਬਰਟ)**- ਹਵਾ ਵਿੱਚ ਗੂੰਜਦੇ ਲੋਕ ਗੀਤਾਂ ਅਤੇ ਜੀਵੰਤ ਰਵਾਇਤੀ ਪਹਿਰਾਵਿਆਂ ਨਾਲ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦਾ ਕੈਂਪਸ ਹਰਿਆਲੀ ਤੀਜ ਦੇ ਜੀਵੰਤ ਜਸ਼ਨ ਵਿੱਚ ਖੁਸ਼ੀ ਨਾਲ ਭਰ ਗਿਆ। ਰੰਗੀਨ ਰਵਾਇਤੀ ਪਹਿਰਾਵਿਆਂ ਵਿੱਚ ਸਜੇ ਵਿਦਿਆਰਥੀ, ਸਟਾਫ਼ ਅਤੇ ਅਧਿਆਪਕ ਇਸ ਮੌਕੇ ਨੂੰ ਜੋਸ਼ ਨਾਲ ਮਨਾਉਣ ਲਈ ਇਕੱਠੇ ਹੋਏ।ਜਦੋਂ ਮਹਿਲਾ ਸਟਾਫ਼, ਪੁਰਸ਼ ਅਤੇ ਵਿਦਿਆਰਥਣਾਂ ਚਮਕਦਾਰ ਰਵਾਇਤੀ ਪਹਿਰਾਵਿਆਂ ਵਿੱਚ ਸਜੇ ਤਿਉਹਾਰ ਦਾ ਜਸ਼ਨ ਮਨਾਉਣ ਲਈ ਇਕੱਠੇ ਹੋਏ ਤਾਂ ਕੈਂਪਸ ਇੱਕ ਤਿਉਹਾਰ ਵਿੱਚ ਬਦਲ ਗਿਆ। ਤਾਜ਼ੇ ਫੁੱਲਾਂ ਨਾਲ ਸਜਾਏ ਗਏ ਝੂਲੇ, ਚਮਕਦੀਆਂ ਚੂੜੀਆਂ ਦੀਆਂ ਦੁਕਾਨਾਂ ਅਤੇ ਮਹਿੰਦੀ ਦੀ ਮਿੱਠੀ ਖੁਸ਼ਬੂ ਨੇ ਇਸ ਰੌਣਕ ਨੂੰ ਹੋਰ ਵਧਾ ਦਿੱਤਾ ਅਤੇ ਇੱਕ ਜਾਦੂਈ ਮਾਹੌਲ ਬਣਾਇਆ।ਢੋਲ ਦੀਆਂ ਤਾਲਾਂ, ਤੇਜ਼ ਗਿੱਧੇ ਦੇ ਪ੍ਰਦਰਸ਼ਨ ਅਤੇ ਸੁਰੀਲੇ ਲੋਕ ਗੀਤਾਂ ਨੇ ਸਾਰਿਆਂ ਨੂੰ ਨੱਚਣ ਲਈ ਮਜਬੂਰ ਕਰ ਦਿੱਤਾ।ਕੈਂਪਸ ਰਵਾਇਤੀ ਖੇਡਾਂ ਅਤੇ ਤੀਜ ਦੀਆਂ ਵਿਸ਼ੇਸ਼ ਮਿਠਾਈਆਂ ਨਾਲ ਭਰ ਗਿਆ।ਇਸ ਮੌਕੇ ਐਲ ਪੀ ਯੂ ਦੀ ਪ੍ਰੋ-ਚਾਂਸਲਰ ਕਰਨਲ ਡਾ. ਰਸ਼ਮੀ ਮਿੱਤਲ ਨੇ ਕਿਹਾ, ਤੀਜ ਇੱਕ ਤਿਉਹਾਰ ਤੋਂ ਵੱਧ ਹੈ, ਇਹ ਔਰਤਾਂ ਦੀ ਅੰਦਰੂਨੀ ਤਾਕਤ, ਸੁੰਦਰਤਾ ਅਤੇ ਸੱਭਿਆਚਾਰਕ ਭਾਵਨਾ ਦਾ ਪ੍ਰਤੀਕ ਹੈ । ਐਲ ਪੀ ਯੂ ਵਿਖੇ ਅਸੀਂ ਆਪਣੀਆਂ ਸੱਭਿਆਚਾਰਕ ਜੜ੍ਹਾਂ ਨੂੰ ਮਜ਼ਬੂਤ ਰੱਖਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਨ ਲਈ ਅਜਿਹੀਆਂ ਪਰੰਪਰਾਵਾਂ ਦਾ ਜਸ਼ਨ ਮਨਾਉਂਦੇ ਹਾਂ।

# ਤੇਹਿੰਗ ਵਿਖੇ ਗੁਰਮਤਿ ਸਮਾਗਮ ਭਲਕੇ

**ਫਿਲੌਰ (ਨਿਰਮਲ)**- ਗੁਰਦੁਆਰਾ ਸ਼ਹੀਦਾਂ ਸਿੰਘ ਪਿੰਡ ਤੇਹਿੰਗ (ਫਿਲੌਰ) ਵਿੱਚ ਗੁਰਮਤਿ ਸਮਾਗਮ 31 ਜੁਲਾਈ ਨੂੰ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਰਾਤ 7 ਵਜੇ ਤੋਂ ਰਾਤ 9 ਵਜੇ ਤੱਕ ਕਰਵਾਇਆ ਜਾਵੇਗਾ। ਭਾਈ ਮਨਜਿੰਦਰ ਸਿੰਘ ਜਲੰਧਰ ਵਾਲੇ ਸਮੂਹ ਸੰਗਤਾਂ ਨੂੰ ਗੁਰੂ ਸਾਹਿਬਾਨ ਦੇ ਇਤਿਹਾਸ ਨਾਲ ਜੋੜਨਗੇ। ਸਮਾਗਮ ਦੀ ਸਮਾਪਤੀ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

# ਪੰਜਾਬ ਰੋਡਵੇਜ਼ ਦੇ ਇੰਸਪੈਕਟਰਾਂ ਦੇ ਤਨਖਾਹ ਸਕੇਲਾਂ ਸੰਬੰਧੀ ਮੁੱਖ ਮੰਤਰੀ ਦੇ ਨਾਂਅ ਦਿੱਤਾ ਮੰਗ ਪੱਤਰ

**ਜਲੰਧਰ/ਮੇਹਟੀਆਣਾ (ਰਾਜੇਸ਼ ਥਾਪਾ/ਜਗਤਾਰ ਸਿੰਘ ਭੁੰਗਰਨੀ)**- ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਜ਼ਿਲ੍ਹਾ ਜਲੰਧਰ ਬ੍ਰਾਂਚ ਦੇ ਪੈਨਸ਼ਨਰਾਂ ਵੱਲੋਂ ਜਥੇਬੰਦੀ ਦੇ ਆਗੂ ਸੂਬਾ ਵਰਕਿੰਗ ਪ੍ਰਧਾਨ ਜਗਤਾਰ ਸਿੰਘ ਭੁੰਗਰਨੀ, ਸੂਬਾ ਜਥੇਬੰਦਕ ਸਕੱਤਰ ਅਵਤਾਰ ਸਿੰਘ ਤਾਰੀ, ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਗੁਰਜੀਤ ਸਿੰਘ ਦੀ ਅਗਵਾਈ ਵਿੱਚ ਪੰਜਾਬ ਰੋਡਵੇਜ਼ ਦੇ ਇੰਸਪੈਕਟਰਾਂ ਦੇ ਤਨਖਾਹ ਸਕੇਲਾਂ ਦੀ ਮਿਤੀ 1-1-1986 ਤੋਂ ਖੁਰਾਕ ਤੇ ਸਪਲਾਈ ਵਿਭਾਗ ਦੇ ਇੰਸਪੈਕਟਰਾਂ ਦੇ ਬਰਾਬਰ ਪੰਜਾਬ ਰੋਡਵੇਜ਼ ਦੇ ਇੰਸਪੈਕਟਰਾਂ ਦੀ ਤਨਖਾਹ ਸਕੇਲਾਂ ਵਿੱਚ ਸਮਾਨਤਾ ਕਰਨ ਅਤੇ ਇਸ ਤੋਂ ਬਾਅਦ ਬਣਦੇ ਸਾਰੇ ਲਾਭ ਦੇਣ ਸਬੰਧੀ ਮਾਨਯੋਗ ਸੁਪਰੀਮ ਕੋਰਟ ਦਾ ਫੈਸਲਾ ਜਨਰਲਾਇਜ਼ ਕਰਵਾਉਣ ਵਾਸਤੇ ਪੰਜਾਬ ਰੋਡਵੇਜ਼ ਜਲੰਧਰ-1 ਅਤੇ ਜਲੰਧਰ-2 ਡਿਪੂ ਦੇ ਜਨਰਲ ਮੈਨੇਜਰਾਂ ਰਾਹੀਂ ਮੁੱਖ ਮੰਤਰੀ ਪੰਜਾਬ ਦੇ ਨਾਂ ਮੰਗ ਪੱਤਰ ਦਿੱਤਾ । ਮੁੱਖ ਮੰਤਰੀ ਪੰਜਾਬ ਦੇ ਨਾਂ ਦਿਤੇ ਗਏ ਮੰਗ ਪੱਤਰ ਬਾਰੇ ਅਧਿਕਾਰੀ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਇਹ ਮੰਗ ਪੱਤਰ ਜਲਦੀ ਹੀ ਪੰਜਾਬ ਸਰਕਾਰ ਨੂੰ ਭੇਜ ਦਿੱਤਾ ਜਾਵੇਗਾ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਜਨਰਲ ਸਕੱਤਰ ਵਿਜੈ ਕੁਮਾ ਸ਼ਰਮਾ , ਵਾਈਸ ਪ੍ਰਧਾਨ ਦਵਿੰਦਰਪਾਲ ਸਿੰਘ, ਜਗੀਰ ਸਿੰਘ ਬਾਜਵਾ, ਸੂਬਾ ਸਕੱਤਰ ਸੰਤੋਖ ਸਿੰਘ ਜਲੰਧਰ, ਵਾਈਸ ਪ੍ਰਧਾਨ ਗੁਰਮੁੱਖ ਸਿੰਘ, ਮੁੱਖ ਸਲਾਹਕਾਰ ਹਰਿੰਦਰ ਸਿੰਘ ਢਿਲਵਾਂ, ਅੰਮ੍ਰਿਤਪਾਲ ਸਿੰਘ, ਮੁੱਖ ਬੁਲਾਰਾ ਹਰਿੰਦਰ ਸਿੰਘ ਚੀਮਾ, ਸੀਨੀਅਰ ਵਾਈਸ ਪ੍ਰਧਾਨ ਦਵਿੰਦਰਪਾਲ ਸਿੰਘ, ਪ੍ਰੈੱਸ ਸਕੱਤਰ ਬਲਵਿੰਦਰ ਸਿੰਘ ਮੁਲਤਾਨੀ, ਪ੍ਰਧਾਨ ਸੰਦੀਪ ਸਿੰਘ, ਕਸ਼ਮੀਰ ਚੰਦ ਆਦਿ ਹਾਜ਼ਰ ਸਨ ।



# ਸਕੂਲ 'ਚ ਕ੍ਰਿਕਟ ਮੈਚ ਕਰਵਾਇਆ

**ਕਰਤਾਰਪੁਰ (ਹਰਮੇਸ਼ ਦੱਤ)**- ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ ਵਿੱਚ ਕ੍ਰਿਕਟ ਮੈਚ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ 8ਵੀਂ ਜਮਾਤ ਅਤੇ 9ਵੀਂ ਜਮਾਤ ਦੇ ਵਿਦਿਆਰਥੀਆਂ ਵਿਚਕਾਰ ਕ੍ਰਿਕਟ ਮੈਚ ਖੇਡਿਆ ਗਿਆ। 8ਵੀਂ ਜਮਾਤ ਦੇ ਵਿਦਿਆਰਥੀਆਂ ਨੇ 7 ਓਵਰਾਂ ਵਿੱਚ ਮੈਚ ਜਿੱਤ ਕੇ ਚੰਗੇ ਅੰਕ ਪ੍ਰਾਪਤ ਕੀਤੇ। ਮੈਨ ਆਫ ਦ ਮੈਚ ਹਰਵੀਰ ਸਿੰਘ ਰਿਹਾ । ਪ੍ਰਿੰਸੀਪਲ ਮੈਡਮ ਕਵਲਜੀਤ ਕੌਰ ਨੇ ਜੇਤੂ ਟੀਮ ਨੂੰ ਵਧਾਈ ਦਿੱਤੀ। ਇਸ ਮੌਕੇ ਸਕੂਲ ਚੇਅਰਪਰਸਨ ਮੈਡਮ ਸੁਰਿੰਦਰ ਕੌਰ, ਡਾ. ਚਰਨ ਸਿੰਘ, ਸਤਨਾਮ ਸਿੰਘ, ਪਲਵਿੰਦਰ ਕੌਰ, ਮਨਦੀਪ ਕੌਰ, ਪਿਆਰਾ ਸਿੰਘ ਅਤੇ ਸਮੂਹ ਸਟਾਫ ਮੈਂਬਰ ਵੀ ਮੌਜੂਦ ਸਨ।



# ਰੰਧਾਵਾ ਨੇ ਵੱਖ-ਵੱਖ ਵਾਰਡਾਂ 'ਚ ਨਸ਼ਾ ਮੁਕਤੀ ਯਾਤਰਾ ਤਹਿਤ ਲਗਾਏ ਕੈਂਪ



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਹਲਕਾ ਵਿਧਾਇਕ ਡੇਰਾਬੱਸੀ ਕੁਲਜੀਤ ਸਿੰਘ ਰੰਧਾਵਾ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਡੇਰਾਬੱਸੀ ਦੇ ਵਾਰਡ ਨੰਬਰ 12,18,19 ਪਾਰਕ, ਵਾਰਡ ਨੰਬਰ 17 ਈਸਾਪੁਰ ਰੋਣੀ, ਵਾਰਡ ਨੰਬਰ 08 ਜੀ ਬੀ ਪੀ ਰੋਜ਼ਵੁਡ ਇੱਕ ਵਿਖੇ ਯੁੱਧ ਨਸ਼ਿਆਂ ਵਿਰੁੱਧ ਯਾਤਰਾਵਾਂ ਸਮੇਂ ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੂੰ ਨਸ਼ਿਆਂ ਦੇ ਖਾਤਮੇ ਦੀ ਸਹੁੰ ਚੁਕਾਈ ਗਈ। ਵਿਧਾਇਕ ਰੰਧਾਵਾ ਨੇ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਸਰਕਾਰ ਦੀ ਲੋਕਾਂ ਪ੍ਰਤੀ ਵਚਨਬੱਧਤਾ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਪੰਜਾਬ ਨੂੰ 100 ਫੀਸਦੀ ਨਸ਼ਾ ਮੁਕਤ ਕਰਨ ਲਈ ਚਲਾਈ ਗਈ ਇਸ ਮੁਹਿੰਮ ਦੇ ਹੁਣ ਤੱਕ ਸਾਰਥਕ ਨਤੀਜੇ ਸਾਹਮਣੇ ਆਏ ਹਨ ਅਤੇ ਜਿਸ ਢੰਗ ਨਾਲ ਪੰਜਾਬ ਦੇ ਸਾਰੇ ਦਿਹਾਤੀ ਅਤੇ ਸ਼ਹਿਰੀ ਖੇਤਰਾਂ 'ਚ ਵਿਆਪਕ ਪੱਧਰ 'ਤੇ ਇਸ ਮੁਹਿੰਮ ਨੂੰ ਸਫਲਤਾ ਦਾ ਜਾਮਾ ਪਹਿਨਾਇਆ ਜਾ ਰਿਹਾ ਹੈ, ਉਸ ਤੋਂ ਇਹ ਪੂਰੀ ਆਸ ਬੱਝ ਰਹੀ ਹੈ ਕਿ ਨਿਰਧਾਰਤ ਸਮੇਂ ਅੰਦਰ ਪੰਜਾਬ ਨੂੰ ਨਸ਼ਾ ਮੁਕਤ ਕਰਕੇ ਮੀਲ ਪੱਥਰ ਕਾਇਮ ਕੀਤਾ ਜਾਵੇਗਾ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਹੈ ਕਿ ਜੇਕਰ ਕਿਸੇ ਨਾਗਰਿਕ ਕੋਲ ਕਿਸੇ ਨਸ਼ਾ ਤਸਕਰ ਬਾਰੇ ਪੁਖਤਾ ਜਾਣਕਾਰੀ ਹੈ ਤਾਂ ਉਹ ਉਨ੍ਹਾਂ ਜਾਂ ਫਿਰ ਪੁਲਸ ਨੂੰ ਇਸ ਬਾਰੇ ਸੂਚਨਾ ਦੇ ਸਕਦਾ ਹੈ ਅਤੇ ਇਸ ਸਬੰਧੀ ਸੂਚਨਾ ਦੇਣ ਵਾਲੇ ਦਾ ਨਾਂਅ ਅਤੇ ਪਤਾ ਪੂਰੀ ਤਰ੍ਹਾਂ ਗੁਪਤ ਰੱਖਿਆ ਜਾਵੇਗਾ।ਇਸ ਮੌਕੇ ਨਸ਼ਾ ਮੁਕਤੀ ਯਾਤਰਾ ਦੀ ਪੂਰੀ ਟੀਮ, ਐਮ ਸੀ ਸਾਹਿਬਾਨ ,ਬਲਾਕ ਪ੍ਰਧਾਨ , ਸਮੇਤ ਪੂਰੀ ਟੀਮ ਤੇ ਪ੍ਰਸ਼ਾਸਨਕ ਅਧਿਕਾਰੀ ਮੌਜੂਦ ਰਹੇ।

# ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ



**ਕਰਤਾਰਪੁਰ (ਹਰਮੇਸ਼ ਦੱਤ)**- ਪਿੰਡ ਲੱਖਣ ਕਲਾਂ ਜ਼ਿਲ੍ਹਾ ਕਪੂਰਥਲਾ ਵਿਖੇ ਬਖਸ਼ੀਸ਼ ਸਿੰਘ ਪੰਚਾਇਤ ਮੈਂਬਰ ਦੇ ਡੇਰੇ ਤੇ ਤੀਆਂ ਦਾ ਤਿਉਹਾਰ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਪਿੰਡ ਦੀਆਂ ਔਰਤਾਂ ਨੇ ਤੀਜ ਹਰਿਆਲੀ ਸਮਾਗਮ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਇਹ ਸਾਵਨ ਦੇ ਮਹੀਨੇ ਵਿੱਚ ਮਨਾਇਆ ਜਾਣ ਵਾਲਾ ਤਿਉਹਾਰ ਹੈ। ਵਿਆਹੀਆਂ ਔਰਤਾਂ ਅਤੇ ਮੁਟਿਆਰਾਂ ਆਪਣੀ ਮਨ ਪਸੰਦ ਦਾ ਪਹਿਰਾਵਾ ਪਾਉਂਦੀਆਂ ਅਤੇ ਪੀਂਘਾ ਝੂਟਦੀਆਂ ਹਨ ਤੇ ਲੋਕ ਗੀਤ ਗਾਉਂਦੀਆਂ ਹਨ ਤੇ ਗਿੱਧਾ ਪਾਉਂਦੀਆਂ ਹਨ। ਪੰਚਾਇਤ ਮੈਂਬਰ ਬਖਸ਼ੀਸ਼ ਸਿੰਘ ਨੇ ਕਿਹਾ ਕਿ ਅੱਜ ਪੰਜਾਬ ਵਿੱਚ ਅਲੋਪ ਹੋ ਰਹੇ ਵਿਰਸੇ ਨੂੰ ਬਚਾਉਣਾ ਸਮੇਂ ਦੀ ਲੋੜ ਹੈ। ਇਸ ਦੌਰਾਨ ਰੰਗ ਬਰੰਗੇ ਪੰਜਾਬੀ ਪਹਿਰਾਵੇ ਵਿੱਚ ਸਜੀਆਂ ਔਰਤਾਂ ਨੇ ਬੋਲੀਆਂ ਤੇ ਗਿੱਧਾ ਪੇਸ਼ ਕੀਤਾ। ਇਸ ਮੌਕੇ ਪੰਚਾਇਤ ਮੈਂਬਰ ਬਖਸ਼ੀਸ਼ ਸਿੰਘ,ਪੰਚਾਇਤ ਮੈਂਬਰ ਮਨਦੀਪ ਸਿੰਘ,ਪੰਚਾਇਤ ਮੈਂਬਰ ਸੀਮਾ,ਪੰਚਾਇਤ ਮੈਂਬਰ ਹਰਜੀਤ ਕੌਰ,ਸਾਬਕਾ ਸਰਪੰਚ ਦੀਦਾਰ ਸਿੰਘ, ਸਾਬਕਾ ਸਰਪੰਚ ਲਖਵੀਰ ਕੌਰ, ਸਰਬਜੀਤ ਕੌਰ, ਬਲਵੀਰ ਕੌਰ, ਗੁਰਜੀਤ ਕੌਰ ਬਸਰਾ,ਅਮਨਪ੍ਰੀਤ ਕੌਰ ਬਸਰਾ ਅਤੇ ਪਿੰਡ ਵਾਸੀ ਹਾਜ਼ਰ ਸਨ।

# ਐਨਕਲੇਵ 'ਚ ਹਰਿਆਲੀ ਤੀਜ ਦਾ ਤਿਉਹਾਰ ਮਨਾਇਆ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਹੁਸ਼ਿਆਰਪੁਰ ਐਨਕਲੇਵ ਦੀਆਂ ਮਹਿਲਾਵਾਂ ਵੱਲੋਂ ਰਵਾਇਤੀ ਤਿਉਹਾਰ ਹਰਿਆਲੀ ਤੀਜ ਨੂੰ ਵੱਡੇ ਉਤਸ਼ਾਹ, ਉਮੀਦਾਂ ਅਤੇ ਰੰਗ-ਬਿਰੰਗੇ ਪਰੰਪਰਾਗਤ ਲਿਬਾਸਾਂ 'ਚ ਮਨਾਇਆ ਗਿਆ। ਇਸ ਮੌਕੇ ਔਰਤਾਂ ਨੇ ਝੂਲੇ ਝੂਲੇ, ਲੋਕਗੀਤ ਗਾਏ ਅਤੇ ਰਵਾਇਤੀ ਨਾਚ ਰਾਹੀਂ ਤਿਉਹਾਰ ਦੀ ਖੁਸ਼ੀ ਮਨਾਈ। ਸਾਰਾ ਮਾਹੌਲ ਪੂਰੀ ਤਰ੍ਹਾਂ ਤਿਉਹਾਰੀ ਰੰਗਾਂ ਨਾਲ ਰੰਗਿਆ ਹੋਇਆ ਸੀ। ਇਸ ਖਾਸ ਸਮਾਗਮ ਦੀ ਪ੍ਰਧਾਨਗੀ ਹਰਵਿੰਦਰ ਖੱਖ ਨੇ ਕੀਤੀ, ਜਦਕਿ ਮੁੱਖ ਮਹਿਮਾਨ ਵਜੋਂ ਆਮ ਆਦਮੀ ਪਾਰਟੀ ਦੀ ਜ਼ਿਲ੍ਹਾ ਪ੍ਰਧਾਨ ਅਤੇ ਜ਼ਿਲ੍ਹਾ ਪਲੈਨਿੰਗ ਕਮੇਟੀ ਦੀ ਚੇਅਰਪਰਸਨ ਮੈਡਮ ਕਰਮਜੀਤ ਕੌਰ ਨੇ ਸ਼ਿਰਕਤ ਕੀਤੀ। ਉਨ੍ਹਾਂ ਨੇ ਔਰਤਾਂ ਨੂੰ ਤੀਜ ਦੀਆਂ ਲੱਖ ਲੱਖ ਵਧਾਈਆਂ ਦਿੱਤੀਆਂ ਅਤੇ ਔਰਤਾਂ ਦੇ ਸਸ਼ਕਤੀਕਰਨ ਉੱਤੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਸਮਾਗਮ ਵਿੱਚ ਗੁਰਨੂਰ ਖੱਖ, ਗੁਰਿੰਦਰ ਧਨੋਆ, ਜਸਕਰਨ ਕਲਕਟ, ਜਯੋਤੀ ਪੁਰੀ, ਹਰਪਿੰਦਰ ਕੌਰ, ਨਿਸ਼ਾ ਬੰਸਲ, ਸੁਨੀਲਾ ਬੰਸਲ, ਸਤਵਿੰਦਰ ਕੌਰ, ਪ੍ਰਾਵੀਨ ਗੁਲਿਆਨੀ, ਰਜਵਿੰਦਰ ਕੌਰ, ਮੋਨਾ ਅਤੇ ਜਸਵਿੰਦਰ ਆਦਿ ਮਹਿਲਾਵਾਂ ਨੇ ਭਾਗ ਲਿਆ।ਮਹਿਲਾਵਾਂ ਨੇ ਮਹਿੰਦੀ, ਚੂੜੀਆਂ ਅਤੇ ਰਵਾਇਤੀ ਸ਼ਿੰਗਾਰ ਰਾਹੀਂ ਆਪਣੀ ਖੂਬਸੂਰਤੀ ਨੂੰ ਨਿਖਾਰਿਆ। ਸਮਾਗਮ ਦੌਰਾਨ ਸੱਭਿਆਚਾਰਕ ਪ੍ਰਸਤੁਤੀਆਂ ਦੇ ਨਾਲ ਨਾਲ ਔਰਤਾਂ ਦੇ ਅਧਿਕਾਰਾਂ, ਸਿੱਖਿਆ ਅਤੇ ਆਤਮਨਿਰਭਰਤਾ ਬਾਰੇ ਵੀ ਗੰਭੀਰ ਵਿਚਾਰ-ਵਟਾਂਦਰਾ ਹੋਈ। ਸਮਾਗਮ ਦਾ ਸਮਾਪਨ ਸਭ ਮਹਿਲਾਵਾਂ ਨੂੰ ਯਾਦਗਾਰ ਚਿੰਨ੍ਹ ਦੇਣ ਅਤੇ ਸਾਂਝੇ ਭੋਜਨ ਨਾਲ ਕੀਤਾ ਗਿਆ।

# ਪ੍ਰਿੰ. ਟਿਮਾਟਨੀ ਆਹਲੂਵਾਲੀਆ ਦੀ ਰੋਟਰੀ ਪ੍ਰਧਾਨ ਵਜੋਂ ਤਾਜਪੋਸ਼ੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰੋਟਰੀ ਕਲੱਬ ਹੁਸ਼ਿਆਰਪੁਰ ਦਾ ਸਾਲਾਨਾ ਇੰਸਟਾਲੇਸ਼ਨ ਸਮਾਰੋਹ ਅਤੇ ਅਵਾਰਡ ਫੰਕਸ਼ਨ ਪ੍ਰਧਾਨ ਸਨੇਹ ਜੈਨ ਦੀ ਪ੍ਰਧਾਨਗੀ ਵਿੱਚ ਹੋਇਆ ਜਿਸ ਵਿਚ ਜ਼ਿਲ੍ਹਾ ਗਵਰਨਰ ਡਾ. ਯੂ.ਐਸ. ਘਈ ਸਾਲ 2021-22 ਆਪਣੀ ਧਰਮਪਤਨੀ ਦੇ ਨਾਲ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ ਅਤੇ ਇਸ ਤੋਂ ਇਲਾਵਾ ਵਿਸ਼ੇਸ਼ ਰੂਪ ਵਿੱਚ ਪੂਰਵ ਜ਼ਿਲ੍ਹਾ ਗਵਰਨਰ ਸੁਰਿੰਦਰ ਵਿਜ, ਅਰੁਣ ਜੈਨ, ਡਾ. ਸ਼ਕਤੀ ਸ਼ਰਮਾ, ਡਾ. ਮਹਿਮਾ ਮਿਨਹਾਸ ਅਤੇ ਐਡਵੋਕੇਟ ਅਰਵਿੰਦ ਸੂਦ ਸ਼ਾਮਲ ਹੋਏ। ਬੈਠਕ ਵਿੱਚ ਸਭ ਤੋਂ ਪਹਿਲਾਂ ਰਾਸ਼ਟਰੀ ਗੀਤ ਗਾਇਆ ਗਿਆ ਅਤੇ ਸਟੇਜ ਸਕੱਤਰ ਜੀ.ਐਸ. ਬਾਵਾ ਵੱਲੋਂ ਮੁੱਖ ਮਹਿਮਾਨ ਪਦ ਅਧਿਕਾਰੀਆਂ ਨੂੰ ਸਟੇਜ 'ਤੇ ਬੁਲਾਇਆ ਗਿਆ । ਇਸ ਤੋਂ ਬਾਅਦ ਕਲੱਬ ਮੈਂਬਰਾਂ ਵਲੋਂ ਉਹਨਾਂ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਅਤੇ ਹਾਰ ਪਾ ਕੇ ਸਨਮਾਨਤ ਕੀਤਾ ਗਿਆ। ਪ੍ਰੋਜੈਕਟ ਚੇਅਰਮੇਨ ਯੋਗੇਸ਼ ਚੰਦਰ ਅਤੇ ਰਜਿੰਦਰ ਮੋਦਗਿਲ ਨੇ ਪ੍ਰੋਗਰਾਮ ਦੀ ਕਮਾਂਡ ਸੰਭਾਲਦੇ ਹੋਏ ਨਵੀਂ ਟੀਮ ਦੀ ਜਾਣ ਪਹਿਚਾਣ ਕਰਵਾਈ । ਪੁਰਾਣੀ ਸਕੱਤਰ ਅਤੇ ਨਵੀਂ ਪ੍ਰਧਾਨ ਟਿਮਾਟਨੀ ਆਹਲੂਵਾਲੀਆ ਨੇ ਪਿਛਲੇ ਸਾਲ ਦੀਆਂ ਉਪਲਬਧੀਆਂ ਸਬੰਧੀ ਜਾਣਕਾਰੀ ਦਿੱਤੀ ਅਤੇ ਆਉਣ ਵਾਲੇ ਪ੍ਰੋਜੈਕਟਾਂ ਤੋਂ ਜਾਣੂ ਕਰਵਾਇਆ ਅਤੇ ਨਵੇਂ ਪਦਅਧਿਕਾਰੀਆਂ ਦੇ ਨਾਮ ਦੱਸੇ। ਪੁਰਾਣੀ ਪ੍ਰਧਾਨ ਸਨੇਹ ਜੈਨ ਨੇ ਆਪਣੀ ਟੀਮ ਵਿੱਚ ਵਧੀਆ ਕੰਮ ਕਰਨ ਵਾਲੇ ਰੋਟੇਰੀਅਨਾਂ ਨੂੰ ਇਨਾਮ ਅਤੇ ਮੋਮੈਂਟੋ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਮੁੱਖ ਮਹਿਮਾਨ ਪੂਰਵ ਗਵਰਨਰ ਡਾ. ਯੂ.ਐਸ. ਘਈ ਨੇ ਨਵੀਂ ਪ੍ਰਧਾਨ ਨੂੰ ਕਾਲਰ ਪਹਿਨਾ ਕੇ ਪ੍ਰਧਾਨ ਨਿਯੁਕਤ ਕੀਤਾ ਅਤੇ ਰੋਟਰੀ ਪ੍ਰਧਾਨ ਦੀ ਸਹੁੰ ਚੁਕਾਈ। ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਕੱਲ੍ਹ ਦੇ ਬੱਚੇ ਗਰਮੀਆਂ ਦੀਆਂ ਛੁੱਟੀਆਂ ਵਿੱਚ ਘੁੰਮਣ ਜਾਣਾ ਹੋਵੇ ਤਾਂ ਉਹ ਵਿਦੇਸ਼ਾਂ ਵਿੱਚ ਜਾਣ ਦੀ ਪਹਿਲ ਦਿੰਦੇ ਹਨ । ਉਹਨਾ ਨੇ ਦੱਸਿਆ ਕਿ ਉਹਨਾ ਦੇ ਨਾਨਕੇ ਹੁਸ਼ਿਆਰਪੁਰ ਵਿਖੇ ਸਨ ਅਤੇ ਉਹ ਛੁੱਟੀਆਂ ਵਿੱਚ ਹੁਸ਼ਿਆਰਪੁਰ ਹੀ ਆਉਣਾ ਪਸੰਦ ਕਰਦੇ ਸਨ। ਇਸ ਤਰ੍ਹਾਂ ਉਹ ਸ਼ੀਸ਼ ਮਹਿਲ, ਡੱਬੀ ਬਾਜ਼ਾਰ, ਸਾਧੂ ਆਸ਼ਰਮ ਨੂੰ ਦੇਖਣ ਵਿੱਚ ਤਰਜੀਹ ਦਿੰਦੇ ਸਨ। ਅੰਤ ਵਿੱਚ ਆਏ ਹੋਏ ਮਹਿਮਾਨਾਂ ਨੂੰ ਤੋਹਫੇ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਰੋਟੇਰੀਅਨ ਅਰੁਣ ਜੈਨ ਨੇ ਧੰਨਵਾਦ ਪ੍ਰਸਤਾਵ ਪੇਸ਼ ਕੀਤਾ।ਇਸ ਮੌਕੇ ਤੇ ਰੋਟੇਰੀਅਨ ਜੀ. ਐਸ. ਬਾਵਾ, ਸੁਰਿੰਦਰ ਵਿਜ, ਅਰੁਣ ਜੈਨ, ਸਨੇਹ ਜੈਨ, ਯੁਗੇਸ਼ ਚੰਦਰ, ਰਜਿੰਦਰ ਮੋਦਗਿਲ, ਰਵੀ ਜੈਨ, ਅਸ਼ੋਕ ਜੈਨ, ਨੀਨਾ ਜੈਨ, ਪ੍ਰਧਾਨ ਟਿਮਾਟਨੀ ਆਹਲੂਵਾਲੀਆ, ਲੈਪੀ ਆਹਲੂਵਾਲੀਆ, ਸੰਜੀਵ ਕੁਮਾਰ, ਡਾ: ਰਣਜੀਤ, ਚੰਦਨ ਸਰੀਨ,ਜਸਵਿੰਦਰ ਬਾਵਾ, ਐਡਵੋਕੇਟ ਅਰਵਿੰਦ ਸੂਦ, ਡਾ. ਸ਼ਕਤੀ ਸ਼ਰਮਾ (ਇੰਚਾਰਜ ਟੀ.ਬੀ. ਹਸਪਤਾਲ), ਡਾ. ਮਹਿਮਾ ਮਿਨਹਾਸ (ਨਸ਼ਾ ਛਡਾਊ ਕੇਂਦਰ) ਆਦਿ ਸ਼ਾਮਲ ਸਨ।




# ਦੂਸਰਾ ਕ੍ਰਿਕਟ ਟੂਰਨਾਮੈਂਟ ਕਰਵਾਇਆ



**ਆਦਮਪੁਰ (ਪਰਮਜੀਤ ਸਿੰਘ)**- ਆਦਮਪਰ ਦੋਆਬਾ ਦੇ ਪਿੰਡ ਖੋਜਕੀਪੁਰ ਨੰਗਲ ਸਲਾਲਾ ਵਿਖੇ ਡਾਕਟਰ ਬੀ.ਆਰ. ਅੰਬੇਦਕਰ ਕ੍ਰਿਕਟ ਕਲੱਬ ਖੋਜਕੀਪੁਰ ਨੰਗਲ ਸਲਾਲਾ, ਗ੍ਰਾਮ ਪੰਚਾਇਤ ਅਤੇ ਐਨ ਆਰ ਆਈ ਦੇ ਸਹਿਯੋਗ ਨਾਲ ਦੂਸਰਾ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ। ਸਮਾਪਤੀ ਮੌਕੇ ਇਨਾਮ ਵੰਡ ਸਮਾਹੋਰ ਤੇ ਬਸਪਾ ਜਲੰਧਰ ਜੋਨ ਦੇ ਇੰਚਾਰਜ ਐਡਵੋਕੇਟ ਬਲਵਿੰਦਰ ਕੁਮਾਰ ਵਿਸੇਸ਼ ਤੋਰ ਤੇ ਪਹੁੰਚੇ ਤੇ ਜੇਤੂ ਟੀਮਾਂ ਨੂੰ ਇਨਾਮ ਦਿੱਤੇ। ਪਹਿਲੇ ਨੰਬਰ ਤੇ ਰਹੀ ਮਹਿਮਦਪੁਰ ਦੀ ਟੀਮ ਨੂੰ 21 ਹਜ਼ਾਰ ਰੁਪਏ ਤੇ ਟਰਾਫੀ ਇਨਾਮ ਦਿੱਤਾ ਗਿਆ। ਦੂਸਰੇ ਨੰਬਰ ਤੇ ਪਿੰਡ ਰਾਏਪੁਰ ਚਲੂਪਰ ਦੀ ਟੀਮ ਨੂੰ 15 ਹਜ਼ਾਰ ਰੁਪਏ ਤੇ ਟਰਾਫੀ ਇਨਾਮ ਦਿੱਤਾ ਗਿਆ। ਇਸੇ ਤਰ੍ਹਾਂ ਬੈਸਟ ਬੈਟਸਮੈਨ ਗੱਟੂ ਪਠਾਨਕੋਟ ਤੇ ਬੈਸਟ ਬਾਲਰ ਗਗਨ ਮਹਿਮਦਪੁਰ ਨੂੰ ਵੀ ਸਪੈਸ਼ਲ ਇਨਾਮ ਦਿੱਤੇ ਗਏ। ਐਡਵੋਕੇਟ ਬਲਵਿੰਦਰ ਕੁਮਾਰ ਵਲੋਂ ਖਿਡਾਰੀਆਂ ਨੂੰ ਖੇਡਾਂ ਵੱਲ ਧਿਆਨ ਦੇਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਰਪੰਚ ਰਾਕੇਸ਼ ਕੁਮਾਰ, ਰਿਟਾਇਰਡ ਮਾਸਟਰ ਰਾਮ ਲੁਭਾਇਆ, ਸਰਨਦੀਪ, ਅਰਸ ਗਿੱਲ, ਮਨਦੀਪ ਸਿੰਘ, ਬੱਬੂ ਸਲਾਲਾ, ਸਰਬਜੀਤ ਹੀਰ, ਅਨਮੋਲ ਹੀਰ, ਨਰਿੰਦਰ ਪਾਲ ਨਿੰਦੀ ਹੀਰ, ਵਿੱਕੀ ਤੇ ਇਲਾਕਾ ਨਿਵਾਸੀ ਹਾਜ਼ਰ ਸਨ।